8-AUG-PAGE-1.qxd 8/7/2025 9:02 PM Page 1

ਸ਼ੁੱਕਰਵਾਰ, 8 ਅਗਸਤ, 2025
24 ਸਾਉਣ { ਨਾਨਕਸ਼ਾਹੀ 557 / ਬਿਕਰਮੀ 2082 }
ਜਿਲਦ/VOL. : 74
ਅੰਕ/NO. : 68

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • FRIDAY, 8 AUGUST, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਰਾਹੁਲ ਨੇ ਚੋਣ ਕਮਿਸ਼ਨ ਕਰ'ਤਾ ਨੰਗਾ




ਨਵੀਂ ਦਿੱਲੀ : ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਨੇ ਵੀਰਵਾਰ ਕਰਨਾਟਕ ਦੇ ਇੱਕ ਵਿਧਾਨ ਸਭਾ ਹਲਕੇ ਦਾ ਹਵਾਲਾ ਦਿੰਦੇ ਹੋਏ ਦੋਸ਼ ਲਾਇਆ ਕਿ ਵੋਟਰ ਸੂਚੀਆਂ 'ਚ ਵੱਡੇ ਪੱਧਰ 'ਤੇ ਹੇਰਾਫੇਰੀ ਕਰਕੇ ਭਾਜਪਾ ਨੂੰ ਫਾਇਦਾ ਪਹੁੰਚਾਇਆ ਗਿਆ। ਉਨ੍ਹਾ 'ਵੋਟ ਚੋਰੀ' ਦੇ ਸਿਰਲੇਖ ਹੇਠ ਪੱਤਰਕਾਰਾਂ ਅੱਗੇ ਕਰਨਾਟਕ ਦੇ ਮਹਾਦੇਵਪੁਰਾ ਵਿਧਾਨ ਸਭਾ ਹਲਕੇ ਦੀ ਵੋਟਰ ਸੂਚੀ ਦੇ ਅੰਕੜੇ ਰੱਖਦੇ ਹੋਏ ਹੇਰਾਫੇਰੀ ਦਾ ਦਾਅਵਾ ਕੀਤਾ। ਰਾਹੁਲ ਗਾਂਧੀ ਨੇ ਦੱਸਿਆ ਕਿ 'ਚੋਣ ਹੇਰਾਫੇਰੀ' ਦੇ ਸਬੂਤ ਇਕੱਤਰ ਕਰਨ ਵਿੱਚ ਕੁੱਲ ਛੇ ਮਹੀਨਿਆਂ ਦਾ ਸਮਾਂ ਲੱਗਾ।

ਉਨ੍ਹਾ ਦਾਅਵਾ ਕੀਤਾ ਕਿ ਚੋਣ ਕਮਿਸ਼ਨ ਵੋਟਰ ਸੂਚੀਆਂ ਨੂੰ 'ਮਸ਼ੀਨ ਦੇ ਪੜ੍ਹਨ ਯੋਗ' (ਮਸ਼ੀਨ ਰੀਡੇਬਲ) ਵਾਲਾ ਡੇਟਾ ਮੁਹੱਈਆ ਨਹੀਂ ਕਰਵਾ ਰਿਹਾ, ਤਾਂ ਕਿ ਇਹ ਚੋਰੀ ਫੜੀ ਨਾ ਜਾਵੇ। ਰਾਹੁਲ ਗਾਂਧੀ ਨੇ ਕਿਹਾ ਕਿ ਉਨ੍ਹਾ ਦੀ ਟੀਮ ਨੇ ਬੇਂਗਲੁਰੂ (ਕੇਂਦਰੀ) ਲੋਕ ਸਭਾ ਸੀਟ ਦੇ ਮਹਾਦੇਵਪੁਰਾ ਵਿਧਾਨ ਸਭਾ ਹਲਕੇ ਦੇ ਡੇਟਾ ਦੀ ਸਮੀਖਿਆ ਕੀਤੀ ਤੇ ਇਸ ਦੌਰਾਨ ਗੜਬੜੀ ਦਾ ਪਤਾ ਲੱਗਾ। ਉਨ੍ਹਾ ਦਾਅਵਾ ਕੀਤਾ ਕਿ ਭਾਜਪਾ ਬੇਂਗਲੁਰੂ ਕੇਂਦਰੀ ਲੋਕ ਸਭਾ ਸੀਟ ਦੇ ਸਾਰੇ ਸੱਤ ਵਿਧਾਨ ਸਭਾ ਹਲਕਿਆਂ 'ਚੋਂ 6 ਵਿੱਚ ਪੱਛੜ ਗਈ, ਪਰ ਮਹਾਦੇਵਪੁਰਾ 'ਚ ਉਸ ਨੂੰ ਇਕਤਰਫਾ ਵੋਟਾਂ ਮਿਲੀਆਂ।

ਰਾਹੁਲ ਗਾਂਧੀ ਨੇ ਕਿਹਾ ਕਿ ਲੋਕ ਸਭਾ ਚੋਣਾਂ ਵਿੱਚ ਮਹਾਦੇਵਪੁਰਾ ਵਿਧਾਨ ਸਭਾ ਹਲਕੇ ਵਿੱਚ 1,00,250 ਵੋਟਾਂ ਚੋਰੀ ਹੋਈਆਂ ਸਨ। ਉਨ੍ਹਾ ਕਿਹਾ, "ਇੱਕ ਪਤੇ 'ਤੇ 50-50 ਵੋਟਰ ਸਨ... ਕਈ ਥਾਵਾਂ 'ਤੇ ਨਾਂਅ ਇੱਕੋ ਜਿਹੇ ਸਨ, ਫੋਟੋਆਂ ਵੱਖਰੀਆਂ ਸਨ।" ਕਾਂਗਰਸ ਆਗੂ ਨੇ ਕਿਹਾ, "ਸਾਡੇ ਸੰਵਿਧਾਨ ਵਿੱਚ ਜੋ ਗੱਲਾਂ ਹਨ ਉਹ ਇਸ ਤੱਥ 'ਤੇ ਅਧਾਰਤ ਹਨ ਕਿ ਇੱਕ ਵਿਅਕਤੀ ਨੂੰ ਇੱਕ ਵੋਟ ਦਾ ਅਧਿਕਾਰ ਹੋਵੇਗਾ। ਸਵਾਲ ਇਹ ਹੈ ਕਿ ਹੁਣ ਇਹ ਵਿਚਾਰ ਕਿੰਨਾ ਸੁਰੱਖਿਅਤ ਹੈ ਕਿ ਇੱਕ ਵਿਅਕਤੀ ਨੂੰ ਇੱਕ ਵੋਟ ਦਾ ਅਧਿਕਾਰ ਮਿਲੇਗਾ?" ਰਾਹੁਲ ਗਾਂਧੀ ਨੇ ਕਿਹਾ, "ਕੁਝ ਸਮੇਂ ਤੋਂ ਜਨਤਾ ਵਿੱਚ ਇੱਕ ਸ਼ੱਕ ਸੀ। ਪਾਰਟੀਆਂ ਵਿਰੁੱਧ ਸੱਤਾ ਵਿਰੋਧੀ ਮਾਹੌਲ ਬਣਾਇਆ ਜਾ ਰਿਹਾ ਹੈ, ਪਰ ਭਾਜਪਾ ਇੱਕੋ-ਇੱਕ ਪਾਰਟੀ ਹੈ ਜਿਸ ਵਿਰੁੱਧ ਇਹ ਮਾਹੌਲ ਮੌਜੂਦ ਨਹੀਂ ਹੈ।"

ਰਾਹੁਲ ਮੁਤਾਬਕ ਮਹਾਂਦੇਵਪੁਰਾ ਹਲਕੇ ਵਿੱਚ 100250 ਵੋਟਾਂ ਦੀ ਚੋਰੀ ਹੋਈ। 11965 ਡੁਪਲੀਕੇਟ ਵੋਟਰ ਮਿਲੇ, 40009 ਜਾਲ੍ਹੀ ਤੇ ਗਲਤ ਪਤੇ ਵਾਲੇ ਵੋਟਰ ਮਿਲੇ, 10452 ਵਿੱਚੋਂ ਬਹੁਤੇ ਇੱਕੋ ਥਾਂ ਰਹਿਣ ਵਾਲੇ ਵੋਟਰ ਮਿਲੇ, 4132 ਬਿਨਾਂ ਫੋਟੋ ਵਾਲੇ ਵੋਟਰ ਮਿਲੇ ਤੇ ਨਵੇਂ ਵੋਟਰ ਦੀ ਰਜਿਸਟ੍ਰੇਸ਼ਨ ਲਈ ਫਾਰਮ-6 ਦੀ ਦੁਰਵਰਤੋਂ ਨਾਲ 33692 ਨਵੇਂ ਵੋਟਰ ਜੋੜੇ ਗਏ। ਗੁਰਕੀਰਤ ਸਿੰਘ ਡਾਂਗ ਦਾ ਨਾਂਅ ਇੱਕੋ ਹਲਕੇ ਦੇ ਚਾਰ ਬੂਥਾਂ 'ਤੇ ਬੋਲਦਾ ਸੀ। ਅਜਿਹੀਆਂ ਹਜ਼ਾਰਾਂ ਮਿਸਾਲਾਂ ਹਨ।

ਆਦਿਤਿਆ ਸ੍ਰੀਵਾਸਤਵ ਕਰਨਾਟਕ, ਲਖਨਊ, ਕਾਨਪੁਰ ਤੇ ਮਹਾਰਾਸ਼ਟਰ ਵਿੱਚ ਵੋਟ ਪਾਉਂਦਾ ਹੈ। 11 ਹਜ਼ਾਰ ਅਜਿਹੇ ਵੋਟਰ ਮਿਲੇ, ਜਿਹੜੇ ਕਈ ਥਾਈਂ ਵੋਟ ਪਾਉਂਦੇ ਹਨ। ਰਾਹੁਲ ਨੇ ਦੱਸਿਆ ਕਿ ਹਾਊਸ ਨੰਬਰ 85 ਵਿੱਚ 80 ਵੋਟਰ ਮਿਲੇ। ਜਦੋਂ ਕਾਂਗਰਸ ਦੀ ਟੀਮ ਉੱਥੇ ਗਈ ਤਾਂ ਉਸ ਨੂੰ ਕੁੱਟਿਆ ਗਿਆ। 70 ਸਾਲਾ ਸ਼ਕੁਨ ਰਾਣੀ ਨੂੰ 13 ਸਤੰਬਰ 2023 ਤੇ 31 ਅਕਤੂਬਰ 2013 ਨੂੰ ਵੋਟਰ ਬਣਾਇਆ ਗਿਆ।

ਰਾਹੁਲ ਗਾਂਧੀ ਨੇ ਮਹਾਰਾਸ਼ਟਰ ਅਤੇ ਹਰਿਆਣਾ ਵਿਧਾਨ ਸਭਾ ਚੋਣਾਂ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਸਰਵੇਖਣ ਕੁਝ ਕਹਿ ਰਹੇ ਸਨ, ਪਰ ਨਤੀਜੇ ਕੁਝ ਹੋਰ ਹੀ ਨਿਕਲੇ। ਕਾਂਗਰਸ ਨੇਤਾ ਨੇ ਕਿਹਾ, "ਜਦੋਂ ਈ ਵੀ ਐੱਮ ਨਹੀਂ ਸਨ, ਤਾਂ ਪੂਰਾ ਦੇਸ਼ ਇੱਕ ਦਿਨ ਵੋਟ ਪਾਉਂਦਾ ਸੀ, ਪਰ ਅੱਜ ਦੇ ਯੁੱਗ ਵਿੱਚ, ਵੋਟਿੰਗ ਕਈ ਪੜਾਵਾਂ ਵਿੱਚ ਹੁੰਦੀ ਹੈ... ਇਸ ਲਈ ਲੰਬੇ ਸਮੇਂ ਤੋਂ ਸ਼ੱਕ ਜਤਾਇਆ ਜਾ ਰਿਹਾ ਸੀ।" ਰਾਹੁਲ ਗਾਂਧੀ ਨੇ ਦਾਅਵਾ ਕੀਤਾ ਕਿ ਲੋਕ ਸਭਾ ਚੋਣਾਂ ਤੋਂ ਬਾਅਦ, ਮਹਾਰਾਸ਼ਟਰ ਵਿੱਚ ਪੰਜ ਮਹੀਨਿਆਂ ਅੰਦਰ ਇੰਨੇ ਵੋਟਰਾਂ ਦੇ ਨਾਂਅ ਜੋੜੇ ਗਏ, ਜੋ ਪਹਿਲੇ ਪੰਜ ਸਾਲਾਂ ਦੀ ਮਿਆਦ ਵਿੱਚ ਨਹੀਂ ਜੋੜੇ ਗਏ ਸਨ। ਉਨ੍ਹਾ ਕਿਹਾ, "ਮਹਾਰਾਸ਼ਟਰ ਵਿੱਚ ਲੋਕ ਸਭਾ ਅਤੇ ਵਿਧਾਨ ਸਭਾ ਚੋਣਾਂ ਦੌਰਾਨ ਇੱਕ ਕਰੋੜ ਵੋਟਰ ਵਧੇ। ਅਸੀਂ ਚੋਣ ਕਮਿਸ਼ਨ ਕੋਲ ਗਏ...ਅਸੀਂ ਪੂਰੇ ਯਕੀਨ ਨਾਲ ਕਿਹਾ ਕਿ ਮਹਾਰਾਸ਼ਟਰ ਵਿੱਚ ਚੋਣ ਚੋਰੀ ਹੋਈ ਸੀ।" ਉਨ੍ਹਾ ਮੁਤਾਬਕ ਚੋਣ ਕਮਿਸ਼ਨ ਨੇ 'ਮਸ਼ੀਨ ਰੀਡੇਬਲ' ਵੋਟਰ ਸੂਚੀ ਦੇਣ ਤੋਂ ਇਨਕਾਰ ਕਰ ਦਿੱਤਾ। ਰਾਹੁਲ ਗਾਂਧੀ ਨੇ ਕਿਹਾ, "ਪਹਿਲਾਂ ਸਾਡੇ ਕੋਲ ਇਸ ਗੱਲ ਦਾ ਸਬੂਤ ਨਹੀਂ ਸੀ ਕਿ ਭਾਜਪਾ ਨਾਲ ਮਿਲੀਭੁਗਤ ਕਰਕੇ ਹੇਰਾਫੇਰੀ ਕੀਤੀ ਜਾ ਰਹੀ ਹੈ... ਇਸ ਤੋਂ ਬਾਅਦ ਅਸੀਂ ਪਤਾ ਲਗਾਉਣ ਦਾ ਫੈਸਲਾ ਕੀਤਾ।"

ਰਾਹੁਲ ਗਾਂਧੀ ਨੇ 1 ਅਗਸਤ ਨੂੰ ਦਾਅਵਾ ਕੀਤਾ ਸੀ ਕਿ ਚੋਣ ਕਮਿਸ਼ਨ 'ਵੋਟ ਚੋਰੀ' ਵਿੱਚ ਸ਼ਾਮਲ ਹੈ ਅਤੇ ਉਨ੍ਹਾ ਕੋਲ ਇੰਨੇ ਪੱਕੇ ਸਬੂਤ ਹਨ, ਜੋ 'ਐਟਮ ਬੰਬ' ਵਾਂਗ ਹਨ, ਜਿਸ ਤੋਂ ਬਾਅਦ ਕਮਿਸ਼ਨ ਨੂੰ ਮੂੰਹ ਲੁਕਾਉਣ ਲਈ ਕੋਈ ਥਾਂ ਨਹੀਂ ਮਿਲੇਗੀ। ਚੋਣ ਕਮਿਸ਼ਨ ਨੇ ਹਾਲਾਂਕਿ ਰਾਹੁਲ ਗਾਂਧੀ ਦੇ ਦੋਸ਼ਾਂ ਨੂੰ ਬੇਬੁਨਿਆਦ ਅਤੇ ਨਿੰਦਣਯੋਗ ਕਰਾਰ ਦਿੱਤਾ ਸੀ ਅਤੇ ਕਿਹਾ ਸੀ ਕਿ ਹੁਣ ਸਾਬਕਾ ਕਾਂਗਰਸ ਪ੍ਰਧਾਨ ਨੇ ਵੀ ਕਮਿਸ਼ਨ ਅਤੇ ਇਸ ਦੇ ਕਰਮਚਾਰੀਆਂ ਨੂੰ ਧਮਕੀਆਂ ਦੇਣੀਆਂ ਸ਼ੁਰੂ ਕਰ ਦਿੱਤੀਆਂ ਹਨ।

ਰਾਹੁਲ ਦੀ ਪ੍ਰੈੱਸ ਕਾਨਫਰੰਸ ਚੱਲ ਹੀ ਰਹੀ ਸੀ ਕਿ ਕਰਨਾਟਕ ਦੇ ਮੁੱਖ ਚੋਣ ਅਧਿਕਾਰੀ ਨੇ ਉਨ੍ਹਾ ਨੂੰ ਪੱਤਰ ਭੇਜ ਕੇ ਕਿਹਾ ਕਿ ਉਹ ਹਟਾਏ ਗਏ ਵੋਟਰਾਂ ਤੇ ਨਾਜਾਇਜ਼ ਵੋਟਰਾਂ ਦੇ ਨਾਂਅ ਦੱਸ ਕੇ ਹਲਫਨਾਮਾ ਭੇਜਣ। ਇਸ ਦਾ ਜਵਾਬ ਦਿੰਦਿਆਂ ਰਾਹੁਲ ਨੇ ਪ੍ਰੈੱਸ ਕਾਨਫਰੰਸ ਵਿੱਚ ਹੀ ਕਿਹਾ, 'ਮੈਂ ਸਿਆਸਤਦਾਨ ਹਾਂ। ਮੈਂ ਜੋ ਲੋਕਾਂ ਵਿੱਚ ਕਹਿੰਦਾ ਹਾਂ, ਉਹ ਮੇਰਾ ਵਚਨ ਹੁੰਦਾ ਹੈ। ਮੈਂ ਸਭ ਤੋਂ ਜਨਤਕ ਤੌਰ 'ਤੇ ਕਹਿ ਰਿਹਾ ਹਾਂ। ਇਸ ਨੂੰ ਹੀ ਹਲਫਨਾਮਾ ਸਮਝਿਆ ਜਾਵੇ। ਮੈਂ ਚੋਣ ਕਮਿਸ਼ਨ ਦਾ ਹੀ ਡੇਟਾ ਦਿਖਾ ਰਿਹਾ ਹਾਂ।'

# ਲੈਂਡ ਪੂਲਿੰਗ ਨੀਤੀ 'ਤੇ ਅੰਤਰਿਮ ਰੋਕ

## ਹਾਈ ਕੋਰਟ ਵੱਲੋਂ ਜਵਾਬ ਦੇਣ ਲਈ ਸਰਕਾਰ ਨੂੰ ਚਾਰ ਹਫਤਿਆਂ ਦਾ ਵਕਤ

**ਚੰਡੀਗੜ੍ਹ** : ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਵੀਰਵਾਰ ਪੰਜਾਬ ਸਰਕਾਰ ਦੀ 'ਲੈਂਡ ਪੂਲਿੰਗ ਨੀਤੀ' ਉਤੇ ਅੰਤਰਿਮ ਰੋਕ ਲਗਾ ਦਿੱਤੀ। ਪੰਜਾਬ ਸਰਕਾਰ ਹੁਣ ਚਾਰ ਹਫਤਿਆਂ ਬਾਅਦ ਆਪਣਾ ਜਵਾਬ ਦਾਅਵਾ ਪੇਸ਼ ਕਰੇਗੀ। ਇਹ ਹੁਕਮ ਜਸਟਿਸ ਅਨੁਪਿੰਦਰ ਸਿੰਘ ਗਰੇਵਾਲ ਅਤੇ ਜਸਟਿਸ ਦੀਪਕ ਮਨਚੰਦਾ ਦੀ ਡਵੀਜ਼ਨ ਬੈਂਚ ਨੇ ਸੁਣਾਏ ਹਨ। ਬੈਂਚ ਪੰਜਾਬ ਸਰਕਾਰ ਦੀਆਂ ਦਲੀਲਾਂ ਨਾਲ ਸਹਿਮਤ ਨਹੀਂ ਹੋਈ। ਲੁਧਿਆਣਾ ਜ਼ਿਲ੍ਹੇ ਦੇ ਕਿਸਾਨ ਗੁਰਦੀਪ ਸਿੰਘ ਅਤੇ ਇੱਕ ਹੋਰ ਪਟੀਸ਼ਨਰ ਵੱਲੋਂ ਅਦਾਲਤ ਵਿੱਚ ਲੋਕ ਹਿੱਤ ਪਟੀਸ਼ਨ ਦਾਇਰ ਕਰਕੇ ਲੈਂਡ ਪੂਲਿੰਗ ਨੀਤੀ ਨੂੰ ਰੱਦ ਕੀਤੇ ਜਾਣ ਦੀ ਮੰਗ ਕੀਤੀ ਗਈ ਸੀ। ਸੂਬਾ ਸਰਕਾਰ ਤਰਫੋਂ ਕੋਰਟ ਵਿੱਚ ਐਡਵੋਕੇਟ ਜਨਰਲ ਮਨਿੰਦਰਜੀਤ ਸਿੰਘ ਬੇਦੀ ਪੇਸ਼ ਹੋਏ। ਪਟੀਸ਼ਨਰ ਦੇ ਵਕੀਲ ਚਰਨਪਾਲ ਸਿੰਘ ਬਾਗੜੀ ਨੇ ਦੱਸਿਆ ਕਿ ਲੈਂਡ ਪੂਲਿੰਗ ਨੀਤੀ 'ਤੇ ਅਦਾਲਤ ਨੇ ਰੋਕ ਲਗਾ ਦਿੱਤੀ ਹੈ ਅਤੇ ਵਿਸਥਾਰਤ ਆਰਡਰ ਹਾਲੇ ਆਉਣਾ ਬਾਕੀ ਹੈ। ਐਡਵੋਕੇਟ ਬਾਗੜੀ ਨੇ ਦੱਸਿਆ ਕਿ ਅਦਾਲਤ ਨੇ ਲੈਂਡ ਪੂਲਿੰਗ ਨੀਤੀ ਦੇ ਮਾਮਲੇ 'ਤੇ 'ਸੋਸ਼ਲ ਇੰਪੈਕਟ ਅਸੈੱਸਮੈਂਟ' ਨਾ ਕਰਾਏ ਜਾਣ ਦਾ ਨੋਟਿਸ ਲੈਂਦਿਆਂ ਰੋਕ ਲਗਾਈ ਹੈ। ਉਨ੍ਹਾ ਦੱਸਿਆ ਕਿ ਬਹਿਸ ਦੌਰਾਨ ਭੌਂ ਪ੍ਰਾਪਤੀ ਐਕਟ 2013 ਦੀ ਉਲੰਘਣਾ ਕਰ ਕੇ ਇਸ ਨੀਤੀ ਦਾ ਨੋਟੀਫਿਕੇਸ਼ਨ ਕੀਤੇ ਜਾਣ 'ਤੇ ਫੋਕਸ ਰਿਹਾ। ਬਹਿਸ ਦੌਰਾਨ ਇਹ ਗੱਲ ਉੱਠੀ ਕਿ ਜਿਨ੍ਹਾਂ ਬੇਜ਼ਮੀਨਿਆਂ ਅਤੇ ਮਜ਼ਦੂਰਾਂ ਦੀ ਇਨ੍ਹਾਂ ਜ਼ਮੀਨਾਂ 'ਤੇ ਨਿਰਭਰਤਾ ਹੈ, ਉਨ੍ਹਾਂ ਦੇ ਮੁੜ-ਵਸੇਬੇ ਲਈ ਕੋਈ ਵਿਵਸਥਾ ਲੈਂਡ ਪੂਲਿੰਗ ਨੀਤੀ ਵਿੱਚ ਨਹੀਂ ਹੈ। ਬਾਗੜੀ ਨੇ ਦੱਸਿਆ ਕਿ ਇਸ ਨੀਤੀ 'ਚ ਕੋਈ ਸਮਾਂ ਹੱਦ ਤੈਅ ਨਹੀਂ ਕੀਤੀ ਗਈ, ਕੋਈ ਮੁਆਵਜ਼ਾ ਨਹੀਂ ਤੇ ਨਾ ਹੀ ਬਜਟ ਦੀ ਐਲੋਕੇਸ਼ਨ ਹੈ। ਇੱਕ ਹੋਰ ਪਟੀਸ਼ਨਰ ਗੁਰਦੀਪ ਸਿੰਘ ਦੇ ਐਡਵੋਕੇਟ ਗੁਰਜੀਤ ਸਿੰਘ ਗਿੱਲ ਨੇ ਕਿਹਾ ਕਿ ਅਦਾਲਤ ਨੇ ਸੁਪਰੀਮ ਕੋਰਟ ਦੇ 2023 ਦੇ ਇੱਕ ਫੈਸਲੇ ਦਾ ਹਵਾਲਾ ਵੀ ਦਿੱਤਾ ਹੈ ਕਿ ਸ਼ਹਿਰੀ ਵਿਕਾਸ ਤੋਂ ਪਹਿਲਾਂ ਵਾਤਾਵਰਨ 'ਤੇ ਪੈਣ ਵਾਲੇ ਪ੍ਰਭਾਵਾਂ ਬਾਰੇ ਅਸੈੱਸਮੈਂਟ ਕਰਾਉਣੀ ਜ਼ਰੂਰੀ ਹੈ। ਅਦਾਲਤ 'ਚ ਸੂਬਾ ਸਰਕਾਰ ਦੀ ਕਾਨੂੰਨੀ ਟੀਮ ਨੇ ਨੀਤੀ ਦੇ ਪੱਖ 'ਚ ਤਰਕ ਪੇਸ਼ ਕੀਤੇ। ਚੇਤੇ ਰਹੇ ਕਿ ਪੰਜਾਬ ਸਰਕਾਰ ਨੇ ਲੈਂਡ ਪੂਲਿੰਗ ਨੀਤੀ ਤਹਿਤ ਪੰਜਾਬ ਦੇ 24 ਸ਼ਹਿਰਾਂ ਤੇ ਕਸਬਿਆਂ ਵਿੱਚ 65,533 ਏਕੜ ਜ਼ਮੀਨ ਐਕੁਆਇਰ ਕਰਨ ਦੀ ਯੋਜਨਾ ਬਣਾਈ ਸੀ।


## ਲੈਂਡ ਪੂਲਿੰਗ ਨੀਤੀ ਖਿਲਾਫ ਪਹਿਲੀ ਤੋਂ ਪੱਕਾ ਮੋਰਚਾ : ਸੁਖਬੀਰ

ਚੰਡੀਗੜ੍ਹ : ਪੰਜਾਬ ਸਰਕਾਰ ਵੱਲੋਂ ਲਿਆਂਦੀ ਲੈਂਡ ਪੂਲਿੰਗ ਨੀਤੀ ਖਿਲਾਫ ਅਕਾਲੀ ਦਲ ਵੱਲੋਂ 1 ਸਤੰਬਰ ਤੋਂ ਮੁਹਾਲੀ ਵਿਖੇ ਪੱਕਾ ਮੋਰਚਾ ਸ਼ੁਰੂ ਕੀਤਾ ਜਾਵੇਗਾ। ਇਹ ਫੈਸਲਾ ਵੀਰਵਾਰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਹੋਈ ਕੋਰ ਕਮੇਟੀ ਦੀ ਮੀਟਿੰਗ ਵਿੱਚ ਲਿਆ ਗਿਆ। ਮੀਟਿੰਗ ਤੋਂ ਬਾਅਦ ਸੁਖਬੀਰ ਬਾਦਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਵੱਲੋਂ 31 ਅਗਸਤ ਨੂੰ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਨਤਮਸਤਕ ਹੋ ਕੇ ਅਰਦਾਸ ਕੀਤੀ ਜਾਵੇਗੀ। ਇਸ ਤੋਂ ਬਾਅਦ ਇੱਕ ਸਤੰਬਰ ਤੋਂ ਮੁਹਾਲੀ ਸਥਿਤ ਗੁਰਦੁਆਰਾ ਅੰਬ ਸਾਹਿਬ ਤੋਂ ਪੱਕਾ ਮੋਰਚਾ ਲਾਇਆ ਜਾਵੇਗਾ। ਇਸ ਦੀ ਸ਼ੁਰੂਆਤ ਉਹ ਖੁਦ ਕਰਨਗੇ। ਪਹਿਲੀ ਸਤੰਬਰ ਤੋਂ ਰੋਜ਼ਾਨਾ ਸਵੇਰੇ 10 ਵਜੇ ਗੁਰਦੁਆਰਾ ਸ੍ਰੀ ਅੰਬ ਸਾਹਿਬ ਤੋਂ ਮੋਰਚਾ ਸ਼ੁਰੂ ਕੀਤਾ ਜਾਵੇਗਾ, ਜੋ ਕਿ ਮੁਹਾਲੀ ਦੇ 62 ਸੈਕਟਰ ਵਿੱਚ ਸਥਿਤ ਆਮ ਆਦਮੀ ਪਾਰਟੀ ਦੇ ਦਫਤਰ ਤੱਕ ਜਾਇਆ ਕਰੇਗਾ।

# ਕਿਸਾਨਾਂ ਦੇ ਹਿੱਤਾਂ ਨਾਲ ਸਮਝੌਤਾ ਨਹੀਂ ਕਰਾਂਗੇ : ਮੋਦੀ

**ਨਵੀਂ ਦਿੱਲੀ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀਰਵਾਰ ਕਿਹਾ ਕਿ ਭਾਰਤ ਆਪਣੇ ਕਿਸਾਨਾਂ, ਮਛੇਰਿਆਂ ਤੇ ਡੇਅਰੀ ਪਾਲਕਾਂ ਦੇ ਹਿੱਤਾਂ ਨਾਲ ਕਦੇ ਵੀ ਸਮਝੌਤਾ ਨਹੀਂ ਕਰੇਗਾ ਤੇ ਉਹ ਇਸ ਲਈ ਕੋਈ ਵੀ ਕੀਮਤ ਤਾਰਨ ਲਈ ਤਿਆਰ ਹੈ। ਮੋਦੀ ਨੇ ਕਿਹਾ, "ਸਾਡੇ ਲਈ ਕਿਸਾਨਾਂ ਦਾ ਹਿੱਤ ਸਭ ਤੋਂ ਵੱਡੀ ਤਰਜੀਹ ਹੈ। ਭਾਰਤ ਕਦੇ ਵੀ ਕਿਸਾਨਾਂ, ਮਛੇਰਿਆਂ ਅਤੇ ਡੇਅਰੀ ਕਿਸਾਨਾਂ ਦੇ ਹਿੱਤਾਂ ਨਾਲ ਸਮਝੌਤਾ ਨਹੀਂ ਕਰੇਗਾ। ਮੇਰਾ ਮੰਨਣਾ ਹੈ ਕਿ ਨਿੱਜੀ ਤੌਰ 'ਤੇ ਮੈਨੂੰ ਇਸ ਦੀ ਕੀਮਤ ਚੁਕਾਉਣੀ ਪਵੇਗੀ ਅਤੇ ਮੈਂ ਇਸ ਲਈ ਤਿਆਰ ਹਾਂ।" ਪ੍ਰਧਾਨ ਮੰਤਰੀ ਇਥੇ ਪ੍ਰਸਿੱਧ ਖੇਤੀਬਾੜੀ ਵਿਗਿਆਨੀ ਮਰਹੂਮ ਐੱਮ ਐੱਸ ਸਵਾਮੀਨਾਥਨ ਦੀ ਜਨਮ ਸ਼ਤਾਬਦੀ ਮੌਕੇ ਤਿੰਨ-ਰੋਜ਼ਾ ਗਲੋਬਲ ਕਾਨਫਰੰਸ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾ ਦੀਆਂ ਇਹ ਟਿੱਪਣੀਆਂ ਅਮਰੀਕਾ ਵੱਲੋਂ ਭਾਰਤ ਤੋਂ ਦਰਾਮਦ ਵਸਤਾਂ, ਜਿਨ੍ਹਾਂ ਵਿੱਚ ਖੇਤੀਬਾੜੀ ਉਤਪਾਦ ਵੀ ਸ਼ਾਮਲ ਹਨ, 'ਤੇ ਟੈਰਿਫ ਨੂੰ 50 ਪ੍ਰਤੀਸ਼ਤ ਤੱਕ ਵਧਾਉਣ ਦੇ ਐਲਾਨ ਦੇ ਪਿਛੋਕੜ ਵਿੱਚ ਆਈਆਂ ਹਨ। ਮੋਦੀ ਨੇ ਮਹਾਨ ਵਿਗਿਆਨੀ ਦੇ ਸਨਮਾਨ ਵਿੱਚ ਯਾਦਗਾਰੀ ਸਿੱਕਾ ਅਤੇ ਡਾਕ ਟਿਕਟ ਵੀ ਜਾਰੀ ਕੀਤੀ। ਡਾ. ਐੱਮ ਐੱਸ ਸਵਾਮੀਨਾਥਨ ਇੱਕ ਪ੍ਰਸਿੱਧ ਭਾਰਤੀ ਜੈਨੇਟਿਕਸਿਸਟ ਅਤੇ ਖੇਤੀਬਾੜੀ ਵਿਗਿਆਨੀ ਸਨ, ਜਿਨ੍ਹਾ ਨੂੰ 1960 ਦੇ ਦਹਾਕੇ ਦੌਰਾਨ ਉੱਚ-ਉਪਜ ਦੇਣ ਵਾਲੀਆਂ ਕਣਕ ਦੀਆਂ ਕਿਸਮਾਂ ਅਤੇ ਆਧੁਨਿਕ ਖੇਤੀ ਤਕਨੀਕਾਂ ਪੇਸ਼ ਕਰਕੇ ਭਾਰਤੀ ਖੇਤੀਬਾੜੀ ਨੂੰ ਬਦਲਣ ਵਿੱਚ ਉਨ੍ਹਾ ਦੀ ਮਹੱਤਵਪੂਰਨ ਭੂਮਿਕਾ ਲਈ ਭਾਰਤ ਵਿੱਚ 'ਹਰੀ ਕ੍ਰਾਂਤੀ ਦੇ ਪਿਤਾਮਾ' ਵਜੋਂ ਜਾਣਿਆ ਜਾਂਦਾ ਹੈ। ਉਨ੍ਹਾ ਦੇ ਕੰਮ ਨੇ ਭਾਰਤ ਵਿੱਚ ਅਨਾਜ ਉਤਪਾਦਨ ਵਿੱਚ ਮਹੱਤਵਪੂਰਨ ਵਾਧਾ ਕੀਤਾ ਅਤੇ ਕਿਸਾਨਾਂ ਵਿੱਚ ਗਰੀਬੀ ਦੂਰ ਕੀਤੀ। ਸਵਾਮੀਨਾਥਨ ਦਾ ਜਨਮ 7 ਅਗਸਤ, 1925 ਨੂੰ ਕੁੰਭਾਕੋਨਮ ਵਿੱਚ ਹੋਇਆ ਸੀ ਅਤੇ 28 ਸਤੰਬਰ, 2023 ਨੂੰ ਚੇੱਨਈ, ਤਾਮਿਲਨਾਡੂ ਵਿੱਚ 98 ਸਾਲ ਦੀ ਉਮਰ ਵਿੱਚ ਉਨ੍ਹਾ ਦਾ ਦੇਹਾਂਤ ਹੋ ਗਿਆ।

## ਪੁਤਿਨ ਭਾਰਤ ਆਉਣਗੇ



**ਮਾਸਕੋ** : ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਛੇਤੀ ਹੀ ਭਾਰਤ ਦਾ ਦੌਰਾ ਕਰਨਗੇ। ਇਹ ਜਾਣਕਾਰੀ ਵੀਰਵਾਰ ਕੌਮੀ ਸਲਾਮਤੀ ਸਲਾਹਕਾਰ ਅਜੀਤ ਡੋਵਾਲ ਨੇ ਦਿੱਤੀ ਹੈ। ਡੋਵਾਲ ਨੇ ਮਾਸਕੋ ਵਿਚ ਦੱਸਿਆ ਕਿ ਪੁਤਿਨ ਦੀ ਭਾਰਤ ਫੇਰੀ ਦੀਆਂ ਤਰੀਕਾਂ ਤੈਅ ਕੀਤੀਆਂ ਜਾ ਰਹੀਆਂ ਹਨ। ਉਂਜ ਇੰਟਰਫੈਕਸ ਖਬਰ ਏਜੰਸੀ ਨੇ ਕਿਹਾ ਹੈ ਕਿ ਪੁਤਿਨ ਸੰਭਵ ਤੌਰ 'ਤੇ ਅਗਸਤ ਮਹੀਨੇ ਦੇ ਅਖੀਰਲੇ ਦਿਨਾਂ ਵਿਚ ਭਾਰਤ ਦਾ ਦੌਰਾ ਕਰ ਸਕਦੇ ਹਨ।

## ਹੜ੍ਹ ਕੰਟਰੋਲ ਰੂਮ ਕਾਇਮ

**ਚੰਡੀਗੜ੍ਹ** : ਪਹਾੜੀ ਇਲਾਕਿਆਂ ਵਿੱਚ ਮੀਂਹ ਕਾਰਨ ਪੰਜਾਬ ਦੇ ਡੈਮਾਂ ਵਿੱਚ ਪਾਣੀ ਦਾ ਪੱਧਰ ਲਗਾਤਾਰ ਵਧਣ 'ਤੇ ਸੂਬਾ ਸਰਕਾਰ ਨੇ ਸਾਰੇ 23 ਜ਼ਿਲ੍ਹਿਆਂ ਵਿੱਚ ਕੰਟਰੋਲ ਰੂਮ ਸਥਾਪਤ ਕੀਤੇ ਹਨ। ਇਹ ਕੰਟਰੋਲ ਰੂਮ 24 ਘੰਟੇ ਕੰਮ ਕਰਨਗੇ ਅਤੇ ਸੰਵੇਦਨਸ਼ੀਲ ਤੇ ਹੜ੍ਹ ਪ੍ਰਭਾਵਤ ਖੇਤਰਾਂ ਦੀ ਨਿਗਰਾਨੀ ਕਰਨਗੇ। ਤਿੰਨਾਂ ਡੈਮਾਂ ਵਿੱਚ ਪਾਣੀ ਦਾ ਪੱਧਰ ਭਾਵੇਂ ਸੁਰੱਖਿਅਤ ਹੱਦ ਦੇ ਅੰਦਰ ਹੈ, ਪਰ ਹੌਲੀ-ਹੌਲੀ ਵਧ ਰਿਹਾ ਹੈ। ਭਾਖੜਾ ਡੈਮ ਵਿੱਚ ਪਾਣੀ ਦਾ ਪੱਧਰ 1,637.4 ਫੁੱਟ (1,680 ਫੁੱਟ ਵੱਧ ਤੋਂ ਵੱਧ ਇਹ ਸੰਭਾਲ ਸਕਦਾ ਹੈ), ਪੌਂਗ ਡੈਮ 1,373.08 ਫੁੱਟ (ਵੱਧ ਤੋਂ ਵੱਧ ਇਹ 1,390 ਫੁੱਟ ਰੱਖ ਸਕਦਾ ਹੈ), ਅਤੇ ਰਣਜੀਤ ਸਾਗਰ ਡੈਮ ਵਿੱਚ 1,694.64 ਫੁੱਟ (ਵੱਧ ਤੋਂ ਵੱਧ ਇਹ 1,731.55 ਫੁੱਟ) ਹੈ।

## 3 ਜਵਾਨਾਂ ਦੀ ਮੌਤ, 15 ਜ਼ਖਮੀ

ਜੰਮੂ : ਊਧਮਪੁਰ ਜ਼ਿਲ੍ਹੇ ਦੇ ਬਸੰਤਗੜ੍ਹ ਇਲਾਕੇ ਵਿੱਚ ਕਾਡਵਾ ਨੇੜੇ ਸੀ ਆਰ ਪੀ ਐੱਫ ਦਾ ਵਾਹਨ ਖੱਡ ਵਿੱਚ ਡਿੱਗਣ ਨਾਲ ਤਿੰਨ ਜਵਾਨਾਂ ਦੀ ਮੌਤ ਹੋ ਗਈ ਤੇ 15 ਜ਼ਖਮੀ ਹੋ ਗਏ। ਹਾਦਸਾ ਸਵੇਰੇ ਸਾਢੇ ਦਸ ਵਜੇ ਦੇ ਕਰੀਬ ਹੋਇਆ ਜਦੋਂ 187ਵੀਂ ਬਟਾਲੀਅਨ ਦੇ 23 ਜਵਾਨ ਬਸੰਤਗੜ੍ਹ ਵਿੱਚ ਇੱਕ ਅਪ੍ਰੇਸ਼ਨ ਮਗਰੋਂ ਵਾਪਸ ਆ ਰਹੇ ਸਨ।

## ਸੰਸਦ ਨਹੀਂ ਚੱਲੀ

**ਨਵੀਂ ਦਿੱਲੀ** : ਵਿਰੋਧੀ ਧਿਰਾਂ ਵੱਲੋਂ ਬਿਹਾਰ ਵਿੱਚ ਵਿਸ਼ੇਸ਼ ਵਿਆਪਕ ਵੋਟਰ ਸੁਧਾਈ ਅਤੇ ਹੋਰਨਾਂ ਮਾਮਲਿਆਂ ਬਾਰੇ ਚਰਚਾ ਦੀ ਮੰਗ ਨੂੰ ਲੈ ਕੇ ਬਣੇ ਜਮੂਦ ਦੇ ਚਲਦਿਆਂ ਸੰਸਦ ਦੇ ਦੋਵਾਂ ਸਦਨਾਂ ਦੀ ਕਾਰਵਾਈ ਵੀਰਵਾਰ ਪੂਰੇ ਦਿਨ ਲਈ ਮੁਲਤਵੀ ਕਰ ਦਿੱਤੀ ਗਈ।

# ਟਰੰਪ ਵੱਲੋਂ ਹੋਰ ਪਾਬੰਦੀਆਂ ਲਾਉਣ ਦਾ ਇਸ਼ਾਰਾ

**ਵਾਸ਼ਿੰਗਟਨ** : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਕਿਹਾ ਹੈ ਕਿ ਭਾਰਤ ਰੂਸ ਤੋਂ ਤੇਲ ਖਰੀਦਣ ਦੇ ਮਾਮਲੇ ਵਿੱਚ ਚੀਨ ਦੇ 'ਬਹੁਤ ਕਰੀਬ' ਹੈ ਤੇ ਉਸ ਨੂੰ 50 ਫੀਸਦ ਦਾ ਟੈਕਸ ਦੇਣਾ ਹੋਵੇਗਾ। ਟਰੰਪ ਨੇ ਇਸ਼ਾਰਾ ਕੀਤਾ ਕਿ 'ਤੁਹਾਨੂੰ ਹੋਰ ਵੀ ਸਖਤ ਪਾਬੰਦੀਆਂ ਦੇਖਣ ਨੂੰ ਮਿਲਣਗੀਆਂ।'

ਟਰੰਪ ਨੇ ਆਪਣੇ ਸਰਕਾਰੀ 'ਓਵਲ ਦਫਤਰ' ਵਿੱਚ ਕਿਹਾ, "ਜਿਵੇਂ ਕਿ ਤੁਸੀਂ ਜਾਣਦੇ ਹੋ ਅਸੀਂ ਤੇਲ ਨੂੰ ਲੈ ਕੇ ਭਾਰਤ 'ਤੇ 50 ਫੀਸਦ ਦਾ ਟੈਕਸ ਲਗਾਇਆ ਹੈ। ਉਹ ਦੂਜੇ ਸਭ ਤੋਂ ਵੱਡੇ ਖਰੀਦਦਾਰ ਹਨ ਤੇ ਰੂਸ ਤੋਂ ਤੇਲ ਖਰੀਦਣ ਦੇ ਮਾਮਲੇ ਵਿੱਚ ਚੀਨ ਦੇ ਬਹੁਤ ਕਰੀਬ ਹਨ।"

ਟਰੰਪ ਨੇ ਰੂਸ ਤੋਂ ਤੇਲ ਦੀ ਖਰੀਦ ਜਾਰੀ ਰੱਖਣ ਕਰਕੇ ਭਾਰਤ ਤੋਂ ਦਰਾਮਦ ਵਸਤਾਂ 'ਤੇ ਵਾਧੂ 25 ਫੀਸਦ ਟੈਕਸ ਲਗਾਉਣ ਦੇ ਕਾਰਜਕਾਰੀ ਹੁਕਮਾਂ 'ਤੇ ਬੁੱਧਵਾਰ ਨੂੰ ਦਸਤਖਤ ਕੀਤੇ ਸਨ। ਇਸ ਨਾਲ ਅਮਰੀਕਾ ਵਿੱਚ ਭਾਰਤੀ ਵਸਤਾਂ 'ਤੇ ਲੱਗਣ ਵਾਲਾ ਟੈਕਸ ਹੁਣ ਵਧ ਕੇ 50 ਫੀਸਦ ਹੋ ਗਿਆ ਹੈ, ਜੋ ਕਿਸੇ ਵੀ ਦੂਜੇ ਮੁਲਕ 'ਤੇ ਅਮਰੀਕਾ ਵੱਲੋਂ ਲਗਾਏ ਗਏ ਸਭ ਤੋਂ ਉੱਚੇ ਟੈਕਸਾਂ 'ਚੋਂ ਇਕ ਹੈ।

ਟਰੰਪ ਪ੍ਰਸ਼ਾਸਨ ਨੇ ਪਿਛਲੇ ਹਫਤੇ ਭਾਰਤ 'ਤੇ 25 ਫੀਸਦ ਟੈਕਸ ਲਗਾਉਣ ਦਾ ਐਲਾਨ ਕੀਤਾ ਸੀ, ਜੋ 7 ਅਗਸਤ ਤੋਂ ਲਾਗੂ ਹੋ ਗਿਆ ਹੈ। ਵਾਧੂ 25 ਫੀਸਦ ਟੈਕਸ 21 ਦਿਨਾਂ ਬਾਅਦ ਭਾਵ 27 ਅਗਸਤ ਤੋਂ ਅਮਲ ਵਿਚ ਆਏਗਾ। ਵ੍ਹਾਈਟ ਹਾਊਸ ਵਿੱਚ ਇੱਕ ਸਮਾਗਮ 'ਚ ਐਪਲ ਦੇ ਮੁੱਖ ਕਾਰਜਕਾਰੀ ਅਧਿਕਾਰੀ ਟਿਮ ਕੁੱਕ, ਉਪ ਰਾਸ਼ਟਰਪਤੀ ਜੇ ਡੀ ਵਾਂਸ, ਵਿੱਤ ਮੰਤਰੀ ਸਕੌਟ ਬੇਸੈਂਟ ਤੇ ਵਣਜ ਮੰਤਰੀ ਹਾਵਰਡ ਲਟਨਿਕ ਵੀ ਮੌਜੂਦ ਸਨ। ਇਸ ਦੌਰਾਨ ਐਪਲ ਨੇ ਐਲਾਨ ਕੀਤਾ ਕਿ ਉਹ ਅਗਲੇ ਚਾਰ ਸਾਲਾਂ ਵਿਚ ਅਮਰੀਕਾ ਵਿਚ 600 ਅਰਬ ਡਾਲਰ ਦਾ ਨਿਵੇਸ਼ ਕਰੇਗਾ। ਇਸ ਪ੍ਰੋਗਰਾਮ ਦੌਰਾਨ ਟਰੰਪ ਤੋਂ ਭਾਰਤ 'ਤੇ ਲਗਾਏ ਗਏ ਵਾਧੂ ਟੈਕਸ ਬਾਰੇ ਕਈ ਸਵਾਲ ਪੁੱਛੇ ਗਏ।

ਇਸੇ ਦੌਰਾਨ ਟਰੰਪ ਨੇ ਟਰੂਥ ਸੋਸ਼ਲ 'ਤੇ ਇੱਕ ਪੋਸਟ ਵਿੱਚ ਕਿਹਾ ਕਿ ਅਮਰੀਕਾ ਦਾ ਫਾਇਦਾ ਉਠਾਉਣ ਵਾਲੇ

• ਬਾਕੀ ਸਫਾ 2 'ਤੇ

# ਅਮਰੀਕੀ ਵਪਾਰ ਹਮਲੇ ਦੀ ਸੀ ਪੀ ਆਈ ਵੱਲੋਂ ਨਿੰਦਾ

**ਲੁਧਿਆਣਾ (ਐੱਮ ਐੱਸ ਭਾਟੀਆ)**

ਭਾਰਤੀ ਕਮਿਊਨਿਸਟ ਪਾਰਟੀ ਦੇ ਰਾਸ਼ਟਰੀ ਸਕੱਤਰੇਤ ਨੇ ਵੀਰਵਾਰ ਬਿਆਨ ਜਾਰੀ ਕਰਕੇ ਕਿਹਾ ਕਿ ਪਾਰਟੀ ਰੂਸ ਨਾਲ ਤੇਲ ਵਪਾਰ ਦੇ ਬਦਲੇ ਵਿੱਚ ਭਾਰਤ 'ਤੇ 50 ਫੀਸਦੀ ਦੰਡਕਾਰੀ ਟੈਰਿਫ ਲਾਉਣ ਦੀਆਂ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੀਆਂ ਧੱਕੇਸ਼ਾਹੀ ਦੀਆਂ ਚਾਲਾਂ ਦੀ ਸਖ਼ਤ ਨਿੰਦਾ ਕਰਦੀ ਹੈ। ਵਪਾਰਕ ਸੰਬੰਧਾਂ ਦਾ ਇਹ ਸਪੱਸ਼ਟ ਹਥਿਆਰੀਕਰਨ ਭਾਰਤ ਦੀ ਖੁਦਮੁਖਤਿਆਰੀ 'ਤੇ ਹਮਲਾ ਹੈ ਅਤੇ ਇੱਕ ਬੇਦਖਲੀ ਅਤੇ ਪਤਨਸ਼ੀਲ ਅਮਰੀਕਾ ਦੀ ਅਗਵਾਈ ਵਾਲੀ ਵਿਸ਼ਵ ਵਿਵਸਥਾ ਨੂੰ ਲਾਗੂ ਕਰਨ ਦੀ ਇੱਕ ਕੱਚੀ ਕੋਸ਼ਿਸ਼ ਹੈ। ਅਜਿਹੀਆਂ ਕਾਰਵਾਈਆਂ ਦਾ ਉਦੇਸ਼ ਸੁਤੰਤਰ ਦੇਸ਼ਾਂ ਨੂੰ ਅਧੀਨਗੀ ਲਈ ਮਜਬੂਰ ਕਰਨਾ ਅਤੇ ਪ੍ਰਭੂਸੱਤਾ ਸੰਪੰਨ ਵਿਦੇਸ਼ੀ ਅਤੇ ਆਰਥਿਕ ਨੀਤੀਆਂ ਨੂੰ ਅੱਗੇ ਵਧਾਉਣ ਦੇ ਉਨ੍ਹਾਂ ਦੇ ਅਧਿਕਾਰ ਨੂੰ ਕਮਜ਼ੋਰ ਕਰਨਾ ਹੈ।

ਅੰਤਰਰਾਸ਼ਟਰੀ ਨੀਤੀ ਨਿਰਮਾਣ ਨੂੰ ਕਿਸੇ ਵੀ ਇੱਕ ਦੇਸ਼ ਦੀ ਲੀਡਰਸ਼ਿਪ, ਖਾਸ ਕਰਕੇ ਡੋਨਾਲਡ ਟਰੰਪ ਵਰਗੀ ਅਨਿਯਮਿਤ ਅਤੇ ਵਿਰੋਧੀ ਲੀਡਰਸ਼ਿਪ ਦੀਆਂ ਇੱਛਾਵਾਂ ਅੱਗੇ ਝੁਕਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ। ਇਹ ਤਾਜ਼ਾ ਘਟਨਾਵਾਂ ਬਹੁ-ਧਰੁਵੀਤਾ ਦੇ ਅਟੱਲ ਵਾਧੇ ਤੇ ਉਭਰ ਰਹੀਆਂ ਅਰਥ ਵਿਵਸਥਾਵਾਂ ਦੇ ਵਧਦੇ ਵਿਸ਼ਵਾਸ ਬਾਰੇ ਅਮਰੀਕੀ ਨੀਤੀਗਤ ਸਰਕਲਾਂ ਵਿੱਚ ਡੂੰਘੀ ਬੇਚੈਨੀ ਨੂੰ ਦਰਸਾਉਂਦੀਆਂ ਹਨ। ਇਸ ਹਕੀਕਤ ਨੂੰ ਸਵੀਕਾਰ ਕਰਨ ਦੀ ਬਜਾਏ ਸੰਯੁਕਤ ਰਾਜ ਅਮਰੀਕਾ ਆਪਣੀ ਵਿਸ਼ਵਵਿਆਪੀ ਸਰਦਾਰੀ ਬਣਾਈ ਰੱਖਣ ਲਈ ਧਮਕੀਆਂ ਤੇ ਵਪਾਰਕ ਹਮਲੇ ਦਾ ਸਹਾਰਾ ਲੈਂਦਾ ਰਹਿੰਦਾ ਹੈ। ਭਾਰਤ ਨੂੰ ਆਪਣੀ ਰਣਨੀਤਕ ਖੁਦਮੁਖਤਿਆਰੀ ਨੂੰ ਮਜ਼ਬੂਤੀ ਨਾਲ ਜਤਾਉਣਾ ਚਾਹੀਦਾ ਹੈ ਅਤੇ ਕਿਸੇ ਵੀ ਬਾਹਰੀ ਹੁਕਮ ਨੂੰ ਰੱਦ ਕਰਨਾ ਚਾਹੀਦਾ ਹੈ, ਜਿਸ 'ਤੇ ਉਹ ਆਰਥਿਕ ਜਾਂ ਰਾਜਨੀਤਕ ਤੌਰ 'ਤੇ ਜੁੜਦਾ ਹੈ। ਕਿਊ ਯੂ ਏ ਡੀ ਵਰਗੇ ਪ੍ਰਬੰਧਾਂ ਰਾਹੀਂ ਭਾਰਤ ਦੀ ਵਿਦੇਸ਼ ਨੀਤੀ ਵਿੱਚ ਸੰਯੁਕਤ ਰਾਜ ਅਮਰੀਕਾ ਪ੍ਰਤੀ ਵਧਦਾ ਝੁਕਾਅ ਘੱਟ ਦ੍ਰਿਸ਼ਟੀ ਵਾਲਾ ਤੇ ਖ਼ਤਰਨਾਕ ਹੈ। ਇੱਕ ਅਸਥਿਰ ਅਤੇ ਸਵੈ-ਸੇਵਾ ਕਰਨ ਵਾਲੇ ਸੰਯੁਕਤ ਰਾਜ ਅਮਰੀਕਾ 'ਤੇ ਇੱਕ ਭਰੋਸੇਯੋਗ ਸਾਥੀ ਵਜੋਂ ਭਰੋਸਾ ਨਹੀਂ ਕੀਤਾ ਜਾ ਸਕਦਾ। ਭਾਰਤ ਨੂੰ ਆਪਣੀਆਂ ਤਰਜੀਹਾਂ ਨੂੰ ਵਧੇਰੇ ਦੱਖਣ-ਦੱਖਣੀ ਏਕਤਾ ਵੱਲ ਮੁੜ ਨਿਰਭਰ ਕਰਨਾ ਚਾਹੀਦਾ ਹੈ, ਉਭਰ ਰਹੀਆਂ ਅਰਥ ਵਿਵਸਥਾਵਾਂ ਨਾਲ ਸਹਿਯੋਗ ਨੂੰ ਡੂੰਘਾ ਕਰਨਾ ਚਾਹੀਦਾ ਹੈ ਅਤੇ ਇੱਕ ਲੋਕਤੰਤਰੀ ਅਤੇ ਬਹੁ-ਧਰੁਵੀ ਵਿਸ਼ਵ ਵਿਵਸਥਾ ਬਣਾਉਣ ਵਿੱਚ ਸਰਗਰਮੀ ਨਾਲ ਯੋਗਦਾਨ ਪਾਉਣਾ ਚਾਹੀਦਾ ਹੈ।

# 7 ਪਿਸਤੌਲਾਂ ਸਮੇਤ ਚਾਰ ਗ੍ਰਿਫ਼ਤਾਰ




**ਅੰਮ੍ਰਿਤਸਰ (ਨਰਿੰਦਰਜੀਤ ਸਿੰਘ)**

ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਨੇ ਸਰਹੱਦ ਪਾਰੋਂ ਹੋ ਰਹੀ ਹਥਿਆਰ ਤਸਕਰੀ ਵਿੱਚ ਸ਼ਾਮਲ ਚਾਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਸੱਤ ਅਤਿ-ਆਧੁਨਿਕ ਪਿਸਤੌਲ ਬਰਾਮਦ ਕੀਤੇ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅੰਮ੍ਰਿਤਸਰ ਦੇ ਪਿੰਡ ਦਾਓਕੇ ਦੇ ਰਹਿਣ ਵਾਲੇ ਅਕਾਸ਼ਦੀਪ ਸਿੰਘ ਉਰਫ਼ ਆਕਾਸ਼ (20), ਅੰਮ੍ਰਿਤਸਰ ਦੇ ਪਿੰਡ ਬਾਘਾ ਕਲਾਂ ਦੇ ਰਮਨਪ੍ਰੀਤ ਸਿੰਘ (23), ਫਿਰੋਜ਼ਪੁਰ ਦੇ ਪਿੰਡ ਸੁਰਸਿੰਘ ਦੇ ਪ੍ਰਤਾਪ ਸਿੰਘ (25) ਅਤੇ ਅੰਮ੍ਰਿਤਸਰ ਦੇ ਦੇਬੀ ਵਾਲਾ ਬਾਜ਼ਾਰ ਦੇ ਸਰਬਜੀਤ ਸਿੰਘ ਉਰਫ਼ ਬੱਬਲ (25) ਵਜੋਂ ਹੋਈ ਹੈ। ਬਰਾਮਦ ਕੀਤੇ ਗਏ ਪਿਸਤੌਲਾਂ ਵਿੱਚ ਦੋ 9 ਐੱਮ ਐੱਮ ਪੀ ਐੱਕਸ 5, ਦੋ 9 ਐੱਮ ਐੱਮ ਗਲੌਕ ਅਤੇ ਤਿੰਨ .30 ਬੋਰ ਪਿਸਤੌਲ ਸ਼ਾਮਲ ਹਨ। ਪੁਲਸ ਕਮਿਸ਼ਨਰ ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਅਪ੍ਰੇਸ਼ਨ ਦੇ ਵੇਰਵੇ ਸਾਂਝੇ ਕਰਦਿਆਂ ਕਿਹਾ ਕਿ ਆਜ਼ਾਦੀ ਦਿਵਸ ਤੋਂ ਪਹਿਲਾਂ ਵਧੇ ਹੋਏ ਸੁਰੱਖਿਆ ਉਪਾਵਾਂ ਦੇ ਮੱਦੇਨਜ਼ਰ ਪੁਲਸ ਟੀਮਾਂ ਨੇ ਖਾਸ ਖੁਫੀਆ ਇਤਲਾਹ 'ਤੇ

• ਬਾਕੀ ਸਫਾ 2 'ਤੇ

# ਡੇਰਾ ਬੱਲਾਂ 'ਚ ਵਾਟਰ ਟਰੀਟਮੈਂਟ ਪਲਾਂਟ ਦਾ ਨੀਂਹ ਪੱਥਰ

**ਜਲੰਧਰ (ਇਕਬਾਲ ਸਿੰਘ ਉੱਭੀ, ਸੁਖਜੀਤ ਕੁਮਾਰ, ਸੁਰਿੰਦਰ ਕੁਮਾਰ)**



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਡੇਰਾ ਸੱਚਖੰਡ ਬੱਲਾਂ ਵਿਖੇ ਵੀਰਵਾਰ ਤਕਰੀਬਨ 3.4 ਕਰੋੜ ਰੁਪਏ ਦੀ ਲਾਗਤ ਨਾਲ ਮੁਕੰਮਲ ਹੋਣ ਵਾਲੇ ਸੀਵਰੇਜ ਟਰੀਟਮੈਂਟ ਪਲਾਂਟ (ਐੱਸ ਟੀ ਪੀ) ਅਤੇ ਮੁੱਖ ਪੰਪਿੰਗ ਸਟੇਸ਼ਨ ਦਾ ਨੀਂਹ ਪੱਥਰ ਰੱਖਿਆ। ਮੁੱਖ ਮੰਤਰੀ ਇੱਥੇ ਡੇਰਾ ਸੱਚਖੰਡ ਬੱਲਾਂ ਵਿਖੇ ਨਤਮਸਤਕ ਹੋਏ। ਮੁੱਖ ਮੰਤਰੀ ਦਾ ਸਵਾਗਤ ਡੇਰਾ ਸੱਚਖੰਡ ਬੱਲਾਂ ਦੇ ਟਰੱਸਟੀਆਂ ਨੇ ਕੀਤਾ। ਉਹਨਾ ਡੇਰਾ ਮੁਖੀ ਸੰਤ ਨਿਰੰਜਨ ਦਾਸ ਤੋਂ ਆਸ਼ੀਰਵਾਦ ਲਿਆ। ਮੁੱਖ ਮੰਤਰੀ ਨੇ ਕਿਹਾ ਕਿ ਮਹਾਨ ਧਾਰਮਿਕ ਆਗੂਆਂ ਦੀ ਚਰਨ ਛੋਹ ਪ੍ਰਾਪਤ ਇਸ ਪਵਿੱਤਰ ਸਥਾਨ ਦੇ ਦਰਸ਼ਨ ਕਰਨ ਦਾ ਮੌਕਾ ਪ੍ਰਾਪਤ ਕਰ ਕੇ ਉਹ ਧੰਨ ਮਹਿਸੂਸ ਕਰਦੇ ਹਨ। ਉਨ੍ਹਾਂ ਕਿਹਾ ਕਿ ਇਸ ਧਰਤੀ ਨੇ ਹਮੇਸ਼ਾ ਵਿਸ਼ਵ ਸ਼ਾਂਤੀ, ਭਾਈਚਾਰਕ ਸਾਂਝ ਅਤੇ ਫਿਰਕੂ ਸਦਭਾਵਨਾ ਦੀਆਂ ਕਦਰਾਂ-ਕੀਮਤਾਂ ਨੂੰ ਉਤਸ਼ਾਹਤ ਕੀਤਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਬਾਬਾ ਸਾਹਿਬ ਡਾ. ਬੀ ਆਰ ਅੰਬੇਦਕਰ ਵੱਲੋਂ ਦਰਸਾਏ ਮਾਰਗ 'ਤੇ ਚੱਲਦਿਆਂ ਪੰਜਾਬ ਸਰਕਾਰ ਨੇ ਸਿਹਤ, ਰੋਜ਼ਗਾਰ ਅਤੇ ਹੋਰ ਮੁੱਖ ਖੇਤਰਾਂ

• ਬਾਕੀ ਸਫਾ 2 'ਤੇ

## ਅੱਜ-ਨਾਮਾ

ਜਿਹੜੇ ਜੱਜ ਦੀ ਕੋਠੀ ਵਿੱਚ ਅੱਗ ਮੱਚੀ,
ਕਰੋੜਾਂ ਕੀਮਤ ਦੇ ਨੋਟ ਸਨ ਸੜੇ ਬੇਲੀ।
ਕੀਤੀ ਜਾਂਚ ਤਾਂ ਜਿਹੜੀ ਰਿਪੋਰਟ ਆਈ,
ਓਦੋਂ ਜੱਜ ਸਾਹਿਬ ਬੁਰੇ ਆ ਅੜੇ ਬੇਲੀ।
ਅਰਜ਼ੀ ਜਦੋਂ ਅਦਾਲਤ ਨੂੰ ਪਾਈ ਉਨ੍ਹਾ,
ਕਾਨੂੰਨੀ ਦਾਅ ਵਰਤੇ ਉਨ੍ਹਾ ਬੜੇ ਬੇਲੀ।
ਪਾਰਲੀਮੈਂਟ ਵਿੱਚ ਜਾਵਣਾ ਕੇਸ ਆਖਰ,
ਮੁਸ਼ਕਲ ਡਾਢੀ ਦੇ ਵਿੱਚ ਤਾਂ ਫੜੇ ਬੇਲੀ।
ਆਈ ਸਲਾਹ, ਅਸਤੀਫਾ ਉਹ ਦੇ ਜਾਂਦੇ,
ਪੈਣਾ ਸਮਾਂ ਨਹੀਂ ਅੱਜ ਇਹ ਢੋਵਣਾ ਸੀ।
ਜਿਹੜੀ ਹੁੰਦੀ ਖਵਾਰੀ ਪਈ ਨਿੱਤ ਵਾਲੀ,
ਪੈਣਾ ਖੱਜਲ ਨਹੀਂ ਕਦੀ ਵੀ ਹੋਵਣਾ ਸੀ।

-ਤੀਸ ਮਾਰ ਖਾਂ

# ਮੋਦੀ ਹਕੂਮਤ ਵਿਰੋਧੀਆਂ ਦੀ ਆਵਾਜ਼ ਬੰਦ ਕਰਕੇ ਜੇਲ੍ਹਾਂ 'ਚ ਡੱਕ ਰਹੀ : ਬੰਤ ਬਰਾੜ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**




ਫਾਸ਼ੀਵਾਦ ਵਿਰੋਧੀ ਮੋਰਚਾ ਪੰਜਾਬ ਦੀ ਅੰਮ੍ਰਿਤਸਰ ਜ਼ਿਲ੍ਹੇ ਦੀ ਪ੍ਰਤੀਨਿਧ ਕਨਵੈਨਸਨ ਸਮੇਂ ਦੇਸ਼ ਅੰਦਰ ਦਿਨੋਂ-ਦਿਨ ਵਧ ਰਹੇ ਜਮਹੂਰੀਅਤ ਨੂੰ ਖਤਰੇ 'ਤੇ ਗੰਭੀਰ ਚਿੰਤਾ ਪ੍ਰਗਟ ਕੀਤੀ ਗਈ। ਕੰਪਨੀ ਬਾਗ ਵਿਖੇ ਇਕੱਤਰ ਹੋਏ ਕਮਿਊਨਿਸਟ ਵਰਕਰਾਂ ਨੂੰ ਸੰਬੋਧਨ ਕਰਦਿਆਂ ਸੀ ਪੀ ਆਈ ਪੰਜਾਬ ਦੇ ਸਕੱਤਰ ਬੰਤ ਸਿੰਘ ਬਰਾੜ ਨੇ ਕਿਹਾ ਕਿ ਮੋਦੀ ਹਕੂਮਤ ਲਗਾਤਾਰ ਆਪਣੇ ਵਿਰੋਧੀਆਂ ਦੀ ਆਵਾਜ਼ ਬੰਦ ਕਰਕੇ ਉਹਨਾਂ ਨੂੰ ਜੇਲ੍ਹਾਂ ਅੰਦਰ ਬੰਦ ਕਰ ਰਹੀ ਹੈ। ਉਹਨਾ ਕਿਹਾ ਕਿ ਖਾਸ ਕਰਕੇ ਜਲ, ਜੰਗਲ ਤੇ ਜ਼ਮੀਨ ਦੀ ਰਾਖੀ ਕਰਨ ਵਾਲਿਆਂ ਨੂੰ ਝੂਠੇ ਪੁਲਸ ਮੁਕਾਬਲਿਆਂ ਰਾਹੀ ਖਤਮ ਕੀਤਾ ਜਾ ਰਿਹਾ ਹੈ।

ਕਨਵੈਨਸ਼ਨ ਨੂੰ ਸੀ ਪੀ ਆਈ (ਐੱਮ ਐੱਲ) ਲਿਬਰੇਸ਼ਨ ਦੇ ਸਕੱਤਰ ਗੁਰਮੀਤ ਸਿੰਘ ਬਖਤੂਪੁਰ ਨੇ ਸੰਬੋਧਨ ਕਰਦਿਆਂ ਬਿਹਾਰ ਅੰਦਰ ਚੋਣ ਕਮਿਸ਼ਨ ਵੱਲੋਂ ਵੋਟਰ ਸੁਧਾਈ ਦੇ ਨਾਂਅ 'ਤੇ ਵੱਡੀ ਗਿਣਤੀ ਵਿੱਚ ਵੋਟਾਂ ਕੱਟਣ ਦੀ ਜ਼ੋਰਦਾਰ ਨਿਖੇਧੀ ਕੀਤੀ। ਜਮਹੂਰੀ ਕਿਸਾਨ ਸਭਾ ਪੰਜਾਬ ਦੇ ਪ੍ਰਧਾਨ ਡਾਕਟਰ ਸਤਨਾਮ ਸਿੰਘ ਅਜਨਾਲਾ ਨੇ ਪੰਜਾਬ ਸਰਕਾਰ ਵੱਲੋਂ ਲੈਂਡ ਪੂਲਿੰਗ ਦੇ ਨਾਂਅ ਉੱਪਰ ਕਿਸਾਨਾਂ ਦੀਆਂ ਜ਼ਮੀਨਾਂ ਜਬਰੀ ਹਥਿਆਉਣ ਖਿਲਾਫ ਸੰਯੁਕਤ ਕਿਸਾਨ ਮੋਰਚੇ ਵੱਲੋਂ 24 ਸਤੰਬਰ ਨੂੰ ਲੁਧਿਆਣਾ ਦੇ ਸਮਰਾਲਾ ਵਿਖੇ ਕੀਤੀ ਜਾਣ ਵਾਲੀ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਹਿੱਸਾ ਲੈਣ ਦੀ ਅਪੀਲ ਕੀਤੀ।

ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਜਤਿੰਦਰ ਸਿੰਘ ਛੀਨਾ ਨੇ ਪੰਜਾਬ ਸਰਕਾਰ ਦੇ ਯੁੱਧ ਨਸ਼ਿਆਂ ਵਿਰੁੱਧ ਨੀਤੀ ਦੀ ਜ਼ੋਰਦਾਰ ਨਿਖੇਧੀ ਕਰਦਿਆਂ ਕਿਹਾ ਕਿ ਇਸ ਨੀਤੀ ਦਾ ਪ੍ਰਚਾਰ ਜ਼ਿਆਦਾ ਹੈ, ਪਰ ਅਮਲ ਘੱਟ ਹੈ।

ਕਨਵੈਨਸ਼ਨ ਨੂੰ ਹੋਰਨਾਂ ਤੋਂ ਇਲਾਵਾ ਅਮਰਜੀਤ ਸਿੰਘ ਆਸਲ, ਲਖਬੀਰ ਸਿੰਘ ਨਿਜ਼ਾਮਪੁਰ, ਰਤਨ ਸਿੰਘ ਰੰਧਾਵਾ, ਜਗਤਾਰ ਸਿੰਘ ਕਰਮਪੁਰਾ, ਬਲਬੀਰ ਸਿੰਘ ਮੂਧਲ, ਵਿਜੇ ਕਪੂਰ ਤੇ ਸਤਨਾਮ ਸਿੰਘ ਝੰਡੇਰ ਨੇ ਵੀ ਸੰਬੋਧਨ ਕੀਤਾ।

# ਜਸਟਿਸ ਯਸ਼ਵੰਤ ਵਰਮਾ ਨੂੰ ਝਟਕਾ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਅਲਾਹਾਬਾਦ ਹਾਈ ਕੋਰਟ ਦੇ ਜਸਟਿਸ ਯਸ਼ਵੰਤ ਵਰਮਾ ਦੀ ਆਪਣੇ ਘਰੋਂ ਨਕਦੀ ਮਿਲਣ ਦੇ ਮਾਮਲੇ 'ਚ ਦੁਰਵਿਵਹਾਰ ਦਾ ਦੋਸ਼ੀ ਪਾਏ ਜਾਣ ਵਾਲੀ ਅੰਦਰੂਨੀ ਕਮੇਟੀ ਦੀ ਜਾਂਚ ਰਿਪੋਰਟ ਨੂੰ ਚੁਣੌਤੀ ਦਿੰਦੀ ਪਟੀਸ਼ਨ ਵੀਰਵਾਰ ਰੱਦ ਕਰ ਦਿੱਤੀ। ਜਸਟਿਸ ਵਰਮਾ ਨੇ ਰਿਪੋਰਟ ਨੂੰ ਨਾਜਾਇਜ਼ ਐਲਾਨੇ ਜਾਣ ਦੀ ਮੰਗ ਕੀਤੀ ਸੀ। ਸੁਪਰੀਮ ਕੋਰਟ ਨੇ ਕਿਹਾ ਕਿ ਇਸ ਮਾਮਲੇ ਵਿੱਚ ਸੰਬੰਧਤ ਪ੍ਰਕਿਰਿਆ ਦੀ ਸਖਤੀ ਨਾਲ ਪਾਲਣਾ ਕੀਤੀ ਗਈ ਸੀ। ਉਂਝ ਸੁਪਰੀਮ ਕੋਰਟ ਨੇ ਜਸਟਿਸ ਵਰਮਾ ਨੂੰ ਖੁੱਲ੍ਹ ਦਿੱਤੀ ਕਿ ਜੇ ਉਨ੍ਹਾ ਖਿਲਾਫ ਮਹਾਂਦੋਸ਼ ਦੀ ਕਾਰਵਾਈ ਸ਼ੁਰੂ ਕੀਤੀ ਜਾਂਦੀ ਹੈ ਤਾਂ ਉਨ੍ਹਾ ਨੂੰ ਆਪਣੀ ਗੱਲ ਰੱਖਣ ਦੀ ਪੂਰੀ ਖੁੱਲ੍ਹ ਹੈ। ਜਸਟਿਸ ਵਰਮਾ ਵੱਲੋਂ ਸੀਨੀਅਰ ਵਕੀਲ ਕਪਿਲ ਸਿੱਬਲ ਪੇਸ਼ ਹੋਏ।

ਜਸਟਿਸ ਦੀਪਾਂਕਰ ਦੱਤਾ ਤੇ ਜਸਟਿਸ ਅਗਸਟੀਨ ਜੌਰਜ ਮਸੀਹ ਦੀ ਬੈਂਚ ਨੇ ਕਿਹਾ ਕਿ ਜਸਟਿਸ ਵਰਮਾ ਦਾ ਆਚਰਣ ਵਿਸ਼ਵਾਸ ਪੈਦਾ ਨਹੀਂ ਕਰਦਾ ਅਤੇ ਉਨ੍ਹਾ ਦੀ ਪਟੀਸ਼ਨ 'ਤੇ ਵਿਚਾਰ ਨਹੀਂ ਕੀਤਾ ਜਾਣਾ ਚਾਹੀਦਾ। ਸੁਪਰੀਮ ਕੋਰਟ ਦਾ ਇਹ ਫੈਸਲਾ ਮਾਰਚ ਤੋਂ ਵਿਵਾਦਾਂ ਦੇ ਘੇਰੇ ਵਿਚ ਆਏ ਜਸਟਿਸ ਵਰਮਾ ਲਈ ਵੱਡਾ ਝਟਕਾ ਹੈ। ਜਸਟਿਸ ਵਰਮਾ ਦੀ ਦਿੱਲੀ ਵਿਚਲੇ ਸਰਕਾਰੀ ਨਿਵਾਸ ਦੇ ਸਟੋਰਰੂਮ ਵਿੱਚ ਅੱਗ ਲੱਗਣ ਤੋਂ ਬਾਅਦ ਅੱਧੀ ਸੜੀ ਹੋਈ ਨਕਦੀ ਦੇ ਬੰਡਲਾਂ ਦਾ ਵੱਡਾ ਜ਼ਖੀਰਾ ਮਿਲਿਆ ਸੀ।

ਜਸਟਿਸ ਵਰਮਾ ਨੇ 8 ਮਈ ਨੂੰ ਭਾਰਤ ਦੇ ਤਤਕਾਲੀ ਚੀਫ ਜਸਟਿਸ ਸੰਜੀਵ ਖੰਨਾ ਵੱਲੋਂ ਸੰਸਦ ਨੂੰ ਉਨ੍ਹਾ ਵਿਰੁੱਧ ਮਹਾਂਦੋਸ਼ ਦੀ ਕਾਰਵਾਈ ਸ਼ੁਰੂ ਕਰਨ ਲਈ ਕੀਤੀ ਸਿਫਾਰਸ਼ ਨੂੰ ਰੱਦ ਕਰਨ ਦੀ ਵੀ ਮੰਗ ਕੀਤੀ ਸੀ। ਸੁਪਰੀਮ ਕੋਰਟ ਨੇ ਕਿਹਾ ਕਿ ਤਤਕਾਲੀ ਚੀਫ ਜਸਟਿਸ ਅਤੇ ਅੰਦਰੂਨੀ ਕਮੇਟੀ ਨੇ ਵੀਡੀਓ ਫੁਟੇਜ਼ ਅਤੇ ਫੋਟੋਆਂ ਅਪਲੋਡ ਕਰਨ ਤੋਂ ਇਲਾਵਾ ਪ੍ਰਕਿਰਿਆ ਦੀ ਪੂਰੀ ਤਰ੍ਹਾਂ

• ਬਾਕੀ ਸਫਾ 2 'ਤੇ

CMYK

## ਦੇਸ਼ ਭਗਤ 'ਵਰਸਿਟੀ ਨੇ ਹੀਰੋਸ਼ੀਮਾ ਦਿਵਸ ਮਨਾਇਆ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ ਵੱਲੋਂ 'ਸੁਆਹ ਤੋਂ ਉਮੀਦ ਤੱਕ : ਸ਼ਾਂਤੀ ਲਈ ਸਿੱਖਿਆ, ਇੱਕ ਬਿਹਤਰ ਦੁਨੀਆ ਲਈ ਨਵੀਨਤਾ' ਥੀਮ ਹੇਠ ਹੀਰੋਸ਼ੀਮਾ ਦਿਵਸ ਮਨਾਇਆ ਗਿਆ।ਇਸ ਸਮਾਗਮ ਵਿੱਚ 6 ਅਗਸਤ 1945 ਨੂੰ ਹੀਰੋਸ਼ੀਮਾ 'ਤੇ ਹੋਏ ਪ੍ਰਮਾਣੂ ਬੰਬ ਧਮਾਕੇ ਦੇ ਪੀੜਤਾਂ ਨੂੰ ਸ਼ਰਧਾਂਜਲੀ ਦਿੱਤੀ ਗਈ, ਜਦੋਂਕਿ ਵਿਦਿਆਰਥੀਆਂ ਨੂੰ ਇੱਕ ਸ਼ਾਂਤੀਪੂਰਨ ਤੇ ਪ੍ਰਗਤੀਸ਼ੀਲ ਭਵਿੱਖ ਵੱਲ ਕੰਮ ਕਰਨ ਲਈ ਉਤਸ਼ਾਹਿਤ ਕੀਤਾ ਗਿਆ।ਇਸ ਯਾਦਗਾਰੀ ਸਮਾਰੋਹ ਦੀ ਸ਼ੁਰੂਆਤ ਦੇਸ਼ ਭਗਤ ਯੂਨੀਵਰਸਿਟੀ ਦੇ ਰਜਿਸਟਰਾਰ ਡਾ. ਸੁਰਿੰਦਰ ਕਪੂਰ ਦੇ ਇੱਕ ਪ੍ਰਭਾਵਸ਼ਾਲੀ ਭਾਸ਼ਣ ਨਾਲ ਹੋਈ, ਜਿਨ੍ਹਾਂ ਨੇ ਯੂਨੀਵਰਸਿਟੀ ਭਾਈਚਾਰੇ ਨੂੰ ਇਤਿਹਾਸ ਦੇ ਸਬਕਾਂ ਨੂੰ ਯਾਦ ਰੱਖਣ ਦੀ ਅਪੀਲ ਕੀਤੀ।ਡਾ. ਕਪੂਰ ਨੇ ਕਿਹਾ ਕਿ ਅੱਜ ਸਿਰਫ਼ ਯਾਦ ਕਰਨ ਦਾ ਦਿਨ ਨਹੀਂ ਹੈ, ਸਗੋਂ ਕਾਰਵਾਈ ਕਰਨ ਦਾ ਸੱਦਾ ਹੈ।ਇਸ ਮੌਕੇ ਦੇਸ਼ ਭਗਤ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ ਨੇ ਪੀੜਤਾਂ ਨੂੰ ਸਾਰਥਕ ਸ਼ਰਧਾਂਜਲੀ, ਪ੍ਰਤੀਬਿੰਬ, ਹਮਦਰਦੀ ਤੇ ਸ਼ਾਂਤੀ ਪ੍ਰਤੀ ਸਮੂਹਕ ਵਚਨਬੱਧਤਾ ਵਰਗੀਆਂ ਅਜਿਹੀਆਂ ਪਹਿਲਕਦਮੀਆਂ ਦੇ ਮਹੱਤਵ 'ਤੇ ਜ਼ੋਰ ਦਿੱਤਾ।ਵਿਦਿਆਰਥੀ ਭਲਾਈ ਦੇ ਨਿਰਦੇਸ਼ਕ ਡਾ. ਅਰਸ਼ਦੀਪ ਨੇ ਵਿਦਿਆਰਥੀਆਂ ਨੂੰ ਸ਼ਾਂਤੀ ਦੂਤ ਬਣਨ, ਗਿਆਨ ਨੂੰ ਹਮਦਰਦੀ ਨਾਲ ਮਿਲਾਉਣ ਦੀ ਅਪੀਲ ਕੀਤੀ।ਇਸ ਮੌਕੇ ਕੈਂਪਸ ਵਿੱਚ ਇੱਕ ਸ਼ਾਂਤੀ ਮਾਰਚ ਵੀ ਕੱਢਿਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਪ੍ਰਤੀਕਾਤਮਕ ਕਿਤਾਬਾਂ ਤੇ ਜੈਤੂਨ ਦੀਆਂ ਟਾਹਣੀਆਂ ਫੜੀਆਂ ਹੋਈਆਂ ਸਨ, ਜੋ ਸਿੱਖਿਆ ਨੂੰ ਸ਼ਾਂਤੀ ਦੇ ਮਾਰਗ ਤੇ ਹਿੰਸਾ ਨੂੰ ਰੱਦ ਕਰਨ ਵਜੋਂ ਦਰਸਾਉਂਦੀਆਂ ਸਨ।ਭਾਗੀਦਾਰਾਂ ਨੇ ਹੀਰੋਸ਼ੀਮਾ ਤੇ ਨਾਗਾਸਾਕੀ ਵਿੱਚ ਗੁਆਚੀਆਂ ਜਾਨਾਂ ਦੀ ਯਾਦ ਵਿੱਚ ਇੱਕ ਪਲ ਦਾ ਮੌਨ ਵੀ ਰੱਖਿਆ।

## ਡਾ. ਹਰਜੋਤ ਕਮਲ ਨੂੰ ਸੌਂਪੀ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਦੀ ਕਮਾਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਡਾ. ਹਰਜੋਤ ਕਮਲ ਨੇ ਜ਼ਿਲ੍ਹਾ ਪ੍ਰਧਾਨ ਦੇ ਅਹੁਦੇ ਦੇ ਐਲਾਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਭਾਜਪਾ ਵੱਲੋਂ ਉਨ੍ਹਾਂ 'ਤੇ ਜੋ ਭਰੋਸਾ ਜਤਾਇਆ ਗਿਆ ਹੈ, ਉਹ ਪੂਰੀ ਤਨਦੇਹੀ ਨਾਲ ਉਸ ਨੂੰ ਨਿਭਾਉਂਦੇ ਹੋਏ ਪਾਰਟੀ ਵੱਲੋਂ ਕੀਤੇ ਗਏ ਕਾਰਜਾਂ ਤੇ ਨੀਤੀਆਂ ਨੂੰ ਘਰ ਘਰ ਤੱਕ ਪਹੁੰਚਾਉਣ ਲਈ ਯਤਨਸ਼ੀਲ ਰਹਿਣਗੇ। ਉਨ੍ਹਾਂ ਕਿਹਾ ਕਿ ਭਾਜਪਾ ਦੇ ਛੋਟੇ ਤੋਂ ਛੋਟੇ ਵਰਕਰ ਨੂੰ ਵੀ ਸਰਗਰਮ ਕੀਤਾ ਜਾਵੇਗਾ, ਉਹ ਪਾਰਟੀ ਦੇ ਕੰਮ ਵਿੱਚ ਲੱਗੇ ਰਹਿਣਗੇ।ਹਰ ਵਰਕਰ ਨੂੰ ਜ਼ਿੰਮੇਵਾਰੀ ਦਿੱਤੀ ਜਾਵੇਗੀ, ਕਿਉਂਕਿ ਪਾਰਟੀ ਸੰਗਠਨ ਉਦੋਂ ਤੱਕ ਮਜ਼ਬੂਤ ਨਹੀਂ ਹੋ ਸਕਦਾ, ਜਦੋਂ ਤੱਕ ਜ਼ਮੀਨ ਨਾਲ ਜੁੜਿਆ ਵਰਕਰ ਮਜ਼ਬੂਤ ਨਹੀਂ ਹੁੰਦਾ, ਜਦੋਂ ਤੱਕ ਉਸ ਵਿੱਚ ਜ਼ਿੰਮੇਵਾਰੀ ਦਾ ਅਹਿਸਾਸ ਨਹੀਂ ਹੁੰਦਾ।ਡਾ. ਹਰਜੋਤ ਕਮਲ ਨੇ ਕਿਹਾ ਕਿ ਇਹ ਉਨ੍ਹਾਂ ਲਈ ਖੁਸ਼ਕਿਸਮਤੀ ਦੀ ਗੱਲ ਹੈ ਕਿ ਉਨ੍ਹਾਂ ਨੂੰ ਸਾਬਕਾ ਜ਼ਿਲ੍ਹਾ ਪ੍ਰਧਾਨ ਡਾ. ਸੀਮੰਤ ਗਰਗ, ਰਾਕੇਸ਼ ਸ਼ਰਮਾ, ਵਿਨੇ ਸ਼ਰਮਾ, ਵਿਜੇ ਸ਼ਰਮਾ, ਤ੍ਰਿਲੋਚਨ ਸਿੰਘ ਗਿੱਲ ਵਰਗੇ ਪੁਰਾਣੇ ਭਾਜਪਾ ਜ਼ਿਲ੍ਹਾ ਪ੍ਰਧਾਨਾਂ ਦੇ ਤਜਰਬੇ ਦਾ ਲਾਭ ਮਿਲੇਗਾ, ਉਨ੍ਹਾਂ ਸਾਰਿਆਂ ਨਾਲ ਮਿਲ ਕੇ ਉਹ ਪਾਰਟੀ ਦੇ ਹਿੱਤ ਵਿੱਚ ਕੰਮ ਕਰਨਗੇ।

## ਸੁਪਰੀਮ ਕਾਨਵੈਂਟ ਸਕੂਲ ਦੇ ਵਿਦਿਆਰਥੀਆਂ ਵੱਲੋਂ ਪਨ ਜੋਏ ਬਠਿੰਡਾ ਦਾ ਦੌਰਾ



**ਹਠੂਰ (ਨਛੱਤਰ ਸੰਧੂ)**-ਸੁਪਰੀਮ ਕਾਨਵੈਂਟ ਸਕੂਲ ਬਿਲਾਸਪੁਰ ਮੋਗਾ ਦੁਆਰਾ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਇਕਰੋਜ਼ਾ ਵਾਟਰ ਪਾਰਕ ਤੇ ਐਡਵੈਂਚਰ ਪਾਰਕ ਯਾਤਰਾ ਪਨਜੋਏ ਕਰਾਈ ਗਈ।ਸਕੂਲ ਦੇ ਪ੍ਰਧਾਨ ਚਰਨ ਸਿੰਘ, ਸਕੂਲ ਚੇਅਰਮੈਨ ਯੋਗਿੰਦਰ ਸ਼ਰਮਾ ਨੇ ਬੱਸਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।ਯਾਤਰਾ ਵਿੱਚ ਛੇਵੀਂ ਜਮਾਤ ਤੋਂ ਲੈ ਕੇ ਬਾਰ੍ਹਵੀਂ ਜਮਾਤ ਤੱਕ ਦੇ ਸਕੂਲੀ ਵਿਦਿਆਰਥੀਆਂ ਨੇ ਹਿੱਸਾ ਲਿਆ।ਬੱਚੇ ਇਸ ਯਾਤਰਾ 'ਤੇ ਜਾਣ ਲਈ ਬਹੁਤ ਉਤਸ਼ਾਹਤ ਸਨ।ਇਸ ਯਾਤਰਾ ਦੌਰਾਨ ਵਿਦਿਆਰਥੀਆਂ ਨੇ ਬਹੁਤ ਆਨੰਦ ਮਾਣਿਆ।ਵਿਦਿਆਰਥੀਆਂ ਨੇ ਪਾਣੀ ਵਿਚ ਡੁੱਬੀ ਲਾਉਣ ਦਾ ਆਨੰਦ ਮਾਣਿਆ।ਸਮੁੰਦਰ ਦੀਆਂ ਲਹਿਰਾਂ 'ਤੇ ਬੱਚਿਆਂ ਦੀ ਖੁਸ਼ੀ ਦੇਖਣ ਯੋਗ ਸੀ।ਵਿਦਿਆਰਥੀਆਂ ਵੱਲੋਂ ਮਾਣੀਆਂ ਜਾਣ ਵਾਲੀਆਂ ਹੋਰ ਮਨੋਰੰਜਕ ਸਰਗਰਮੀਆਂ ਵਿਚ 5-ਡੀ ਸ਼ੋਅ, ਝੂਤਰੇ, ਘਰ ਸ਼ੀਸ਼ੇ ਦੀਆਂ ਮੇਜ਼ਾਂ, ਬੰਜੀ ਜੰਪਿੰਗ ਆਦਿ ਸ਼ਾਮਲ ਸਨ।ਬੱਚਿਆਂ ਨੇ ਹੋਰ ਕਈ ਦਿਲਚਸਪ ਸਰਗਰਮੀਆਂ ਦਾ ਆਨੰਦ ਮਾਣਿਆ।ਵਾਪਸ ਆਉਣ 'ਤੇ ਵਿਦਿਆਰਥੀਆਂ ਦਾ ਸਵਾਗਤ ਸਕੂਲ ਪ੍ਰਿੰਸੀਪਲ ਕੁੰਜੂਮੋਲ ਜੋਅ ਤੇ ਵਾਇਸ ਪ੍ਰਿੰਸੀਪਲ ਜਸਮੇਲ ਸਿੰਘ ਵੱਲੋਂ ਕੀਤਾ ਗਿਆ।ਸਕੂਲ ਪ੍ਰਧਾਨ ਸਰਦਾਰ ਚਰਨ ਸਿੰਘ ਤੇ ਚੇਅਰਮੈਨ ਯੋਗਿੰਦਰ ਸ਼ਰਮਾ ਨੇ ਕਿਹਾ ਕਿ ਸਕੂਲ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਹਮੇਸ਼ਾ ਮੋਹਰੀ ਰਹੇਗਾ।

## ਸਿਆਸੀ ਮੁੱਦਿਆਂ ਬਾਰੇ ਚਰਚਾ ਕੀਤੀ




**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਕਾਂਗਰਸ ਪਾਰਟੀ ਦੇ ਸੀਨੀਅਰ ਕਾਂਗਰਸੀ ਆਗੂ ਤੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਜਸਵਿੰਦਰ ਸਿੰਘ ਜੱਸ ਨੇ ਭਗਤਾ ਵਿਖੇ ਨੌਜਵਾਨਾਂ ਨਾਲ ਮੀਟਿੰਗ ਕੀਤੀ, ਜਿੱਥੇ ਰਾਜਨੀਤਿਕ ਮੁੱਦਿਆਂ ਬਾਰੇ ਚਰਚਾ ਕੀਤੀ ਗਈ। ਨੌਜਵਾਨਾਂ ਨੇ ਕਿਹਾ ਕਿ ਇਸ ਵਾਰ ਹਲਕਾ ਰਾਮਪੁਰਾ ਫੂਲ ਤੋਂ ਸਾਫ਼ ਅਕਸ ਪੜ੍ਹੇ-ਲਿਖੇ ਤੇ ਮਿਹਨਤੀ ਤੇ ਲੋਕਾਂ ਦੇ ਹੱਕ ਵਿੱਚ ਖੜਨ ਵਾਲੇ ਨੌਜਵਾਨ ਆਗੂ ਨੂੰ ਟਿਕਟ ਮਿਲਣੀ ਚਾਹੀਦੀ ਹੈ ਤਾਂ ਜੁ ਉਹ ਨੌਜਵਾਨਾਂ ਦੇ ਭਵਿੱਖ ਬਾਰੇ ਗੱਲ ਕਰਨ ਵਾਲਾ ਹੋਵੇ ਤੇ ਨੌਜਵਾਨਾਂ ਦਾ ਹੌਸਲਾ ਵਧਾਉਣ ਵਾਲਾ ਹੋਵੇ। ਐਡਵੋਕੇਟ ਜੱਸ ਬੱਜੋਆਣਾ ਨੇ ਨੌਜਵਾਨਾਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਮੌਕੇ 'ਤੇ ਉਨ੍ਹਾਂ ਦਾ ਹੱਲ ਕਰਾਇਆ। ਇਸ ਮੌਕੇ ਸਾਰੇ ਨੌਜਵਾਨਾਂ ਨੇ 2027 ਦੀਆਂ ਚੋਣਾਂ ਵਿੱਚ ਜੱਸ ਬੱਜੋਆਣਾ ਦੇ ਨਾਲ ਚੱਲਣ ਦਾ ਫ਼ੈਸਲਾ ਲਿਆ ਤੇ ਕਿਹਾ ਉਹ ਉਨ੍ਹਾਂ ਦੇ ਹੱਕ ਵਿੱਚ ਪੂਰੀ ਤਨਦੇਹੀ ਨਾਲ ਕੰਮ ਕਰਨਗੇ।

## ਸੇਫ ਸਕੂਲ ਵਾਹਨ ਪਾਲਿਸੀ ਤਹਿਤ ਸਕੂਲੀ ਬੱਸਾਂ ਦੀ ਚੈਕਿੰਗ



**ਅਮਰਗੜ੍ਹ/ਮਾਲੇਰਕੋਟਲਾ (ਅਸਗਰ ਪਰਹਾਰ)**-ਡਿਪਟੀ ਕਮਿਸ਼ਨਰ ਵਿਰਾਜ ਐਸ ਤਿੜਕੇ ਦੇ ਦਿਸ਼ਾ-ਨਿਰਦੇਸ਼ਾਂ ਹੇਠ ਜ਼ਿਲ੍ਹਾ ਬਾਲ ਸੁਰੱਖਿਆ ਟੀਮ ਵੱਲੋਂ ਸੇਫ ਸਕੂਲ ਵਾਹਨ ਪਾਲਿਸੀ ਤਹਿਤ ਬਲਾਕ ਅਮਰਗੜ੍ਹ ਦੇ ਵੱਖ-ਵੱਖ ਸਕੂਲਾਂ ਵਿਚ ਪਹੁੰਚ ਕੇ ਸਕੂਲੀ ਬੱਸਾਂ ਦੀ ਚੈਕਿੰਗ ਕੀਤੀ ਗਈ।ਚੈਕਿੰਗ ਟੀਮ ਵੱਲੋਂ ਬੱਸਾਂ ਦੀ ਫਿਟਨੈੱਸ, ਅੱਗ ਬੁਝਾਊ ਸਿਲੰਡਰ, ਫਸਟ ਏਡ ਬਾਕਸ ਤੇ ਨੰਬਰ ਪਲੇਟਾਂ ਆਦਿ ਦੀ ਚੈਕਿੰਗ ਕੀਤੀ ਗਈ ਤੇ ਸਕੂਲ ਵਾਹਨ ਪਾਲਿਸੀ ਦੀਆਂ ਸ਼ਰਤਾਂ ਨਾ ਪੂਰੀਆਂ ਕਰਨ ਵਾਲੀਆਂ ਬੱਸਾਂ ਦੇ ਚਲਾਨ ਕੀਤੇ ਗਏ। ਚੈਕਿੰਗ ਕਰ ਰਹੀ ਟੀਮ ਵੱਲੋਂ ਸਕੂਲਾਂ ਦੇ ਹੈੱਡ ਮਾਸਟਰ ਤੇ ਡਰਾਈਵਰਾਂ ਨੂੰ ਸਖ਼ਤੀ ਚਿਤਾਵਨੀ ਦਿੱਤੀ ਕਿ ਜਲਦ ਤੋਂ ਜਲਦ ਸਾਰੇ ਵਾਹਨਾਂ ਵਿਚਲੀਆਂ ਖਾਮੀਆਂ ਨੂੰ ਦਰੁਸਤ ਕਰ ਲਿਆ ਜਾਵੇ।ਉਨ੍ਹਾਂ ਹਦਾਇਤ ਕੀਤੀ ਕਿ ਸਾਰੇ ਸਕੂਲਾਂ ਦੀਆਂ ਬੱਸਾਂ ਵਿਚ ਇਸਤਰੀ ਅਟੈਂਡੈਂਟ ਦਾ ਹੋਣਾ ਲਾਜ਼ਮੀ ਬਣਾਇਆ ਜਾਵੇ। ਉਨ੍ਹਾਂ ਚੇਤਾਵਨੀ ਦਿੱਤੀ ਕਿ ਟ੍ਰੈਫ਼ਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨ ਦਾ ਤੁਰੰਤ ਚਲਾਨ ਕੀਤਾ ਜਾਵੇਗਾ।ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਹਰਪ੍ਰੀਤ ਕੌਰ ਨੇ ਦੱਸਿਆ ਕਰੀਬ 15 ਸਕੂਲੀ ਬੱਸਾਂ ਚੈਕਿੰਗ ਕੀਤੀ ਗਈ।ਚੈਕਿੰਗ ਦੌਰਾਨ ਵਾਹਨ ਪਾਲਿਸੀ ਦੀ ਉਲੰਘਣਾ ਕਰਨ ਵਾਲੇ 2 ਸਕੂਲਾਂ ਨੂੰ ਲਿਖਤੀ ਨੋਟਿਸ ਦਿੱਤਾ ਗਿਆ, ਜਦਕਿ 5 ਸਕੂਲੀ ਬੱਸਾਂ ਦੇ ਚਲਾਨ ਵੀ ਕੀਤੇ ਗਏ।

## ਕਟਾਰੂ ਚੱਕ ਵੱਲੋਂ ਗੈਸ ਏਜੰਸੀਆਂ 'ਤੇ ਅਚਨਚੇਤ ਛਾਪਾਮਾਰੀ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪੰਜਾਬ ਦੇ ਖੁਰਾਕ ਤੇ ਸਿਵਲ ਸਪਲਾਈ ਮੰਤਰੀ ਲਾਲ ਚੰਦ ਕਟਾਰੂਚੱਕ ਵੱਲੋਂ ਸਰਹਿੰਦ ਵਿਖੇ ਵੱਖ-ਵੱਖ ਗੈਸ ਏਜੰਸੀਆਂ ਤੇ ਗੋਦਾਮਾਂ 'ਤੇ ਕੀਤੀ ਅਚਨਚੇਤ ਛਾਪਾਮਾਰੀ ਦੌਰਾਨ ਤੋਲ ਕੰਡਿਆਂ ਵਿੱਚ ਊਣਤਾਈਆਂ ਪਾਏ ਜਾਣ ਦਾ ਗੰਭੀਰ ਨੋਟਿਸ ਲਿਆ ਗਿਆ।ਉਨ੍ਹਾਂ ਕਿਹਾ ਕਿ ਇਹ ਗੈਸ ਉਪਭੋਗਤਾਵਾਂ ਦਾ ਵਿੱਤੀ ਸੋਸ਼ਣ ਹੈ ਤੇ ਪੰਜਾਬ ਸਰਕਾਰ ਵੱਲੋਂ ਕਿਸੇ ਵੀ ਕਿਸਮ ਦੇ ਭ੍ਰਿਸ਼ਟਾਚਾਰ ਨੂੰ ਬਿਲਕੁਲ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵੱਲੋਂ ਇਹ ਸਖਤ ਦਿਸ਼ਾ ਨਿਰਦੇਸ਼ ਦਿੱਤੇ ਗਏ ਹਨ ਕਿ ਗੈਸ ਏਜੰਸੀਆਂ 'ਚ ਗੈਸ ਉਪਭੋਗਤਾਵਾਂ ਦੀ ਕਿਸੇ ਵੀ ਪੜਾਅ 'ਤੇ ਖੱਜਲ ਖੁਆਰੀ ਜਾਂ ਵਿੱਤੀ ਲੁੱਟ ਖਸੁੱਟ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਜੇਕਰ ਕੋਈ ਗੈਸ ਏਜੰਸੀ ਮਾਲਕ ਜਾਂ ਕਰਮਚਾਰੀ ਅਜਿਹਾ ਕਰਦਾ ਪਾਇਆ ਜਾਂਦਾ ਹੈ ਤਾਂ ਉਸ ਖਿਲਾਫ਼ ਨਿਯਮਾਂ ਅਨੁਸਾਰ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਕਟਾਰੂਚੱਕ ਨੇ ਜਾਂਚ ਪੜਤਾਲ ਦੌਰਾਨ ਇਸ ਗੱਲ ਦਾ ਗੰਭੀਰ ਨੋਟਿਸ ਲਿਆ ਕਿ ਕੁਝ ਗੈਸ ਏਜੰਸੀਆਂ ਵੱਲੋਂ ਗੈਸ ਸਿਲੰਡਰਾਂ ਦੇ ਤੋਲ ਕੰਡੇ ਸਬੰਧੀ ਨਿਯਮਾਂ ਦੀ ਅਣਦੇਖੀ ਕੀਤੀ ਜਾ ਰਹੀ ਹੈ।ਉਨ੍ਹਾਂ ਨੇ ਕਿਹਾ ਕਿ ਇਹ ਬਰਦਾਸ਼ਤਯੋਗ ਨਹੀਂ ਹੈ ਅਤੇ ਇਸ ਸਬੰਧੀ ਲੁੱਟ ਖਸੁੱਟ ਨੂੰ ਸਖਤੀ ਨਾਲ ਰੋਕਣ ਲਈ ਸਬੰਧਤ ਗੈਸ ਏਜੰਸੀਆਂ ਖਿਲਾਫ਼ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਨੇ ਡੀ.ਐਫ.ਐਸ.ਸੀ ਨੂੰ ਹਦਾਇਤ ਕੀਤੀ ਕਿ ਨਿਯਮਾਂ ਦੀ ਪਾਲਣਾ ਨਾ ਕਰਨ ਵਾਲੀਆਂ ਗੈਸ ਏਜੰਸੀਆਂ ਖਿਲਾਫ਼ ਵਿਭਾਗੀ ਕਾਰਵਾਈ ਆਰੰਭੀ ਜਾਵੇ ਅਤੇ ਇਸ ਵਿੱਚ ਕਿਸੇ ਵੀ ਢਿੱਲਮਠ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਕੈਬਨਿਟ ਮੰਤਰੀ ਨੇ ਗੈਸ ਖਪਤਕਾਰਾਂ ਨੂੰ ਵੀ ਅਪੀਲ ਕੀਤੀ ਕਿ ਉਹ ਘਰਾਂ ਵਿੱਚ ਗੈਸ ਸਪਲਾਈ ਲੈਣ ਮੌਕੇ ਆਪਣੇ ਸਾਹਮਣੇ ਗੈਸ ਸਿਲੰਡਰਾਂ ਦੀ ਤੁਲਵਾਈ ਕਰਾਉਣ ਤਾਂ ਜੁ ਕੋਈ ਵੀ ਵਿਅਕਤੀ ਹੇਰਾਫੇਰੀ ਜਾਂ ਭ੍ਰਿਸ਼ਟਾਚਾਰ ਨਾ ਕਰ ਸਕੇ। ਇਸ ਮੌਕੇ ਮਨੋਹਰ ਸਿੰਘ ਕੰਟਰੋਲਰ ਹੈਡ ਕੁਆਰਟਰ ਤੇ ਡੀ.ਐਫ.ਐਸ.ਸੀ ਮੀਨਾਕਸ਼ੀ ਵੀ ਮੌਜੂਦ ਸਨ।

# ਆਸ਼ਾ ਵਰਕਰਾਂ ਤੇ ਪੈਨਸ਼ਨਰਾਂ ਨੇ ਬਾਜਾਖਾਨਾ ਬੱਸ ਅੱਡੇ 'ਤੇ ਮੁੱਖ ਮੰਤਰੀ ਦਾ ਪੁਤਲਾ ਫੂਕਿਆ



**ਕੋਟਕਪੂਰਾ (ਰਛਪਾਲ ਭੁੱਲਰ)**
ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਉਲੀਕੇ ਗਏ ਐਕਸ਼ਨ ਪ੍ਰੋਗਰਾਮ ਅਨੁਸਾਰ ਜੈਤੋ ਬਲਾਕ ਦੀਆਂ ਆਸ਼ਾ ਵਰਕਰਾਂ ਅਤੇ ਪੈਨਸ਼ਨਰਾਂ ਨੇ ਪਿੰਡ ਬਾਜਾਖਾਨਾ ਦੇ ਬੱਸ ਅੱਡੇ ਨਜ਼ਦੀਕ ਪੁਲ ਹੇਠਾਂ ਪੰਜਾਬ ਸਰਕਾਰ ਖਿਲਾਫ ਤਿੱਖੀ ਨਾਅਰੇਬਾਜ਼ੀ ਕਰਕੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਅਤੇ ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਦਾ ਪੁਤਲਾ ਫੂਕਿਆ। ਇਸ ਮੌਕੇ ਫਰੰਟ ਦੇ ਸੂਬਾਈ ਆਗੂ ਪ੍ਰੇਮ ਚਾਵਲਾ, ਪੈਨਸ਼ਨਰ ਆਗੂ ਸੋਮ ਨਾਥ ਅਰੋੜਾ, ਕੀਰਤਨ ਸਿੰਘ, ਐਕਸ ਸਰਵਿਸਮੈਨ ਜਥੇਬੰਦੀ ਦੇ ਆਗੂ ਕਾਮਰੇਡ ਗੁਰਮੀਤ ਸਿੰਘ ਵਾਂਦਰ ਅਤੇ ਆਸ਼ਾ ਵਰਕਰ ਅਤੇ ਆਸ਼ਾ ਫੈਸਿਲੀਟੇਟਰ ਯੂਨੀਅਨ ਦੇ ਸੂਬਾ ਪ੍ਰਧਾਨ ਅਮਰਜੀਤ ਕੌਰ ਰਣ ਸਿੰਘ ਵਾਲਾ, ਗੁਰਮੀਤ ਕੌਰ ਜੈਤੋ, ਸਿੰਬਲਜੀਤ ਕੌਰ, ਸਿੰਦਰਪਾਲ ਕੌਰ ਝੱਖੜ ਵਾਲਾ, ਚਰਨਜੀਤ ਕੌਰ ਲੰਭ ਵਾਲੀ, ਸੁਖਵੀਰ ਕੌਰ ਅਤੇ ਕਿਰਨਜੀਤ ਕੌਰ ਨੇ ਪੰਜਾਬ ਸਰਕਾਰ 'ਤੇ ਦੋਸ਼ ਲਾਇਆ ਕਿ ਵਾਰ ਵਾਰ ਫਰੰਟ ਦੀ ਲੀਡਰਸ਼ਿਪ ਨੂੰ ਮੀਟਿੰਗਾਂ ਦੇ ਕੇ ਐਨ ਮੌਕੇ 'ਤੇ ਆ ਕੇ ਮੀਟਿੰਗਾਂ ਮੁਲਤਵੀ ਕਰ ਰਹੀ ਹੈ ਜਿਸ ਕਰਕੇ ਮੁਲਾਜ਼ਮ ਅਤੇ ਪੈਨਸ਼ਨ ਵਰਗ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਆਗੂਆਂ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਦੇ ਇਸ ਵਤੀਰੇ ਦੇ ਖਿਲਾਫ 8 ਅਗਸਤ ਨੂੰ ਸਵੇਰੇ 11 ਵਜੇ ਲਾਲਾ ਲਾਜਪਤ ਰਾਏ ਮਿਊਂਸਪਲ ਪਾਰਕ ਕੋਟਕਪੂਰਾ ਵਿਖੇ ਅਤੇ 12 ਅਗਸਤ ਨੂੰ ਸਬ ਤਹਿਸੀਲ ਸਾਦਿਕ ਵਿਖੇ ਰੋਸ ਪ੍ਰਦਰਸ਼ਨ ਕਰਕੇ ਮੁੱਖ ਮੰਤਰੀ ਪੰਜਾਬ ਅਤੇ ਵਿੱਤ ਮੰਤਰੀ ਪੰਜਾਬ ਦੇ ਪੁਤਲੇ ਫੂਕੇ ਜਾਣਗੇ। ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾ ਸਾਢੇ ਪੰਜ ਸਾਲਾਂ ਦਾ ਤਨਖਾਹਾਂ ਅਤੇ ਪੈਨਸ਼ਨਾਂ ਦਾ ਬਣਦਾ ਬਕਾਇਆ ਯਕਮੁਸ਼ਤ ਤੁਰੰਤ ਜਾਰੀ ਕੀਤਾ ਜਾਵੇ, ਮਹਿੰਗਾਈ ਭੱਤੇ ਦੀਆਂ ਬਕਾਇਆ ਪਈਆਂ 13 ਫੀਸਦੀ ਚਾਰ ਕਿਸ਼ਤਾਂ ਅਤੇ ਪਿਛਲੀਆਂ ਕਿਸ਼ਤਾਂ ਦਾ ਰਹਿੰਦਾ ਸਾਰਾ ਬਕਾਇਆ ਤੁਰੰਤ ਦਿੱਤਾ ਜਾਵੇ, ਪੈਨਸ਼ਨਰਾਂ ਲਈ 2.59 ਦਾ ਗੁਣਾਂਕ ਤੁਰੰਤ ਲਾਗੂ ਕੀਤਾ ਜਾਵੇ, ਸਮੂਹ ਕੱਚੇ, ਠੇਕਾ ਅਧਾਰਤ , ਆਊਟਸੋਰਸ ਮੁਲਾਜ਼ਮਾਂ ਅਤੇ ਵੱਖ-ਵੱਖ ਸਕੀਮਾਂ ਆਸ਼ਾ ਵਰਕਰਜ਼, ਆਂਗਨਵਾੜੀ ਵਰਕਰਜ਼, ਮਿਡ ਡੇ ਮੀਲ ਵਰਕਰਜ਼ ਆਦਿ ਸਕੀਮ ਵਰਕਰਾਂ ਨੂੰ ਪੂਰੇ ਤਨਖਾਹ ਸਕੇਲਾਂ ਵਿੱਚ ਰੈਗੂਲਰ ਕੀਤਾ ਜਾਵੇ। ਇਸ ਮੌਕੇ ਤੇ ਆਸ਼ਾ ਵਰਕਰਾਂ ਵੱਡੀ ਗਿਣਤੀ ਵਿੱਚ ਹਾਜਰ ਸਨ।

# ਕੇਂਦਰ ਸਰਕਾਰ ਗ੍ਰੈਜੂਏਸ਼ਨ ਤੇ ਪੋਸਟ ਗ੍ਰੈਜੂਏਸ਼ਨ ਵਿਦਿਆਰਥੀਆਂ ਦਾ ਰੋਕਿਆ 60% ਪੋਸਟ ਮੈਟ੍ਰਿਕ ਵਜ਼ੀਫਾ ਤੁਰੰਤ ਜਾਰੀ ਕਰੇ : ਆਇਸਾ

### ਵਿਦਿਆਰਥੀਆਂ ਤੋਂ ਪੀ ਟੀ ਏ ਫੰਡ ਵਸੂਲਣ ਤੋਂ ਮੰਗੀ ਛੋਟ



**ਮਾਨਸਾ (ਆਤਮਾ ਸਿੰਘ ਪਮਾਰ)**-ਆਲ ਇੰਡੀਆ ਸਟੂਡੈਂਟਸ ਐਸੋਸੀਏਸ਼ਨ (ਆਇਸਾ) ਪੰਜਾਬ ਜ਼ਿਲ੍ਹਾ ਕਮੇਟੀ ਦੇ ਆਗੂਆਂ ਵੱਲੋਂ ਵਫ਼ਦ ਦੇ ਰੂਪ ਵਿੱਚ ਗੁਰੂ ਨਾਨਕ ਕਾਲਜ ਬੁਢਲਾਡਾ ਦੇ ਵਿਦਿਆਰਥੀਆਂ ਦੀ ਸਾਲ 2022 ਤੋਂ ਲੈ ਕੇ ਹੁਣ ਤੱਕ ਦੀ ਕੇਂਦਰ ਵੱਲੋਂ ਰੋਕੀ ਗਈ 60% ਪੋਸਟ ਮੈਟ੍ਰਿਕ ਵਜ਼ੀਫਾ ਰਾਸ਼ੀ ਨੂੰ ਜਾਰੀ ਕਰਵਾਉਣ ਲਈ ਡਿਪਟੀ ਕਮਿਸ਼ਨਰ ਮਾਨਸਾ ਨੂੰ ਇੱਕ ਮੰਗ ਪੱਤਰ ਦਿੱਤਾ ਗਿਆ ਅਤੇ ਪੀਟੀਏ ਫੰਡ ਤੋਂ ਛੋਟ ਬਾਰੇ ਵੀ ਗੱਲਬਾਤ ਕੀਤੀ ਗਈ।ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਆਇਸਾ ਦੇ ਸੂਬਾਈ ਆਗੂ ਸੁਖਜੀਤ ਸਿੰਘ ਰਾਮਾਨੰਦੀ ਤੇ ਜ਼ਿਲ੍ਹਾ ਸੋਸ਼ਲ ਮੀਡੀਆ ਇੰਚਾਰਜ ਅਮਨਦੀਪ ਸਿੰਘ ਨੇ ਦੱਸਿਆ ਕਿ ਕੇਂਦਰ ਦੀ ਮੋਦੀ ਸਰਕਾਰ ਸਿੱਖਿਆ ਦੇ ਖੇਤਰ ਨੂੰ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰਨ ਦੇ ਮਨਸੂਬੇ ਦੀ ਪੂਰਤੀ ਲਈ ਵਿਦਿਆਰਥੀਆਂ ਨੂੰ ਜਾਰੀ ਕੀਤੇ ਜਾਣ ਵਾਲੇ ਵਜ਼ੀਫਿਆਂ, ਫੈਲੋਸ਼ਿਪਾਂ, ਗ੍ਰਾਂਟਾਂ ਤੇ ਫੰਡਾਂ ਉੱਪਰ ਲਗਾਤਾਰ ਕੱਟ ਲਗਾਉਂਦਿਆਂ ਰੋਕ ਵੀ ਰਹੀ ਹੈ, ਜਿਸ ਕਾਰਨ ਵਿਸ਼ੇਸ਼ ਤੌਰ 'ਤੇ ਅਨੁਸੂਚਿਤ ਜਾਤੀਆਂ ਦੇ ਵਿਦਿਆਰਥੀਆਂ ਨੂੰ ਆਪਣੀ ਪੜ੍ਹਾਈ ਜਾਰੀ ਰੱਖਣ ਲਈ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਵਿਦਿਆਰਥੀਆਂ ਨੂੰ ਇੱਕ ਤਰ੍ਹਾਂ ਨਾਲ ਸਿੱਖਿਆ ਦੇ ਖੇਤਰ 'ਚੋਂ ਬਾਹਰ ਹੀ ਧੱਕਿਆ ਜਾ ਰਿਹਾ ਹੈ।ਇੱਥੇ ਹੀ ਬਸ ਨਹੀਂ ਪੰਜਾਬ ਦੇ ਕਾਲਜ ਸਰਕਾਰ ਦੇ ਸਿੱਖਿਆ ਦੇ ਨਿੱਜੀਕਰਨ ਦੇ ਫੈਸਲੇ ਨੂੰ ਚਾਰ ਚੰਨ ਲਗਾਉਂਦਿਆਂ ਵਿਦਿਆਰਥੀਆਂ ਤੋਂ ਮੋਟੇ ਰੂਪ ਵਿੱਚ ਪੀਟੀਏ ਫੰਡ ਵੀ ਵਸੂਲ ਰਹੇ ਹਨ ਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਪ੍ਰੀਖਿਆ ਫੀਸਾਂ ਤੇ ਪ੍ਰੈਕਟੀਕਲ ਫੀਸਾਂ ਵਿੱਚ 7 ਪ੍ਰਤੀਸ਼ਤ ਵਾਧਾ ਕਰ ਦਿੱਤਾ ਹੈ, ਸਿੱਟੇ ਵਜੋਂ ਵਿਦਿਆਰਥੀਆਂ ਉੱਪਰ ਆਰਥਿਕ ਬੋਝ ਹੋਰ ਵਧ ਜਾਵੇਗਾ।ਜਥੇਬੰਦੀ ਵਿਦਿਆਰਥੀ ਵਿਰੋਧੀ ਫ਼ੈਸਲਿਆਂ ਨੂੰ ਬਰਦਾਸ਼ਤ ਨਾ ਕਰਦਿਆਂ ਸੰਘਰਸ਼ ਦਾ ਰਾਹ ਅਖਤਿਆਰ ਕਰੇਗੀ।ਆਗੂਆਂ ਨੇ ਮੰਗ ਕੀਤੀ ਕਿ ਗੁਰੂ ਨਾਨਕ ਕਾਲਜ ਬੁਢਲਾਡਾ ਦੇ ਵਿਦਿਆਰਥੀਆਂ ਦੀ ਕੇਂਦਰ ਸਰਕਾਰ ਵੱਲੋਂ ਰੋਕੀ ਗਈ 60% ਵਜ਼ੀਫਾ ਰਾਸ਼ੀ ਤੁਰੰਤ ਜਾਰੀ ਕੀਤੀ ਜਾਵੇ, ਵਿਦਿਆਰਥੀਆਂ ਤੋਂ ਪੀਟੀਏ ਫੰਡ ਵਸੂਲ ਕਰਨਾ ਬੰਦ ਕੀਤਾ ਜਾਵੇ, ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਪ੍ਰੀਖਿਆ ਫੀਸਾਂ ਵਿੱਚ ਕੀਤਾ ਗਿਆ 7 ਪ੍ਰਤੀਸ਼ਤ ਵਾਧਾ ਤੁਰੰਤ ਵਾਪਸ ਲਿਆ ਜਾਵੇ ਤੇ ਪੀ ਐੱਚ ਡੀ ਦੀ ਰਜਿਸਟ੍ਰੇਸ਼ਨ ਲਈ ਫੀਸ 3000/- ਤੋਂ ਵਧਾ ਕੇ 5000/- ਰੁਪਏ ਕਰਨ ਤੇ ਇਸ ਵਿੱਚ ਹਰ ਸਾਲ 10 ਪ੍ਰਤੀਸ਼ਤ ਵਾਧਾ ਕਰਨ ਦਾ ਫੈਸਲਾ ਮੁੜ ਵਿਚਾਰਿਆ ਜਾਵੇ।ਇਸ ਮੌਕੇ ਗੁਰੂ ਨਾਨਕ ਕਾਲਜ ਬੁਢਲਾਡਾ ਦੀ ਕਮੇਟੀ ਦੇ ਆਗੂ ਪ੍ਰਿਤਪਾਲ ਕੌਰ, ਮਨਪ੍ਰੀਤ ਕੌਰ, ਸ਼ੰਮੀ ਕੌਰ ਤੇ ਦੀਪਕ ਕੁਮਾਰ ਆਦਿ ਵਿਦਿਆਰਥੀ ਆਗੂ ਹਾਜ਼ਰ ਸਨ।

## ਸੰਤ ਲੌਂਗੋਵਾਲ ਦੀ ਬਰਸੀ ਸਬੰਧੀ ਅਕਾਲੀ ਲੀਡਰਸ਼ਿਪ ਵੱਲੋਂ ਵਿਸ਼ੇਸ਼ ਮੀਟਿੰਗ ਅੱਜ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਅਮਰ ਸ਼ਹੀਦ ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਬਰਸੀ 20 ਅਗਸਤ ਨੂੰ ਮਨਾਉਣ ਸਬੰਧੀ ਸਥਾਨਕ ਗੁਰਦੁਆਰਾ ਕੈਂਬੋਵਾਲ ਸਾਹਿਬ ਵਿਖੇ 8 ਅਗਸਤ ਨੂੰ ਅਕਾਲੀ ਲੀਡਰਸ਼ਿੱਪ ਵੱਲੋਂ ਵੱਡੇ ਪੱਧਰ 'ਤੇ 9 ਵਜੇ ਮੀਟਿੰਗ ਰੱਖੀ ਗਈ ਹੈ।ਜਾਣਕਾਰੀ ਦਿੰਦੇ ਹੋਏ ਸਾਬਕਾ ਮੰਤਰੀ ਭਾਈ ਗੋਬਿੰਦ ਸਿੰਘ ਲੌਂਗੋਵਾਲ ਤੇ ਵਰਿੰਦਰ ਸਿੰਘ ਟੀਟੂ ਨੇ ਦੱਸਿਆ ਕਿ ਇਸ ਮੀਟਿੰਗ ਵਿੱਚ ਸਾਬਕਾ ਮੰਤਰੀ ਪਰਮਿੰਦਰ ਸਿੰਘ ਢੀਂਡਸਾ ਤੋਂ ਮੁਢਲੀ ਸਾਰੀ ਲੀਡਰਸ਼ਿੱਪ ਪਹੁੰਚ ਰਹੀ ਹੈ।ਇਨ੍ਹਾਂ ਤੋਂ ਇਲਾਵਾ ਦਲਜੀਤ ਸਿੰਘ ਸਿੱਧੂ, ਜੀਤ ਸਿੰਘ ਸਿੱਧੂ ਲੌਂਗੋਵਾਲ ਤੇ ਡਾ. ਰੂਪ ਸਿੰਘ ਸ਼ੇਰੋਂ ਆਦਿ ਪੁੱਜਣਗੇ।

## ਅੱਜ ਸ਼ਹਿਰ 'ਚ ਬਿਜਲੀ ਬੰਦ ਰਹੇਗੀ

**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਪਾਵਰਕਾਮ, ਉਪ ਮੰਡਲ ਸ਼ਹਿਰੀ ਧੂਰੀ ਦੇ ਐੱਸ.ਡੀ.ਓ ਗੁਰਦੀਪ ਇੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼ਡਿਊਲ ਰੋਡ ਦੇ ਨਿਰਮਾਣ ਲਈ ਪੋਲ ਸਿਫਟਿਗ ਦਾ ਕੰਮ ਕਰਨ ਲਈ 66 ਕੇਵੀ ਗਰਿਡ ਧੂਰੀ ਤੋਂ ਲੈ ਕੇ ਸ਼੍ਰੀ ਮਹਾਵੀਰ ਮੰਦਿਰ ਤੱਕ 11 ਕੇਵੀ ਗਊਸ਼ਾਲਾ ਫੀਡਰ ਦੀ ਸਪਲਾਈ 8 ਅਗਸਤ ਸ਼ੁੱਕਰਵਾਰ ਨੂੰ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਬਿਜਲੀ ਸਪਲਾਈ ਬੰਦ ਰਹੇਗੀ।

## ਦਹੀਆ ਸਬਜ਼ੀ ਮੰਡੀ ਦੇ ਕੰਮਾਂ ਦਾ ਅੱਜ ਰੱਖਣਗੇ ਨੀਂਹ ਪੱਥਰ

**ਮਮਦੋਟ (ਹਰਪਾਲ ਸਿੰਘ ਸੋਢੀ)**-ਹਲਕਾ ਫਿਰੋਜ਼ਪੁਰ ਦਿਹਾਤੀ ਤੋਂ ਵਿਧਾਇਕ ਐਡਵੋਕੇਟ ਰਜਨੀਸ਼ ਕੁਮਾਰ ਦਹੀਆ 8 ਅਗਸਤ ਨੂੰ ਸਬਜ਼ੀ ਮੰਡੀ ਫੜ ਦੇ ਸੀਸੀ ਫਲੋਰਿੰਗ ਕੰਮਾਂ ਦਾ ਨੀਂਹ ਪੱਥਰ ਰੱਖਣਗੇ। ਇਹ ਜਾਣਕਾਰੀ ਦਿੰਦੇ ਹੋਏ ਬਲਰਾਜ ਸਿੰਘ ਸੰਧੂ ਚੇਅਰਮੈਨ ਮਾਰਕੀਟ ਕਮੇਟੀ ਮਮਦੋਟ ਨੇ ਦੱਸਿਆ ਕਿ ਸਬਜ਼ੀ ਮੰਡੀ ਦੇ ਫੜ ਨੂੰ ਪੱਕਾ ਕਰਨ ਦੇ ਕੰਮ 'ਤੇ ਤਕਰੀਬਨ 1.03 ਕਰੋੜ ਰੁਪਏ ਲਾਗਤ ਆਉਣ ਦੀ ਸੰਭਾਵਨਾ ਹੈ। ਇਸ ਮੌਕੇ ਉਨ੍ਹਾਂ ਨਾਲ ਬਿਕਰਮਜੀਤ ਸਿੰਘ ਸਕੱਤਰ ਮਾਰਕੀਟ ਕਮੇਟੀ ਮਮਦੋਟ ਤੇ ਯਸ਼ਪਾਲ ਗਾਬਾ ਪ੍ਰਧਾਨ ਆੜ੍ਹਤੀ ਐਸੋਸੀਏਸ਼ਨ ਮਮਦੋਟ ਹਾਜ਼ਰ ਸਨ।

# 16 ਸਾਲਾਂ ਤੋਂ ਚੱਲ ਰਹੇ ਆਂਗਨਵਾੜੀ ਸੈਂਟਰ ਨੂੰ ਉਜਾੜਨ ਨਹੀਂ ਦਿਆਂਗੇ : ਸੁਨੀਲ ਕੌਰ ਬੇਦੀ

### ਆਲ ਇੰਡੀਆ ਆਂਗਨਵਾੜੀ ਵਰਕਰਜ਼/ਹੈਲਪਰਜ਼ ਯੂਨੀਅਨ (ਏਟਕ) ਵੱਲੋਂ ਐੱਸ.ਡੀ.ਐੱਮ. ਦਫਤਰ ਅੱਗੇ ਧਰਨਾ



**ਜਲਾਲਾਬਾਦ (ਜੀਤ ਕੁਮਾਰ)**
ਸਥਾਨਕ ਰਠੌੜਾ ਵਾਲਾ ਮੁਹੱਲਾ ਦੇ ਬਚਿੱਤਰ ਸਿੰਘ ਧਰਮਵਾਲਾ ਵਿਖੇ ਪਿਛਲੇ 16 ਸਾਲਾਂ ਤੋਂ ਚੱਲ ਰਹੇ ਆਂਗਨਵਾੜੀ ਸੈਂਟਰ ਨੂੰ ਉਜਾੜਨ ਦੇ ਵਿਰੋਧ ਵਿੱਚ ਆਲ ਇੰਡੀਆ ਆਂਗਨਵਾੜੀ ਵਰਕਰਜ਼/ਹੈਲਪਰਜ਼ ਯੂਨੀਅਨ (ਏਟਕ) ਵੱਲੋਂ ਤਹਿਸੀਲ ਕੰਪਲੈਕਸ ਸਥਿਤ ਐੱਸ.ਡੀ.ਐੱਮ. ਦਫਤਰ ਅੱਗੇ ਧਰਨਾ ਦਿੱਤਾ ਗਿਆ। ਇਸ ਧਰਨੇ ਨੂੰ ਸੰਬੋਧਨ ਕਰਦਿਆਂ ਸੂਬਾ ਸਕੱਤਰ ਸੁਨੀਲ ਕੌਰ ਬੇਦੀ ਨੇ ਦੱਸਿਆ ਕਿ ਪਿਛਲੇ 16 ਸਾਲਾਂ ਤੋਂ ਰਠੌੜਾ ਵਾਲਾ ਮੁਹੱਲਾ ਬਚਿੱਤਰ ਸਿੰਘ ਧਰਮਸ਼ਾਲਾ ਜਲਾਲਾਬਾਦ ਵਿੱਚ ਆਂਗਨਵਾੜੀ ਸੈਂਟਰ ਚੱਲ ਰਿਹਾ ਹੈ, ਪ੍ਰੰਤੂ ਬੀਤੇ ਦਿਨ ਕਿਸੇ ਠੇਕੇਦਾਰ ਵੱਲੋਂ ਆ ਕੇ ਇਸ ਸੈਂਟਰ ਦੀ ਬਿਲਡਿੰਗ ਢਾਹੁਣੀ ਸ਼ੁਰੂ ਕਰਵਾ ਦਿੱਤੀ ਤੇ ਆਂਗਨਵਾੜੀ ਵਰਕਰਾਂ ਨੂੰ ਕਿਹਾ ਕਿ ਤੁਸੀਂ ਅਪਣਾ ਸਾਮਾਨ ਚੁੱਕੋ, ਕਿਉਂਕਿ ਇਥੇ ਅਸੀਂ ਮੁਹੱਲਾ ਕਲੀਨਿਕ ਬਣਾਉਣਾ ਹੈ, ਜਦੋਂਕਿ ਇਥੇ ਧਰਮਸ਼ਾਲਾ ਵਿੱਚ ਮੁਹੱਲਾ ਕਲੀਨਿਕ ਬਣਾਉਣ ਲਈ ਹੋਰ ਖਾਲੀ ਜਗ੍ਹਾ ਬਹੁਤ ਪਈ ਹੈ, ਪਰ ਆਂਗਨਵਾੜੀ ਸੈਂਟਰ ਨੂੰ ਉਜਾੜ ਕੇ ਮੁਹੱਲਾ ਕਲੀਨਿਕ ਬਣਾਉਣਾ ਕੋਈ ਭਲੇ ਦਾ ਕੰਮ ਨਹੀਂ ਹੈ। ਉਨ੍ਹਾਂ ਕਿਹਾ ਕਿ ਅਸੀਂ ਇਸ ਮਸਲੇ ਸਬੰਧੀ ਤੁਰੰਤ ਹੀ ਐੱਸ.ਡੀ.ਐੱਮ. ਜਲਾਲਾਬਾਦ ਦੇ ਧਿਆਨ ਵਿੱਚ ਲਿਆਂਦਾ, ਪਰ ਉਨ੍ਹਾਂ ਸਾਡੇ ਨਾਲ ਕੋਈ ਗੱਲਬਾਤ ਨਹੀਂ ਕੀਤੀ, ਜਿਸ ਕਾਰਨ ਸਾਨੂੰ ਅੱਜ ਧਰਨਾ ਦੇਣਾ ਪਿਆ।

ਉਨ੍ਹਾਂ ਕਿਹਾ ਕਿ ਅੱਜ ਦਾ ਧਰਨਾ ਸੰਕੇਤਕ ਧਰਨਾ ਹੈ, ਜੇਕਰ ਪ੍ਰਸ਼ਾਸਨ ਵੱਲੋਂ ਇਸ ਮਸਲੇ ਦਾ ਹੱਲ ਇਕ ਹਫਤੇ ਦੇ ਅੰਦਰ ਨਾ ਕੀਤਾ ਗਿਆ ਤਾਂ ਅਗਲੀ ਵਾਰ ਤਿੱਖਾ ਸੰਘਰਸ਼ ਕੀਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ। ਧਰਨੇ ਨੂੰ ਹਰਜੀਤ ਕੌਰ ਢੰਡੀਆ, ਕੈਲਾਸ਼ ਜਲਾਲਾਬਾਦ, ਬਿਮਲਾ ਜਲਾਲਾਬਾਦ, ਆਸ਼ਾ ਚੱਕ ਦੁਮਾਲ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਤਹਿਸੀਲਦਾਰ ਵੱਲੋਂ ਧਰਨੇ ਵਿੱਚ ਆ ਕੇ ਮੰਗ-ਪੱਤਰ ਲਿਆ ਗਿਆ ਤੇ ਹਫਤੇ ਦੇ ਅੰਦਰ ਅੰਦਰ ਮਸਲਾ ਹੱਲ ਕਰਨ ਦਾ ਵਾਅਦਾ ਕੀਤਾ ਗਿਆ।

# ਡੀ ਏ ਵੀ ਕਕਰਾਲਾ ਵਿਖੇ ਕਲੱਸਟਰ ਪੱਧਰੀ ਖੋ-ਖੋ ਮੁਕਾਬਲੇ ਕਰਵਾਏ



**ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)**-ਡੀ.ਏ.ਵੀ. ਪਬਲਿਕ ਸੀਨੀਅਰ ਸੈਕੰਡਰੀ ਸਕੂਲ ਕਕਰਾਲਾ ਵਿਖੇ ਡੀ.ਏ.ਵੀ. ਖੇਡਾਂ (ਕਲੱਸਟਰ ਪੱਧਰ) ਅਧੀਨ ਖੋ-ਖੋ ਮੁਕਾਬਲੇ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਸਾਰਾ ਪ੍ਰੋਗਰਾਮ ਸਕੂਲ ਦੇ ਪ੍ਰਿੰਸੀਪਲ ਸ਼੍ਰੀ ਵਰੁਣ ਸ਼ਰਮਾ ਦੀ ਸੁਚੱਜੀ ਅਗਵਾਈ ਹੇਠ ਸੁਚਾਰੂ ਢੰਗ ਨਾਲ ਕਰਵਾਇਆ ਗਿਆ।ਇਸ ਮੁਕਾਬਲੇ ਵਿੱਚ 6 ਵੱਖ-ਵੱਖ ਡੀ.ਏ.ਵੀ. ਸਕੂਲਾਂ ਦੀਆਂ ਕੁੱਲ 11 ਟੀਮਾਂ ਨੇ ਵੱਖ-ਵੱਖ ਵਰਗਾਂ ਵਿੱਚ ਭਾਗ ਲਿਆ। ਭਾਗ ਲੈਣ ਵਾਲਿਆਂ ਵਿੱਚ ਡੀ.ਏ.ਵੀ. ਮਾਨਸਾ, ਡੀ.ਏ.ਵੀ. ਸਮਾਣਾ, ਡੀ.ਏ.ਵੀ. ਬਾਦਸ਼ਾਹਪੁਰ, ਡੀ.ਏ.ਵੀ. ਪਾਤੜਾਂ, ਪੁਲਸ ਡੀ.ਏ.ਵੀ. ਦਧੇੜਾ ਪਟਿਆਲਾ ਤੇ ਮੇਜ਼ਬਾਨ ਡੀ.ਏ.ਵੀ. ਕਕਰਾਲਾ ਸ਼ਾਮਲ ਸਨ।

ਪ੍ਰੋਗਰਾਮ ਦੀ ਸ਼ੁਰੂਆਤ 'ਮੂਲ ਮੰਤਰ' ਦੇ ਜਾਪ ਨਾਲ ਹੋਈ, ਜਿਸ ਤੋਂ ਬਾਅਦ ਸ਼ਪਥ ਸਮਾਰੋਹ ਕਰਵਾਇਆ ਗਿਆ।ਉਪਰੰਤ ਸਕੂਲ ਮੁੱਖੀ ਸ੍ਰੀ ਵਰੁਣ ਸ਼ਰਮਾ ਨੇ ਮੁਕਾਬਲੇ ਦਾ ਸ਼ੁਭ ਆਗਾਜ਼ ਕੀਤਾ। ਖਿਡਾਰੀਆਂ ਨੇ ਮੈਦਾਨ ਵਿੱਚ ਆਪਣੀ ਖੇਡ ਕਾਬਲੀਅਤ ਤੇ ਫੁਰਤੀ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਦਰਸ਼ਕਾਂ ਨੇ ਤਾਲੀਆਂ ਵਜਾ ਕੇ ਖਿਡਾਰੀਆਂ ਦਾ ਮਨੋਬਲ ਵਧਾਇਆ।ਵੱਖ-ਵੱਖ ਵਰਗਾਂ ਵਿੱਚ ਨਤੀਜੇ ਇਸ ਪ੍ਰਕਾਰ ਰਹੇ : ਅੰਡਰ-14 ਲੜਕੇ: ਡੀ.ਏ.ਵੀ. ਮਾਨਸਾ ਸਕੂਲ ਵਿਜੇਤਾ, ਡੀ.ਏ.ਵੀ. ਕਕਰਾਲਾ ਸਕੂਲ ਉਪ-ਵਿਜੇਤਾ, ਅੰਡਰ-14 ਲੜਕੀਆਂ: ਡੀ.ਏ.ਵੀ. ਕਕਰਾਲਾ ਸਕੂਲ ਵਿਜੇਤਾ, ਪੁਲਸ ਡੀ.ਏ.ਵੀ. ਦਧੇੜਾ ਪਟਿਆਲਾ ਸਕੂਲ ਉਪ-ਵਿਜੇਤਾ, ਅੰਡਰ-17 ਲੜਕੀਆਂ : ਪੁਲਿਸ ਡੀ.ਏ.ਵੀ. ਦਧੇੜਾ ਪਟਿਆਲਾ ਸਕੂਲ ਵਿਜੇਤਾ, ਡੀ.ਏ.ਵੀ. ਸਮਾਣਾ ਸਕੂਲ ਉਪ-ਵਿਜੇਤਾ, ਅੰਡਰ-19 ਲੜਕੇ: ਡੀ.ਏ.ਵੀ. ਕਕਰਾਲਾ ਸਕੂਲ ਵਿਜੇਤਾ, ਅੰਡਰ-19 ਲੜਕੀਆਂ ਡੀ.ਏ.ਵੀ. ਕਕਰਾਲਾ ਸਕੂਲ ਵਿਜੇਤਾ, ਡੀ.ਏ.ਵੀ. ਪਾਤੜਾਂ ਸਕੂਲ ਉਪ-ਵਿਜੇਤਾ ਰਹੇ। ਮੁਕਾਬਲੇ ਦੇ ਅੰਤ ਵਿੱਚ ਜੇਤੂ ਤੇ ਉਪ-ਜੇਤੂ ਟੀਮਾਂ ਨੂੰ ਟ੍ਰਾਫ਼ੀਆਂ ਤੇ ਤਮਗੇ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸ਼੍ਰੀ ਵਰੁਣ ਸ਼ਰਮਾ ਨੇ ਆਪਣੇ ਸੰਬੋਧਨ ਵਿੱਚ ਸਾਰੇ ਖਿਡਾਰੀਆਂ ਦੀ ਖੇਡ-ਭਾਵਨਾ ਦੀ ਪ੍ਰਸੰਸਾ ਕੀਤੀ ਤੇ ਭਵਿੱਖ ਵਿੱਚ ਹੋਰ ਵੱਧ ਭਾਗੀਦਾਰੀ ਲਈ ਪ੍ਰੇਰਿਤ ਕੀਤਾ।ਉਨ੍ਹਾਂ ਜੀਵਨ ਵਿੱਚ ਖੇਡਾਂ ਤੇ ਸਰੀਰਕ ਤੰਦਰੁਸਤੀ ਦੇ ਮਹੱਤਵ 'ਤੇ ਰੌਸ਼ਨੀ ਪਾਈ ਤੇ ਇਸ ਸਫਲ ਆਯੋਜਨ ਲਈ ਸਾਰੇ ਸਟਾਫ਼ ਮੈਂਬਰਾਂ ਦਾ ਧੰਨਵਾਦ ਕੀਤਾ।

## ...ਸਫ਼ਾ 1 ਦੇ ਬਾਕੀ

### ਡੇਰਾ ਬੱਲਾਂ 'ਚ ਵਾਟਰ...

ਦੇ ਨਾਲ-ਨਾਲ ਸਿੱਖਿਆ ਖੇਤਰ ਨੂੰ ਤਰਜੀਹ ਦਿੱਤੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾ ਦੀ ਸਰਕਾਰ ਨੇ ਪਹਿਲਾਂ ਹੀ ਇਨ੍ਹਾਂ ਖੇਤਰਾਂ ਵਿੱਚ ਕਈ ਮਹੱਤਵਪੂਰਨ ਪਹਿਲਕਦਮੀਆਂ ਕੀਤੀਆਂ ਹਨ।

ਸੂਬਾ ਸਰਕਾਰ ਦੀ ਮੀਲ ਦਾ ਪੱਥਰ ਸਾਬਤ ਹੋਣ ਵਾਲੀ ਇਕ ਹੋਰ ਪਹਿਲਕਦਮੀ ਦੀ ਗੱਲ ਕਰਦਿਆਂ ਮੁੱਖ ਮੰਤਰੀ ਨੇ 'ਮੁੱਖ ਮੰਤਰੀ ਸਿਹਤ ਯੋਜਨਾ' ਦਾ ਖ਼ਾਸ ਤੌਰ ਉੱਤੇ ਜ਼ਿਕਰ ਕੀਤਾ। ਦੇਸ਼ ਭਰ ਵਿੱਚ ਆਪਣੀ ਤਰ੍ਹਾਂ ਦੀ ਇਸ ਪਹਿਲੀ ਸਕੀਮ ਤਹਿਤ ਪੰਜਾਬ ਵਾਸੀ ਹਰੇਕ ਪਰਵਾਰ ਨੂੰ 10 ਲੱਖ ਰੁਪਏ ਤੱਕ ਦਾ ਨਕਦੀ ਰਹਿਤ ਡਾਕਟਰੀ ਇਲਾਜ ਮੁਹੱਈਆ ਕੀਤਾ ਜਾ ਰਿਹਾ ਹੈ। ਉਨ੍ਹਾਂ ਜ਼ੋਰ ਦੇ ਕੇ ਆਖਿਆ ਕਿ ਇਸ ਨਾਲ ਪਰਵਾਰਾਂ ਤੋਂ ਵਿੱਤੀ ਬੋਝ ਕਾਫ਼ੀ ਹੱਦ ਤੱਕ ਘਟੇਗਾ ਅਤੇ ਉਨ੍ਹਾਂ ਨੂੰ ਮਿਆਰੀ ਸਿਹਤ ਸੰਭਾਲ ਯਕੀਨੀ ਬਣੇਗੀ। ਮਾਨ ਨੇ ਕਿਹਾ ਕਿ ਇਹ ਇਤਿਹਾਸਕ ਮੌਕਾ ਹੈ, ਕਿਉਂਕਿ ਡੇਰਾ ਸੱਚਖੰਡ ਬੱਲਾਂ ਵਿੱਚ ਹੁਣ ਸੀਵਰੇਜ ਟਰੀਟਮੈਂਟ ਪਲਾਂਟ ਅਤੇ ਮੇਨ ਪੰਪਿੰਗ ਸਟੇਸ਼ਨ ਦਾ ਨੀਂਹ ਪੱਥਰ ਰੱਖਿਆ ਗਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਐੱਸ ਟੀ ਪੀ ਦੀ ਸਮਰੱਥਾ 0.5 ਐੱਮ ਐੱਲ.ਡੀ (ਮਿਲੀਅਨ ਲਿਟਰ ਪ੍ਰਤੀ ਦਿਨ) ਹੈ ਅਤੇ ਇਸ ਪ੍ਰਾਜੈਕਟ ਦੇ 12 ਮਹੀਨਿਆਂ ਵਿੱਚ ਮੁਕੰਮਲ ਹੋਣ ਦੀ ਸੰਭਾਵਨਾ ਹੈ, ਜਿਸ ਉੱਤੇ 3.4 ਕਰੋੜ ਰੁਪਏ ਦੀ ਲਾਗਤ ਆਏਗੀ। ਇਸ ਪ੍ਰਾਜੈਕਟ ਨਾਲ ਡੇਰਾ ਸੱਚਖੰਡ ਬੱਲਾਂ ਵਿੱਚ ਬਕਾਇਦਾ ਸਤਿਕਾਰ ਭੇਟ ਕਰਨ ਲਈ ਆਉਣ ਵਾਲੇ ਲੱਖਾਂ ਸ਼ਰਧਾਲੂਆਂ ਨੂੰ ਸਾਫ਼-ਸੁਥਰਾ ਤੇ ਸਿਹਤਮੰਦ ਵਾਤਾਵਰਨ ਮੁਹੱਈਆ ਹੋਵੇਗਾ।

ਉਹਨਾ ਮੰਨਿਆ ਕਿ ਡੇਰਾ ਸੱਚਖੰਡ ਬੱਲਾਂ ਨੇ ਸਮਾਜ ਭਲਾਈ ਵਿੱਚ ਲਗਾਤਾਰ ਮੋਹਰੀ ਭੂਮਿਕਾ ਨਿਭਾਈ ਹੈ ਅਤੇ ਉਨ੍ਹਾ ਨੂੰ ਅਹੁਦਾ ਸੰਭਾਲਣ ਤੋਂ ਬਾਅਦ ਕਈ ਵਾਰ ਇਸ ਪਵਿੱਤਰ ਸਥਾਨ ਦੇ ਦਰਸ਼ਨ ਕਰਨ ਦਾ ਸੁਭਾਗ ਪ੍ਰਾਪਤ ਹੋਇਆ ਹੈ। ਉਨ੍ਹਾ ਡੇਰੇ ਦੀ ਸ਼ਲਾਘਾ ਕੀਤੀ ਕਿ ਇਹ ਡੇਰਾ ਬਰਾਬਰੀ ਵਾਲੇ ਸਮਾਜ ਦੇ ਆਦਰਸ਼ਾਂ ਦੇ ਪੈਰੋਕਾਰ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਲੱਖਾਂ ਪੈਰੋਕਾਰਾਂ ਲਈ ਪ੍ਰੇਰਨਾਸਰੋਤ ਹੈ। ਇਸ ਮੌਕੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ, ਲਾਲ ਚੰਦ ਕਟਾਰੂ ਚੱਕ, ਡਾ. ਰਵਜੋਤ ਸਿੰਘ ਅਤੇ ਮਹਿੰਦਰ ਭਗਤ, ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ, ਵਿਧਾਇਕ ਬਲਕਾਰ ਸਿੰਘ, ਇੰਦਰਜੀਤ ਕੌਰ ਮਾਨ ਅਤੇ ਜਸਵੀਰ ਸਿੰਘ ਗਿੱਲ, ਪੰਜਾਬ ਸਫ਼ਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਚੰਦਨ ਗਰੇਵਾਲ, ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ, ਪੰਜਾਬ ਰਾਜ ਸਹਿਕਾਰੀ ਬੈਂਕ ਦੇ ਚੇਅਰਮੈਨ ਪਵਨ ਟੀਨੂੰ, ਪੰਜਾਬ ਐਗਰੋ ਦੇ ਚੇਅਰਮੈਨ ਮੰਗਲ ਸਿੰਘ ਬਾਸੀ, ਚੇਅਰਮੈਨ ਜਲੰਧਰ ਇੰਪਰੂਵਮੈਂਟ ਟਰੱਸਟ ਰਾਜਵਿੰਦਰ ਕੌਰ ਥਿਆੜਾ, 'ਆਪ' ਆਗੂ ਹਰਨੂਰ ਸਿੰਘ ਹਰਜੀ ਮਾਨ, 'ਆਪ' ਕੋਆਰਡੀਨੇਟਰ ਬੀਰ ਚੰਦ ਸੁਰੀਲਾ, ਦਿਨੇਸ਼ ਢੱਲ ਤੇ ਹੋਰ ਹਾਜ਼ਰ ਸਨ।

### ਜਸਟਿਸ ਯਸ਼ਵੰਤ ਵਰਮਾ...

ਪਾਲਣਾ ਕੀਤੀ। ਜਸਟਿਸ ਦੱਤਾ ਨੇ ਫੈਸਲਾ ਪੜ੍ਹਦਿਆਂ ਕਿਹਾ, "ਅਸੀਂ ਇਹ ਮੰਨਦੇ ਹਾਂ ਕਿ ਪ੍ਰਕਿਰਿਆ ਅਨੁਸਾਰ ਅਜਿਹਾ ਕਰਨ (ਅੱਗ ਬੁਝਾਉਣ ਦੀਆਂ ਫੋਟੋਆਂ ਅਤੇ ਵੀਡੀਓਜ਼ ਨੂੰ ਵੈੱਬਸਾਈਟ 'ਤੇ ਅਪਲੋਡ ਕਰਨਾ) ਦੀ ਲੋੜ ਨਹੀਂ ਸੀ, ਪਰ ਅਸੀਂ ਇਹ ਵੀ ਮੰਨਦੇ ਹਾਂ ਕਿ ਇਸ ਨਾਲ ਕੋਈ ਫਰਕ ਨਹੀਂ ਪੈਂਦਾ, ਕਿਉਂਕਿ ਤੁਸੀਂ ਸਹੀ ਸਮੇਂ 'ਤੇ ਇਸ ਬਾਰੇ ਸਵਾਲ ਨਹੀਂ ਉਠਾਇਆ ਅਤੇ ਜਿੱਥੋਂ ਤੱਕ ਅਪਲੋਡਿੰਗ ਦਾ ਸੰਬੰਧ ਹੈ, ਰਿੱਟ ਪਟੀਸ਼ਨ ਵਿੱਚ ਕੋਈ ਰਾਹਤ ਦਾ ਦਾਅਵਾ ਵੀ ਨਹੀਂ ਕੀਤਾ ਗਿਆ ਹੈ।" ਸੁਪਰੀਮ ਕੋਰਟ ਨੇ ਕਿਹਾ ਕਿ ਅੰਦਰੂਨੀ ਪ੍ਰਕਿਰਿਆ ਅਤੇ ਤਤਕਾਲੀ ਚੀਫ ਜਸਟਿਸ ਵੱਲੋਂ ਨਿਯੁਕਤ ਜੱਜਾਂ ਦੀ ਕਮੇਟੀ ਨੇ ਨਿਰਧਾਰਤ ਅਮਲ ਦੀ ਪਾਲਣਾ ਕੀਤੀ ਅਤੇ ਜਸਟਿਸ ਵਰਮਾ ਨੂੰ ਹਟਾਉਣ ਲਈ ਪ੍ਰਧਾਨ ਮੰਤਰੀ ਅਤੇ ਰਾਸ਼ਟਰਪਤੀ ਨੂੰ ਕੀਤੀ ਸਿਫਾਰਸ਼ ਨਾਲ ਰਿਪੋਰਟ ਭੇਜਣਾ ਗੈਰ-ਸੰਵਿਧਾਨਕ ਨਹੀਂ ਸੀ। ਕੋਰਟ ਨੇ ਜਸਟਿਸ ਵਰਮਾ ਦੇ ਮੌਲਿਕ ਅਧਿਕਾਰਾਂ ਦੀ ਕੋਈ ਉਲੰਘਣਾ ਵੀ ਨਹੀਂ ਪਾਈ।

# ਸ਼ਿਵਾਲਿਕ ਕਿਡਜ਼ ਸਕੂਲ 'ਚ ਰੱਖੜੀ ਦਾ ਤਿਉਹਾਰ ਮਨਾਇਆ



**ਜੈਤੋ (ਸਤੀਸ਼ ਕੁਮਾਰ ਭੀਰੀ)**-ਸ਼ਿਵਾਲਿਕ ਕਿਡਜ਼ ਸਕੂਲ ਵਿੱਚ ਰੱਖੜੀ ਦਾ ਤਿਉਹਾਰ ਬਹੁਤ ਧੂਮਧਾਮ ਨਾਲ ਮਨਾਇਆ ਗਿਆ।ਪਹਿਲੀ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ।ਉਨ੍ਹਾਂ ਸੁੰਦਰ ਰੱਖੜੀਆਂ ਬਣਾ ਕੇ ਤੇ ਥਾਲੀ ਸਜਾ ਕੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।ਸਕੂਲ ਦੀ ਪ੍ਰਿੰਸੀਪਲ ਮੈਡਮ ਸੁਖਵਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਰੱਖੜੀ ਦੇ ਤਿਉਹਾਰ ਦੀ ਮਹੱਤਤਾ ਬਾਰੇ ਦੱਸਿਆ ਤੇ ਕਿਹਾ ਕਿ ਇਹ ਭਰਾ-ਭੈਣ ਦੇ ਪਿਆਰ ਦਾ ਪ੍ਰਤੀਕ ਹੈ।

### ਟਰੰਪ ਵੱਲੋਂ ਹੋਰ ਪਾਬੰਦੀਆਂ...

ਦੇਸ਼ਾਂ ਤੋਂ ਅਰਬਾਂ ਡਾਲਰ ਹੁਣ ਦੇਸ਼ ਵਿੱਚ ਆਉਣੇ ਸ਼ੁਰੂ ਹੋ ਜਾਣਗੇ। ਉਨ੍ਹਾ ਕਿਹਾ, "ਅੱਧੀ ਰਾਤ ਹੋ ਗਈ ਹੈ!!! ਅਰਬਾਂ ਡਾਲਰਾਂ ਦੇ ਟੈਕਸ ਹੁਣ ਸੰਯੁਕਤ ਰਾਜ ਅਮਰੀਕਾ ਵਿੱਚ ਆ ਰਹੇ ਹਨ!" ਕਿਉਂਕਿ ਅਮਰੀਕਾ ਵਿੱਚ ਰਾਤ ਦੇ 12 ਵੱਜਦੇ ਹੀ 7 ਅਗਸਤ ਦੀ ਤਾਰੀਖ ਹੋ ਗਈ ਹੈ। ਇੱਕ ਹੋਰ ਪੋਸਟ ਵਿੱਚ ਟਰੰਪ ਨੇ ਕਿਹਾ, "ਅੱਜ ਅੱਧੀ ਰਾਤ ਨੂੰ ਪਰਸਪਰ ਟੈਕਸ ਲਾਗੂ ਹੋ ਗਏ ਹਨ! ਅਰਬਾਂ ਡਾਲਰ, ਜਿਨ੍ਹਾਂ ਵਿੱਚੋਂ ਜ਼ਿਆਦਾਤਰ ਉਨ੍ਹਾਂ ਦੇਸ਼ਾਂ ਤੋਂ ਹਨ, ਜਿਨ੍ਹਾਂ ਨੇ ਕਈ ਸਾਲਾਂ ਤੋਂ ਸੰਯੁਕਤ ਰਾਜ ਅਮਰੀਕਾ ਦਾ ਫਾਇਦਾ ਉਠਾਇਆ ਹੈ ਅਤੇ ਉਹ ਹੱਸਦੇ ਹੋਏ ਅਮਰੀਕਾ ਵਿੱਚ ਆਉਣੇ ਸ਼ੁਰੂ ਹੋ ਜਾਣਗੇ। ਸਿਰਫ ਇੱਕ ਰੈਡੀਕਲ ਖੱਬੀ ਅਦਾਲਤ ਹੀ ਅਮਰੀਕਾ ਦੀ ਮਹਾਨਤਾ ਨੂੰ ਰੋਕ ਸਕਦੀ ਹੈ, ਜੋ ਸਾਡੇ ਦੇਸ਼ ਨੂੰ ਅਸਫਲ ਹੁੰਦੇ ਦੇਖਣਾ ਚਾਹੁੰਦੀ ਹੈ!

### 7 ਪਿਸਤੌਲਾਂ ਸਮੇਤ...

ਕਾਰਵਾਈ ਕਰਦਿਆਂ ਥਾਣਾ ਛੇਹਰਟਾ ਅਧੀਨ ਆਉਂਦੇ ਖੇਤਰ ਤੋਂ ਆਕਾਸ਼ ਅਤੇ ਰਮਨ ਨੂੰ ਗ੍ਰਿਫ਼ਤਾਰ ਕੀਤਾ। ਉਨ੍ਹਾਂ ਤੋਂ ਚਾਰ ਪਿਸਤੌਲ ਦੋ ਪੀ ਐੱਕਸ 5 9 ਐੱਮ ਐੱਮ ਅਤੇ ਦੋ .30 ਬੋਰ ਪਿਸਤੌਲ ਬਰਾਮਦ ਕੀਤੇ ਹਨ।ਇਸ ਤੋਂ ਬਾਅਦ ਉਨ੍ਹਾਂ ਦੇ ਦੋ ਸਾਥੀਆਂ ਪ੍ਰਤਾਪ ਸਿੰਘ ਅਤੇ ਸਰਬਜੀਤ ਸਿੰਘ ਉਰਫ਼ ਬੱਬਲ ਨੂੰ ਵੀ ਉਸੇ ਖੇਤਰ ਤੋਂ ਗ੍ਰਿਫ਼ਤਾਰ ਕਰ ਲਿਆ। ਉਨ੍ਹਾਂ ਦੇ ਕਬਜ਼ੇ ਵਿੱਚੋਂ ਤਿੰਨ ਹੋਰ ਪਿਸਤੌਲ ਬਰਾਮਦ ਕੀਤੇ ਗਏ।ਗ੍ਰਿਫ਼ਤਾਰ ਮੁਲਜ਼ਮ ਆਕਾਸ਼ ਅੰਤਰਰਾਸ਼ਟਰੀ ਸਰਹੱਦ ਦੇ ਨੇੜੇ ਰਹਿੰਦਾ ਹੈ ਅਤੇ ਉਹ ਰਮਨ ਨਾਲ ਮਿਲ ਕੇ ਸਰਹੱਦ ਪਾਰੋਂ ਹਥਿਆਰਾਂ ਦੀ ਖੇਪ ਪ੍ਰਾਪਤ ਕਰਦਾ ਸੀ, ਜਦੋਂ ਕਿ ਉਨ੍ਹਾਂ ਦੇ ਸਾਥੀ ਸਰਬਜੀਤ ਅਤੇ ਪ੍ਰਤਾਪ ਹਥਿਆਰ ਸਪਲਾਈ ਕਾਰਜਾਂ ਲਈ ਤਾਲਮੇਲ ਅਤੇ ਪ੍ਰਬੰਧਨ ਕਰਦੇ ਸਨ।ਉਨ੍ਹਾਂ ਕਿਹਾ ਕਿ ਇਨ੍ਹਾਂ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਨਾਲ ਇਲਾਕੇ ਵਿੱਚ ਵੱਡੀ ਅਪਰਾਧਿਕ ਵਾਰਦਾਤ ਟਲ ਗਈ ਹੈ।

## ਹਕੂਮਤੀ ਜਬਰ ਵਿਰੋਧੀ ਰੈਲੀ 'ਚ ਹੋਵਾਂਗੇ ਸ਼ਾਮਲ : ਬਲਦੇਵ ਜ਼ੀਰਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਜ਼ਿਲ੍ਹਾ ਮੋਗਾ ਦੀ ਮੀਟਿੰਗ ਸੂਬਾ ਪ੍ਰਧਾਨ ਬਲਦੇਵ ਸਿੰਘ ਜ਼ੀਰਾ ਦੀ ਪ੍ਰਧਾਨਗੀ ਵਿੱਚ ਨੱਥੂਵਾਲਾ ਜਦੀਦ ਵਿਖੇ ਹੋਈ।ਇਸ ਮੌਕੇ ਸੂਬਾ ਮੀਤ ਪ੍ਰਧਾਨ ਗੁਰਦੀਪ ਸਿੰਘ ਵੈਰੋਕੇ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਜੰਗਲੀ ਪਹਾੜੀ ਖੇਤਰਾਂ ਵਿੱਚ ਆਦਿਵਾਸੀ ਮਾਓਵਾਦੀਆਂ ਦੀ ਅਗਵਾਈ ਵਿੱਚ ਜਲ-ਜੰਗਲ-ਜ਼ਮੀਨ 'ਤੇ ਅਧਿਕਾਰ ਤੇ ਸਵੈਮਾਨ ਲਈ ਬ੍ਰਾਹਮਣੀ ਹਿੰਦੂਤਵ ਫਾਸ਼ੀਵਾਦੀ ਕੇਂਦਰੀ ਹਕੂਮਤ ਖਿਲਾਫ ਸੰਘਰਸ਼ ਕਰ ਰਹੇ ਹਨ।ਦੇਸੀ ਵਿਦੇਸ਼ੀ ਕਾਰਪੋਰੇਟਾਂ ਨੂੰ ਧਰਤੀ ਵਿੱਚ ਦੱਬੇ ਬੇਸ਼ਕੀਮਤੀ ਖਣਿਜ ਪਦਾਰਥਾਂ ਦੇ ਖਜ਼ਾਨਿਆਂ ਨੂੰ ਲੁਟਾਉਣ ਲਈ ਸਾਮਰਾਜੀਆਂ ਦੀਆਂ ਲੋੜਾਂ ਮੁਤਾਬਕ ਉੱਚੀਆਂ ਚੌੜੀਆਂ ਸੜਕਾਂ ਤੇ ਰੇਲਵੇ ਦੀਆਂ ਲਾਈਨਾਂ ਵਿਛਾਈਆਂ ਜਾ ਰਹੀਆਂ ਹਨ।ਉਥੋਂ ਦੇ ਮੂਲ ਨਿਵਾਸੀਆਂ ਨੂੰ ਉਨ੍ਹਾਂ ਦੀ ਧਰਤੀ ਤੋਂ ਹਕੂਮਤੀ ਜਬਰ ਦੇ ਜ਼ੋਰ ਉਜਾੜਿਆ ਜਾ ਰਿਹਾ ਹੈ।ਉਸ ਜਬਰ ਖਿਲਾਫ 8 ਅਗਸਤ ਨੂੰ ਮੋਗੇ ਦੀ ਦਾਣਾ ਮੰਡੀ ਵਿੱਚ 36 ਦੇ ਕਰੀਬ ਜਨਤਕ ਜਮਹੂਰੀ ਜਥੇਬੰਦੀਆਂ ਵੱਲੋਂ ਸਾਂਝੇ ਤੌਰ 'ਤੇ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ।ਪੰਜਾਬ ਦੇ ਕਿਸਾਨਾਂ ਤੋਂ ਵੀ ਲੈਂਡ ਪੂਲਿੰਗ ਨੀਤੀ, ਭਾਰਤ ਮਾਲਾ ਪ੍ਰੋਜੈਕਟਾਂ ਰਾਹੀਂ, ਪੰਜਾਬ ਸਰਕਾਰ ਵੱਲੋਂ ਉਪਜਾਊ ਜ਼ਮੀਨਾਂ ਖੋਹੀਆਂ ਜਾ ਰਹੀਆਂ ਹਨ।ਸਾਰੇ ਥਾਵਾਂ 'ਤੇ ਜ਼ਮੀਨ ਨੂੰ ਬਚਾਉਣ ਦੀ ਲੜਾਈ ਹੱਕੀ ਤੇ ਸਾਂਝੀ ਹੈ।ਬਸਤਰ ਤੇ ਹੋਰਨਾਂ ਜੰਗਲੀ ਪਹਾੜੀ ਇਲਾਕਿਆਂ ਵਿੱਚ ਹੋ ਰਹੇ ਹਕੂਮਤੀ ਜਬਰ ਖਿਲਾਫ ਆਵਾਜ਼ ਉਠਾਉਣ ਲਈ 8 ਅਗਸਤ ਨੂੰ ਸੈਂਕੜਿਆਂ ਦੀ ਗਿਣਤੀ ਵਿੱਚ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਆਗੂ ਤੇ ਮੈਂਬਰ ਸ਼ਾਮਲ ਹੋਣਗੇ।ਇਸ ਮੌਕੇ ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਕਮੇਟੀ ਮੈਂਬਰ ਲਖਵੀਰ ਸਿੰਘ ਲੱਖਾ ਨੇ ਵੀ 8 ਅਗਸਤ ਮੋਗਾ ਰੈਲੀ ਵਿੱਚ ਸ਼ਮੂਲੀਅਤ ਕਰਨ ਦਾ ਐਲਾਨ ਕੀਤਾ ਹੈ।

## ਮਨੁੱਖਤਾ ਦੇ ਭਲੇ ਲਈ 16 ਯੂਨਿਟ ਖੂਨ ਦਾਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸ੍ਰੀਮਾਨ ਸੰਤ ਬਾਬਾ ਕ੍ਰਿਪਾਲ ਸਿੰਘ ਜੀ ਦੇ ਤਪ ਅਸਥਾਨ ਗੁਰਦੁਆਰਾ ਅਰਦਾਸਪੁਰਾ ਸਾਹਿਬ ਕਲਿਆਣ ਵਿਖੇ ਸੰਤ ਨਾਹਰ ਸਿੰਘ ਜੀ ਦੀ ਸਾਲਾਨਾ ਯਾਦ ਨੂੰ ਸਮਰਪਤ ਗੁਰਮਤਿ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਸੰਤਾਂ ਮਹਾਂਪੁਰਖਾਂ ਨੇ ਗੁਰਬਾਣੀ ਰਾਹੀਂ ਸੰਗਤਾਂ ਨੂੰ ਗੁਰੂ ਲੜ ਲੱਗਣ ਲਈ ਪ੍ਰੇਰਿਆ।ਇਸ ਮੌਕੇ ਮਿਸ਼ਨ ਲਾਲੀ ਤੇ ਹਰਿਆਲੀ ਗਰੁੱਪ ਵੱਲੋਂ ਖੂਨਦਾਨ ਕੈਂਪ ਲਗਾਇਆ।ਇਸ ਮੌਕੇ ਗੁਰਦੁਆਰਾ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਜਗਰੂਪ ਸਿੰਘ, ਸਰਪੰਚ ਦਰਸ਼ਨ ਸਿੰਘ, ਸੁਰਿੰਦਰ ਸਿੰਘ, ਕੁਲਤਾਰ ਸਿੰਘ, ਯੂਨੀਅਨ ਆਗੂ ਬਹਾਦਰ ਸਿੰਘ ਦਦਹੇੜਾ, ਜਸਮੇਲ ਸਿੰਘ ਤੇ ਸਾਬਕਾ ਚੇਅਰਮੈਨ ਜਸਪਾਲ ਸਿੰਘ ਕਲਿਆਣ ਨੇ ਵੱਧ ਚੜ੍ਹ ਕੇ ਸਹਿਯੋਗ ਦਿੱਤਾ।ਕੈਂਪ ਵਿਚ 16 ਖੂਨਦਾਨੀਆਂ ਨੂੰ ਸਰਟੀਫਿਕੇਟ ਤੇ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਜਥੇਦਾਰ ਕਰਨ ਸਿੰਘ ਜੌਲੀ, ਹਰਦੀਪ ਸਿੰਘ ਸਨੌਰ, ਠੇਕੇਦਾਰ ਗੁਰਬਚਨ ਸਿੰਘ, ਸ਼ੁਭਦੀਪ ਸਿੰਘ ਤੇ ਗੋਲਡਨ ਸਟਾਰ ਬਲੱਡ ਡੋਨਰ ਸੁਖਦੀਪ ਸਿੰਘ ਸੋਹਲ ਹਾਜ਼ਰ ਸਨ।

## ਪਾਵਰਕਾਮ ਐਂਡ ਟਰਾਂਸਕੋ ਪੈਨਸ਼ਨਰ ਯੂਨੀਅਨ ਦੀ ਮਹੀਨਾਵਾਰ ਮੀਟਿੰਗ




**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਪਾਵਰਕਾਮ ਐਂਡ ਟਰਾਸਕੋਂ ਪੈਨਸ਼ਨ ਯੂਨੀਅਨ ਦੀ ਮਹੀਨਾਵਾਰ ਜਨਰਲ ਕੌਂਸਲ ਮੀਟਿੰਗ ਯੂਨੀਅਨ ਦੇ ਦਫਤਰ 33 ਕੇ ਵੀ ਵਿਖੇ ਸਾਥੀ ਸੁਰਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਸ਼ੁਰੂ ਕਰਨ ਤੋਂ ਪਹਿਲਾ ਸਕੱਤਰ ਜਗਦੇਵ ਸਿੰਘ ਬਾਹੀਆਂ ਨੇ ਸ਼ੋਕ ਮਤਾ ਪੇਸ਼ ਕਰ ਕੇ ਵਿੱਛੜੇ ਸਾਥੀਆਂ ਨੂੰ ਸ਼ਰਧਾਂਜਲੀ ਭੇਟ ਕਰਕੇ ਮੀਟਿੰਗ ਸ਼ੁਰੂ ਕੀਤੀ। ਮੀਟਿੰਗ ਨੂੰ ਸਾਥੀ ਸਰਿੰਦਰ ਸਿੰਘ ਪ੍ਰਧਾਨ, ਪ੍ਰਿਤਪਾਲ ਸਿੰਘ ਮਹਿਰੋਕ, ਬਰਖਾ ਸਿੰਘ, ਕੇ ਪੀ ਸਿੰਘ, ਮਹਿੰਦਰ ਸਿੰਘ, ਕੁਲਦੀਪ ਸ਼ਰਮਾ ਤੋਂ ਇਲਾਵਾ ਹੋਰ ਸਾਥੀਆਂ ਨੇ ਵੀ ਵਿਚਾਰ ਸਾਂਝੇ ਕੀਤੇ ਪੰਜਾਬ ਸਰਕਾਰ ਦੀ ਪੁਰਜ਼ੋਰ ਸ਼ਬਦਾਂ ਵਿੱਚ ਨਿਖੇਧੀ ਕੀਤੀ, ਕਿਉਂਕਿ ਸਰਕਾਰ ਸਾਂਝੇ ਫਰੰਟ ਨੂੰ ਵਾਰ ਵਾਰ ਮੀਟਿੰਗਾਂ ਦੇ ਕੇ ਮੁੱਕਰ ਜਾਂਦੀ ਹੈ, ਇਸ ਲਈ ਕਚਹਿਰੀ ਸੁਨਾਮ ਦੇ ਗੇਟ ਅੱਗੇ ਪੰਜਾਬ ਦੇ ਪੈਨਸ਼ਨਰਾਂ ਨਾਲ ਸਾਂਝੇ ਤੌਰ 'ਤੇ ਪੰਜਾਬ ਸਰਕਾਰ ਦੀ ਅਰਥੀ ਫੂਕੀ ਗਈ, ਜਿੱਥੇ ਸਾਥੀ ਰਾਮ ਸਰੂਪ ਢੈਪਈ, ਜੀਤ ਸਿੰਘ ਬਾਂਗਾ, ਸਾਥੀ ਜਗਦੇਵ ਸਿੰਘ ਬਾਹੀਆ, ਸਾਥੀ ਸੁਹਿੰਦਰ ਸਿੰਘ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਸਾਨੂੰ ਕਰੋ ਜਾਂ ਮਰੋ ਦਾ ਸੰਘਰਸ਼ ਕਰਨ ਲਈ ਤਿਆਰ ਰਹਿਣ ਦੀ ਲੋੜ ਹੈ, ਮੰਗ ਕੀਤੀ ਗਈ ਕਿ ਬਣਦੇ ਬਕਾਏ ਇੱਕ ਕਿਸ਼ਤ ਵਿੱਚ ਦਿੱਤਾ ਜਾਵੇ, ਕੱਚੇ ਵਰਕਰਾਂ ਨੂੰ ਪੱਕੇ ਕੀਤਾ ਜਾਵੇ, ਕੋਰਟਾਂ ਦੇ ਫੈਸਲੇ ਸਾਰੇ ਇੰਨ ਬਿੰਨ ਲਾਗੂ ਕੀਤੇ ਜਾਣ, ਜਜੀਆ ਟੈਕਸ ਕੱਟਣਾ ਬੰਦ ਕੀਤਾ ਜਾਵੇ।

## ਟੇਬਲ ਟੈਨਿਸ ਦੇ ਜ਼ੋਨ ਪੱਧਰੀ ਮੁਕਾਬਲੇ ਕਰਵਾਏ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਸਥਾਨਕ ਵਿੱਦਿਅਕ ਸੰਸਥਾ ਸ਼ਹੀਦ ਭਾਈ ਦਿਆਲਾ ਜੀ ਪਬਲਿਕ ਸਕੂਲ ਵਿਖੇ 69ਵੀਆਂ ਜ਼ੋਨ ਪੱਧਰੀ ਟੇਬਲ ਟੈਨਿਸ ਖੇਡਾਂ ਦੇ ਮੁਕਾਬਲੇ ਕਰਵਾਏ ਗਏ।ਇਨ੍ਹਾਂ ਖੇਡਾਂ ਵਿੱਚ 6 ਸਕੂਲਾਂ ਦੇ ਲਗਭਗ 60 ਖਿਡਾਰੀਆਂ ਨੇ ਹਿੱਸਾ ਲਿਆ।ਇਸ ਸਮੇਂ ਵਿਸ਼ੇਸ਼ ਤੌਰ 'ਤੇ ਸਕੂਲ ਮੁਖੀ ਨਰਪਿੰਦਰ ਸਿੰਘ ਢਿੱਲੋਂ ਨੇ ਖਿਡਾਰੀਆਂ ਤੇ ਬਾਹਰੋਂ ਆਏ ਸਟਾਫ ਨਾਲ ਜਾਣ-ਪਛਾਣ ਕੀਤੀ ਅਤੇ ਵਧੀਆ ਖੇਡ ਖੇਡਣ ਦੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ।ਇਸ ਮੌਕੇ ਵਾਈਸ ਪ੍ਰਿੰਸੀਪਲ ਮੈਡਮ ਸੀਮਾ ਠਾਕੁਰ, ਡੀ.ਪੀ.ਈ. ਹਰਪ੍ਰੀਤ ਸਿੰਘ, ਗੁਰਪ੍ਰੀਤ ਸਿੰਘ ਨਮੋਲ, ਭੁਪਿੰਦਰ ਸਿੰਘ ਤਕੀਪੁਰ, ਅਮਰੀਕ ਸਿੰਘ, ਮਨਪ੍ਰੀਤ ਸਿੰਘ ਲੋਹਾਖੇੜਾ, ਜਗਪ੍ਰੀਤ ਸਿੰਘ ਸ਼ੇਰੋਂ, ਹਰਵਿੰਦਰ ਕੌਰ ਤੇ ਕੁਲਵਿੰਦਰ ਕੌਰ ਆਦਿ ਮੌਜੂਦ ਸਨ।

## ਸੰਜੀਵ ਅਰੋੜਾ ਸਾਥੀਆਂ ਸਮੇਤ ਆਮ ਆਦਮੀ ਪਾਰਟੀ 'ਚ ਸ਼ਾਮਲ



**ਮੋਗਾ (ਇਕਬਾਲ ਸਿੰਘ ਖਹਿਰਾ)**-ਆਮ ਆਦਮੀ ਪਾਰਟੀ ਨੂੰ ਲੋਕਾਂ ਦੇ ਸਮਰਥਨ ਕਾਰਨ ਵਾਰਡ ਨੰਬਰ 21 ਤੋਂ ਸੰਜੀਵ ਅਰੋੜਾ ਜੱਜੀ ਆਪਣੇ ਸੈਂਕੜੇ ਸਾਥੀਆਂ ਸਮੇਤ ਕਾਂਗਰਸ ਪਾਰਟੀ ਨੂੰ ਅਲਵਿਦਾ ਕਹਿ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ।ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਉਨ੍ਹਾਂ ਦਾ ਆਮ ਆਦਮੀ ਪਾਰਟੀ ਦਾ ਸਿਰੋਪਾਓ ਦੇ ਕੇ ਪਾਰਟੀ ਵਿੱਚ ਸਵਾਗਤ ਕੀਤਾ ਤੇ ਉਨ੍ਹਾਂ ਨੂੰ ਸਨਮਾਨਤ ਕੀਤਾ।ਇਸ ਦੌਰਾਨ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਵੱਲੋਂ ਵਾਰਡ ਨੰਬਰ 21 ਤੋਂ ਸੰਜੀਵ ਅਰੋੜਾ ਜੱਜੀ ਨੂੰ 'ਆਪ' ਪਾਰਟੀ ਦੇ ਵਾਰਡ ਇੰਚਾਰਜ ਦੀ ਜ਼ਿੰਮੇਵਾਰੀ ਸੌਂਪੀ ਗਈ।ਇਸ ਮੌਕੇ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਨੂੰ ਬਣਦਾ ਸਤਿਕਾਰ ਦਿੱਤਾ ਜਾਵੇਗਾ।ਇਸ ਮੌਕੇ ਨਵ-ਨਿਯੁਕਤ ਵਾਰਡ ਇੰਚਾਰਜ ਸੰਜੀਵ ਕੁਮਾਰ ਜੱਜੀ ਨੇ ਕਿਹਾ ਕਿ ਉਹ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਵੱਲੋਂ ਦਿੱਤੇ ਗਏ ਸਤਿਕਾਰ ਤੇ ਸਨਮਾਨ ਨੂੰ ਕਦੇ ਨਹੀਂ ਭੁੱਲਣਗੇ ਅਤੇ ਉਹ ਪੂਰੀ ਤਨਦੇਹੀ ਨਾਲ ਲੋਕਾਂ ਦੀ ਸੇਵਾ ਕਰਕੇ ਪਾਰਟੀ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣਗੇ।ਇਸ ਮੌਕੇ ਨਗਰ ਕੌਂਸਲਰ, ਆਮ ਆਦਮੀ ਪਾਰਟੀ ਦੇ ਵਲੰਟੀਅਰ, ਅਹੁਦੇਦਾਰ ਤੇ ਵਰਕਰ ਮੌਜੂਦ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

8 Aug Page 3.qxd 8/7/2025 9:15 PM Page 1



## ਪਿਸਟਲ ਸਮੇਤ ਮੈਗਜ਼ੀਨ, 3 ਰੌਂਦ ਜ਼ਿੰਦਾ ਤੇ 250 ਗ੍ਰਾਮ ਭੁੱਕੀ ਚੂਰਾ ਪੋਸਤ ਸਮੇਤ ਕਾਰ ਸਵਾਰ ਚਾਰ ਨੌਜਵਾਨ ਕਾਬੂ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਥਾਣਾ ਧਾਰੀਵਾਲ ਦੀ ਪੁਲਸ ਨੇ ਸ਼ਹਿਰ ਦੇ ਬਾਹਰਵਾਰ ਨੈਸ਼ਨਲ ਹਾਈਵੇ ਬਾਈਪਾਸ ਜ਼ਫਰਵਾਲ ਪੁਲ ਹੇਠਾਂ ਭੈੜੇ ਪੁਰਸ਼ਾਂ ਦੀ ਤਲਾਸ਼ ਵਿੱਚ ਕੀਤੀ ਨਾਕਾਬੰਦੀ ਦੌਰਾਨ ਇਕ ਫੋਰਡ ਇੰਡੈਵਰ ਗੱਡੀ ਵਿੱਚ ਸਵਾਰ 4 ਨੌਜਵਾਨਾਂ ਨੂੰ ਇਕ ਪਿਸਟਲ ਸਮੇਤ ਮੈਗਜ਼ੀਨ ਅਤੇ 3 ਰੌਂਦ ਜ਼ਿੰਦਾ ਅਤੇ 250 ਗ੍ਰਾਮ ਭੁੱਕੀ ਚੂਰਾ ਪੋਸਤ ਸਮੇਤ ਕਾਬੂ ਕੀਤਾ ਹੈ। ਇਸ ਸਬੰਧੀ ਥਾਣਾ ਧਾਰੀਵਾਲ ਦੇ ਐਸ ਐਚ ਓ ਇਸਪੈਕਟਰ ਹਰਪਾਲ ਸਿੰਘ ਨੇ ਦੱਸਿਆ ਕਿ ਭੈੜੇ ਪੁਰਸ਼ਾਂ ਦੀ ਤਲਾਸ਼ ਵਿੱਚ ਏ ਐਸ ਆਈ ਰਣਜੀਤ ਸਿੰਘ ਨੇ ਸਮੇਤ ਪੁਲਸ ਪਾਰਟੀ ਸ਼ਹਿਰ ਦੇ ਬਾਹਰਵਾਰ ਨੈਸ਼ਨਲ ਹਾਈਵੇ ਬਾਈਪਾਸ ਜ਼ੱਫਰਵਾਲ ਪੁਲ ਹੇਠਾਂ ਨਾਕਾਬੰਦੀ ਕਰਕੇ ਵਹੀਕਲਾਂ ਦੀ ਚੈਕਿੰਗ ਕਰ ਰਹੇ ਸਨ। ਇਸ ਦੌਰਾਨ ਪਿੰਡ ਲੇਹਲ ਦੀ ਤਰਫੋਂ ਆ ਰਹੀ ਫੋਰਡ ਇੰਡੈਵਰ ਦੇ ਡਰਾਈਵਰ ਨੇ ਕਾਰ ਨੂੰ ਅਚਾਨਕ ਪਿੱਛੇ ਮੋੜਨ ਦੀ ਕੋਸ਼ਿਸ਼ ਕੀਤੀ ਤਾਂ ਪੁਲਸ ਪਾਰਟੀ ਨੇ ਸ਼ੱਕ ਦੇ ਅਧਾਰ 'ਤੇ ਕਾਬੂ ਕਰਕੇ ਵਿੱਚ ਬੈਠੇ ਚਾਰ ਨੌਜਵਾਨਾਂ ਚੰਨਦੀਪ ਸਿੰਘ ਪੁੱਤਰ ਮਨਜਿੰਦਰ ਸਿੰਘ ਵਾਸੀ ਮਹਾਂਦੇਵ ਖੁਰਦ, ਹਰਪਾਲ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ ਨੰਗਲ (ਬੱਬਰੀ) ਥਾਣਾ ਤਿੱਬੜ, ਅਮਿਤ ਪੁੱਤਰ ਚੰਦਰ ਮੋਹਣ ਵਾਸੀ ਖਾਲ ਵਾਲੀ ਗਲੀ ਧਾਰੀਵਾਲ, ਦਮਨਪ੍ਰੀਤ ਸਿੰਘ ਪੁੱਤਰ ਯਾਦਵਿੰਦਰ ਸਿੰਘ ਵਾਸੀ ਬੁੱਟਰ ਸਿਵੀਆ ਥਾਣਾ ਮਹਿਤਾ ਹਾਲ ਵਾਸੀ ਗਾਂਧੀ ਗਰਾਊਂਡ ਧਾਰੀਵਾਲ ਦੀ ਤਲਾਸ਼ੀ ਲੈਣ 'ਤੇ ਚੰਨਦੀਪ ਸਿੰਘ ਦੀ ਖੱਬੀ ਡੱਬ ਵਿੱਚੋਂ ਇੱਕ ਪਿਸਟਲ ਸਮੇਤ ਮੈਗਜ਼ੀਨ ਤੇ 3 ਰੌਂਦ ਜ਼ਿੰਦਾ ਬਾਰਮਦ ਹੋਏ ਅਤੇ ਕਾਰ ਦੀ ਤਲਾਸ਼ੀ ਕਰਨ 'ਤੇ ਕਾਰ ਦੇ ਡੈਸ਼ ਬੋਰਡ ਵਿੱਚੋਂ ਮਿਲੇ ਕਾਲੇ ਰੰਗ ਦੇ ਮੋਮੀ ਲਿਫਾਫੇ ਵਿੱਚੋਂ 250 ਗ੍ਰਾਮ ਭੁੱਕੀ ਚੂਰਾ ਪੋਸਤ ਬਰਾਮਦ ਹੋਇਆ। ਪੁਲਸ ਨੇ ਇਨ੍ਹਾਂ ਚਾਰ ਮੁਲਜ਼ਮਾਂ ਚੰਨਦੀਪ ਸਿੰਘ, ਹਰਪਾਲ ਸਿੰਘ, ਅਮਿਤ ਤੇ ਦਮਨਪ੍ਰੀਤ ਸਿੰਘ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਵਿਰੁੱਧ ਐਨ ਡੀ ਪੀ ਐਸ ਐਕਟ, ਆਰਮਜ਼ ਐਕਟ ਸਮੇਤ ਹੋਰ ਧਾਰਾਵਾਂ ਤਹਿਤ ਮੁਕੱਦਮਾ ਦਰਜ ਕੀਤਾ ਹੈ।

## ਸੇਵਾ ਕੇਂਦਰ ਸਹੂਲਤਾਂ ਤੋਂ ਸੱਖਣਾ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**- ਪੰਜਾਬ ਸਰਕਾਰ ਵੱਲੋਂ ਇੱਕ ਨਾਅਰਾ ਆਮ ਦਿੱਤਾ ਜਾ ਰਿਹਾ ਹੈ ਕਿ ਵੱਖ-ਵੱਖ ਸਹੂਲਤਾਂ ਦੇ ਭੰਡਾਰ ਨੂੰ ਲੋਕਾਂ ਦੇ ਘਰਾਂ ਤੱਕ ਪਹੁੰਚਾਇਆ ਜਾ ਰਿਹਾ ਅਤੇ ਪਹੁੰਚਾਇਆ ਜਾਵੇਗਾ, ਜਿਸ ਵਿੱਚ ਆਮ ਸਹੂਲਤਾਂ ਸੇਵਾ ਕੇਂਦਰਾਂ ਵਿੱਚ ਉਪਲੱਬਧ ਹਨ ਪਰ ਆਮ ਪਬਲਿਕ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰ ਕੇ ਉਸ ਸਹੂਲਤ ਨੂੰ ਪ੍ਰਾਪਤ ਕਰਨਾ ਪੈਂਦਾ ਹੈ। ਇਹ ਆਮ ਲੋਕਾਂ ਦੀ ਧਾਰਨਾ ਸੀ ਪਰ ਜਦੋਂ ਅੱਜ ਜੰਡਿਆਲਾ ਪ੍ਰੈਸ ਕਲੱਬ ਦੇ ਸੀਨੀਅਰ ਮੀਤ ਪ੍ਰਧਾਨ ਪੱਤਰਕਾਰ ਕੁਲਵੰਤ ਸਿੰਘ ਵਿਰਦੀ ਨੂੰ ਆਪਣੇ ਨਿੱਜੀ ਕੰਮ ਲਈ ਸੇਵਾ ਕੇਂਦਰ ਵਿੱਚ ਆਪਣੀ ਇਕ ਸਾਲ ਦੀ ਪੋਤਰੀ ਬੇਟੀ ਦਾ ਆਧਾਰ ਕਾਰਡ ਅਪਲਾਈ ਕਰਨ ਲਈ ਜਾਣਾ ਪਿਆ ਪਰ ਜਦੋਂ ਸੇਵਾ ਕੇਂਦਰ ਵਿੱਚ ਪਹੁੰਚੇ ਤਾਂ ਆਮ ਪਬਲਿਕ ਦੀ ਤਰ੍ਹਾ ਟੋਕਨ ਸਿਸਟਮ ਵਿੱਚ ਹਾਜ਼ਰੀ ਲਗਵਾਈ ਅਤੇ ਟੋਕਨ ਪ੍ਰਾਪਤ ਕੀਤਾ ਜਦੋਂ ਕਿ ਸਵੇਰ ਦੇ ਟਾਈਮ ਹੀ ਇਕ ਨੰਬਰ ਕਾਊਂਟਰ ਦੀ ਸੇਵਾ ਬੰਦ ਸੀ ਅਤੇ ਉਸ ਕਾਊਂਟਰ 'ਤੇ ਬੈਠੀ ਮਹਿਲਾ ਮੁਲਾਜ਼ਮ ਨੇ ਕਿਹਾ ਦੋ ਨੰਬਰ ਕਾਊਂਟਰ 'ਤੇ ਸੇਵਾ ਮਿਲੇਗੀ ਜਦੋਂ ਕਿ ਆਪਣੇ ਨੰਬਰ ਦੀ ਉਡੀਕ ਵਿੱਚ ਇਕ ਘੰਟੇ ਦੇ ਕਰੀਬ ਸਮਾਂ ਬਤੀਤ ਹੋ ਗਿਆ ਤਾਂ ਉਸ ਤੋਂ ਬਾਅਦ ਲਾਈਟ ਬੰਦ ਹੋ ਗਈ ਜਿਥੇ ਕਿ ਸਰਕਾਰੀ ਅਦਾਰਿਆਂ, ਸੇਵਾ ਕੇਂਦਰਾਂ, ਬੈਂਕਾਂ ਵਿੱਚ ਜਨਰੇਟਰ ਸੈਲਫ ਸਟਾਰਟ ਹੁੰਦੇ ਹਨ ਪਰ ਸੇਵਾ ਕੇਂਦਰ ਦਾ ਜਨਰੇਟਰ ਪਬਲਿਕ ਦੇ ਰੌਲਾ ਪਾਉਣ ਤੇ ਸਟਾਰਟ ਕਰਨ ਦੀ ਕੋਸ਼ਿਸ਼ ਕੀਤੀ ਗਈ ਪਰ ਜਨਰੇਟਰ ਸਟਾਰਟ ਨਹੀਂ ਹੋਇਆ ਕਿਉਂਕਿ ਜਰਨੇਟਰ ਵਿੱਚ ਤੇਲ ਨਹੀਂ ਸੀ। ਜਦੋਂ ਇਸ ਸਬੰਧੀ ਮੁਲਾਜ਼ਮਾਂ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਜਨਰੇਟਰ ਵਿੱਚ ਤੇਲ ਪਵਾਉਣ ਲਈ ਪੈਸੇ ਨਹੀਂ ਮਿਲਦੇ ਜਦੋਂ ਕਿ ਅੱਤ ਦੀ ਗਰਮੀ ਦੇ ਮੌਸਮ ਕਾਰਨ ਛੋਟੇ ਬੱਚੇ ਮਾਂਵਾਂ ਦੀ ਗੋਦੀ 'ਚ ਰੋ ਰਹੇ ਸਨ। ਜੇਕਰ ਸੇਵਾ ਕੇਂਦਰ ਦੇ ਅੰਦਰ ਬੈਠਣ ਲਈ ਕੁਰਸੀਆਂ ਦੀ ਗੱਲ ਕਰੀਏ ਤਾਂ ਲਗਭੱਗ ਅੱਠ ਦਸ ਬੰਦਿਆਂ ਦੇ ਬੈਠਣ ਦਾ ਪ੍ਰਬੰਧ ਹੈ। ਜ਼ਿਆਦਾਤਰ ਪਬਲਿਕ ਨੂੰ ਖੜ੍ਹੇ ਹੋ ਕਿ ਆਪਣੀ ਵਾਰੀ ਦੀ ਉਡੀਕ ਕਰਨੀ ਪੈਂਦੀ ਹੈ। ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ ਜੀ ਸੇਵਾ ਕੇਂਦਰ ਵੱਲ ਵਿਸ਼ੇਸ਼ ਤੌਰ ਤੇ ਧਿਆਨ ਦਿੱਤਾ ਜਾਵੇ ਤਾਂ ਜੋ ਆਮ ਆਦਮੀ ਨੂੰ ਸਹੂਲਤਾਂ ਦਾ ਫਾਇਦਾ ਮਿਲ ਸਕੇ !



## ਇਸ ਵਾਰ ਜ਼ਿਲ੍ਹੇ 'ਚ ਫ਼ਸਲੀ ਰਹਿੰਦ-ਖੂੰਹਦ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਜ਼ੀਰੋ ਕੀਤਾ ਜਾਵੇਗਾ : ਡਿਪਟੀ ਕਮਿਸ਼ਨਰ

**ਗੁਰਦਾਸਪੁਰ (ਜਨਕ ਮਹਾਜਨ)**- ਡਿਪਟੀ ਕਮਿਸ਼ਨਰ ਗੁਰਦਾਸਪੁਰ ਦਲਵਿੰਦਰਜੀਤ ਸਿੰਘ ਵਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਾਨਫਰੰਸ ਹਾਲ ਵਿਖੇ ਅਧਿਕਾਰੀਆਂ ਨਾਲ ਫ਼ਸਲੀ ਰਹਿੰਦ-ਖੂੰਹਦ (ਸਟੱਬਲ ਬਰਨਿੰਗ) ਨੂੰ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਜ਼ਿਲ੍ਹਾ ਪੱਧਰੀ ਕਮੇਟੀ ਦੀ ਮੀਟਿੰਗ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਕਿਹਾ ਕਿ ਨੈਸ਼ਨਲ ਗਰੀਨ ਟ੍ਰਿਬਿਊਨਲ ਦੀਆਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਇਸ ਵਾਰ ਜ਼ਿਲ੍ਹਾ ਗੁਰਦਾਸਪੁਰ ਵਿਚ ਫ਼ਸਲੀ ਰਹਿੰਦ-ਖੂੰਹਦ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਜ਼ੀਰੋ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਹਰ ਪਿੰਡ ਤੱਕ ਪਹੁੰਚ ਬਣਾਉਣ ਲਈ ਹਰੇਕ ਪਿੰਡ ਨੂੰ ਵੱਖ-ਵੱਖ ਜ਼ੋਨਾਂ ਵਿਚ ਵੰਡ ਕੇ ਨੋਡਲ ਅਫ਼ਸਰ ਲਗਾਏ ਜਾਣਗੇ ਅਤੇ ਹਰ 20 ਪਿੰਡਾਂ ਪਿੱਛੇ ਇਕ ਕਲਸਟਰ ਬਣਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਫ਼ਸਲੀ ਰਹਿੰਦ-ਖੂੰਹਦ ਦੀ ਅੱਗ ਨੂੰ ਰੋਕਣ ਲਈ ਜੋ ਟੀਮਾਂ ਬਣਾਈਆਂ ਜਾਣਗੀਆਂ, ਉਸ ਵਿਚ ਸਰਕਾਰੀ ਕਰਮਚਾਰੀਆਂ ਤੇ ਅਧਿਕਾਰੀਆਂ ਦੇ ਨਾਲ ਸਰਪੰਚ, ਪੰਚ ਅਤੇ ਨੰਬਰਦਾਰਾਂ ਨੂੰ ਵੀ ਸ਼ਾਮਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਪਰਾਲੀ ਨੂੰ ਅੱਗ ਲਗਾਉਣ ਵਾਲੇ ਅਜਿਹੇ ਸਰਕਾਰੀ ਮੁਲਾਜ਼ਮਾਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਬੋਲੀ ਦੇਣ ਵਾਲੇ ਵਿਅਕਤੀ ਨੇ ਪੰਚਾਇਤੀ ਜ਼ਮੀਨ ਵਿੱਚ ਪਰਾਲੀ ਨੂੰ ਅੱਗ ਲਗਾਈ ਤਾਂ ਉਸ ਵਿਅਕਤੀ ਖ਼ਿਲਾਫ਼ ਕਾਨੂੰਨੀ ਕਾਰਵਾਈ ਕਰਨ ਦੇ ਨਾਲ ਉਸ ਨੂੰ ਅੱਗੇ ਤੋਂ ਪੰਚਾਇਤੀ ਜ਼ਮੀਨ ਦੀ ਬੋਲੀ ਦੇਣ ਤੋਂ ਵੀ ਡੀ-ਬਾਰ ਕੀਤਾ ਜਾਵੇਗਾ। ਇਸ ਤੋਂ ਇਲਾਵਾ ਉਨ੍ਹਾਂ ਨੇ ਪੰਚਾਇਤ ਵਿਭਾਗ ਨੂੰ ਵੀ ਹਦਾਇਤ ਕੀਤੀ ਕਿ ਉਹ ਹਰ ਪਿੰਡ ਤੱਕ ਪਰਾਲੀ ਨੂੰ ਅੱਗ ਨਾ ਲਗਾਉਣ ਦਾ ਸੁਨੇਹਾ ਲੈ ਕੇ ਜਾਣ। ਉਨ੍ਹਾਂ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਖੇਤੀ ਸੰਦਾਂ ਦੀ ਪਿੰਡ ਵਾਈਜ਼ ਤੇ ਕਿਸਾਨ ਵਾਈਜ਼ ਮੈਪਿੰਗ ਕੀਤੀ ਜਾਵੇ। ਮੀਟਿੰਗ ਦੌਰਾਨ ਮੁੱਖ ਖੇਤੀਬਾੜੀ ਅਫ਼ਸਰ ਡਾ. ਅਮਰੀਕ ਸਿੰਘ ਨੇ ਵਿਭਾਗ ਵਲੋਂ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ. ਹਰਜਿੰਦਰ ਸਿੰਘ ਬੇਦੀ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਗੁਰਪ੍ਰੀਤ ਸਿੰਘ ਗਿੱਲ, ਐੱਸ.ਡੀ.ਐੱਮ. ਗੁਰਦਾਸਪੁਰ ਮਨਜੀਤ ਸਿੰਘ ਰਾਜਲਾ ਤੋਂ ਇਲਾਵਾ ਹੋਰ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।




## ਨਾਰੀ ਨਿਕੇਤਨ ਅੰਮ੍ਰਿਤਸਰ ਵਿਖੇ ਤੀਆਂ ਦਾ ਤਿਉਹਾਰ ਮਨਾਇਆ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**- ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ ਅਧੀਨ ਚੱਲ ਰਹੇ ਕਮਿਊਨਟੀ ਹੋਮ ਫਾਰ ਮੈਂਟਲੀ ਰਿਟਾਰਡਿਡ ਅਤੇ ਸਟੇਟ ਆਫਟਰ ਕੇਅਰ ਹੋਮ, ਨਾਰੀ ਨਿਕੇਤਨ ਕੰਪਲੈਕਸ, ਅੰਮ੍ਰਿਤਸਰ ਵਿਖੇ ਤੀਆਂ ਦਾ ਤਿਉਹਾਰ ਬੜੀ ਧੂਮ-ਧਾਮ ਨਾਲ ਮਨਾਇਆ ਗਿਆ।ਇਸ ਮੌਕੇ ਸੁਹਿੰਦਰ ਕੌਰ ਸੁਪਤਨੀ ਕੈਬਨਿਟ ਮੰਤਰੀ ਸ: ਹਰਭਜਨ ਸਿੰਘ ਈਟੀਓ ਅਤੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਤੋਂ ਇਲਾਵਾ ਵਧੀਕ ਡਿਪਟੀ ਕਮਿਸ਼ਨਰ (ਵ) ਮੈਡਮ ਪਰਮਜੀਤ ਕੌਰ, ਸੁਰਿੰਦਰ ਕੁਮਾਰੀ ਕਾਰਜਕਾਰੀ ਅਫ਼ਸਰ ਅੰਮ੍ਰਿਤਸਰ ਸੁਧਾਰ ਟਰੱਸਟ, ਕਮਲਜੀਤ ਗਿੱਲ ਪ੍ਰਧਾਨ, ਸਪੈਸ਼ਲ ਓਲੰਪਿਕਸ ਭਾਰਤ, ਅੰਮ੍ਰਿਤਸਰ, ਸਰੂਪ ਸਿੰਘ ਪੰਨੂ, ਰਮੇਸ਼ ਕਪੂਰ (ਜਗਤ ਜਯੋਤੀ ਵੈਲਫੇਅਰ ਸੁਸਾਇਟੀ, ਅੰਮ੍ਰਿਤਸਰ), ਡਾ. ਅਰਪਿਤਾ ਕੰਸਲ (ਸੈਕਟਰੀ), ਰੋਟਰੀ ਕਲੱਬ ਅੰਮ੍ਰਿਤਸਰ ਪ੍ਰੀਮੀਅਰ, ਡਾ. ਤਨੂਜਾ ਗੋਇਲ ਅਤੇ ਨਰਿੰਦਰਜੀਤ ਕੌਰ ਪੰਨੂ, ਮੈਂਬਰ ਜੇ. ਜੇ. ਬੀ., ਮੈਡਮ ਸਵਰਾਜ ਗਰੋਵਰ, ਮਾਸਟਰ ਮਨਮੋਹਨ ਲਾਲ ਭਗਤ, ਵਾਈਸ ਕੋਆਰਡੀਨੇਟਰ ਐੱਨਐੱਮਐੱਮ, ਬਲਵਿੰਦਰ ਸਿੰਘ ਕਾਲਾ ਇੰਚਾਰਜ ਵਾਰਡ ਨੰ. 12, ਜਸਪ੍ਰੀਤ ਸਿੰਘ (ਸੀਡੀਪੀਓ, ਅਰਬਨ 1), ਗਗਨਦੀਪ ਸਿੰਘ (ਸੀਡੀਪੀਓ ਮਜੀਠਾ), ਮਿਸ ਸੁਮਨਦੀਪ ਕੌਰ (ਡੀਪੀਓ), ਮੀਨਾ ਦੇਵੀ (ਡੀਐੱਸਐੱਸਓ), ਤਰੁਨਜੀਤ ਸਿੰਘ (ਡੀਸੀਪੀਓ), ਨੇਹਾ ਚੋਪੜਾ (ਸੀਪੀਓ), ਮਿਸ ਸਵਿਤਾ ਰਾਣੀ (ਸੁਪਰਡੈਂਟ ਐੱਮ. ਆਰ. ਹੋਮ), ਰਜਿੰਦਰ ਕੌਰ (ਸੁਪਰਡੈਂਟ, ਆਫਟਰ ਕੇਅਰ ਹੋਮ) ਇਸ ਮੌਕੇ ਸ਼ਾਮਲ ਹੋਏ।ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫਸਰ (ਐਲੀਮੈਂਟਰੀ ਅਤੇ ਸੈਕੰਡਰੀ) ਦੇ ਦਫਤਰ ਵਲੋਂ ਵਿੱਦਿਆ ਅਤੇ ਖੇਡਾਂ ਦੇ ਖੇਤਰ ਵਿੱਚ ਅਹਿਮ ਪ੍ਰਾਪਤੀ ਵਾਲੇ 4 ਬੱਚੀਆਂ ਨੂੰ ਸਨਮਾਨਿਤ ਕੀਤਾ ਗਿਆ ।ਵਿਸ਼ੇਸ਼ ਜ਼ਰੂਰਤਾਂ ਵਾਲੀਆਂ ਸਹਿਵਾਸਣਾਂ ਵੱਲੋਂ ਹੱਥੀਂ ਬਣਾਈ ਪੇਂਟਿੰਗ ਭੇਟ ਕੀਤੀ ਗਈ ।ਰੈੱਡ ਕਰਾਸ ਸੁਸਾਇਟੀ ਦੁਆਰਾ ਸਹਿਵਾਸਣਾਂ ਨੂੰ ਸੂਟ, ਮਠਿਆਈ ਅਤੇ ਫਰੂਟ ਦਿੱਤੇ ਗਏ ।ਇਸ ਮੌਕੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ, ਜ਼ਿਲ੍ਹਾ ਪ੍ਰੋਗਰਾਮ ਅਫਸਰ, ਕੇਂਦਰੀ ਪ੍ਰਸ਼ਾਸਕ (ਸਖੀ ਵਨ ਸਟਾਫ ਸੈਂਟਰ), ਮੈਂਬਰਜ਼ ਬਾਲ ਭਲਾਈ ਕਮੇਟੀ, ਮੈਂਬਰਜ਼ ਜੇਜੇਬੀ, ਨਾਰੀ ਸ਼ਕਤੀ, ਵੂਮੈਨ ਸਭਾ, ਜਾਗਰਤੀ, ਜਗਤ ਜਯੋਤੀ ਵੈਲਫੇਅਰ ਸੁਸਾਇਟੀ, ਲੋਕਲ ਦਾਨੀ ਸੱਜਣ, ਸੁਪਰਡੈਂਟ ਹੋਮਜ਼ ਮੌਜੂਦ ਰਹੇ ।



## ਪ੍ਰਬੰਧਕ ਕਮੇਟੀ ਸਤਿਗੁਰੂ ਕਬੀਰ ਮੰਦਰ ਫੱਜੂਪੁਰ ਦੀ ਚੋਣ ਮੀਟਿੰਗ 10 ਨੂੰ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਪ੍ਰਬੰਧਕ ਕਮੇਟੀ ਸਤਿਗੁਰੂ ਕਬੀਰ ਮੰਦਿਰ (ਰਜਿ.) ਫੱਜੂਪੁਰ (ਧਾਰੀਵਾਲ) ਦੇ ਅਹੁਦੇਦਾਰਾਂ ਦੀ ਅਹਿਮ ਮੀਟਿੰਗ ਸਤਿਗੁਰੂ ਕਬੀਰ ਮੰਦਰ ਫੱਜੂਪੁਰ ਵਿਖੇ ਕਮੇਟੀ ਪ੍ਰਧਾਨ ਅਸ਼ਵਨੀ ਫੱਜੂਪੁਰ ਦੀ ਅਗਵਾਈ ਹੇਠ ਹੋਈ। ਇਸ ਮੀਟਿੰਗ ਦੌਰਾਨ ਕਮੇਟੀ ਵਲੋਂ ਪਿਛਲੇ ਕੀਤੇ ਕਾਰਜਾਂ ਦਾ ਲੇਖਾ ਜੋਖਾ ਕੀਤਾ ਗਿਆ। ਇਸ ਮੌਕੇ ਕਮੇਟੀ ਪ੍ਰਧਾਨ ਅਸ਼ਵਨੀ ਫੱਜੂਪੁਰ, ਸਕੱਤਰ ਗੁਰਬਚਨ ਸਿੰਘ ਜ਼ਿਲ੍ਹੇਦਾਰ, ਸੀਨੀਅਰ ਮੀਤ ਪ੍ਰਧਾਨ ਪ੍ਰੇਮ ਪਾਲ ਪੰਮਾ, ਕੈਸ਼ੀਅਰ ਪ੍ਰੇਮ ਪਾਲ ਅਹਿਮਦਾਬਾਦ ਨੇ ਸਾਂਝੇ ਤੌਰ ਤੇ ਸਮੁੱਚੀ ਕਮੇਟੀ ਦਾ ਪਿਛਲੇ ਸਮੇਂ ਦੌਰਾਨ ਦਿੱਤੇ ਸਹਿਯੋਗ ਲਈ ਧੰਨਵਾਦ ਕਰਦਿਆਂ ਦੱਸਿਆ ਕਿ ਕਮੇਟੀ ਦੇ ਅਹੁਦੇਦਾਰਾਂ ਵਲੋਂ ਫੈਸਲਾ ਲਿਆ ਗਿਆ ਹੈ ਕਿ ਪਹਿਲੀ ਕਮੇਟੀ ਭੰਗ ਕਰਕੇ ਮੁੜ ਨਵੀਂ ਕਮੇਟੀ ਦੀ ਚੋਣ 10 ਅਗਸਤ ਦਿਨ ਐਤਵਾਰ ਨੂੰ ਸਤਿਗੁਰੂ ਕਬੀਰ ਮੰਦਰ ਫੱਜੂਪੁਰ ਵਿਖੇ ਸ਼ਾਮ 5 ਵਜੇ ਹੋਵੇਗੀ। ਉਨ੍ਹਾਂ ਨੇ ਕਮੇਟੀ ਦੇ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਅਤੇ ਕਬੀਰਪੰਥੀ ਭਾਈਚਾਰੇ ਨੂੰ ਬੇਨਤੀ ਕੀਤੀ ਹੈ ਕਿ ਇਸ ਚੋਣ ਮੀਟਿੰਗ ਵਿੱਚ ਸਮੇਂ ਸਿਰ ਪਹੁੰਚਣ ਤਾਂ ਜੋ ਸਾਰਿਆਂ ਦੀ ਸਹਿਮਤੀ ਨਾਲ ਨਵੀਂ ਕਮੇਟੀ ਦੀ ਚੋਣ ਪਾਰਦਰਸ਼ਤਾ ਨਾਲ ਹੋ ਸਕੇ। ਮੀਟਿੰਗ ਵਿੱਚ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਸ਼ਵਨੀ ਫੱਜੂਪੁਰ, ਸੈਕਟਰੀ ਗੁਰਬਚਨ ਸਿੰਘ ਜ਼ਿਲ੍ਹੇਦਾਰ, ਸੀਨੀਅਰ ਮੀਤ ਪ੍ਰਧਾਨ ਪ੍ਰੇਮਪਾਲ ਪੰਮਾ, ਕੈਸ਼ੀਅਰ ਪ੍ਰੇਮ ਭਗਤ ਅਹਿਮਦਾਬਾਦ, ਹਰੀ ਰਾਮ ਭਗਤ, ਪ੍ਰੇਮ ਸਿੰਘ ਬੇਦੀ ਕਲੋਨੀ ਧਾਰੀਵਾਲ, ਸਾਂਈ ਦਾਸ ਭਗਤ, ਕੁੰਦਨ ਲਾਲ ਮੁੱਖ ਸੇਵਾਦਾਰ, ਬਲਵਿੰਦਰ ਬਿੰਦਾ, ਨੰਬਰਦਾਰ ਕੀਮਤੀ ਲਾਲ, ਮਾਸਟਰ ਸੁਭਾਸ਼ ਚੰਦਰ, ਭਗਤ ਦੀਨਾ ਨਾਥ, ਨੰਬਰਦਾਰ ਪ੍ਰੇਮ ਪਾਲ ਲੇਹਲ, ਤਲਵਿੰਦਰ ਪਾਲ, ਥਾਣੇਦਾਰ ਰਾਜ ਕੁਮਾਰ, ਸਾਬਕਾ ਸਰਪੰਚ ਸੁਖਦੇਵ ਸਿੰਘ, ਹਰਮੀਤ ਭਗਤ ਆਦਿ ਹਾਜ਼ਰ ਸਨ।

## ਪੇਪਰ ਦੇਣ ਤੋਂ ਰਹਿ ਗਈ ਗੁਰਪ੍ਰੀਤ ਕੌਰ ਨੂੰ ਇਕ ਵਿਸ਼ੇਸ਼ ਮੌਕਾ ਦੇਵੇ ਸਰਕਾਰ : ਧਾਮੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਬੀਤੇ ਕੱਲ੍ਹ ਗੁਰਸਿੱਖ ਲੜਕੀ ਗੁਰਪ੍ਰੀਤ ਕੌਰ ਨੂੰ ਉਸ ਵੱਲੋਂ ਦਰਸਾਏ ਸਿੱਖੀ ਜਜ਼ਬੇ ਕਰਕੇ ਸਨਮਾਨਤ ਕੀਤਾ ਗਿਆ। ਬੀਤੇ ਦਿਨੀਂ ਗੁਰਪ੍ਰੀਤ ਕੌਰ ਨੂੰ ਕਿਰਪਾਨ ਤੇ ਕੜਾ ਪਹਿਨੇ ਹੋਣ ਕਰਕੇ ਰਾਜਸਥਾਨ ਵਿਚ ਹੋਈ ਜੁਡੀਸ਼ੀਅਲ ਸਰਵਿਸ ਦੀ ਪ੍ਰੀਖਿਆ ਵਿੱਚ ਦਾਖ਼ਲੇ ਲਈ ਕਕਾਰ ਉਤਾਰਨ ਲਈ ਕਿਹਾ ਗਿਆ ਸੀ, ਪ੍ਰੰਤੂ ਗੁਰਪ੍ਰੀਤ ਕੌਰ ਨੇ ਸਿੱਖ ਮਰਿਆਦਾ ਦਾ ਹਵਾਲਾ ਦਿੰਦਿਆਂ ਕਕਾਰ ਉਤਾਰਨ ਤੋਂ ਮਨ੍ਹਾ ਕਰ ਦਿੱਤਾ ਸੀ।ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਭਾਰਤ ਦੇ ਸੰਵਿਧਾਨ ਅਨੁਸਾਰ ਸਿੱਖਾਂ ਨੂੰ ਕਿਰਪਾਨ ਪਹਿਨਣ ਦਾ ਪੂਰਾ ਅਧਿਕਾਰ ਹੈ ਅਤੇ ਸਿੱਖ ਰਹਿਤ ਮਰਯਾਦਾ ਅਨੁਸਾਰ ਕੋਈ ਵੀ ਅੰਮ੍ਰਿਤਧਾਰੀ ਸਿੱਖ ਆਪਣੇ ਸਰੀਰ ਨਾਲੋਂ ਪੰਜ ਕਕਾਰ ਵੱਖ ਨਹੀਂ ਕਰ ਸਕਦਾ। ਉਨ੍ਹਾਂ ਕਿਹਾ ਕਿ ਅਧਿਕਾਰੀਆਂ ਨੇ ਗੁਰਸਿੱਖ ਲੜਕੀ ਨੂੰ ਧਾਰਮਿਕ ਚਿੰਨ੍ਹ ਕਕਾਰ ਉਤਾਰਨ ਲਈ ਮਜਬੂਰ ਕੀਤਾ ਅਤੇ ਵਿਰੋਧ ਕਰਨ ਉੱਤੇ ਪ੍ਰੀਖਿਆ ਵਿੱਚ ਦਾਖ਼ਲਾ ਨਹੀਂ ਦਿੱਤਾ ਗਿਆ, ਜੋ ਇਕ ਵਿਦਿਆਰਥੀ ਦੇ ਭਵਿੱਖ ਨਾਲ ਖਿਲਵਾੜ ਹੈ। ਉਨ੍ਹਾਂ ਰਾਜਸਥਾਨ ਦੇ ਮੁੱਖ ਮੰਤਰੀ ਨੂੰ ਅਪੀਲ ਕੀਤੀ ਕਿ ਅਧਿਕਾਰੀਆਂ ਦੇ ਗ਼ਲਤ ਵਤੀਰੇ ਕਾਰਨ ਪੇਪਰ ਦੇਣ ਤੋਂ ਵਾਂਝੀ ਰਹਿ ਗਈ ਸਿੱਖ ਉਮੀਦਵਾਰ ਨੂੰ ਵਿਸ਼ੇਸ਼ ਤੌਰ 'ਤੇ ਇੱਕ ਮੌਕਾ ਦਿੰਦਿਆਂ ਉਸ ਦੀ ਪ੍ਰੀਖਿਆ ਕਰਵਾਈ ਜਾਵੇ। ਇਸ ਮੌਕੇ ਗੁਰਪ੍ਰੀਤ ਕੌਰ ਨੇ ਮਿਲੇ ਸਹਿਯੋਗ ਅਤੇ ਸਨਮਾਨ ਲਈ ਸਿੱਖ ਸੰਸਥਾ ਦਾ ਧੰਨਵਾਦ ਕੀਤਾ।ਗੁਰਪ੍ਰੀਤ ਕੌਰ ਨੂੰ ਸਨਮਾਨਤ ਕਰਨ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ਼ੇਰ ਸਿੰਘ ਮੰਡਵਾਲਾ, ਅੰਤ੍ਰਿੰਗ ਮੈਂਬਰ ਸੁਖਹਰਪ੍ਰੀਤ ਸਿੰਘ ਰੋਡੇ, ਮੈਂਬਰ ਸੁਖਵਰਸ਼ ਸਿੰਘ ਪੰਨੂ, ਖੁਸ਼ਵਿੰਦਰ ਸਿੰਘ ਭਾਟੀਆ, ਗੁਰਨਾਮ ਸਿੰਘ ਜੱਸਲ, ਮੋਹਨ ਸਿੰਘ ਬੰਗੀ, ਜਥੇਦਾਰ ਕੌਰ ਸਿੰਘ, ਬੀਬੀ ਹਰਜਿੰਦਰ ਕੌਰ, ਬੀਬੀ ਜੋਗਿੰਦਰ ਕੌਰ, ਚਰਨ ਸਿੰਘ ਆਲਮਗੀਰ, ਸਕੱਤਰ ਪ੍ਰਤਾਪ ਸਿੰਘ ਅਤੇ ਗੁਰਪ੍ਰੀਤ ਕੌਰ ਦੇ ਪਰਵਾਰਕ ਮੈਂਬਰ ਵੀ ਮੌਜੂਦ ਸਨ।



## ਤਖ਼ਤ ਸ੍ਰੀ ਹਰਿਮੰਦਰ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਨੇ ਧਾਮੀ ਨਾਲ ਕੀਤੀ ਮੁਲਾਕਾਤ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਬੀਤੇ ਕੱਲ੍ਹ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਗਜੋਤ ਸਿੰਘ ਸੋਹੀ ਦੀ ਅਗਵਾਈ ਹੇਠ ਇਕ ਵਫ਼ਦ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨਾਲ ਮੁਲਾਕਾਤ ਕਰਕੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਕੀਤੇ ਜਾਣ ਵਾਲੇ ਸਮਾਗਮਾਂ ਬਾਰੇ ਵਿਚਾਰ-ਚਰਚਾ ਕੀਤੀ। ਵਫ਼ਦ ਨੇ ਐਡਵੋਕੇਟ ਧਾਮੀ ਨੂੰ ਸ਼ਹੀਦੀ ਸ਼ਤਾਬਦੀ ਨੂੰ ਸਮਰਪਤ ਤਖ਼ਤ ਸ੍ਰੀ ਪਟਨਾ ਸਾਹਿਬ ਤੋਂ 31 ਅਗਸਤ ਨੂੰ ਸਜਾਏ ਜਾ ਰਹੇ ਨਗਰ ਕੀਰਤਨ ਵਿਚ ਸ਼ਮੂਲੀਅਤ ਕਰਨ ਦਾ ਸੱਦਾ ਦਿੱਤਾ ਅਤੇ ਸਿੱਖ ਸੰਸਥਾ ਵੱਲੋਂ ਸਹਿਯੋਗ ਦੀ ਅਪੀਲ ਕੀਤੀ।ਇਸ ਵਫ਼ਦ ਵਿਚ ਤਖ਼ਤ ਸ੍ਰੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਗਜੋਤ ਸਿੰਘ ਸੋਹੀ, ਸਿੱਖ ਆਗੂ ਜਸਬੀਰ ਸਿੰਘ ਧਾਮ ਮੁੰਬਈ, ਜਨਰਲ ਸਕੱਤਰ ਇੰਦਰਜੀਤ ਸਿੰਘ ਅਤੇ ਮੀਤ ਪ੍ਰਧਾਨ ਗੁਰਵਿੰਦਰ ਸਿੰਘ ਮੌਜੂਦ ਸਨ।ਮੁਲਾਕਾਤ ਦੌਰਾਨ ਤਖ਼ਤ ਸ੍ਰੀ ਪਟਨਾ ਸਾਹਿਬ ਦੇ ਪ੍ਰਧਾਨ ਸ. ਜਗਜੋਤ ਸਿੰਘ ਸੋਹੀ ਨੇ ਦੱਸਿਆ ਕਿ ਨੌਵੇਂ ਪਾਤਸ਼ਾਹ ਜੀ ਦੀ ਸ਼ਹੀਦੀ ਸ਼ਤਾਬਦੀ ਨੂੰ ਸਮਰਪਤ ਸ੍ਰੀ ਪਟਨਾ ਸਾਹਿਬ ਤੋਂ 31 ਅਗਸਤ ਨੂੰ ਵਿਸ਼ੇਸ਼ ਤੌਰ 'ਤੇ ਨਗਰ ਕੀਰਤਨ ਸਜਾਇਆ ਜਾ ਰਿਹਾ ਹੈ, ਜੋ ਝਾੜਖੰਡ, ਬੰਗਾਲ, ਕਲਕੱਤਾ, ਆਸਨਸੋਹਲ, ਉੜੀਸਾ, ਬਨਾਰਸ, ਕਾਨ੍ਹਪੁਰ, ਲਖਨਊ, ਉਤਰਾਖੰਡ, ਦਿੱਲੀ ਅਤੇ ਹਰਿਆਣਾ ਰਾਹੀਂ ਹੁੰਦਾ ਹੋਇਆ ਸ੍ਰੀ ਅਨੰਦਪੁਰ ਸਾਹਿਬ ਵਿਖੇ ਪਹੁੰਚੇਗਾ। ਉਨ੍ਹਾਂ ਕਿਹਾ ਕਿ ਅੱਜ ਉਹ ਸਿੱਖ ਪੰਥ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਨੂੰ ਜਿਥੇ ਸ਼ਮੂਲੀਅਤ ਲਈ ਬੇਨਤੀ ਕਰਨ ਆਏ ਹਨ, ਉਥੇ ਹੀ ਉਨ੍ਹਾਂ ਨੇ ਸਿੱਖ ਸੰਸਥਾ ਵੱਲੋਂ ਸਹਿਯੋਗ ਲਈ ਵੀ ਅਪੀਲ ਕੀਤੀ ਹੈ।ਇਸ ਮੌਕੇ ਐਡਵੋਕੇਟ ਧਾਮੀ ਨੇ ਕਿਹਾ ਕਿ ਸਿੱਖ ਕੌਮ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਕੌਮੀ ਜਾਹੋ-ਜਲਾਲ ਨਾਲ ਮਨਾਈ ਜਾਵੇਗੀ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਆਗੂਆਂ ਨੂੰ ਸਨਮਾਨਿਤ ਵੀ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਰਘੂਜੀਤ ਸਿੰਘ ਵਿਰਕ, ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸੁਰਜੀਤ ਸਿੰਘ ਤੁਗਲਵਾਲ, ਮੈਂਬਰ ਰਣਜੀਤ ਸਿੰਘ ਕਾਹਲੋਂ, ਅੰਮ੍ਰਿਤਪਾਲ ਸਿੰਘ ਕੁਲਾਰ, ਓਐਸਡੀ ਸਤਬੀਰ ਸਿੰਘ ਧਾਮੀ, ਮੀਤ ਸਕੱਤਰ ਹਰਭਜਨ ਸਿੰਘ ਵਕਤਾ, ਰਣਜੀਤ ਸਿੰਘ ਜਲੰਧਰ ਸਮੇਤ ਹੋਰ ਮੌਜੂਦ ਸਨ।



## ਸੇਂਟ ਕਬੀਰ ਸਕੂਲ 'ਚ ਤੀਆਂ ਦਾ ਤਿਉਹਾਰ ਬੜੇ ਉਤਸ਼ਾਹ ਨਾਲ ਮਨਾਇਆ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ (ਗੁਰਦਾਸਪੁਰ) ਵਿੱਚ ਤੀਆਂ ਦਾ ਤਿਉਹਾਰ ਬਹੁਤ ਚਾਅ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਐੱਸ. ਬੀ. ਨਾਯਰ ਦੀ ਪ੍ਰਧਾਨਗੀ ਅਤੇ ਪ੍ਰਬੰਧਕ ਨਵਦੀਪ ਕੌਰ ਤੇ ਕੁਲਦੀਪ ਕੌਰ ਦੀ ਅਗਵਾਈ ਵਿੱਚ ਪ੍ਰਭਾਵਸ਼ਾਲੀ ਰੰਗਾ-ਰੰਗ ਪ੍ਰੋਗਰਾਮ ਕਰਵਾਇਆ ਗਿਆ। ਬਾਰ੍ਹਵੀਂ ਜਮਾਤ ਦੀ ਵਿਦਿਆਰਥਣ ਕੋਮਲਪ੍ਰੀਤ ਕੌਰ ਨੇ ਤੀਜ ਦੇ ਤਿਉਹਾਰ ਦੀ ਪੰਜਾਬ ਵਾਸੀਆਂ ਲਈ ਸੱਭਿਆਚਾਰਕ ਮਹੱਤਤਾ ਭਰੇ ਵਿਚਾਰ ਪੇਸ਼ ਕੀਤੇ। ਗਿਆਰ੍ਹਵੀਂ ਜਮਾਤ ਦੀਆਂ ਵਿਦਿਆਰਥਣਾਂ ਦੀ ਜੋਸ਼ ਅਤੇ ਹੁਲਾਸ ਨਾਲ ਭਰੀ ਲੁੱਡੀ ਅਤੇ ਬਾਰ੍ਹਵੀਂ ਜਮਾਤ ਦੀਆਂ ਵਿਦਿਆਰਥਣਾਂ ਵੱਲੋਂ ਪੇਸ਼ ਸਕਿੱਟਾਂ ਦੌਰਾਨ ਇੱਕ ਦੂਜੇ ਨੂੰ ਕੀਤੀਆਂ ਟਿੱਚਰਾਂ ਤੇ ਮਖੌਲਾਂ ਨੇ ਮਾਹੌਲ ਵਿੱਚ ਨਵੀਂ ਜਾਨ ਪਾ ਕੇ ਸਾਰਿਆਂ ਦਾ ਖੂਬ ਮਨੋਰੰਜਨ ਕੀਤਾ। ਵਿਦਿਆਰਥਣਾਂ ਖੁਸ਼ਪ੍ਰੀਤ ਕੌਰ ਤੇ ਅਰਸ਼ਪ੍ਰੀਤ ਕੌਰ ਨੇ ਆਪਣੀ ਮਨਮੋਹਕ ਆਵਾਜ਼ ਵਿੱਚ ਸੁਹਾਗ ਅਤੇ ਘੋੜੀਆਂ ਗਾ ਕੇ ਸਾਰਿਆ ਨੂੰ ਪੁਰਾਤਨ ਵਿਰਸੇ ਦੀ ਖੂਬਸੂਰਤ ਝਲਕ ਦਿਖਾਈ। ਇਸ ਤੋਂ ਇਲਾਵਾ ਬਾਰ੍ਹਵੀਂ ਜਮਾਤ ਦੀਆਂ ਵਿਦਿਆਰਥਣਾਂ ਨੇ ਪੰਜਾਬਣ ਮੁਟਿਆਰਾਂ ਬਣ ਕੇ ਮਾਡਲਿੰਗ ਕੀਤੀ ਅਤੇ ਗਿੱਧਾ, ਭੰਗੜਾ, ਬੋਲੀਆਂ, ਮਾਹੀਏ, ਟੱਪੇ, ਸ਼ਾਇਰੀ ਤੇ ਸੁਹਾਗ ਗਾ ਕੇ ਖੂਬ ਰੰਗ ਬੰਨ੍ਹਿਆ। ਇਸ ਮੌਕੇ ਗਿਆਰ੍ਹਵੀਂ ਅਤੇ ਬਾਰ੍ਹਵੀਂ ਜਮਾਤ ਦੀਆਂ ਵਿਦਿਆਰਥਣਾਂ ਨੂੰ ਆਪਣੀ ਅਲੱਗ-ਅਲੱਗ ਪਹਿਚਾਣ ਕਰਕੇ ਵੱਖ-ਵੱਖ ਖਿਤਾਬਾਂ ਨਾਲ ਨਿਵਾਜਿਆ ਗਿਆ ਜਿਸ ਵਿੱਚ ਮਾਝੇ ਦੀ ਜੱਟੀ ਸੁਖਮਨਦੀਪ ਕੌਰ, ਤੀਆਂ ਦੀ ਰੌਣਕ ਸੋਨਾਲੀ ਸਲਾਰੀਆ, ਮਿਸ ਪੰਜਾਬਣ ਅਨੁਰੀਤ ਕੌਰ, ਮਿਸ ਤੀਜ ਸਨੇਹਪ੍ਰੀਤ ਕੌਰ, ਗਿੱਧੇ ਦੀ ਰਾਣੀ ਅਰਮਾਨਦੀਪ ਕੌਰ ਨੂੰ ਚੁਣਿਆ ਗਿਆ। ਮਾਡਲਿੰਗ ਦੌਰਾਨ ਜੇਤੂ ਵਿਦਿਆਰਥਣਾਂ ਨੂੰ ਸਨਮਾਨ ਚਿੰਨ੍ਹ ਭੇਟ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਦੇ ਖਾਣ-ਪੀਣ ਦਾ ਵੀ ਖਾਸ ਪ੍ਰਬੰਧ ਕੀਤਾ ਗਿਆ। ਪ੍ਰੋਗਰਾਮ ਦੇ ਅੰਤ ਵਿੱਚ ਸਕੂਲ ਦੇ ਪ੍ਰਿੰਸੀਪਲ ਐੱਸ. ਬੀ. ਨਾਯਰ ਦੀ ਪ੍ਰਧਾਨਗੀ ਅਤੇ ਪ੍ਰਬੰਧਕ ਨਵਦੀਪ ਕੌਰ ਤੇ ਕੁਲਦੀਪ ਕੌਰ ਦੁਆਰਾ ਸਮੁੱਚੇ ਸਕੂਲ ਨੂੰ ਤੀਆਂ ਦੇ ਤਿਉਹਾਰ ਦੀਆਂ ਹਾਰਦਿਕ ਸ਼ੁੱਭ ਕਾਮਨਾਵਾਂ ਦਿੱਤੀਆਂ ਗਈਆਂ ਤੇ ਆਪਣੇ ਵਿਰਸੇ ਪ੍ਰਤੀ ਹਮੇਸ਼ਾ ਜਾਗਰੂਕ ਰਹਿਣ ਦਾ ਸੰਦੇਸ਼ ਵੀ ਦਿੱਤਾ ਗਿਆ। ਇਸ ਮੌਕੇ ਮੈਡਮ ਪੱਲਵੀ ਸ਼ਰਮਾ, ਨੇਹਾ ਸਲਾਰੀਆ, ਮੈਡਮ ਮਨੂੰ, ਮਿਸ ਕਾਜਲ, ਜਸਵਿੰਦਰ ਕੌਰ, ਨਿਸ਼ਾ ਸੱਘੜ, ਰਿਧੀਕਾ ਜੈਨ, ਦਮਨਬੀਰ ਸਿੰਘ, ਸੁਮਿਤ ਰੱਤੂ, ਲਖਵਿੰਦਰ ਸਿੰਘ, ਦੀਦਾਰ ਸਿੰਘ ਆਦਿ ਸਮੇਤ ਸਕੂਲ ਦੇ ਸਮੂਹ ਸਟਾਫ ਮੈਂਬਰ ਤੇ ਵਿਦਿਆਰਥੀ ਹਾਜ਼ਰ ਸਨ।



## ਸੜਕ ਹਾਦਸੇ 'ਚ ਵਿਅਕਤੀ ਗੰਭੀਰ ਜ਼ਖਮੀ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਸ਼ਹਿਰ ਧਾਰੀਵਾਲ ਵਿੱਚ ਸੜਕ ਹਾਦਸੇ ਦੌਰਾਨ ਸਕੂਟਰੀ ਸਵਾਰ ਪਤੀ ਪਤਨੀ ਦੇ ਗੰਭੀਰ ਜ਼ਖਮੀ ਹੋ ਜਾਣ ਦੇ ਸਬੰਧ ਵਿੱਚ ਪੁਲਸ ਨੇ ਬੱਸ ਦੇ ਅਣਪਛਾਤੇ ਡਰਾਈਵਰ ਵਿਰੁੱਧ ਵੱਖ ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕੀਤਾ ਹੈ। ਪੁਸ਼ਪਾ ਪਤਨੀ ਸਾਹਿਬ ਮਸੀਹ ਵਾਸੀ ਪੁਰਾਣਾ ਧਾਰੀਵਾਲ ਨੇ ਦਿੱਤੀ ਦਰਖਾਸਤ ਵਿੱਚ ਦੱਸਿਆ ਕਿ ਉਹ (ਪੁਸ਼ਪਾ) ਅਤੇ ਉਸ ਦਾ ਪਤੀ ਸਾਹਿਬ ਮਸੀਹ 29 ਜੁਲਾਈ ਨੂੰ ਸਕੂਟਰੀ ਐਕਟਿਵਾ 'ਤੇ ਸਵਾਰ ਹੋ ਕੇ ਆਪਣੇ ਘਰ ਤੋਂ ਪਿੰਡ ਬਜ਼ੁਰਗਵਾਲ ਨੂੰ ਜਾਂਦੇ ਸਮੇਂ ਜਦੋਂ ਉਹ ਧਾਰੀਵਾਲ ਸ਼ਹਿਰ ਵਿੱਚ ਗੁਰਦੁਆਰਾ ਨਾਨਕਪੁਰੀ ਨੇੜੇ ਪੁੱਜੇ ਤਾਂ ਬਟਾਲਾ ਸਾਈਡ ਤੋਂ ਤੇਜ਼ ਰਫਤਾਰ ਨਾਲ ਆਈ ਇਕ ਬੱਸ ਜਿਸ ਨੂੰ ਨਾਮਲੂਮ ਵਿਅਕਤੀ ਚਲਾ ਰਿਹਾ ਸੀ, ਨੇ ਬੱਸ ਬਿਨਾਂ ਹਾਰਨ ਦਿੱਤੇ ਲਾਪ੍ਰਵਾਹੀ ਨਾਲ ਚਲਾ ਕੇ ਉਨ੍ਹਾਂ ਦੀ ਸਕੂਟਰੀ ਵਿੱਚ ਮਾਰ ਦਿੱਤੀ। ਜਿਸ ਨਾਲ ਸੜਕ 'ਤੇ ਡਿੱਗ ਜਾਣ 'ਤੇ ਉਨ੍ਹਾਂ ਦੇ ਗੰਭੀਰ ਸੱਟਾਂ ਲੱਗ ਗਈਆਂ ਅਤੇ ਉਸ ਦਾ ਪਤੀ ਅਰਮਾਨ ਹਸਪਤਾਲ ਜਲੰਧਰ ਵਿਖੇ ਜ਼ੇਰੇ ਇਲਾਜ ਹੈ। ਥਾਣਾ ਧਾਰੀਵਾਲ ਦੇ ਐਸ ਐਚ ਓ ਇੰਸਪੈਕਟਰ ਹਰਪਾਲ ਸਿੰਘ ਨੇ ਦੱਸਿਆ ਕਿ ਇਸ ਮਾਮਲੇ ਦੇ ਜਾਂਚ ਅਧਿਕਾਰੀ ਏ ਐਸ ਆਈ ਸੁਖਦੇਵ ਸਿੰਘ ਨੇ ਪੁਸ਼ਪਾ ਦੇ ਬਿਆਨਾਂ ਅਨੁਸਾਰ ਬੱਸ ਦੇ ਅਣਪਛਾਤੇ ਡਰਾਈਵਰ ਵਿਰੁੱਧ ਵੱਖ ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਆਜ਼ਾਦੀ ਘੁਲਾਟੀਏ ਬਾਪੂ ਗੁਰਚਰਨ ਸਿੰਘ ਲਾਧੂਪੁਰ ਦੀ ਸਾਲਾਨਾ 10ਵੀਂ ਬਰਸੀ ਮਨਾਈ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਬਾਪੂ ਗੁਰਚਰਨ ਸਿੰਘ ਫਰੀਡਮ ਫਾਈਟਰ ਚੈਰੀਟੇਬਲ ਟਰੱਸਟ ਅਤੇ ਫਰੀਡਮ ਫਾਈਟਰ ਫੈਮਿਲੀਜ਼ ਐਸੋਸੀਏਸ਼ਨ ਵਲੋਂ ਆਜ਼ਾਦੀ ਘੁਲਾਟੀਏ ਬਾਪੂ ਗੁਰਚਰਨ ਸਿੰਘ ਲਾਧੂਪੁਰ ਦੀ 10ਵੀਂ ਬਰਸੀ ਫਰੀਡਮ ਫਾਈਟਰ ਸਮਾਰਕ ਲਾਧੂਪੁਰ ਵਿਖੇ ਮਨਾਈ। ਫਰੀਡਮ ਫਾਈਟਰ ਫੈਮਿਲੀ ਵੈਲਫੇਅਰ ਐਸ਼ੋਸੀਏਸ਼ਨ ਦੇ ਪ੍ਰਧਾਨ ਬਖਤਾਵਰ ਸਿੰਘ ਲਾਧੂਪੁਰ ਅਤੇ ਟਰੱਸਟ ਦੇ ਆਗੂਆਂ ਦੇ ਪ੍ਰਬੰਧਾਂ ਵਿੱਚ ਹੋਏ ਇਸ ਬਰਸੀ ਸਮਾਗਮ ਦੌਰਾਨ ਪੰਥ ਪ੍ਰਸਿੱਧ ਕਵੀਸ਼ਰੀ ਜਥਾ ਭਾਈ ਅਜੀਤ ਸਿੰਘ ਦਰਦੀ ਤੇ ਸਾਥੀਆਂ ਨੇ ਵਾਰਾਂ ਪੇਸ਼ ਕਰਕੇ ਗੁਰੂ ਇਤਿਹਾਸ ਨਾਲ ਜੋੜਿਆ। ਬਾਬਾ ਆਇਆ ਸਿੰਘ ਰਿਆੜਕੀ ਕਾਲਜ ਤੁਗਲਵਾਲਾ ਦੀਆਂ ਵਿਦਿਆਰਥਣਾਂ ਨੇ ਸ਼ਬਦ ਗਾਇਨ ਕੀਤਾ। ਇਸ ਵਾਰ ਇਹ ਬਰਸੀ ਸਮਾਗਮ ਗਦਰ ਅਖਬਾਰ ਦੇ ਸੰਪਾਦਕ ਸ਼ਹੀਦ ਗਦਰੀ ਬਾਬਾ ਮੇਵਾ ਸਿੰਘ ਦੀ ਸ਼ਹੀਦੀ ਨੂੰ ਸਮਰਪਤ ਕੀਤਾ ਗਿਆ। ਸਮਾਗਮ ਦੌਰਾਨ ਆਲ ਇੰਡੀਆ ਪੀਸ ਮਿਸ਼ਨ ਦੇ ਪ੍ਰਧਾਨ ਦਿਆ ਸਿੰਘ, ਡਾਕਟਰ ਕੁਸਹਾਲ ਸਿੰਘ (ਕੇਂਦਰੀ ਸਿੰਘ ਸਭਾ ਚੰਡੀਗੜ੍ਹ), ਭਾਰਤੀ ਕਿਸਾਨ ਯੂਨੀਅਨ ਸਾਦੀਪੁਰ ਦੇ ਪ੍ਰਧਾਨ ਬੂਟਾ ਸਿੰਘ ਸਾਦੀਪੁਰ,ਰਿਆੜਕੀ ਕਾਲਜ ਤੁਗਲਵਾਲਾਂ ਦੇ ਪ੍ਰਿੰਸੀਪਲ ਸਵਰਨ ਸਿੰਘ ਵਿਰਕ, ਅਜੇ ਸ਼ੁਕਲਾ ਜਰਨਲਿਸਟ ਚੰਡੀਗੜ੍ਹ, ਡਾਕਟਰ ਕੇ.ਜੇ ਸਿੰਘ ਧਾਰੀਵਾਲ, ਗੁਰਬਚਨ ਸਿੰਘ ਬਾਜਵਾ, ਕਾਮਰੇਡ ਗੁਲਜਾਰ ਸਿੰਘ, ਕੈਪਟਨ ਗੁਰਦੀਪ ਸਿੰਘ ਚੰਡੀਗੜ੍ਹ ਵਾਲੇ, ਜ਼ਿਲ੍ਹਾ ਆਗੂ ਮੁੱਖਦੇਵ ਸਿੰਘ ਆਲੋਵਾਲ, ਕਿਸਾਨ ਆਗੂ ਡਾ.ਸਤਨਾਮ ਸਿੰਘ ਅਜਨਾਲਾ, ਮੁਖਵਿੰਦਰ ਸਿੰਘ, ਐਡਵੋਕੇਟ ਨਗਿੰਦਰ ਸਿੰਘ ਸਿੱਧਵਾਂ ਆਦਿ ਬੁਲਾਰਿਆਂ ਨੇ ਬਾਪੂ ਗੁਰਚਰਨ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਉਨ੍ਹਾਂ ਵਲੋਂ ਦੇਸ਼ ਦੀ ਅਜ਼ਾਦੀ ਲਈ ਚੜ੍ਹਦੀ ਉਮਰੇ ਕੀਤੇ ਸੰਘਰਸ਼ਾਂ, ਅੰਗਰੇਜ਼ ਹਕੂਮਤ ਦੇ ਜ਼ੁਲਮਾਂ ਅਤੇ ਜ਼ੇਲ੍ਹਾਂ ਕੱਟਣ ਬਾਰੇ ਚਾਨਣਾ ਪਾਇਆ। ਪ੍ਰਧਾਨ ਬਖਤਾਵਰ ਸਿੰਘ ਲਾਧੂਪੁਰ ਨੇ ਸਮੂਹ ਹਾਜ਼ਰੀਨ ਦਾ ਧੰਨਵਾਦ ਕਰਦਿਆਂ ਕਿਹਾ ਫਰੀਡਮ ਫਾਈਟਰ ਪਰਵਾਰਾਂ ਵਲੋਂ ਆਉਣ ਵਾਲੀਆਂ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਵਿੱਚ ਆਪਣੇ ਉਮੀਦਵਾਰ ਖੜ੍ਹੇ ਕੀਤੇ ਜਾਣਗੇ। ਸਮਾਗਮ ਦੌਰਾਨ ਸਟੇਜ ਸਕੱਤਰ ਦੇ ਫਰਜ਼ ਬਲਵੀਰ ਸਿੰਘ ਮੱਲ੍ਹੀ ਨੇ ਨਿਭਾਏ। ਇਸ ਮੌਕੇ ਪ੍ਰਬੰਧਕਾਂ ਵਲੋਂ ਪ੍ਰਮੁੱਖ ਸ਼ਖਸੀਅਤਾਂ ਨੂੰ ਯਾਦਗਾਰੀ ਚਿੰਨ੍ਹ ਅਤੇ ਲੋਈਆਂ ਭੇਟ ਕਰਕੇ ਸਨਮਾਨਤ ਕੀਤਾ ਗਿਆ। ਸਮਾਗਮ ਦੌਰਾਨ ਗੁਰੂ ਕੇ ਅਤੁੱਟ ਲੰਗਰ ਵਰਤਾਏ ਗਏ। ਸਮਾਗਮ ਵਿੱਚ ਉਪਰੋਕਤ ਤੋਂ ਇਲਾਵਾ ਚੇਅਰਮੈਨ ਡਾ. ਜਸਪਾਲ ਸਿੰਘ ਪੰਧੇਰ, ਚੇਅਰਮੈਨ ਲਖਵੀਰ ਸਿੰਘ, ਨੰਬਰਦਾਰ ਜ਼ੋਰਾਵਰ ਸਿੰਘ, ਰਣਧੀਰ ਸਿੰਘ, ਸੋਮਨਾਥ ਕੋਟਲੀ ਰੌਲਾ, ਜਸਪਾਲ ਸਿੰਘ ਨੈਨੇਕੋਟ, ਕੈਪਟਨ ਤਰਸੇਮ ਸਿੰਘ ਕਾਹਨੂੰਵਾਨ, ਸਰਬਜੀਤ ਸਿੰਘ ਜਾਗੋਵਾਲ, ਅਵਨਿੰਦਰ ਸਿੰਘ ਲਾਧੂਪੁਰ, ਹਰਮਨ ਬਾਜਵਾ, ਤਰਸੇਮ ਸਿੰਘ ਸੰਧੂ ਪਠਾਨਕੋਟ, ਬਾਬਾ ਜੋਗਾ ਸਿੰਘ, ਰਣਜੀਤ ਸਿੰਘ, ਪਾਲ ਸਿੰਘ ਚੀਮਾ ਖੁੱਡੀ, ਦੀਪਕ ਵੋਹਰਾ ਬਟਾਲਾ, ਮਨਜੀਤ ਸਿੰਘ, ਕਾਮਰੇਡ ਗੁਰਮੇਜ ਸਿੰਘ ਕਾਦੀਆਂ ਆਦਿ ਸਮੇਤ ਹੋਰ ਵੀ ਸ਼ਖਸੀਅਤਾਂ ਅਤੇ ਪਿੰਡ ਵਾਸੀ ਵੱਡੀ ਗਿਣਤੀ ਵਿੱਚ ਸ਼ਾਮਲ ਸਨ।



## ਬੀਬੀ ਅਮਰਜੀਤ ਕੌਰ ਦੇ ਦਿਹਾਂਤ 'ਤੇ ਰਾਣਾ ਰਣਬੀਰ ਸਿੰਘ ਲੋਪੋਕੇ ਵੱਲੋਂ ਦੁੱਖ ਦਾ ਪ੍ਰਗਟਾਵਾ

**ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)**- ਕਸਬਾ ਭਿੰਡੀ ਸੈਦਾਂ ਦੇ ਨਾਲ ਲੱਗਦੇ ਪਿੰਡ ਭਿੰਡੀ ਔਲਖ ਵਿਖੇ ਸਾਬਕਾ ਮੈਂਬਰ ਸੁਰਜੀਤ ਸਿੰਘ ਦੀ ਪਤਨੀ ਅਮਰਜੀਤ ਕੌਰ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ। ਅੱਜ ਉਨ੍ਹਾਂ ਦੀ ਅੰਤਿਮ ਅਰਦਾਸ ਸਮੇਂ ਸ਼੍ਰੋਮਣੀ ਅਕਾਲੀ ਦਲ ਬਾਦਲ ਰਾਜਾਸਾਂਸੀ ਦੇ ਹਲਕਾ ਇੰਚਾਰਜ ਵੀਰ ਸਿੰਘ ਲੋਪੋਕੇ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਏ ਅਤੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਸਾਬਕਾ ਚੇਅਰਮੈਨ ਸਾਬਕਾ ਸਰਪੰਚ ਮੌਜੂਦਾ ਸਰਕਲ ਪ੍ਰਧਾਨ ਗੁਰਮੀਤ ਸਿੰਘ ਪੱਪਾ, ਸਾਬਕਾ ਬਲਾਕ ਸੰਮਤੀ ਮੈਂਬਰ ਚਰਨ ਸਿੰਘ, ਸਰਪੰਚ ਹਰਪਾਲ ਸਿੰਘ ਭਿੰਡੀ ਔਲਖ, ਸੰਯੁਕਤ ਕਿਸਾਨ ਭਲਾਈ ਸੰਸਥਾ ਦੇ ਪ੍ਰੈਸ ਸਕੱਤਰ ਡਾਕਟਰ ਜਸਬੀਰ ਸਿੰਘ ਔਲਖ ਸਾਬਕਾ ਸਰਪੰਚ ਹਜ਼ੂਰ ਸਿੰਘ ਭਿੰਡੀ ਔਲਖ ਕਲਾਂ, ਸਾਬਕਾ ਸਰਪੰਚ ਮਲੂਕ ਸਿੰਘ, ਮੈਂਬਰ ਰਣਜੀਤ ਸਿੰਘ, ਡਾਕਟਰ ਸੁਖਬੀਰ ਸਿੰਘ, ਸੁਖਵਿੰਦਰ ਸਿੰਘ,ਜੰਗ ਸਿੰਘ ਸ਼ਾਹ, ਸਤਨਾਮ ਸਿੰਘ, ਗੁਰਮੇਜ ਸਿੰਘ, ਜਸਪਾਲ ਸਿੰਘ ਮਾਨਾਂਵਾਲਾ, ਕੁਲਦੀਪ ਸਿੰਘ ਸ਼ਾਹ, ਬਿੱਟੂ ਡੇਅਰੀ ਵਾਲਾ ਆਦਿ ਹਾਜ਼ਰ ਸਨ।



## ਖਾਲਸਾ ਕਾਲਜ 'ਚ ਭਾਈ ਰਾਮ ਸਿੰਘ ਦੀ ਯਾਦ 'ਚ ਸੈਮੀਨਾਰ ਕਰਵਾਇਆ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**— ਖਾਲਸਾ ਕਾਲਜ ਦੀ ਸ਼ਾਨਦਾਰ ਵਿਰਾਸਤੀ ਇਮਾਰਤ ਦੇ ਭਵਨ ਨਿਰਮਾਣ ਕਰਤਾ ਪ੍ਰੋ. ਭਾਈ ਰਾਮ ਸਿੰਘ ਦੇ ਜਨਮ ਸਬੰਧੀ ਸੈਮੀਨਾਰ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੀ ਪ੍ਰਧਾਨਗੀ ਹੇਠ ਕਰਵਾਏ ਗਏ ਉਕਤ ਸੈਮੀਨਾਰ ਮੌਕੇ ਭਾਈ ਰਾਮ ਸਿੰਘ ਦੇ ਜੀਵਨ, ਕੰਮ ਦੀ ਮਹਾਨਤਾ ਅਤੇ ਭਾਰਤੀ ਤੇ ਸਿੱਖ ਇਮਾਰਤ ਕਲਾ 'ਚ ਬੇਮਿਸਾਲ ਯੋਗਦਾਨ ਨੂੰ ਯਾਦ ਕੀਤਾ ਗਿਆ।ਇਸ ਮੌਕੇ ਖ਼ਾਲਸਾ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਮਹਿਲ ਸਿੰਘ ਨੇ ਕਾਲਜ ਦੀ ਇਮਾਰਤ ਦੀ ਖੂਬਸੂਰਤੀ ਦੇ ਨਾਲ-ਨਾਲ ਇਸ ਦੀ ਸਿੱਖਿਆਤਮਕ ਮਹੱਤਤਾ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਇਹ ਸਿਰਫ਼ ਇਮਾਰਤ ਨਹੀਂ, ਸਗੋਂ ਸੰਸਕਾਰ, ਸੰਤੁਲਨ ਤੇ ਸੱਭਿਆਚਾਰਕ ਧਰੋਹਰ ਹੈ।ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਕਿਹਾ ਕਿ ਭਾਈ ਰਾਮ ਸਿੰਘ ਸਿਰਫ਼ ਇਕ ਆਰਕੀਟੈਕਟ ਨਹੀਂ, ਸਗੋਂ ਪੰਜਾਬੀ ਵਿਰਾਸਤ ਦਾ ਚਮਕਦਾ ਹੋਇਆ ਨਾਂ ਸਨ। ਉਨ੍ਹਾਂ ਸਿੱਖ ਇਮਾਰਤ ਕਲਾ ਨੂੰ ਇੰਡੋ-ਯੂਰੋਪੀਅਨ ਸ਼ੈਲੀ ਨਾਲ ਮਿਲਾ ਕੇ ਕਾਲਜ ਦੀਆਂ ਇਮਾਰਤਾਂ ਨੂੰ ਇਤਿਹਾਸਕ ਰੂਪ ਦਿੱਤਾ। ਉਨ੍ਹਾਂ ਕਿਹਾ ਕਿ ਕਾਲਜ ਦੇ ਸ਼ਾਨਦਾਰ ਗੁੰਬਦ, ਨਫੀਸ ਨਕਾਸ਼ੀ ਵਾਲੇ ਕੌਰੀਡੋਰ ਤੇ ਹਰ ਇਕ ਕੋਨਾ ਉਨ੍ਹਾਂ ਦੀ ਰਚਨਾਤਮਕ ਰੂਹ ਨੂੰ ਪ੍ਰਗਟ ਕਰਦਾ ਹੈ। ਉਨ੍ਹਾਂ ਪ੍ਰੋ. ਰਾਮ ਸਿੰਘ ਪ੍ਰਤੀ ਸ਼ਰਧਾ ਪ੍ਰਗਟਾਉਂਦਿਆਂ ਵਿਦਿਆਰਥੀਆਂ 'ਚ ਉਨ੍ਹਾਂ ਦੀ ਲੈਗਸੀ ਨੂੰ ਜਿਉਂਦਾ ਰੱਖਣ ਦੀ ਲੋੜ 'ਤੇ ਜ਼ੋਰ ਦਿੱਤਾ।ਸੈਮੀਨਾਰ ਦੌਰਾਨ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਆਰਕੀਟੈਕਚਰ ਵਿਭਾਗ ਦੇ ਅਸਿਸਟੈਂਟ ਪ੍ਰੋਫੈ: ਰਾਵਲ ਸਿੰਘ ਔਲਖ ਨੇ ਪ੍ਰੋ. ਰਾਮ ਸਿੰਘ ਦੀ ਡਿਜ਼ਾਈਨ ਸੋਚ ਅਤੇ ਉਨ੍ਹਾਂ ਦੀ ਕਲਾ ਦੀ ਅਨੋਖੀ ਸਮਝ ਸਬੰਧੀ ਜਾਣਕਾਰੀ ਪ੍ਰਦਾਨ ਕੀਤੀ। ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ (ਗੁਰਦਾਸਪੁਰ) ਇੰਦਰਜੀਤ ਸਿੰਘ ਹਰੀਪੁਰਾ ਜੋ ਕਿ ਭਾਈ ਰਾਮ ਸਿੰਘ ਦੇ ਜੱਦੀ ਪਿੰਡ ਰਸੂਲਪੁਰ ਦੇ ਵਸਨੀਕ ਹਨ ਅਤੇ ਖਾਸ ਤੌਰ 'ਤੇ ਸੈਮੀਨਾਰ 'ਚ ਪਹੁੰਚੇ। ਇਸ ਦੌਰਾਨ ਡੀਨ ਅਕਾਦਮਿਕ ਮਾਮਲੇ ਤਮਿੰਦਰ ਸਿੰਘ ਭਾਟੀਆ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਵਿਅਕਤੀਆਂ ਤੋਂ ਪ੍ਰੇਰਨਾ ਲੈਣ ਦੀ ਅਪੀਲ ਕੀਤੀ ਜਿਨ੍ਹਾਂ ਨੇ ਆਪਣੀ ਕਲਾ ਨੂੰ ਸਮਾਜਿਕ ਭਲਾਈ ਨਾਲ ਜੋੜਿਆ। ਇਸ ਮੌਕੇ ਬੌਟਨੀ ਵਿਭਾਗ ਦੇ ਪ੍ਰੋ. ਰਾਜਬੀਰ ਸਿੰਘ, ਡਾ. ਸਨੀਆ ਮਰਵਾਹਾ ਤੋਂ ਇਲਾਵਾ ਵੱਡੀ ਗਿਣਤੀ 'ਚ ਵਿਦਿਆਰਥੀ ਹਾਜ਼ਰ ਸਨ।




## ਨਸ਼ਿਆਂ ਦੀ ਕਾਲੀ ਕਮਾਈ ਨਾਲ ਸਿਆਸਤ ਕਰਨ ਵਾਲਿਆਂ ਦੇ ਦਿਨ ਹੁਣ ਪੁੱਗੇ : ਧਾਲੀਵਾਲ

**ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)**- ਵਿਧਾਇਕ ਤੇ ਸਾਬਕਾ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਨਸ਼ਾ ਤਸਕਰਾਂ ਵਲੋਂ ਰੰਗਲੇ ਪੰਜਾਬ ਦੀ ਫ਼ਿਜ਼ਾ 'ਚ ਜ਼ਹਿਰ ਘੋਲਣ ਤੋਂ ਬਾਜ਼ ਨਾ ਆ ਕੇ ਪੰਜਾਬ ਦੀ ਜੁਆਨੀ ਨੂੰ ਨਸ਼ਿਆਂ ਨਾਲ ਬਰਬਾਦ ਕਰਨ ਲਈ ਤੁਲੇ ਨਸ਼ਾ ਤਸਕਰਾਂ ਦੀ ਵੰਗਾਰ ਨੂੰ ਚੁਣੌਤੀ ਵਜੋਂ ਲੈਂਦਿਆ ਪਹਿਲੀ ਮਾਰਚ ਤੋਂ ਨਸ਼ਿਆਂ ਦੀ ਜੜ੍ਹ ਪੁੱਟਣ ਲਈ ਵਿੱਢੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਅੰਦਰੂਨੀ ਸੁਰੱਖਿਆ ਮਜ਼ਬੂਤ ਕਰਕੇ ਬਾਹਰਲੇ ਰਾਜਾਂ ਰਾਹੀਂ ਪੰਜਾਬ 'ਚ ਹੁੰਦੀ ਨਸ਼ਾ ਤਸਕਰੀ ਤੇ ਨਸ਼ਿਆਂ ਦੇ ਸੌਦਾਗਰਾਂ ਲਈ ਲਛਮਣ ਰੇਖਾ ਖਿੱਚ ਦਿੱਤੀ ਹੈ ਅਤੇ ਜਿਹੜੇ ਤਸਕਰ ਆਪਣੇ ਕਾਲੇ ਧੰਦੇ ਨੂੰ ਅੰਜਾਮ ਦੇਣ ਲਈ ਲਛਮਣ ਰੇਖਾ ਪਾਰ ਕਰਕੇ ਪੰਜਾਬ +ਚ ਦਾਖ਼ਲ ਹੋਣਗੇ, ਉਹ ਭਸਮ ਹੋਣ ਵਾਂਗ ਆਪਣੀ ਕਬਰ ਖੁਦ ਪੁੱਟ ਰਹੇ ਹੋਣਗੇ। ਧਾਲੀਵਾਲ ਅੱਜ ਯੁੱਧ ਨਸ਼ਿਆਂ ਵਿਰੁੱਧ ਤਹਿਤ ਅਜਨਾਲਾ ਸ਼ਹਿਰ ਦੀ ਵਾਰਡ ਨੰਬਰ ਇੱਕ, ਚੌਦਾਂ ਤੇ ਪੰਦਰਾਂ 'ਚ ਨਸ਼ਾ ਮੁਕਤੀ ਯਾਤਰਾਵਾਂ ਦੌਰਾਨ ਹੋਈਆਂ ਪ੍ਰਭਾਵਸ਼ਾਲੀ ਜਨਤਕ ਰੈਲੀਆਂ ਨੂੰ ਸੰਬੋਧਨ ਕਰ ਰਹੇ ਸਨ। ਬਾਅਦ 'ਚ ਉਹਨਾਂ ਵਾਰਡਾਂ ਨੰਬਰ ਦੋ, ਤਿੰਨ ਤੇ ਚਾਰ 'ਚ ਨਸ਼ਾ ਮੁਕਤੀ ਯਾਤਰਾਵਾਂ ਕੀਤੀਆਂ ਅਤੇ ਰੈਲੀਆਂ ਤੇ ਯਾਤਰਾਵਾਂ 'ਚ ਸ਼ਾਮਲ ਸਮੂਹ ਸ਼ਹਿਰੀ ਹਾਜ਼ਰੀਨ ਨੂੰ ਨਸ਼ਿਆਂ ਵਿਰੁੱਧ ਸਮੂਹਿਕ ਸਹੁੰ ਵੀ ਚੁਕਵਾਈ ।ਧਾਲੀਵਾਲ ਨੇ ਨਸ਼ਾ ਸੌਦਾਗਰਾਂ ਤੇ ਸੌਦਾਗਰਾਂ ਦੇ ਸਰਪ੍ਰਸਤਾਂ ਨੂੰ ਨਸ਼ਿਆਂ ਨੂੰ ਪ੍ਰਫੁੱਲਤ ਕਰਨ ਦੇ ਧੰਦੇ ਤੋਂ ਬਾਜ਼ ਆਉਣ ਦੀ ਨਸੀਹਤ ਦਿੱਤੀ ਅਤੇ ਕਿਹਾ ਕਿ ਨਸ਼ਿਆਂ ਦਾ ਧੰਦਾ ਜ਼ਹਿਰੀਲੇ ਸੱਪ ਪਾਲਣ ਦੇ ਬਰਾਬਰ ਹੈ ਅਤੇ ਇਹ ਜ਼ਰੂਰੀ ਨਹੀਂ ਕਿ ਸੱਪ ਸਿਰਫ ਗੁਆਂਢੀਆਂ ਜਾਂ ਵਿਰੋਧੀਆਂ ਨੂੰ ਡੰਗ ਮਾਰੇ। ਨਸ਼ਿਆਂ ਦੇ ਜ਼ਹਿਰੀ ਸੱਪ ਉਸ ਦੇ ਪਾਲਕਾਂ (ਨਸ਼ਾ ਤਸਕਰਾਂ) ਤੇ ਪੁਸ਼ਤਪਨਾਹੀ ਕਰਨ (ਸਿਆਸਤਦਾਨਾਂ ਤੇ ਪੁਲਸ ਅਧਿਕਾਰੀਆਂ/ਕਰਮਚਾਰੀਆਂ) ਵਾਲਿਆਂ ਦੇ ਪਰਵਾਰਾਂ/ਨੌਜੁਆਨਾਂ ਦੀ ਜ਼ਿੰਦਗੀ ਨੂੰ ਆਪਣੀ ਲਪੇਟ 'ਚ ਲਿਆ ਕੇ ਤਬਾਹ ਕਰ ਸਕਦਾ ਹਨ ।ਉਹਨਾਂ ਸਪਸ਼ਟ ਕੀਤਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹੁਰਾਂ ਵਲੋਂ ਰਾਜਸੀ ਦ੍ਰਿੜ੍ਹ ਇੱਛਾ ਸ਼ਕਤੀ ਨਾਲ ਵਿੱਢੇ ਯੁੱਧ ਨਸ਼ਿਆਂ ਵਿਰੁੱਧ ਦੇ ਮੱਦੇਨਜ਼ਰ ਨਸ਼ਿਆਂ ਦੀ ਕਾਲੀ ਕਮਾਈ ਨਾਲ ਪੰਜਾਬ 'ਚ ਸਿਆਸਤ ਕਰਨ ਅਤੇ ਸੱਤਾ ਹਾਸਲ ਕਰਨ ਵਾਲਿਆਂ ਦੇ ਦਿਨ ਹੁਣ ਪੁੱਗ ਗਏ ਹਨ, ਕਿਉਂਕਿ ਕੌਮੀ ਤੇ ਕੌਮਾਂਤਰੀ ਨਸ਼ਾ ਤਸਕਰਾਂ ਦੀ ਪੁਸ਼ਤਪਨਾਹੀ ਕਰਨ ਵਾਲੇ ਸਿਆਸਤਦਾਨ ਜਰਨੈਲਾਂ ਨੂੰ ਵੀ ਗ੍ਰਿਫਤਾਰ ਕਰਕੇ ਜੇਲ੍ਹਾਂ 'ਚ ਡੱਕਿਆ ਗਿਆ ਹੈ, ਜਿਨ੍ਹਾਂ ਕੋਲੋਂ ਪੁੱਛਗਿੱਛ ਕਰਨ ਲਈ ਬੀਤੇ 'ਚ ਪ੍ਰਸ਼ਾਸ਼ਨਿਕ ਅਧਿਕਾਰੀ ਕੰਬਦੇ ਹੁੰਦੇ ਸਨ। ਯਾਤਰਾਵਾਂ ਤੇ ਰੈਲੀਆਂ ਨੂੰ ਸਫਲਤਾ ਤੱਕ ਅੰਜਾਮ ਦੇਣ 'ਚ ਖੁਸ਼ਪਾਲ ਸਿੰਘ, ਹਲਕਾ ਪੱਧਰੀ ਸਿੱਖਿਆ ਕੋਆਰਡੀਨੇਟਰ ਅਮਨਦੀਪ ਕੌਰ ਧਾਲੀਵਾਲ, ਨਗਰ ਪੰਚਾਇਤ ਪ੍ਰਧਾਨ ਭੱਟੀ ਜਸਪਾਲ ਸਿੰਘ ਢਿੱਲੋਂ, ਸ਼ਹਿਰੀ ਪ੍ਰਧਾਨ ਤੇ ਚੇਅਰਮੈਨ ਅਮਿਤ ਔਲ, ਬਲਾਕ ਪ੍ਰਧਾਨ ਦਵਿੰਦਰ ਮਹਿਲਾ ਵਿੰਗ ਜ਼ਿਲ੍ਹਾ ਪ੍ਰਧਾਨ ਗੀਤਾ ਗਿੱਲ, ਮਹਿਲਾ ਵਿੰਗ ਹਲਕਾ ਕੋਆਰਡੀਨੇਟਰ ਗੁਰਦੀਪ ਕੌਰ ਦੀ ਅੰਮ੍ਰਿਤਪੁਰੀ ਅਜੇ ਕੁਮਾਰ, ਸ਼ਮਸ਼ੇਰ ਸਿੰਘ ਸ਼ੇਰਾ ਵੀ ਸ਼ਾਮਲ ਹੋਏ।




**• ਵਿਧਾਇਕ ਧਾਲੀਵਾਲ ਨੇ ਅਜਨਾਲਾ ਸ਼ਹਿਰ 'ਚ ਕੀਤੀਆਂ ਨਸ਼ਾ ਮੁਕਤੀ ਯਾਤਰਾਵਾਂ**

## ਸਾਉਣ ਮਹੀਨੇ ਦੇ ਮੌਕੇ ਵਿਦਿਆਰਥੀਆਂ ਨੂੰ ਖਾਣ-ਪੀਣ ਦੀ ਸਮੱਗਰੀ ਵੰਡੀ

**ਅੰਮ੍ਰਿਤਸਰ (ਅਰੋੜਾ)**- ਮਹਾਨਗਰ ਵਿਖੇ ਸ਼ਲਾਘਾਯੋਗ ਕੰਮ ਕਰਨ ਵਾਲੀ ਲੋੜਵੰਦ ਪਰਵਾਰਾਂ ਦੇ ਵਿਦਿਆਰਥੀਆਂ ਨੂੰ ਸਿੱਖਿਆ ਦੇ ਨਾਲ ਨਾਲ ਮੁਫ਼ਤ ਪੁਸਤਕਾਂ, ਕੱਪੜੇ ਅਤੇ ਖਾਣ ਪੀਣ ਦੀ ਸਮੱਗਰੀ ਵੰਡ ਕੇ ਉਨ੍ਹਾਂ ਨੂੰ ਆਤਮ ਨਿਰਭਰ ਬਣਾ ਰਹੀ ਏ.ਆਈ.ਸੀ.ਈ ਸੋਸਾਇਟੀ ਰਜਿ. ਵੱਲੋਂ ਸਾਉਣ ਮਹੀਨੇ ਦੇ ਮੌਕੇ ਖਾਸਾ ਸਮਾਗਮ ਸੋਸਾਇਟੀ ਦੇ ਪੈਟਰਨ ਰੋਟਰੀ ਦੇ ਸਾਬਕਾ ਸਹਾਇਕ ਗਵਰਨਰ ਰਸਜੀਤ ਸਿੰਘ ਖੇੜਾ ਦੀ ਪ੍ਰਧਾਨਗੀ ਹੇਠ ਕਰਵਾਇਆ ਗਿਆ। ਸਮਾਗਮ ਵਿੱਚ ਪੰਜਾਬ ਐਂਡ ਸਿੰਧ ਬੈਂਕ ਬ੍ਰਾਂਚ ਛੇਹਰਟਾ ਦੇ ਸੀਨੀਅਰ ਮੈਨੇਜਰ ਕਰੁਨੇਸ਼ ਕੁਮਾਰ ਅਤੇ ਮੈਨੇਜਰ ਅਭਿਸ਼ੇਕ ਮੁੱਖ ਮਹਿਮਾਨ ਅਤੇ ਰੋਟਰੀ ਦੀ ਸੀਨੀਅਰ ਮੈਨੇਜਰ ਸਮਾਜ ਸੇਵਿਕਾ ਮਨਿੰਦਰ ਕੌਰ ਖਾਸ ਮਹਿਮਾਨ ਦੇ ਤੌਰ ਤੇ ਸ਼ਾਮਿਲ ਹੋਈ। ਸਮਾਗਮ ਵਿੱਚ ਰਸਜੀਤ ਸਿੰਘ ਖੇੜਾ ਅਤੇ ਆਏ ਹੋਏ ਮਹਿਮਾਨਾਂ ਨੇ ਸਾਉਣ ਮਹੀਨੇ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ। ਮਨਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਲੜਕੀਆਂ ਨੂੰ ਆਤਮ ਨਿਰਭਰ ਹੋਣਾ ਬਹੁਤ ਜ਼ਰੂਰੀ ਹੈ। ਲੜਕੀਆਂ ਨੂੰ ਕੰਪਿਊਟਰ ਸਿੱਖਿਆ ਦੇ ਨਾਲ ਨਾਲ ਪੜ੍ਹ ਲਿਖ ਕੇ ਆਪਣੇ ਪਰਵਾਰ ਦੀ ਰੀੜ੍ਹ ਦੀ ਹੱਡੀ ਬਣਨ ਦੀ ਕੋਸ਼ਿਸ਼ ਕਰਨੀ ਚਾਹੀਦੀ। ਮੁੱਖ ਮਹਿਮਾਨ ਕਰੁਨੇਸ਼ ਕੁਮਾਰ ਨੇ ਕਿਹਾ ਕਿ ਅੱਜ ਦੇ ਇਸ ਆਧੁਨਿਕ ਯੁੱਗ ਵਿੱਚ ਕੰਪਿਊਟਰ ਸਿੱਖਿਆ ਬਹੁਤ ਜ਼ਰੂਰੀ ਹੈ ਚਾਹੇ ਤੁਸੀਂ ਕਿੰਨੀ ਵੀ ਉੱਚ ਸਿੱਖਿਆ ਪ੍ਰਾਪਤ ਕਰੋ ਪਰ ਜੇਕਰ ਤੁਹਾਨੂੰ ਕੰਪਿਊਟਰ ਦੀ ਜਾਣਕਾਰੀ ਨਹੀ ਹੈ ਤਾਂ ਸਭ ਕੁੱਝ ਅਧੂਰਾ ਹੈ। ਸੋਸਾਇਟੀ ਵੱਲੋਂ ਮੁੱਖ ਮਹਿਮਾਨ ਅਤੇ ਖਾਸ ਮਹਿਮਾਨਾਂ ਨੂੰ ਸਨਮਾਨਤ ਵੀ ਕੀਤਾ ਗਿਆ। ਸਮਾਗਮ ਵਿੱਚ ਮਾਰਕਿਟ ਯੂਨੀਅਨ ਦੇ ਪ੍ਰਧਾਨ ਨਰੇਸ਼ ਰਾਣਾ, ਸਮਾਜ ਸੇਵਕ ਜਸਪਾਲ ਸਿੰਘ ਲੰਬ, ਰਸ਼ਪਾਲ ਸਿੰਘ, ਡਾ. ਰਾਜੇਸ਼ ਅਰੋੜਾ , ਮੁੱਖ ਅਧਿਆਪਕ ਕਮਲਦੀਪ ਕੌਰ, ਪੂਨੀਤ ਕੌਰ, ਪ੍ਰੀਤੀ ਮੈਡਮ, ਨੇਹਾ ਮੈਡਮ ਸਹਿਤ ਖੇਤਰ ਦੇ ਪਤਵੰਤੇ ਮੌਜੂਦ ਸਨ।



## ਸੰਤ ਸਿੰਘ ਸੁੱਖਾ ਸਿੰਘ ਸਕੂਲ ਵਿੱਚ ਸਾਵਣ ਮੇਲਾ ਮਨਾਇਆ



**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**- ਸੰਤ ਸਿੰਘ ਸੁੱਖਾ ਸਿੰਘ ਮਾਡਰਨ ਹਾਈ ਸਕੂਲ ਵਿੱਚ ਸਾਵਣ ਮੇਲਾ ਮਨਾਇਆ ਗਿਆ ਤੇ ਸਕੂਲ ਵਿੱਚ ਬੱਚਿਆਂ ਤੇ ਬੱਚੀਆਂ ਵਲੋਂ ਖੂਬ ਭੰਗੜਾ ਤੇ ਗਿੱਧਾ ਪਾ ਕੇ ਮਨੋਰੰਜਨ ਕੀਤਾ ਗਿਆ। ਬੱਚਿਆਂ ਦੇ ਖਾਣ ਪੀਣ ਲਈ ਬਰਗਰ, ਟਿੱਕੀਆਂ, ਨਿਊਡਲ, ਪੌਪਕੌਨ, ਗੋਲਗੱਪੇ, ਆਈਸਕਰੀਮ ਦੇ ਸਟਾਲ ਲਗਾਏ ਗਏ। ਇਸ ਮੌਕੇ ਪ੍ਰਿੰਸੀਪਲ ਕੁਲਬੀਰ ਕੌਰ, ਪਰਮਜੀਤ ਸਿੰਘ, ਮੈਡਮ ਪ੍ਰਦੀਪ ਕੌਰ, ਕੁਲਦੀਪ ਕੌਰ, ਜੋਬਨਪ੍ਰੀਤ ਕੌਰ, ਡਿੰਪੀ ਸਰ, ਗੁਰਵਿੰਦਰ ਸਿੰਘ, ਸਰਬਜੀਤ ਕੌਰ, ਰਾਜਵਿੰਦਰ ਕੌਰ, ਦਲਜੀਤ ਕੌਰ, ਊਸ਼ਾ, ਸੁਖਰਾਜ ਕੌਰ, ਮੈਡਮ ਬਲਜੀਤ ਕੌਰ, ਮੈਡਮ ਮਨਪ੍ਰੀਤ ਕੌਰ ਸ਼ਾਮਲ ਸਨ।

ਨਵਾਂ ਜ਼ਮਾਨਾ
ਸ਼ੁੱਕਰਵਾਰ, 8 ਅਗਸਤ 2025

# ਕੁਦਰਤ ਨਾਲ ਖਿਲਵਾੜ

ਬੀਤੇ ਕੁਝ ਸਾਲਾਂ ਤੋਂ ਉੱਤਰਾਖੰਡ ਤੇ ਹਿਮਾਚਲ ਪ੍ਰਦੇਸ਼ ਵਿੱਚ ਬੱਦਲ ਫਟਣ ਤੇ ਪਹਾੜ ਖਿਸਕਣ ਨਾਲ ਤਬਾਹੀ ਦੀਆਂ ਘਟਨਾਵਾਂ ਵਾਰ-ਵਾਰ ਹੋ ਰਹੀਆਂ ਹਨ ਅਤੇ ਹਰ ਵਾਰ ਇਹ ਸਵਾਲ ਉੱਠਦਾ ਹੈ ਕਿ ਵਿਕਾਸ ਦੇ ਨਾਂਅ 'ਤੇ ਵਿਨਾਸ਼ ਨੂੰ ਸੱਦਾ ਦਿੱਤਾ ਜਾ ਰਿਹਾ ਹੈ। ਦੋਹਾਂ ਰਾਜਾਂ ਵਿੱਚ ਵਿਕਾਸ ਦੇ ਨਾਂਅ 'ਤੇ ਸੜਕਾਂ, ਪੁਲਾਂ ਤੇ ਬੁਨਿਆਦੀ ਢਾਂਚਿਆਂ ਦਾ ਨਿਰਮਾਣ ਤੇਜ਼ੀ ਨਾਲ ਹੋ ਰਿਹਾ ਹੈ। ਪਿਛਲੇ 20 ਸਾਲਾਂ ਵਿੱਚ ਉੱਤਰਾਖੰਡ 'ਚ 50 ਹਜ਼ਾਰ ਕਿੱਲੋਮੀਟਰ ਸੜਕਾਂ ਬਣੀਆਂ, ਜਿਨ੍ਹਾਂ ਨਾਲ 200 ਕਰੋੜ ਘਣ-ਮੀਟਰ ਮਲਬਾ ਨਿਕਲਿਆ। ਇਸ ਮਲਬੇ ਨੂੰ ਸਹੀ ਤਰ੍ਹਾਂ ਬਿਲੇ ਨਹੀਂ ਲਾਇਆ ਗਿਆ ਤੇ ਮੀਂਹ ਵਿੱਚ ਇਹ ਨਦੀਆਂ-ਨਾਲਿਆਂ ਵਿੱਚ ਵਹਿ ਕੇ ਤਬਾਹੀ ਮਚਾਉਂਦਾ ਹੈ। ਸੈਰ-ਸਪਾਟੇ ਨੂੰ ਬੜ੍ਹਾਵਾ ਦੇਣ ਲਈ ਨਦੀਆਂ-ਨਾਲਿਆਂ ਦੇ ਕੰਢੇ ਹੋਟਲ, ਹੋਮਸਟੇਅ ਤੇ ਰਿਜ਼ਾਰਟ ਬਣਾਏ ਜਾ ਰਹੇ ਹਨ। ਉੱਤਰਾਖੰਡ ਦੇ ਧਰਾਲੀ ਵਿੱਚ ਵੀ ਖੀਰ ਗੰਗਾ ਨਦੀ ਦੇ ਕੰਢੇ ਕਈ ਮੰਜ਼ਲਾਂ ਇਮਾਰਤਾਂ ਸਨ, ਜਿਹੜੀਆਂ ਪਿਛਲੇ ਦਿਨੀਂ ਹੜ੍ਹ ਵਿੱਚ ਵਹਿ ਗਈਆਂ। ਨਦੀਆਂ ਕੰਢੇ ਨਾਜਾਇਜ਼ ਉਸਾਰੀਆਂ ਤੇ ਜੰਗਲਾਂ ਦੀ ਕਟਾਈ ਨੇ ਅਜਿਹੀਆਂ ਆਫਤਾਂ ਨੂੰ ਹੋਰ ਗੰਭੀਰ ਬਣਾ ਦਿੱਤਾ ਹੈ।

ਉੱਤਰਾਖੰਡ ਦਾ ਸਭ ਤੋਂ ਵੱਡਾ ਰੇਲ ਪ੍ਰੋਜੈਕਟ ਰਿਸ਼ੀਕੇਸ਼-ਕਰਣਪ੍ਰਯਾਗ ਰੇਲ ਲਾਈਨ ਹੈ, ਜਿਹੜੀ 125.2 ਕਿੱਲੋਮੀਟਰ ਲੰਮੀ ਹੈ। ਇਹ ਦੇਹਰਾਦੂਨ, ਟੀਹਰੀ, ਪੌੜੀ, ਰੁਦਰਪ੍ਰਯਾਗ ਤੇ ਚਮੋਲੀ ਜ਼ਿਲ੍ਹਿਆਂ ਨੂੰ ਜੋੜੇਗੀ। ਇਸ ਦਾ ਉਦੇਸ਼ ਚਾਰਧਾਮ ਯਾਤਰਾ ਨੂੰ ਆਸਾਨ ਬਣਾਉਣਾ ਤੇ ਸੈਰਸਪਾਟੇ ਨੂੰ ਬੜ੍ਹਾਵਾ ਦੇਣਾ ਹੈ। ਇਸ ਵਿੱਚ 12 ਸਟੇਸ਼ਨ ਤੇ 17 ਸੁਰੰਗਾਂ ਸ਼ਾਮਲ ਹਨ ਤੇ 2025 ਵਿੱਚ ਇਹ ਪ੍ਰੋਜੈਕਟ ਮੁਕੰਮਲ ਕੀਤਾ ਜਾਣਾ ਹੈ, ਪਰ ਇਸ ਪ੍ਰੋਜੈਕਟ ਦੀ ਸੂਬੇ ਦੇ ਲੋਕਾਂ ਨੂੰ ਪਰਿਆਵਰਣ ਦੇ ਭਾਰੀ ਨੁਕਸਾਨ ਵਜੋਂ ਕੀਮਤ ਚੁਕਾਉਣੀ ਪੈਣੀ ਹੈ। ਸੁਰੰਗ ਪੁੱਟਣ ਲਈ ਕੀਤੇ ਜਾਂਦੇ ਧਮਾਕਿਆਂ ਨਾਲ ਟੀਹਰੀ ਜ਼ਿਲ੍ਹੇ ਦੇ ਦੋਗੀ ਪੱਟੀ ਵਰਗੇ ਖੇਤਰਾਂ ਵਿੱਚ ਪਾਣੀ ਦੇ ਸੋਮੇ ਸੁੱਕ ਗਏ ਹਨ। ਧਮਾਕਿਆਂ ਕਾਰਨ ਪਹਾੜ ਖਿਸਕਣ ਦੀਆਂ ਘਟਨਾਵਾਂ ਵਧ ਰਹੀਆਂ ਹਨ ਤੇ ਮਲਬਾ ਨਦੀਆਂ ਵਿੱਚ ਜਮ੍ਹਾਂ ਹੋ ਕੇ ਤਬਾਹੀ ਨੂੰ ਹੋਰ ਵਧਾ ਰਿਹਾ ਹੈ। 56 ਹਜ਼ਾਰ ਦਰੱਖਤ ਵੱਢ ਦਿੱਤੇ ਗਏ ਹਨ। ਮਾਹਰਾਂ ਵੱਲੋਂ ਇਸ ਤਬਾਹੀ ਬਾਰੇ ਵਾਰ-ਵਾਰ ਚਿਤਾਵਨੀਆਂ ਦੇਣ ਦੇ ਬਾਵਜੂਦ ਸਰਕਾਰਾਂ ਕੋਈ ਪਰਵਾਹ ਨਹੀਂ ਕਰ ਰਹੀਆਂ।

1990 ਦੇ ਦਹਾਕੇ ਵਿੱਚ ਉੱਤਰਾਖੰਡ ਨੂੰ ਵੱਖਰਾ ਰਾਜ ਬਣਾਉਣ ਲਈ ਕੀਤੇ ਗਏ ਅੰਦੋਲਨ ਵਿੱਚ ਪਰਿਆਵਰਣ ਦੀ ਰਾਖੀ ਪ੍ਰਮੁੱਖ ਮੁੱਦਾ ਸੀ। ਚਿਪਕੋ ਅੰਦੋਲਨ ਤੇ ਟੀਹਰੀ ਬੰਨ੍ਹ ਦੇ ਵਿਰੋਧ ਨੇ ਇਸ ਨੂੰ ਕੌਮੀ ਪਛਾਣ ਦਿੱਤੀ, ਪਰ 9 ਨਵੰਬਰ 2000 ਨੂੰ ਉੱਤਰਾਖੰਡ ਬਣਨ ਦੇ ਬਾਅਦ ਪਰਿਆਵਰਣ ਪਿੱਛੇ ਛੁੱਟ ਗਿਆ। ਵਿਕਾਸ ਦੀ ਦੌੜ ਵਿੱਚ ਸੈਰਸਪਾਟਾ ਤੇ ਬਿਜਲੀ ਉਤਪਾਦਨ ਅੱਗੇ ਆ ਗਏ। ਪਰਿਆਵਰਣ ਦੀ ਰਾਖੀ ਲਈ ਅੰਦੋਲਨ ਕਰਨ ਵਾਲਿਆਂ ਨੂੰ ਤਾਕਤ ਨਾਲ ਦਬਾਅ ਦਿੱਤਾ ਗਿਆ। ਧਰਾਲੀ ਦੀ ਤਬਾਹੀ ਨੇ ਫਿਰ ਚੇਤੇ ਕਰਾਇਆ ਹੈ ਕਿ ਕੁਦਰਤ ਨਾਲ ਖਿਲਵਾੜ ਦੀ ਭਾਰੀ ਕੀਮਤ ਚੁਕਾਉਣੀ ਪੈਂਦੀ ਹੈ। ਵਿਕਾਸ ਤੇ ਪਰਿਆਵਰਣ ਵਿਚਾਲੇ ਸੰਤੁਲਨ ਜ਼ਰੂਰੀ ਹੈ। ਮੌਸਮ ਦੇ ਬਿਹਤਰ ਪੂਰਵ ਅਨੁਮਾਨ, ਜੰਗਲਾਂ ਦੀ ਰਾਖੀ ਤੇ ਮਲਬੇ ਦੇ ਸਹੀ ਨਿਬੇੜੇ ਨਾਲ ਹੀ ਆਫਤਾਂ ਤੋਂ ਬਚਿਆ ਜਾ ਸਕਦਾ ਹੈ। ਵਿਕਾਸ ਦੀ ਧਾਰਨਾ 'ਤੇ ਨਜ਼ਰਸਾਨੀ ਕਰਨ ਦੀ ਫੌਰੀ ਲੋੜ ਹੈ, ਨਹੀਂ ਤਾਂ ਤਬਾਹੀ ਨਹੀਂ ਰੁਕਣੀ।

## ਪਾਠਕ-ਸੱਥ

### ਅਲਾਮਤਾਂ 'ਚ ਫਸਿਆ ਪੰਜਾਬ

ਕੀ ਸੱਚੀਂ-ਮੁੱਚੀਂ ਗੋਲੀਆਂ, ਚਿੱਟਾ, ਅਵਾਰਾ ਕੁੱਤਿਆਂ ਤੇ ਅਵਾਰਾ ਡੰਗਰਾਂ ਨੇ ਪੰਜਾਬ ਦੇ ਲੋਕਾਂ ਨੂੰ ਮਾਰਨ ਦਾ ਠੇਕਾ ਚੁੱਕ ਲਿਆ ਹੈ। ਬੜੇ ਦੁਖੀ ਹਿਰਦੇ ਨਾਲ ਇਹ ਕਹਿਣਾ ਪੈ ਰਿਹਾ ਹੈ ਕਿ ਅੱਜ ਕੋਈ ਵੀ ਪੰਜਾਬੀ ਆਪਣੇ ਘਰ 'ਚ ਸੁਰੱਖਿਅਤ ਨਹੀਂ। ਦਰਿੰਦੇ ਕਿਸੇ ਨੂੰ ਵੀ ਬਖਸ਼ ਨਹੀਂ ਰਹੇ। ਜਿਸ ਨੂੰ ਵੇਖਦੇ ਹਨ, ਉਹਨਾਂ ਨੂੰ ਗੋਲੀਆਂ ਨਾਲ ਭੁੰਨ ਕੇ ਸੁੱਟ ਦਿੰਦੇ ਹਨ। ਪੰਜਾਬ 'ਚ ਗੋਲੀ ਕਲਚਰ ਏਨਾ ਕੁ ਵਧ ਗਿਆ ਹੈ ਕਿ ਜਿਸ ਦਾ ਅੰਦਾਜ਼ਾ ਲਾਉਣਾ ਹੀ ਮੁਸ਼ਕਲ ਹੋ ਗਿਆ ਹੈ। ਭਾਵੇਂ ਸੜਕਾਂ 'ਤੇ ਜਾਂਦਾ ਤੇ ਉੱਥੇ ਵੀ ਸੁਰੱਖਿਅਤ ਨਹੀਂ। ਨਸ਼ਾ ਸ਼ਰੇਆਮ ਵਿਕ ਰਿਹਾ ਹੈ। ਨਸ਼ੇ ਦੇ ਸੌਦਾਗਰਾਂ ਦੇ ਸਪਲਾਇਰ ਘਰ-ਘਰ ਨਸ਼ੇ ਦੀ ਡਲਿਵਰੀ ਪਹੁੰਚਾ ਰਹੇ ਹਨ। ਨੌਜਵਾਨ ਨਸ਼ੇ ਦੇ ਟੀਕੇ ਲਾ ਕੇ ਧੁੱਤ ਹੋਏ ਆਮ ਵੇਖੇ ਜਾ ਸਕਦੇ ਹਨ। ਹੁਣ ਦੱਸੋ ਕੋਈ ਜਾਵੇ ਤੇ ਕਿੱਧਰ ਨੂੰ ਜਾਵੇ। ਬੇਸ਼ੱਕ ਸਰਕਾਰਾਂ ਆਪਣੇ ਤਰੀਕੇ ਨਾਲ ਨਸ਼ਾ ਰੋਕਣ ਦੇ ਢੰਗ-ਤਰੀਕੇ ਅਪਣਾ ਰਹੀਆਂ ਹਨ, ਪਰ ਫਿਰ ਵੀ ਨਸ਼ਾ ਰੁਕਣ ਦਾ ਨਾਂ ਨਹੀਂ ਲੈ ਰਿਹਾ। ਸੜਕਾਂ 'ਤੇ ਅਵਾਰਾ ਪਸ਼ੂਆਂ ਨੇ ਰਾਹਗੀਰਾਂ ਨੂੰ ਪ੍ਰੇਸ਼ਾਨ ਕੀਤਾ ਹੋਇਆ ਹੈ। ਸਰਕਾਰ ਉਸ ਦਾ ਕੋਈ ਪੱਕਾ ਉਪਾਅ ਨਹੀਂ ਲੱਭ ਸਕੀ। ਬਜ਼ਾਰਾਂ ਵਿੱਚ ਜਦੋਂ ਡੰਗਰ ਆਪਸ 'ਚ ਭਿੜਦੇ ਹਨ ਫਿਰ ਤਾਂ ਅਨੇਕਾਂ ਲੋਕਾਂ ਦਾ ਜਾਨੀ ਤੇ ਮਾਲੀ ਨੁਕਸਾਨ ਬੇਹੱਦ ਹੋ ਜਾਂਦਾ ਹੈ। ਜਿਸ ਦੀ ਭਰਪਾਈ ਕੋਈ ਵੀ ਨਹੀਂ ਕਰਦਾ। ਪਤਾ ਨਹੀਂ ਕਿੰਨੇ ਕੁ ਲੋਕਾਂ ਦੇ ਐਕਸੀਡੈਂਟ ਅਵਾਰਾ ਪਸ਼ੂਆਂ ਨੇ ਕਰਵਾ ਦਿੱਤੇ ਹਨ। ਕਿੰਨੇ ਕੁ ਘਰਾਂ ਦੇ ਚਿਰਾਗ ਸੜਕਾਂ 'ਤੇ ਬੁਝ ਗਏ ਹਨ। ਜੇਕਰ ਗੱਲ ਅਵਾਰਾ ਕੁੱਤਿਆਂ ਦੀ ਕਰੀਏ ਤਾਂ ਘੱਟ ਉਹ ਵੀ ਨਹੀਂ ਕਰ ਰਹੇ। ਕਈ ਘਰਾਂ ਦੇ ਬੱਚੇ ਉਹਨਾਂ ਦੀ ਭੇਟ ਚੜ੍ਹ ਚੁੱਕੇ ਹਨ। ਕਈ ਬਜ਼ੁਰਗਾਂ ਨੂੰ ਖ਼ਤਮ ਕਰ ਚੁੱਕੇ ਹਨ। ਜਦੋਂ ਕੋਈ ਹਾਦਸਾ ਵਾਪਰ ਜਾਂਦਾ ਹੈ, ਫਿਰ ਪ੍ਰਸ਼ਾਸਨ ਵੱਲੋਂ ਇੱਕੋ ਹੀ ਗੱਲ ਸੁਣਨ ਨੂੰ ਮਿਲਦੀ ਹੈ ਕਿ ਇਸ ਦਾ ਅਸੀਂ ਬਹੁਤ ਜਲਦੀ ਹੱਲ ਕੱਢ ਲਾਵਾਂਗੇ, ਪਰ ਕਿਸੇ ਵੀ ਸਰਕਾਰ ਨੇ ਇਹਨਾਂ ਚਾਰਾਂ ਚੀਜ਼ਾਂ ਦਾ ਠੋਸ ਹੱਲ ਨਹੀਂ ਕੱਢਿਆ, ਬਸ ਅਸੀਂ ਇਹੋ ਹੀ ਕਹਿ ਸਕਦੇ ਹਾਂ ਕਿ ਪੰਜਾਬ ਦੇ ਲੋਕਾਂ ਨੂੰ ਗੋਲੀਆਂ, ਚਿੱਟਾ, ਅਵਾਰਾ ਕੁੱਤਿਆਂ ਤੇ ਅਵਾਰਾ ਡੰਗਰਾਂ ਨੇ ਮਾਰਨ ਦਾ ਠੇਕਾ ਚੁੱਕ ਲਿਆ ਹੈ।

-ਸੂਬੇਦਾਰ ਜਸਵਿੰਦਰ ਸਿੰਘ ਭੁਲੇਰੀਆ ਮਮਦੋਟ, 75891-55501

ਬਰਸੀ 'ਤੇ ਵਿਸ਼ੇਸ਼

# ਚੇਤਿਆਂ 'ਚ ਹਮੇਸ਼ਾ ਰਹਿਣਗੇ ਕਾਮਰੇਡ ਮਨਜੀਤ ਸਿੰਘ ਲਾਲੀ

ਅਵਤਾਰ ਲੰਗੇਰੀ



ਕੁਝ ਵਿਰਲੇ ਮਨੁੱਖ ਹੀ ਹੁੰਦੇ ਸਨ, ਜੋ ਆਪਣਿਆਂ ਦੇ ਨਾਲ-ਨਾਲ ਦੂਜਿਆਂ ਲਈ ਵੀ ਕੁਝ ਅਜਿਹਾ ਕਰ ਗੁਜ਼ਰਦੇ ਹਨ, ਜਿਸ ਦੀਆਂ ਪੈੜਾਂ ਅਮਿੱਟ ਹੋ ਨਿਬੜਦੀਆਂ ਹਨ। ਅਜਿਹੀ ਹੀ ਇੱਕ ਮਾਣਮੱਤੀ ਸ਼ਖ਼ਸੀਅਤ ਕਾਮਰੇਡ ਮਨਜੀਤ ਸਿੰਘ ਲਾਲੀ ਨੇ ਜ਼ਿਲ੍ਹਾ ਹੁਸ਼ਿਆਰਪੁਰ ਦੇ ਪਿੰਡ ਲੰਗੇਰੀ ਵਿੱਚ ਸੰਨ 1940 ਵਿੱਚ ਮਾਤਾ ਸ੍ਰੀਮਤੀ ਦਲੀਪ ਕੌਰ ਅਤੇ ਪਿਤਾ ਸੁਤੰਤਰਤਾ ਸੈਨਾਨੀ ਗਿਆਨੀ ਮੇਹਰ ਸਿੰਘ ਦੇ ਘਰ ਜਨਮ ਲਿਆ। ਉਮਰ ਦੇ 80 ਵਰ੍ਹੇ ਪੂਰੇ ਕਰਦਿਆਂ ਉਹ 8 ਅਗਸਤ 2020 ਨੂੰ ਹਮੇਸ਼ਾ ਲਈ ਸਾਨੂੰ ਸਭ ਨੂੰ ਅਲਵਿਦਾ ਕਹਿ ਗਏ। ਪਰਬਤੋਂ ਭਾਰੀ ਮੌਤ ਨੂੰ ਗਲੇ ਲਗਾ ਮੌਤ ਦੀ ਆਗੋਸ਼ ਵਿੱਚ ਜਾ ਸੁੱਤੇ ਬਹੁਤ ਹੀ ਸਤਿਕਾਰਤ 'ਨਵਾਂ ਜ਼ਮਾਨਾ' ਅਖਬਾਰ ਦੇ ਟਰੱਸਟੀ ਅਤੇ ਲਗਭਗ ਪੌਣੇ ਤਿੰਨ ਦਹਾਕੇ ਪਿੰਡ ਲੰਗੇਰੀ ਦੇ ਸਰਪੰਚ ਰਹੇ ਕਾਮਰੇਡ ਮਨਜੀਤ ਸਿੰਘ ਲਾਲੀ। ਮਨਜੀਤ ਸਿੰਘ ਲਾਲੀ ਨੂੰ ਆਪਣੇ ਪਿੰਡ ਨਾਲ ਅੰਤਾਂ ਦਾ ਮੋਹ ਸੀ ਅਤੇ ਪਿੰਡ ਵਾਲਿਆਂ ਨੂੰ ਵੀ ਸੀ ਮਨਜੀਤ ਸਿੰਘ ਲਾਲੀ ਉੱਤੇ ਬਹੁਤ ਵੱਡਾ ਮਾਣ।

ਮਨਜੀਤ ਲਾਲੀ 37 ਸਾਲਾਂ ਦੀ ਉਮਰੇ ਅਮਰ ਸ਼ਹੀਦ ਕਾਮਰੇਡ ਦਰਸ਼ਨ ਸਿੰਘ ਕੈਨੇਡੀਅਨ, ਜਿਹੜਾ ਖ਼ੁਦ ਕੈਨੇਡਾ ਦੀ ਸਹੂਲਤਾਂ ਭਰੀ ਜ਼ਿੰਦਗੀ ਨੂੰ ਛੱਡ ਕੇ ਆਪਣੇ ਵਤਨ ਪਰਤ ਆਇਆ ਸੀ, ਉਨ੍ਹਾ ਦੇ ਨਕਸ਼ੇ ਕਦਮ 'ਤੇ ਚੱਲਦਿਆਂ ਉਸ ਸਮੇਂ ਇੰਗਲੈਂਡ ਦੀ ਸਹੂਲਤਾਂ ਭਰੀ ਜ਼ਿੰਦਗੀ ਛੱਡ ਉਦੋਂ ਪੰਜਾਬ ਪਰਤੇ, ਜਦੋਂ ਪੰਜਾਬ ਪੂਰੀ ਤਰ੍ਹਾਂ ਅੱਤਵਾਦ ਦੀ ਭੱਠੀ ਵਿੱਚ ਝੁਲਸ ਰਿਹਾ ਸੀ।

ਮਨਜੀਤ ਲਾਲੀ ਇੰਗਲੈਂਡ ਵਿਚ ਪੌਂਡ ਕਮਾਉਣ ਵਾਲਾ ਹੀ ਨਹੀਂ ਸੀ, ਸਗੋਂ ਉਹ ਉੱਥੇ ਚਿੰਤਕਾਂ ਪੰਡਤ ਵਿਸ਼ਨੂੰ ਦੱਤ ਸ਼ਰਮਾ ਅਤੇ ਕਾਮਰੇਡ ਹਰਦੀਪ ਦੂਹੜੇ ਵਰਗਿਆਂ ਸੰਗ ਭਾਰਤੀ ਕਾਮਿਆਂ ਦੇ ਹਿੱਤਾਂ ਲਈ ਉਥੇ ਵੀ ਜੂਝ ਰਿਹਾ ਸੀ ਅਤੇ ਉਸ ਵੇਲੇ ਦੀ ਚਰਚਿਤ ਹਸਤੀ ਬਣ ਰਿਹਾ ਸੀ ਕਾਮਰੇਡ ਮਨਜੀਤ ਲਾਲੀ। ਕਾਮਰੇਡ ਦਰਸ਼ਨ ਸਿੰਘ ਕੈਨੇਡੀਅਨ ਦੀ ਸ਼ਹੀਦੀ ਉਪਰੰਤ ਜਦੋਂ ਉਨ੍ਹਾ ਵੱਲੋਂ ਦਰਸ਼ਨ ਸਿੰਘ ਕੈਨੇਡੀਅਨ ਦੀ ਯਾਦ 'ਚ ਸਟੇਡੀਅਮ ਅਤੇ ਸਕੂਲ ਕੰਪਲੈਕਸ ਦੀ ਉਸਾਰੀ ਚੱਲ ਰਹੀ ਸੀ ਤਾਂ ਉਸ ਸਮੇਂ ਅੱਤਵਾਦੀਆਂ ਵੱਲੋਂ ਕਾਮਰੇਡ ਲਾਲੀ ਨੂੰ ਧਮਕੀਆਂ ਭਰੇ ਪੱਤਰ ਮਿਲਦੇ ਰਹੇ ਕਿ ਕੈਨੇਡੀਅਨ ਦੀ ਯਾਦਗਾਰ ਬਣਾਉਣ ਦੇ ਨਾਲ ਆਪਣੀ ਯਾਦਗਾਰ ਬਣਾਉਣ ਬਾਰੇ ਵੀ ਸੋਚ ਲੈਣਾ ਅਤੇ ਆਪਣੇ ਇਕਲੌਤੇ ਪੁੱਤਰ ਬਾਰੇ ਵੀ ਸੋਚ ਲੈ, ਪਰ ਲਾਲੀ ਜੀ ਨੇ ਦੂਰਅੰਦੇਸ਼ੀ ਅਤੇ ਇਨਕਲਾਬੀ ਸੂਝ-ਬੂਝ ਸਦਕਾ ਯਾਦਗਾਰ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਿਆ ਅਤੇ ਲਗਾਤਾਰ ਉਸੇ ਯਾਦਗਰ ਉੱਤੇ ਸਾਥੀ ਕੈਨੇਡੀਅਨ ਦੀ ਬਰਸੀ ਮਨਾਈ ਜਾਂਦੀ ਰਹੀ।


ਆਪਣੇ ਪਿੰਡ ਪਿਤਾ ਅਤੇ ਸ਼ਹੀਦ ਦਰਸ਼ਨ ਸਿੰਘ ਕੈਨੇਡੀਅਨ ਦੀ ਵਿਰਾਸਤ ਨੂੰ ਅੱਗੇ ਵਧਾਉਣ ਲਈ ਲਾਲੀ ਜੀ ਨੇ ਇਨਕਲਾਬੀਆਂ ਸੰਗ ਮੈਦਾਨ ਮੱਲ ਲਿਆ। ਦੋ ਸਾਲਾਂ ਉਪਰੰਤ ਹੀ ਉਹ 39 ਸਾਲਾਂ ਦੀ ਉਮਰੇ ਪਿੰਡ ਦੇ ਸਰਪੰਚ ਬਣੇ ਅਤੇ ਲਾਮਿਸਾਲ ਵਿਕਾਸ ਕਾਰਜ ਕੀਤੇ। ਪਿੰਡ ਦੀ ਸਰਪੰਚੀ ਤੋਂ ਲੈ ਬਲਾਕ ਸੰਮਤੀ ਮੈਂਬਰ, ਜ਼ਿਲ੍ਹਾ ਪਲਾਨਿੰਗ ਬੋਰਡ ਦੇ ਮੈਂਬਰ ਅਤੇ ਇੱਥੋਂ ਤੱਕ ਕਿ ਸਟੇਟ ਪਲਾਨਿੰਗ ਬੋਰਡ ਦੇ ਮੈਂਬਰ ਬਣ ਲੋਕਾਂ ਦੇ ਹਰਮਨ-ਪਿਆਰੇ ਆਗੂ ਬਣੇ। ਉਹ ਇੱਕੋ ਸਮੇਂ ਬਹੁਤ ਸਾਰੀਆਂ ਸੰਸਥਾਵਾਂ ਦੇ ਮੈਂਬਰ ਸਨ। ਵਿਲੇਜ ਲਾਈਫ਼ ਇੰਪਰੂਵਮੈਂਟ ਫਾਊਂਡੇਸ਼ਨ ਲੰਗੇਰੀ, ਪ੍ਰਿੰਸੀਪਲ ਹਰਭਜਨ ਸਿੰਘ ਮੈਮੋਰੀਅਲ ਫੁੱਟਬਾਲ ਕਲੱਬ ਮਾਹਿਲਪੁਰ, ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਦੀ ਮੈਨੇਜਮੈਂਟ ਕਮੇਟੀ, ਕੈਪਟਨ ਹਜ਼ੂਰਾ ਸਿੰਘ ਟਰੱਸਟ ਦੇ ਪ੍ਰਬੰਧਕ ਹੀ ਨਹੀਂ ਸਨ, ਸਗੋਂ ਉਨ੍ਹਾ ਲਗਾਤਾਰ ਪਿੰਡ ਸੁਧਾਰ, ਸਮਾਜ ਸੁਧਾਰ, ਵਿੱਦਿਆ ਦਾਨੀ ਅਤੇ ਖੇਡ ਪ੍ਰਮੋਟਰ ਵਜੋਂ ਵੀ ਉੱਘਾ ਹਿੱਸਾ ਪਾਇਆ।

ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਨਾਲ ਉਹ ਲਗਾਤਾਰ ਜੁੜੇ ਰਹੇ। ਗਦਰੀ ਬਾਬਿਆਂ ਦੇ ਮੇਲੇ ਵਿੱਚ ਆਪਣੇ ਸਮੇਤ ਹੋਰ ਇਨਕਲਾਬੀ ਸਾਥੀਆਂ ਨੂੰ ਨਾਲ ਲੈ ਕੇ ਜਾਣਾ ਅਤੇ ਦਿਲ ਖੋਲ੍ਹ ਕੇ ਮੇਲੇ ਦੀ ਸਹਾਇਤਾ ਕਰਨਾ ਉਹ ਆਪਣਾ ਫ਼ਰਜ਼ ਸਮਝਦੇ ਸਨ। ਪਿੰਡ ਵਿੱਚ ਵੀ ਉਹ ਗਾਹੇ-ਬਗਾਹੇ ਤਰਕਸ਼ੀਲ ਅਤੇ ਇਨਕਲਾਬੀ ਗਤੀਵਿਧੀਆਂ ਅਤੇ ਚਿੰਤਨ ਦੀ ਜੋਤ ਜਗਾਈ ਰੱਖਦੇ। ਪਿੰਡ ਲੰਗੇਰੀ ਲਈ ਉਨ੍ਹਾ ਦੀ ਬਹੁਤ ਵੱਡੀ ਘਾਲਣਾ ਸੀ। ਪਿੰਡ 'ਚ ਜ਼ਮੀਨਦੋਜ਼ ਸੀਵਰੇਜ, ਸੋਲਰ ਲਾਈਟਾਂ, ਕੰਕਰੀਟ ਗਲੀਆਂ, ਭਾਈ ਪਿਆਰਾ ਸਿੰਘ ਗ਼ਦਰੀ ਯਾਦਗਾਰੀ ਪੇਂਡੂ ਡਿਸਪੈਂਸਰੀ, ਪੰਚਾਇਤ ਘਰ ਵਿੱਚ ਦੇਸ਼ ਭਗਤਾਂ ਦੀਆਂ ਤਸਵੀਰਾਂ, ਅੱਠ ਏਕੜ ਵਿੱਚ ਮਿਆਰੀ ਸਰਕਾਰੀ ਐਲੀਮੈਂਟਰੀ ਸਕੂਲ ਅਤੇ ਆਧੁਨਿਕ ਖੇਡ ਸਟੇਡੀਅਮ, ਪਿੰਡ ਦੇ ਸ਼ਾਮਲਾਟੀ ਸਾਂਝੇ ਰਕਬੇ ਵਿਚ ਬਗੀਚੇ ਅਤੇ ਜੰਗਲ, ਪਿੰਡ ਨੂੰ ਤਿੰਨ ਪਾਸਿਉਂ ਘੇਰਦੇ ਬਰਸਾਤੀ ਚੋਅ ਤੇ ਦੋ ਪੁਲ, ਇਕ ਕਾਜਵੇ, ਸ਼ਹੀਦ ਭਗਤ ਸਿੰਘ ਦਾ ਚਾਨਣ ਬਿਖੇਰਦਾ ਬੁੱਤ ਅਤੇ ਸ਼ਹੀਦ ਦਰਸ਼ਨ ਸਿੰਘ ਕੈਨੇਡੀਅਨ ਨੂੰ ਸਮਰਪਿਤ ਪਾਰਕ ਅਤੇ ਪਿੰਡ ਭਾਰਟਾ ਤੋਂ ਗੜ੍ਹਸ਼ੰਕਰ-ਹੁਸ਼ਿਆਰਪੁਰ ਲਿੰਕ ਰੋਡ ਦੀ ਉਸਾਰੀ ਕਰਵਾ ਕੇ ਆਪਣੇ ਕਾਰਜਕਾਲ ਦੀ ਇਤਿਹਾਸਕ ਸਿਰਜਣਾ ਕੀਤੀ। ਉਹ ਆਪਣੇ ਕਾਰਜਕਾਲ ਵਿਚ ਬਤੌਰ ਪ੍ਰਧਾਨ ਸਪੋਰਟਸ ਕਲੱਬ ਲੰਗੇਰੀ ਲਗਾਤਾਰ ਬੱਤੀ ਵਰ੍ਹੇ ਸਾਲਾਨਾ ਫੁੱਟਬਾਲ ਟੂਰਨਾਮੈਂਟ ਅਤੇ ਕਦੇ-ਕਦੇ ਪੇਂਡੂ ਖੇਡ ਮੇਲੇ ਰਚਾਉਂਦੇ ਰਹੇ। ਉਨ੍ਹਾ ਕਈ ਨਵੀਂਆਂ ਪਿਰਤਾਂ ਵੀ ਪਾਈਆਂ, ਜਿਨ੍ਹਾਂ ਵਿੱਚੋਂ ਮੁੱਖ ਤੌਰ 'ਤੇ ਜਨਰਲ ਅਤੇ ਦਲਿਤ ਬਰਾਦਰੀ ਦੇ ਸ਼ਮਸ਼ਾਨਘਾਟ ਨੂੰ ਸਾਂਝਾ ਕਰਨਾ ਅਤੇ ਮਰਨ ਉਪਰੰਤ ਆਪਣਾ ਸਰੀਰ ਮੈਡੀਕਲ ਖੋਜਾਂ ਲਈ ਦਾਨ ਦੇਣਾ ਅਤੇ ਹੋਰਨਾਂ ਨੂੰ ਪ੍ਰੇਰਨਾ ਦੇ ਕੇ ਸਮਾਜਿਕ ਭਲੇ ਲਈ ਤਿਆਰ ਕਰਨਾ ਗਿਣਨਯੋਗ ਹਨ। ਉਹ ਹਮੇਸ਼ਾ ਗਰੀਬ-ਗੁਰਬੇ ਦੀ ਬਾਂਹ ਫੜਦੇ ਅਤੇ ਕਸੂਰਵਾਰ ਭਾਵੇਂ ਆਪਣਾ ਹੀ ਕਿਉਂ ਨਾ ਹੋਵੇ, ਉਸ ਨੂੰ ਝਿੜਕ ਕੇ ਇਨਸਾਫ਼ ਦਾ ਤਰਾਜ਼ੂ ਸਾਮਾਨ ਰੱਖਦੇ। ਵਾਕਿਆ ਹੀ ਉਹ ਨਿਰਪੱਖ, ਕਰਮਸ਼ੀਲ ਤੇ ਬੇਜੋੜ ਸਰਪੰਚ ਸਨ। ਉਨ੍ਹਾ ਦੁਆਰਾ ਕੀਤੇ ਗਏ ਕੰਮਾਂ ਦੀ ਲੜੀ ਬਹੁਤ ਲੰਮੀ ਹੈ। ਉਨ੍ਹਾ ਦੇ ਕੀਤੇ ਅਨੇਕ ਕਾਰਜਾਂ ਮੂਹਰੇ ਨਤਮਸਤਕ ਹੁੰਦਿਆਂ ਅਖੀਰ ਵਿੱਚ ਮੈਂ ਤਾਂ ਇਹੀ ਕਹਾਂਗਾ ਕਿ ਨੇਕ ਕਾਰਜਾਂ ਕਰਕੇ ਸਦਾ ਚੇਤਿਆਂ ਵਿੱਚ ਰਹੇਗਾ, ਲੰਗੇਰੀ ਲਈ ਜ਼ਿੰਦਗੀ ਲੇਖੇ ਲਾਉਣ ਵਾਲਾ, ਲੰਗੇਰੀ ਦੀ ਮਿੱਟੀ ਦਾ ਜਾਇਆ, ਮਾਣਮੱਤਾ ਪੁੱਤ ਮਨਜੀਤ ਲਾਲੀ।

**# ਸੰਪਰਕ** : 91 94632-60181
**ਵਟਸਐਪ** : 01 825 96-7 6333

# ਇੰਸਟਾਗ੍ਰਾਮ ਰੀਲਜ਼ ਅਤੇ ਗਲਤ ਜਾਣਕਾਰੀ ਦੀਆਂ ਗਤੀਵਿਧੀਆਂ

ਗੁਰਪ੍ਰੀਤ ਕੌਰ




ਡਿਜੀਟਲ ਯੁੱਗ 'ਚ ਰੀਲਜ਼ ਦੇ ਰੂਪ 'ਚ ਛੋਟੇ ਵੀਡੀਓ ਸਭ ਤੋਂ ਸ਼ਕਤੀਸ਼ਾਲੀ ਸੰਚਾਰ ਦੇ ਸਾਧਨ ਵਜੋਂ ਉੱਭਰੇ ਹਨ। ਇੰਸਟਾਗ੍ਰਾਮ ਰੀਲਜ਼, ਜੋ ਨੌਜਵਾਨ ਪੀੜ੍ਹੀ 'ਚ ਬਹੁਤ ਪ੍ਰਸਿੱਧ ਹਨ, ਨੇ ਤੇਜ਼ੀ ਨਾਲ ਲੋਕਪ੍ਰਿਯਤਾ ਹਾਸਲ ਕੀਤੀ ਹੈ। ਇਹ ਰੀਲਜ਼ ਜ਼ਿਆਦਾ ਆਕਰਸ਼ਕ ਅਤੇ ਗਤੀਸ਼ੀਲ ਹੁੰਦੀਆਂ ਹਨ। ਹਾਲਾਂਕਿ ਮਨੋਰੰਜਨ ਦਾ ਇਹ ਰੂਪ ਹੁਣ ਇੱਕ ਵੱਡਾ ਗਲਤ ਜਾਣਕਾਰੀ ਦਾ ਸਰੋਤ ਬਣ ਰਿਹਾ ਹੈ, ਇਹੋ ਜਿਹੀ ਜਾਣਕਾਰੀ ਜੋ ਜਾਣ-ਬੁੱਝ ਕੇ ਲੋਕਾਂ ਨੂੰ ਭੁਲਾਵੇ ਵਿੱਚ ਪਾਉਣ ਜਾਂ ਗਲਤ ਦਿਸ਼ਾ ਵੱਲ ਮੋੜਨ ਲਈ ਬਣਾਈ ਜਾਂਦੀ ਹੈ ਅਤੇ ਫੈਲਾਈ ਜਾਂਦੀ ਹੈ। ਇੰਸਟਾਗ੍ਰਾਮ ਰੀਲਜ਼ 'ਤੇ ਇੱਕ ਵਧ ਰਹੀ ਗਲਤ ਜਾਣਕਾਰੀ ਦੀ ਮਿਸਾਲ ਉਹ ਵੀਡੀਓ ਹਨ, ਜੋ ਘੱਟ ਯੋਗਤਾਵਾਂ ਨਾਲ ਸਰਕਾਰੀ ਨੌਕਰੀਆਂ ਅਤੇ ਬੇਹੱਦ ਉੱਚੀਆਂ ਤਨਖਾਹਾਂ ਦਾ ਵਾਅਦਾ ਕਰਦੀਆਂ ਹਨ। ਇਹ ਵੀਡੀਓ ਆਮ ਤੌਰ 'ਤੇ ਨਕਲੀ ਨੋਟੀਫਿਕੇਸ਼ਨ ਜਾਂ ਸੋਧੀਆਂ ਗਈਆਂ ਸਰਕਾਰੀ ਵੈਬਸਾਈਟਾਂ ਵਿਖਾ ਕੇ ਲੋਕਾਂ ਨੂੰ ਭਰਤੀ ਲਈ ਉਤਸ਼ਾਹਤ ਕਰਦੀਆਂ ਹਨ, ਜਿਵੇਂ ਕਿ ਭਾਰਤੀ ਰੇਲਵੇ ਜਾਂ ਰੱਖਿਆ ਸੇਵਾਵਾਂ। ਇਨ੍ਹਾਂ ਰੀਲਜ਼ ਵਿੱਚ ਆਮ ਤੌਰ 'ਤੇ ਉਪਭੋਗਤਾਵਾਂ ਨੂੰ ਸ਼ੱਕੀ ਲਿੰਕ ਜਾਂ ਥਰਡ-ਪਾਰਟੀ ਐਪਸ ਰਾਹੀਂ ਜਲਦੀ ਅਰਜ਼ੀ ਦੇਣ ਲਈ ਕਿਹਾ ਜਾਂਦਾ ਹੈ। ਅਸਲ 'ਚ ਇਹ ਵੀਡੀਓ ਲੋਕਾਂ ਦੀ ਨਿੱਜੀ ਜਾਣਕਾਰੀ ਇਕੱਤਰ ਕਰਨ ਜਾਂ ਕਮਾਈ ਵਾਲੇ ਪਲੇਟਫਾਰਮਾਂ ਦੀ ਟ੍ਰੈਫਿਕ ਵਧਾਉਣ ਲਈ ਬਣਾਈਆਂ ਜਾਂਦੀਆਂ ਹਨ। ਇਹ ਸਮੱਗਰੀ ਖਾਸ ਕਰਕੇ ਪੇਂਡੂ ਅਤੇ ਅੱਧ-ਸ਼ਹਿਰੀ ਇਲਾਕਿਆਂ ਵਿੱਚ ਬੇਰੋਜ਼ਗਾਰ ਨੌਜਵਾਨਾਂ ਦੀਆਂ ਉਮੀਦਾਂ ਨਾਲ ਖੇਡਦੀ ਹੈ। ਇੱਕ ਹੋਰ ਚਿੰਤਾਜਨਕ ਰੁਝਾਨ "ਘਰੋਂ ਕੰਮ" ਦੇ ਮੌਕਿਆਂ ਨੂੰ ਬੜ੍ਹਾਵਾ ਦੇਣ ਨਾਲ ਜੁੜਿਆ ਹੋਇਆ ਹੈ, ਜੋ ਘਰੇਲੂ ਮਹਿਲਾਵਾਂ, ਵਿਦਿਆਰਥੀਆਂ ਅਤੇ ਨੌਕਰੀ ਦੀ ਖੋਜ ਕਰ ਰਹੇ ਲੋਕਾਂ ਨੂੰ ਨਿਸ਼ਾਨਾ ਬਣਾਉਂਦਾ ਹੈ। ਇਹ ਰੀਲਜ਼ ਆਮ ਤੌਰ 'ਤੇ ਉੱਚ ਤਨਖਾਹਾਂ ਵਾਲੀਆਂ, ਅਨੁਭਵ-ਰਹਿਤ ਅਤੇ ਤੁਰੰਤ ਸ਼ੁਰੂ ਹੋਣ ਵਾਲੀਆਂ ਨੌਕਰੀਆਂ ਦੀਆਂ ਵਿਗਿਆਪਨ ਦਿਖਾਉਂਦੀਆਂ ਹਨ, ਪਰ ਜਦੋਂ ਦਰਸ਼ਕ ਇਨ੍ਹਾਂ ਨਾਲ ਸੰਪਰਕ ਕਰਦੇ ਹਨ ਤਾਂ ਉਨ੍ਹਾਂ ਤੋਂ ਰਜਿਸਟ੍ਰੇਸ਼ਨ ਫੀਸ ਦੀ ਮੰਗ ਕੀਤੀ ਜਾਂਦੀ ਹੈ ਅਤੇ ਆਖਰ ਵਿਚ ਪਤਾ ਲਗਦਾ ਹੈ ਕਿ ਇਹ ਨੌਕਰੀ ਮੌਜੂਦ ਹੀ ਨਹੀਂ ਸੀ। ਇਹ ਸੋਚ-ਵਿਚਾਰ ਕੇ ਫੈਲਾਈ ਗਈ ਗਲਤ ਜਾਣਕਾਰੀ ਆਰਥਿਕ ਮੁਸ਼ਕਲਾਂ ਦਾ ਫਾਇਦਾ ਚੁਕਦੀ ਹੈ ਅਤੇ ਕਈ ਲੋਕ ਅਸਲ ਦੁਨੀਆ ਵਿੱਚ ਪੈਸਾ ਗਵਾ ਚੁੱਕੇ ਹਨ। ਹਰੇਕ ਗਲਤ ਜਾਣਕਾਰੀ ਨੌਕਰੀਆਂ ਨਾਲ ਸੰਬੰਧਤ ਨਹੀਂ ਹੁੰਦੀ; ਕੁਝ ਰੀਲਜ਼ ਸੈਰ-ਸਪਾਟੇ ਦੀਆਂ ਕਹਾਣੀਆਂ ਰਾਹੀਂ ਵੀ ਭੁਲੇਖਾ ਪੈਦਾ ਕਰਦੀਆਂ ਹਨ। ਕਈ ਰੀਲਜ਼ ਦੱਸਦੀਆਂ ਹਨ ਕਿ ਇੰਡੋਨੇਸ਼ੀਆ ਅਤੇ ਵੀਅਤਨਾਮ ਵਰਗੇ ਦੇਸ਼ਾਂ 'ਚ ਭਾਰਤੀ ਰੁਪਏ ਦੀ ਕਦਰ ਬਹੁਤ ਉੱਚੀ ਹੈ। ਉਹ ਰਚਨਾਕਾਰਾਂ ਨੂੰ ਇਨ੍ਹਾਂ ਦੇਸ਼ਾਂ ਦੀ ਕਰੰਸੀ ਨੂੰ ਵਿਖਾ ਕੇ ਸ਼ਾਨਦਾਰ ਜੀਵਨ ਸ਼ੈਲੀ ਦਿਖਾਉਂਦੇ ਹਨ, ਜਿਵੇਂ ਕਿ ਭਾਰਤੀ ਸੈਲਾਨੀ ਘੱਟ ਖਰਚੇ ਵਿੱਚ ਸ਼ਾਨਦਾਰ ਸੈਰ-ਸਪਾਟਾ ਕਰ ਸਕਦੇ ਹਨ, ਜਦਕਿ ਇਹ ਗੱਲ ਸੱਚ ਹੈ ਕਿ ਇੱਕ ਭਾਰਤੀ ਰੁਪਇਆ ਇੰਡੋਨੇਸ਼ੀਆਈ ਰੁਪਿਆ ਜਾਂ ਵੀਅਤਨਾਮੀ ਡੌਂਗ ਦੇ ਸੈਂਕੜੇ ਜਾਂ ਹਜ਼ਾਰਾਂ 'ਚ ਬਦਲ ਸਕਦਾ ਹੈ, ਪਰ ਉੱਥਲੇ ਸਮਾਨ ਜਾਂ ਸੇਵਾਵਾਂ ਦੀ ਕੀਮਤ ਭਾਰਤ ਵਰਗੀ ਹੀ ਹੁੰਦੀ ਹੈ। ਉਦਾਹਰਨ ਵਜੋਂ, ਭਾਰਤ ਵਿੱਚ 100 ਰੁਪਏ ਦੀ ਖਾਣ-ਪੀਣ ਦੀ ਵਸਤੂ ਇੱਥੇ 30,000 'ਚ ਮਿਲ ਸਕਦੀ ਹੈ। ਇਸ ਤਰ੍ਹਾਂ ਕਰੰਸੀ ਦਾ ਇਹ ਫਾਇਦਾ ਸਿਰਫ ਦਿਖਾਈ ਦਿੰਦਾ ਹੈ। ਅਜਿਹੀਆਂ ਰੀਲਜ਼ ਆਰਥਿਕ ਹਕੀਕਤਾਂ ਨੂੰ ਗਲਤ ਢੰਗ ਨਾਲ ਪੇਸ਼ ਕਰਦੀਆਂ ਹਨ ਅਤੇ ਲੋਕਾਂ ਵਿੱਚ ਭੁਲੇਖਾ, ਗਲਤ ਉਮੀਦਾਂ ਅਤੇ ਆਰਥਿਕ ਨੁਕਸਾਨ ਦਾ ਕਾਰਨ ਬਣਦੀਆਂ ਹਨ। ਇਸ ਲਈ ਅੱਜ ਦੇ ਸਮੇਂ ਦੀ ਲੋੜ ਹੈ ਕਿ ਅਸੀਂ ਇਸ ਨੈਤਿਕ ਚੁਣੌਤੀ ਨੂੰ ਗੰਭੀਰਤਾ ਨਾਲ ਸਮਝੀਏ ਅਤੇ ਮੀਡੀਆ ਸੰਸਥਾਵਾਂ ਦੀ ਭੂਮਿਕਾ ਨੂੰ ਅੱਗੇ ਲੈ ਕੇ ਜਾਈਏ। ਜ਼ਿਆਦਾਤਰ ਸਮੱਗਰੀ ਦਾ ਫੈਲਾਅ ਮੀਡੀਆ ਦੀ ਜਵਾਬਦੇਹੀ ਅਤੇ ਸਮਾਜਿਕ ਜ਼ਿੰਮੇਵਾਰੀ ਦੇ ਨੈਤਿਕ ਮਾਪਦੰਡਾਂ ਨੂੰ ਚੁਣੌਤੀ ਦਿੰਦਾ ਹੈ। ਅੱਜ-ਕੱਲ੍ਹ ਸਮੱਗਰੀ ਬਣਾਉਣ ਵਾਲੇ ਕਲਿੱਕਬੇਟ, ਗਲਤ ਫਹਿਮੀਆਂ ਪੈਦਾ ਕਰਨ ਵਾਲੇ ਕੈਪਸ਼ਨ ਅਤੇ ਸੋਧੀਆਂ ਗਈਆਂ ਵੀਡੀਓਜ਼ ਦਾ ਸਹਾਰਾ ਲੈਂਦੇ ਹਨ। ਇਸ ਦਾ ਇੱਕ ਸਾਫ ਉਦਾਹਰਨ ਉਸ ਵੇਲੇ ਦੇਖਣ ਨੂੰ ਮਿਲਿਆ ਸੀ, ਜਦੋਂ ਭਾਰਤ ਅਤੇ ਪਾਕਿਸਤਾਨ ਵਿੱਚ ਤਣਾਅ ਦੀ ਸਥਿਤੀ ਸੀ, ਪਰ ਮੀਡੀਆ ਦੇ ਸਾਰੇ ਪਲੇਟਫਾਰਮ ਕਿਸੇ ਵੀ ਹਾਲਤ 'ਚ ਜਵਾਬਦੇਹ ਹੋਣੇ ਚਾਹੀਦੇ ਹਨ। ਮੀਡੀਆ ਇੱਕ 'ਓਪੀਨਿਅਨ ਲੀਡਰ' ਵਜੋਂ ਕੰਮ ਕਰਦਾ ਹੈ ਅਤੇ ਦਰਸ਼ਕਾਂ ਦੇ ਮਨ 'ਚ ਇੱਕ ਚਿੱਤਰ ਬਣਾਉਂਦਾ ਹੈ। ਜੇ ਮੀਡੀਆ ਹੀ ਲੋਕਾਂ ਨੂੰ ਗਲਤ ਜਾਣਕਾਰੀ ਦੇਵੇਗਾ ਤਾਂ ਸਮਾਜ ਵਿੱਚ ਘਬਰਾਹਟ ਅਤੇ ਦੁਨੀਆ ਬਾਰੇ ਗਲਤ ਫਹਿਮੀਆਂ ਪੈਦਾ ਹੋਣਗੀਆਂ। ਇੰਸਟਾਗ੍ਰਾਮ ਰੀਲਜ਼, ਜੋ ਕਿ ਅਭਿਵਅਕਤੀ, ਰਚਨਾਤਮਕਤਾ ਅਤੇ ਸਿੱਖਣ ਦਾ ਸ਼ਕਤੀਸ਼ਾਲੀ ਮਾਧਿਅਮ ਹਨ, ਉਨ੍ਹਾਂ ਦੀ ਸਮੱਗਰੀ ਹਕੀਕਤ ਅਤੇ ਪ੍ਰਮਾਣਿਕਤਾ 'ਤੇ ਆਧਾਰਿਤ ਹੋਣੀ ਚਾਹੀਦੀ ਹੈ। ਇਸ ਤਰ੍ਹਾਂ ਜੇ ਇਰਾਦਤਨ ਕੀਤੀ ਗਈ ਗਲਤ ਜਾਂ ਭ੍ਰਮਿਤ ਕਰਨ ਵਾਲੀ ਜਾਣਕਾਰੀ ਨੂੰ ਰੋਕਿਆ ਨਾ ਗਿਆ ਤਾਂ ਇਹ ਪਲੇਟਫਾਰਮ ਆਪਣੇ ਆਪ ਨੂੰ ਇੱਕ ਜਾਣਕਾਰ, ਨੈਤਿਕ ਅਤੇ ਜ਼ਿੰਮੇਵਾਰ ਡਿਜੀਟਲ ਵਾਤਾਵਰਣ ਦੇ ਰੂਪ ਵਿੱਚ ਕਾਇਮ ਨਹੀਂ ਰੱਖ ਸਕਣਗੇ।

**# ਸੰਪਰਕ** : 98036-16268

# ਸਰਕਾਰ ਤੇ ਨਿੱਜੀਕਰਨ

ਰਿੰਪਲਪ੍ਰੀਤ ਕੌਰ

ਦੇਸ਼ ਦੀ ਕੇਂਦਰ ਸਰਕਾਰ ਅਤੇ ਲਗਭਗ ਸਾਰੀਆਂ ਰਾਜ ਸਰਕਾਰਾਂ ਪੂੰਜੀਪਤੀਆਂ ਦੀਆਂ ਤਿਜੌਰੀਆਂ ਭਰਨ ਵਿੱਚ ਲੱਗੀਆਂ ਹੋਈਆਂ ਹਨ। ਖਾਸ ਕਰ 1991-92 ਵਿੱਚ ਨਰਸਿਮਹਾ ਰਾਉ-ਮਨਮੋਹਨ ਸਿੰਘ ਜੋੜੀ ਵੱਲੋਂ ਗੈਟ ਸਮਝੌਤੇ ਉੱਪਰ ਦਸਤਖ਼ਤ ਕਰਨ ਤੇ ਨਿੱਜੀਕਰਨ, ਉਦਾਰੀਕਰਨ, ਸੰਸਾਰੀਕਰਨ ਦੀਆਂ ਸਾਮਰਾਜੀ ਨੀਤੀਆਂ ਨੂੰ ਦੇਸ ਉਪਰ ਧੱਕੇ ਨਾਲ ਥੋਪ ਦੇਣ ਤੋਂ ਬਾਅਦ ਦੇਸ਼ ਦੀਆਂ ਹਰ ਰੰਗ ਦੀਆਂ ਪਾਰਟੀਆਂ ਅਤੇ ਗਠਬੰਧਨਾਂ ਦੀਆਂ ਕੇਂਦਰ ਤੇ ਰਾਜ ਸਰਕਾਰਾਂ ਨੇ ਦੇਸ਼ ਵਿੱਚ ਨਿੱਜੀਕਰਨ ਦੀ ਹਨੇਰੀ ਝੁਲਾ ਦਿੱਤੀ। ਮੋਦੀ ਸਰਕਾਰ ਦੇ ਕੇਂਦਰ ਵਿੱਚ ਸੱਤਾ ਉੱਪਰ ਬਿਰਾਜਮਾਨ ਹੋਣ ਤੋਂ ਬਾਅਦ ਦੇਸ਼ ਦੇ ਜਨਤਕ ਅਦਾਰਿਆਂ ਦੇ ਨਿੱਜੀਕਰਨ ਵਿੱਚ ਬੇਤਹਾਸ਼ਾ ਤੇਜ਼ੀ ਆਈ ਹੈ। ਕੋਰੋਨਾ ਸੰਕਟ ਨੂੰ ਸੁਨਹਿਰੀ ਮੌਕਾ ਸਮਝ ਕੇਂਦਰ ਸਰਕਾਰ ਨੇ ਸਰੇਆਮ ਦੇਸ਼ ਦੇ ਜਲ, ਜੰਗਲ, ਜ਼ਮੀਨ, ਰੇਲਵੇ, ਰੋਡਵੇਜ਼, ਹਵਾਬਾਜ਼ੀ ਖੇਤਰ ਸਮੇਤ ਦੇਸ਼ ਦੇ ਤਮਾਮ ਜਨਤਕ ਅਦਾਰਿਆਂ ਦੇ ਨਿੱਜੀਕਰਨ ਦਾ ਐਲਾਨ ਕਰ ਦਿੱਤਾ ਹੈ। ਹਾਲਾਂਕਿ ਪਹਿਲੀਆਂ ਸਰਕਾਰਾਂ ਐਲਾਨੀਆਂ ਨਿੱਜੀਕਰਨ ਤੋਂ ਹਮੇਸ਼ਾ ਇਨਕਾਰ ਕਰਦੀਆਂ ਰਹੀਆਂ ਸਨ। ਮੌਜੂਦਾ ਦੌਰ ਵਿੱਚ ਹੁਣ ਦੇਸ਼ ਦੇ ਹਰ ਅਦਾਰੇ, ਹਰ ਸੰਸਥਾ ਸਮੇਤ ਤਮਾਮ ਕੁਦਰਤੀ ਸਾਧਨਾਂ ਦਾ ਨਿੱਜੀਕਰਨ ਕੰਧ 'ਤੇ ਲਿਖਿਆ ਪੜ੍ਹਿਆ ਜਾ ਸਕਦਾ ਹੈ।

ਜਨਤਕ ਅਦਾਰਿਆਂ ਦੇ ਨਿੱਜੀਕਰਨ ਲਈ ਸਥਾਪਤ ਨੀਤੀ ਇਹ ਹੈ ਕਿ ਪਹਿਲਾਂ ਜਨਤਕ/ਸਰਕਾਰੀ ਅਦਾਰਿਆਂ ਤੇ ਉਹਨਾਂ ਦੇ ਕਰਮਚਾਰੀਆਂ ਨੂੰ ਬਦਨਾਮ ਕਰ ਦਿਓ। ਉਹਨਾਂ ਨੂੰ ਆਮ ਲੋਕਾਂ ਵਿੱਚ ਬਦਨਾਮ ਕਰਨ ਲਈ ਉਹਨਾਂ ਤੇ ਨਿਕੰਮੇ, ਲਾਪਰਵਾਹ, ਕੰਮਚੋਰ ਆਦਿ ਜਿਹੇ ਇਲਜ਼ਾਮ ਲਗਾ ਦਿਓ। ਉਹਨਾਂ ਦੇ ਮਹਿੰਗੇ ਪੈਣ ਦੀਆਂ ਦਲੀਲਾਂ ਘੜ ਲਵੋ। ਸਰਕਾਰ ਪ੍ਰਸ਼ਾਸਨ ਦੀ ਨਾਕਾਮੀ ਨਾਅਹਿਲੀਅਤ, ਸਾਜ਼ਿਸ਼ ਆਦਿ ਉਪਰ ਪਰਦੇ ਪਾਉਣ ਲੱਗ ਜਾਓ। ਇੱਕ ਪਲ ਲਈ ਜੇਕਰ ਇਹ ਮਨ ਵੀ ਲਿਆ ਜਾਵੇ ਕਿ ਸਰਕਾਰੀ ਕਰਮਚਾਰੀ ਨਿਕੰਮੇ, ਲਾਪਰਵਾਹ, ਕੰਮਚੋਰ ਆਦਿ ਹਨ ਤਾਂ ਵੀ ਇਸ ਲਈ ਜ਼ਿੰਮੇਦਾਰ ਕੌਣ ਹੈ? ਇਸ ਦੀ ਜ਼ਿੰਮੇਦਾਰੀ ਤੇ ਜਵਾਬਦੇਹੀ ਕੌਣ ਤੈਅ ਕਰੇਗਾ ਅਤੇ ਕਿਸ ਦੀ ਤੈਅ ਕੀਤੀ ਜਾਵੇਗੀ? ਯਕੀਨਨ ਉਪਰ ਤੋਂ ਲੈ ਕੇ ਹੇਠਾਂ ਤੱਕ ਪ੍ਰਸ਼ਾਸਨਿਕ ਢਾਂਚਾ ਮੌਜੂਦ ਹੈ ਤੇ ਹਰ ਅਹੁਦੇ ਦੀਆਂ ਜ਼ਿੰਮੇਵਾਰੀਆਂ ਅਤੇ ਕੰਮ-ਵੰਡ ਸਪੱਸ਼ਟ ਹੈ, ਪ੍ਰੰਤੂ ਸਾਜ਼ਿਸ਼ ਦੇ ਤਹਿਤ ਇਸ ਢਾਂਚੇ ਨੂੰ ਇਮਾਨਦਾਰੀ 'ਤੇ ਆਜ਼ਾਦੀ ਨਾਲ ਕੰਮ ਨਹੀਂ ਕਰਨ ਦਿੱਤਾ ਜਾਂਦਾ। ਹੈਰਾਨੀ ਦੀ ਗੱਲ ਨਹੀਂ ਹੈ ਕਿ ਕਰਮਚਾਰੀਆਂ ਸਿਰ ਉਪਰੋਕਤ ਸਾਰੇ ਇਲਜ਼ਾਮ ਸਾਡੇ ਚੁਣੇ ਹੋਏ ਉਹ ਵਿਧਾਇਕ, ਸਾਂਸਦ, ਮੰਤਰੀ ਆਦਿ ਲਗਾ ਰਹੇ ਹਨ, ਜਿਹੜੇ ਹਰ ਪੰਜ ਸਾਲ ਬਾਅਦ ਝੂਠੇ ਵਾਅਦੇ ਕਰਕੇ ਚੋਣਾਂ ਜਿੱਤਦੇ ਹਨ। ਫਿਰ ਆਪਣੇ ਹਲਕੇ ਵਿੱਚ ਵਿਕਾਸ ਦਾ ਕੋਈ ਵੀ ਕੰਮ ਨਹੀਂ ਕਰਦੇ। ਪੰਜ ਸਾਲ ਲਈ ਆਪਣੀ ਜਨਤਾ ਨੂੰ ਮੂੰਹ ਨਹੀਂ ਵਿਖਾਉਂਦੇ, ਜਿਨ੍ਹਾਂ ਨੇ ਰਾਜਾਂ ਦੀਆਂ ਵਿਧਾਨ ਸਭਾਵਾਂ ਤੇ ਦੇਸ਼ ਦੀ ਪਾਰਲੀਮੈਂਟ ਨੂੰ ਦੁਨੀਆ ਭਰ ਵਿੱਚ ਮਜ਼ਾਕ ਦਾ ਪਾਤਰ ਬਣਾ ਕੇ ਰੱਖ ਦਿੱਤਾ ਹੈ। ਵਿਧਾਨ ਸਭਾਵਾਂ ਅਤੇ ਪਾਰਲੀਮੈਂਟ ਦੇ ਸੈਸ਼ਨ ਬਿਨਾਂ ਕੋਈ ਕੰਮ ਕੀਤਿਆਂ ਉਠਾ ਦਿੱਤੇ ਜਾਂਦੇ ਹਨ। ਕੁਝ ਵਿਧਾਇਕ ਤੇ ਸੰਸਦ ਮੈਂਬਰ ਆਪਣੇ ਹਲਕੇ 'ਚ ਜਨਤਾ ਨੂੰ ਤਾਂ ਛੱਡੋ ਵਿਧਾਨ ਸਭਾ ਜਾਂ ਪਾਰਲੀਮੈਂਟ ਵਿੱਚ ਵੀ ਮੂੰਹ ਨਹੀਂ ਦਿਖਾਉਂਦੇ।

ਜਨਤਕ/ਸਰਕਾਰੀ ਅਦਾਰਿਆਂ ਦੇ ਨਿੱਜੀਕਰਨ ਦੀ ਤਿਆਰੀ ਕਰਨ ਲਈ ਅਤੇ ਕਰਮਚਾਰੀਆਂ ਨੂੰ ਬਦਨਾਮ ਕਰਨ ਲਈ ਇੱਕ ਤਾਕਤਵਰ ਹਥਿਆਰ ਹੈ ਜਨਤਕ ਅਦਾਰਿਆਂ ਵਿੱਚ ਅੰਧਾਧੁੰਦ ਠੇਕੇਦਾਰੀ, ਆਊਟਸੋਰਸਿੰਗ, ਆਫਲੋਡਿੰਗ ਆਦਿ ਦੀ ਨੀਤੀ। ਸਭ ਜਾਣਦੇ ਹਨ ਕਿ ਸਰਕਾਰੀ ਕਰਮਚਾਰੀਆਂ ਦੀ ਭਰਤੀ ਲਈ ਨਿਸਚਿਤ ਯੋਗਤਾ ਲਾਜ਼ਮੀ ਹੈ, ਸਿੱਖਿਆ ਅਤੇ ਟ੍ਰੇਨਿੰਗ ਦੇ ਨਿਰਧਾਰਤ ਮਾਪਦੰਡ ਹਨ, ਇੱਕ ਨਿਸ਼ਚਿਤ ਭਰਤੀ ਪ੍ਰਕਿਰਿਆ ਹੈ, ਪਰੰਤੂ ਠੇਕੇਦਾਰਾਂ ਅਤੇ ਨਿੱਜੀ ਕੰਪਨੀਆਂ ਸਿਰਫ਼ ਤੇ ਸਿਰਫ਼ ਮੁਨਾਫੇ ਦੀ ਖਾਤਰ ਗੈਰ-ਸਿੱਖਿਅਤ ਅਤੇ ਗੈਰ-ਤਜਰਬੇਕਾਰ ਕਾਮਿਆਂ ਰਾਹੀਂ ਉਤਪਾਦਨ ਕਰਵਾਉਂਦੀਆਂ ਹਨ, ਜਿਨ੍ਹਾਂ ਕੋਲ ਲੋੜੀਂਦਾ ਢਾਂਚਾ ਤੇ ਮਸ਼ੀਨਰੀ ਵੀ ਨਹੀਂ ਹੁੰਦੀ, ਜਿਸ ਕਾਰਨ ਅਕਸਰ ਉਤਪਾਦਨ ਗੁਣਵੱਤਾ ਦੇ ਪੈਮਾਨੇ ਉੱਪਰ ਖਰਾ ਨਹੀਂ ਉਤਰਦਾ। ਦੂਜਾ ਕਾਰਨ ਠੇਕੇਦਾਰ ਤੇ ਨਿੱਜੀ ਕੰਪਨੀਆਂ ਕਾਮਿਆਂ ਨੂੰ ਸਰਕਾਰ ਵੱਲੋਂ ਤੈਅ ਘੱਟੋ-ਘੱਟ ਤਨਖਾਹ, ਭੱਤੇ, ਛੁੱਟੀਆਂ, ਸੇਫਟੀ ਉਪਕਰਣ ਅਤੇ ਹੋਰ ਸਹੂਲਤਾਂ ਨਹੀਂ ਦਿੰਦੀਆਂ। ਤੀਜਾ ਠੇਕੇਦਾਰਾਂ/ ਨਿੱਜੀ ਕੰਪਨੀਆਂ ਦੇ ਕਾਮਿਆਂ ਦੀ ਨੌਕਰੀ ਅਤੇ ਭਵਿੱਖ ਅਨਿਸਚਿਤ ਹੋਣ ਕਰਕੇ, ਚੌਥਾ ਠੇਕੇਦਾਰਾਂ/ਨਿੱਜੀ ਕੰਪਨੀਆਂ ਵੱਲੋਂ ਕਾਮਿਆਂ ਦੇ ਹੁੰਦੇ ਬੇਤਹਾਸ਼ਾ ਆਰਥਿਕ, ਸਰੀਰਕ ਤੇ ਮਾਨਸਿਕ ਲੁੱਟ ਕਾਰਨ ਉਹਨਾਂ ਤੋਂ ਉੱਚ ਪਾਏ ਦੇ ਕਿਰਦਾਰ ਅਤੇ ਉਤਪਾਦਨ ਦੀ ਆਸ ਹੀ ਨਹੀਂ ਕੀਤੀ ਜਾ ਸਕਦੀ। ਇਸੇ ਲਈ ਅਸੀਂ ਸੋਸ਼ਲ ਮੀਡੀਆ ਉੱਪਰ ਚੋਂਦੀਆਂ ਹੋਈਆਂ ਰੇਲ ਗੱਡੀਆਂ ਦੀਆਂ ਵੀਡੀਓ ਦੇਖਦੇ ਹਾਂ, ਤਾਂ ਅਸੀਂ ਭਾਰਤੀ ਰੇਲਵੇ ਅਤੇ ਉਸ ਦੇ ਕਰਮਚਾਰੀਆਂ ਨੂੰ ਪਾਣੀ ਪੀ-ਪੀ ਕੇ ਕੋਸਦੇ ਹਾਂ, ਪ੍ਰੰਤੂ ਅਸਲ ਵਿੱਚ ਕੰਮ ਠੇਕੇਦਾਰਾਂ ਤੇ ਨਿੱਜੀ ਕੰਪਨੀਆਂ ਦੁਆਰਾ ਕੀਤਾ ਗਿਆ ਹੁੰਦਾ ਹੈ। ਜਿਸ ਬਾਰੇ ਆਮ ਲੋਕਾਂ ਨੂੰ ਕੋਈ ਜਾਣਕਾਰੀ ਹੀ ਨਹੀਂ ਹੁੰਦੀ।

ਭਾਰਤੀ ਰੇਲਵੇ ਵਿੱਚ ਆਏ ਦਿਨ ਹੋ ਰਹੇ ਹਾਦਸਿਆਂ ਤੇ ਹਾਲ ਹੀ ਵਿੱਚ ਹੋਏ ਏਅਰ ਇੰਡੀਆ ਦੇ ਅਹਿਮਦਾਬਾਦ ਹਾਦਸੇ ਤੇ ਇਸ ਤੋਂ ਬਾਅਦ ਹਾਦਸਿਆਂ ਦੀ ਅਮੁੱਕ ਲੜੀ ਦਾ ਇੱਕ ਹੀ ਕਾਰਨ ਹੈ, ਉਹ ਹੈ ਜਨਤਕ ਅਦਾਰਿਆਂ ਵਿਚ ਕੀਤੀ ਗਈ ਬੇਤਹਾਸ਼ਾ ਠੇਕੇਦਾਰੀ, ਆਊਟਸੋਰਸਿੰਗ, ਆਫਲੋਡਿੰਗ, ਨਿੱਜੀਕਰਨ। ਇਥੇ ਦਿਲਚਸਪ ਉਦਾਹਰਨ ਜਸਟਿਸ ਏ ਕੇ ਮਾਥੁਰ, ਜੋ ਸੱਤਵੇਂ ਵੇਤਨ ਅਯੋਗ ਦੇ ਮੁਖੀ ਸਨ, ਦੀ ਦਿੱਤੀ ਜਾ ਸਕਦੀ ਹੈ। ਜਦੋਂ ਉਹ ਰੇਲਵੇ ਕਰਮਚਾਰੀਆਂ ਉੱਪਰ ਆਪਣੀ ਭੜਾਸ ਇਹ ਕਹਿ ਕੇ ਕੱਢਦੇ ਹਨ ਕਿ ਇਕ ਵਾਰ ਰੇਲਵੇ ਸਫਰ ਦੌਰਾਨ ਉਹਨਾ ਨੂੰ ਸਾਫ ਚਾਦਰ, ਸਿਰਹਾਣਾ ਤੇ ਤੌਲੀਆ ਆਦਿ ਨਹੀਂ ਸੀ ਮਿਲਿਆ। ਉਹਨਾਂ ਨੂੰ ਪਤਾ ਹੀ ਨਹੀਂ ਸੀ ਕਿ ਭਾਰਤੀ ਰੇਲਵੇ ਇਸ ਕੰਮ ਨੂੰ ਕਈ ਸਾਲ ਪਹਿਲਾਂ ਤੋਂ ਠੇਕੇਦਾਰੀ, ਆਊਟਸੋਰਸ ਆਦਿ ਰਾਹੀਂ ਕਰਵਾ ਰਹੀ ਹੈ।

ਸਰਕਾਰ ਜਦੋਂ ਕਹਿੰਦੀ ਹੈ ਕਿ ਠੇਕੇਦਾਰੀ, ਆਊਟਸੋਰਸਿੰਗ, ਨਿੱਜੀਕਰਨ ਆਦਿ ਰਾਹੀਂ ਉਤਪਾਦਨ ਤੇ ਸੇਵਾਵਾਂ ਸਸਤੀਆਂ ਪੈਂਦੀਆਂ ਹਨ ਤਾਂ ਇੱਕ ਗੱਲ ਦੇਸ਼ ਦੇ ਆਮ ਲੋਕਾਂ ਨੂੰ ਯਾਦ ਰੱਖਣੀ ਬੇਹੱਦ ਜ਼ਰੂਰੀ ਹੈ ਕਿ ਬਿਜਲੀ, ਪਾਣੀ, ਸਟੀਲ, ਡੀਜ਼ਲ, ਮਸ਼ੀਨਰੀ, ਢਾਂਚਾ ਆਦਿ ਸਰਕਾਰ ਅਤੇ ਨਿੱਜੀ ਕੰਪਨੀਆਂ ਨੂੰ ਉਸੇ ਰੇਟ ਉਪਰ ਹੀ ਮਿਲੇਗਾ। ਠੇਕੇਦਾਰਾਂ ਨੂੰ ਸਸਤੀ ਸਿਰਫ਼ ਕਿਰਤ ਹੀ ਪੈਂਦੀ ਹੈ, ਮਜ਼ਦੂਰ ਹੀ ਪੈਂਦਾ ਹੈ। ਸਾਡੀ ਬਦਕਿਸਮਤੀ ਹੀ ਹੈ ਕਿ ਦੇਸ਼ ਵਿਚ ਬੇਹੱਦ ਆਰਥਿਕ ਅਸਮਾਨਤਾਵਾਂ ਦੇ ਦੌਰ ਵਿੱਚ ਕਰਮਚਾਰੀਆਂ ਦੀ ਤੁਲਨਾ ਦੇਸ਼ ਦੇ ਅਸੰਗਠਿਤ ਖੇਤਰ ਦੇ ਮਜ਼ਦੂਰਾਂ ਨਾਲ ਅਤੇ ਦੇਸ਼ ਦੇ ਸਭ ਤੋਂ ਗਰੀਬ ਲੋਕਾਂ ਨਾਲ ਕੀਤੀ ਜਾ ਰਹੀ ਹੈ। ਕਰਮਚਾਰੀਆਂ ਦੇ ਮਹਿੰਗੇ ਪੈਣ ਦੇ ਇਸ ਸ਼ੋਰ ਵਿੱਚ ਸਰਕਾਰ ਤੇ ਉਸ ਦੇ ਢੰਡੋਰਚੀ ਅਰਥ ਸ਼ਾਸਤਰੀਆਂ ਪਾਸੋਂ ਇਹ ਸਵਾਲ ਪੁੱਛਣਾ ਬੇਹੱਦ ਜ਼ਰੂਰੀ ਹੈ ਕਿ ਇਸ ਦੇਸ਼ ਦੇ ਵਿਧਾਇਕ, ਸਾਂਸਦ, ਮੰਤਰੀ, ਰਾਜਪਾਲ ਅਤੇ ਤਮਾਮ ਰਾਜਨੀਤਕ ਤਾਣਾ-ਬਾਣਾ ਜਿਹੜੇ ਕਰੋੜਾਂ-ਅਰਬਾਂਪਤੀ ਹਨ ਅਤੇ ਜਿਨਾਂ ਉੱਪਰ ਭ੍ਰਿਸ਼ਟਾਚਾਰ ਦੇ ਕਈ-ਕਈ ਕੇਸ ਚਲ ਰਹੇ ਹਨ, ਜਿਨ੍ਹਾਂ ਦੀਆਂ ਵਿਦੇਸ਼ਾਂ ਵਿੱਚ ਬੇਤਹਾਸਾ ਜਾਇਦਾਦਾਂ ਅਤੇ ਬੈਂਕ ਖਾਤੇ ਹਨ, ਉਹ ਮੁਲਕ ਨੂੰ ਸਸਤੇ ਕਿਵੇਂ ਪੈਂਦੇ ਹਨ? ਇਸ ਦੇਸ਼ ਦੇ 284 ਸੁਪਰ ਧਨਾਢ ਕਾਰਪੋਰੇਟ ਘਰਾਣੇ ਪੂਰੇ ਮੁਲਕ ਦੀ ਅਰਥ ਵਿਵਸਥਾ ਨੂੰ ਨਿਗਲੀ ਜਾ ਰਹੇ ਹਨ।

ਆਕਸਫਾਮ ਦੀ ਰਿਪੋਰਟ 2025 ਮੁਤਾਬਕ ਦੇਸ਼ ਦੇ ਇੱਕ ਫੀਸਦੀ ਬਾਘੜਬਿੱਲੇ ਦੇਸ਼ ਦੀ 40.1 ਫੀਸਦੀ ਪੂੰਜੀ ਅਤੇ ਵਸੀਲਿਆਂ ਉੱਪਰ ਕੁੰਡਲੀ ਮਾਰ ਕੇ ਬੈਠ ਚੁੱਕੇ ਹਨ। ਇਸ ਦੇਸ਼ ਦੇ 10 ਫ਼ੀਸਦੀ ਸਭ ਤੋਂ ਅਮੀਰ ਪੂੰਜੀਪਤੀ ਦੇਸ਼ ਦੀ 77 ਫ਼ੀਸਦੀ ਧਨ ਸੰਪਤੀ ਉੱਪਰ ਕਾਬਜ਼ ਹੋ ਚੁੱਕੇ ਹਨ। ਦੇਸ਼ ਵਿੱਚ ਲਗਭਗ 40 ਸਾਲ ਦੇ ਨਿਜੀਕਰਨ ਦੇ ਤਜਰਬੇ ਤੋਂ ਬਾਅਦ ਸਾਨੂੰ ਸਰਕਾਰ ਕੋਲੋਂ ਨਿੱਜੀਕਰਨ ਦੇ ਤਜਰਬੇ ਤੇ ਪ੍ਰਾਪਤੀਆਂ ਬਾਰੇ ਗੰਭੀਰ ਸਵਾਲ ਪੁੱਛਣ ਦਾ ਸਮਾਂ ਹੈ।

ਅਮਰੀਕਾ, ਬ੍ਰਿਟੇਨ ਵਰਗੇ ਵਿਕਸਤ ਮੁਲਕਾਂ ਵਿੱਚ ਜਿਨ੍ਹਾਂ ਲੋਕਾਂ ਨੂੰ ਰੱਜਵੀਂ ਰੋਟੀ ਨਹੀਂ ਮਿਲਦੀ, ਉਹਨਾਂ ਦੀ ਗਿਣਤੀ ਮਹਿਜ਼ 1.2 ਫੀਸਦੀ ਹੈ, ਜਦੋਂ ਕਿ ਭਾਰਤ ਵਿੱਚ ਇਹ ਗਿਣਤੀ 74 ਫੀਸਦੀ ਹੈ। ਅਸਲੀਅਤ ਇਹ ਵੀ ਹੈ ਕਿ ਭਾਰਤ ਵਿੱਚ 80.35 ਕਰੋੜ ਲੋਕ ਪੰਜ ਕਿਲੋ ਅਨਾਜ ਦੇ ਸਹਾਰੇ ਜ਼ਿੰਦਗੀ ਜਿਉਣ ਲਈ ਮਜਬੂਰ ਹਨ। ਦੂਜੇ ਪਾਸੇ ਮੋਦੀ ਸਰਕਾਰ ਵਿਸ਼ਵ ਦੀ ਪੰਜਵੀਂ ਵੱਡੀ ਅਰਥ ਵਿਵਸਥਾ ਬਣਨ ਦੀਆਂ, ਵਿਸ਼ਵ ਸ਼ਕਤੀ ਬਣਨ ਦੀਆਂ, ਵਿਸ਼ਵ ਗੁਰੂ ਬਣਨ ਦੀਆਂ ਟਾਹਰਾਂ ਮਾਰ ਰਹੀ ਹੈ। ਭਰੋਸੇਮੰਦ ਅੰਤਰਰਾਸ਼ਟਰੀ ਸੰਸਥਾਵਾਂ ਅਨੁਸਾਰ ਦੇਸ਼ ਦੇ ਹਾਲਾਤ ਕੋਈ ਬਹੁਤ ਵਧੀਆ ਨਹੀਂ ਹਨ। ਗਲੋਬਲ ਹੰਗਰ ਇੰਡੈਕਸ ਵਿੱਚ ਭਾਰਤ 127 ਦੇਸ਼ਾਂ ਵਿੱਚੋਂ 105ਵੇਂ ਸਥਾਨ 'ਤੇ ਹੈ। ਮਨੁੱਖੀ ਵਿਕਾਸ ਇੰਡੈਕਸ ਵਿੱਚ ਭਾਰਤ 193 ਦੇਸ਼ਾਂ ਵਿੱਚੋਂ 134ਵੇਂ ਸਥਾਨ 'ਤੇ ਹੈ। ਸਾਡਾ ਵਿਸ਼ਵ ਗੁਰੂ ਦੇਸ਼ ਦੁਨੀਆਂ ਵਿੱਚ ਸਭ ਤੋਂ ਵੱਧ ਬੇਰੁਜ਼ਗਾਰੀ ਵਾਲੇ 10 ਦੇਸ਼ਾਂ ਵਿੱਚ ਸ਼ਾਮਲ ਹੈ। ਵਾਤਾਵਰਣ ਪ੍ਰਦੂਸ਼ਣ ਇੰਡੈਕਸ ਵਿੱਚ ਭਾਰਤ 180 ਦੇਸ਼ਾਂ ਵਿੱਚੋਂ 176ਵੇਂ ਸਥਾਨ 'ਤੇ ਹੈ।

ਸਪੱਸ਼ਟ ਰੂਪ ਵਿੱਚ ਠੇਕੇਦਾਰੀ, ਆਊਟਸੋਰਸਿੰਗ, ਆਫਲੋਡਿੰਗ, ਨਿੱਜੀਕਰਨ, ਨਿਗਮੀਕਰਨ ਆਦਿ ਸਾਮਰਾਜੀ ਨੀਤੀਆਂ ਨਾ ਤਾਂ ਮਨੁੱਖਤਾ ਪੱਖੀ ਹਨ, ਨਾ ਸਮਾਜਿਕ ਪੱਖੀ, ਨਾ ਦੇਸ਼ ਪੱਖੀ, ਨਾ ਵਾਤਾਵਰਣ ਪੱਖੀ, ਨਾ ਹੀ ਕੁਦਰਤ ਪੱਖੀ। ਇਨ੍ਹਾਂ ਨੀਤੀਆਂ ਦਾ ਮੁੱਖ ਮਕਸਦ ਧਨਾਢਾਂ ਨੂੰ ਦੇਸ਼ ਦੇ ਲੋਕਾਂ, ਕੁਦਰਤੀ ਸਰੋਤਾਂ ਅਤੇ ਜਨਤਕ ਅਦਾਰਿਆਂ ਦਾ ਨਿੱਜੀਕਰਨ ਕਰਕੇ ਮਿਹਨਤਕਸ਼ ਲੋਕਾਂ ਦੀ ਲੁੱਟ ਕਰਵਾਉਣਾ ਹੈ ਅਤੇ ਮੁਨਾਫਾ ਯਕੀਨੀ ਬਣਾਉਂਣਾ ਹੈ।

**# ਸੰਪਰਕ** : 98777-68068

# ਪੈਨਸ਼ਨਰਜ਼ ਐਸੋਸੀਏਸ਼ਨ ਦਾ ਵਫ਼ਦ ਐੱਸ ਬੀ ਆਈ ਪੈਨਸ਼ਨ ਵੰਡ ਕੇਂਦਰ ਪੰਚਕੂਲਾ ਦੇ ਬੈਂਕ ਅਧਿਕਾਰੀਆਂ ਨੂੰ ਮਿਲਿਆ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਸਰਕਾਰ ਦੇ ਸੇਵਾ ਮੁਕਤ ਮੁਲਾਜ਼ਮਾਂ ਦੇ ਛੇਵੇਂ ਪੇ ਕਮਿਸ਼ਨ ਦੇ ਬਕਾਇਆਂ ਦੀ ਬੈਂਕਾਂ ਦੁਆਰਾ ਕੀਤੀਆਂ ਜਾ ਰਹੀਆਂ ਅਦਾਇਗੀਆਂ ਸਬੰਧੀ, ਪੈਨਸ਼ਨਰਾਂ ਨੂੰ ਆ ਰਹੀਆਂ ਮੁਸ਼ਕਲਾਂ ਸਬੰਧੀ ਸੀ ਪੀ ਪੀ ਸੀ ਪੰਚਕੂਲਾ ਦੇ ਬੈਂਕ ਅਧਿਕਾਰੀਆਂ ਨੂੰ ਮਿਲਿਆ।ਸੂਬਾ ਪ੍ਰਧਾਨ ਭਜਨ ਸਿੰਘ ਗਿੱਲ ਨੇ ਪ੍ਰੈੱਸ ਨੂੰ ਜਾਣਕਾਰੀ ਦਿੱਤੀ ਕਿ ਜਿਹੜੇ ਪੈਨਸ਼ਨਰ ਤੇ ਫੈਮਲੀ ਪੈਨਸ਼ਨਰ ਦੋਵੇਂ ਹੀ ਅਕਾਲ ਚਲਾਣਾ ਕਰ ਚੁੱਕੇ ਹਨ, ਉਨ੍ਹਾਂ ਦੇ ਵਾਰਸ ਬੈਂਕ ਨੂੰ ਬਕਾਇਆ ਦੇਣ ਸਬੰਧੀ ਇੱਕ ਸਾਧਾਰਨ ਅਰਜ਼ੀ ਦੇ ਨਾਲ ਦੋਵਾਂ ਦੇ ਮੌਤ ਸਾਰਟੀਫਿਕੇਟ, ਪੀ ਪੀ ਓ ਦੀ ਕਾਪੀ ਤੇ ਆਧਾਰ ਪੈਨ ਕਾਰਡ ਦੀ ਫੋਟੋ ਕਾਪੀ ਲਾ ਕੇ ਬੈਂਕ ਬਰਾਂਚ ਨੂੰ ਦੇਣ, ਜੋ ਕਿ ਸੀ ਪੀ ਪੀ ਸੀ ਪਾਸ ਪਹੁੰਚਣ ਤੋਂ ਬਾਅਦ ਬਕਾਏ ਦੀ ਅਦਾਇਗੀ ਸਬੰਧੀ ਕਾਰਵਾਈ ਸ਼ੁਰੂ ਹੋਵੇਗੀ।ਬਕਾਇਆ ਆਉਣ 'ਤੇ ਵਾਰਸਾਂ ਨੂੰ ਬਕਾਇਆ ਦੇਣ ਬਾਰੇ ਬੈਂਕ ਬਰਾਂਚ ਅਗਲੀ ਕਾਰਵਾਈ ਕਰੇਗੀ। ਸੂਬਾ ਜਨਰਲ ਸਕੱਤਰ ਸੁਰਿੰਦਰ ਰਾਮ ਕੁੱਸਾ ਨੇ ਦੱਸਿਆ ਕਿ ਵਫ਼ਦ ਵਿੱਚ ਉਨ੍ਹਾਂ ਨਾਲ ਪ੍ਰੀਤਮ ਸਿੰਘ ਨਾਗਰਾ ਤੇ ਜਸਵਿੰਦਰ ਸਿੰਘ ਆਹਲੂਵਾਲੀਆ ਵੀ ਸਨ।ਬੈਂਕ ਅਧਿਕਾਰੀਆਂ ਨੇ ਵਿਸ਼ਵਾਸ ਦਵਾਇਆ ਕਿ ਜਿਨ੍ਹਾਂ ਫੈਮਲੀ ਪੈਨਸ਼ਨਰਾਂ ਦੇ ਬਕਾਏ ਅਜੇ ਤੱਕ ਨਹੀਂ ਪਏ ਉਹ ਅਗਸਤ, ਸਤੰਬਰ 2025 ਦੀ ਪੈਨਸ਼ਨ ਨਾਲ ਚਾਲੂ ਕਰ ਦਿੱਤੇ ਜਾਣਗੇ, ਜਿਨ੍ਹਾਂ ਦੇ ਬਕਾਏ ਘੱਟ ਪੈ ਰਹੇ ਹਨ, ਉਹ ਠੀਕ ਕਰ ਦਿੱਤੇ ਜਾਣਗੇ।ਦੋ ਸਾਲ ਵਾਧਾ ਲੈ ਕੇ ਸੇਵਾ ਮੁਕਤ ਪੈਨਸ਼ਨਰਾਂ ਦੇ ਬਣਦੇ ਬਕਾਏ ਜਾਰੀ ਕਰਨ ਸਬੰਧੀ ਮੁੰਬਈ ਹੈੱਡ ਆਫਿਸ ਤੋਂ ਗਾਈਡ ਲਾਈਨ ਲੈਣ ਲਈ ਸੰਪਰਕ ਕੀਤਾ ਜਾਵੇਗਾ। ਜਿਹੜੇ ਪੈਨਸ਼ਨਰਾਂ ਦੀਆਂ ਐੱਲ ਟੀ ਸੀ, ਓਲਡ ਏਜ ਵਾਧੇ ਸਬੰਧੀ ਸਮੱਸਿਆਵਾਂ ਸਨ, ਉਹ ਜਲਦੀ ਹੱਲ ਕਰਨ ਦਾ ਭਰੋਸਾ ਦਿੱਤਾ।ਬੈਂਕ ਅਧਿਕਾਰੀਆਂ ਨੇ ਐੱਲ ਟੀ ਸੀ ਦੇ 2016 ਤੋਂ 2021 ਤੱਕ ਰੀਵਾਈਜ਼ਡ ਬੇਸਿਕ ਪੈਨਸ਼ਨ ਅਨੁਸਾਰ ਬਕਾਏ ਸਬੰਧੀ ਦੱਸਿਆ ਕਿ ਇਸ ਦੀ ਅਦਾਇਗੀ ਸਬੰਧੀ ਪੰਜਾਬ ਸਰਕਾਰ ਵੱਲੋਂ ਇਨਕਾਰ ਕਰ ਦਿੱਤਾ ਗਿਆ ਹੈ, ਜੋ ਕਿ ਨਹੀਂ ਦਿੱਤਾ ਜਾ ਰਿਹਾ।ਭਜਨ ਸਿੰਘ ਗਿੱਲ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਜਦੋਂ 2016 ਤੋਂ ਪੈਨਸ਼ਨਾਂ ਸੋਧ ਕੇ ਬਕਾਏ ਦਿੱਤੇ ਜਾ ਰਹੇ ਹਨ ਤਾਂ ਐੱਲ ਟੀ ਸੀ ਦਾ ਬਣਦਾ 16 ਤੋਂ 21 ਤੱਕ ਤਿੰਨ ਟਰਮਾਂ ਦਾ ਬਕਾਇਆ ਵੀ ਜਾਰੀ ਕੀਤਾ ਜਾਵੇ।ਜ਼ਿਲ੍ਹਾ ਮੋਗਾ ਦੇ ਪ੍ਰੈੱਸ ਸਕੱਤਰ ਗਿਆਨ ਸਿੰਘ ਸਾਬਕਾ ਡੀ ਪੀ ਆਰ ਓ ਨੇ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ ਦੂਸਰੇ ਬੈਂਕਾਂ ਦੇ ਅਧਿਕਾਰੀਆਂ ਨੂੰ ਵੀ ਵਫ਼ਦ ਪੈਨਸ਼ਨਰਾਂ ਦੇ ਮਸਲਿਆਂ ਸਬੰਧੀ ਮਿਲੇਗਾ, ਜਿਸ ਦਾ ਫੈਸਲਾ 11 ਅਗਸਤ ਨੂੰ ਦੋ ਵਜੇ ਸੁਤੰਤਰਤਾ ਸੈਨਾਨੀ ਭਵਨ ਮੋਗਾ ਵਿਖੇ ਹੋ ਰਹੀ ਜ਼ਿਲ੍ਹਾ ਕਮੇਟੀ ਮੋਗਾ 1 ਤੇ 2 ਸਬ ਡਵੀਜ਼ਨਾਂ ਦੀ ਮੀਟਿੰਗ ਵਿੱਚ ਕੀਤਾ ਜਾਵੇਗਾ। ਮੀਟਿੰਗ ਤੋਂ ਪਹਿਲਾਂ ਸਮੂਹ ਮੁਲਾਜ਼ਮ ਪੈਨਸ਼ਨਰ 12 ਵਜੇ ਸ਼ਹੀਦ ਕਾਮਰੇਡ ਨਛੱਤਰ ਸਿੰਘ ਭਵਨ ਵਿੱਚ ਮੁਲਾਜ਼ਮ ਪੈਨਸ਼ਨਰ ਸਾਂਝਾ ਫਰੰਟ ਦੇ ਫੈਸਲੇ ਮੁਤਾਬਕ ਇਕੱਤਰ ਹੋਣਗੇ ਤੇ ਮੁੱਖ ਚੌਂਕ ਵਿੱਚ 1 ਵਜੇ ਪੰਜਾਬ ਸਰਕਾਰ ਦੀ ਵਾਅਦਾ ਖਿਲਾਫ਼ੀ ਦਾ ਭਾਂਡਾ ਚੌਰਾਹੇ ਵਿੱਚ ਭੰਨਣ ਲਈ ਮੁੱਖ ਮੰਤਰੀ ਤੇ ਵਿੱਤ ਮੰਤਰੀ ਦੇ ਪੁਤਲੇ ਸਾੜੇ ਜਾਣਗੇ। ਉਨ੍ਹਾਂ ਜ਼ਿਲ੍ਹੇ ਦੇ ਸਮੂਹ ਮੁਲਾਜ਼ਮਾਂ ਪੈਨਸ਼ਨਰਾਂ ਨੂੰ ਸਮੇਂ ਸਿਰ ਪਹੁੰਚਣ ਦੀ ਅਪੀਲ ਕੀਤੀ।

# 12 ਨੂੰ ਪੁਰਾਣੀ ਪੈਨਸ਼ਨ ਬਹਾਲੀ ਧਰਨੇ 'ਚ ਵੱਡੀ ਗਿਣਤੀ 'ਚ ਅਧਿਆਪਕ ਹੋਣਗੇ ਸ਼ਾਮਲ : ਡੀ ਟੀ ਐੱਫ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**
ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਬਲਾਕ ਕਮੇਟੀ ਨਿਹਾਲ ਸਿੰਘ ਵਾਲਾ ਦੀ ਮੀਟਿੰਗ ਬਲਾਕ ਪ੍ਰਧਾਨ ਅਮਨਦੀਪ ਮਾਛੀਕੇ ਦੀ ਅਗਵਾਈ ਵਿੱਚ ਹੋਈ। ਜਥੇਬੰਦੀ ਦੇ ਫ਼ੈਸਲਿਆਂ ਬਾਰੇ ਬਲਾਕ ਸਕੱਤਰ ਗੁਰਮੀਤ ਸਿੰਘ ਝੋਰੜਾ ਤੇ ਸੀਨੀਅਰ ਮੀਤ ਪ੍ਰਧਾਨ ਸੁਖਜੀਤ ਸਿੰਘ ਕੁੱਸਾ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਪੁਰਾਣੀ ਪੈਨਸ਼ਨ ਬਹਾਲ ਕਰਨ ਤੋਂ ਕੀਤੀ ਜਾ ਰਹੀ ਟਾਲ-ਮਟੋਲ ਕਾਰਨ ਮੁਲਾਜ਼ਮ ਵਰਗ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਮੁਲਾਜ਼ਮਾਂ ਨਾਲ ਪੁਰਾਣੀ ਪੈਨਸ਼ਨ ਬਹਾਲ ਕਰਨ ਦਾ ਵਾਅਦਾ ਕਰਕੇ ਸੱਤਾ ਵਿੱਚ ਆਈ ਆਪ ਸਰਕਾਰ ਨੇ ਸਾਢੇ ਤਿੰਨ ਸਾਲ ਬੀਤ ਜਾਣ ਦੇ ਬਾਅਦ ਵੀ ਪੈਨਸ਼ਨ ਬਹਾਲ ਕਰਨ ਲਈ ਡੱਕਾ ਦੂਹਰਾ ਨਹੀਂ ਕੀਤਾ। ਬਲਾਕ ਵਿੱਤ ਸਕੱਤਰ ਜਸਵੀਰ ਸਿੰਘ ਸੈਦੋਕੇ, ਕੁਲਵਿੰਦਰ ਸਿੰਘ ਚੁੱਘੇ ਤੇ ਨਵਦੀਪ ਸਿੰਘ ਧੂੜਕੋਟ ਨੇ ਕਿਹਾ ਕਿ ਪੁਰਾਣੀ ਪੈਨਸ਼ਨ ਬਹਾਲ ਕਰਨ ਦੀ ਮੰਗ ਨੂੰ ਲੈ ਕੇ 12 ਅਗਸਤ ਨੂੰ ਜ਼ਿਲ੍ਹਾ ਮੋਗਾ ਦੀ ਐਮ.ਐਲ.ਏ ਡਾ. ਅਮਨਦੀਪ ਕੌਰ ਅਰੋੜਾ ਦੀ ਰਿਹਾਇਸ਼ ਅੱਗੇ 2022 ਵਿੱਚ ਪੁਰਾਣੀ ਪੈਨਸ਼ਨ ਬਹਾਲ ਕਰਾਉਣ ਦਾ ਅਧੂਰਾ ਨੋਟੀਫਿਕੇਸ਼ਨ ਵਾਪਸ ਕਰਕੇ ਪੰਜਾਬ ਸਰਕਾਰ ਦੀ ਅਰਥੀ ਫੂਕੀ ਜਾਵੇਗੀ। ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਮੁਲਾਜ਼ਮਾਂ ਦੇ ਪੇਂਡੂ ਭੱਤਾ ਤੇ ਹੋਰ ਸਾਰੇ ਤਰ੍ਹਾਂ ਦੇ ਕੱਟੇ ਭੱਤੇ ਦੁਬਾਰਾ ਲਾਗੂ ਕੀਤੇ ਜਾਣ। ਬਾਕੀ ਰਹਿੰਦਾ ਡੀ ਏ ਦੀਆਂ ਬਕਾਇਆ ਕਿਸ਼ਤਾਂ ਜਾਰੀ ਕੀਤੀਆਂ ਜਾਣ। ਛੇਵੇਂ ਪੇ ਕਮਿਸ਼ਨ ਦਾ ਬਕਾਇਆ ਮੁਲਾਜ਼ਮਾਂ ਨੂੰ ਇੱਕ ਹੀ ਕਿਸ਼ਤ ਵਿੱਚ ਜਾਰੀ ਕੀਤਾ ਜਾਵੇ, ਕੱਚੇ ਅਧਿਆਪਕਾਂ ਨੂੰ ਪੱਕੇ ਕੀਤਾ ਜਾਵੇ, ਏ ਸੀ ਪੀ ਸਕੀਮ ਮੁੜ ਲਾਗੂ ਕੀਤੀ ਜਾਵੇ, ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਵਿੱਚ ਮਰਜ਼ ਕੀਤਾ ਜਾਵੇ, ਨਵੇਂ ਭਰਤੀ ਮੁਲਾਜ਼ਮਾਂ ਤੇ ਪੰਜਾਬ ਦਾ ਪੇਅ ਕਮਿਸ਼ਨ ਲਾਗੂ ਕੀਤਾ ਜਾਵੇ। ਬਲਾਕ ਕਮੇਟੀ ਵੱਲੋਂ ਇੱਕ ਮੈਂਬਰ ਦੇ ਖਾਲੀ ਹੋਈ ਥਾਂ 'ਤੇ ਸੰਦੀਪ ਸ਼ਰਮਾ ਸੈਦੋਕੇ ਨੂੰ ਸਰਬਸੰਮਤੀ ਨਾਲ ਬਲਾਕ ਕਮੇਟੀ ਮੈਂਬਰ ਚੁਣਿਆ ਗਿਆ।

# ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਜ਼ੋਰਦਾਰ ਨਾਅਰੇਬਾਜ਼ੀ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਪੰਜਾਬ ਤੇ ਯੂ ਟੀ ਪੈਨਸ਼ਨਰ ਸਾਂਝੇ ਫਰੰਟ ਦੇ ਸੱਦੇ ਦੀ ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਸੁਨਾਮ ਅਤੇ ਪਾਵਰਕਾਮ ਤੇ ਟਰਾਂਸਕੋ ਪੈਨਸ਼ਨ ਯੂਨੀਅਨ ਨੇ ਸਾਂਝੇ ਤੌਰ 'ਤੇ ਰਾਮ ਸਰੂਪ ਢੈਪਈ ਤੇ ਸੁਰਿੰਦਰ ਸਿੰਘ ਦੀ ਅਗਵਾਈ ਵਿੱਚ ਵੱਡੀ ਗਿਣਤੀ ਵਿੱਚ ਇੱਕਠੇ ਹੋ ਕੇ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਬਿਲਕੁਲ ਅੱਖੋਂ ਪਰੋਖੇ ਕਰਨ ਤੇ ਜਥੇਬੰਦੀ ਨੂੰ ਵਾਰ ਵਾਰ ਗੱਲਬਾਤ ਦਾ ਸਮਾਂ ਦੇ ਕੇ ਮੀਟਿੰਗਾਂ ਕੈਂਸਲ ਕਰਨ ਦੇ ਰੋਸ ਵਜੋਂ ਐੱਸ ਡੀ ਐੱਮ ਸੁਨਾਮ ਊਧਮ ਸਿੰਘ ਵਾਲਾ ਦੇ ਦਫਤਰ ਸਾਹਮਣੇ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਪੰਜਾਬ ਸਰਕਾਰ ਦੀ ਅਰਥੀ ਸਾੜੀ ਗਈ ਅਤੇ ਰੈਲੀ ਕੀਤੀ ਗਈ।ਰੈਲੀ ਨੂੰ ਸੰਬੋਧਨ ਕਰਦਿਆਂ ਜੀਤ ਸਿੰਘ ਬੰਗਾ, ਬਲਵਿੰਦਰ ਸਿੰਘ ਜ਼ਿਲ੍ਹੇਦਾਰ, ਪਵਨ ਕੁਮਾਰ ਸ਼ਰਮਾ, ਦਰਸਨ ਸਿੰਘ ਥਾਣੇਦਾਰ, ਜਗਦੇਵ ਸਿੰਘ ਬਾਹੀਆ, ਪ੍ਰਿਤਪਾਲ ਸਿੰਘ ਮਹਿਰੋਕ, ਕੁਲਦੀਪ ਸ਼ਰਮਾ, ਧਰਮ ਸਿੰਘ, ਪ੍ਰਿਤਪਾਲ ਸਿੰਘ ਨੇ ਪੰਜਾਬ ਸਰਕਾਰ ਦੇ ਮੁਲਾਜ਼ਮ ਵਿਰੋਧੀ ਰਵੱਈਏ ਤੇ ਨੀਤੀਆਂ ਦੀ ਸਖਤ ਨਿਖੇਧੀ ਕੀਤੀ ਅਤੇ ਮੰਗ ਕੀਤੀ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕੀਤੇ ਜਾਣ।ਰੈਲੀ ਦੇ ਆਖਰ ਵਿੱਚ ਪ੍ਰਧਾਨ ਰਾਮ ਸਰੂਪ ਢੈਪਈ ਨੇ ਰੈਲੀ ਵਿੱਚ ਪੁੱਜੇ ਪੈਨਸ਼ਨਰਾਂ ਦਾ ਧੰਨਵਾਦ ਕੀਤਾ ਤੇ ਭਵਿੱਖ ਵਿੱਚ ਹੋਣ ਵਾਲੇ ਸੰਘਰਸ਼ਾਂ ਲਈ ਤਿਆਰ ਰਹਿਣ ਦਾ ਸੱਦਾ ਦਿੱਤਾ।

# ਅੰਮ੍ਰਿਤ ਬਰਾੜ ਨੇ ਕਾਂਗਰਸ ਟਿਕਟ ਲਈ ਪੇਸ਼ ਕੀਤੀ ਦਾਅਵੇਦਾਰੀ

**ਧੂਰੀ (ਮਨੋਹਰ ਸਿੰਘ ਸੱਗੂ)**
ਪਿਛਲੇ ਲੰਮੇ ਸਮੇਂ ਤੋਂ ਕਾਂਗਰਸ ਪਾਰਟੀ ਨਾਲ ਜੁੜੇ ਆ ਰਹੇ ਤੇ ਸਾਬਕਾ ਕੈਬਨਿਟ ਮੰਤਰੀ ਵਿਜੇਇੰਦਰ ਸਿੰਗਲਾ ਦੇ ਨਜ਼ਦੀਕੀਆਂ 'ਚੋਂ ਪੰਜਾਬ ਪ੍ਰਦੇਸ਼ ਕਾਂਗਰਸ ਦੇ ਸੂਬਾ ਸਕੱਤਰ ਅੰਮ੍ਰਿਤ ਬਰਾੜ ਕਾਂਝਲਾ ਨੇ ਆਪਣੇ ਜੱਦੀ ਪਿੰਡ ਕਾਂਝਲਾ ਵਿਖੇ ਵੱਡਾ ਇਕੱਠ ਕਰਕੇ ਆਗਾਮੀ ਵਿਧਾਨ ਸਭਾ ਚੋਣਾਂ ਲਈ ਹਲਕਾ ਧੂਰੀ ਤੋਂ ਪਾਰਟੀ ਟਿਕਟ ਦੀ ਦਾਅਵੇਦਾਰੀ ਪੇਸ਼ ਕੀਤੀ। ਅੰਮ੍ਰਿਤ ਬਰਾੜ ਕਾਂਝਲਾ ਨੇ ਆਪਣੇ ਪਿੰਡ ਤੋਂ ਆਗਾਮੀ ਵਿਧਾਨ ਸਭਾ ਚੋਣਾਂ ਲਈ ਮੁਹਿੰਮ ਦੀ ਸ਼ੁਰੂਆਤ ਕਰਦਿਆਂ ਹਲਕਾ ਧੂਰੀ ਤੋਂ ਪਾਰਟੀ ਟਿਕਟ ਦੀ ਦਾਅਵੇਦਾਰੀ ਪੇਸ਼ ਕਰਦਿਆਂ ਕਿਹਾ ਕਿ ਜੇਕਰ ਪਾਰਟੀ ਹਾਈਕਮਾਨ ਉਨ੍ਹਾਂ ਨੂੰ ਟਿਕਟ ਦੇ ਕੇ ਨਿਵਾਜ਼ਦੀ ਹੈ ਤਾਂ ਉਹ ਸੀਟ ਜਿੱਤ ਕੇ ਪਾਰਟੀ ਹਾਈਕਮਾਨ ਦੀ ਝੋਲੀ ਪਾਉਣਗੇ।



ਉਨ੍ਹਾਂ ਕਿਹਾ ਕਿ ਉਹ ਪਿਛਲੇ ਲੰਮੇ ਸਮੇਂ ਤੋਂ ਪਾਰਟੀ ਲਈ ਕੰਮ ਕਰਦਿਆਂ ਸਮੇਂ-ਸਮੇਂ ਪਾਰਟੀ ਹਾਈਕਮਾਨ ਵੱਲੋਂ ਦੂਜੇ ਸੂਬਿਆਂ 'ਚ ਲਾਈ ਗਈ ਡਿਊਟੀ ਨੂੰ ਨਿਮਾਣੇ ਵਰਕਰ ਵਜੋਂ ਨਿਭਾਅ ਚੁੱਕੇ ਹਨ ਅਤੇ ਪਿੰਡਾਂ ਅੰਦਰ ਉਨ੍ਹਾਂ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ।

## ਕਾਤਰਾਂ

### ਰੇਲਵੇ ਲਾਈਨ ਤੋਂ ਅਣਪਛਾਤੇ ਵਿਅਕਤੀ ਦੀ ਲਾਸ਼ ਬਰਾਮਦ

**ਧੂਰੀ (ਮਨੋਹਰ ਸਿੰਘ ਸੱਗੂ)**-ਲੰਘੀ ਰਾਤ ਧੂਰੀ-ਹਿੰਮਤਾਨਾ ਰੇਲਵੇ ਲਾਈਨ ਤੋਂ ਇੱਕ ਅਣਪਛਾਤੇ ਵਿਅਕਤੀ ਦੀ ਲਾਸ਼ ਬਰਾਮਦ ਹੋਣ ਦੀ ਖਬਰ ਹੈ।ਰੇਲਵੇ ਪੁਲਸ (ਜੀ ਆਰ ਪੀ) ਚੌਂਕੀ ਧੂਰੀ ਦੇ ਸਹਾਇਕ ਥਾਣੇਦਾਰ ਚਰਨਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਲੰਘੀ ਰਾਤ ਰੇਲਵੇ ਪੁਲਸ ਵੱਲੋਂ ਧੂਰੀ-ਹਿੰਮਤਾਨਾ ਰੇਲਵੇ ਲਾਈਨ ਤੋਂ ਪਿੰਡ ਦੌਲਤਪੁਰ ਨੇੜਿਓਂ ਇੱਕ 55/56 ਸਾਲਾ ਅਣਪਛਾਤੇ ਵਿਅਕਤੀ ਦੀ ਲਾਸ਼ ਬਰਾਮਦ ਕੀਤੀ ਗਈ, ਜਿਸ ਦੀ ਅਜੇ ਤੱਕ ਸ਼ਨਾਖਤ ਨਹੀਂ ਹੋ ਸਕੀ ਅਤੇ ਸ਼ਨਾਖਤ ਲਈ ਮ੍ਰਿਤਕ ਦੀ ਦੇਹ ਨੂੰ 24 ਘੰਟਿਆਂ ਵਾਸਤੇ ਸਰਕਾਰੀ ਸਿਵਲ ਹਸਪਤਾਲ ਧੂਰੀ ਦੇ ਮੁਰਦਾਘਰ 'ਚ ਰੱਖਿਆ ਗਿਆ ਹੈ।

### ਰੇਲ ਗੱਡੀ ਦੀ ਲਪੇਟ 'ਚ ਆਉਣ ਨਾਲ ਨਾਮਾਲੂਮ ਵਿਅਕਤੀ ਦੀ ਮੌਤ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਸਰਹਿੰਦ ਨਜ਼ਦੀਕ ਰੇਲਵੇ ਲਾਈਨਾਂ ਪਾਰ ਕਰਦੇ ਸਮੇਂ ਇੱਕ ਨਾਮਾਲੂਮ ਵਿਅਕਤੀ ਦੀ ਮੌਤ ਹੋ ਜਾਣ ਦਾ ਸਮਾਚਾਰ ਹੈ।ਮਾਮਲੇ ਦੀ ਜਾਂਚ ਕਰ ਰਹੇ ਜੀ.ਆਰ.ਪੀ. ਥਾਣਾ ਸਰਹਿੰਦ ਦੇ ਸਹਾਇਕ ਥਾਣੇਦਾਰ ਜਗਜੀਤ ਸਿੰਘ ਨੇ ਦੱਸਿਆ ਕਿ ਸਰਹਿੰਦ-ਫ਼ਤਹਿਗੜ੍ਹ ਸਾਹਿਬ ਰੇਲ ਮਾਰਗ 'ਤੇ ਰੇਲਵੇ ਕਿਲੋਮੀਟਰ 3/5-6, ਗੇਟ ਨੰਬਰ 3 ਸੀ ਨੇੜਿਓਂ ਇੱਕ ਨਾਮਾਲੂਮ ਵਿਅਕਤੀ ਦੀ ਲਾਸ਼ ਬਰਾਮਦ ਹੋਈ ਹੈ, ਜਿਸ ਦੀ ਮੌਤ ਰੇਲਵੇ ਲਾਈਨਾਂ ਕਰਾਸ ਕਰਦੇ ਸਮੇਂ ਕਿਸੇ ਰੇਲਗੱਡੀ ਦੀ ਲਪੇਟ 'ਚ ਆਉਣ ਕਾਰਨ ਹੋਈ ਜਾਪਦੀ ਹੈ।ਉਨ੍ਹਾਂ ਦੱਸਿਆ ਕਿ ਮ੍ਰਿਤਕ ਦੀ ਉਮਰ ਕਰੀਬ 35/40 ਸਾਲ, ਦਾੜ੍ਹੀ ਤੇ ਸਿਰ ਦੇ ਕੇਸ ਰੱਖੇ ਹੋਏ, ਹਰੇ ਰੰਗ ਦੀ ਲੋਅਰ ਉੱਤੇ ਬਰਬਰੀ ਲਿਖਿਆ ਹੋਇਆ ਹੈ।ਉਨ੍ਹਾਂ ਦੱਸਿਆ ਕਿ ਮ੍ਰਿਤਕ ਦੀ ਸ਼ਨਾਖਤ ਨਹੀਂ ਹੋ ਸਕੀ, ਜਿਸ ਦੀ ਲਾਸ਼ ਨੂੰ 72 ਘੰਟਿਆਂ ਲਈ ਸਿਵਲ ਹਸਪਤਾਲ ਦੀ ਮੋਰਚਰੀ 'ਚ ਰਖਵਾਇਆ ਗਿਆ ਹੈ।ਉਨ੍ਹਾਂ ਅਪੀਲ ਕੀਤੀ ਕਿ ਮ੍ਰਿਤਕ ਸਬੰਧੀ ਕੋਈ ਵੀ ਜਾਣਕਾਰੀ ਹੋਵੇ ਤਾਂ ਤੁਰੰਤ ਜੀ.ਆਰ.ਪੀ. ਥਾਣਾ ਸਰਹਿੰਦ ਦੀ ਪੁਲਸ ਨੂੰ ਸੂਚਿਤ ਕੀਤਾ ਜਾਵੇ।

### ਭੇਦਭਰੀ ਹਾਲਤ 'ਚ ਨੌਜਵਾਨ ਦੀ ਦਰੱਖਤ ਨਾਲ ਲਟਕਦੀ ਲਾਸ਼ ਮਿਲੀ



**ਧੂਰੀ (ਮਨੋਹਰ ਸਿੰਘ ਸੱਗੂ)**-ਵੀਰਵਾਰ ਸਵੇਰੇ ਇੱਕ ਨੌਜਵਾਨ ਦੀ ਪਿੰਡ ਬਰੜਵਾਲ ਦੀ ਜੂਹ ਨੇੜਿਓਂ ਸੇਰੋਂ ਰਜਵਾਹੇ ਕਿਨਾਰੇ ਭੇਦ ਭਰੇ ਹਾਲਾਤਾਂ 'ਚ ਦਰੱਖਤ ਨਾਲ ਲਟਕਦੀ ਲਾਸ਼ ਮਿਲਣ ਦੀ ਖਬਰ ਹੈ।ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਵੀਰਵਾਰ ਸਵੇਰੇ ਕਿਸੇ ਰਾਹਗੀਰ ਨੇ ਦਰੱਖਤ ਨਾਲ ਲਟਕਦੀ ਨੌਜਵਾਨ ਦੀ ਲਾਸ਼ ਦੇਖ ਕੇ ਪੁਲਸ ਨੂੰ ਸੂਚਿਤ ਕੀਤਾ ਅਤੇ ਪੁਲਸ ਨੇ ਮੌਕੇ 'ਤੇ ਪੁੱਜ ਕੇ ਦੇਖਿਆ ਤੇ ਲਾਸ਼ ਨੂੰ ਆਪਣੇ ਕਬਜ਼ੇ ਲੈ ਲਿਆ।ਥਾਣਾ ਸਦਰ ਧੂਰੀ ਦੇ ਤਫ਼ਤੀਸ਼ੀ ਅਫ਼ਸਰ ਸਹਾਇਕ ਥਾਣੇਦਾਰ ਹਰਦੀਪ ਸਿੰਘ ਨੇ ਨੌਜਵਾਨ ਦੀ ਲਾਸ਼ ਬਰਾਮਦ ਹੋਣ ਦੀ ਪੁਸ਼ਟੀ ਕਰਦਿਆਂ ਕਿਹਾ ਕਿ ਮ੍ਰਿਤਕ ਦੀ ਪਛਾਣ ਰੋਹਿਤ ਯਾਦਵ ਪੁੱਤਰ ਰਮੇਸ਼ ਯਾਦਵ ਵਾਸੀ ਪਿੰਡ ਭਸੌੜ (ਧੂਰੀ ਨੇੜੇ) ਵਜੋਂ ਹੋਈ ਹੈ ਅਤੇ ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਦੇ ਬਿਆਨ ਤੋਂ ਬਾਅਦ ਅਗਲੀ ਕਾਰਵਾਈ ਅਮਲ 'ਚ ਲਿਆਂਦੀ ਜਾਵੇਗੀ।

# ਨਵੇਂ ਗੀਤ ਨਾਲ ਚਰਚਾ 'ਚ ਬਿੰਦਰੀ ਧਾਲੀਵਾਲ ਤੇ ਲਵਜੀਤ ਲਵ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਕੁਝ ਦਿਨ ਪਹਿਲਾਂ ਰਾਜੂ ਦੀਨਾ ਤੇ ਨਵ ਪ੍ਰੋਡਕਸ਼ਨ ਦੀ ਰਹਿਨੁਮਾਈ ਹੇਠ ਬਿੰਦਰੀ ਧਾਲੀਵਾਲ ਦਾ 'ਪੰਜਾਬ ਸਿਆਂ' ਗੀਤ ਰਲੀਜ਼ ਹੋਇਆ, ਜਿਸ ਨੂੰ ਕਿ ਸ਼ਾਇਰ ਲੱਖੀ ਬਰਾੜ ਗਾਜੀਆਣਾ ਨੇ ਬਾਕਮਾਲ ਲਫ਼ਜ਼ਾਂ ਦੇ ਨਾਲ ਪਰੋਇਆ ਸੀ, ਜਿਸ ਦਾ ਮਿਊਜ਼ਿਕ ਆਰ ਬੀਟ ਵੱਲੋਂ ਤਿਆਰ ਕੀਤਾ ਗਿਆ। ਉਸੇ ਕੜੀ ਨੂੰ ਅੱਗੇ ਤੋਰਦਿਆਂ ਸਾਉਣ ਦੇ ਮਹੀਨੇ ਨੂੰ ਮੁੱਖ ਰੱਖਦੇ ਹੋਏ ਪ੍ਰਸਿੱਧ ਡਾਇਰੈਕਟਰ ਮੰਗਾ ਘੋਲੀਆ ਦੀ ਰਹਿਨੁਮਾਈ ਹੇਠ ਪਿਛਲੇ ਦਿਨੀਂ ਬਿੰਦਰੀ ਧਾਲੀਵਾਲ ਤੇ ਲਵਜੀਤ ਲਵ ਦਾ ਘਰੇਲੂ ਨੋਕ-ਝੋਕ ਵਾਲਾ ਗੀਤ 'ਸਮਾਈਲ ਫੇਸ' ਪ੍ਰੋਡਕਸ਼ਨ ਉਪਰ ਤੀਆਂ ਮੌਕੇ ਰਿਲੀਜ਼ ਕੀਤਾ ਗਿਆ, ਜਿਸ ਨੂੰ ਆਰ ਬੀਟ ਮਿਊਜ਼ਿਕ ਵੱਲੋਂ ਸ਼ਿੰਗਾਰਿਆ ਗਿਆ। ਇਸ ਦਾ ਵੀਡੀਓ ਵੀ ਖੁਦ ਮੰਗਾ ਘੋਲੀਆ ਡਾਇਰੈਕਟ ਕੀਤਾ ਕੀਤਾ ਗਿਆ ਤੇ ਡੀ ਓ ਪੀ ਬਿੰਦਰ ਖੋਟੇ ਵੱਲੋਂ ਸ਼ੂਟ ਕੀਤਾ ਗਿਆ।

# ਯੁੱਧ ਨਸ਼ਿਆਂ ਵਿਰੁੱਧ 'ਚ ਖੇਡਾਂ ਦਾ ਅਹਿਮ ਯੋਗਦਾਨ : ਡਾ. ਢਿੱਲੋਂ

**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)**
ਸ਼ਹੀਦ ਭਗਤ ਸਿੰਘ ਯੂਨੀਵਰਸਿਟੀ 'ਚ ਡਾਕਟਰ ਗ਼ਜ਼ਲਪ੍ਰੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤੇ ਡਾਕਟਰ ਕਿਰਨਜੀਤ ਕੌਰ ਦੀ ਅਗਵਾਈ ਹੇਠ ਕਾਲਜ ਵਿੱਚ ਪੜ੍ਹਦੇ ਪਹਿਲੇ ਸਾਲ ਦੇ ਵਿਦਿਆਰਥੀਆਂ ਨੂੰ ਜਾਗਰੂਕ ਕਰਨ ਲਈ ਇੰਡਕਸ਼ਨ ਪ੍ਰੋਗਰਾਮ ਕਰਾਇਆ ਗਿਆ, ਜਿਸ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਪਹੁੰਚੇ ਚਮੜੀ ਰੋਗਾਂ ਦੇ ਮਾਹਿਰ ਅੰਤਰਰਾਸ਼ਟਰੀ ਐਥਲੀਟ ਖਿਡਾਰੀ ਤੇ ਸਾਬਕਾ ਡਿਪਟੀ ਮੈਡੀਕਲ ਕਮਿਸ਼ਨਰ ਡਾ. ਗੁਰਿੰਦਰਜੀਤ ਸਿੰਘ ਢਿੱਲੋਂ ਤੇ ਉਨ੍ਹਾਂ ਦੇ ਨਾਲ ਸਪੁੱਤਰ ਸ਼ਿਵਾਜੀਤ ਸਿੰਘ ਢਿੱਲੋਂ, ਨੂੰਹ ਮਨਪ੍ਰੀਤ ਕੌਰ, ਪੋਤਰੇ ਤੇਗਵੀਰ ਸਿੰਘ ਤੇ ਉਦੇ ਵੀਰ ਸਿੰਘ ਦਾ ਕਾਲਜ ਵਿਖੇ ਪਹੁੰਚਣ 'ਤੇ ਸ਼ਹੀਦ ਭਗਤ ਸਿੰਘ ਦੀ ਤਸਵੀਰ ਨਾਲ ਸਨਮਾਨ ਕੀਤਾ ਗਿਆ। ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਮਾਸਟਰ ਐਥਲੀਟ ਡਾਕਟਰ ਢਿੱਲੋਂ ਨੇ ਦੱਸਿਆ ਕਿ ਖੇਡਾਂ ਨਸ਼ਿਆਂ ਦੀ ਦਲਦਲ ਵਿੱਚ ਫਸਣ ਤੋਂ ਬਚਣ 'ਚ ਕਿਵੇਂ ਸਹਾਈ ਹੁੰਦੀਆਂ ਹਨ। ਉਨ੍ਹਾਂ ਦੱਸਿਆ ਕਿ ਇੱਕ ਤੰਦਰੁਸਤ ਸਰੀਰ ਦੇ ਅੰਦਰ ਹੀ ਇੱਕ ਤੰਦਰੁਸਤ ਮਨ ਪਲਦਾ ਹੈ ਤੇ ਤੰਦਰੁਸਤ ਮਨ ਦੇ ਅੰਦਰ ਹੀ ਇਨਸਾਨ ਸਹੀ ਸੋਚ ਰੱਖ ਸਕਦਾ ਹੈ। ਇੱਕ ਖਿਡਾਰੀ ਖੇਡਾਂ ਖੇਡਦਾ ਗਰਾਊਂਡ 'ਚ ਜਿੱਤਣਾ ਤੇ ਹਾਰਨਾ ਸਿੱਖਦਾ ਹੈ ਤੇ ਉਹ ਜ਼ਿੰਦਗੀ ਦੇ ਉਤਰਾਅ ਚੜ੍ਹਾਅ ਨੂੰ ਬੜੇ ਸੌਖੇ ਢੰਗ ਨਾਲ ਪਾਰ ਕਰ ਸਕਦਾ ਹੈ। ਡਾਕਟਰ ਢਿੱਲੋਂ ਨੇ ਦੱਸਿਆ ਕਿ ਖੇਡਾਂ ਖਿਡਾਰੀ ਨੂੰ ਅਨੁਸ਼ਾਸਨ ਤੇ ਮਰਿਆਦਾ ਵਿੱਚ ਰਹਿਣਾ ਸਿਖਾਉਂਦੀਆਂ ਹਨ। ਖੇਡਾਂ ਖਿਡਾਰੀ ਨੂੰ ਵਿਧੀ ਬੰਦ ਤਰੀਕੇ ਨਾਲ ਨਵੀਂ ਸੋਚ ਅਤੇ ਪਲੈਨਿੰਗ ਕਰਨਾ ਸਿਖਾਉਂਦੀਆਂ ਹਨ ਤੇ ਉਹ ਹਰ ਖੇਤਰ ਵਿੱਚ ਕਾਮਯਾਬੀ ਹਾਸਲ ਕਰਨ ਦੇ ਯੋਗ ਬਣ ਜਾਂਦਾ ਹੈ।




# ਨਗਰ ਕੌਂਸਲ ਦੇ ਘਪਲਿਆਂ 'ਤੇ ਕਾਰਵਾਈ ਦੀ ਮੰਗ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਨਗਰ ਕੌਂਸਲ ਜੋ ਸਮੇਂ-ਸਮੇਂ ਦੇ ਅਧਿਕਾਰੀਆਂ ਤੇ ਅਹੁਦੇਦਾਰਾਂ ਦੀਆਂ ਬੇਨਿਯਮੀਆਂ ਕਾਰਨ ਅਕਸਰ ਹੀ ਵਿਵਾਦਾਂ ਵਿੱਚ ਰਹਿੰਦੀ ਹੈ। ਹੁਣ ਘਪਲਿਆਂ ਦੇ ਸਬੰਧ ਵਿੱਚ ਮਨੁੱਖੀ ਅਧਿਕਾਰ ਕਮਿਸ਼ਨ ਪੰਜਾਬ ਕੋਲ ਸ਼ਿਕਾਇਤ ਪਹੁੰਚੀ ਹੈ ਤੇ ਕਮਿਸ਼ਨ ਨੇ ਇਹ ਸ਼ਿਕਾਇਤ 5732/2/2025 ਨੰਬਰ ਅਧੀਨ ਦਰਜ ਕਰਕੇ ਡਾਇਰੈਕਟਰ ਵਿਜੀਲੈਂਸ ਬਿਊਰੋ ਪੰਜਾਬ ਨੂੰ ਕਾਰਵਾਈ ਲਈ ਭੇਜੀ ਹੈ ਤੇ ਇਸ ਦੀ ਅਗਲੀ ਸੁਣਵਾਈ 27/08/2025 ਤੇ ਜਾਂਚ ਰਿਪੋਰਟ ਪੇਸ਼ ਕਰਨ ਦੀ ਹਦਾਇਤ ਕੀਤੀ ਹੈ, ਕਿਉਂਕਿ ਨਗਰ ਕੌਂਸਲ ਦੇ ਘਪਲਿਆਂ ਦੀਆਂ ਖ਼ਬਰਾਂ ਅਖ਼ਬਾਰਾਂ ਵਿੱਚ ਵੀ ਅਕਸਰ ਹੀ ਲੱਗਦੀਆਂ ਰਹਿੰਦੀਆਂ ਹਨ, ਜਿਸ ਕਰਕੇ ਮਨੁੱਖੀ ਅਧਿਕਾਰ ਕਮਿਸ਼ਨ ਨੇ ਇਸ ਦਾ ਨੋਟਿਸ ਲਿਆ ਹੈ।

ਜਦੋਂ ਸਮਾਜ ਸੇਵੀ ਸੀਤਾ ਰਾਮ ਦੀਪਕ ਪ੍ਰਧਾਨ ਜਨ ਕਲਿਆਣ ਸਭਾ ਨਾਲ ਗੱਲ ਕੀਤੀ ਤਾਂ ਉਨ੍ਹਾਂ ਦਾ ਕਹਿਣਾ ਸੀ ਕਿ ਸ਼ੁਕਰ ਹੈ ਜੇ ਕਿਸੇ ਕਮਿਸ਼ਨ ਨੇ ਨਗਰ ਕੌਂਸਲ ਦੇ ਘਪਲਿਆਂ ਦੀ ਜਾਂਚ ਸਬੰਧੀ ਕੋਈ ਕਾਰਵਾਈ ਅਮਲ ਵਿੱਚ ਲਿਆਂਦੀ ਹੈ ਕਿਉਂਕਿ ਰਾਮਪੁਰਾ ਫੂਲ ਵਾਸੀ ਇਨ੍ਹਾਂ ਘਪਲਿਆਂ ਦੀਆਂ ਪੰਜਾਬ ਸਰਕਾਰ ਦੇ ਉੱਚ ਅਧਿਕਾਰੀਆਂ ਨੂੰ ਦਰਖਾਸਤਾਂ ਦੇ ਦੇ ਥੱਕ ਚੁੱਕੇ ਹਨ।

# ਨਰੇਗਾ ਕਾਮੇ 14 ਨੂੰ ਕਰਨਗੇ ਨਰੇਗਾ ਐਕਸ਼ਨ ਡੇ : ਗੋਰਾ ਪਿਪਲੀ

## ਪੱਪੀ ਸਿੰਘ ਢਿੱਲਵਾਂ ਸਰਬਸੰਮਤੀ ਨਾਲ ਜ਼ਿਲ੍ਹਾ ਪ੍ਰਧਾਨ ਬਣੇ



**ਕੋਟਕਪੂਰਾ (ਰਛਪਾਲ ਭੁੱਲਰ)**-ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਜ਼ਿਲ੍ਹਾ ਫਰੀਦਕੋਟ ਦੀ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਕੋਟਕਪੂਰਾ ਵਿਖੇ ਸਾਥੀ ਰਾਮ ਸਿੰਘ ਚੈਨਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਤਿੰਨਾਂ ਬਲਾਕਾਂ ਫਰੀਦਕੋਟ, ਕੋਟਕਪੂਰਾ ਤੇ ਜੈਤੋ ਦੇ ਅਹੁਦੇਦਾਰਾਂ ਨੇ ਹਿੱਸਾ ਲਿਆ।ਮੀਟਿੰਗ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੇ ਸੂਬਾ ਕਮੇਟੀ ਮੈਂਬਰ ਕਾਮਰੇਡ ਗੋਰਾ ਸਿੰਘ ਪਿਪਲੀ ਨੇ ਕਿਹਾ ਕਿ ਸਰਕਾਰ ਨੇ ਇੱਕ ਜਾਂਚ ਪੜਤਾਲ ਦੇ ਨਾਂ 'ਤੇ ਚਿੱਠੀ ਕੱਢ ਕੇ ਨਰੇਗਾ ਵਰਕਰਾਂ ਦਾ ਕੰਮ ਬੰਦ ਕਰ ਦਿੱਤਾ ਹੈ, ਜੋ ਕਿ ਨਰੇਗਾ ਕਾਨੂੰਨ ਦੀ ਸ਼ਰੇਆਮ ਉਲੰਘਣਾ ਹੈ, ਨਰੇਗਾ ਮਜ਼ਦੂਰਾਂ ਨੂੰ ਕੰਮ ਮੰਗਣ ਦੇ ਬਾਵਜੂਦ ਕੰਮ ਨਹੀਂ ਦਿੱਤਾ ਜਾ ਰਿਹਾ।ਉਨ੍ਹਾਂ ਪਿਛਲੇ ਦਿਨੀਂ ਸੂਬਾ ਕਮੇਟੀ ਦੀ ਹੋਈ ਮੀਟਿੰਗ ਦੀ ਰਿਪੋਰਟਿੰਗ ਕਰਦਿਆਂ ਕਿਹਾ ਕਿ ਸੂਬਾ ਕਮੇਟੀ ਦੇ ਫੈਸਲੇ ਅਨੁਸਾਰ 14 ਅਗਸਤ ਨੂੰ ਪੰਜਾਬ ਭਰ ਵਿੱਚ ਬੀਡੀਓ ਦਫਤਰਾਂ ਵਿਖੇ ਨਰੇਗਾ ਐਕਸ਼ਨ ਡੇ ਕਰਕੇ ਕੰਮ ਤੇ ਬੇਰੁਜ਼ਗਾਰੀ ਭੱਤੇ ਦੀ ਮੰਗ ਕੀਤੀ ਜਾਵੇਗੀ।ਇਸ ਮੀਟਿੰਗ ਵਿੱਚ ਸਪੈਸ਼ਲ ਅਜੰਡਾ ਬਣਾ ਕੇ ਸਾਥੀ ਬਲਵੀਰ ਸਿੰਘ ਔਲਖ ਦੀ ਮੌਤ ਤੋਂ ਬਾਅਦ ਸਾਥੀ ਪੱਪੀ ਢਿੱਲਵਾਂ ਨੂੰ ਕਾਰਜਕਾਰੀ ਪ੍ਰਧਾਨ ਬਣਾਇਆ ਗਿਆ ਸੀ, ਹੁਣ ਜ਼ਿਲ੍ਹਾ ਕਮੇਟੀ ਵੱਲੋਂ ਸਰਬਸੰਮਤੀ ਨਾਲ ਇਨ੍ਹਾਂ ਨੂੰ ਜ਼ਿਲ੍ਹਾ ਪ੍ਰਧਾਨ ਬਣਾ ਦਿੱਤਾ ਗਿਆ ਹੈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਪੱਪੀ ਸਿੰਘ ਢਿੱਲਵਾਂ ਨੇ ਕਿਹਾ ਕਿ ਫਰੀਦਕੋਟ ਦੇ ਤਿੰਨਾਂ ਬਲਾਕਾਂ ਵਿੱਚ ਨਰੇਗਾ ਐਕਸ਼ਨ ਡੇ ਮਨਾਇਆ ਜਾਵੇਗਾ, ਜਿਨ੍ਹਾਂ ਦੀ ਅਗਵਾਈ ਜ਼ਿਲ੍ਹਾ ਤੇ ਸਟੇਟ ਦੇ ਆਗੂ ਕਰਨਗੇ।ਜੇਕਰ ਸਰਕਾਰ ਨੇ ਇਸ ਚਿੱਠੀ ਦਾ ਬਹਾਨਾ ਬਣਾ ਕੇ ਨਰੇਗਾ ਵਰਕਰਾਂ ਨੂੰ ਕੰਮ ਨਾ ਦਿੱਤਾ ਜਾਂ ਬੇਰੁਜ਼ਗਾਰੀ ਭੱਤਾ ਨਾ ਦਿੱਤਾ ਤਾਂ ਨਰੇਗਾ ਵਰਕਰ ਵੱਡੀ ਪੱਧਰ 'ਤੇ ਸੰਘਰਸ਼ ਕਰਨ ਲਈ ਮਜਬੂਰ ਹੋਣਗੇ, ਜਿਸ ਦੀ ਜ਼ਿੰਮੇਵਾਰੀ ਜ਼ਿਲ੍ਹਾ ਪ੍ਰਸ਼ਾਸਨ ਦੀ ਹੋਵੇਗੀ।ਇਸ ਸਮੇਂ ਹੋਰਨਾਂ ਤੋਂ ਇਲਾਵਾ ਬਲਾਕ ਜੈਤੋ ਦੇ ਰਾਮ ਸਿੰਘ ਚੈਨਾ, ਰੇਸ਼ਮ ਸਿੰਘ ਮੱਤਾ, ਅਮਨਦੀਪ ਸਿੰਘ ਚੈਨਾ ਕੋਟਕਪੂਰਾ ਤੋਂ ਵੀਰ ਸਿੰਘ ਰਾਮਸਰ, ਬਲਵਿੰਦਰ ਸਿੰਘ ਨਾਨਕਸਰ, ਬਲੀ ਸਿੰਘ ਢਿੱਲਵਾਂ, ਨਵਦੀਪ ਕੌਰ ਢਿੱਲਵਾਂ, ਫਰੀਦਕੋਟ ਤੋਂ ਚਰਨਜੀਤ ਚਮੇਲੀ ਗੋਰਾ ਪਿੱਪਲੀ, ਹਰਨੇਕ ਫੌਜੀ, ਹਰਜਿੰਦਰ ਕੌਰ, ਨਸੀਬ ਕੌਰ ਆਦਿ ਆਗੂ ਹਾਜ਼ਰ ਸਨ।

# ਪ੍ਰੈੱਸ ਫੈਡਰੇਸ਼ਨ ਆਫ਼ ਇੰਡੀਆ ਵੱਲੋਂ ਬਟਾਲਾ ਕੁੱਟਮਾਰ ਮਾਮਲੇ ਦੀ ਨਿੰਦਾ

## ਦੋਸ਼ੀ ਪੁਲਸ ਮੁਲਾਜ਼ਮਾਂ ਨੂੰ ਬਰਖਾਸਤ ਕਰਨ ਦੀ ਮੰਗ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**
ਬਟਾਲਾ ਵਿੱਚ ਇਕ ਪੱਤਰਕਾਰ ਦੀ ਸ਼ਰੇਆਮ ਕੀਤੀ ਗਈ ਕੁੱਟਮਾਰ ਤੇ ਅਣਮਨੁੱਖੀ ਤਸ਼ੱਦਦ ਦੇ ਮਾਮਲੇ ਨੇ ਪੰਜਾਬ 'ਚ ਪੱਤਰਕਾਰੀ ਦੀ ਆਜ਼ਾਦੀ 'ਤੇ ਕਾਲਾ ਧੱਬਾ ਲਾ ਦਿੱਤਾ ਹੈ।ਇਸ ਘਟਨਾ ਖ਼ਿਲਾਫ਼ ਪੱਤਰਕਾਰਾਂ ਦੀ ਪ੍ਰਮੁੱਖ ਜਥੇਬੰਦੀ ਪ੍ਰੈੱਸ ਫੈਡਰੇਸ਼ਨ ਆਫ਼ ਇੰਡੀਆ (ਰਜਿ.) ਨੇ ਭਾਰੀ ਰੋਸ ਪ੍ਰਗਟ ਕਰਦਿਆਂ ਦੋਸ਼ੀ ਪੁਲਿਸ ਮੁਲਾਜ਼ਮਾਂ ਨੂੰ ਤੁਰੰਤ ਬਰਖਾਸਤ ਕਰਨ ਦੀ ਮੰਗ ਕੀਤੀ ਹੈ।ਫੈਡਰੇਸ਼ਨ ਦੇ ਚੇਅਰਮੈਨ ਵਿਵੇਕ ਸਿੰਧਵਾਨੀ, ਪ੍ਰਧਾਨ ਐਡਵੋਕੇਟ ਰਾਜੇਸ਼ਵਰ ਚੌਧਰੀ ਅਤੇ ਸਕੱਤਰ ਜਨਰਲ ਵਿਜੈ ਸਿੰਗਲਾ ਨੇ ਸਾਂਝਾ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੁਲਿਸ ਵਰਦੀ ਵਿੱਚ ਰਹਿ ਕੇ ਕਾਨੂੰਨ ਦੀ ਰੱਖਿਆ ਕਰਨ ਦੀ ਥਾਂ ਜਦੋਂ ਕੋਈ ਪੁਲਸ ਮੁਲਾਜ਼ਮ ਆਪੇ ਹੀ ਕਾਨੂੰਨ ਹੱਥ ਵਿੱਚ ਲੈਂਦੇ ਹਨ, ਤਾਂ ਉਹ ਨਾਂ ਸਿਰਫ਼ ਅਪਰਾਧੀ ਹਨ, ਸਗੋਂ ਲੋਕਤੰਤਰ ਦੇ ਚੌਥੇ ਸਥੰਭ ਉੱਤੇ ਹਮਲਾ ਕਰਨ ਵਾਲੇ ਵੀ ਹਨ।ਕੁੱਟਮਾਰ ਦੀ ਵੀਡੀਓ ਵੀ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਚੁੱਕੀ ਹੈ, ਜਿਸ ਵਿੱਚ ਸਾਫ਼ ਦਿਖਾਇਆ ਗਿਆ ਹੈ ਕਿ ਕੁਝ ਪੁਲਸ ਕਰਮਚਾਰੀ ਵਰਦੀ ਦੇ ਨਸ਼ੇ ਦੀ ਹਾਲਤ ਵਿੱਚ ਪੱਤਰਕਾਰ ਨੂੰ ਰੋਡ 'ਤੇ ਹੀ ਲੱਤਾਂ-ਮੁੱਕਿਆਂ ਨਾਲ ਮਾਰ ਰਹੇ ਹਨ।ਹਾਲਾਂਕਿ ਇਨ੍ਹਾਂ ਮੁਲਾਜ਼ਮਾਂ ਨੂੰ ਫਿਲਹਾਲ ਮੁਅੱਤਲ ਕਰ ਦਿੱਤਾ ਗਿਆ ਹੈ, ਪਰ ਫੈਡਰੇਸ਼ਨ ਦਾ ਮੰਨਣਾ ਹੈ ਕਿ ਮੁਅੱਤਲੀ ਜਿਵੇਂ ਨਰਮ ਕਾਰਵਾਈ ਹੈ, ਜੋ ਇਸ ਗੰਭੀਰ ਮਾਮਲੇ ਵਿੱਚ ਉਚਿਤ ਨਹੀਂ।ਪ੍ਰੈੱਸ ਫੈਡਰੇਸ਼ਨ ਆਫ਼ ਇੰਡੀਆ ਨੇ ਪ੍ਰੈੱਸ ਕੌਂਸਲ ਆਫ਼ ਇੰਡੀਆ ਨੂੰ ਵੀ ਇਸ ਮਾਮਲੇ ਬਾਰੇ ਸ਼ਿਕਾਇਤ ਭੇਜੀ ਹੈ ਅਤੇ ਮੰਗ ਕੀਤੀ ਹੈ ਕਿ ਪੱਤਰਕਾਰਾਂ ਦੀ ਰੱਖਿਆ ਲਈ ਤੁਰੰਤ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਜਾਣ।ਜਥੇਬੰਦੀ ਨੇ ਕਿਹਾ ਕਿ ਇਹ ਕੇਵਲ ਇਕ ਪੱਤਰਕਾਰ ਉੱਤੇ ਹਮਲਾ ਨਹੀਂ ਸੀ, ਸਗੋਂ ਪੂਰੇ ਪੱਤਰਕਾਰਤਾ ਵਰਗ ਲਈ ਡਰ ਦਾ ਮਾਹੌਲ ਪੈਦਾ ਕਰਨ ਦੀ ਕੋਸ਼ਿਸ਼ ਹੈ।

ਐਡਵੋਕੇਟ ਰਾਜੇਸ਼ਵਰ ਚੌਧਰੀ ਨੇ ਕਿਹਾ ਕਿ ਜੇਕਰ ਇਨ੍ਹਾਂ ਪੁਲਸ ਮੁਲਾਜ਼ਮਾਂ ਖਿਲਾਫ਼ ਸਖ਼ਤ ਕਾਰਵਾਈ ਨਹੀਂ ਕੀਤੀ ਜਾਂਦੀ, ਤਾਂ ਜਲਦ ਹੀ ਸੰਘਰਸ਼ ਦੀ ਰਾਹੀ ਰਣਨੀਤੀ ਤਿਆਰ ਕੀਤੀ ਜਾਵੇਗੀ।ਵਿਵੇਕ ਸਿੰਧਵਾਨੀ ਨੇ ਇਹ ਵੀ ਕਿਹਾ ਕਿ ਪ੍ਰੈੱਸ ਫੈਡਰੇਸ਼ਨ ਆਫ਼ ਇੰਡੀਆ ਸੂਬਾ ਸਰਕਾਰ ਤੋਂ ਵੀ ਇਨ੍ਹਾਂ ਦੋਸ਼ੀਆਂ ਨੂੰ ਬਰਖਾਸਤ ਕਰਕੇ ਮਿਸਾਲੀ ਸਜ਼ਾਵਾਂ ਦੇਣ ਦੀ ਮੰਗ ਕਰੇਗੀ, ਤਾਂ ਜੁ ਭਵਿੱਖ ਵਿੱਚ ਕੋਈ ਵੀ ਸਰਕਾਰੀ ਅਧਿਕਾਰੀ ਇੰਝ ਦੀ ਜੁਰੱਅਤ ਨਾ ਕਰੇ।ਵਿਜੈ ਸਿੰਗਲਾ ਨੇ ਆਖਰੀ ਵਿੱਚ ਕਿਹਾ ਕਿ ਜੇਕਰ ਪੱਤਰਕਾਰਾਂ ਨੂੰ ਹੀ ਆਪਣੇ ਕੰਮ ਦੌਰਾਨ ਸੁਰੱਖਿਆ ਨਾ ਮਿਲੇ ਤਾਂ ਲੋਕਤੰਤਰ ਦੀ ਆਵਾਜ਼ ਕਿਵੇਂ ਉੱਭਰੇਗੀ ?

# ਬਚਪਨ ਇੰਗਲਿਸ਼ ਸਕੂਲ 'ਚ ਤਰਕਸ਼ੀਲ ਚੇਤਨਾ ਪਰਖ਼ ਪ੍ਰੀਖਿਆ ਦੀਆਂ ਪੁਸਤਕਾਂ ਵੰਡੀਆਂ

**ਸੰਗਰੂਰ (ਪ੍ਰਵੀਨ ਸਿੰਘ)**-ਤਰਕਸ਼ੀਲਾਂ ਵੱਲੋਂ ਵਿਦਿਆਰਥੀਆਂ ਅੰਦਰ ਵਿਗਿਆਨਕ ਚੇਤਨਾ ਵਿਕਸਿਤ ਕਰਨ ਤੇ ਸੱਤਵੀਂ ਚੇਤਨਾ ਪਰਖ਼ ਪ੍ਰੀਖਿਆ ਬਾਰੇ ਜਾਣਕਾਰੀ ਦੇਣ ਹਿੱਤ ਚਲਾਈ ਮੁਹਿੰਮ ਲੜੀ ਵਿੱਚ ਬਚਪਨ ਇੰਗਲਿਸ਼ ਸਕੂਲ ਸੰਗਰੂਰ ਵਿਖੇ ਵਿਦਿਆਰਥੀਆਂ ਨੂੰ ਚੇਤਨਾ ਪਰਖ਼ ਪ੍ਰੀਖਿਆ ਦੀਆਂ ਸਿਲੇਬਸ ਪੁਸਤਕਾਂ ਵੰਡੀਆਂ ਗਈਆਂ ਤੇ ਵਿਦਿਆਰਥੀਆਂ ਨੂੰ ਦੱਸਿਆ ਗਿਆ ਕਿ ਐਤਕੀਂ ਇਹ ਪ੍ਰੀਖਿਆ ਗ਼ਦਰੀ ਬੀਬੀ ਗੁਲਾਬ ਕੌਰ ਨੂੰ ਸਮਰਪਤ ਹੈ।ਪ੍ਰੀਖਿਆ ਦਾ ਮਕਸਦ ਵਿਦਿਆਰਥੀਆਂ ਦਾ ਦ੍ਰਿਸ਼ਟੀਕੋਣ ਵਿਗਿਆਨਕ ਬਣਾਉਣਾ ਤੇ ਸਾਡੇ ਅਸਲ ਨਾਇਕਾਂ ਦੇ ਜੀਵਨ ਬਾਰੇ ਜਾਣਕਾਰੀ ਦੇਣਾ ਹੈ।



ਇਹ ਪ੍ਰੀਖਿਆ ਸਮੁੱਚੇ ਸੂਬੇ ਵਿੱਚ 29 ਤੇ 31 ਅਗਸਤ ਨੂੰ ਕਾਰਵਾਈ ਜਾ ਰਹੀ ਹੈ।ਸਕੂਲ ਆਪਣੀ ਸਹੂਲਤ ਅਨੁਸਾਰ ਮਿਤੀ ਚੁਣ ਸਕਦੇ ਹਨ।ਪ੍ਰਿੰਸੀਪਲ ਅਨੂ ਸੂਦਨ ਤੇ ਅਧਿਆਪਕਾ ਸ਼ਿਲਪਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇਹ ਪ੍ਰੀਖਿਆ ਵਿਦਿਆਰਥੀਆਂ ਨੂੰ ਅੰਧਵਿਸ਼ਵਾਸਾਂ, ਵਹਿਮਾਂ ਭਰਮਾਂ ਤੇ ਵੇਲਾ ਵਿਹਾਅ ਚੁੱਕੀਆਂ ਬੇਅਰਥ ਰਸਮਾਂ ਦੇ ਹਨੇਰੇ ਵਿੱਚੋਂ ਕੱਢ ਕੇ ਉਨ੍ਹਾਂ ਨੂੰ ਵਿਗਿਆਨਕ ਸੋਚ ਨਾਲ ਨੈਤਿਕ ਕਦਰਾਂ-ਕੀਮਤਾਂ ਦੇ ਧਾਰਨੀ ਬਣਾਉਣ ਲਈ ਮਹੱਤਵਪੂਰਨ ਰੋਲ ਅਦਾ ਕਰਦੀ ਹੈ।ਉਨ੍ਹਾਂ ਦੱਸਿਆ ਕਿ ਜਮਾਤ ਅਨੁਸਾਰ ਸੂਬਾ, ਜ਼ੋਨ ਤੇ ਇਕਾਈ ਪੱਧਰੀ ਮੈਰਿਟ ਬਣੇਗੀ।ਹਰ ਜਮਾਤ ਦੇ ਪਹਿਲੇ ਤਿੰਨ ਬੱਚੇ ਸੂਬਾ ਪੱਧਰੀ ਮੈਰਿਟ ਵਿੱਚ, ਉਸ ਤੋਂ ਅਗਲੇ ਤਿੰਨ ਬੱਚੇ ਜ਼ੋਨ ਤੇ ਉਸ ਤੋਂ ਅਗਲੇ ਤਿੰਨ ਬੱਚੇ ਇਕਾਈ ਪੱਧਰੀ ਮੈਰਿਟ ਵਿੱਚ ਹੋਣਗੇ।ਵਧੀਆ ਸਨਮਾਨ ਸਮਾਰੋਹ ਕਰਕੇ ਜੇਤੂ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਬਚਪਨ ਇੰਗਲਿਸ਼ ਸਕੂਲ ਦੇ ਬੱਚਿਆਂ ਦੀ ਪ੍ਰੀਖਿਆ ਇਸੇ ਸਕੂਲ ਵਿੱਚ ਹੀ 29 ਅਗਸਤ ਨੂੰ ਹੋਵੇਗੀ।ਬਹੁ-ਚੁਣਾਵੀ 60 ਪ੍ਰਸ਼ਨਾਂ ਦੇ ਉੱਤਰ ਓ ਐੱਮ ਆਰ ਸ਼ੀਟ 'ਤੇ ਦੇਣੇ ਹਨ।ਉਨ੍ਹਾਂ ਵੱਧ ਤੋਂ ਵੱਧ ਵਿਦਿਆਰਥੀਆਂ ਨੂੰ ਪ੍ਰੀਖਿਆ ਵਿੱਚ ਸ਼ਾਮਲ ਹੋਣ ਲਈ ਪ੍ਰੇਰਿਤ ਕੀਤਾ।ਅੱਜ ਮਿਡਲ ਜਮਾਤਾਂ ਦੇ 69 ਤੇ ਸੈਕੰਡਰੀ ਦੇ 52 ਕੁੱਲ 121 ਵਿਦਿਆਰਥੀਆਂ ਨੂੰ ਸਿਲੇਬਸ ਪੁਸਤਕਾਂ ਦਿੱਤੀਆਂ ਗਈਆਂ ਤੇ ਰਜਿਸਟਰੇਸ਼ਨ ਕੀਤੀ ਗਈ।ਸਿਲੇਬਸ ਪੁਸਤਕਾਂ ਵੰਡ ਤੇ ਪ੍ਰੀਖਿਆ ਤਿਆਰੀ ਸਮਾਗਮ ਵਿੱਚ ਪ੍ਰਿੰਸੀਪਲ ਅਨੂ ਸੂਦਨ, ਸ਼ਿਲਪਾ, ਮੋਨਿਕਾ, ਗੁਰਵਿੰਦਰ ਕੌਰ ਅਧਿਆਪਕਾਵਾਂ ਨੇ ਭਾਗ ਲਿਆ।

# ਟਰੰਪ ਵੱਲੋਂ 25 ਪ੍ਰਤੀਸ਼ਤ ਵਾਧੂ 'ਸਜ਼ਾ' ਟੈਰਿਫ ਲਗਾਉਣ ਦੀ ਸਖ਼ਤ ਨਿੰਦਾ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਇਨਕਲਾਬੀ ਕੇਂਦਰ ਪੰਜਾਬ ਨੇ ਰੂਸ ਤੋਂ ਤੇਲ ਖ਼ਰੀਦਣ ਦੇ ਬਹਾਨੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੁਆਰਾ ਸਾਡੇ ਦੇਸ਼ 'ਤੇ 25 ਪ੍ਰਤੀਸ਼ਤ ਵਾਧੂ 'ਸਜ਼ਾ' ਟੈਰਿਫ ਲਗਾਉਣ ਦਾ ਸਖ਼ਤ ਵਿਰੋਧ ਕੀਤਾ ਹੈ। ਇਨਕਲਾਬੀ ਕੇਂਦਰ ਪੰਜਾਬ ਦੇ ਪ੍ਰਧਾਨ ਨਰਾਇਣ ਦੱਤ ਤੇ ਜਨਰਲ ਸਕੱਤਰ ਕੰਵਲਜੀਤ ਖੰਨਾ ਨੇ ਕਿਹਾ ਕਿ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਪਹਿਲਾਂ 1 ਅਗਸਤ 2025 ਤੋਂ 25 ਪ੍ਰਤੀਸ਼ਤ ਟੈਰਿਫ ਲਗਾਇਆ ਸੀ ਅਤੇ ਧਮਕੀ ਦਿੱਤੀ ਸੀ ਕਿ ਭਾਰਤ ਨੂੰ ਰੂਸੀ ਊਰਜਾ ਵਸਤੂਆਂ ਤੇ ਰੱਖਿਆ ਉਪਕਰਨਾਂ ਦੇ ਆਯਾਤ 'ਤੇ 25 ਪ੍ਰਤੀਸ਼ਤ ਟੈਰਿਫ ਤੋਂ ਇਲਾਵਾ 'ਜੁਰਮਾਨੇ' ਦਾ ਸਾਹਮਣਾ ਕਰਨਾ ਪਵੇਗਾ। ਇਹ ਹੁਣ ਸਪੱਸ਼ਟ ਹੈ ਕਿ ਟਰੰਪ ਦੇ 'ਪਰਸਪਰ ਟੈਰਿਫ' ਪ੍ਰਤੀ ਮੋਦੀ ਸ਼ਾਸਨ ਦੀ ਯੋਜਨਾਬੱਧ ਤੁਸ਼ਟੀਕਰਨ ਨੀਤੀ ਸਿਰਫ਼ ਭਾਰਤ ਤੇ ਭਾਰਤੀ ਲੋਕਾਂ ਦੇ ਹਿੱਤਾਂ ਨੂੰ ਖ਼ਤਰੇ ਵਿੱਚ ਪਾਉਂਦੀ ਹੈ। ਟਰੰਪ ਦੀ ਇਸ ਭਾਰਤ ਖਿਲਾਫ਼ ਸਜ਼ਾ ਰੂਪੀ ਨੀਤੀ ਖਿਲਾਫ਼ ਪ੍ਰਧਾਨ ਮੰਤਰੀ ਵੱਲੋਂ ਖੁੱਲ੍ਹ ਕੇ ਬਿਆਨ ਵੀ ਨਾ ਦੇਣ ਕਾਰਨ ਉਸ ਦੇ ਫੋਕੇ ਦਾਅਵਿਆਂ ਦਾ ਹੀਜ ਪਿਆਜ਼ ਨੰਗਾ ਹੋ ਗਿਆ ਹੈ। ਆਗੂਆਂ ਨੇ ਕਿਹਾ ਕਿ ਅਮਰੀਕੀ ਰਾਸ਼ਟਰਪਤੀ ਟਰੰਪ ਦਾ ਅਸਲ ਮਕਸਦ 'ਮੁਕਤ ਵਪਾਰ ਸਮਝੌਤੇ' ਲਈ ਰਾਹ ਪੱਧਰਾ ਕਰਨਾ ਹੈ, ਜਿਸ ਦੇ ਗੰਭੀਰ ਸਿੱਟੇ ਤਬਾਹਕੁੰਨ ਸਾਬਿਤ ਹੋਣਗੇ। ਸੂਬਾਈ ਆਗੂਆਂ ਮੁਖਤਿਆਰ ਪੂਹਲਾ, ਜਗਜੀਤ ਲਹਿਰਾ ਮੁਹੱਬਤ ਤੇ ਜਸਵੰਤ ਜੀਰਖ ਨੇ ਭਾਰਤ ਦੇ ਲੋਕਾਂ ਨੂੰ ਤੁਰੰਤ ਡੋਨਾਲਡ ਟਰੰਪ ਦੇ ਸਾਮਰਾਜਵਾਦੀ ਕਦਮਾਂ, ਆਰ ਐੱਸ ਐੱਸ-ਭਾਜਪਾ ਦੀ ਤੁਸ਼ਟੀਕਰਨ ਨੀਤੀ ਦੇ ਵਿਰੁੱਧ ਤੇ ਨੀਤੀਗਤ ਫੈਸਲਿਆਂ ਵਿੱਚ ਭਾਰਤ ਤੇ ਭਾਰਤੀ ਲੋਕਾਂ ਦੇ ਹਿੱਤਾਂ ਨੂੰ ਤਰਜੀਹ ਦੇਣ ਦੇ ਸਮਰਥਨ ਵਿੱਚ ਆਪਣੀ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ।

# ਸਰਕਾਰੀ ਸਹਾਇਤਾ ਪ੍ਰਾਪਤ ਸਕੂਲ ਅਧਿਆਪਕਾਂ ਤੇ ਕਰਮਚਾਰੀਆਂ ਨੂੰ 4 ਮਹੀਨਿਆਂ ਤੋਂ ਨਹੀਂ ਮਿਲੀ ਤਨਖਾਹ

**ਨਾਭਾ (ਵਰਿੰਦਰ ਵਰਮਾ)**
ਪੰਜਾਬ ਦੇ ਸਿੱਖਿਆ ਵਿਭਾਗ ਨਾਲ ਸਬੰਧਤ ਸਰਕਾਰੀ ਸਹਾਇਤਾ ਪ੍ਰਾਪਤ (ਏਡਿਡ) ਸਕੂਲਾਂ ਦੇ ਹਜ਼ਾਰਾਂ ਅਧਿਆਪਕਾਂ ਨੂੰ ਪਿਛਲੇ ਚਾਰ ਮਹੀਨਿਆਂ ਤੋਂ ਤਨਖਾਹ ਨਹੀਂ ਮਿਲੀ ਹੈ, ਜਦਕਿ ਏਡਿਡ ਸਕੂਲਾਂ ਦੇ ਸੀ ਐਂਡ ਵੀ ਅਧਿਆਪਕ ਤਾਂ ਪਿਛਲੇ 16 ਮਹੀਨਿਆਂ ਤੋਂ ਤਨਖਾਹਾਂ ਲਈ ਤਰਸ ਰਹੇ ਹਨ।ਬੇਸ਼ੱਕ ਪੰਜਾਬ ਸਰਕਾਰ ਸੂਬੇ ਵਿਚ ਸਿੱਖਿਆ ਕ੍ਰਾਂਤੀ ਦੀ ਗੱਲ ਕਰਦੀ ਹੈ, ਪਰ ਸੂਬੇ ਦੇ ਇਨ੍ਹਾਂ ਸਕੂਲ੍ਹਾਂ ਦੇ ਹਜ਼ਾਰਾਂ ਅਧਿਆਪਕਾਂ ਨੂੰ ਸਮੇਂ ਸਿਰ ਤਨਖਾਹ ਵੀ ਨਹੀਂ ਮਿਲ ਰਹੀ।ਪੰਜਾਬ ਰਾਜ ਸਰਕਾਰੀ ਸਹਾਇਤਾ ਪ੍ਰਾਪਤ ਅਧਿਆਪਕ ਤੇ ਹੋਰ ਕ੍ਰਮਚਾਰੀ ਯੂਨੀਅਨ ਦੇ ਸੂਬਾ ਪ੍ਰਧਾਨ ਗੁਰਮੀਤ ਸਿੰਘ ਲੁਧਿਆਣਾ, ਸੂਬਾ ਸਕੱਤਰ ਸ਼ਰਨਜੀਤ ਸਿੰਘ ਕੁਰਾਲੀ, ਪੈਨਸ਼ਨਰ ਸੈੱਲ ਦੇ ਸੂਬਾ ਪ੍ਰਧਾਨ ਗੁਰਚਰਨ ਸਿੰਘ ਚਾਹਲ ਤੇ ਸੂਬਾ ਸਕੱਤਰ ਐਨ.ਐਨ. ਸੈਨੀ ਨੇ ਕਿਹਾ ਕਿ ਸਿੱਖਿਆ ਕ੍ਰਾਂਤੀ ਦੇ ਦਾਅਵੇ ਕਰਨ ਵਾਲੀ ਸਰਕਾਰ ਦੇ ਰਾਜ ਵਿਚ ਏਡਿਡ ਸਕੂਲਾਂ ਦੇ ਅਧਿਆਪਕ ਤੇ ਹੋਰ ਕ੍ਰਮਚਾਰੀ ਤਨਖਾਹਾਂ ਨੂੰ ਵੀ ਤਰਸ ਰਹੇ ਹਨ।ਉਨ੍ਹਾਂ ਇਹ ਵੀ ਕਿਹਾ ਕਿ ਸਿੱਖਿਆ ਵਿਭਾਗ ਬੇਲੋੜੀਆਂ ਚਿੱਠੀਆਂ ਜਾਰੀ ਕਰਕੇ ਤਨਖਾਹ ਗ੍ਰਾਂਟਾਂ ਰੋਕੀ ਬੈਠਾ ਹੈ।ਸੂਬੇ ਦੇ ਹਜ਼ਾਰਾਂ ਅਧਿਆਪਕਾਂ ਨੂੰ ਮਾਰਚ 2025 ਤੋਂ ਬਾਅਦ ਤਨਖਾਹ ਨਹੀਂ ਮਿਲੀ ਹੈ।ਪੰਜਾਬ ਦੇ ਕਈ ਜ਼ਿਲ੍ਹਿਆਂ ਦੇ ਅਧਿਆਪਕਾਂ ਨੂੰ ਤਾਂ ਜਨਵਰੀ 2025 ਤੋਂ ਤਨਖਾਹ ਜਾਰੀ ਨਹੀ ਕੀਤੀ ਗਈ, ਬਲਕਿ ਕੁੱਝ ਸਕੂਲਾਂ ਦੀ ਤਾਂ ਸਾਲ 2024 ਦੀ ਵੀ ਗਰਾਂਟ ਜਾਰੀ ਹੋਣੀ ਰਹਿੰਦੀ ਹੈ।ਏਡਿਡ ਸਕੂਲਾਂ ਤੋਂ ਸੇਵਾਮੁਕਤ ਹੋਏ ਪੈਨਸ਼ਨਰਾਂ ਨੂੰ ਸੇਵਾ ਮੁਕਤੀ ਦੇ ਲੰਬੇ ਸਮੇਂ ਬਾਅਦ ਵੀ ਪੀ.ਪੀ.ਓ ਆਰਡਰ ਜਾਰੀ ਨਹੀਂ ਕੀਤੇ ਗਏ, ਜਿਸ ਕਰਕੇ ਅਧਿਆਪਕ ਤੇ ਪੈਨਸ਼ਨਰਾਂ ਵਿੱਚ ਸਰਕਾਰ ਦੇ ਖਿਲਾਫ ਭਾਰੀ ਰੋਸ ਪਾਇਆ ਜਾ ਰਿਹਾ ਹੈ।



ਯੂਨੀਅਨ ਆਗੂਆਂ ਨੇ ਕਿਹਾ ਕਿ ਵਿਭਾਗ ਹੁਣ ਤੱਕ ਸਾਲਾਨਾ ਐਸਟੀਮੇਟ ਪ੍ਰਾਪਤ ਨਹੀਂ ਕਰ ਸਕਿਆ।ਡੀ.ਪੀ.ਆਈ ਦਫਤਰ ਵਿੱਚ ਸੇਵਾਮੁਕਤ ਅਧਿਆਪਕਾਂ ਤੇ ਕਰਮਚਾਰੀਆਂ ਨੂੰ ਅੱਖ ਭਿੜਦੀ ਦੇ ਸੌਦੇ ਅਨੁਸਾਰ ਪੀ.ਪੀ.ਓ ਆਰਡਰ ਜਾਰੀ ਕੀਤੇ ਜਾ ਰਹੇ ਹਨ, ਜਦਕਿ ਇਹ ਪੀ.ਪੀ.ਓ ਆਰਡਰ ਪੈਨਸ਼ਨ ਫਾਈਲ ਜਮ੍ਹਾਂ ਕਰਾਉਣ ਦੀ ਮਿਤੀ ਅਨੁਸਾਰ ਜਾਰੀ ਕੀਤੇ ਜਾਣੇ ਚਾਹੀਦੇ ਹਨ।ਆਗੂਆਂ ਨੇ ਕਿਹਾ ਕਿ ਸਿੱਖਿਆ ਵਿਭਾਗ ਵੱਲੋਂ ਸਕੂਲਾਂ ਦੀਆਂ ਤਨਖਾਹ ਦੀਆਂ ਗ੍ਰਾਂਟਾ ਅਤੇ ਪੈਨਸ਼ਨਰਾਂ ਦੇ ਪੀ.ਪੀ.ਓ ਆਰਡਰ ਜਾਰੀ ਨਾ ਕਰਨ ਕਰਕੇ ਏਡਿਡ ਸਕੂਲਾਂ ਦੇ ਸਮੂਹ ਅਧਿਆਪਕਾਂ ਤੇ ਪੈਨਸ਼ਨਰਾਂ ਵੱਲੋਂ 12 ਅਗਸਤ ਸੋਮਵਾਰ ਨੂੰ ਡੀ.ਪੀ.ਆਈ ਦਫਤਰ ਦਾ ਘਿਰਾਓ ਕੀਤਾ ਜਾਵੇਗਾ।ਜੇ ਫੇਰ ਵੀ ਮਸਲਾ ਹੱਲ ਨਾ ਹੋਇਆ ਤਾਂ ਹੋਰ ਸਖਤ ਐਕਸ਼ਨ ਕੀਤਾ ਜਾਵੇਗਾ, ਜਿਸ ਦੀ ਜਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।ਯੂਨੀਅਨ ਆਗੂਆਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ, ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੂੰ ਅਪੀਲ ਕੀਤੀ ਕਿ ਉਹ ਏਡਿਡ ਸਕੂਲਾਂ ਦੀ ਯੂਨੀਅਨ ਨਾਲ ਪੈਨਲ ਮੀਟਿੰਗ ਕਰਕੇ ਅਧਿਆਪਕਾਂ ਤੇ ਪੈਨਸ਼ਨਰਾਂ ਦੇ ਮਸਲੇ ਤਰੁੰਤ ਹੱਲ ਕਰਾਉਣ।

# ਭਾਰਤ ਟਰੰਪ ਟੈਰਿਫ ਨੀਤੀ ਤੇ ਰੂਸੀ ਸੰਬੰਧਾਂ ਬਾਰੇ ਡੂੰਘਾਈ ਨਾਲ ਵਿਚਾਰ ਕਰੇ : ਸੇਖੋਂ

**ਬਠਿੰਡਾ (ਬਖਤੌਰ ਢਿੱਲੋਂ)**-ਅਮਰੀਕਨ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਟੈਰਿਫ ਨੀਤੀ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਉਸ ਦਾ ਕਿਸੇ ਦੇਸ਼ ਜਾਂ ਕਿਸੇ ਹੋਰ ਦੇਸ਼ ਦੇ ਆਗੂ ਨਾਲ ਜੇਕਰ ਕੋਈ ਨੇੜਲਾ ਸਬੰਧ ਹੈ ਤਾਂ ਉਹ ਆਪਣਾ ਸਾਮਾਨ ਵੇਚਣ ਤੇ ਪੂੰਜੀ ਇਕੱਤਰ ਕਰਨ ਲਈ ਹੀ ਹੈ। ਇਹ ਵਿਚਾਰ ਪ੍ਰਗਟ ਕਰਦਿਆਂ ਸੀ ਪੀ ਆਈ ਐੱਮ ਪੰਜਾਬ ਦੇ ਸਕੱਤਰ ਕਾ: ਸੁਖਵਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਭਾਰਤ ਨੂੰ ਅਮਰੀਕਾ ਦੀ ਥਾਣੇਦਾਰੀ ਮੂਹਰੇ ਝੁਕਣ ਦੀ ਬਜਾਏ ਟਰੰਪ ਦੀ ਟੈਰਿਫ ਨੀਤੀ ਤੇ ਰੂਸੀ ਸਬੰਧਾਂ ਬਾਰੇ ਡੂੰਘਾਈ ਨਾਲ ਵਿਚਾਰ ਕਰਨੀ ਚਾਹੀਦੀ ਹੈ। ਵਰਨਣਯੋਗ ਹੈ ਕਿ ਕੁਝ ਦਿਨ ਪਹਿਲਾਂ ਜਦੋਂ ਭਾਰਤ ਨੇ ਰੂਸ ਤੋਂ ਤੇਲ ਖ਼ਰੀਦਣ ਦਾ ਸੌਦਾ ਤਹਿ ਕੀਤਾ ਤਾਂ ਅਮਰੀਕਨ ਰਾਸ਼ਟਰਪਤੀ ਟਰੰਪ ਨੇ ਕਿਹਾ ਕਿ ਭਾਰਤ ਚੰਗਾ ਵਪਾਰਕ ਭਾਈਵਾਲ ਨਹੀਂ ਰਿਹਾ, ਉਸ 'ਤੇ ਟੈਰਿਫ ਵਧਾ ਕੇ ਪੰਜਾਹ ਫੀਸਦੀ ਕੀਤਾ ਜਾਵੇਗਾ, ਜਦੋਂ ਕਿ ਪਹਿਲਾਂ ਇਹ ਟੈਰਿਫ 25 ਫੀਸਦੀ ਲਗਦਾ ਸੀ। ਇੱਥੇ ਇਹ ਦੱਸਣਾ ਵੀ ਕੁਥਾਂ ਨਹੀਂ ਹੋਵੇਗਾ ਕਿ ਕੇਵਲ ਭਾਰਤ ਹੀ ਨਹੀਂ ਟਰੰਪ ਨੇ ਬ੍ਰਾਜ਼ੀਲ ਲਈ ਵੀ 50 ਫੀਸਦੀ ਟੈਰਿਫ ਲਗਾ ਕੇ ਉੱਥੋਂ ਦੇ ਰਾਸ਼ਟਰਪਤੀ ਲੁਈਜ਼ ਇਨਾਸੀਓ ਨੂੰ ਕਿਹਾ ਸੀ ਕਿ ਜੇ ਲੋੜ ਸਮਝੇ ਤਾਂ ਉਹ ਅਮਰੀਕਾ ਨਾਲ ਗੱਲ ਕਰ ਸਕਦਾ ਹੈ, ਪਰ ਲੁਈਜ਼ ਨੇ ਬ੍ਰਿਕਸ ਦੇਸ਼ਾਂ ਨਾਲ ਸੰਪਰਕ ਕਰਨਾ ਸ਼ੁਰੂ ਕਰ ਦਿੱਤਾ ਅਤੇ ਸਪੱਸ਼ਟ ਕਿਹਾ ਕਿ ਉਹ ਅਮਰੀਕਾ ਨਾਲ ਗੱਲ ਨਹੀਂ ਕਰੇਗਾ, ਜਦਕਿ ਭਾਰਤ ਜਾਂ ਚੀਨ ਨਾਲ ਗੱਲ ਕਰਨ ਨੂੰ ਤਰਜੀਹ ਦੇਵੇਗਾ। ਕਾ: ਸੇਖੋਂ ਨੇ ਕਿਹਾ ਕਿ ਭਾਰਤ ਤੇ ਬ੍ਰਾਜ਼ੀਲ ਲਈ ਟੈਰਿਫ ਵਿੱਚ ਕੀਤੇ ਵਾਧੇ ਨਾਲ ਅਮਰੀਕਨ ਰਾਸ਼ਟਰਪਤੀ ਟਰੰਪ ਦੀ ਵਪਾਰਕ ਨੀਤੀ ਸਪੱਸ਼ਟ ਹੋ ਗਈ ਹੈ। ਉਹ ਹੋਰ ਦੇਸ਼ਾਂ ਨੂੰ ਥਾਣੇਦਾਰੀ ਵਾਲੇ ਰੋਹਬ ਨਾਲ ਸਾਮਾਨ ਵੇਚ ਕੇ ਪੂੰਜੀ ਇਕੱਤਰ ਕਰਨ ਦਾ ਕੰਮ ਕਰ ਰਿਹਾ ਹੈ।

## ਟਰੰਪ ਦੀ ਨੀਤੀ ਥਾਣੇਦਾਰੀ ਰੋਹਬ ਨਾਲ ਸਾਮਾਨ ਵੇਚਣਾ ਤੇ ਪੂੰਜੀ ਇਕੱਠੀ ਕਰਨਾ

ਰੂਸ ਭਾਰਤ ਦੀ ਦੋਸਤੀ ਦਹਾਕਿਆਂ ਬੱਧੀ ਪੁਰਾਣੀ ਹੈ ਅਤੇ ਰੂਸ ਨੇ ਭਾਰਤ ਦੇ ਵਿਕਾਸ ਵਿੱਚ ਵੱਡਾ ਯੋਗਦਾਨ ਪਾਇਆ ਹੈ, ਜਿਸ ਨੂੰ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਕਿਹਾ ਕਿ ਭਾਰਤ ਦਾ ਪ੍ਰਧਾਨ ਮੰਤਰੀ ਸ੍ਰੀ ਮੋਦੀ ਹਮੇਸ਼ਾ ਟਰੰਪ ਨੂੰ ਆਪਣਾ ਅਤੀ ਨਜ਼ਦੀਕੀ ਦੋਸਤ ਕਹਿੰਦਾ ਰਿਹਾ ਹੈ, ਪਰ ਹੁਣ ਬਿੱਲੀ ਥੈਲਿਉਂ ਬਾਹਰ ਆ ਗਈ ਹੈ ਕਿ ਇਸ ਦੋਸਤੀ ਅੰਦਰਲਾ ਰਾਜ਼ ਕੀ ਸੀ। ਕਾ: ਸੇਖੋਂ ਨੇ ਕਿਹਾ ਕਿ ਇਸ ਟੈਰਿਫ ਨੀਤੀ ਨੂੰ ਆਧਾਰ ਬਣਾ ਕੇ ਭਾਰਤ ਸਰਕਾਰ ਨੂੰ ਸਮੁੱਚੀਆਂ ਵਿਰੋਧੀ ਪਾਰਟੀਆਂ ਨਾਲ ਮਸ਼ਵਰਾ ਕਰਕੇ ਡੂੰਘਾਈ ਨਾਲ ਵਿਚਾਰ ਚਰਚਾ ਕਰਨੀ ਚਾਹੀਦੀ ਹੈ।

# ਗਰਭਵਤੀ ਔਰਤਾਂ ਲਈ ਸੰਤੁਲਿਤ, ਪੌਸ਼ਟਿਕ ਖ਼ੁਰਾਕ, ਕਸਰਤ ਤੇ ਲੋੜੀਂਦੀ ਨੀਂਦ ਜ਼ਰੂਰੀ : ਡਾ. ਮੋਨਿਕਾ ਗਰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਮਾਂ ਬਣਨ ਦੀ ਯੋਜਨਾ ਬਣਾ ਰਹੇ ਨਵੇਂ ਵਿਆਹੇ ਜੋੜਿਆਂ ਲਈ ਇੱਕ ਨਵਾਂ ਜੀਵਨ ਗਰਭ ਧਾਰਨ ਦੇ ਸਮੇਂ ਤੋਂ ਸ਼ੁਰੂ ਹੁੰਦਾ ਹੈ।ਗਰਭ ਅਵਸਥਾ ਦੇ ਪਹਿਲੇ ਦੋ ਹਫ਼ਤਿਆਂ ਬਾਰੇ ਲੋਕਾਂ ਵਿੱਚ ਅਕਸਰ ਉਲਝਣ ਤੇ ਜਾਣਕਾਰੀ ਦੀ ਘਾਟ ਹੁੰਦੀ ਹੈ, ਜਿਸ ਲਈ ਨਵੀਆਂ ਗਰਭਵਤੀ ਔਰਤਾਂ ਲਈ ਇਸ ਵਿਸ਼ੇ ਬਾਰੇ ਜਾਣੂ ਹੋਣਾ ਜ਼ਰੂਰੀ ਹੈ।ਉਪਰੋਕਤ ਜਾਣਕਾਰੀ ਸ਼ਾਮ ਨਰਸਿੰਗ ਹੋਮ ਰੇਲਵੇ ਰੋਡ ਮੋਗਾ ਦੀ ਡਾਇਰੈਕਟਰ, ਅੰਸ਼ ਆਈਵੀਐੱਫ ਸਪੈਸ਼ਲਿਸਟ ਤੇ ਗਾਇਨੀਕੋਲੋਜਿਸਟ ਡਾ. ਮੋਨਿਕਾ ਗਰਗ ਨੇ ਆਪਣੀ ਪ੍ਰਤੀਕਿਰਿਆ ਪ੍ਰਗਟ ਕਰਦੇ ਹੋਏ ਦਿੱਤੀ।ਡਾ. ਮੋਨਿਕਾ ਗਰਗ ਨੇ ਕਿਹਾ ਕਿ ਜ਼ਿਆਦਾਤਰ ਗਰਭਵਤੀ ਔਰਤਾਂ ਨੂੰ ਇਹ ਨਹੀਂ ਪਤਾ ਹੁੰਦਾ ਕਿ ਗਰਭ ਅਵਸਥਾ ਦੀ ਗਣਨਾ ਅਸਲ ਵਿੱਚ ਉਨ੍ਹਾਂ ਦੇ ਆਖਰੀ ਮਾਹਵਾਰੀ ਚੱਕਰ ਦੇ ਪਹਿਲੇ ਦਿਨ ਤੋਂ ਸ਼ੁਰੂ ਹੁੰਦੀ ਹੈ, ਨਾ ਕਿ ਗਰਭ ਧਾਰਨ ਤੋਂ। ਉਨ੍ਹਾਂ ਕਿਹਾ ਕਿ ਭਾਵੇਂ ਗਰਭ ਅਵਸਥਾ ਦੇ ਪਹਿਲੇ ਦੋ ਹਫ਼ਤਿਆਂ ਵਿੱਚ ਗਰਭ ਧਾਰਨ ਸਥਾਪਤ ਨਹੀਂ ਹੁੰਦਾ, ਪਰ ਗਰਭ ਧਾਰਨ ਦੀ ਤਿਆਰੀ ਦੇ ਮਾਮਲੇ ਵਿੱਚ ਇਹ ਦੋਵੇਂ ਹਫ਼ਤੇ ਮਹੱਤਵਪੂਰਨ ਹਨ।ਇਸ ਸਮੇਂ ਦੌਰਾਨ ਔਰਤ ਦੇ ਸਰੀਰ ਵਿੱਚ ਅੰਡਾ ਤਿਆਰ ਹੋ ਰਿਹਾ ਹੁੰਦਾ ਹੈ ਅਤੇ ਬੱਚੇਦਾਨੀ ਦੀਆਂ ਕੰਧਾਂ ਸੰਭਾਵੀ ਭਰੂਣ ਪ੍ਰਾਪਤ ਕਰਨ ਲਈ ਤਿਆਰ ਹੋ ਰਹੀਆਂ ਹੁੰਦੀਆਂ ਹਨ।ਉਨ੍ਹਾਂ ਕਿਹਾ ਕਿ ਇਹ ਸਮਾਂ ਹੈ ਕਿ ਗਰਭ ਅਵਸਥਾ ਲਈ ਆਪਣੇ ਆਪ ਨੂੰ ਸਰੀਰਕ ਤੇ ਮਾਨਸਿਕ ਤੌਰ 'ਤੇ ਤਿਆਰ ਕਰੋ।ਜੇਕਰ ਤੁਸੀਂ ਗਰਭ ਧਾਰਨ ਕਰਨ ਦੀ ਯੋਜਨਾ ਬਣਾ ਰਹੇ ਹੋ, ਤਾਂ ਪਹਿਲੇ ਹਫ਼ਤੇ ਤੋਂ ਹੀ ਜੀਵਨ ਸ਼ੈਲੀ ਵਿੱਚ ਬਦਲਾਅ ਜ਼ਰੂਰੀ ਹਨ।

ਉਨ੍ਹਾਂ ਕਿਹਾ ਕਿ ਜੋ ਔਰਤਾਂ ਗਰਭ ਧਾਰਨ ਕਰਨ ਦੀ ਯੋਜਨਾ ਬਣਾ ਰਹੀਆਂ ਹਨ, ਉਨ੍ਹਾਂ ਨੂੰ ਸ਼ਰਾਬ, ਸਿਗਰਟਨੋਸ਼ੀ ਤੋਂ ਪ੍ਰਹੇਜ਼ ਕਰਨਾ ਚਾਹੀਦਾ ਹੈ, ਨਿਯਮਿਤ ਤੌਰ 'ਤੇ ਸੰਤੁਲਿਤ ਤੇ ਪੌਸ਼ਟਿਕ ਖ਼ੁਰਾਕ ਲੈਣੀ ਚਾਹੀਦੀ ਹੈ, ਕਸਰਤ ਕਰਨੀ ਚਾਹੀਦੀ ਹੈ ਤੇ ਕਾਫ਼ੀ ਨੀਂਦ ਲੈਣੀ ਚਾਹੀਦੀ ਹੈ।ਇਸ ਦੇ ਨਾਲ ਹੀ, ਜ਼ਰੂਰੀ ਸਪਲੀਮੈਂਟ ਲੈ ਕੇ, ਭਰੂਣ ਦੀਆਂ ਗੰਭੀਰ ਸਮੱਸਿਆਵਾਂ ਤੋਂ ਬਚਿਆ ਜਾ ਸਕਦਾ ਹੈ।ਸ਼ਾਮ ਨਰਸਿੰਗ ਹੋਮ ਰੇਲਵੇ ਰੋਡ ਮੋਗਾ ਦੀ ਆਈਵੀਐੱਫ ਮਾਹਰ ਤੇ ਗਾਇਨੀਕੋਲੋਜਿਸਟ ਡਾ. ਮੋਨਿਕਾ ਗਰਗ ਨੇ ਕਿਹਾ ਕਿ ਔਰਤਾਂ ਨੂੰ ਆਪਣੇ ਮਾਹਵਾਰੀ ਚੱਕਰ ਦੀ ਨਿਯਮਤਤਾ ਵੱਲ ਧਿਆਨ ਦੇਣਾ ਚਾਹੀਦਾ ਹੈ, ਜੋ ਗਰਭ ਧਾਰਨ ਦੀ ਸਹੀ ਮਿਤੀ ਜਾਣਨ ਵਿੱਚ ਮਦਦ ਕਰਦਾ ਹੈ।ਉਨ੍ਹਾਂ ਕਿਹਾ ਕਿ ਜੋ ਔਰਤਾਂ ਗਰਭ ਧਾਰਨ ਕਰਨ ਦੀ ਯੋਜਨਾ ਬਣਾ ਰਹੀਆਂ ਹਨ, ਉਹ ਹਸਪਤਾਲ ਆ ਕੇ ਮਹੱਤਵਪੂਰਨ ਤੇ ਹੋਰ ਪਹਿਲੂਆਂ ਲਈ ਮਾਰਗਦਰਸ਼ਨ ਲੈ ਸਕਦੀਆਂ ਹਨ।ਇਸ ਨਾਲ ਗਰਭ ਧਾਰਨ ਦੀ ਸੰਭਾਵਨਾ ਵਧਦੀ ਹੈ ਤੇ ਗੁੰਝਲਦਾਰ ਸਮੱਸਿਆਵਾਂ ਤੋਂ ਵੀ ਬਚਿਆ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਔਰਤਾਂ ਲਈ ਮਾਂ ਬਣਨ ਦੀ ਯਾਤਰਾ ਗਰਭ ਧਾਰਨ ਨਾਲ ਸ਼ੁਰੂ ਹੁੰਦੀ ਹੈ, ਜਿਸ ਲਈ ਹਰ ਔਰਤ ਨੂੰ ਨਿੱਜੀ ਤੌਰ 'ਤੇ ਆਪਣੇ ਡਾਕਟਰ ਤੋਂ ਆਪਣਾ ਧਿਆਨ ਰੱਖਣਾ ਚਾਹੀਦਾ ਹੈ, ਪੋਸ਼ਣ, ਸਲਾਹ, ਮਾਨਸਿਕ ਸਿਹਤ ਤੇ ਪ੍ਰਜਨਨ ਸਿਹਤ ਸੰਬੰਧੀ ਜਾਣਕਾਰੀ ਲੈਣੀ ਚਾਹੀਦੀ ਹੈ।ਜੇਕਰ ਕੋਈ ਔਰਤ ਗਰਭ ਅਵਸਥਾ ਦੀ ਨੀਂਹ ਰੱਖਣ ਕਾਰਨ ਮਾਂ ਬਣਨ ਦੀ ਯੋਜਨਾ ਬਣਾ ਰਹੀ ਹੈ, ਤਾਂ ਉਸ ਨੂੰ ਸ਼ਾਮ ਨਰਸਿੰਗ ਹੋਮ ਆ ਕੇ ਸਲਾਹ ਲੈਣੀ ਚਾਹੀਦੀ ਹੈ, ਇਸ ਵਿੱਚ ਕੋਈ ਦੇਰੀ ਨਹੀਂ ਹੋਣੀ ਚਾਹੀਦੀ।

## ਚਣਕੋਈਆ ਖੁਰਦ ਵਿਖੇ ਲੈਂਡ ਪੂਲਿੰਗ ਨੀਤੀ ਵਿਰੁੱਧ ਮਤਾ ਪਾਸ



**ਦੋਰਾਹਾ (ਹਰਮਿੰਦਰ ਸੇਠ)**-ਸਰਪੰਚ ਦਵਿੰਦਰ ਸਿੰਘ ਬਿੱਟੂ ਦੀ ਅਗਵਾਈ ਹੇਠ ਪਿੰਡ ਚਣਕੋਈਆ ਖੁਰਦ ਵਿਖੇ ਪੰਜਾਬ ਸਰਕਾਰ ਦੀ ਲੈਂਡ ਪੂਲਿੰਗ ਨੀਤੀ ਵਿਰੁੱਧ ਵਿੱਚ ਗ੍ਰਾਮ ਸਭਾ ਵਿੱਚ ਮਤਾ ਪਾਸ ਕੀਤਾ ਗਿਆ, ਜਿਸ ਵਿੱਚ ਪਿੰਡ ਦੀ ਪੰਚਾਇਤ ਤੋਂ ਇਲਾਵਾ ਨਗਰ ਨਿਵਾਸੀਆਂ ਨੇ ਸ਼ਮੂਲੀਅਤ ਕੀਤੀ।ਇਸ ਸਮੇਂ ਸਾਰਿਆਂ ਦੀ ਸਹਿਮਤੀ ਨਾਲ ਮਤਾ ਪਾਸ ਕਰਨ ਤੋਂ ਬਾਅਦ ਮੌਜੂਦਾ ਸਰਪੰਚ ਦਵਿੰਦਰ ਸਿੰਘ ਬਿੱਟੂ ਨੇ ਗੱਲਬਾਤ ਕਰਦਿਆਂ ਆਖਿਆ ਕਿ ਪੰਜਾਬ ਸਰਕਾਰ ਦੇ ਹਰ ਚੰਗੇ ਕਾਰਜਾਂ ਨਾਲ ਸਰਕਾਰ ਦੇ ਨਾਲ ਹਾਂ ਪਰ ਪੰਜਾਬ ਸਰਕਾਰ ਦੁਆਰਾ ਲਿਆਂਦੀ ਲੈਂਡ ਪੂਲਿੰਗ ਨੀਤੀ ਕਿਸਾਨਾਂ ਦੇ ਹੱਕ ਵਿੱਚ ਨਹੀਂ ਹੈ, ਇਸ ਨਾਲ ਪੰਜਾਬ ਦਾ ਢਾਂਚਾ ਵਿਗੜੇਗਾ ਜਿਸ ਨਾਲ ਪੰਜਾਬ ਦੀ ਉਪਜਾਊ ਧਰਤੀ 'ਤੇ ਕਾਰਪੋਰੇਟ ਦਾ ਕਬਜ਼ਾ ਹੋ ਜਾਵੇਗਾ, ਜੋ ਕਿ ਕਿਸਾਨ ਤੇ ਮਜ਼ਦੂਰ ਦੇ ਹੱਕ ਵਿੱਚ ਨਹੀਂ ਹੋਵੇਗਾ।ਉਨ੍ਹਾਂ ਆਖਿਆ ਕਿ ਅਸੀਂ ਇਸ ਨੀਤੀ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦੇ ਹਾਂ।ਇਸ ਸਮੇਂ ਪ੍ਰਧਾਨ ਪ੍ਰਧਾਨ ਬਚਿੱਤਰ ਸਿੰਘ, ਪ੍ਰਧਾਨ ਜਗਦੇਵ ਸਿੰਘ, ਗੁਰਪ੍ਰੀਤ ਸਿੰਘ ਗੋਪੀ, ਸੁਖਦੇਵ ਸਿੰਘ ਸੁੱਖਾ, ਨਿਰਜੀਤ ਸਿੰਘ, ਹਰਕੋਮਲ ਸਿੰਘ, ਪ੍ਰਿਤਪਾਲ ਸਿੰਘ ਫੌਜੀ, ਅਮਰੀਕ ਸਿੰਘ, ਹਾਕਮ ਸਿੰਘ, ਚਰਨਜੀਤ ਸਿੰਘ, ਗੁਰਜੀਤ ਸਿੰਘ, ਮੇਵਾ ਸਿੰਘ, ਜਗਦੇਵ ਸਿੰਘ, ਨੰਬਰਦਾਰ ਰਾਜਵੰਤ ਸਿੰਘ, ਪ੍ਰਦੀਪ ਸਿੰਘ, ਸਵਰਨ ਸਿੰਘ, ਗੁਰਪ੍ਰੀਤ ਸਿੰਘ ਪੀਤੀ, ਸਤਬੀਰ ਸਿੰਘ, ਦਿਲਜੋਤ ਸਿੰਘ, ਸੁਮਨਦੀਪ ਸਿੰਘ ਲਾਲਾ, ਚਰਨਜੀਤ ਸਿੰਘ ਪੰਚ, ਜਸਬੀਰ ਸਿੰਘ ਪੰਚ, ਪਰਮਜੀਤ ਸਿੰਘ ਪੰਚ, ਸੁਖਜੀਤ ਕੌਰ ਪੰਚ, ਪਰਮਜੀਤ ਕੌਰ ਪੰਚ ਤੇ ਅਨੇਕਾਂ ਹੋਰ ਹਾਜ਼ਰ ਸਨ।

# ਭਾਦਲਾ ਸੜਕ ਦੀ ਤਰਸਯੋਗ ਹਾਲਤ ਨੂੰ ਲੈ ਕੇ ਇਲਾਕੇ ਦੀਆਂ ਪੰਚਾਇਤਾਂ ਵੱਲੋਂ ਸਰਕਾਰ ਖਿਲਾਫ ਧਰਨਾ



**ਖੰਨਾ (ਸੁਖਵਿੰਦਰ ਸਿੰਘ ਭਾਦਲਾ)**-ਖੰਨਾ ਤੋਂ ਮੰਡੀ ਗੋਬਿੰਦਗੜ੍ਹ ਵੱਲ ਜਾਂਦਿਆਂ ਪਿੰਡ ਭਾਦਲਾ ਨੂੰ ਜਾਣ ਵਾਲੀ ਸੜਕ ਦੇ ਹਾਲਾਤ ਬਹੁਤ ਜ਼ਿਆਦਾ ਖਰਾਬ ਹਨ।ਜੁੜ ਇਹ ਸੜਕ ਦੇਖਣ ਨੂੰ ਕਿਧਰੇ ਵੀ ਨਹੀਂ ਮਿਲ ਰਹੀ, ਸਗੋਂ ਇਸ ਸੜਕ 'ਤੇ ਬਹੁਤ ਡੂੰਘੇ-ਡੂੰਘੇ ਟੋਏ ਪਏ ਹੋਏ ਦਿਖਾਈ ਦੇ ਰਹੇ ਹਨ। ਹੁਣ ਮੌਜੂਦਾ ਬਾਰਿਸ਼ ਹੋ ਜਾਂਦੀ ਹੈ ਤਾਂ ਇਹ ਸੜਕ ਟਾਪੂਆਂ ਦਾ ਰੂਪ ਧਾਰਨ ਕਰ ਲੈਂਦੀ ਹੈ।ਜੇ ਬਾਰਿਸ਼ ਨਾ ਹੋਵੇ ਤਾਂ ਇਹ ਸੜਕ ਇਸ ਤਰ੍ਹਾਂ ਲੱਗਦੀ ਹੈ, ਜਿਵੇਂ ਭੂੰਚਾਲ ਕੇ ਰਾਹਗੀਰ ਜਿਸ ਚੱਲ ਰਹੀ ਮਾਇਨਿੰਗ ਦੀ ਖੱਡ ਵਿੱਚ ਆ ਗਿਆ ਹੋਵੇ।ਐਂਬੂਲੈਂਸ ਬਰਸਾਤਾਂ ਦਿਨਾਂ ਵਿੱਚ ਇਹ ਸੜਕ ਡੂੰਘੇ ਟੋਇਆਂ ਵਿੱਚ ਪਾਣੀ ਭਰਿਆ ਹੋਇਆ ਹੈ।ਇਹ ਟੋਏ ਇੰਨੇ ਜ਼ਿਆਦਾ ਡੂੰਘੇ ਹਨ ਕਿ ਹਰ ਰੋਜ਼ ਕਾਰਾਂ, ਟਰੱਕ, ਟਰਾਲੀਆਂ, ਦੋ ਪਹੀਏ ਵਾਹਨਾਂ ਵਾਲੇ ਅਕਸਰ ਇਨ੍ਹਾਂ ਟੋਇਆਂ ਵਿੱਚ ਡਿੱਗੇ ਹੋਏ ਦਿਖਾਈ ਦਿੰਦੇ ਹਨ।ਬੀਤੇ ਦਿਨ ਲੋਹੇ ਨਾਲ ਭਰੀ ਟਰਾਲੀ ਇੱਕ ਰਾਹਗੀਰ ਦੀ ਕਾਰ ਉੱਪਰ ਉਲਟ ਗਈ, ਜਿਸ ਕਾਰਨ ਉਹ ਕਾਰ ਚਾਲਕ ਵਾਲ ਵਾਲ ਬਚਿਆ ਤੇ ਕਾਰ ਦਾ ਕਾਫੀ ਨੁਕਸਾਨ ਹੋ ਗਿਆ।ਇਨ੍ਹਾਂ ਡੂੰਘੇ ਟੋਇਆਂ ਵਿੱਚ ਪਏ ਟਰੱਕ ਅਕਸਰ ਖਰਾਬ ਖੜੇ ਦਿਖਾਈ ਦਿੰਦੇ ਹਨ।ਇਸ ਇਲਾਕੇ ਦੇ ਦੁਖੀ ਹੋਏ ਕਈ ਪਿੰਡਾਂ ਦੇ ਲੋਕਾਂ, ਮੋਹਤਬਰਾਂ ਤੇ ਪੰਚਾਇਤਾਂ ਵੱਲੋਂ ਜਿਨ੍ਹਾਂ ਵਿੱਚ ਪਿੰਡ ਭਾਦਲਾ ਉੱਚਾ, ਭਾਦਲਾ ਨੀਚਾ, ਬਾਜ਼ੀਗਰ ਬਸਤੀ ਭਾਦਲਾ ਬਾਜ਼ੀਗਰ ਬਸਤੀ ਅਲੌੜ, ਬਾਜ਼ੀਗਰ ਬਸਤੀ ਪਿੰਡ ਅਲੌੜ, ਮੁਗਲ ਮਾਜਰਾ, ਅਲੀਪੁਰ, ਮਾਣਕ ਮਾਜਰਾ, ਇਸਮੈਇਲ ਪੁਰ, ਨਿਊਆ ਤੇ ਮਾਜਰੀ ਆਦਿ ਪਿੰਡਾਂ ਦੀਆਂ ਪੰਚਾਇਤਾਂ ਤੇ ਮੋਹਤਬਰਾਂ ਵੱਲੋਂ ਸੜਕ ਬੰਦ ਕਰਕੇ ਧਰਨਾ ਲਗਾਇਆ ਗਿਆ।ਇਹ ਸੜਕ ਪਿੰਡ ਭਾਦਲਾ ਵਾਇਆ ਖੰਨੀ ਨੇਹ ਸਿੰਘ, ਉੱਚਾ ਪਿੰਡ ਸੰਘੋਲ ਨੂੰ ਚੰਡੀਗੜ੍ਹ ਨੂੰ ਜਾਣ ਵਾਲੀ ਸੜਕ ਹੈ।ਇਸ ਮੌਕੇ ਪਿੰਡ ਭਾਦਲਾ ਉੱਚਾ ਦੇ ਸਰਪੰਚ ਹਰਵਿੰਦਰ ਸਿੰਘ ਬੈਨੀਪਾਲ, ਲੋਕ ਗਾਇਕ ਹੁਸ਼ਿਆਰ ਮਾਹੀ ਤੇ ਕਿਸਾਨ ਮਜ਼ਦੂਰ ਯੂਨੀਅਨ ਦੇ ਨੇਤਾ ਜਸਵੰਤ ਸਿੰਘ ਅਲੀਪੁਰ ਨੇ ਸਾਂਝਾ ਬਿਆਨ ਦਿੰਦਿਆਂ ਕਿਹਾ ਕਿ ਲੰਮੇ ਅਰਸੇ ਤੋਂ ਇਸ ਸੜਕ ਉੱਪਰ ਬਹੁਤ ਡੂੰਘੇ ਡੂੰਘੇ ਟੋਏ ਪਏ ਹੋਏ ਹਨ।ਹਲਕਾ ਖੰਨਾ ਦੇ ਵਿਧਾਇਕ ਕੈਬਨਿਟ ਮੰਤਰੀ ਤਰਨਪ੍ਰੀਤ ਸਿੰਘ ਸੌਂਦ ਇੰਡਸਟਰੀਅਲ ਮੰਤਰੀ ਵੀ ਰਿਹਾ ਹੈ।ਇਸ ਰੋਡ ਉੱਪਰ ਬਹੁਤ ਇੰਡਸਟਰੀ ਹੈ।ਹਲਕਾ ਖੰਨਾ ਦੇ ਵਿਧਾਇਕ ਕੈਬਨਿਟ ਮੰਤਰੀ ਤਰਨਪ੍ਰੀਤ ਸਿੰਘ ਸੌਂਦ ਵੱਲੋਂ ਪਿਛਲੇ ਲੰਬੇ ਅਰਸੇ ਤੋਂ ਪ੍ਰੇਸ਼ਾਨ ਹੋ ਰਹੇ ਇਨ੍ਹਾਂ ਦਰਜਨ ਪਿੰਡਾਂ ਦੇ ਲੋਕਾਂ ਦੀ ਕਦੇ ਵੀ ਇਸ ਸਬੰਧੀ ਸਾਰ ਨਹੀਂ ਲਈ, ਉਲਟਾ ਆਪਣੇ ਕਾਗਜ਼ੀ ਕੀਤੇ ਕੰਮ ਗਿਣਾ ਕੇ ਲੋਕਾਂ ਨੂੰ ਮੂਰਖ ਬਣਾ ਕੇ ਚਲੇ ਜਾਂਦੇ ਹਨ।ਯੁੱਧ ਨਸ਼ਿਆਂ ਵਿਰੁੱਧ ਆਪਣਾ ਪ੍ਰੋਗਰਾਮ ਕਰਨ ਆਏ ਕੈਬਨਿਟ ਮੰਤਰੀ ਨੂੰ ਪਿੰਡ ਅਲੀਪੁਰ ਦੇ ਮੋਹਤਬਰਾਂ ਵੱਲੋਂ ਜਦੋਂ ਇਸ ਸੜਕ ਸਬੰਧੀ ਸਵਾਲ ਕੀਤਾ ਗਿਆ ਤਾਂ ਉਨ੍ਹਾਂ ਮੰਡੀਕਰਨ ਬੋਰਡ ਦੇ ਚੇਅਰਮੈਨ ਜਸਵਿੰਦਰ ਸਿੰਘ ਰਣਧੀਰਪੁਰੀ ਨਾਲ ਗੱਲ ਕਰਨ ਨੂੰ ਕਿਹਾ, ਪਰ ਉਨ੍ਹਾਂ ਵੱਲੋਂ ਵੀ ਕਈ ਸਪੱਸ਼ਟ ਕਾਰਵਾਈ ਨਹੀਂ ਕੀਤੀ ਗਈ।ਉਨ੍ਹਾਂ ਕਿਹਾ ਕਿ ਸਾਨੂੰ ਤਾਂ ਅਜੇ ਤੱਕ ਇਹ ਵੀ ਪਤਾ ਨਹੀਂ ਲੱਗ ਸਕਿਆ ਕਿ ਇਹ ਸੜਕ ਕਿਸ ਵਿਭਾਗ ਦੇ ਅਧੀਨ ਪੈਂਦੀ ਹੈ ਜਾਂ ਹਲਕਾ ਅਮਲੋਹ ਅਧੀਨ ਪੈਂਦੀ ਹੈ, ਪਰ ਇਸ ਬਾਰੇ ਵੱਡੇ ਨੇ ਇਸ ਸੜਕ ਤੋਂ ਰੋਜ਼ਾਨਾ ਲੰਘਣ ਵਾਲੇ ਮਜ਼ਦੂਰ, ਸਕੂਲੀ ਬੱਚੇ, ਹੋਰ ਕੰਮਕਾਜ ਲਈ ਸ਼ਹਿਰ ਜਾਣ ਵਾਲੇ ਲੋਕ, ਆਪਣੀ ਫਸਲ ਅਨਾਜ ਮੰਡੀ ਵਿੱਚ ਲਿਜਾਣ ਵਾਲੇ ਕਿਸਾਨ, ਐਮਰਜੈਂਸੀ ਸੇਵਾਵਾਂ ਨੂੰ ਮਜਬੂਰੀ ਬਸ ਬਹੁਤ ਮੁਸ਼ਕਲ ਨਾਲ ਇਸ ਸੜਕ ਉੱਪਰ ਲੰਘਣਾ ਪੈਂਦਾ ਹੈ।ਉਨ੍ਹਾਂ ਪ੍ਰਸ਼ਾਸਨ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ 15 ਦਿਨਾਂ ਦੇ ਵਿੱਚ ਵਿੱਚ ਇਹ ਸੜਕ ਦਾ ਨਿਰਮਾਣ ਕੰਮ ਸ਼ੁਰੂ ਨਾ ਕੀਤਾ ਗਿਆ ਤਾਂ ਇਨ੍ਹਾਂ ਪਿੰਡਾਂ ਦੇ ਲੋਕਾਂ ਵੱਲੋਂ ਭਾਦਲਾ ਚੌਕ ਵਿਖੇ ਪੱਕਾ ਧਰਨਾ ਲਗਾਇਆ ਜਾਵੇਗਾ ਤੇ ਇੱਥੋਂ ਦੀ ਸਰਵਿਸ ਰੋਡ ਤੋਂ ਕੋਈ ਵੀ ਟ੍ਰੈਫਿਕ ਨਹੀਂ ਲੰਘਣ ਦਿੱਤੀ ਜਾਵੇਗੀ।ਉਸ ਧਰਨੇ ਦੌਰਾਨ ਜੇਕਰ ਕੋਈ ਜਾਨੀ ਨੁਕਸਾਨ ਹੁੰਦਾ ਹੈ ਤਾਂ ਉਸ ਦੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ।

ਇਸ ਮੌਕੇ ਧਰਨਾ ਦੇ ਰਹੇ ਲੋਕਾਂ ਨਾਲ ਗੱਲਬਾਤ ਕਰਨ ਲਈ ਓ ਮੰਡੀ ਗੋਬਿੰਦਗੜ੍ਹ ਚੇਤਨ ਸ਼ਰਮਾ ਪਹੁੰਚੇ।ਉਨ੍ਹਾਂ ਧਰਨਾਕਾਰੀਆਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਸ ਸੜਕ ਵਾਸਤੇ ਮਤਾ ਪਾਸ ਹੋ ਚੁੱਕਿਆ ਹੈ, ਸਿਰਫ਼ ਮੰਤਰੀ ਸਾਹਿਬ ਵੱਲੋਂ ਦਸਤਖ਼ਤ ਕਰਨੇ ਬਾਕੀ ਹਨ।ਬਸ ਕੁਝ ਦਿਨਾਂ ਵਿੱਚ ਹੀ ਇਹ ਸੜਕ ਦੇ ਕੰਮ ਦੇ ਟੈਂਡਰ ਲਾ ਕੇ ਕੰਮ ਚਾਲੂ ਕਰ ਦਿੱਤਾ ਜਾਵੇਗਾ।ਇਸ ਮੌਕੇ ਡੀਐੱਸਪੀ ਖੰਨਾ ਅੰਮ੍ਰਿਤਪਾਲ ਸਿੰਘ ਭਾਟੀ, ਐੱਸ ਐੱਚ ਓ ਸਦਰ ਸੁਖਵਿੰਦਰਪਾਲ ਸਿੰਘ, ਐੱਸ ਐੱਚ ਓ ਮੰਡੀ ਗੋਬਿੰਦਗੜ੍ਹ, ਨਗਰ ਕੌਂਸਲ ਮੰਡੀ ਗੋਬਿੰਦਗੜ੍ਹ ਦੇ ਪ੍ਰਧਾਨ ਹਰਪ੍ਰੀਤ ਸਿੰਘ ਪ੍ਰਿੰਸ ਵੀ ਹਾਜ਼ਰ ਸਨ।ਧਰਨਾਕਾਰੀਆਂ ਵਿੱਚ ਸੁਖਵਿੰਦਰ ਸਿੰਘ ਪੰਚ ਭਾਦਲਾ, ਉੱਚਾ ਗੁਰਮੁੱਖ ਸਿੰਘ ਸਾਬਕਾ ਪੰਚ ਪਿੰਡ ਭਾਦਲਾ ਨੀਚਾ, ਤਰਸੇਮ ਸਿੰਘ ਬਿੱਟੂ ਸਾਬਕਾ ਪੰਚ ਭਾਦਲਾ ਉੱਚਾ, ਕੁਲਵਿੰਦਰ ਸਿੰਘ ਮਾਣਾ ਭਾਦਲਾ ਉੱਚਾ, ਨੱਥਾ ਰਾਮ ਭਾਦਲਾ ਉੱਚਾ, ਮਲਕੀਤ ਸਿੰਘ ਅੰਬੇਮਾਜਰਾ, ਮਜ਼ਦੂਰ ਕਿਸਾਨ ਯੂਨੀਅਨ ਦੇ ਪ੍ਰਧਾਨ ਰਜਿੰਦਰ ਸਿੰਘ ਬੈਨੀਪਾਲ, ਨੀਟਾ ਅਲੀਪੁਰ ਸੁਰਿੰਦਰ ਸਿੰਘ ਪੰਚ ਬਾਜ਼ੀਗਰ ਵਾਸੀ ਭਾਦਲਾ ਆਦਿ ਤੋਂ ਇਲਾਵਾ ਵੱਡੇ ਪੱਧਰ 'ਤੇ ਹੋਰ ਵੀ ਧਰਨਾਕਾਰੀ ਹਾਜ਼ਰ ਸਨ।

## ਸਹੋਤਾ ਬਸਪਾ ਦੇ ਤੀਸਰੀ ਵਾਰ ਜ਼ਿਲ੍ਹਾ ਜਨਰਲ ਸਕੱਤਰ ਨਿਯੁਕਤ

**ਮੋਗਾ (ਇਕਬਾਲ ਸਿੰਘ ਖਹਿਰਾ)**-ਬਹੁਜਨ ਸਮਾਜ ਪਾਰਟੀ ਜ਼ਿਲ੍ਹਾ ਮੋਗਾ ਦੇ ਸੀਨੀਅਰ ਆਗੂਆਂ ਦੀ ਅਹਿਮ ਮੀਟਿੰਗ ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਚੜਿੱਕ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਪਾਰਟੀ ਸੂਬਾ ਦੇ ਜਨਰਲ ਸਕੱਤਰ ਮੰਤ ਰਾਮ ਮੱਲੀਆਂ ਤੇ ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਚੜਿੱਕ ਨੇ ਕਿਹਾ ਕਿ ਪਾਰਟੀ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਜਿੱਤ ਦੁਆਉਣ ਲਈ ਪਿੰਡ ਪੱਧਰ 'ਤੇ ਮਜ਼ਬੂਤ ਕਰਨ ਦੀ ਜ਼ਰੂਰਤ ਹੈ ਅਤੇ ਬਸਪਾ ਦੇ ਸੰਗਠਨ ਨੂੰ ਮਜ਼ਬੂਤ ਕਰਨ ਲਈ ਸੈਕਟਰ ਕਮੇਟੀਆਂ ਤੇ ਬੂਥ ਕਮੇਟੀਆਂ ਦਾ ਕੰਮ ਜਲਦ ਤੋਂ ਜਲਦ ਪੂਰਾ ਕਰਨ ਲਈ ਕਿਹਾ ਗਿਆ ਅਤੇ ਜ਼ਿਲ੍ਹਾ ਬਾਡੀ ਸੰਗਠਨ ਨੂੰ ਚੁਸਤ ਦਰੁਸਤ ਕਰਨ ਲਈ ਅਹੁਦੇਦਾਰਾਂ ਦੀ ਫੇਰਬਦਲ ਕੀਤੀ ਗਈ ਅਤੇ ਗੁਰਪ੍ਰੀਤ ਸਿੰਘ ਸਹੋਤਾ ਨੂੰ ਤੀਸਰੀ ਵਾਰ ਜ਼ਿਲ੍ਹਾ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ ਅਤੇ ਵਿਕਾਸ ਮਸੀਹ ਡਾਲੀ ਭਾਈ ਨੂੰ ਜ਼ਿਲ੍ਹਾ ਕੋਆਡੀਨੇਟਰ, ਅੰਮ੍ਰਿਤਪਾਲ ਸਿੰਘ ਨਿਹਾਲ ਸਿੰਘ ਵਾਲਾ ਜ਼ਿਲ੍ਹਾ ਸਕੱਤਰ ਨਿਯੁਕਤ ਕੀਤਾ। ਇਸ ਮੌਕੇ ਨਵ-ਨਿਯੁਕਤ ਜ਼ਿਲ੍ਹਾ ਜਨਰਲ ਸਕੱਤਰ ਗੁਰਪ੍ਰੀਤ ਸਿੰਘ ਸਹੋਤਾ ਨੇ ਕਿਹਾ ਪਾਰਟੀ ਵੱਲੋਂ ਲਗਾਈ ਡਿਊਟੀ ਤਨ ਮਨ ਨਾਲ ਨਿਭਾਵਾਂਗਾ ਤੇ ਸਮੁੱਚੀ ਹਾਈਕਮਾਂਡ ਦਾ ਧੰਨਵਾਦ ਕੀਤਾ।

## ਲੈਂਡ ਪੂਲਿੰਗ ਨੀਤੀ ਦੇ ਵਿਰੋਧ 'ਚ 12 ਨੂੰ ਮੁੱਖ ਮੰਤਰੀ ਦੇ ਹਲਕੇ 'ਚ ਟਰੈਕਟਰ ਮਾਰਚ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਲੈਂਡ ਪੂਲਿੰਗ ਨੀਤੀ ਖ਼ਿਲਾਫ਼ ਪੰਜਾਬ 'ਚ ਕਿਸਾਨਾਂ ਤੇ ਵਿਰੋਧੀ ਧਿਰਾਂ ਵੱਲੋਂ ਸਖ਼ਤ ਰੁਖ ਅਪਣਾਇਆ ਜਾ ਰਿਹਾ ਹੈ।ਇਸ ਨੀਤੀ ਦੇ ਵਿਰੋਧ ਵਿੱਚ ਹੁਣ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਕਿਸਾਨ ਵਿੰਗ ਦੇ ਜਨਰਲ ਸਕੱਤਰ ਤੇ ਧੂਰੀ ਹਲਕੇ ਦੇ ਪ੍ਰਮੁੱਖ ਆਗੂ ਹਰਦੀਪ ਸਿੰਘ ਦੌਲਤਪੁਰ ਵੱਲੋਂ 12 ਅਗਸਤ ਨੂੰ ਮੁੱਖ ਮੰਤਰੀ ਭਗਵੰਤ ਮਾਨ ਦੇ ਚੋਣ ਹਲਕਾ ਧੂਰੀ ਵਿੱਚ ਵੱਡੇ ਪੱਧਰ 'ਤੇ ਟਰੈਕਟਰ ਮਾਰਚ ਕਰਨ ਦਾ ਐਲਾਨ ਕੀਤਾ ਹੈ।ਉਨ੍ਹਾਂ ਦੱਸਿਆ ਕਿ ਇਸ ਟਰੈਕਟਰ ਮਾਰਚ ਰਾਹੀਂ ਪੰਜਾਬ ਸਰਕਾਰ ਵੱਲੋਂ ਲਿਆਂਦੀ ਗਈ ਲੈਂਡ ਪੂਲਿੰਗ ਨੀਤੀ ਦੀ ਸਖ਼ਤ ਨਿੰਦਾ ਕਰਨਗੇ ਤੇ ਮੁੱਖ ਮੰਤਰੀ ਦੇ ਆਪਣੇ ਹਲਕੇ ਧੂਰੀ ਵਿੱਚ ਕਿਸਾਨੀ ਹੱਕਾਂ ਲਈ ਆਵਾਜ਼ ਬੁਲੰਦ ਕਰਨਗੇ।ਉਨ੍ਹਾਂ ਦੱਸਿਆ ਕਿ ਇਹ ਟਰੈਕਟਰ ਮਾਰਚ ਸਵੇਰੇ 10 ਵਜੇ ਪਿੰਡ ਦੌਲਤਪੁਰ ਰੋਡ ਤੋਂ ਸ਼ੁਰੂ ਹੋ ਕੇ ਮਾਲੇਰਕੋਟਲਾ ਰੋਡ, ਸੰਗਰੂਰ ਬਾਈਪਾਸ, ਨਵੀਂ ਅਨਾਜ ਮੰਡੀ, ਧੋਬੀ ਘਾਟ ਰੋਡ, ਭਲਵਾਨ ਵਾਲਾ ਅੱਡਾ, ਐੱਸ.ਡੀ. ਸਕੂਲ ਰੋਡ, ਪੁਰਾਣੀ ਅਨਾਜ ਮੰਡੀ, ਲੋਹਾ ਬਜਾਰ, ਕੱਕੜਵਾਲ ਰੋਡ, ਕੱਕੜਵਾਲ, ਬੁਗਰਾ, ਰਾਜੋਮਾਜਰਾ, ਰਣੀਕੇ ਹੁੰਦਾ ਹੋਇਆ ਗੁਰੂ ਘਰ ਸ੍ਰੀ ਮੂਲੋਵਾਲ ਸਾਹਿਬ ਵਿਖੇ ਪੁੱਜੇਗਾ, ਜਿਥੇ ਪੰਜਾਬ, ਪੰਜਾਬੀਅਤ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕਰਕੇ ਟਰੈਕਟਰ ਮਾਰਚ ਦੀ ਸਮਾਪਤੀ ਕੀਤੀ ਜਾਵੇਗੀ।

## ਲੈਂਡ ਪੂਲਿੰਗ ਨੀਤੀ ਨਾਲ ਪੰਜਾਬ ਦਾ ਹੋਵੇਗਾ ਉਜਾੜਾ : ਘੁਡਾਣੀ, ਗਰੇਵਾਲ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਪਿੰਡ ਟੰਡੀ ਵਿਖੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਇੱਕ ਮੀਟਿੰਗ ਜ਼ਿਲ੍ਹਾ ਜਨਰਲ ਸਕੱਤਰ ਸੁਦਾਗਰ ਸਿੰਘ ਘੁਡਾਣੀ ਤੇ ਕੁਲਦੀਪ ਸਿੰਘ ਗਰੇਵਾਲ ਦੀ ਪ੍ਰਧਾਨਗੀ ਹੇਠ ਹੋਈ। ਉਕਤ ਆਗੂਆਂ ਨੇ ਕਿਹਾ ਕਿ ਸਰਕਾਰ ਲੈਂਡ ਪੂਲਿੰਗ ਨੀਤੀ ਨਾਲ ਜੋ ਕਿਸਾਨਾਂ ਦੀ ਜ਼ਮੀਨ ਐਕਵਾਇਰ ਕਰ ਰਹੀ ਹੈ, ਉਸ ਨਾਲ ਪੰਜਾਬ ਦਾ ਉਜਾੜਾ ਹੋਵੇਗਾ। ਉਨ੍ਹਾਂ ਕਿਹਾ ਕਿ ਕਾਰਪੋਰੇਟ ਘਰਾਣਿਆਂ ਨੂੰ ਲਾਭ ਦੇਣ ਲਈ ਸਰਕਾਰ ਪਿੰਡਾਂ ਦੇ ਪਿੰਡ ਖ਼ਤਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਨੀਤੀ ਨਾਲ ਸਰਕਾਰ ਕਾਰਪੋਰੇਟ ਘਰਾਣਿਆਂ ਦਾ ਜ਼ਮੀਨਾਂ 'ਤੇ ਕਬਜ਼ਾ ਕਰਵਾ ਦੇਵੇਗੀ। ਕਿਸਾਨ ਆਗੂਆਂ ਨੇ ਦੱਸਿਆ ਕਿ ਇਸ ਪਾਲਿਸੀ ਦਾ ਵਿਰੋਧ ਕਰਨ ਲਈ ਪਹਿਲਾਂ ਟਰੈਕਟਰ ਮਾਰਚ ਕੀਤਾ ਗਿਆ ਸੀ ਤੇ ਹੁਣ ਸੰਯੁਕਤ ਕਿਸਾਨ ਮੋਰਚੇ ਵੱਲੋਂ 24 ਅਗਸਤ ਨੂੰ ਸਮਰਾਲਾ ਵਿਖੇ ਜੋ ਰੈਲੀ ਕੀਤੀ ਜਾ ਰਹੀ ਹੈ, ਉਸ ਵਿੱਚ ਕਿਸਾਨ ਵੱਧ ਚੜ੍ਹ ਕੇ ਸ਼ਮੂਲੀਅਤ ਕਰਨਗੇ। ਇਸ ਮੌਕੇ ਜੋਰਾ ਸਿੰਘ ਸ਼ੇਰਗੜ੍ਹ, ਹਰਪ੍ਰੀਤ ਸਿੰਘ ਭੈਣੀ ਸਾਹਿਬ, ਗੁਰਮੇਲ ਸਿੰਘ ਖਾਨਪੁਰ, ਗੁਰਨਾਮ ਸਿੰਘ, ਪਰਮਜੀਤ ਸਿੰਘ, ਸਤਨਾਮ ਸਿੰਘ, ਸੁਖਦੀਪ ਸਿੰਘ ਮੌਜੂਦ ਸਨ।

## ਪ੍ਰਵਾਸੀ ਲੇਖਕ ਡਾ. ਰਵੀ ਸ਼ੇਰਗਿੱਲ ਯੂ ਐੱਸ ਏ ਦਾ ਰੂਬਰੂ ਤੇ ਸਨਮਾਨ ਸਮਾਰੋਹ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪੇਂਡੂ ਸਾਹਿਤ ਸਭਾ ਬਾਲਿਆਂਵਾਲੀ ਵੱਲੋਂ ਕਵੀਸ਼ਰ ਮਾਘੀ ਸਿੰਘ ਗਿੱਲ ਯਾਦਗਾਰੀ ਲਾਇਬ੍ਰੇਰੀ ਤੇ ਬ੍ਰਿਗੇਡੀਅਰ ਬੰਤ ਸਿੰਘ ਮੈਮੋਰੀਅਲ ਸੁਵਿਧਾ ਕੇਂਦਰ ਤੇ ਕੰਪਿਊਟਰ ਸੈਂਟਰ ਬਾਲਿਆਂਵਾਲੀ ਵਿਖੇ ਪ੍ਰਵਾਸੀ ਲੇਖਕ ਡਾ. ਰਵੀ ਸ਼ੇਰਗਿੱਲ ਯੂ ਐੱਸ ਏ ਦਾ ਰੂਬਰੂ ਤੇ ਸਨਮਾਨ ਸਮਾਰੋਹ ਕਰਵਾਇਆ ਗਿਆ। ਸਭਾ ਦੇ ਮੈਂਬਰਾਂ ਵੱਲੋਂ ਰਵੀ ਸ਼ੇਰਗਿੱਲ ਨੂੰ ਉਨ੍ਹਾਂ ਦੀ ਲੇਖਣ ਪ੍ਰਕਿਰਿਆ, ਨਿੱਜੀ ਜ਼ਿੰਦਗੀ ਅਤੇ ਓਥੋਂ ਦੇ ਰਹਿਣ-ਸਹਿਣ ਬਾਰੇ ਸਵਾਲ ਕੀਤੇ ਗਏ, ਜਿਨ੍ਹਾਂ ਦਾ ਉਨ੍ਹਾਂ ਵੱਲੋਂ ਤਸੱਲੀਬਖ਼ਸ਼ ਜਵਾਬ ਦਿੱਤਾ ਗਿਆ। ਸਭਾ ਵੱਲੋਂ ਸ਼ੇਰਗਿੱਲ ਦਾ ਯਾਦਗਾਰੀ ਪੇਂਟਿੰਗ ਤੇ ਲੋਈ ਨਾਲ ਸਨਮਾਨ ਕੀਤਾ ਗਿਆ। ਡਾ. ਰਵੀ ਸ਼ੇਰਗਿੱਲ ਵੱਲੋਂ ਕਵੀਸ਼ਰ ਮਾਘੀ ਸਿੰਘ ਗਿੱਲ ਯਾਦਗਾਰੀ ਲਾਇਬ੍ਰੇਰੀ ਲਈ ਕਿਤਾਬਾਂ ਦਾ ਸੈੱਟ ਵੀ ਭੇਟ ਕੀਤਾ ਗਿਆ। ਇਸ ਮੌਕੇ ਸ਼ੇਰਗਿੱਲ ਦੇ ਪਿਤਾ ਲੇਖਕ ਤੇ ਉੱਘੇ ਆਲੋਚਕ ਤੇਜਾ ਸਿੰਘ ਤਿਲਕ, ਮੈਡਮ ਹਰਜਿੰਦਰ ਕੌਰ, ਸਭਾ ਦੇ ਪ੍ਰਧਾਨ ਸੁਖਦਰਸ਼ਨ ਗਰਗ, ਗੁਰਮੀਤ ਕੁਮਾਰ, ਮਾਸਟਰ ਜਗਨ ਨਾਥ, ਮਾਸਟਰ ਦਰਸ਼ਨ ਸਿੰਘ ਸਿੱਧੂ, ਪ੍ਰੈੱਸ ਸਕੱਤਰ ਕੁਲਦੀਪ ਮਤਵਾਲਾ, ਪ੍ਰੈੱਸ ਸਕੱਤਰ ਨਸੀਬ ਸ਼ਰਮਾ, ਅਜਮੇਰ ਦੀਵਾਨਾ, ਗੁਰਤੇਜ ਸਿੰਘ, ਹਰਕੰਵਲਜੀਤ ਸਿੰਘ ਸੰਗਰੂਰ, ਲਖਵੀਰ ਦਾਸ, ਗੁਰਮੀਤ ਸਿੰਘ, ਗੌਤਮ ਤੇ ਗੁਰਮੇਲ ਸਿੰਘ ਮੇਲਾ ਹਾਜ਼ਰ ਸਨ।

## ਨਰੇਸ਼ ਸਿੰਗਲਾ ਜ਼ਿਲ੍ਹਾ ਯੋਜਨਾ ਬੋਰਡ ਸੰਗਰੂਰ ਦੇ ਮੈਂਬਰ ਨਿਯੁਕਤ



**ਧੂਰੀ (ਮਨੋਹਰ ਸੱਗੂ, ਮੋਹਿਤ ਗਰਗ, ਬਿੰਨੀ ਗਰਗ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਪੰਜਾਬ ਭਰ ਅੰਦਰ ਜ਼ਿਲ੍ਹਾ ਯੋਜਨਾ ਬੋਰਡ ਦੇ ਨਿਯੁਕਤ ਕੀਤੇ ਗਏ ਚੇਅਰਮੈਨਾਂ ਤੇ ਮੈਂਬਰਾਂ ਦੀ ਜਾਰੀ ਕੀਤੀ ਗਈ ਸੂਚੀ ਅਨੁਸਾਰ ਆਮ ਆਦਮੀ ਪਾਰਟੀ ਹਲਕਾ ਧੂਰੀ ਦੇ ਸੀਨੀਅਰ ਆਗੂ ਨਰੇਸ਼ ਕੁਮਾਰ ਸਿੰਗਲਾ ਨੂੰ ਜ਼ਿਲ੍ਹਾ ਯੋਜਨਾ ਬੋਰਡ ਸੰਗਰੂਰ ਦਾ ਮੈਂਬਰ ਨਿਯੁਕਤ ਕੀਤੇ ਜਾਣ 'ਤੇ ਪਾਰਟੀ ਵਰਕਰਾਂ 'ਚ ਖੁਸ਼ੀ ਤੇ ਉਤਸ਼ਾਹ ਦੀ ਲਹਿਰ ਦੇਖਣ ਨੂੰ ਮਿਲ ਰਹੀ ਹੈ।ਜ਼ਿਲ੍ਹਾ ਯੋਜਨਾ ਬੋਰਡ ਸੰਗਰੂਰ ਦੇ ਨਵ-ਨਿਯੁਕਤ ਮੈਂਬਰ ਨਰੇਸ਼ ਸਿੰਗਲਾ ਨੇ ਆਪਣੀ ਨਿਯੁਕਤੀ ਲਈ ਮੁੱਖ ਮੰਤਰੀ ਭਗਵੰਤ ਮਾਨ ਸਮੇਤ ਪਾਰਟੀ ਦੀ ਸਮੁੱਚੀ ਹਾਈ ਕਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਨਿਯੁਕਤੀ ਪਾਰਟੀ ਹਾਈ ਕਮਾਨ ਵੱਲੋਂ ਪਾਰਟੀ ਲਈ ਨਿਰਸਵਾਰਥ ਭਾਵਨਾ ਨਾਲ ਕੰਮ ਕਰਨ ਵਾਲੇ ਵਰਕਰਾਂ ਦਾ ਸਨਮਾਨ ਹੈ ਅਤੇ ਉਹ ਮਿਲੀ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਂਦਿਆਂ ਪੰਜਾਬ ਸਰਕਾਰ ਦੀਆਂ ਲੋਕ ਭਲਾਈ ਨੀਤੀਆਂ ਤੇ ਸਕੀਮਾਂ ਦਾ ਘਰ ਘਰ ਪ੍ਰਚਾਰ ਕਰਨਗੇ।

## ਮੈਡੀਕਲ ਪ੍ਰੈਕਟੀਸ਼ਨਰਜ਼ ਐਸੋ. ਦਾ ਸੂਬਾਈ ਵਫ਼ਦ ਡਾ. ਗਾਂਧੀ ਨੂੰ ਮਿਲਿਆ



**ਮਾਨਸਾ (ਆਤਮਾ ਸਿੰਘ ਪਮਾਰ)**-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਦੇ ਸੂਬਾਈ ਆਗੂਆਂ ਦਾ ਇੱਕ ਵਫ਼ਦ, ਜਿਸ 'ਚ ਪ੍ਰਧਾਨ ਵੈਦ ਧੰਨਾ ਮੱਲ ਗੋਇਲ, ਵਾਇਸ ਪ੍ਰਧਾਨ ਡਾ. ਪੰਕਜ ਅੱਗਰਵਾਲ, ਸੂਬਾ ਕਮੇਟੀ ਮੈਂਬਰ ਡਾ. ਅਵਤਾਰ ਸਿੰਘ ਸ਼ਾਹਪੁਰ ਕਲਾਂ, ਜ਼ਿਲ੍ਹਾ ਪਟਿਆਲਾ ਦੇ ਪ੍ਰਧਾਨ ਡਾ. ਅਨੰਦ ਵਾਲੀਆ ਆਦਿ ਸ਼ਾਮਲ ਸਨ। ਪਟਿਆਲਾ ਤੋਂ ਮੈਂਬਰ ਪਾਰਲੀਮੈਂਟ ਡਾ. ਧਰਮਵੀਰ ਗਾਂਧੀ ਨੂੰ ਮਿਲਿਆ।ਮਿਲਣੀ ਦੌਰਾਨ ਲੰਬੇ ਸਮੇਂ ਤੋਂ ਮੁਢਲੀਆਂ ਸਿਹਤ ਸੇਵਾਵਾਂ ਦੇ ਰਹੇ ਤਜਰਬੇਕਾਰ ਅਣ-ਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਾਂ ਦੀ ਮਾਨਤਾ ਤੇ ਮੌਜੂਦਾ ਹਾਲਤਾਂ ਸਬੰਧੀ ਵਿਸਥਾਰਤ ਵਿਚਾਰ ਵਟਾਂਦਰਾ ਹੋਇਆ।ਲੰਬੇ ਸਮੇਂ ਤੋਂ ਮਾਨਤਾ ਸਬੰਧੀ ਲਟਕ ਰਹੀ ਮੰਗ ਸਬੰਧੀ ਵਿਚਾਰ ਕਰਦਿਆਂ ਸਿਹਤ ਸੇਵਾਵਾਂ ਦੇ ਖੇਤਰ ਵਿੱਚ ਮੈਡੀਕਲ ਪ੍ਰੈਕਟੀਸ਼ਨਰਾਂ ਵੱਲੋਂ ਨਿਭਾਈਆਂ ਜਾ ਰਹੀਆਂ ਸੇਵਾਵਾਂ ਤੇ ਪਲਸ ਪੋਲੀਓ, ਪਰਿਵਾਰ ਨਿਯੋਜਨ, ਵੈਕਸੀਨੇਸ਼ਨ ਵਰਗੀਆਂ ਨੈਸ਼ਨਲ ਸਕੀਮਾਂ ਨੂੰ ਲਾਗੂ ਕਰਨ ਵਿੱਚ ਵਡਮੁੱਲਾ ਯੋਗਦਾਨ ਪਾ ਰਹੇ ਹਨ ਅਤੇ ਭਰੂਣ ਹੱਤਿਆ ਤੇ ਨਸ਼ਿਆਂ ਵਰਗੀਆਂ ਸਮਾਜਿਕ ਅਲਾਮਤਾਂ ਖ਼ਿਲਾਫ਼ ਸਮੇਂ ਸਮੇਂ ਸਮਾਜ ਸੇਵੀ ਸੰਸਥਾਵਾਂ ਨਾਲ ਮਿਲ ਕੇ ਨੁੱਕੜ ਮੀਟਿੰਗਾਂ ਤੇ ਸੈਮੀਨਾਰ ਕਰਵਾ ਕੇ ਜਨ ਜਾਗ੍ਰਤੀ ਦੇ ਉਪਰਾਲੇ ਕੀਤੇ ਜਾ ਰਹੇ ਹਨ।ਕੋਰੋਨਾ ਕਾਲ ਵਿੱਚ ਨਿਭਾਏ ਰੋਲ ਨੂੰ ਵੀ ਅੱਖੋਂ ਪਰੋਖੇ ਨਹੀਂ ਕੀਤਾ ਜਾ ਸਕਦਾ। ਡਾ. ਗਾਂਧੀ ਨੇ ਤਜਰਬੇਕਾਰ ਅਣ-ਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਾਂ ਦੀਆਂ ਮੰਗਾਂ ਨੂੰ ਜਾਇਜ਼ ਠਹਿਰਾਉਂਦਿਆਂ ਸਮਰਥਨ ਵੀ ਕੀਤਾ ਤੇ ਐਸੋਸੀਏਸ਼ਨ ਦੀ ਮੰਗ ਲੋਕ ਸਭਾ ਦੇ ਸੈਸ਼ਨ ਦੌਰਾਨ ਉਠਾਉਣ ਦਾ ਭਰੋਸਾ ਵੀ ਦਿੱਤਾ।ਇਸ ਸਮੇਂ ਵਫ਼ਦ ਵੱਲੋਂ ਉਨ੍ਹਾਂ ਨੂੰ ਮਾਨਯੋਗ ਪ੍ਰਧਾਨ ਮੰਤਰੀ ਤੇ ਮਾਨਯੋਗ ਮੁੱਖ ਮੰਤਰੀ ਪੰਜਾਬ ਸਰਕਾਰ ਦੇ ਨਾਂ ਇੱਕ ਸਾਂਝਾ ਮੰਗ ਪੱਤਰ ਵੀ ਸੌਂਪਿਆ ਗਿਆ।

## ਰੱਖੜੀ ਦੇ ਤਿਉਹਾਰ ਮੌਕੇ ਮਹਿੰਗਾਈ ਭੱਤੇ ਦੀਆਂ ਬਕਾਇਆ ਕਿਸ਼ਤਾਂ ਜਾਰੀ ਕਰੇ ਸਰਕਾਰ : ਅਮਨਦੀਪ

### ਮਸਲੇ ਹੱਲ ਨਾ ਹੋਏ ਤਾਂ ਕਰਾਂਗੇ 13 ਨੂੰ ਮੁੱਖ ਮੰਤਰੀ ਦੀ ਕੋਠੀ ਵੱਲ ਮਾਰਚ : ਧੂਲਕਾ

**ਮਾਨਸਾ (ਆਤਮਾ ਸਿੰਘ ਪਮਾਰ)**-ਜਨਵਰੀ ਤੇ ਜੁਲਾਈ ਮਹੀਨੇ ਵਿੱਚ ਮਿਲਣ ਵਾਲਾ ਮਹਿੰਗਾਈ ਭੱਤਾ ਵੀ ਹੁਣ ਇੱਕ ਸਵਾਲ ਬਣ ਕੇ ਰਹਿ ਗਿਆ ਹੈ।13% ਮਹਿੰਗਾਈ ਭੱਤਾ ਪੰਜਾਬ ਦੇ ਮੁਲਾਜ਼ਮਾਂ ਦਾ ਬਕਾਇਆ ਬਣ ਗਿਆ ਹੈ, ਜਿਸ ਕਾਰਨ ਮੁਲਾਜ਼ਮਾਂ ਵਿੱਚ ਸਰਕਾਰ ਪ੍ਰਤੀ ਕਾਫੀ ਰੋਸ ਪਾਇਆ ਜਾ ਰਿਹਾ ਹੈ।ਮੁੱਖ ਅਧਿਆਪਕ ਤੇ ਕੇਂਦਰ ਮੁੱਖ ਅਧਿਆਪਕ ਜਥੇਬੰਦੀ ਪੰਜਾਬ ਦੇ ਸੂਬਾ ਪ੍ਰਧਾਨ ਅਮਨਦੀਪ ਸ਼ਰਮਾ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਰੱਖੜੀ ਵਰਗੇ ਮਹੱਤਵਪੂਰਨ ਤਿਉਹਾਰ 'ਤੇ ਮੁਲਾਜ਼ਮਾਂ ਦੀ ਘੱਟੋ ਘੱਟ ਮਹਿੰਗਾਈ ਭੱਤੇ ਦੀਆਂ ਬਕਾਇਆ ਕਿਸ਼ਤਾਂ ਤਾਂ ਜਾਰੀ ਕੀਤੀਆਂ ਜਾਣ। ਉਨ੍ਹਾਂ ਕਿਹਾ ਕਿ ਮਹਿੰਗਾਈ ਦਿਨੋਂ ਦਿਨ ਵਧ ਰਹੀ ਹੈ ਤੇ ਕੀਮਤਾਂ ਦੇ ਰੇਟ ਅਸਮਾਨ ਨੂੰ ਛੂ ਰਹੇ ਹਨ। ਜਥੇਬੰਦੀ ਦੇ ਸੂਬਾਈ ਜੁਆਇੰਟ ਸਕੱਤਰ ਰਾਕੇਸ਼ ਗੋਇਲ ਬਰੇਟਾ, ਸੂਬਾ ਪ੍ਰਚਾਰ ਗੁਰਜੰਟ ਸਿੰਘ ਬੱਛੋਆਣਾ ਨੇ ਕਿਹਾ ਕਿ ਸਰਕਾਰ ਨੂੰ ਮੁਲਾਜ਼ਮਾਂ ਦੇ ਮਸਲਿਆਂ ਨੂੰ ਹੱਲ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਜੇਕਰ ਇਨ੍ਹਾਂ ਮਸਲਿਆਂ ਦੇ ਹੱਲ ਨੂੰ ਲੈ ਕੇ ਸਰਕਾਰ ਆਨਾਕਾਨੀ ਕਰਦੀ ਰਹੀ ਤਾਂ ਮਜਬੂਰਨ ਸੰਘਰਸ਼ ਆਰੰਭਿਆ ਜਾਵੇਗਾ।ਜਥੇਬੰਦੀ ਪੰਜਾਬ ਦੇ ਸੂਬਾਈ ਮੀਤ ਪ੍ਰਧਾਨ ਰਘਵਿੰਦਰ ਸਿੰਘ ਧੂਲਕਾ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਮਸਲੇ ਹੱਲ ਨਾ ਹੋਏ ਤਾਂ 13 ਸਤੰਬਰ ਨੂੰ ਮੁੱਖ ਮੰਤਰੀ ਦੀ ਕੋਠੀ ਵੱਲ ਮਾਰਚ ਕੀਤਾ ਜਾਵੇਗਾ।

## ਜੋਗਿੰਦਰਾ ਕਾਨਵੈਂਟ ਸਕੂਲ ਨੇ ਕਰਵਾਈ ਸੀ ਆਈ ਐੱਸ ਸੀ ਈ ਖੋ-ਖੋ ਟੂਰਨਾਮੈਂਟ ਦੀ ਮੇਜ਼ਬਾਨੀ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਜੋਗਿੰਦਰਾ ਕਾਨਵੈਂਟ ਸਕੂਲ ਨੇ ਇਸ ਵਾਰ ਖੇਡਾਂ ਦੇ ਮੈਦਾਨ ਵਿਚ ਆਪਣਾ ਨਾਂਅ ਸੁਨਹਿਰੀ ਅੱਖਰਾਂ ਵਿਚ ਲਿਖਵਾ ਲਿਆ ਹੈ। ਸਕੂਲ ਨੇ ਉਤਰ ਭਾਰਤ ਖੇਤਰੀ ਖੋ-ਖੋ ਟੂਰਨਾਮੈਂਟ 2025 ਦੀ ਸਫ਼ਲਤਾਪੂਰਵਕ ਮੇਜ਼ਬਾਨੀ ਕੀਤੀ। ਇਸ ਸ਼ਾਨਦਾਰ ਟੂਰਨਾਮੈਂਟ ਦਾ ਆਯੋਜਨ 4 ਅਗਸਤ ਨੂੰ ਸਕੂਲ ਦੇ ਖੇਡ ਮੈਦਾਨ ਵਿਚ ਹੋਇਆ। ਇਸ ਵਿੱਚ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੇ ਵੱਖ-ਵੱਖ ਸੀਆਈਐੱਸਸੀਈ ਸਕੂਲਾਂ ਤੋਂ ਆਈਆਂ 44 ਟੀਮਾਂ ਦੇ ਲਗਭਗ 600 ਖਿਡਾਰੀਆਂ ਨੇ ਭਾਗ ਲਿਆ। ਇਨ੍ਹਾਂ ਖਿਡਾਰੀਆਂ ਨੇ ਆਪਣੀ ਚੁਸਤੀ, ਟੀਮ ਵਰਕ ਤੇ ਸਖ਼ਤ ਮਿਹਨਤ ਨਾਲ ਖੇਡ ਦੇ ਹੁਨਰ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਟੂਰਨਾਮੈਂਟ ਦੀ ਸ਼ੁਰੂਆਤ ਬਹੁਤ ਹੀ ਉਤਸ਼ਾਹਪੂਰਨ ਮਾਹੌਲ ਵਿੱਚ ਹੋਈ। ਮੁੱਖ ਮਹਿਮਾਨ ਵਜੋਂ ਜ਼ਿਲ੍ਹਾ ਸਕੂਲ ਫੁੱਟਬਾਲ ਐਸੋਸੀਏਸ਼ਨ ਦੇ ਪ੍ਰਧਾਨ ਹਰਜੀਤ ਸਿੰਘ ਤੇ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਦੀਪ ਸਿੰਘ ਧਾਲੀਵਾਲ ਨੇ ਸ਼ਿਰਕਤ ਕੀਤੀ। ਉਨ੍ਹਾਂ ਨਾਲ ਹੋਰ ਵੀ ਕਈ ਵਿਸ਼ੇਸ਼ ਸ਼ਖ਼ਸੀਅਤਾਂ ਮੌਜੂਦ ਸਨ, ਜਿਨ੍ਹਾਂ ਵਿਚ ਜਸਵਿੰਦਰ ਸਿੰਘ ਸੰਧੂ, ਸ਼ਹੀਦ ਭਗਤ ਸਿੰਘ ਰਾਜਗੁਰੂ ਸੋਸਾਇਟੀ ਦੇ ਜਨਰਲ ਸਕੱਤਰ ਰਵਿੰਦਰ ਸਿੰਘ ਢਿੱਲੋਂ ਅਤੇ ਸੀਨੀਅਰ ਅਕਾਲੀ ਦਲ ਆਗੂ ਕਰਨੈਲ ਸਿੰਘ ਭਾਵੜਾ ਵੀ ਸ਼ਾਮਲ ਸਨ। ਪ੍ਰਿੰਸੀਪਲ ਦੇ ਸੁਆਗਤੀ ਭਾਸ਼ਣ ਤੋਂ ਬਾਅਦ ਮਹਿਮਾਨਾਂ ਨੇ ਦੀਪ ਜਲਾ ਕੇ ਟੂਰਨਾਮੈਂਟ ਦਾ ਰਸਮੀ ਉਦਘਾਟਨ ਕੀਤਾ ਅਤੇ ਸਾਰੇ ਖਿਡਾਰੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਇਨ੍ਹਾਂ ਸਾਰੀਆਂ ਸ਼ਖ਼ਸੀਅਤਾਂ ਨੇ ਖਿਡਾਰੀਆਂ ਦਾ ਉਤਸ਼ਾਹ ਵਧਾਇਆ ਅਤੇ ਖੇਡਾਂ ਦੇ ਮਹੱਤਵ ਬਾਰੇ ਵੀ ਜਾਣਕਾਰੀ ਦਿੱਤੀ। ਇਸ ਟੂਰਨਾਮੈਂਟ ਵਿਚ ਅੰਡਰ-14, ਅੰਡਰ-17 ਅਤੇ ਅੰਡਰ-19 (ਲੜਕੇ ਅਤੇ ਲੜਕੀਆਂ) ਦੀਆਂ ਛੇ ਸ਼੍ਰੇਣੀਆਂ ਵਿਚ ਮੁਕਾਬਲੇ ਕਰਵਾਏ ਗਏ। ਸਾਰੇ ਮੈਚਾਂ ਦੌਰਾਨ ਖਿਡਾਰੀਆਂ ਨੇ ਅਨੁਸ਼ਾਸਨ, ਸਹਿਯੋਗ ਅਤੇ ਉੱਤਮ ਖੇਡ ਭਾਵਨਾ ਦਾ ਪ੍ਰਦਰਸ਼ਨ ਕੀਤਾ। ਖਾਸ ਤੌਰ 'ਤੇ ਅੰਡਰ-14 ਲੜਕਿਆਂ ਵਿਚ ਮੁਕਤਸਰ ਨੇ ਪਹਿਲਾ, ਗੁਰਦਾਸਪੁਰ ਨੇ ਦੂਜਾ ਅਤੇ ਅੰਮ੍ਰਿਤਸਰ ਨੇ ਤੀਜਾ ਸਥਾਨ ਹਾਸਲ ਕੀਤਾ। ਅੰਡਰ-14 ਲੜਕੀਆਂ ਵਿਚ ਵੀ ਮੁਕਤਸਰ ਨੇ ਪਹਿਲਾ, ਮੋਗਾ ਨੇ ਦੂਜਾ ਤੇ ਲੁਧਿਆਣਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਅੰਡਰ-17 ਲੜਕਿਆਂ ਵਿਚ ਗੁਰਦਾਸਪੁਰ ਦੀ ਟੀਮ ਪਹਿਲੇ, ਅੰਮ੍ਰਿਤਸਰ ਦੂਜੇ ਅਤੇ ਜਲੰਧਰ ਤੀਜੇ ਸਥਾਨ 'ਤੇ ਰਹੀ। ਅੰਡਰ-17 ਲੜਕੀਆਂ ਵਿਚ ਅੰਮ੍ਰਿਤਸਰ ਪਹਿਲੇ, ਜਲੰਧਰ ਦੂਜੇ ਅਤੇ ਮੋਗਾ ਤੀਜੇ ਸਥਾਨ 'ਤੇ ਰਹੇ।

ਅੰਡਰ-19 ਲੜਕਿਆਂ ਵਿਚ ਗੁਰਦਾਸਪੁਰ ਪਹਿਲੇ, ਜਲੰਧਰ ਦੂਜੇ ਅਤੇ ਮੁਕਤਸਰ ਤੀਜੇ ਸਥਾਨ 'ਤੇ ਰਹੇ। ਅੰਡਰ-19 ਲੜਕੀਆਂ ਵਿਚ ਮੋਗਾ ਪਹਿਲੇ, ਮੁਕਤਸਰ ਦੂਜੇ ਅਤੇ ਅੰਮ੍ਰਿਤਸਰ ਤੀਜੇ ਸਥਾਨ 'ਤੇ ਰਹੇ। ਟੂਰਨਾਮੈਂਟ ਦੇ ਅਖੀਰ ਵਿਚ, ਜੇਤੂ ਟੀਮਾਂ ਨੂੰ ਟਰਾਫ਼ੀਆਂ ਅਤੇ ਸਰਟੀਫਿਕੇਟਾਂ ਨਾਲ ਸਨਮਾਨਤ ਕੀਤਾ ਗਿਆ। ਸਕੂਲ ਦੇ ਪ੍ਰਿੰਸੀਪਲ ਸਿਮਰਨਦੀਪ ਸਿੰਘ ਧਾਲੀਵਾਲ ਨੇ ਸਾਰੇ ਭਾਗ ਲੈਣ ਵਾਲੇ ਸਕੂਲਾਂ, ਸੀਆਈਐੱਸਸੀਈ ਅਥਾਰਟੀ ਅਤੇ ਟੂਰਨਾਮੈਂਟ ਨੂੰ ਸਫ਼ਲ ਬਣਾਉਣ ਵਾਲੀ ਟੀਮ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਬਹੁਤ ਜ਼ਰੂਰੀ ਹਨ। ਪੂਰੇ ਸਮਾਗਮ ਨੂੰ ਸਫ਼ਲ ਬਣਾਉਣ ਵਿਚ ਸਕੂਲ ਦੀ ਵਾਈਸ ਪ੍ਰਿੰਸੀਪਲ ਰਜਨੀ ਬਜਾਜ ਅਤੇ ਸਮੁੱਚੇ ਸਟਾਫ਼ ਦਾ ਬਹੁਤ ਵੱਡਾ ਯੋਗਦਾਨ ਰਿਹਾ।

## ਤਰਕਸ਼ੀਲ ਸੁਸਾਇਟੀ ਅੱਜ ਦੀ ਮੋਗਾ ਰੈਲੀ 'ਚ ਕਰੇਗੀ ਭਰਵੀਂ ਸ਼ਮੂਲੀਅਤ : ਭਦੌੜ



**ਬਰਨਾਲਾ (ਰਾਜਿੰਦਰ ਬਰਾੜ)**-ਛੱਤੀਸਗੜ੍ਹ ਤੇ ਹੋਰ ਆਦਿਵਾਸੀ ਇਲਾਕਿਆਂ ਅੰਦਰ ਨਕਸਲਵਾਦ ਨੂੰ ਖ਼ਤਮ ਕਰਨ ਦੇ ਨਾਂ ਹੇਠ ਕੀਤੇ ਜਾ ਰਹੇ ਕਤਲੇਆਮ ਤੇ ਪੰਜਾਬ ਦੇ ਕਿਸਾਨਾਂ, ਮਜ਼ਦੂਰਾਂ ਤੇ ਸਮੂਹ ਮਿਹਨਤਕਸ਼ ਲੋਕਾਂ 'ਤੇ ਕੀਤੇ ਜਾ ਰਹੇ ਅੰਨ੍ਹੇ ਪੁਲਸ ਜਬਰ ਖ਼ਿਲਾਫ਼ ਪੰਜਾਬ ਦੀਆਂ ਤਿੰਨ ਦਰਜਨ ਜਨਤਕ ਜਮਹੂਰੀ ਜਥੇਬੰਦੀਆਂ ਵੱਲੋਂ 8 ਅਗਸਤ ਨੂੰ ਸਵੇਰੇ 11 ਵਜੇ ਦਾਣਾ ਮੰਡੀ, ਮੋਗਾ ਵਿਖੇ ਹੋ ਰਹੀ ਸੂਬਾਈ ਰੈਲੀ ਤੇ ਰੋਸ ਮਾਰਚ ਦੀ ਤਿਆਰੀ ਦੇ ਸੰਬੰਧ ਵਿੱਚ ਤਰਕਸ਼ੀਲ ਸੁਸਾਇਟੀ ਪੰਜਾਬ ਦੀ ਸੂਬਾ ਕਮੇਟੀ ਵੱਲੋਂ ਵਿਸ਼ੇਸ਼ ਮੀਟਿੰਗ ਕੀਤੀ ਗਈ ਅਤੇ ਇਸ ਰੋਸ ਰੈਲੀ ਵਿੱਚ ਪੰਜਾਬ ਦੇ ਸਮੂਹ ਜ਼ੋਨਾਂ ਤੇ ਇਕਾਈਆਂ ਵੱਲੋਂ ਭਰਵੀਂ ਸ਼ਮੂਲੀਅਤ ਕਰਨ ਦਾ ਪ੍ਰੋਗਰਾਮ ਉਲੀਕਿਆ ਗਿਆ।ਮੀਟਿੰਗ ਦੀ ਕਾਰਵਾਈ ਪ੍ਰੈੱਸ ਨੂੰ ਜਾਰੀ ਕਰਦਿਆਂ ਸੁਸਾਇਟੀ ਦੇ ਸੂਬਾਈ ਜਥੇਬੰਦਕ ਮੁਖੀ ਮਾਸਟਰ ਰਾਜਿੰਦਰ ਭਦੌੜ, ਹੇਮ ਰਾਜ ਸਟੈਨੋਂ, ਰਾਜੇਸ਼ ਅਕਲੀਆ, ਰਾਜਪਾਲ ਬਠਿੰਡਾ, ਜਸਵਿੰਦਰ ਫਗਵਾੜਾ ਤੇ ਸੁਮੀਤ ਅੰਮ੍ਰਿਤਸਰ ਨੇ ਦੱਸਿਆ ਕਿ ਮੋਦੀ ਸਰਕਾਰ ਵੱਲੋਂ ਆਦਿਵਾਸੀ ਇਲਾਕਿਆਂ ਵਿੱਚ ਕਾਰਪੋਰੇਟ ਘਰਾਣਿਆਂ ਨੂੰ ਜਲ, ਜੰਗਲ, ਜ਼ਮੀਨ ਲੁਟਾਉਣ ਤੇ ਆਦਿਵਾਸੀਆਂ ਦੇ ਕੀਤੇ ਜਾ ਰਹੇ ਅੰਨ੍ਹੇਵਾਹ ਕਤਲੇਆਮ ਦਾ ਇਹ ਫਾਸ਼ੀਵਾਦੀ ਸਿਲਸਿਲਾ ਪੰਜਾਬ ਅੰਦਰ ਭਾਰਤ ਮਾਲਾ ਪ੍ਰੋਜੈਕਟ ਤੇ ਲੈਂਡ ਪੂਲਿੰਗ ਸਕੀਮ ਰਾਹੀਂ ਕਿਸਾਨਾਂ ਦੀਆਂ ਜ਼ਮੀਨਾਂ ਖੋਹ ਕੇ ਲੋਕਾਂ ਦੀ ਜ਼ਿੰਦਗੀ ਤੇ ਜਮਹੂਰੀ ਹੱਕਾਂ ਨੂੰ ਵੱਡੇ ਪੱਧਰ 'ਤੇ ਕੁਚਲ ਰਿਹਾ ਹੈ ਅਤੇ ਪੁਲਸ ਜ਼ਬਰ ਦਾ ਵਿਰੋਧ ਕਰ ਰਹੇ ਕਿਰਤੀ ਲੋਕਾਂ ਦੇ ਸੰਘਰਸ਼ ਕਰਨ ਦੇ ਅਧਿਕਾਰ ਉਤੇ ਸਖ਼ਤ ਪਾਬੰਦੀਆਂ ਮੜ੍ਹ ਕੇ ਉਨ੍ਹਾਂ ਨੂੰ ਜੇਲ੍ਹਾਂ ਵਿੱਚ ਡੱਕਿਆ ਜਾ ਰਿਹਾ ਹੈ।ਸੂਬਾ ਕਮੇਟੀ ਆਗੂਆਂ ਰਾਮ ਸਵਰਨ ਲੱਖੇਵਾਲੀ, ਸੁਖਵਿੰਦਰ ਬਾਗਪੁਰ, ਜਸਵੰਤ ਮੁਹਾਲੀ, ਗੁਰਪ੍ਰੀਤ ਸ਼ਹਿਣਾ ਤੇ ਸੁਰਜੀਤ ਟਿੱਬਾ ਨੇ ਕਿਹਾ ਕਿ ਮੋਦੀ ਹਕੂਮਤ ਵੱਲੋਂ ਆਦਿਵਾਸੀਆਂ ਦੇ ਜਲ-ਜੰਗਲ-ਜ਼ਮੀਨ ਉੱਪਰ ਕੁਦਰਤੀ ਤੇ ਜਮਹੂਰੀ ਹੱਕ ਨੂੰ ਕੁਚਲਕੇ ਕੁਦਰਤੀ ਵਸੀਲਿਆਂ ਨੂੰ ਲੁੱਟਣ ਲਈ ਕਾਰਪੋਰੇਟ ਪ੍ਰੋਜੈਕਟ ਥੋਪਣ ਅਤੇ ਆਦਿਵਾਸੀਆਂ ਨੂੰ ਉਜਾੜਨ ਦੀ ਲੋਕ ਵਿਰੋਧੀ ਸਾਜ਼ਿਸ਼ ਦਾ ਦੇਸ਼ ਦੇ ਵੱਖ ਵੱਖ ਸੂਬਿਆਂ ਵਿੱਚ ਡਟਵਾਂ ਵਿਰੋਧ ਹੋ ਰਿਹਾ ਹੈ ਅਤੇ ਪੰਜਾਬ ਵਿੱਚ ਵੀ ਭਗਵੰਤ ਮਾਨ ਸਰਕਾਰ ਵੱਲੋਂ ਵੀ ਅਖੌਤੀ ਵਿਕਾਸ ਪ੍ਰੋਜੈਕਟਾਂ ਦੇ ਬਹਾਨੇ ਲੈਂਡ ਪੂਲਿੰਗ ਸਕੀਮ ਹੇਠ ਕਿਸਾਨਾਂ ਦੀਆਂ ਕੀਮਤੀ ਜ਼ਮੀਨਾਂ ਜ਼ਬਰਦਸਤੀ ਖੋਹਣ ਅਤੇ ਸਿੱਖਿਆ, ਸਿਹਤ, ਰੁਜ਼ਗਾਰ, ਬਿਜਲੀ, ਪਾਣੀ, ਸੜਕਾਂ ਦੇ ਜਨਤਕ ਅਦਾਰੇ ਵੱਡੇ ਕਾਰਪੋਰੇਟ ਘਰਾਣਿਆਂ ਨੂੰ ਵੇਚਣ ਦੀ ਲੋਕ ਮਾਰੂ ਨੀਤੀ ਕਿਸੇ ਵੀ ਸੂਰਤ ਵਿੱਚ ਲਾਗੂ ਨਹੀਂ ਹੋਣ ਦਿੱਤੀ ਜਾਵੇਗੀ।

## ਬੀ ਐੱਸ ਸੀ ਕੋਰਸ ਦੇ ਵਿਦਿਆਰਥੀਆਂ ਦਾ ਯੂਨੀਵਰਸਿਟੀ ਪ੍ਰੀਖਿਆ 'ਚ ਸ਼ਾਨਦਾਰ ਪ੍ਰਦਰਸ਼ਨ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਪਿਛਲੇ ਦਿਨੀਂ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਬੀ. ਐਸ. ਸੀ. ਭਾਗ ਦੂਜਾ ਦੇ ਤੀਜੇ ਸਮੈਸਟਰ ਦੀ ਪ੍ਰੀਖਿਆ ਦੇ ਨਤੀਜੇ ਦਾ ਐਲਾਨ ਕੀਤਾ ਗਿਆ।ਇਨ੍ਹਾਂ ਐਲਾਨੇ ਨਤੀਜਿਆਂ 'ਚ ਪੰਜਾਬੀ ਯੂਨੀਵਰਸਿਟੀ ਕੈਂਪਸ ਦਮਦਮਾ ਸਾਹਿਬ ਦੇ ਯਾਦਵਿੰਦਰਾ ਸਾਇੰਸਜ਼ ਵਿਭਾਗ ਦੇ ਵਿਦਿਆਰਥੀਆਂ ਦਾ ਪ੍ਰਦਰਸ਼ਨ ਸ਼ਾਨਦਾਰ ਰਿਹਾ।ਬੀ. ਐਸ. ਸੀ. ਨਾਨ-ਮੈਡੀਕਲ ਕੋਰਸ ਦੀ ਕਮਲਪ੍ਰੀਤ ਕੌਰ, ਮੁਨੀਸ਼ਾ ਤੇ ਹਰਨੂਰ ਕੌਰ ਨੇ ਕ੍ਰਮਵਾਰ 528/600 (88%), 501/600 (83.5%) ਅਤੇ 497/600 (82.8%) ਅੰਕ ਪ੍ਰਾਪਤ ਕੀਤੇ ਜਦੋਂ ਕਿ ਬੀ.ਐਸ.ਸੀ. ਮੈਡੀਕਲ ਕੋਰਸ ਦੀ ਕੁਮਾਰੀ ਆਸ਼ਿਅਨਾ ਖਾਨ, ਅਕਾਸ਼ਦੀਪ ਸਿੰਘ ਅਤੇ ਅਮਨਦੀਪ ਕੌਰ ਨੇ ਕ੍ਰਮਵਾਰ 579/650 (89%), 564/650 (86.7%) ਤੇ 550/650 (84.6%) ਅੰਕ ਪ੍ਰਾਪਤ ਕਰਕੇ ਵਿਭਾਗ ਚੋਂ ਪਹਿਲੀਆਂ ਪੁਜੀਸ਼ਨਾਂ ਹਾਸਲ ਕੀਤੀਆਂ।

ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਵਿਭਾਗ ਮੁਖੀ ਡਾ ਪ੍ਰੀਤੀ ਬਾਂਸਲ ਨੇ ਆਸ ਪ੍ਰਗਟ ਕੀਤੀ ਕਿ ਆਉਣ ਵਾਲੇ ਸਮੇਂ ਇਹ ਵਿਦਿਆਰਥੀ ਆਪਣੀ ਮੈਰਿਟ ਪੁਜੀਸ਼ਨ ਵਿੱਚ ਹੋਰ ਵੀ ਸੁਧਾਰ ਕਰਨਗੇ।ਉਨ੍ਹਾਂ ਨਾਲ ਵਿਭਾਗ ਦੇ ਸਮੂਹ ਸਟਾਫ ਅਤੇ ਫੈਕਲਟੀ ਨੇ ਵੀ ਵਿਦਿਆਰਥੀਆਂ ਨੂੰ ਵਧਾਈ ਦਿੱਤੀ।ਕੈਂਪਸ ਡਾਇਰੈਕਟਰ ਡਾ ਕਮਲਜੀਤ ਸਿੰਘ ਨੇ ਆਪਣੇ ਵਧਾਈ ਸੰਦੇਸ਼ 'ਚ ਕਿਹਾ ਕਿ ਇਹ ਪ੍ਰਾਪਤੀ ਵਿਦਿਆਰਥੀਆਂ ਅਤੇ ਵਿਭਾਗ ਦੇ ਅਧਿਆਪਕ ਸਹਿਬਾਨਾਂ ਦੀ ਸਾਂਝੀ ਮਿਹਨਤ ਦਾ ਨਤੀਜਾ ਹਨ।

## ਮੁਲਾਜ਼ਮਾਂ ਤੇ ਪੈਨਸ਼ਨਰਾਂ ਮੁੱਖ ਮੰਤਰੀ ਤੇ ਵਿੱਤ ਮੰਤਰੀ ਦੇ ਪੁਤਲੇ ਫੂਕੇ



**ਕੋਟਕਪੂਰਾ (ਰਛਪਾਲ ਭੁੱਲਰ)**-ਪੰਜਾਬ ਦੇ ਲੱਖਾਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨਾਲ ਗੱਲਬਾਤ ਕਰਨ ਤੋਂ ਭਗੌੜਾ ਹੋ ਚੁੱਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੰਜਾਬ ਦੇ ਵਿੱਤ ਮੰਤਰੀ ਤੇ ਕੈਬਨਿਟ ਸਬ ਕਮੇਟੀ ਦੇ ਚੇਅਰਮੈਨ ਹਰਪਾਲ ਸਿੰਘ ਚੀਮਾ ਵੱਲੋਂ ਵਾਰ ਵਾਰ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਦੀ ਲੀਡਰਸ਼ਿਪ ਨੂੰ ਮੀਟਿੰਗਾਂ ਦਾ ਸਮਾਂ ਦੇ ਕੇ ਐਨ ਮੌਕੇ 'ਤੇ ਆ ਕੇ ਮੀਟਿੰਗਾਂ ਮੁਲਤਵੀ ਕਰਨ ਦੇ ਰੋਸ ਵਜੋਂ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਦੀ ਸੂਬਾ ਕਮੇਟੀ ਵੱਲੋਂ ਉਲੀਕੇ ਗਏ ਐਕਸ਼ਨ ਪ੍ਰੋਗਰਾਮ ਨੂੰ ਲਾਗੂ ਕਰਦੇ ਹੋਏ ਜ਼ਿਲ੍ਹਾ ਫਰੀਦਕੋਟ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ ਸਥਾਨਕ ਡਿਪਟੀ ਕਮਿਸ਼ਨਰ ਦੇ ਦਫਤਰ ਸਾਹਮਣੇ ਪੰਜਾਬ ਸਰਕਾਰ ਖਿਲਾਫ ਤਿੱਖੀ ਨਾਅਰੇਬਾਜ਼ੀ ਕਰਕੇ ਰੋਸ ਰੈਲੀ ਕੀਤੀ ਗਈ ਅਤੇ ਇਸ ਉਪਰੰਤ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਦੇ ਪੁਤਲੇ ਫੂਕੇ ਗਏ। ਇਸ ਮੌਕੇ ਸੰਬੋਧਨ ਕਰਦੇ ਹੋਏ ਫਰੰਟ ਦੇ ਸੂਬਾਈ ਆਗੂ ਪ੍ਰੇਮ ਚਾਵਲਾ, ਪੈਨਸ਼ਨਰ ਆਗੂ ਇੰਦਰਜੀਤ ਸਿੰਘ ਖੀਵਾ, ਚੰਦ ਸਿੰਘ ਡੋਡ, ਵੀਰਇੰਦਰਜੀਤ ਸਿੰਘ ਪੁਰੀ ਸੂਬਾ ਪ੍ਰਧਾਨ ਪੰਜਾਬ ਮੰਡੀ ਬੋਰਡ, ਪੈਨਸ਼ਨਰ ਆਗੂ ਅਸ਼ੋਕ ਕੌਸ਼ਲ, ਸਿਮਰਜੀਤ ਸਿੰਘ ਬਰਾੜ ਸੂਬਾ ਪ੍ਰਧਾਨ ਪੈਪਸੂ ਰੋਡ ਮੁਲਾਜ਼ਮ ਯੂਨੀਅਨ, ਗੁਰਤੇਜ ਸਿੰਘ ਖਹਿਰਾ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ, ਭਰਾਤਰੀ ਜਥੇਬੰਦੀ ਦੇ ਆਗੂ ਵੀਰ ਸਿੰਘ ਕੰਮੇਆਣਾ, ਜਸਮੇਲ ਸਿੰਘ ਜੱਸੀ ਸਿਹਤ ਵਿਭਾਗ, ਪਾਵਰ ਕਾਮ ਪੈਨਸ਼ਨਰ ਆਗੂ ਬਲਵਿੰਦਰ ਰਾਮ ਸ਼ਰਮਾ, ਹਰਪਾਲ ਸਿੰਘ ਮਚਾਕੀ, ਬਲਵਿੰਦਰ ਸਿੰਘ ਬਰਾੜ, ਬਲਕਾਰ ਸਿੰਘ ਸਹੋਤਾ ਜ਼ਿਲ੍ਹਾ ਜਨਰਲ ਸਕੱਤਰ ਕਲਾਸ ਫੋਰ ਯੂਨੀਅਨ, ਪ੍ਰਿੰਸੀਪਲ ਕ੍ਰਿਸ਼ਨ ਲਾਲ, ਪ੍ਰਿੰਸੀਪਲ ਨਵਦੀਪ ਸ਼ਰਮਾ, ਜਗਤਾਰ ਸਿੰਘ ਗਿੱਲ ਜਨਰਲ ਸਕੱਤਰ, ਸੁਖਚਰਨ ਸਿੰਘ ਪੀ ਆਰ ਟੀ ਸੀ ਅਤੇ ਨਛੱਤਰ ਸਿੰਘ ਭਾਣਾ ਨੇ ਪੰਜਾਬ ਸਰਕਾਰ 'ਤੇ ਦੋਸ਼ ਲਾਇਆ ਕਿ ਪਿਛਲੇ ਲਗਭਗ ਸਾਢੇ ਤਿੰਨ ਸਾਲਾਂ ਤੋਂ ਭਗਵੰਤ ਮਾਨ ਸਰਕਾਰ ਵੱਲੋਂ ਮੁਲਾਜ਼ਮ ਅਤੇ ਪੈਨਸਨਰ ਮੰਗਾਂ ਪ੍ਰਤੀ ਅਪਣਾਈ ਗਈ ਨਾਂਹ ਪੱਖੀ ਪਹੁੰਚ ਕਾਰਨ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਬਹੁਤ ਸਾਰੇ ਮਸਲੇ ਲਮਕ ਅਵਸਥਾ ਵਿੱਚ ਪਏ ਹਨ।

ਬੁਲਾਰਿਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਦਾ ਪੰਜਾਬ ਸਰਕਾਰ ਵੱਲੋਂ ਤੁਰੰਤ ਨਿਪਟਾਰਾ ਕੀਤਾ ਜਾਵੇ। ਆਗੂਆਂ ਨੇ ਐਲਾਨ ਕੀਤਾ ਕਿ 8 ਅਗਸਤ ਨੂੰ ਸਵੇਰੇ 11 ਵਜੇ ਲਾਲਾ ਲਾਜਪਤ ਰਾਏ ਮਿਊਂਸਪਲ ਪਾਰਕ ਕੋਟਕਪੂਰਾ ਵਿਖੇ, 12 ਅਗਸਤ ਨੂੰ ਸਵੇਰੇ 11 ਵਜੇ ਸਬ ਤਹਿਸੀਲ ਪਿੰਡ ਸਾਦਿਕ ਵਿਖੇ ਰੋਸ ਧਰਨੇ ਦੇਣ ਤੋਂ ਬਾਅਦ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਪੁਤਲੇ ਫੂਕੇ ਜਾਣਗੇ।

## ਸੰਤ ਲੌਂਗੋਵਾਲ ਦੀ ਬਰਸੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਈ ਜਾਵੇਗੀ : ਭਾਈ ਲੌਂਗੋਵਾਲ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਸ੍ਰੀ ਅਕਾਲ ਤਖਤ ਸਾਹਿਬ ਜੀ ਨੂੰ ਸਮਰਪਤ ਸਮੁੱਚੀ ਅਕਾਲੀ ਲੀਡਰਸ਼ਿਪ ਵੱਲੋਂ ਅਮਰ ਸ਼ਹੀਦ ਸੰਤ ਹਰਚੰਦ ਸਿੰਘ ਜੀ ਦੀ ਬਰਸੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਈ ਜਾਵੇਗੀ।ਇਸ ਮੌਕੇ ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਹੁਕਮਾਂ 'ਤੇ ਚੱਲਣ ਵਾਲੇ ਸਮੁੱਚੇ ਅਕਾਲੀ ਆਗੂ ਇਥੇ ਪਹੁੰਚ ਕੇ ਸੰਤ ਹਰਚੰਦ ਸਿੰਘ ਲੌਂਗੋਵਾਲ ਜੀ ਨੂੰ ਸ਼ਰਧਾਂਜਲੀਆਂ ਭੇਟ ਕਰਨਗੇ।ਇਨ੍ਹਾਂ ਸ਼ਬਦਾ ਦਾ ਪ੍ਰਗਟਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਇਥੋਂ ਦੇ ਗੁਰਦੁਆਰਾ ਚੁੱਲੇ ਬਾਬਾ ਆਲਾ ਸਿੰਘ ਵਿਖੇ ਜੁੜੀ ਸੰਗਤ ਨੂੰ ਸੰਬੋਧਨ ਕਰਦਿਆਂ ਕਹੇ।ਮੰਚ ਨੂੰ ਸੰਬੋਧਨ ਕਰਦਿਆਂ ਭਾਈ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ (ਬ) ਦੇ ਆਪੋ ਬਣੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਮੇਰੇ ਬਹੁਤੇ ਨਜ਼ਦੀਕੀ ਸਾਥੀਆਂ ਚੋਂ ਸਨ, ਪਰ ਹੁਣ ਜਦੋਂ ਉਹ ਸ੍ਰੀ ਅਕਾਲ ਤਖਤ ਸਾਹਿਬ ਜੀ ਤੋਂ ਹੀ ਭਗੌੜੇ ਹੋ ਗਏ ਤਾਂ ਅਸੀਂ ਉਨ੍ਹਾਂ ਨਾਲੋਂ ਵੱਖਰਾ ਹੋਣਾ ਹੀ ਬਿਹਤਰ ਸਮਝਿਆ। ਇਸ ਮੀਟਿੰਗ ਨੂੰ ਭਾਈ ਮਹਿੰਦਰ ਸਿੰਘ ਦੁੱਲਟ, ਮਾਰਕੀਟ ਕਮੇਟੀ ਚੀਮਾ ਦੇ ਸਾਬਕਾ ਚੇਅਰਮੈਨ ਜੀਤ ਸਿੰਘ ਸਿੱਧੂ, ਜਥੇ. ਉਦੈ ਸਿੰਘ, ਵਰਿੰਦਰ ਸਿੰਘ ਟੀਟੂ, ਸੰਜੇ ਜੈਨ, ਜਥੇਦਾਰ ਸੁਖਦੇਵ ਸਿੰਘ ਤੇ ਸਾਬਕਾ ਪ੍ਰਧਾਨ ਦਲਜੀਤ ਸਿੰਘ ਸਿੱਧੂ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਰਮੇਸ਼ ਅਗਵਾਲ, ਸੰਜੇ ਜੈਨ, ਆੜ੍ਹਤੀਆ ਐਸੋਸੀਏਸ਼ਨ ਦੇ ਆਗੂ ਸੁਰਿੰਦਰ ਲੀਲਾ, ਸੁਰਜੀਤ ਸਿੰਘ ਦੁੱਲਟ, ਨੀਟੂ ਸ਼ਰਮਾ, ਕਰਮ ਸਿੰਘ ਬਰਾੜ, ਬਾਬਾ ਬਿੰਦਰ ਸਿੰਘ ਕੈਂਬੋਵਾਲ, ਜਗਦੇਵ ਸਿੰਘ ਸਾਬਕਾ ਪ੍ਰਧਾਨ, ਬੀਜੇਪੀ ਦੇ ਮੁੰਡਲ ਪ੍ਰਧਾਨ ਰਤਨ ਕੁਮਾਰ ਮੰਗੂ, ਡਾ. ਕੇਵਲ ਚੰਦ ਧੌਲਾ, ਬੀ.ਜੇ.ਪੀ. ਆਗੂ ਕੁਲਦੀਪ ਮੰਗਲਾ, ਗੁਰਸੇਵਕ ਸਿੰਘ ਚਹਿਲ, ਪ੍ਰਧਾਨ ਗੁਰਜੰਟ ਸਿੰਘ ਦੁੱਲਟ, ਚੇਅਰਮੈਨ ਜਗਤਾਰ ਸਿੰਘ, ਸੇਠ ਭੀਮ ਸੈਨ, ਸੰਦੀਪ ਸਿੰਘ ਸਿੱਧੂ, ਵੈਦ ਮਾਲਵਿੰਦਰ ਸਿੰਘ ਮਾਲੀ, ਸਰਪੰਚ ਕਾਲਾ ਸਿੰਘ ਭੁੱਲਰ, ਗੁਰਦੁਆਰਾ ਚੁੱਲੇ ਬਾਬਾ ਆਲਾ ਸਿੰਘ ਜੀ ਦੇ ਮੈਨੇਜਰ ਮਨਪ੍ਰੀਤ ਸਿੰਘ, ਭਾਈ ਜਰਨੈਲ ਸਿੰਘ ਆਦਿ ਹਾਜ਼ਰ ਸਨ।

## ਸਵ: ਰਤਿੰਦਰ ਸਾਈਆਂ ਵਾਲਾ ਦੀ ਯਾਦ 'ਚ ਹੋਵੇਗਾ ਵਾਲੀਬਾਲ ਟੂਰਨਾਮੈਂਟ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫ਼ਿਰੋਜ਼ਪੁਰ ਜ਼ਿਲ੍ਹਾ ਵਾਲੀਬਾਲ ਐਸੋਸੀਏਸ਼ਨ ਵੱਲੋਂ ਗੁਰੂ ਨਾਨਕ ਕਾਲਜ ਵਿਖੇ ਇੱਕ ਮਹੱਤਵਪੂਰਨ ਮੀਟਿੰਗ ਦਾ ਆਯੋਜਨ ਕੀਤਾ ਗਿਆ। ਮੀਟਿੰਗ ਦੀ ਪ੍ਰਧਾਨਗੀ ਕਾਲਜ ਦੇ ਚੇਅਰਮੈਨ ਤੇ ਸਮਾਜ ਸੇਵੀ ਅਸੀਸਪ੍ਰੀਤ ਸਿੰਘ ਸਾਈਆਂ ਵਾਲਾ ਨੇ ਕੀਤੀ। ਮੀਟਿੰਗ ਵਿੱਚ ਜ਼ਿਲ੍ਹੇ ਭਰ ਤੋਂ ਵਾਲੀਬਾਲ ਐਸੋਸੀਏਸ਼ਨ ਦੇ ਅਧਿਕਾਰੀ ਅਤੇ ਖੇਡ ਪ੍ਰੇਮੀਆਂ ਨੇ ਸ਼ਿਰਕਤ ਕੀਤੀ। ਇਸ ਮੌਕੇ ਖੇਡ ਦੇ ਪੱਧਰ ਨੂੰ ਹੋਰ ਉੱਚਾ ਚੁੱਕਣ ਅਤੇ ਖਿਡਾਰੀਆਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਲਈ ਕਈ ਮੁੱਦਿਆਂ 'ਤੇ ਡੂੰਘਾਈ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਸਭ ਤੋਂ ਅਹਿਮ ਫੈਸਲਾ ਸਵਰਗੀ ਰਤਿੰਦਰ ਸਿੰਘ ਸਾਈਆਂ ਵਾਲਾ ਦੀ ਯਾਦ ਵਿੱਚ ਇੱਕ ਵਿਸ਼ਾਲ ਵਾਲੀਬਾਲ ਚੈਂਪੀਅਨਸ਼ਿਪ ਕਰਾਉਣ ਦਾ ਲਿਆ ਗਿਆ। ਟੂਰਨਾਮੈਂਟ ਨੂੰ ਸਫਲ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਨਾਲ ਤਾਲਮੇਲ ਕਰਕੇ ਡੀ.ਸੀ. ਫਿਰੋਜ਼ਪੁਰ ਨਾਲ ਗੱਲਬਾਤ ਕਰਨ ਦਾ ਫੈਸਲਾ ਵੀ ਕੀਤਾ ਗਿਆ। ਮੀਟਿੰਗ ਦਾ ਇੱਕ ਹੋਰ ਮੁੱਖ ਏਜੰਡਾ ਵਾਲੀਬਾਲ ਐਸੋਸੀਏਸ਼ਨ ਲਈ ਨਵੇਂ ਅਹੁਦੇਦਾਰਾਂ ਦੀ ਚੋਣ ਕਰਨਾ ਸੀ। ਸਾਰਿਆਂ ਦੀ ਸਹਿਮਤੀ ਨਾਲ,ਅਸੀਸਪ੍ਰੀਤ ਸਿੰਘ ਸਾਈਆਂ ਵਾਲਾ ਨੂੰ ਸਰਬਸੰਮਤੀ ਨਾਲ ਐਸੋਸੀਏਸ਼ਨ ਦਾ ਨਵਾਂ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਤੋਂ ਬਾਅਦ, ਮੌਜੂਦ ਅਧਿਕਾਰੀਆਂ ਨੇ ਫੁੱਲਾਂ ਦੇ ਹਾਰ ਪਾ ਕੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਤੇ ਵਧਾਈ ਦਿੱਤੀ। ਇਸ ਦੇ ਨਾਲ ਹੀ ਸ੍ਰੀ ਪਰਮਵੀਰ ਸ਼ਰਮਾ ਨੂੰ ਐਸੋਸੀਏਸ਼ਨ ਦਾ ਸਕੱਤਰ ਨਿਯੁਕਤ ਕੀਤਾ ਗਿਆ। ਨਵੇਂ ਪ੍ਰਧਾਨ ਅਸੀਸਪ੍ਰੀਤ ਸਿੰਘ ਨੇ ਕਿਹਾ ਕਿ ਉਨ੍ਹਾਂ ਦਾ ਮੁੱਖ ਟੀਚਾ ਜ਼ਿਲ੍ਹੇ ਵਿੱਚ ਵਾਲੀਬਾਲ ਦੀ ਖੇਡ ਨੂੰ ਨਵੀਆਂ ਉਚਾਈਆਂ 'ਤੇ ਲੈ ਕੇ ਜਾਣਾ ਹੈ।

## ਫਿਲਮ ਅਦਾਕਾਰ ਸੋਨੂੰ ਸੂਦ ਦਾ ਭਾਵਾਧਸ ਦੇ ਪ੍ਰਧਾਨ ਵੱਲੋਂ ਸਨਮਾਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤ ਦੇ ਸੰਵਿਧਾਨ ਰਚੇਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੀਆਂ ਸਿੱਖਿਆਵਾਂ ਸਮੁੱਚੇ ਦੇਸ਼ ਲਈ ਪ੍ਰੇਰਣਾ ਸਰੋਤ ਹਨ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪ੍ਰਸਿੱਧ ਫਿਲਮ ਅਦਾਕਾਰ ਸੋਨੂ ਸੂਦ ਵੱਲੋਂ ਮੋਗਾ ਵਿਖੇ ਭਾਵਾਧਸ ਦੇ ਪ੍ਰਧਾਨ ਨਰੇਸ਼ ਬਹੁਤ ਵੱਲੋਂ ਕਰਵਾਏ ਗਏ ਇੱਕ ਸਨਮਾਨ ਸਮਾਗਮ ਦੌਰਾਨ ਕੀਤਾ ਗਿਆ।ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਨੇ ਜਿੱਥੇ ਪਿੱਛੜੇ ਵਰਗਾਂ ਨੂੰ ਵੱਧ ਅਧਿਕਾਰ ਦਿਵਾਏ, ਉੱਥੇ ਹੀ ਵਾਲਮੀਕ ਸਮਾਜ ਨੂੰ ਉੱਚ ਸਿੱਖਿਆ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਉਨ੍ਹਾਂ ਨਾਲ ਉਨ੍ਹਾਂ ਦੀ ਭੈਣ ਮਾਲਵਿਕਾ ਸੂਦ ਵੀ ਮੌਜੂਦ ਸਨ।ਇਸ ਮੌਕੇ ਸੰਬੋਧਨ ਕਰਦਿਆਂ ਭਾਰਤੀਯ ਵਾਲਮੀਕਿ ਧਰਮ ਸਮਾਜ (ਭਾਵਾਧਸ) ਸੰਗਠਨ ਦੇ ਪ੍ਰਧਾਨ ਨਰੇਸ਼ ਬੋਹਤ ਨੇ ਕਿਹਾ ਕਿ ਸੋਨੂ ਸੂਦ ਵੱਲੋਂ ਜਿੱਥੇ ਆਪਣੀ ਅਦਾਕਾਰੀ ਰਾਹੀਂ ਪੂਰੀ ਦੁਨੀਆ ਵਿੱਚ ਮੋਗਾ ਦਾ ਨਾਮ ਰੌਸ਼ਨ ਕੀਤਾ ਹੈ, ਉੱਥੇ ਹੀ ਕੋਰੋਨਾ ਦੇ ਦਿਨਾਂ ਵਿੱਚ ਉਨ੍ਹਾਂ ਵੱਲੋਂ ਆਪਣੇ ਘਰਾਂ ਤੋਂ ਦੂਰ ਦੁਰਾਡੇ ਲਾਕਡਾਊਨ ਵਿੱਚ ਫਸੇ ਲੋੜਵੰਦ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਤੱਕ ਪਹੁੰਚਾਉਣ ਦੀਆਂ ਨਿਭਾਈਆਂ ਗਈਆਂ ਸੇਵਾਵਾਂ ਅਤਿਅੰਤ ਸ਼ਲਾਘਾਯੋਗ ਸਨ, ਜਿਨ੍ਹਾਂ ਨੇ ਉਨ੍ਹਾਂ ਦੀ ਛਵੀ ਨੂੰ ਦੁਨੀਆ ਸਾਹਮਣੇ ਹੋਰ ਨਿਖਾਰਿਆ ਹੈ। ਇਨ੍ਹਾਂ ਸਮਾਜ ਸੇਵੀ ਕਾਰਜਾਂ ਦੇ ਚਲਦੇ ਹੀ ਅੱਜ ਭਾਵਾਧਸ ਵੱਲੋਂ ਉਨ੍ਹਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ਤੇ ਉਨ੍ਹਾਂ ਦੇ ਜਨਮ ਦਿਨ ਦੀ ਵਧਾਈ ਵੀ ਦਿੱਤੀ ਗਈ।ਸਮਾਗਮ ਦੇ ਅੰਤ ਵਿੱਚ ਭਾਵਾਧਸ ਦੇ ਪ੍ਰਧਾਨ ਨਰੇਸ਼ ਬੋਹਤ ਵੱਲੋਂ ਸੋਨੂ ਸੂਦ ਤੇ ਮਾਲਵਿਕਾ ਸੂਦ ਦਾ ਸਿਰੋਪਾਓ ਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਸੋਨੂੰ ਸੂਦ ਤੇ ਮਾਲਵੀਕਾ ਸੂਦ ਨੇ ਇਸ ਸਨਮਾਨ ਲਈ ਭਾਰਤੀ ਵਾਲਮੀਕਿ ਧਰਮ ਸਮਾਜ ਦਾ ਧੰਨਵਾਦ ਕੀਤਾ।ਇਸ ਮੌਕੇ ਵਿਨੇ ਕੁਮਾਰ ਸੂਦ, ਦੀਪਕ ਖੈਰਾਲੀਅ, ਯੋਗੇਸ਼ਵਰ ਪਾਲ, ਅਰੁਣ ਸੰਘੇਲੀਆ, ਸੁਖਦੇਵ ਗੋਪੀ, ਅਮਨ ਛਪਰੀ, ਸੋਨੂੰ ਜੈਕਸਨ ਮੌਜੂਦ ਸਨ।


### ਉੱਤਰ ਰੇਲਵੇ

**"ਸਾਰਵਜਨਿਕ ਸੂਚਨਾ"**

ਉੱਤਰ ਰੇਲਵੇ ਦੇ ਨਿਰਦਿਸ਼ਟ ਖੰਡ ਵਿਚ ਸਾਈਡਿੰਗ ਦੇ ਸਬੰਧ ਵਿਚ, ਹੇਠਾ ਉਲੇਖਿਤ ਸਟੇਸ਼ਨ ਉਤੇ ਸਥਿਤ ਰੇਲਵੇ ਲਾਈਨਾਂ ਅਤੇ ਪਰਿਸਰਾਂ ਦੇ ਸਾਰ ਉਪਯੋਗਕਰਤਾਵਾਂ ਨੂੰ ਇਸ ਦੁਵਾਰਾ ਸੂਚਨਾ ਦਿਤੀ ਜਾਂਦੀ ਹੈ । 25,000 ਵੋਲਟ, 50 ਹਰਟਜ਼, ਏਸੀ ਓਵਰਹੇਡ ਟ੍ਰੈਕਸ਼ਨ ਤਾਰਾਂ ਨੂੰ ਇਸ ਅਧਿਸੂਚਨਾ ਦੇ ਪ੍ਰਕਾਸ਼ਨ ਦੀ ਮਿਤੀ ਨੂੰ ਜਾਂ ਉਸਦੇ ਬਾਦ ਚਾਲੂ ਕਰ ਦਿਤਾ ਜਾਵੇਗਾ । 15.08.2025 ਦੇ ਬਾਦ, ਓਵਰਹੇਡ ਟ੍ਰੈਕਸ਼ਨ ਲਾਈਨ ਨੂੰ ਹਰ ਸਮੇਂ ਸਕ੍ਰਿਅ ਮੰਨਿਆ ਜਾਵੇਗਾ । ਕਿਸੀ ਵੀ ਅਨਧਿਕ੍ਰਿਤ ਵਿਅਕਤੀ ਨੂੰ ਓਵਰਹੇਡ ਲਾਈਨ ਦੇ ਕੋਲ ਜਾਂਦ ਜਾਂ ਕੰਮ ਕਰਨ ਦੀ ਅਨੁਮਤੀ ਨਹੀਂ ਹੈ ।

| ਖੰਡ | ਟੀ.ਕੇ.ਐਮ |
|---|---|
| ਉੱਤਰ ਰੇਲਵੇ ਦੇ ਅੰਬਾਲਾ ਡਵੀਜਨਦੇ ਧੁਰੀ-ਲੁਧਿਆਣਾ ਖੰਡ ਵਿਚ 25 ਕੇਵੀ ਏਸੀ, ਬ੍ਰਾਂਡ ਗੇਜ - 1676 ਮਿਮੀ ਦੇ ਨਾਲ ਅੰਬਾਲਾ ਡਵੀਜਨ ਉਤੇ ਜਗ੍ਹਾਂ-25/08ਈ (ਸੀਐਚ: 354.80) ਤੋਂ ਜਗ੍ਹਾਂ - ਪੀਐਲਆਈਐਲ/1039 (ਸੀਐਚ: 590.90) (ਟੇਕੇਐਮ=4.042) ਸਾਈਡਿੰਗ (ਨਿਜੀ) ਤਕ ਅਹਮਦਗੜ੍ਹ ਸਟੇਸ਼ਨ ਉਤੇ ਪੰਜਾਬ ਲਾਜਿਸਟਿਕ ਇੰਫ੍ਰਾਸਟ੍ਰਕਚਰ ਲਿਮਿਟੇਡ (ਪੀਐਲਆਈਐਲ (ਸਾਈਡਿੰਗ ਦੇ ਓਐਚਈ ਦੇ ਉਰਜੀਕਰਣ ਦੇ ਲਈ ਈਓਆਈਜੀ ਦੀ ਮੰਜੂਰੀ । | 4.042 |

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 2416/25

### ਉਤਰ ਰੇਲਵੇ

**ਈ-ਨੀਲਾਮੀ ਸੂਚਨਾ**

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ/ ਮਾਲਭਾੜਾ, ਉਤਰ ਰੇਲਵੇ, ਫਿਰੋਜਪੁਰ ਦੁਆਰਾ ਹੇਠਾਂ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ:

| ਨੀਲਾਮੀ ਸੂਚੀ ਨੰ. | ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | ਕੰਮ ਦਾ ਨਾਮ |
|---|---|---|
| EAFZR-SLR25-99 | 22.08.25 ਨੂੰ 11:00 ਵਜੇ | ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਸ 'ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ ਐਸਐਲਆਰ ਕੰਪਾਰਟਮੈਂਟ) 14508/F2, 14654/F1, 14654/R1, 14601/F2, 14654/F2, 14508/F1, 14601/R1, 14601/F1, 12412/F1 & 14508/R1. |

ਵਿਸਤ੍ਰਿਤ ਜਾਣਕਾਰੀ ਅਤੇ ਪੰਜੀਕਰਨ ਦੇ ਲਈ, ਕਿਰਪਾ ਰੇਲਵੇ ਦੀ ਵੈਬਸਾਈਟ www.ireps.gov.in 'ਤੇ ਜਾਓ। 2418/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

### ਉਤਰ ਰੇਲਵੇ

**ਈ-ਨੀਲਾਮੀ ਸੂਚਨਾ**

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ/ ਮਾਲਭਾੜਾ, ਉਤਰ ਰੇਲਵੇ, ਫਿਰੋਜਪੁਰ ਦੁਆਰਾ ਹੇਠਾਂ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ:

| | |
|---|---|
| ਨੀਲਾਮੀ ਸੂਚਨਾ ਨੰ. | EAFZR-SLR25-9 |
| ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | 20.08.2025 ਨੂੰ 11:00 ਵਜੇ |
| ਕੰਮ ਦਾ ਨਾਮ: ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਜ 'ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ ਐਸਐਲਆਰ ਕੰਪਾਰਟਮੈਂਟ) 12030/F1, 22552/F1, 22424/F1, 15532/F1, 12422/F1, 22446/F1, 22126/F1, 14614/R1, 14614/F1 & 19326/F1. | |
| ਨੀਲਾਮੀ ਸੂਚਨਾ ਨੰ. | EAFZR-SLR25-98 |
| ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | 21.08.2025 ਨੂੰ 11:00 ਵਜੇ |
| ਕੰਮ ਦਾ ਨਾਮ: ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਜ 'ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ ਐਸਐਲਆਰ ਕੰਪਾਰਟਮੈਂਟ) 22486/F1, 19612/F1, 14604/F1, 15015/F1, 14720/F1, 15212/F1, 22480/F1, 11058/R1, 18104/F1 & 12032/F1. | |

ਵਿਸਤ੍ਰਿਤ ਜਾਣਕਾਰੀ ਅਤੇ ਪੰਜੀਕਰਨ ਦੇ ਲਈ, ਕਿਰਪਾ ਰੇਲਵੇ ਦੀ ਵੈਬਸਾਈਟ www.ireps.gov.in 'ਤੇ ਜਾਓ। 2400/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

### ਉਤਰ ਰੇਲਵੇ

**ਨਿਵਿਦਾ ਸੂਚਨਾ**

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਪੂਵਰ ਮੰਡਲ ਇੰਜੀਨੀਅਰ/ਫਸਟ ਦੁਆਰਾ ਈ ਟੈਂਡਰ ਜਿਸ ਦੇ ਬੰਦ ਹੋਣ ਦੀ ਮਿਤੀ ਹਰੇਕ ਨਿਵਿਦਾ ਦੇ ਸਾਹਮਣੇ ਅੰਕਿਤ ਹੈ। ਹੇਠਾਂ ਲਿਖਤ ਟੈਂਡਰ ਸੰਖਿਆ ਦੇ ਤਹਿਤ ਮੰਗ ਕੀਤੇ ਜਾਂਦੇ ਹਨ। ਜੋ ਉਸੇ ਦਿਨ 16:00 ਵਜੇ ਤਕ ਪ੍ਰਾਪਤ ਕੀਤੇ ਜਾਣਗੇ। ਟੈਂਡਰ ਦੀ ਕੀਮਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਟੈਂਡਰਦਾਤਾ ਦੁਆਰਾ ਕੇਵਲ IREPS ਪੋਰਟਲ ਤੇ ਉਪਲਬਧ ਨੈਟ ਬੈਂਕਿੰਗ, ਡੇਬਿਟ ਕਾਰਡ ਕਰੈਡਿਟ ਕਾਰਡ ਆਦਿ ਦੇ ਮਾਧਿਅਮ ਨਾਲ ਆਨਲਾਈਨ ਭੁਗਤਾਨ ਕਰਨਾ ਹੋਵੇਗਾ। ਡਿਮਾਂਡ ਡ੍ਰਾਫਟ, ਬੈਂਕਰ ਚੈਕ, ਡਿਪਾਜਿਟ ਰਸੀਦ ਆਦਿ ਸਵੀਕਾਰ ਨਹੀਂ ਹੋਣਗੇ। ਟੈਂਡਰ ਨਾਲ ਸਬੰਧਿਤ ਹੋਰ ਜਾਣਕਾਰੀ ਵੈਬਸਾਈਟ www.ireps.gov.in 'ਤੇ ਦੇਖੋ।

| ਟੈਂਡਰ ਨੰਬਰ/ਮਿਤੀ | 112-DRM-MB-25-26 Date: 15.07.2025 | 113-DRM-MB-25-26 Date: 15.07.2025 |
|---|---|---|
| ਕੰਮ ਦਾ ਨਾਮ | Provision of Drinking Water Facility and Augmentation to existing facilities at various Level Crossings Under Sr. DEN/I/MB | Improvement of infrastructure for water arrangement for washing, cleaning & watering of coaches at DDN washing line under ADEN/HW |
| ਨਿਵਿਦਾ ਦਾ ਪ੍ਰਕਾਰ | Works | Works |
| ਅੰਦਾਜਨ ਲਾਗਤ (₹) | ₹15,92,774.93 | 2,08,37,893.18 |
| ਬਿਆਨਾ ਰਾਸ਼ੀ (₹) | ₹31,900.00 | ₹2,54,200.00 |
| ਟੈਂਡਰ ਕਲੋਜ਼ਿੰਗ ਮਿਤੀ/ਸਮਾਂ | 04.09.2025/16:00 hrs. | 04.09.2025/16:00 hrs. |
| ਬਿਡਿੰਗ ਸਟਾਰਟ ਮਿਤੀ | 21.08.2025 | 21.08.2025 |
| ਆਫਰ ਦੀ ਵੈਲੇਡਿਟੀ | 60 ਦਿਨ | 60 ਦਿਨ |
| ਕੰਮ ਪੂਰਾ ਕਰਨ ਦਾ ਸਮਾਂ | 06 ਮਹੀਨੇ | 06 ਮਹੀਨੇ |

ਟੈਂਡਰ ਨੰ.: 74-W/2/3/WA/Publication ਤਾਰੀਕ: 06.08.2025 2403/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

8- August - Page - 7.qxd 8/7/2025 9:27 PM Page 1



## ਸਿੰਟੈਕਸ ਨੇ ਪੰਜਾਬ 'ਚ ਪਹਿਲੀ ਐਂਟੀ-ਮਾਈਕ੍ਰੋਬੀਅਲ ਪਾਈਪ ਕੀਤੀ ਲਾਂਚ



ਲੁਧਿਆਣਾ - ਭਾਰਤ ਦੇ ਮੋਹਰੀ ਅਤੇ ਸਭ ਤੋਂ ਭਰੋਸੇਮੰਦ ਗੁਣਵੱਤਾ ਵਾਲੇ ਪਾਣੀ, ਸਟੋਰੇਜ ਸਮਾਧਾਨਾਂ ਦੇ ਨਿਰਮਾਤਾ, ਵੈਲਸਪਨ ਦੁਆਰਾ ਸਿਨਟੈਕਸ ਨੇ ਅੱਜ ਲੁਧਿਆਣਾ 'ਚ ਭਾਰਤ ਦੇ ਪਹਿਲੇ ਐਂਟੀ-ਮਾਈਕ੍ਰੋਬੀਅਲ (ਰੋਗਾਣੂਆਂ ਖਿਲਾਫ ਕਾਰਗਰ) ਪਾਈਪਾਂ ਦੀ ਸ਼ੁਰੂਆਤ ਦਾ ਐਲਾਨ ਕੀਤਾ। ਜਿਸ ਨਾਲ ਪਾਣੀ ਦੇ ਸਟੋਰੇਜ ਟੈਂਕ ਤੋਂ ਪਾਈਪਾਂ ਰਾਹੀਂ ਪਾਣੀ ਦੀ ਵੰਡ ਤੱਕ ਆਪਣੀ ਵਿਰਾਸਤ ਦਾ ਸਬੂਤ ਦਿੱਤਾ ਹੈ। ਸਿਨਟੈਕਸ ਨੇ ਪਾਈਪਾਂ ਦੀ ਇੱਕ ਪੂਰੀ ਸ਼੍ਰੇਣੀ ਲਾਂਚ ਕੀਤੀ ਹੈ - ਰੀਕਲੇਮ, ਐਗਰੀ, ਅੰਡਰਗਰਾਊਂਡ ਡਰੇਨੇਜ ਅਤੇ ਸਰਫੇਸ ਡਰੇਨੇਜ ਪਾਈਪ ਅਤੇ ਫਿਟਿੰਗਸ। ਇਹ ਪਾਈਪ ਗਰਮ ਅਤੇ ਠੰਢੇ ਪਾਣੀ, ਸਲੇਟੀ ਪਾਣੀ ਅਤੇ ਕਾਲੇ ਪਾਣੀ ਦਾ ਕੁਸ਼ਲਤਾ ਨਾਲ ਪ੍ਰਬੰਧਨ ਕਰਨ ਲਈ ਤਿਆਰ ਕੀਤੇ ਗਏ ਹਨ ਜੋ ਸਾਰੀਆਂ ਪਲੰਬਿੰਗ ਜ਼ਰੂਰਤਾਂ ਨੂੰ ਪੂਰਾ ਕਰਦੇ ਹਨ। ਵੈਲਸਪਨ ਬੀ ਏ ਪੀ ਐੱਲ ਲਿਮਟਿਡ ਦੇ ਮੈਨੇਜਿੰਗ ਡਾਇਰੈਕਟਰ ਅਤੇ ਸਿੰਟੈਕਸ ਦੇ ਡਾਇਰੈਕਟਰ ਯਸ਼ੋਵਰਧਨ ਅਗਰਵਾਲ ਨੇ ਕਿਹਾ, "ਸਿੰਟੈਕਸ ਹਮੇਸ਼ਾ ਲੱਖਾਂ ਭਾਰਤੀ ਘਰਾਂ ਵਿੱਚ 'ਸੁਰੱਖਿਅਤ ਅਤੇ ਭਰੋਸੇਮੰਦ' ਪਾਣੀ ਸਟੋਰੇਜ ਦਾ ਸਮਾਨਾਰਥੀ ਰਿਹਾ ਹੈ। ਇਹ ਸਾਡੀ ਪਾਣੀ ਦੀ ਕਹਾਣੀ ਨੂੰ ਵਧਾਉਣ ਅਤੇ ਇੱਕ ਸੰਪੂਰਨ, ਸਿਹਤ-ਅਗਵਾਈ ਵਾਲੇ ਪਾਣੀ ਪ੍ਰਬੰਧਨ ਹੱਲ ਪ੍ਰਦਾਨ ਕਰਨ ਬਾਰੇ ਹੈ।

## ਦੇਸ਼ ਨੂੰ 2047 ਤੱਕ ਵਿਕਸਿਤ ਕੌਮ ਬਣਾਉਣ ਵਿੱਚ ਨੌਜਵਾਨਾਂ ਦਾ ਅਹਿਮ ਯੋਗਦਾਨ : ਢਾਂਡਾ

ਚੰਡੀਗੜ੍ਹ (ਕ੍ਰਿਸ਼ਨ ਗਰਗ)-ਹਰਿਆਣਾ ਦੇ ਸਿੱਖਿਆ ਮੰਤਰੀ ਮਹਿਪਾਲ ਢਾਂਡਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਵਿਜ਼ਨ ਹੈ ਕਿ ਸਾਲ 2047 ਤੱਕ ਭਾਰਤ ਵਿਕਸਿਤ ਕੌਮ ਬਣੇ। ਦੇਸ਼ ਨੂੰ ਵਿਕਸਿਤ ਕੌਮ ਬਨਾਉਣ ਵਿੱਚ ਨੌਜਵਾਨਾਂ ਦੀ ਅਹਿਮ ਭੂਮਿਕਾ ਰਹੇਗੀ। ਸਿੱਖਿਆ ਮੰਤਰੀ ਨੇ ਇਹ ਗੱਲ ਪਾਣੀਪਤ ਦੇ ਪਿੰਡ ਦੀਵਾਨਾ ਵਿੱਚ ਸਰਕਾਰੀ ਸਕੂਲ ਦੇ ਨਵੀ ਬਣੀ ਇਮਾਰਤ ਦਾ ਉਦਘਾਟਨ ਕਰਨ ਤੋਂ ਬਾਅਦ ਸਕੂਲੀ ਬੱਚਿਆਂ ਅਤੇ ਗ੍ਰਾਮੀਣਾਂ ਨੂੰ ਸੰਬੋਧਿਤ ਕਰਦੇ ਹੋਏ ਕਹੀ।ਸਿੱਖਿਆ ਮੰਤਰੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਦੇਸ਼ ਨੂੰ ਵਿਸ਼ਵ ਗੁਰੂ ਬਨਾਉਣ ਦੇ ਇਸ ਮੁਹਿੰਮ ਦਾ ਹਿੱਸਾ ਬਣਨ।

## ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ ਪਲੇਸਮੈਂਟ ਕੈਂਪ ਅੱਜ

ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)-ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਐੱਸ ਏ ਐੱਸ ਨਗਰ ਵੱਲੋਂ 8 ਜੁਲਾਈ ਨੂੰ ਪਲੇਸਮੈਂਟ ਕੈਂਪ ਦਾ ਆਯੋਜਨ ਡੀ ਬੀ ਈ ਈ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਕਮਰਾ ਨੰ.461, ਤੀਜੀ ਮੰਜਿਲ, ਸੈਕਟਰ-76, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿਖੇ ਕੀਤਾ ਜਾ ਰਿਹਾ ਹੈ, ਜਿਸ ਦਾ ਸਮਾਂ ਸਵੇਰੇ 10:00 ਵਜੇ ਤੋਂ ਦੁਪਹਿਰ 01.00 ਵਜੇ ਤੱਕ ਹੋਵੇਗਾ। ਡੀ ਬੀ ਈ ਈ ਐੱਸ ਏ ਐੱਸ ਨਗਰ ਦੇ ਡਿਪਟੀ ਡਾਇਰੈਕਟਰ, ਹਰਪ੍ਰੀਤ ਸਿੰਘ ਮਾਨਸ਼ਾਹੀਆਂ ਵੱਲੋਂ ਦੱਸਿਆ ਗਿਆ ਕਿ ਪੰਜਾਬ ਸਰਕਾਰ ਵੱਲੋਂ ਪ੍ਰਾਰਥੀਆਂ ਨੂੰ ਰੋਜ਼ਗਾਰ ਦੇਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ, ਜਿਸ ਤਹਿਤ ਉਕਤ ਪਲੇਸਮੈਂਟ ਕੈਂਪ ਦਾ ਆਯੋਜਨ ਕੀਤਾ ਜਾਣਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਉਕਤ ਕੈਂਪ ਵਿੱਚ ਵੀ 5 ਗਲੋਬਲ, ਆਈ ਐੱਫ ਐੱਮ ਫਿਨਕੋਚ, ਆਈਪ੍ਰੋਸੈਸ, ਐਲਬੇਰਟ ਐੱਚ ਆਰ, ਫਲਿੱਪਕਾਰਟ, ਸੋਲਰ ਵੇਵਜ ਅਤੇ ਲੀਡਿੰਗ ਐੱਫ ਐੱਮ ਸੀਜੀ ਵੱਲੋਂ ਭਾਗ ਲਿਆ ਜਾਵੇਗਾ। ਇਸ ਕੈਂਪ ਵਿੱਚ 10ਵੀਂ, 12ਵੀਂ ਅਤੇ ਗ੍ਰੈਜੂਏਟ ਪਾਸ 18 ਤੋਂ 26 ਸਾਲ ਦੇ ਯੋਗ ਪ੍ਰਾਰਥੀਆਂ ਦੀ ਚੋਣ ਵੱਖ-2 ਅਸਾਮੀਆਂ ਲਈ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਪ੍ਰਾਰਥੀਆਂ ਦੀ ਤਨਖਾਹ ਕੰਪਨੀ ਨੋਰਮਜ਼ ਅਨੁਸਾਰ 15000/- ਤੋਂ 25000/- ਤੱਕ ਹੋਵੇਗੀ ਅਤੇ ਕੰਮ ਕਰਨ ਦਾ ਸਥਾਨ ਮੋਹਾਲੀ ਅਤੇ ਚੰਡੀਗੜ੍ਹ ਤੋਂ ਇਲਾਵਾ ਅੰਮ੍ਰਿਤਸਰ, ਜਲੰਧਰ ਅਤੇ ਲੁਧਿਆਣਾ ਹੋਵੇਗਾ।

### ਛੱਪੜਾਂ ਦੀ ਬੋਲੀ

ਪਿੰਡ ਭਾਵਾ ਵਿਖੇ ਛੱਪੜ ਦੀ ਬੋਲੀ ਮਿਤੀ 13 ਅਗਸਤ 2025 ਦਿਨ ਬੁੱਧਵਾਰ ਨੂੰ ਸਵੇਰੇ 11 ਵਜੇ ਪੰਚਾਇਤ ਘਰ ਵਿਖੇ ਰੱਖੀ ਗਈ ਹੈ। ਚਾਹਵਾਨ ਸੱਜਣ ਨੋਟ ਕਰਨ । ਬਾਕੀ ਸ਼ਰਤਾ ਮੌਕੇ ਤੇ ਦੱਸੀਆ ਜਾਣਗੀਆਂ।

ਸਰਪੰਚ ਬਿੱਕਰ ਸਿੰਘ
ਗ੍ਰਾਮ ਪੰਚਾਇਤ ਭਾਵਾ (ਮਾਨਸਾ)
ਮੋ. 9463024385

### ADMISSION NOTICE

Counseling for 5 years B.A. LL.B. Management Quota in K.C.L. Institute of Laws, Jalandhar will be held on 11.08.2024 at 11:00 a.m. Interested candidates may submit their applications in prescribed form by 10.8.2025 02:00 p.m. Principal.

### ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਮਨਜੀਤ ਸਿੰਘ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ-2 ਜਲਾਲਾਬਾਦ ਜ਼ਿਲ੍ਹਾ ਫਾਜ਼ਿਲਕਾ

1. ਵਿਸ਼ਾਲ ਕੁਮਾਰ ਪੁੱਤਰ ਹਰਬੰਸ ਲਾਲ ਪੁੱਤਰ ਰਾਮ ਚੰਦ 2. ਬਲਬੀਰ ਚੰਦ ਜੋਸਨ ਪੁੱਤਰ ਰਾਮ ਚੰਦ ਪੁੱਤਰ ਛਾਗਾ ਰਾਮ ਵਾਸੀਆਨ ਪਿੰਡ ਚੱਕ ਸੋਤਰੀਆ, ਤਹਿਸੀਲ ਜਲਾਲਾਬਾਦ, ਜ਼ਿਲ੍ਹਾ ਫਾਜ਼ਿਲਕਾ

......ਫਰੀਕ ਅੱਵਲ

ਬਨਾਮ

1. ਰਵੀ ਕੁਮਾਰ ਪੁੱਤਰ ਕਿਸ਼ੋਰ ਚੰਦ ਪੁੱਤਰ ਵੱਲੂ ਰਾਮ ਵਾਸੀ ਅਗਰਵਾਲ ਕਾਲੋਨੀ ਜਲਾਲਾਬਾਦ 2. ਗੰਗਾ ਸਿੰਘ ਪੁੱਤਰ ਜਵਾਹਰ ਸਿੰਘ 3. ਬਲਵੰਤ ਸਿੰਘ ਪੁੱਤਰ ਜੈਮਲ ਸਿੰਘ ਵਾਸੀਆਨ ਪਿੰਡ ਕਮਰੇ ਵਾਲਾ ਦਾਖਲੀ ਜਲਾਲਾਬਾਦ, ਤਹਿਸੀਲ ਜਲਾਲਾਬਾਦ, ਜ਼ਿਲ੍ਹਾ ਫਾਜ਼ਿਲਕਾ।

.......ਫਰੀਕਸਾਨੀਆਨ

ਨੋਟਿਸ ਬਨਾਮ ਜਨਰਲ ਪਬਲਿਕ

ਹਰ ਆਮ, ਖਾਸ ਵਾ ਉਕਤ ਵਿਅਕਤੀਆਂ ਨੂੰ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਉਕਤ ਕੇਸ ਅਨੁਵਾਨ ਬਾਬਤ ਦਰੁਸਤੀ ਗਿਰਦਾਵਰੀ ਅਰਾਜੀ ਤੈਦਾਦੀ 08 ਕਨਾਲ ਮੁਰੱਬਾ ਨੰਬਰ 11 ਕਿਲਾ ਨੰਬਰ 7 (8-0) ਖੇਵਟ ਨੰਬਰ 776/757 ਖਤੌਨੀ ਨੰਬਰ 1020 ਮੁਤਾਬਿਕ ਨਕਲ ਜਮ੍ਹਾਂਬੰਦੀ ਸਾਲ 2018-2019 ਵਾਕਿਆ ਰਕਬਾ ਪਿੰਡ ਜਲਾਲਾਬਾਦ ਤਹਿਸੀਲ ਜਲਾਲਾਬਾਦ, ਜ਼ਿਲ੍ਹਾ ਫਾਜ਼ਿਲਕਾ ਦੀ ਗਿਰਦਾਵਰੀ ਤਬਦੀਲ ਕਰਨ ਲਈ ਇਸ ਅਦਾਲਤ ਵਿੱਚ ਕੇਸ ਦਾਇਰ ਕੀਤਾ ਹੋਇਆ ਹੈ। ਉਕਤ ਕੇਸ ਅਨੁਵਾਨ ਵਿੱਚ ਦਰੁਸਤੀ ਗਿਰਦਾਵਰੀ ਕਰਨ 'ਤੇ ਕਿਸੇ ਨੂੰ ਕੋਈ ਇਤਰਾਜ਼ ਹੈ ਤਾਂ ਉਹ ਇਸ਼ਤਿਹਾਰ ਛਪਣ ਤੋਂ 07 ਦਿਨਾਂ ਦੇ ਅੰਦਰ-ਅੰਦਰ ਅਸਾਲਤਨ/ਵਕਾਲਤਨ ਇਸ ਅਦਾਲਤ ਵਿੱਚ ਹਾਜ਼ਰ ਆ ਕੇ ਆਪਣਾ ਉਜ਼ਰ ਪੇਸ਼ ਕਰ ਸਕਦਾ ਹੈ। ਜੇਕਰ ਨਿਸ਼ਚਿਤ ਮਿਆਦ ਤੱਕ ਕੋਈ ਉਜ਼ਰ ਪੇਸ਼ ਨਾ ਹੋਇਆ ਤਾਂ ਗਿਰਦਾਵਰੀ ਤਬਦੀਲ ਕਰਨ ਸੰਬੰਧੀ ਅਗਲੇਰੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਇਹ ਨੋਟਿਸ ਅੱਜ ਮਿਤੀ 06/08/2025 ਨੂੰ ਦਫਤਰੀ ਮੋਹਰ ਅਤੇ ਮੇਰੇ ਦਸਤਖਤਾਂ ਹੇਠ ਜਾਰੀ ਕੀਤਾ ਗਿਆ।

ਸਹੀ/-ਤਹਿਸੀਲਦਾਰ-ਕਮ- ਸਹਾਇਕ ਕੁਲੈਕਟਰ ਦਰਜਾ-2, ਜਲਾਲਾਬਾਦ।

ਨੰਬਰ/2025/ਰੀਡਰ-1/253 ਮਿਤੀ 06/08/2025

## Capital Small Finance Bank Ltd.

HO:- MIDAS Corporate Park, 3rd Floor, 37, G.T. Road, Jalandhar-144001, Punjab, India

### ਜਾਇਦਾਦ ਵਿਕਰੀ ਨੋਟਿਸ

ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮ: ਦੇ ਅਧਿਕਾਰਤ ਅਫਸਰ ਵਜੋਂ ਹੇਠ ਦਰਸਾਈਆਂ ਜਾਇਦਾਦਾਂ ਦਾ ਸਰਫੇਸੀ ਐਕਟ ਦੇ ਸੈਕਸ਼ਨ 13 (4) ਅਧੀਨ ਕਬਜ਼ਾ ਲੈ ਲਿਆ ਹੈ।

ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਐੱਨ ਪੀ ਏ ਖਾਤਿਆਂ ਵਿਰੁੱਧ ਬਕਾਇਆ ਖੜੀ ਰਕਮ ਜਮ੍ਹਾਂ ਭਵਿੱਖੀ ਵਿਆਜ ਅਤੇ ਹੋਰ ਚਾਰਜਿਜ਼ ਦੀ ਵਸੂਲੀ ਲਈ ਬੈਂਕ ਵੱਲੋਂ 27.08.2025 ਨੂੰ ਵਿਕਰੀ ਕੀਤੀ ਜਾਵੇਗੀ।

| | |
|---|---|
| ਖਾਤੇ ਦਾ ਨਾਂਅ | 1. ਦੀਪਿਕਸ਼ ਮਿੱਢਾ ਪੁੱਤਰ ਸ੍ਰੀ ਮਹਿੰਦਰ ਪਾਲ ਵਾਸੀ ਮਕਾਨ ਨੰ. 84, ਗਲੀ ਨੰ. 3, ਅਮਰ ਨਗਰ, ਨਾਗਰਾ, ਜਲੰਧਰ-II, ਜਲੰਧਰ, ਪੰਜਾਬ-144013 (ਕਰਜ਼ਦਾਰ) 2. ਸ੍ਰੀ ਮਹਿੰਦਰ ਪਾਲ ਮਿੱਢਾ ਪੁੱਤਰ ਸ੍ਰੀ ਤੋਪਨ ਦਾਸ ਵਾਸੀ ਮਕਾਨ ਨੰ. 84, ਗੁਲਾਬ ਦੇਵੀ ਰੋਡ, ਅਮਰ ਨਗਰ, ਜਲੰਧਰ-1, ਜਲੰਧਰ, ਪੰਜਾਬ-144008 3. ਸ੍ਰੀ ਬਲਵਿੰਦਰ ਸਿੰਘ ਪੁੱਤਰ ਦੀਦਾਰ ਸਿੰਘ ਵਾਸੀ ਮੀਰਪੁਰ, ਬਸਤੀ ਗੁਜ਼ਾਂ, ਜਲੰਧਰ (ਗਰੰਟਰ) |
| ਬਕਾਇਆ ਰਕਮ LAP/013602002944 ਪ੍ਰੋਜੈਕਟ ਕਰਜ਼ਾ/ 013624000047 | 1. Rs. 4,83,717/- 2. Rs. 9,47,399/- ਅਤੇ ਮਿਤੀ 01.08.2025 ਤੋਂ ਲਾਗੂ ਭਵਿੱਖੀ ਵਿਆਜ) |
| ਜਾਇਦਾਦ ਦਾ ਵੇਰਵਾ | ਬੈਨਾਮਾ ਨੰ. 2021-22/187/1/8898 ਮਿਤੀ 05-01-2022 ਅਨੁਸਾਰ ਦੀਪਿਕਸ਼ ਮਿੱਢਾ ਪੁੱਤਰ ਸ੍ਰੀ ਮਹਿੰਦਰ ਪਾਲ ਮਿੱਢਾ ਦੀ ਮਲਕੀਅਤ ਅਚੱਲ ਜਾਇਦਾਦ ਰਕਬਾ 01 ਮਰਲਾ 48 ਵਰਗ ਫੁੱਟ, ਵਾਕਿਆ ਰਕਬਾ ਪਿੰਡ ਮੰਡ, ਤਹਿਸੀਲ ਜਲੰਧਰ। |
| ਰਾਖਵੀਂ ਕੀਮਤ | ਰੁਪਏ 6 ਲੱਖ (ਰੁਪਏ ਛੇ ਲੱਖ ਕੇਵਲ) |
| ਈ ਐੱਮ ਡੀ (ਬਿਆਨਾ ਰਕਮ) | ਕੁੱਲ ਈ ਐੱਮ ਡੀ (ਬਿਆਨਾ ਰਕਮ) ਰਾਖਵੀਂ ਕੀਮਤ ਦਾ 25 ਫੀਸਦੀ ਹੈ, ਜੋ ਸਫਲ ਬੋਲੀਕਾਰ ਵੱਲੋਂ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੇ ਹੱਕ 'ਚ ਡਿਮਾਂਡ ਡਰਾਫਟ ਰਾਹੀਂ ਜਲੰਧਰ ਵਿਖੇ ਅਦਾਇਗੀਯੋਗ ਮਿਤੀ 27-08-2025 ਨੂੰ ਅਦਾ ਕੀਤਾ ਜਾਵੇਗਾ। ਟੈਂਡਰ ਫਾਰਮ ਅਤੇ ਈ ਐੱਮ ਡੀ, ਅਧਿਕਾਰਤ ਅਫਸਰ, ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ : ਮੁੱਖ ਦਫਤਰ ਮਿਡਾਸ ਕਾਰਪੋਰੇਟ ਪਾਰਕ, ਤੀਜੀ ਮੰਜ਼ਲ, 37 ਜੀ ਟੀ ਰੋਡ, ਜਲੰਧਰ ਨੂੰ ਭੇਜੇ ਜਾਣ। |

ਬੈਂਕ ਦੀ ਜਾਣਕਾਰੀ 'ਚ ਜੋਖਮ : ਕੋਈ ਨਹੀਂ। ਜਾਇਦਾਦ ਦੀ ਵਿਕਰੀ "ਜਿਵੇਂ ਹੈ ਜਿੱਥੇ ਹੈ", "ਜਿਵੇਂ ਹੈ ਜੋ ਹੈ" ਅਤੇ "ਉੱਥੇ ਜੋ ਵੀ ਹੈ" ਅਧਾਰ 'ਤੇ ਕੀਤੀ ਜਾਵੇਗੀ। ਟੈਂਡਰ ਸਮੇਤ ਰਾਖਵੀਂ ਕੀਮਤ ਦੀ ਕੁੱਲ 25 ਫੀਸਦੀ ਈ ਐੱਮ ਡੀ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੇ ਹੱਕ 'ਚ ਡਿਮਾਂਡ ਡਰਾਫਟ ਰਾਹੀਂ ਜਲੰਧਰ ਵਿਖੇ ਅਦਾਇਗੀਯੋਗ ਪ੍ਰਾਪਤ ਕਰਨ ਦੀ ਅੰਤਮ ਮਿਤੀ/ਸਮਾਂ 27.08.2025 ਸਵੇਰੇ 11.00 ਵਜੇ ਤੱਕ ਹੈ। ਟੈਂਡਰ ਉਕਤ ਮਿਤੀ ਤੋਂ ਸਵੇਰੇ 11.00 ਵਜੇ ਤੋਂ ਬਾਅਦ ਮੁੱਖ ਦਫਤਰ ਮਿਡਾਸ ਕਾਰਪੋਰੇਟ ਪਾਰਕ, ਤੀਜੀ ਮੰਜ਼ਲ, 37 ਜੀ ਟੀ ਰੋਡ ਜਲੰਧਰ ਵਿਖੇ ਸਾਰੇ ਪੇਸ਼ਕਰਤਾਵਾਂ/ਉਨ੍ਹਾਂ ਦੇ ਅਧਿਕਾਰਤ ਪ੍ਰਤੀਨਿਧੀਆਂ ਦੀ ਹਾਜ਼ਰੀ 'ਚ ਖੋਲ੍ਹੇ ਜਾਣਗੇ ਅਤੇ ਵਿਚਾਰੇ ਜਾਣਗੇ। ਟੈਂਡਰ ਫਾਰਮ ਸਮੇਤ ਵਿਕਰੀ ਦੀਆਂ ਸ਼ਰਤਾਂ ਦੇ ਵੇਰਵੇ ਅਤੇ ਜਾਇਦਾਦ ਦੇ ਨਿਰੀਖਣ ਲਈ ਕਿਰਪਾ ਕਰਕੇ ਸ਼ਾਖਾ ਦਫਤਰ ਜੀ ਟੀ ਰੋਡ ਜਲੰਧਰ ਨਾਲ ਸੰਪਰਕ ਕੀਤਾ ਜਾਵੇ। ਵਿਕਰੀ, ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸੈੱਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਰੂਲਜ਼/ਸ਼ਰਤਾਂ ਤਹਿਤ ਕੀਤੀ ਜਾਵੇਗੀ। ਅਧਿਕਾਰਤ ਅਫਸਰ ਨੂੰ ਬਿਨਾਂ ਕੋਈ ਕਾਰਨ ਦੱਸੇ ਵਿਕਰੀ ਦੀ ਪੁਸ਼ਟੀ ਤੋਂ ਪਹਿਲਾਂ ਸ਼ਰਤਾਂ ਅਤੇ ਨਿਯਮ ਕਿਸੇ ਸਮੇਂ ਵੀ ਰੱਦ/ਮੁਲਤਵੀ/ਅਣਮਿੱਥੇ ਸਮੇਂ ਲਈ ਅੱਗੇ ਪਾਉਣ/ ਤਬਦੀਲ ਕਰਨ ਦਾ ਅਧਿਕਾਰ ਪ੍ਰਾਪਤ ਹੈ।

ਮਿਤੀ : 07.08.2025 ਅਧਿਕਾਰਤ ਅਫਸਰ

## Capital Small Finance Bank Ltd.

HO:- MIDAS Corporate Park, 3rd Floor, 37, G.T. Road, Jalandhar-144001, Punjab, India

### ਜਾਇਦਾਦ ਵਿਕਰੀ ਨੋਟਿਸ

ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮ: ਦੇ ਅਧਿਕਾਰਤ ਅਫਸਰ ਵਜੋਂ ਹੇਠ ਦਰਸਾਈਆਂ ਜਾਇਦਾਦਾਂ ਦਾ ਸਰਫੇਸੀ ਐਕਟ ਦੇ ਸੈਕਸ਼ਨ 13 (4) ਅਧੀਨ ਕਬਜ਼ਾ ਲੈ ਲਿਆ ਹੈ।

ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਐੱਨ ਪੀ ਏ ਖਾਤਿਆਂ ਵਿਰੁੱਧ ਬਕਾਇਆ ਖੜੀ ਰਕਮ ਜਮ੍ਹਾਂ ਭਵਿੱਖੀ ਵਿਆਜ ਅਤੇ ਹੋਰ ਚਾਰਜਿਜ਼ ਦੀ ਵਸੂਲੀ ਲਈ ਬੈਂਕ ਵੱਲੋਂ 27.08.2025 ਨੂੰ ਵਿਕਰੀ ਕੀਤੀ ਜਾਵੇਗੀ।

| | |
|---|---|
| ਖਾਤੇ ਦਾ ਨਾਂਅ | 1. ਜਾਨੂ ਮਿੱਢਾ ਪੁੱਤਰ ਸ੍ਰੀ ਮਹਿੰਦਰ ਪਾਲ ਵਾਸੀ ਮਕਾਨ ਨੰ. 84, ਗਲੀ ਨੰ. 3, ਗੁਲਾਬ ਦੇਵੀ ਰੋਡ, ਅਮਰ ਨਗਰ, ਜਲੰਧਰ-1, ਨਾਗਰਾ, ਜਲੰਧਰ, ਗਰੇਨ ਮਾਰਕਿਟ, ਪੰਜਾਬ-144008(ਕਰਜ਼ਦਾਰ) 2. ਸ੍ਰੀ ਮੋਹਿੰਦਰ ਪਾਲ ਮਿੱਢਾ ਪੁੱਤਰ ਸ੍ਰੀ ਤੋਪਨ ਦਾਸ ਵਾਸੀ ਮਕਾਨ ਨੰ. 84, ਗੁਲਾਬ ਦੇਵੀ ਰੋਡ, ਅਮਰ ਨਗਰ, ਜਲੰਧਰ-1, ਜਲੰਧਰ, ਪੰਜਾਬ-144008 3. ਸ੍ਰੀ ਬਲਵਿੰਦਰ ਸਿੰਘ ਪੁੱਤਰ ਦੀਦਾਰ ਸਿੰਘ ਵਾਸੀ ਮੀਰਪੁਰ, ਬਸਤੀ ਗੁਜ਼ਾਂ, ਜਲੰਧਰ (ਗਰੰਟਰ) |
| ਬਕਾਇਆ ਰਕਮ LAP/013602002945 ਪ੍ਰੋਜੈਕਟ ਕਰਜ਼ਾ/ 013624000046 | 1. Rs. 4,74,208/- 2. Rs.9,54,153/- ਅਤੇ ਮਿਤੀ 01.08.2025 ਤੋਂ ਲਾਗੂ ਭਵਿੱਖੀ ਵਿਆਜ) |
| ਜਾਇਦਾਦ ਦਾ ਵੇਰਵਾ | ਬੈਨਾਮਾ ਨੰ. 2021-22/187/1/8896 ਮਿਤੀ 05-01-2022 ਅਨੁਸਾਰ ਜਾਨੂ ਮਿੱਢਾ ਪੁੱਤਰ ਸ੍ਰੀ ਮਹਿੰਦਰ ਪਾਲ ਮਿੱਢਾ ਦੀ ਮਲਕੀਅਤ ਅਚੱਲ ਜਾਇਦਾਦ ਰਕਬਾ 01 ਮਰਲਾ 28 ਵਰਗ ਫੁੱਟ, ਵਾਕਿਆ ਰਕਬਾ ਪਿੰਡ ਮੰਡ, ਤਹਿਸੀਲ ਜਲੰਧਰ। |
| ਰਾਖਵੀਂ ਕੀਮਤ | ਰੁਪਏ 6 ਲੱਖ (ਰੁਪਏ ਛੇ ਲੱਖ ਕੇਵਲ) |
| ਈ ਐੱਮ ਡੀ (ਬਿਆਨਾ ਰਕਮ) | ਕੁੱਲ ਈ ਐੱਮ ਡੀ (ਬਿਆਨਾ ਰਕਮ) ਰਾਖਵੀਂ ਕੀਮਤ ਦਾ 25 ਫੀਸਦੀ ਹੈ, ਜੋ ਸਫਲ ਬੋਲੀਕਾਰ ਵੱਲੋਂ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੇ ਹੱਕ 'ਚ ਡਿਮਾਂਡ ਡਰਾਫਟ ਰਾਹੀਂ ਜਲੰਧਰ ਵਿਖੇ ਅਦਾਇਗੀਯੋਗ ਮਿਤੀ 27-08-2025 ਨੂੰ ਅਦਾ ਕੀਤਾ ਜਾਵੇਗਾ। ਟੈਂਡਰ ਫਾਰਮ ਅਤੇ ਈ ਐੱਮ ਡੀ, ਅਧਿਕਾਰਤ ਅਫਸਰ, ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ : ਮੁੱਖ ਦਫਤਰ ਮਿਡਾਸ ਕਾਰਪੋਰੇਟ ਪਾਰਕ, ਤੀਜੀ ਮੰਜ਼ਲ, 37 ਜੀ ਟੀ ਰੋਡ, ਜਲੰਧਰ ਨੂੰ ਭੇਜੇ ਜਾਣ। |

ਬੈਂਕ ਦੀ ਜਾਣਕਾਰੀ 'ਚ ਜੋਖਮ : ਕੋਈ ਨਹੀਂ। ਜਾਇਦਾਦ ਦੀ ਵਿਕਰੀ "ਜਿਵੇਂ ਹੈ ਜਿੱਥੇ ਹੈ", "ਜਿਵੇਂ ਹੈ ਜੋ ਹੈ" ਅਤੇ "ਉੱਥੇ ਜੋ ਵੀ ਹੈ" ਅਧਾਰ 'ਤੇ ਕੀਤੀ ਜਾਵੇਗੀ। ਟੈਂਡਰ ਸਮੇਤ ਰਾਖਵੀਂ ਕੀਮਤ ਦੀ ਕੁੱਲ 25 ਫੀਸਦੀ ਈ ਐੱਮ ਡੀ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੇ ਹੱਕ 'ਚ ਡਿਮਾਂਡ ਡਰਾਫਟ ਰਾਹੀਂ ਜਲੰਧਰ ਵਿਖੇ ਅਦਾਇਗੀਯੋਗ ਪ੍ਰਾਪਤ ਕਰਨ ਦੀ ਅੰਤਮ ਮਿਤੀ/ਸਮਾਂ 27.08.2025 ਸਵੇਰੇ 11.00 ਵਜੇ ਤੱਕ ਹੈ। ਟੈਂਡਰ ਉਕਤ ਮਿਤੀ ਤੋਂ ਸਵੇਰੇ 11.00 ਵਜੇ ਤੋਂ ਬਾਅਦ ਮੁੱਖ ਦਫਤਰ ਮਿਡਾਸ ਕਾਰਪੋਰੇਟ ਪਾਰਕ, ਤੀਜੀ ਮੰਜ਼ਲ, 37 ਜੀ ਟੀ ਰੋਡ ਜਲੰਧਰ ਵਿਖੇ ਸਾਰੇ ਪੇਸ਼ਕਰਤਾਵਾਂ/ਉਨ੍ਹਾਂ ਦੇ ਅਧਿਕਾਰਤ ਪ੍ਰਤੀਨਿਧੀਆਂ ਦੀ ਹਾਜ਼ਰੀ 'ਚ ਖੋਲ੍ਹੇ ਜਾਣਗੇ ਅਤੇ ਵਿਚਾਰੇ ਜਾਣਗੇ। ਟੈਂਡਰ ਫਾਰਮ ਸਮੇਤ ਵਿਕਰੀ ਦੀਆਂ ਸ਼ਰਤਾਂ ਦੇ ਵੇਰਵੇ ਅਤੇ ਜਾਇਦਾਦ ਦੇ ਨਿਰੀਖਣ ਲਈ ਕਿਰਪਾ ਕਰਕੇ ਸ਼ਾਖਾ ਦਫਤਰ ਜੀ ਟੀ ਰੋਡ ਜਲੰਧਰ ਨਾਲ ਸੰਪਰਕ ਕੀਤਾ ਜਾਵੇ। ਵਿਕਰੀ, ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸੈੱਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਰੂਲਜ਼/ਸ਼ਰਤਾਂ ਤਹਿਤ ਕੀਤੀ ਜਾਵੇਗੀ। ਅਧਿਕਾਰਤ ਅਫਸਰ ਨੂੰ ਬਿਨਾਂ ਕੋਈ ਕਾਰਨ ਦੱਸੇ ਵਿਕਰੀ ਦੀ ਪੁਸ਼ਟੀ ਤੋਂ ਪਹਿਲਾਂ ਸ਼ਰਤਾਂ ਅਤੇ ਨਿਯਮ ਕਿਸੇ ਸਮੇਂ ਵੀ ਰੱਦ/ਮੁਲਤਵੀ/ਅਣਮਿੱਥੇ ਸਮੇਂ ਲਈ ਅੱਗੇ ਪਾਉਣ/ ਤਬਦੀਲ ਕਰਨ ਦਾ ਅਧਿਕਾਰ ਪ੍ਰਾਪਤ ਹੈ।

ਮਿਤੀ : 07.08.2025 ਅਧਿਕਾਰਤ ਅਫਸਰ

## COURT NOTICE

(U/o 5 Rule 20 CPC)

In The Court of Ms. Suman Pathak Civil Judge (Senior Division), Kapurthala

CNR No. PBKP02-000638-2024 Next Date: 01-09-2025

Jagir Singh Vs. Darbara Singh and ors

**Application for final decree**

Publication Issued To:

04. Gurmeet Singh S/o Mohan Singh S/o Chanan Singh 05. Jatinder Singh S/o Gurcharan Singh S/o Pritam Singh 06. Gurdev Singh S/o Dyal Singh S/o Hukam Singh 07. Ram Parshad S/o Uma Nand S/o Rikhi Ram 08. Kulwant Singh S/o Puran Singh 09. Sarmit Kaur w/o Jaswant Singh S/o Kartar Singh 10. Mohamad Narul Hassan S/o Mohammad Akhtar Ul Hassan S/o Mohammad Bajudeen 11. Saroj Pathak w/o Yogesh Kumar S/o Krishan Kumar 12. Alia Parveen D/o Abdul Raseed S/o Jais Mohamad 13. Rama Rani w/o Madan Mohan S/o Meer Chand 14. Satvinder Singh S/o Kuldeep Singh S/o Bawa Singh 15. Paramjit Kaur w/o Amrik Singh S/o Chanan Singh 16. Disho w/o Amrik Singh S/o Chanan Singh 17. Jaswant Singh S/o Kartar Singh S/o Ran Singh 18. Sawami Parsad S/o Sardari Lal S/o Rakhi Ram 19. Sanjeev Kumar S/o Om Parkash 20. Darshan Kumar S/o Bhagat Ram 21. Satnam Singh S/o Hari Singh 22. Hardeep Kaur w/o Satwant Singh 24. Harjit Kaur w/o Charanjit Pal Singh S/o Gurdial Singh 25. Surinder Kaur w/o Des Raj S/o Joginder Singh 28. Kamaljit Kaur W/O Manpreet Singh S/o Gurdev Singh 29. Malkit Kaur w/o Amar Singh S/o Isher Singh 30. Bhajan Kaur w/o Mukhtiar Singh S/o Tehal Singh 31. Kamla Devi D/o Naresh Kumar S/o Mulakh Raj 32. Malkit Kaur d/o Amar Singh S/o Isher Singh 33. Alka w/o Gulshan Gulati S/o Barkat Ram 34. Anjali w/o Dharampal S/o Bareet Chand 35. Poonam Arora w/o Kewal Krishan S/o Manohar Krishan 36. Baljit Kaur w/o Achar Singh S/o Darshan Singh 37. Roshni w/o Vijay S/o Ram Murati 38. Kamaljit Kaur w/o Manpreet Singh S/o Gurdev Singh 39. Manjit Singh S/o Amar Singh S/o Ishar Singh 40. Paramjit Kaur w/o Gurmit Singh S/o Charan Singh 41. Kuldeep Singh S/o Gurmit Singh S/o Charan Singh 42. Gurpreet Kaur d/o Gurmeet Singh S/o Charan Singh 43. Manjinder Kaur d/o Gurmit Singh S/o Charan Singh 46. Ravi Kashyap S/o Sukhi Chand S/o Lal Chand. All Residents of Gali No. 6, Baba Deep Singh Nagar, Kapurthala.

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 01-09-2025 at 10:00 a.m.

For details logon to https://highcourtchd.gov.in//?mod=district_notice&district=Kapurthala

Dated this day of 05-08-2025 Civil Judge (Senior Division) Kapurthala

## Office of Competent Authority

(Jalandhar Goindwal Sahib LPG Pipeline Project, Jalandhar)
706-A, Surya Enclave, G.T Road, Jalandhar (Punjab) - 144009

### Public Notice and Details of Gazette Notification Reference: Ministry of Petroleum and Natural Gas Notification dated 21th July, 2025

S.O. 3352(E)— Whereas, by the notification of the Government of India in the Ministry of Petroleum and Natural Gas, published in the Extraordinary Gazette of India no. 1839, Part-II, section-3, sub-section (ii) dated 25th April, 2025 vide S.O. No. 1877(E) dated 25th April, 2025 issued under sub-section (1) of section 3 of the Petroleum and Minerals Pipelines (Acquisition of Right of User in Land) Act, 1962 (50 of 1962), (hereinafter referred to as the said Act), the Central Government declared its intention to acquire the right of user in the land specified in the Schedule appended to that notification for the Purpose of laying of Pipeline from Suchi Pind ( Jalandhar) to Chander Mahapurakh (Goindwal Sahib) under Jalandhar – Goindwal Sahib LPG Pipeline Project by Indian Oil Corporation Limited in Tehsil: Sultanpur Lodhi of Kapurthala District in State of Punjab for transportation of LPG.

And whereas copies of the said Gazette notification were made available to the public by 23.05.2025. And whereas, under sub-section (1) of section 6 of the said Act the Competent Authority has submitted report to the Central Government.

And whereas, the Central Government, after considering the said report and on being satisfied that the said land is required for laying the pipeline, has decided to acquire right of user therein.

Now, therefore, in exercise of the powers conferred by sub-section (1) of section 6 of the said Act, the Central Government hereby declares that the right of user in the land specified in the Schedule appended to this notification is hereby acquired for laying the pipeline.

And further, in exercise of the powers conferred by sub-section (4) of section 6 of the said Act, the Central Government hereby directs that the right of user in the said land for laying the pipeline shall, instead of vesting in the Central Government, vest on the date of publication of the declaration, in Indian Oil Corporation Limited, free from all encumbrances.

Indian Oil Corporation Limited shall be exclusively liable for any compensation in terms of Section 10 of the P&MP Act, 1962 and no suit, claim or legal proceeding would lie against the Central Government on any matter relating to the pipeline.

**Scan QR code for Published Gazette**

District: Kapurthala
https://egazette.gov.in
Gazette No.: 3279
Publication Date: 22nd July 2025

Competent Authority
Jalandhar Goindwal Sahib LPG Pipeline Project
Jalandhar

# ਕਲਾਸੀਫਾਈਡ ਇਸ਼ਤਿਹਾਰ

### Change of Name

I, Karan Pal Singh S/o Jagir Singh R/o H.No. 6171, Subhash Colony, Mustafabad, Batala Road, Amritsar have change my name KARAN PAL TO KARAN PAL SINGH. Please Concerned Note.

We Mohit Singh Bhandari S/O Chandra Singh Bhandari, Jasneet Kaur W/O Mohit Singh Bhandari R/O H. No. 302 Block 4 Suncity Apartment, Sarjapur Junction Ibluru Outer Ring Road Bangalore Karnataka Declare That I Have Adopted Jorawar Singh As Stated Above With Effect From 04-08-2025. Further I Have Changed The Name Of My Minor Adopted Son Jorawar Singh To Zoravarr Siingh. All Concerned May Please Note.

I, Kuldeep Kaur W/o Jinder Singh R/o VPO. Raunta, Teh. Nihal Singh Wala, Distt. Moga have changed my name from Kuldip Kaur Brar to Kuldeep Kaur.

I, Ambiya Bibi W/o Abbas Ali Village Kaimari, P.O. Golakganj, Dubri, Assam, Now Vill. Fatehpur, P.O. Adampur, Distt. Jalandhar have changed my n ame Ambiya Bibi to Ambiya Khatun for all future purposes.

I Nitika Bhatia d/o Sanjay Bhatia W/o Mohit Chhabra R/o A--Kumar Industries Lane No. 2 Phagwara Distt. Kapurthala have changed my name from Nitika Bhatia to Nitika Chhabra after Marriage.

I, Sandeep Kumar Bansal S/O Darshan Lal R/O Plot No.5, Lane No.1, Vijay Nagar, Batala Road, Amritsar, Punujab have changed my name from Sandeep Kumar Bansal to Sandeep Kumar. Concerned note.

I, Krishana Devi W/o Om Parkesh R/o Village Ajjowal Distt. Hoshiarpur 146001 Punjab have changed my name from Krishana Devi to Krishna Devi. Concerned note.

I, Kamaljit Singh S/O Gajjan Singh R/O Marrypur, Distt. Kapurthala - 144620, Punjab have changed my name from Kamaljit Singh to Kamaljeet Singh. All note.

I, Gurdev Singh Dhillon S/o Sukhdev Singh R/o Village Gidri Bhagiari, Distt. Tarn Taran, Punjab have changed my name from Gurdev Singh Dhillon to Gurdev Singh.

I, Parvesh Lata W/o Krishan Kumar R/o H.No. A-112, A-Block, Ranjit Avenue, Amritsar, Punjab have changed my name from Parvesh Lata to Pravesh Lata.

I, Jugraj Singh S/o Mangal Singh R/o Gujjarpura, Ajnala, Amritsar, Punjab-143102 have changed my name from Jugraj Singh to Jugraj Singh Bal.

I, Neetu Rani W/o Harpal Singh R/o H.No. 182, Sultanwind Road, Ajit Nagar, Amritsar, Punjab have changed my name after marriage from Neetu Rani to Sonia.

I, Chetan S/O Amrit Lal, R/o Mohalla Kanugo, Hariana, Hosharpur, Punjab- 144208, have changed my name and shall hereafter be Known as Chetan Kakria.

I, Baljit Kaur W/o Faqir Singh Dhillon R/o H.No. 74-A, Harbans Nagar Near Shining Star School, Jalandhar-144002, Punjab have changed my name from Babli to Baljit Kaur after marriage. and also declare that Babli as well as Baljit Kaur is one and the same person.

I, Gurmej Singh Sohal S/o Karnail Singh R/o House No. 7, New Deol Nagar, Jalandhar have changed my name to Gurmej Singh. All concerned please note.

I Rohit S/o Dalvir Chand R/o Vill. Chak Mai Dass, Nawanshahr, SBS Nagar-144501, Punjab, have changed my name from Rohit to Rohit Chumber. All please note.

I, Jobanraj Singh S/o Pargat Singh R/o Gharindi P.O Gharinda Amritsar have changed my name Jobanraj is my given name & Singh is my Surname

I, Gurjinder Singh S/o Veer Singh R/o VPO Naushera Nal Bandan Teh and Distt Pathankot have declare that Singh is my Surname and Gurjinder is my Given name.

I, Jatinder Pal Singh S/O Karnail Singh R/O Near Canal Bridge, VPO Harse Chhina, Kukran Wala, Distt. Amritsar, Punjab have changed my name from Jatinder Pal Singh to Jatinder Pal as my Given name and Singh as my Surname. Concerned note.

I Jaskaran Singh S/o Kulvir Singh,R/o Drawan, Distt. Jalandhar have changed my name from Jaskaran Singh to Singh Jaskaran.

I Baljinder S/o Tarsem Singh R/o Village Sarhala Kalan, District Hoshiarpur, Punjab have changed my name from Baljinder to Davinder Singh. All concerned note.

I, Harigopal S/o Bachan Singh R/o Gali No.2, Dashmesh Colony, Sant Pura, Near Water Pump No.11, Kapurthala have changed my name from Harigopal to Harigopal Singh. All Please Note.

I, hitherto Known as Sonu S/o Subhash Chander R/o 489, Mata Gujri Avenue, SKRM College, Ward No.1, Bhago Majra, PO & Teh .Kharar, Distt. SAS Nagar (Mohali), 140301 Punjab have changed my name and shall hereafter be known as Sonu Handa.

I, Gurvinder w/o Sukirat Singh r/o H.No.266-L/267-R, Model Town, Jalandhar have changed my name from Gurvinder to Gurvinder Kaur. All Please Note.

I, Paramjit Kaur w/o Lakhvir Singh r/o VPO.Pattar Kalan, Jalandhar-144806, Punjab have changed my name as Paramjit Kaur Chowlia (Surname as Chowlia) All Please Note.

I, Surinder Kaur Rai w/o Chaman Lal Rai r/o Vill. Dosanjh Khurd, Po. Muthada Kalan, Teh. Phillaur, Distt. Jalandhar declare that Surinder Kaur Rai @ Shindo is one and the same person. All Please Note.

I, Avtar Kaur d/o Pargan Singh w/o Shiv Charan r/o 107, Thandian, SBS Nagar, Punjab-144505 have changed my name to Saroj Bala. All Please Note.

I, Desho w/o Ram Kishan r/o VPO. Jalbhe, Distt.Jalandhar, Punjab, India have changed my son his name from Harpreet to Harpreet Harpreet. All Please Note.

### Change of Name

I, Poonam Rani Malaviya w/o Sunil Kumar Malviya, r/o H.No. 489, Guru Gobind Singh Avenue, Chogitti, Jalandhar-1 have changed my name to Poonam Rani Malviya for all future purposes.

### PUBLIC NOTICE

I, Satnam Gir S/o Baldev Gir R/o New Hardyal Nagar, Kotla Road, Po. Sheikhe, Distt. Jalandhar, Punjab declare that my son Davinder Alias Daler and his wife Nandni is out of my control. I disinherit them from my movable and immovable properties. I and my family members shall not be held responsible for any kind of dealings done with them. All please note.

### ਆਮ ਸੂਚਨਾ

ਮੈਂ, ਅਮਰਜੀਤ ਸਿੰਘ ਪੁੱਤਰ ਅਰਜਣ ਸਿੰਘ, ਵਾਸੀ ਮਨਸੂਰਵਾਲ ਦੋਨਾਂ, ਕਪੂਰਥਲਾ, ਪੰਜਾਬ, ਬਿਆਨ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਸੁਖਵਿੰਦਰ ਸਿੰਘ ਨੂੰ ਬੇਦਖਲ ਕੀਤਾ ਸੀ। ਹੁਣ ਮੇਰਾ ਉਕਤ ਲੜਕਾ ਮੇਰੇ ਕਹਿਣੇਕਾਰ ਵਿੱਚ ਹੈ ਅਤੇ ਮੇਰੀ ਸੇਵਾ ਕਰਦਾ ਹੈ, ਜਿਸ ਕਰਕੇ ਮੈਂ ਆਪਣੇ ਉਕਤ ਲੜਕੇ ਸੁਖਵਿੰਦਰ ਸਿੰਘ ਦੀ ਬੇਦਖਲੀ ਕੈਂਸਿਲ ਕਰਦਾ ਹਾਂ। ਸਾਰੇ ਸਬੰਧਤ ਨੋਟ ਕਰਨ।

ਮੈਂ, ਅਮਰਜੀਤ ਸਿੰਘ ਪੁੱਤਰ ਅਰਜਣ ਸਿੰਘ, ਵਾਸੀ ਮਨਸੂਰਵਾਲ ਦੋਨਾਂ, ਕਪੂਰਥਲਾ, ਪੰਜਾਬ, ਬਿਆਨ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਕੁਲਵਿੰਦਰ ਸਿੰਘ ਅਤੇ ਨੂੰਹ ਅਮਨਪ੍ਰੀਤ ਕੌਰ ਨੂੰ ਬੇਦਖਲ ਕੀਤਾ ਸੀ। ਹੁਣ ਮੇਰਾ ਉਕਤ ਲੜਕਾ ਅਤੇ ਮੇਰੀ ਨੂੰਹ ਮੇਰੇ ਕਹਿਣੇਕਾਰ ਵਿੱਚ ਹਨ ਅਤੇ ਮੇਰੀ ਸੇਵਾ ਕਰਦੇ ਹਨ, ਜਿਸ ਕਰਕੇ ਮੈਂ ਆਪਣੇ ਉਕਤ ਲੜਕੇ ਕੁਲਵਿੰਦਰ ਸਿੰਘ ਅਤੇ ਨੂੰਹ ਅਮਨਪ੍ਰੀਤ ਕੌਰ ਦੀ ਬੇਦਖਲੀ ਕੈਂਸਿਲ ਕਰਦਾ ਹਾਂ। ਸਾਰੇ ਸਬੰਧਤ ਨੋਟ ਕਰਨ।

ਮੈਂ, ਅਜਮੇਰ ਸਿੰਘ ਪੁੱਤਰ ਸੁਖਵਿੰਦਰ ਸਿੰਘ ਵਾਸੀ ਪਿੰਡ ਸਰਨਾਣਾ, ਜਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਭਰਾ ਪੁਪਿੰਦਰ ਸਿੰਘ ਜੋ ਕਿ 10 ਸਾਲਾ ਤੋਂ ਅਲਗ ਰਹਿੰਦਾ ਹੈ ਅਤੇ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨਾਲ ਆਪਣੇ ਸਾਰੇ ਸੰਬੰਧ ਤੋੜਦਾ ਹਾਂ। ਇਸ ਦੇ ਨਾਲ ਸੰਬੰਧਤ ਕਿਸੇ ਵੀ ਤਰ੍ਹਾਂ ਦੇ ਲੈਣ-ਦੇਣ ਅਤੇ ਚੰਗੇ-ਮਾੜੇ ਕੰਮਾਂ ਦੀ ਮੇਰੀ ਜਾਂ ਮੇਰੇ ਬਾਕੀ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀ ਹੋਵੇਗੀ, ਉਹ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਅਮਰਜੀਤ ਸਿੰਘ ਪੁੱਤਰ ਗੁਰਬਚਨ ਸਿੰਘ ਵਾਸੀ ਪਿੰਡ ਕੰਧਾਲਾ ਸ਼ੇਖਾਂ, ਤਹਿਸੀਲ ਟਾਂਡਾ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਰਜਿਸਟਰਡ ਵਸੀਅਤ ਵਸੀਕਾ ਨੰ. 259 ਮਿਤੀ 23.12.94 ਵਿੱਚ ਮੇਰੇ ਭਰਾ ਜਸਪਾਲ ਸਿੰਘ ਦਾ ਨਾਂਅ ਰਛਪਾਲ ਸਿੰਘ ਗਲਤੀ ਨਾਲ ਲਿਖਿਆ ਗਿਆ ਹੈ, ਜਦਕਿ ਉਸ ਦਾ ਸਹੀ ਨਾਂਅ ਜਸਪਾਲ ਸਿੰਘ ਪੁੱਤਰ ਗੁਰਬਚਨ ਸਿੰਘ ਪੁੱਤਰ ਦਿਰਤ ਰਾਮ ਹੈ। ਰਛਪਾਲ ਸਿੰਘ ਅਤੇ ਜਸਪਾਲ ਸਿੰਘ ਦੋਵੇਂ ਨਾਂਅ ਇੱਕੋ ਵਿਅਕਤੀ ਦੇ ਹਨ।

ਇਕ ਟਿਊਬਵੈਲ ਕੁਨੈਕਸ਼ਨ ਜਿਸਦਾ ਖਾਤਾ ਨੰਬਰ A32AP24/249 BHP 7.5 ਜੋ ਕਿ ਸੂਬਾ ਸਿੰਘ ਪੁੱਤਰ ਗੁਰਮੁਖ ਸਿੰਘ ਦੇ ਨਾਮ ਤੇ ਚਲ ਰਿਹਾ ਹੈ ਨੂੰ ਸੁਖਵਿੰਦਰ ਸਿੰਘ ਪੁੱਤਰ ਸੂਬਾ ਸਿੰਘ ਨੇ ਆਪਣੇ ਨਾਮ ਤੇ ਕਰਨ ਦੀ ਅਰਜੀ ਦਿਤੀ ਹੈ ਜੇ ਕਰ ਕਿਸੇ ਨੂੰ ਕੋਈ ਇਤਰਾਜ ਹੋਵੇ ਤਾਂ ਉਹ 15 ਦਿਨਾ ਦੇ ਅੰਦਰ ਅੰਦਰ ਆਪਣਾ ਇਤਰਾਜ ਉਪ ਮੰਡਲ ਅਫਸਰ ਚੋਗਾਵਾਂ ਵਿਖੇ ਪੇਸ਼ ਕਰ ਸਕਦਾ ਹੈ ਨਹੀਂ ਤਾਂ ਤਬਦੀਲੀ ਕਰ ਦਿੱਤੀ ਜਾਵੇਗੀ, ਪੀ ਐਸ ਪੀ ਸੀ ਐਲ।

ਇਕ ਟਿਊਬਵੈਲ ਕੁਨੈਕਸ਼ਨ ਜਿਸਦਾ ਖਾਤਾ ਨੰਬਰ A32AP24/497 BHP 7.5 ਜੋ ਕਿ ਸੂਬਾ ਸਿੰਘ ਪੁੱਤਰ ਗੁਰਮੁਖ ਸਿੰਘ ਦੇ ਨਾਮ ਤੇ ਚੱਲ ਰਿਹਾ ਹੈ ਨੂੰ ਕੁਲਵਿੰਦਰ ਸਿੰਘ ਪੁੱਤਰ ਸੂਬਾ ਸਿੰਘ ਨੇ ਆਪਣੇ ਨਾਮ 'ਤੇ ਕਰਨ ਦੀ ਅਰਜ਼ੀ ਦਿੱਤੀ ਹੈ ਜੇ ਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ 15 ਦਿਨਾ ਦੇ ਅੰਦਰ ਅੰਦਰ ਆਪਣਾ ਇਤਰਾਜ਼ ਉਪ ਮੰਡਲ ਅਫਸਰ ਚੋਗਾਵਾਂ ਵਿਖੇ ਪੇਸ਼ ਕਰ ਸਕਦਾ ਹੈ ਨਹੀਂ ਤਾਂ ਤਬਦੀਲੀ ਕਰ ਦਿੱਤੀ ਜਾਵੇਗੀ, ਪੀ ਐਸ ਪੀ ਸੀ ਐਲ।

### ਨਾਂਅ ਦੀ ਬਦਲੀ

ਮੈਂ ਯਸ਼ ਸਿੰਘ ਪੁੱਤਰ ਗੁਰਮੀਤ ਸਿੰਘ ਵਾਸੀ ਪਿੰਡ ਲੀਲ ਕਲਾਂ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸੁਰ ਐਲਾਨ ਕਰਦਾ ਹਾਂ ਕਿ ਮੈਂ ਆਪਣਾ ਨਾਮ ਯਸ਼ ਤੋਂ ਬਦਲ ਕੇ ਯਸ਼ ਸਿੰਘ ਰੱਖ ਲਿਆ ਹੈ। ਸਬੰਧਤ ਨੋਟ।

ਮੈਂ ਸ਼ਮਸ਼ੇਰ ਸਿੰਘ ਪੁੱਤਰ ਸੁਰਜੀਤ ਸਿੰਘ ਹਾਊਸ ਨੰਬਰ 365 ਗਲੀ ਨੰਬਰ 2 ਰਣਜੀਤ ਨਗਰ ਕਾਦੀਆਂ ਰੋਡ ਬਟਾਲਾ ਅੱਜ ਤੋ ਆਪਣਾ ਨਾਮ ਬਦਲਕੇ ਸ਼ਮਸ਼ੇਰ ਸਿੰਘ ਰੰਧਾਵਾ ਰੱਖ ਲਿਆ ਹੈ।

ਮੈਂ ਬਿੱਕਰ ਸਿੰਘ ਪੁੱਤਰ ਅਰੂੜ ਸਿੰਘ ਪਿੰਡ ਅਕਬਰਪੁਰਾ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦਾ ਰਹਿਣ ਵਾਲਾ ਹਾਂ।ਮੈ ਆਪਣਾ ਨਾਮ ਬਿੱਕਰ ਸਿੰਘ ਬਦਲ ਕੇ ਬਿਕਰਮ ਸਿੰਘ ਰੱਖ ਲਿਆ ਹੈ।

ਮੈਂ, ਹਰਸ਼ਦੀਪ ਬਾਘੇ ਪੁੱਤਰ ਕੁਲਦੀਪ ਰਾਜ ਵਾਸੀ ਮਕਾਨ ਨੰ: 1235, ਬੂਟਾ ਪਿੰਡ, ਜਲੰਧਰ ਸੂਚਿਤ ਕਰਦਾ ਹਾਂ ਕਿ ਮੈਂ ਆਪਣਾ ਨਾਮ ਹਰਸ਼ਦੀਪ ਤੋਂ ਬਦਲ ਕੇ ਹਰਸ਼ਦੀਪ ਬਾਘੇ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

ਮੈਂ ਜਸਪ੍ਰੀਤ ਕੌਰ ਪਤਨੀ ਭਜਨ ਪਿੰਡ ਤੇ ਡਾਕਖਾਨਾ ਪੰਡਟ, ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ (ਪੰਜਾਬ) ਨੇ ਆਪਣੇ ਨਾਬਾਲਗ ਪੁੱਤਰੀ ਨਿਮਰਤ ਦਾ ਨਾਮ ਬਦਲ ਲਿਆ ਹੈ ਜਿਸ ਦੀ ਉਮਰ 5 ਸਾਲ ਹੈ ਅਤੇ ਹੁਣ ਨਿਮਰਤ ਕੌਰ ਵਜੋਂ ਜਾਣਿਆ ਜਾਵੇਗਾ।

### ਬੇਦਖਲੀ ਨੋਟਿਸ

ਮੈਂ, ਰਾਜ ਰਾਣੀ ਪਤਨੀ ਸੁਰਿੰਦਰ ਕੁਮਾਰ ਵਾਸੀ ਪਲਾਟ ਨੰ. 30, ਪਿੰਡ ਧਾਲੀਵਾਲ ਕਾਂਦੀਆ, ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਅਮਿਤ ਕੁਮਾਰ ਅਤੇ ਉਸਦੀ ਪਤਨੀ ਮਨਪ੍ਰੀਤ ਕੌਰ ਅਤੇ ਉਹਨਾਂ ਦੇ ਬੱਚੇ ਲੜਕੀ ਰਵਨੀਤ ਕੌਰ ਅਤੇ ਲੜਕਾ ਆਰਵ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਸਾਰਿਆਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਬਾਕੀ ਪਰਿਵਾਰ ਦਾ ਇਹਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਹਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਸ੍ਰੀ ਨਿਵਾਸ ਪੁੱਤਰ ਉਜਾਲਾ ਸਿੰਘ ਸ਼ਕੁਤਲਾ ਦੇਵੀ ਪਤਨੀ ਸ੍ਰੀ ਨਿਵਾਸ ਦੋਨੋ ਵਾਸੀਆਨ ਮਕਾਨ ਨੰ. ਬੀ-5/74-ਏ, ਵੱਡਾ ਸਈਂਪੁਰ, ਤਹਿਸੀਲ ਵਾ ਜਿਲ੍ਹਾ ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਸੰਦੀਪ ਕੁਮਾਰ ਅਤੇ ਉਸਦੀ ਪਤਨੀ ਸੋਨੀਆ, ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡਾ ਅਤੇ ਸਾਡੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਰੇਸ਼ਮ ਸਿੰਘ ਪੁੱਤਰ ਗੁਲਜਾਰ ਸਿੰਘ ਵਾਸੀ ਬਾਜੜਾ, ਭਗਵੰਤ ਵਿਹਾਰ ਕਾਲੋਨੀ ਕੈਲਾਸ਼ ਨਗਰ ਰੋਡ, ਲੁਧਿਆਣਾ। ਮੇਰਾ ਲੜਕਾ ਵੱਸਨ ਸਿੰਘ ਅਤੇ ਉਸ ਦੀ ਪਤਨੀ ਸੋਨੀਆ ਬਸਰਾ, ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਇਨ੍ਹਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਬਿੱਟਾ ਪੁੱਤਰ ਲੇਟ ਸ੍ਰੀ ਰਾਜ ਕੁਮਾਰ ਵਾਸੀ ਪ੍ਰੀਤ ਨਗਰ, ਨੇੜੇ ਕਾਕੂ ਦੀ ਡੇਅਰੀ, ਪਿਛਲਾ ਪਾਸਾ ਪੁਲਸ ਥਾਣਾ ਮੋਹਕਮਪੁਰਾ, ਤਹਿਸੀਲ ਅੰਮ੍ਰਿਤਸਰ -2, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੀ ਪਤਨੀ ਸੋਨੀਆ, ਮੇਰੀ ਲੜਕੀ ਜਸਪ੍ਰੀਤ ਕੌਰ ਨਾਲ ਕਿਧਰੇ ਚਲੀ ਗਈ ਹੈ ਅਤੇ ਮੇਰਾ ਲੜਕਾ ਦੀਪਕ ਵਰਮਾ, ਇਹ ਸਾਰੇ ਮੇਰੇ ਕਹਿਣੇ ਤੋਂ ਬਾਹਰ ਹਨ। ਮੇਰੇ ਇਨ੍ਹਾਂ ਨਾਲ ਕੋਈ ਨਾਤਾ ਨਹੀਂ ਹੈ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਅਸੀਂ, ਬਲਵਿੰਦਰ ਸਿੰਘ ਪੁੱਤਰ ਧਰਮ ਸਿੰਘ ਅਤੇ ਕੁਲਵਿੰਦਰ ਕੌਰ ਪਤਨੀ ਬਲਵਿੰਦਰ ਸਿੰਘ ਵਾਸੀ ਬਾਲਾ ਚੱਕ, ਤਰਨ ਤਾਰਨ, ਪੰਜਾਬ-143022 ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਹਰਜੀਤ ਸਿੰਘ ਸਾਡੇ ਕਹਿਣੇ ਬਾਹਰ ਹੈ, ਸਾਡੇ ਨਾਲ ਲੜਾਈ-ਝਗੜਾ ਕਰਦਾ ਹੈ। ਇਸ ਲਈ ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਗੁਰਬਿੰਦਰ ਸਿੰਘ ਪੁੱਤਰ ਜਸਵੰਤ ਸਿੰਘ ਵਾਸੀ ਪਿੰਡ ਮਾਣਕਪੁਰਾ, ਤਹਿ. ਤੇ ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦਾ ਹਾਂ ਕਿ ਮੇਰੇ ਲੜਕੇ ਅਕਾਸ਼ਦੀਪ ਸਿੰਘ ਅਤੇ ਰਾਹੁਲਦੀਪ ਸਿੰਘ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਇਨ੍ਹਾਂ ਨਾਲ ਕੋਈ ਰਿਸ਼ਤਾ ਨਹੀਂ ਹੈ।

ਮੈਂ, ਬਾਰੂ ਦੀਨ ਪੁੱਤਰ ਜੋਸਫ ਵਾਸੀ ਪਿੰਡ ਰਸਤਗੋ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਕਾਕੀ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

## ਪਾਵਰਕਾਮ ਖਿਲਾਫ਼ ਜੂਨੀਅਰ ਇੰਜੀਨੀਅਰਜ਼ ਦਾ ਸੰਘਰਸ਼ ਤੇਜ਼, ਪੂਰੇ ਪੰਜਾਬ 'ਚ ਰੋਸ ਰੈਲੀਆਂ ਦਾ ਐਲਾਨ



ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ) ਪੰਜਾਬ ਰਾਜ ਬਿਜਲੀ ਬੋਰਡ ਦੀ ਕੌਂਸਲ ਆਫ਼ ਜੂਨੀਅਰ ਇੰਜੀਨੀਅਰਜ ਨੇ ਪਾਵਰ ਮੈਨੇਜਮੈਂਟ ਦੇ ਅਣਗੌਲੇ ਰਵੱਈਏ ਖਿਲਾਫ਼ ਵੱਡੇ ਸੰਘਰਸ਼ ਦਾ ਐਲਾਨ ਕੀਤਾ ਹੈ। ਇਹ ਜਾਣਕਾਰੀ ਕੌਂਸਲ ਦੇ ਸੂਬਾ ਜਨਰਲ ਸਕੱਤਰ, ਇੰਜ. ਅਮਨਦੀਪ ਜੇਹਲਵੀ ਨੇ ਦਿੱਤੀ। ਕੌਂਸਲ ਦੇ ਮੁੱਖ ਸਰਪ੍ਰਸਤ ਇੰਜ. ਦਵਿੰਦਰ ਸਿੰਘ, ਸੂਬਾ ਪ੍ਰਧਾਨ ਇੰਜ. ਪਰਮਜੀਤ ਸਿੰਘ ਖੱਟੜਾ ਅਤੇ ਇੰਜ. ਅਮਨਦੀਪ ਜੇਹਲਵੀ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਜੂਨੀਅਰ ਇੰਜੀਨੀਅਰਜ਼ ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਨੂੰ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ। ਇਸੇ ਕਾਰਨ ਕੇਂਦਰੀ ਵਰਕਿੰਗ ਕਮੇਟੀ ਨੇ ਰੋਸ ਰੈਲੀਆਂ ਨਾਲ ਸੰਘਰਸ਼ ਦੀ ਸ਼ੁਰੂਆਤ ਕਰਨ ਦਾ ਫੈਸਲਾ ਕੀਤਾ ਹੈ। ਸੰਘਰਸ਼ ਪ੍ਰੋਗਰਾਮ ਤਹਿਤ 7 ਅਗਸਤ ਤੋਂ ਸਾਰੇ ਸਰਕਲ ਦਫ਼ਤਰਾਂ ਅੱਗੇ ਰੋਸ ਰੈਲੀਆਂ ਹੋਣਗੀਆਂ। ਇਸ ਤੋਂ ਬਾਅਦ ਵੱਖ-ਵੱਖ ਜ਼ੋਨਾਂ ਵਿਚ ਧਰਨੇ ਦਿੱਤੇ ਜਾਣਗੇ। 19 ਅਗਸਤ ਨੂੰ ਅੰਮ੍ਰਿਤਸਰ (ਬਾਰਡਰ ਜ਼ੋਨ), 21 ਅਗਸਤ ਨੂੰ ਬਠਿੰਡਾ (ਪੱਛਮ ਜ਼ੋਨ), 26 ਅਗਸਤ ਨੂੰ ਜਲੰਧਰ (ਉੱਤਰੀ ਜ਼ੋਨ), 28 ਅਗਸਤ ਨੂੰ ਪਟਿਆਲਾ (ਦੱਖਣੀ ਜ਼ੋਨ), ਅਤੇ 2 ਸਤੰਬਰ, 2025 ਨੂੰ ਲੁਧਿਆਣਾ (ਕੇਂਦਰੀ ਜ਼ੋਨ) ਵਿਚ ਧਰਨੇ ਦਿੱਤੇ ਜਾਣਗੇ। ਇਸ ਸਮੇਂ ਦੌਰਾਨ ਜੇਕਰ ਹੋਰ ਮੁਲਾਜ਼ਮ ਜਥੇਬੰਦੀਆਂ ਹੜਤਾਲ 'ਤੇ ਜਾਂਦੀਆਂ ਹਨ, ਤਾਂ ਜੇ.ਈਜ਼ ਗਰਿੱਡ ਸਬ-ਸਟੇਸ਼ਨਾਂ 'ਤੇ ਐਮਰਜੈਂਸੀ ਡਿਊਟੀ ਨਹੀਂ ਦੇਣਗੇ।

ਕੌਂਸਲ ਦੀਆਂ ਮੁੱਖ ਮੰਗਾਂ ਵਿਚ ਨਵੇਂ ਭਰਤੀ ਹੋਏ ਜੇ.ਈਜ਼ ਨੂੰ ਪੰਜਾਬ ਸਰਕਾਰ ਦੇ ਜੇ.ਈਜ਼ ਦੇ ਬਰਾਬਰ 47,900 ਰੁਪਏ ਦਾ ਸ਼ੁਰੂਆਤੀ ਤਨਖਾਹ ਸਕੇਲ ਦੇਣਾ, 9/16 ਸਾਲਾਂ ਦਾ ਸਮਾਂਬੱਧ ਤਰੱਕੀ ਸਕੇਲ ਜਾਰੀ ਰੱਖਣਾ, ਸਪੈਸ਼ਲ ਅਲਾਊਂਸ ਬਹਾਲ ਕਰਨਾ ਤੇ 30 ਲੀਟਰ ਪੈਟਰੋਲ ਭੱਤਾ ਦੁੱਗਣਾ ਕਰਨਾ ਸ਼ਾਮਲ ਹਨ। ਇਸ ਤੋਂ ਇਲਾਵਾ ਜੇਈ ਤੋਂ ਏਈ ਤੇ ਹੋਰ ਉੱਚ ਅਹੁਦਿਆਂ 'ਤੇ ਤਰੱਕੀਆਂ ਜਲਦੀ ਕਰਨ ਦੀ ਵੀ ਮੰਗ ਹੈ। ਜਥੇਬੰਦੀ ਨੇ ਦੱਸਿਆ ਕਿ ਫੀਲਡ ਵਿਚ ਤਕਨੀਕੀ ਮੈਨਪਾਵਰ ਦੀ ਭਾਰੀ ਘਾਟ ਹੈ, ਜਿਸ ਕਾਰਨ ਇੰਜੀਨੀਅਰਾਂ ਨੂੰ ਬਹੁਤ ਮਾੜੇ ਹਾਲਾਤਾਂ ਵਿਚ ਕੰਮ ਕਰਨਾ ਪੈ ਰਿਹਾ ਹੈ। ਪਿਛਲੇ ਸਾਲ 4 ਦਸੰਬਰ 2024 ਨੂੰ ਹੋਈ ਮੀਟਿੰਗ ਵਿਚ ਕੁਝ ਫੀਲਡ ਸਬੰਧੀ ਮੁੱਦਿਆਂ 'ਤੇ ਸਹਿਮਤੀ ਬਣੀ ਸੀ, ਪਰ ਉਨ੍ਹਾਂ ਨੂੰ ਅਜੇ ਤੱਕ ਲਾਗੂ ਨਹੀਂ ਕੀਤਾ ਗਿਆ ਹੈ। ਕੌਂਸਲ ਨੇ ਚਿਤਾਵਨੀ ਦਿੱਤੀ ਹੈ ਕਿ ਜੇਕਰ 13 ਜੂਨ 2025 ਦੀਆਂ ਸਹਿਮਤੀਆਂ ਅਨੁਸਾਰ ਮੰਗਾਂ ਪੂਰੀਆਂ ਨਾ ਕੀਤੀਆਂ ਗਈਆਂ ਤਾਂ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ, ਜਿਸਦੀ ਜ਼ਿੰਮੇਵਾਰੀ ਪਾਵਰ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਦੀ ਹੋਵੇਗੀ।

## ਰਾਸ਼ਟਰੀ ਮਾਨਵ ਅਧਿਕਾਰੀ ਕਮਿਸ਼ਨਰ ਪਹੁੰਚੇ ਬਜ਼ੁਰਗਾਂ ਦੇ ਵਿਹੜੇ



ਦੀਨਾਨਗਰ ( ਬਲਵਿੰਦਰ ਸਿੰਘ ਬਿੱਲਾ ) ਬੀਤੇ ਦਿਨ ਬਜ਼ੁਰਗਾਂ ਦਾ ਵਿਹੜਾ ਆਦਰਸ਼ ਬ੍ਰਿਧ ਆਸ਼ਰਮ ਝਾਖੋਲਾੜੀ ਜੋ ਕਿ ਪਿਛਲੇ ਪੰਜ ਸਾਲ ਤੋਂ ਮਾਨਵਤਾ ਦੀ ਸੇਵਾ ਵਿੱਚ ਆਪਣਾ ਯੋਗਦਾਨ ਦਿੰਦਾ ਆ ਰਿਹਾ ਹੈ 'ਚ ਸਤਿਕਾਰਯੋਗ ਰਾਸ਼ਟਰੀ ਮਾਨਵ ਅਧਿਕਾਰੀ ਕਮਿਸ਼ਨਰ ਬਾਲ ਕ੍ਰਿਸ਼ਨ ਗੋਇਲ ਪਹੁੰਚੇ। ਉਹਨਾਂ ਨੇ ਬਜ਼ੁਰਗਾਂ ਨਾਲ ਦੁੱਖ ਸਾਂਝੇ ਕੀਤੇ, ਉਹਨਾਂ ਦਾ ਹਾਲ ਚਾਲ ਜਾਣਿਆ । ਉਹਨਾਂ ਨੇ ਬਜ਼ੁਰਗਾਂ ਨੂੰ ਹੌਸਲਾ ਦਿੰਦੇ ਹੋਏ ਕਿਹਾ ਕਿ ਤੁਹਾਨੂੰ ਕਿਸੇ ਨੂੰ ਵੀ ਘਬਰਾਉਣ ਦੀ ਲੋੜ ਨਹੀਂ। ਜੇਕਰ ਕੋਈ ਵੀ ਬਜ਼ੁਰਗ ਸਾਡੇ ਕੋਲੋਂ ਕਿਸੇ ਕਿਸਮ ਦੀ ਸਹਾਇਤਾ ਲੈਣਾ ਚਾਹੁੰਦਾ ਹੈ ਤਾਂ ਤੁਸੀਂ ਬੋਲ ਸਕਦੇ ਹੋ।ਅਸੀਂ ਜ਼ਰੂਰ ਮਦਦ ਕਰਾਂਗੇ। ਜੇਕਰ ਤੁਹਾਡੇ ਵਿੱਚੋਂ ਕੋਈ ਵੀ ਆਪਣੇ ਬੱਚਿਆਂ ਦੇ ਉੱਤੇ ਕਾਰਵਾਈ ਕਰਨਾ ਚਾਹੁੰਦਾ ਹੈ ਜਾਂ ਆਪਣੇ ਘਰ ਵਿੱਚ ਵਾਪਸ ਜਾਣਾ ਚਾਹੁੰਦਾ ਹੈ ਤਾਂ ਅਸੀਂ ਆਪ ਨੂੰ ਆਪ ਦੇ ਹੀ ਬਣਾਏ ਹੋਏ ਘਰਾਂ ਵਿੱਚ ਵੀ ਜ਼ਰੂਰ ਵਾਪਸ ਭੇਜਾਂਗੇ ।ਭਾਵ ਕਿਸੇ ਨੂੰ ਕਿਸੇ ਵੀ ਤਰ੍ਹਾਂ ਦੀ ਬ੍ਰਿਧ ਘਰ ਵਿੱਚ ਸਮੱਸਿਆ ਹੈ ਤਾਂ ਤੁਸੀਂ ਸਾਡੇ ਨਾਲ ਉਹ ਵੀ ਦੱਸ ਸਕਦੇ ਹੋ ।ਅਸੀਂ ਉਸ ਦਾ ਵੀ ਜ਼ਰੂਰ ਹੱਲ ਕਰਾਂਗੇ ।ਇਸ ਤਰ੍ਹਾਂ ਉਹਨਾਂ ਨੇ ਆਸ਼ਰਮ ਪ੍ਰਬੰਧਕਾਂ ਨੂੰ ਕਿਹਾ ਕਿ ਤੁਸੀਂ ਇਹ ਜੋ ਮਾਨਵਤਾ ਦੀ ਸੇਵਾ ਕਰ ਰਹੇ ਹੋ। ਇਹ ਬਹੁਤ ਉੱਤਮ ਸੇਵਾ ਹੈ। ਤੁਹਾਡਾ ਸਾਰਿਆਂ ਦਾ ਸਟਾਫ ਅਤੇ ਸਮੂਹ ਮੈਨੇਜਮੈਂਟ ਨੂੰ ਦੇਖ ਕੇ ਅਤੇ ਬਜ਼ੁਰਗਾਂ ਨੂੰ ਖੁਸ਼ ਦੇਖ ਕੇ ਬਹੁਤ ਦਿਲ ਨੂੰ ਸਕੂਨ ਮਿਲਿਆ ਹੈ।ਪਰ ਬਹੁਤ ਖੁਸ਼ੀ ਦੀ ਗੱਲ ਹੈ ਕਿ ਇੱਥੇ ਸਾਰੇ ਹੀ ਬਜ਼ੁਰਗ ਅਤੇ ਸਮੂਹ ਮੈਨੇਜਮੈਂਟ ਬਹੁਤ ਖੁਸ਼ ਨਜ਼ਰ ਆ ਰਹੇ ਸਨ। ਇਸ ਦੇ ਨਾਲ ਉਹਨਾਂ ਨੇ ਆਸ਼ਰਮ ਪ੍ਰਬੰਧਕਾਂ ਨੂੰ ਇਹ ਵੀ ਕਿਹਾ ਜੇਕਰ ਤੁਹਾਨੂੰ ਵੀ ਕਿਸੇ ਕਿਸਮ ਦੀ ਕੋਈ ਸਮੱਸਿਆ ਆਉਂਦੀ ਹੈ ਤਾਂ ਤੁਸੀਂ ਸਾਨੂੰ ਜ਼ਰੂਰ ਦੱਸੋ। ਇਸ ਮੌਕੇ ਜ਼ਿਲ੍ਹਾ ਸੁਰੱਖਿਆ ਅਫ਼ਸਰ ਅਸੀਸਇੰਦਰ ਸਿੰਘ, ਸੀ ਡੀ ਪੀ ਓ ਅਫ਼ਸਰ ਸੰਜੀਵ ਸ਼ਰਮਾ, ਆਸ਼ਰਮ ਸੁਪਰਡੈਂਟ ਮੈਡਮ ਅੰਜਲੀ ਸ਼ਰਮਾ,ਚੇਅਰਪਰਸਨ ਮੈਡਮ ਸ੍ਰੀਮਤੀ ਰੀਨਾ ਸਰਮਾਲ, ਆਸ਼ਰਮ ਪ੍ਰਧਾਨ ਸਤਨਾਮ ਸਿੰਘ, ਕੋਆਰਡੀਨੇਟਰ ਮੈਡਮ ਇੰਦਰਜੀਤ ਕੌਰ, ਸਮੂਹ ਸਟਾਫ ਸਵੀਤਾ, ਪ੍ਰਿਆ ਚੰਨਦੇਵ , ਕਮਲੇਸ਼ ਕੁਮਾਰੀ, ਰਾਜ ਰਾਣੀ, ਰੂਪ ਰਾਣੀ, ਵਿਜੈ ਕੁਮਾਰੀ, ਵਿਪਨ ਕੁਮਾਰ, ਰਮੇਸ਼ ਕੁਮਾਰ ਆਦਿ ਮੌਜੂਦ ਸਨ।

### ਬੇਦਖਲੀ ਨੋਟਿਸ

ਮੈਂ, ਅਮਰਜੀਤ ਸਿੰਘ ਪੁੱਤਰ ਕਰਤਾਰ ਸਿੰਘ ਵਾਸੀ ਸੁਲਹਾਨੀ, ਤਹਿ. ਵਾ ਜ਼ਿਲ੍ਹਾ ਫਿਰੋਜ਼ਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਧਰਮਜੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਲਸ਼ਕਰ ਸਿੰਘ ਪੁੱਤਰ ਸ਼੍ਰੀ ਬਚਿੱਤ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਭਟਨੂਰਾ ਲੁਬਾਣਾ ਜਿਲਾ ਜਲੰਧਰ, ਪੰਜਾਬ ਬਿਆਨੀ ਕਰਦਾ ਹਾਂ ਕਿ ਮੇਰਾ ਲੜਕਾ ਨਰਿੰਦਰ ਸਿੰਘ, ਨੂੰਹ ਜਸਵਿੰਦਰ ਕੌਰ, ਪੋਤਾ ਜਤਿੰਦਰ ਸਿੰਘ ਅਤੇ ਪੋਤੀ ਕਮਲਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੋਣ ਕਾਰਨ ਮੈਂ ਉਹਨਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਹੁਣ ਉਹਨਾਂ ਦਾ ਮੇਰੇ ਅਤੇ ਮੇਰੇ ਪਰਿਵਾਰ ਨਾਲ ਕੋਈ ਸੰਬੰਧ ਨਹੀਂ ਹੈ। ਉਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁੱਦ ਜਿੰਮੇਵਾਰ ਹੋਵੇਗਾ।

ਮੈਂ, ਜਰਨੈਲ ਸਿੰਘ ਪੁੱਤਰ ਭੂਰਾ ਸਿੰਘ ਵਾਸੀ ਮਧੇ ਰੋਡ, ਨੇੜੇ ਸ਼ਾਂਤ ਦਾ ਘਰ, ਨਿਹਾਲ ਸਿੰਘ ਵਾਲਾ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਦਵਿੰਦਰ ਸਿੰਘ (ਸ਼ਾਦੀਸ਼ੁਦਾ) ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਅੰਗਰੇਜ਼ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਪਿੰਡ ਆਲੀ ਨੰਗਲ, ਡਾਕਖਾਨਾ ਭੁੰਗਰੀ, ਤਹਿਸੀਲ ਦੀਨਾਨਗਰ, ਜ਼ਿਲ੍ਹਾ ਗੁਰਦਾਸਪੁਰ, ਮੇਰਾ ਲੜਕਾ ਗੁਰਜੰਟ ਸਿੰਘ ਅਤੇ ਮੇਰੀ ਨੂੰਹ ਪ੍ਰਿਕਾ, ਜੋ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਸੁਰਿੰਦਰ ਕੌਰ ਪਤਨੀ ਲੇਟ ਗੁਰਮੇਲ ਸਿੰਘ, ਵਾਸੀ ਧੁਆਂਖੇ ਨਿਸ਼ਾਨ, ਜ਼ਿਲ੍ਹਾ ਕਪੂਰਥਲਾ, ਪੰਜਾਬ, ਬਿਆਨ ਕਰਦੀ ਹਾਂ ਕਿ ਮੈਂ ਮੇਰੀ ਨੂੰਹ ਤਰਨਦੀਪ ਕੌਰ ਪਤਨੀ ਲੇਟ ਹਰਕਿਰਤ ਸਿੰਘ, ਜੋ ਕਿ ਮੇਰੇ ਕਹਿਣੇਕਾਰ ਵਿੱਚ ਨਹੀਂ ਹੈ ਅਤੇ ਆਪਣੀ ਮਰਜ਼ੀ ਕਰਦੀ ਹੈ। ਜਿਸ ਕਰਕੇ ਮੈਂ ਆਪਣੀ ਉਕਤ ਨੂੰਹ ਨੂੰ ਆਪਣੀ ਤਮਾਮ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਕਿਸੇ ਵੀ ਕਿਸਮ ਦਾ ਲੈਣ-ਦੇਣ ਕਰਨ ਵਾਲਾ ਵਿਅਕਤੀ ਖੁਦ ਜ਼ਿੰਮੇਵਾਰ ਹੋਵੇਗਾ। ਇਸ ਵਿੱਚ ਮੇਰੀ ਜਾਂ ਮੇਰੇ ਪਰਿਵਾਰ ਦੇ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।ਸਾਰੇ ਸੰਬੰਧਤ ਨੋਟ ਕਰਨ।

ਮੈਂ, ਅਮਰਜੀਤ ਸਿੰਘ ਪੁੱਤਰ ਅਰਜਣ ਸਿੰਘ, ਵਾਸੀ ਮਨਸੂਰਵਾਲ ਦੋਨਾਂ, ਕਪੂਰਥਲਾ, ਪੰਜਾਬ, ਬਿਆਨ ਕਰਦਾ ਹਾਂ ਕਿ ਮੇਰੀ ਪਤਨੀ ਅਮਨਪ੍ਰੀਤ ਕੌਰ ਉਰਫ ਅਮਰਪ੍ਰੀਤ ਕੌਰ ਅਤੇ ਮੇਰੀ ਲੜਕੀ ਪਰਵੀਨ ਕੌਰ, ਮੇਰੇ ਕਹਿਣੇਕਾਰ ਵਿੱਚ ਨਹੀਂ ਹਨ, ਜਿਸ ਕਰਕੇ ਇਨ੍ਹਾਂ ਦੋਵਾਂ ਨਾਲ ਕਿਸੇ ਵੀ ਕਿਸਮ ਦਾ ਲੈਣ-ਦੇਣ ਕਰਨ ਵਾਲਾ ਵਿਅਕਤੀ ਖੁਦ ਜ਼ਿੰਮੇਵਾਰ ਹੋਵੇਗਾ। ਇਸ ਵਿੱਚ ਮੇਰੀ ਜਾਂ ਮੇਰੇ ਪਰਿਵਾਰ ਦੇ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗਾ।

ਮੈਂ, ਗੁਰਦਿਤ ਸਿੰਘ ਪੁੱਤਰ ਕਰਮ ਚੰਦ ਸੈਣੀ ਵਾਸੀ ਮਕਾਨ ਨੰਬਰ 427, ਮੁੱਹਲਾ ਬਾਰਾਦਰੀ, ਟਾਂਡਾ, ਤਹਿਸੀਲ ਟਾਂਡਾ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਜਗਦੀਪ ਸਿੰਘ ਅਤੇ ਉਸਦੀ ਪਤਨੀ ਅਮਨਦੀਪ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰਕ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਕ੍ਰਿਸ਼ਨਾ ਦੇਵੀ ਪਤਨੀ ਲੇਟ ਸ੍ਰੀ ਮਹਿੰਦਰ ਪਾਲ ਵਾਸੀ ਪਿੰਡ ਨੰਗਲ ਕਰਾਰ ਖਾਂ, ਤਹਿਸੀਲ ਵਾ ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਬਲਵਿੰਦਰ ਕੁਮਾਰ ਉਰਫ ਨੇਕੀ ਅਤੇ ਉਸਦੀ ਪਤਨੀ ਵਨੀਤਾ ਉਰਫ ਸੰਜਨਾ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ ਆਰਤੀ ਪੁਜਾਰਾ ਪੁੱਤਰ ਸੁਰੇਸ਼ ਕੁਮਾਰ ਪੁਜਾਰਾ, ਵਾਸੀ ਮਕਾਨ ਨੰਬਰ 3348, ਐਮ ਆਈ ਜੀ ਫਲੈਟ, ਫੇਸ 2, ਸਤਪਾਲ ਮਿੱਤਲ ਸਕੂਲ ਰੋਡ, ਦੁੱਗਰੀ, ਸ਼ਹੀਦ ਐਵੇਨਿਊ, ਲੁਧਿਆਣਾ ਇਹ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰਿਤਿਕ ਪੁਜਾਰਾ ਮੇਰੇ ਕਹਿਣ ਤੋਂ ਬਾਹਰ ਹੈ ਇਸ ਲਈ ਮੈਂ ਉਸਨੂੰ ਆਪਣੀ ਚੱਲ ਅਚਲ ਬੇਦਖਲ ਕਰਦਾ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਸੁਖਵਿੰਦਰ ਕੌਰ ਪਤਨੀ ਲੇਟ ਜਸਵਿੰਦਰ ਸਿੰਘ ਵਾਸੀ 260, ਗਲੀ ਨੰਬਰ 8, ਈਸਟ ਹੁਸੇਨਪੁਰਾ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਅਰਸ਼ਦੀਪ ਕੌਰ (ਤਲਾਕਸ਼ੁਦਾ) ਮੇਰੇ ਕਹਿਣੇ ਤੋਂ ਬਾਹਰ ਹੈ, ਮੇਰੇ ਨਾਲ ਲੜਾਈ-ਝਗੜਾ ਕਰਦੀ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਸ਼ਤਰੰਜ ਮੁਕਾਬਲੇ 'ਚ ਆਰ ਡੀ ਖੋਸਲਾ ਸਕੂਲ ਦੇ ਵਿਦਿਆਰਥੀਆਂ ਨੂੰ ਪਹਿਲਾ ਸਥਾਨ ਪ੍ਰਾਪਤ



ਬਟਾਲਾ (ਡਾਕਟਰ ਮਲਵਿੰਦਰ ਸਿੰਘ, ਤਰਲੋਕ ਬੱਗਾ)-ਆਰ.ਡੀ. ਖੋਸਲਾ ਡੀ.ਏ.ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਦੀ ਅੰਡਰ-14 ਅਤੇ 17 ਲੜਕੀਆਂ ਦੀ ਟੀਮ ਨੇ ਪੰਜਾਬ ਸਕੂਲ ਜ਼ੋਨਲ ਪੱਧਰੀ ਸ਼ਤਰੰਜ ਖੇਡ ਮੁਕਾਬਲੇ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਅੰਡਰ 17 ਅਤੇ 19 ਲੜਕਿਆਂ ਦੀ ਟੀਮ ਨੇ ਵੀ ਪਹਿਲਾ ਸਥਾਨ ਪ੍ਰਾਪਤ ਕੀਤਾ । ਜਦ ਕਿ ਅੰਡਰ-19 ਲੜਕੀਆਂ ਦੀ ਟੀਮ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਸ਼ਤਰੰਜ ਮੁਕਾਬਲੇ ਵਿੱਚ ਜ਼ਿਲ੍ਹਾ ਗੁਰਦਾਸਪੁਰ ਦੇ 20 ਸਕੂਲਾਂ ਦੀਆਂ ਟੀਮਾਂ ਨੇ ਹਿੱਸਾ ਲਿਆ। ਜਿਸ ਵਿੱਚ ਆਰ.ਡੀ. ਖੋਸਲਾ ਸਕੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ।

ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੈ ਖੋਸਲਾ ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਜੇਤੂ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਉਨ੍ਹਾਂ ਦੇ ਕੋਚ ਮਨਜਿੰਦਰ ਸਿੰਘ ਅਤੇ ਸ੍ਰੀਮਤੀ ਸ਼੍ਰੇਸ਼ਠਾ ਸ਼ਰਮਾ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਦੀ ਸ਼ਖ਼ਸੀਅਤ ਨੂੰ ਨਿਖਾਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਇਸ ਲਈ, ਹਰ ਵਿਦਿਆਰਥੀ ਨੂੰ ਇਨ੍ਹਾਂ ਮੁਕਾਬਲਿਆਂ ਵਿੱਚ ਬਹੁਤ ਉਤਸ਼ਾਹ ਨਾਲ ਹਿੱਸਾ ਲੈਣਾ ਚਾਹੀਦਾ ਹੈ।

## ਪਨਬਸ/ਪੀ ਆਰ ਟੀ ਸੀ ਦੇ ਕੱਚੇ ਮੁਲਾਜ਼ਮਾਂ ਦੀਆਂ ਮੰਨੀਆਂ ਮੰਗਾਂ ਦਾ ਹੱਲ ਕਰਨ ਦੇ ਬਿਆਨ ਦੀ ਨਿਕਲੀ ਫੂਕ : ਰੇਸ਼ਮ ਸਿੰਘ ਗਿੱਲ



ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ): ਪੰਜਾਬ ਰੋਡਵੇਜ਼/ਪਨਬਸ/ਪੀਆਰਟੀਸੀ ਕੰਟਰੈਕਟ ਵਰਕਰਜ਼ ਯੂਨੀਅਨ ਨੇ ਪੰਜਾਬ ਸਰਕਾਰ 'ਤੇ ਆਪਣੇ ਵਾਅਦਿਆਂ ਤੋਂ ਮੁਕਰਨ ਦਾ ਦੋਸ਼ ਲਾਇਆ ਹੈ। ਯੂਨੀਅਨ ਦਾ ਕਹਿਣਾ ਹੈ ਕਿ ਸਰਕਾਰ ਨੇ ਮੁਲਾਜ਼ਮਾਂ ਨੂੰ ਪੱਕਾ ਕਰਨ ਤੇ ਹੋਰ ਮੰਗਾਂ ਮੰਨਣ ਦਾ ਭਰੋਸਾ ਦਿੱਤਾ ਸੀ, ਪਰ ਅਜੇ ਤੱਕ ਕੁਝ ਨਹੀਂ ਕੀਤਾ ਗਿਆ।

ਯੂਨੀਅਨ ਨੇ ਵਿਭਾਗ ਵਿਚ ਸਰਕਾਰੀ ਬੱਸਾਂ ਦੀ ਥਾਂ ਪ੍ਰਾਈਵੇਟ ਕਿਲੋਮੀਟਰ ਸਕੀਮ ਬੱਸਾਂ ਲਿਆਉਣ ਦੀ ਵੀ ਸਖ਼ਤ ਨਿੰਦਾ ਕੀਤੀ ਹੈ। ਯੂਨੀਅਨ ਦੇ ਸੂਬਾ ਪ੍ਰਧਾਨ ਰੇਸ਼ਮ ਸਿੰਘ ਗਿੱਲ ਨੇ ਕਿਹਾ ਕਿ ਮੁੱਖ ਮੰਤਰੀ ਨੇ 1 ਜੁਲਾਈ 2024 ਨੂੰ ਮੰਗਾਂ ਹੱਲ ਕਰਨ ਲਈ ਇਕ ਕਮੇਟੀ ਬਣਾਈ ਸੀ, ਪਰ ਇਕ ਸਾਲ ਬਾਅਦ ਵੀ ਕੋਈ ਹੱਲ ਨਹੀਂ ਨਿਕਲਿਆ। ਉਨ੍ਹਾਂ ਦੱਸਿਆ ਕਿ 9 ਜੁਲਾਈ ਨੂੰ ਹੋਈ ਹੜਤਾਲ ਦੌਰਾਨ ਟਰਾਂਸਪੋਰਟ ਅਤੇ ਵਿੱਤ ਮੰਤਰੀ ਨੇ ਮੀਡੀਆ ਸਾਹਮਣੇ ਮੰਗਾਂ ਮੰਨਣ ਦਾ ਭਰੋਸਾ ਦਿੱਤਾ ਸੀ, ਪਰ ਉਹ ਬਿਆਨ ਸਿਰਫ਼ ਹਵਾ ਵਿਚ ਹੀ ਰਹਿ ਗਿਆ। ਯੂਨੀਅਨ ਦਾ ਕਹਿਣਾ ਹੈ ਕਿ ਪੰਜਾਬ ਸਰਕਾਰ ਨਿੱਜੀਕਰਨ ਨੂੰ ਉਤਸ਼ਾਹਤ ਕਰ ਰਹੀ ਹੈ। ਉਨ੍ਹਾਂ ਨੇ ਪ੍ਰਾਈਵੇਟ ਕਿਲੋਮੀਟਰ ਸਕੀਮ ਤਹਿਤ ਬੱਸਾਂ ਖਰੀਦਣ ਦੇ ਟੈਂਡਰ ਦਾ ਵਿਰੋਧ ਕੀਤਾ ਹੈ। ਉਨ੍ਹਾਂ ਦਾ ਇਲਜ਼ਾਮ ਹੈ ਕਿ ਪ੍ਰਾਈਵੇਟ ਬੱਸ ਮਾਲਕਾਂ ਨੂੰ ਮੁਨਾਫ਼ਾ ਦੇਣ ਲਈ ਸਰਕਾਰੀ ਬੱਸਾਂ ਨੂੰ ਘਾਟੇ ਵਿਚ ਦਿਖਾਇਆ ਜਾ ਰਿਹਾ ਹੈ। ਯੂਨੀਅਨ ਨੇ ਕਿਹਾ ਕਿ ਜੇਕਰ ਸਰਕਾਰ ਨੇ ਇਹ ਟੈਂਡਰ ਰੱਦ ਨਾ ਕੀਤਾ ਅਤੇ ਮੁਲਾਜ਼ਮਾਂ ਦੀਆਂ ਮੰਗਾਂ ਨਾ ਮੰਨੀਆਂ, ਤਾਂ ਉਹ ਸੜਕਾਂ ਜਾਮ ਕਰਕੇ ਤੇ ਮੁੱਖ ਮੰਤਰੀ ਦੀ ਰਿਹਾਇਸ਼ 'ਤੇ ਧਰਨਾ ਲਗਾ ਕੇ ਤਿੱਖਾ ਸੰਘਰਸ਼ ਕਰਨਗੇ। ਇਸ ਤੋਂ ਇਲਾਵਾ 15 ਅਗਸਤ ਨੂੰ ਆਜ਼ਾਦੀ ਦਿਵਸ ਦੀ ਬਜਾਏ 'ਗੁਲਾਮੀ ਦਿਵਸ' ਮਨਾਉਣ ਦਾ ਵੀ ਐਲਾਨ ਕੀਤਾ ਗਿਆ ਹੈ। ਯੂਨੀਅਨ ਨੇ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਦੀਆਂ ਤਾਰਾਂ ਦਿੱਲੀ ਤੋਂ ਹਿੱਲ ਰਹੀਆਂ ਹਨ ਤੇ ਦਿੱਲੀ ਵਾਲੇ ਕਾਰਪੋਰੇਟ ਘਰਾਣਿਆਂ ਦੇ ਹੱਥਾਂ ਵਿਚ ਹਨ। ਇਸ ਨਾਲ ਪੰਜਾਬ ਦੇ ਨੌਜਵਾਨਾਂ ਦਾ ਲਗਾਤਾਰ ਸ਼ੋਸ਼ਣ ਹੋ ਰਿਹਾ ਹੈ। ਉਨ੍ਹਾਂ ਨੇ ਇਹ ਵੀ ਕਿਹਾ ਕਿ 7 ਅਗਸਤ ਨੂੰ ਰੱਖੜੀ ਦਾ ਤਿਉਹਾਰ ਹੋਣ ਦੇ ਬਾਵਜੂਦ ਮੁਲਾਜ਼ਮਾਂ ਨੂੰ ਤਨਖਾਹਾਂ ਨਹੀਂ ਮਿਲੀਆਂ।

### ਉੱਤਰ ਰੇਲਵੇ

**ਈ-ਨਿਵਿਦਾ ਸੂਚਨਾ**

ਨਿਵਿਦਾ ਸੂਚਨਾ ਨੰ. 433-ਸਿਗ- ਟੀ-25-25-26 ਮਿਤੀ 07-08-2025

ਬੰਦ ਹੋਣ ਦੀ ਮਿਤੀ/ਸਮਾਂ: ਨੂੰ 29.08.2025 ਨੂੰ 14:00 ਵਜੇ

ਸੀਨੀਅਰ ਮੰਡਲ ਸੰਕੇਤ ਅਤੇ ਦੂਰਸੰਚਾਰ ਇੰਜੀਨੀਅਰ, ਉੱਤਰ ਰੇਲਵੇ, ਫਿਰੋਜ਼ਪੁਰ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਟੈਂਡਰ ਨੰ. 433-ਸਿਗ/ਟੀ-25/25-26 ਈ ਟੈਂਡਰਿੰਗ ਦੇ ਮਾਧਿਅਮ ਨਾਲ ਮਿਤੀ 29.08.2025 ਨੂੰ 15:00 ਵਜੇ ਤਕ ਵੈਬਸਾਈਟ https://www.ireps.gov.in 'ਤੇ ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਆਪਣੇ ਟੈਂਡਰ ਅਸਲੀ/ਸੰਸ਼ੋਧਿਤ ਤੈਅ ਕੀਤੇ ਗਏ ਸਮੇਂ ਅਤੇ ਮਿਤੀ ਤਕ ਜ਼ਰੂਰ ਜਮ੍ਹਾਂ ਕਰਾਉਣ ਇਸ ਟੈਂਡਰ ਦੇ ਤਹਿਤ ਮੈਨੂਅਲ ਟੈਂਡਰ ਵਰਜਿਤ ਹੈ ਅਤੇ ਜੇਕਰ ਕੋਈ ਮੈਨੂਅਲ ਟੈਂਡਰ ਪ੍ਰਾਪਤ ਹੋਵੇਗੀ ਤਾਂ ਉਹ ਮਾਨਯ ਨਹੀਂ ਹੋਵੇਗੀ।

ਠੇਕੇਦਾਰਾਂ ਦੁਆਰਾ ਟੈਂਡਰ ਡਾਕੂਮੈਂਟ ਦੀ ਕੀਮਤ ਅਤੇ ਬਿਆਨਾ ਰਾਸ਼ੀ ਜੋ ਕਿ ਇਸ ਟੈਂਡਰ ਦੇ ਲਈ ਮਾਨਯ ਹੈ ਉਹ ਕੇਵਲ ਆਈਆਰਈਪੀਐਸ ਪੋਰਟਲ ਜਿਵੇਂ ਕਿ ਨੈਟ ਬੈਂਕਿੰਗ, ਡੈਬਿਟ ਕਾਰਡ, ਕਰੈਡਿਟ ਕਾਰਡ ਆਦਿ ਦੁਆਰਾ ਸਵੀਕ੍ਰਿਤ ਕੀਤੀ ਜਾਵੇਗੀ ਇਸ ਦੇ ਇਲਾਵਾ ਡਿਮਾਂਡ ਡ੍ਰਾਫਟ, ਬੈਂਕਰ ਚੈਕ, ਡਿਪੋਜ਼ਿਟ ਰਸੀਦ, ਐਫਡੀਆਰ ਆਦਿ ਦੇ ਮਾਧਿਅਮ ਦੁਆਰਾ ਜਮ੍ਹਾ ਕਰਵਾਈ ਗਈ ਰਾਸ਼ੀ ਮਾਨਯ ਨਹੀਂ ਹੋਵੇਗੀ।

ਐਨ.ਆਈ.ਟੀ

ਕੰਮ ਦਾ ਨਾਮ : ਡੀਐਸਟੀਈ/ਫਿਰੋਜ਼ਪੁਰ ਦੇ ਅਨੁਭਾਗਾਂ ਦੇ ਲਈ ਇਕ ਸਾਲ ਦੇ ਲਈ ਅਨੁਭਾਗੀਯ ਸਿਗਨਲ ਰਖਰਖਾਵ ਕਾਂਟਰੈਕਟ (ਐਸਐਸਐਮਸੀ)

| | | | |
|---|---|---|---|
| ਟੈਂਡਰ ਬੰਦ ਕਰਨ ਦੀ ਮਿਤੀ ਅਤੇ ਸਮਾਂ | 29/08/2025 14:00 | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 06/08/2025 13:35 |
| ਅੰਦਾਜਨ ਕੀਮਤ | 14984554.68 | ਬਿਡਿੰਗ ਸ਼ੁਰੂ ਦੀ ਮਿਤੀ ਆਈਆਰਈਪੀਐਸ | 15/08/2025 |
| ਬਿਆਨਾ ਰਾਸ਼ੀ (ਰੁ) | 224900.00 | ਕੰਮ ਪੂਰਾ ਕਰਨ ਦਾ ਸਮਾਂ | 12 ਮਹੀਨੇ |

ਨੋਟ: ਨਿਵਿਦਾਕਰਤਾ ਰੈਗੂਲਰ ਤੌਰ ਤੇ ਵੈਬਸਾਈਟ ਦੇ ਸੰਪਰਕ ਵਿਚ ਰਹਿ ਕੇ ਨਿਵਿਦਾ ਸੰਸ਼ੋਧਨਾਂ, ਸ਼ੁਧੀਪੱਤਰ ਆਦਿ ਦੇ ਬਾਰੇ ਵਿਚ ਖੁਦ ਨੂੰ ਅਪਡੇਟ ਰਖਣ।

2410/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

8 Aug Page 8.qxd 8/7/2025 10:29 PM Page 1



# 45 ਨਸ਼ੀਲੀਆਂ ਗੋਲੀਆਂ ਸਮੇਤ ਕਾਬੂ



**ਬੰਗਾ (ਅਵਤਾਰ ਕਲੇਰ)**- ਥਾਣਾ ਮੁਕੰਦਪੁਰ ਦੀ ਪੁਲਸ ਵੱਲੋਂ ਨਾਕਾਬੰਦੀ ਦੌਰਾਨ ਇੱਕ ਨੌਜਵਾਨ ਕੋਲੋਂ 45 ਨਸ਼ੀਲੀਆਂ ਗੋਲੀਆਂ ਬਰਾਮਦ ਕਰਨ ਦਾ ਦਾਅਵਾ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਥਾਣਾ ਮੁਕੰਦਪੁਰ ਦੇ ਐੱਸ ਐੱਚ ਓ ਮਹਿੰਦਰ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਪੁਲਿਸ ਦੀਆਂ ਹਦਾਇਤਾਂ ਅਧੀਨ 'ਯੁੱਧ ਨਸ਼ਿਆ ਵਿਰੁੱਧ' ਮੁਹਿਮ ਵਿੱਚ ਥਾਣਾ ਮੁਕੰਦਪੁਰ ਦੀ ਪੁਲਿਸ ਨੂੰ ਉਸ ਸਮੇਂ ਸਫਲਤਾ ਪ੍ਰਾਪਤ ਹੋਈ ਜਦੋਂ ਸਬ ਇੰਸਪੈਕਟਰ ਰਾਮ ਲਾਲ ਸਮੇਤ ਸਾਥੀ ਕਰਮਚਾਰੀਆਂ ਗਸ਼ਤ ਕਰਦੇ ਹੋਏ ਪਿੰਡ ਖਾਨਖਾਨਾਂ ਮੌਜੂਦ ਸੀ ਤਾਂ ਖਾਨਖਾਨਾਂ ਤੋਂ ਸੰਦੀਪ ਕੁਮਾਰ ਉਰਫ ਸੀਪਾ ਪੁੱਤਰ ਸ਼ਿੰਦਾ ਰਾਮ ਵਾਸੀ ਖਾਨਖਾਨਾ ਪਾਸੋਂ 45 ਨਸ਼ੀਲੀਆਂ ਗੋਲੀਆ ਬਰਾਮਦ ਹੋਈਆ, ਜਿਸ ਨੂੰ ਪੁੱਛਗਿੱਛ ਤੋ ਬਾਅਦ ਗ੍ਰਿਫਤਾਰ ਕੀਤਾ ਗਿਆ। ਉਸ ਦੇ ਖ਼ਿਲਾਫ਼ ਨਸ਼ਾ ਐਕਟ ਅਧੀਨ ਮੁੱਕਦਮਾ ਦਰਜ ਕੀਤਾ ਗਿਆ। ਥਾਣਾ ਦੇ ਰਿਕਾਰਡ ਪੜਤਾਲ ਤੋਂ ਇਸ ਖਿਲਾਫ 3 ਮੁੱਕਦਮੇ ਹੋਰ ਨਸ਼ੇ ਦੇ ਦਰਜ ਹੋਣੇ ਪਾਏ ਗਏ। ਦੋਸ਼ੀ ਨੂੰ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਤੇ ਇਸ ਪਾਸੋਂ ਪੁੱਛਗਿੱਛ ਕੀਤੀ ਜਾਵੇਗੀ।



# ਲੁਠੇੜੀ ਸਕੂਲ ਵਿਖੇ ਜ਼ੋਨਲ ਖੇਡਾਂ ਸ਼ੁਰੂ

**ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੋਬੀ)**— ਖੇਡਾਂ ਵਿਦਿਆਰਥੀ ਜੀਵਨ ਲਈ ਬਹੁਤ ਜ਼ਰੂਰੀ ਹਨ,ਇਹ ਵਿਦਿਆਰਥੀਆਂ ਵਿੱਚ ਜਿੱਥੇ ਮੁਕਾਬਲੇ ਦੀ ਭਾਵਨਾ ਪੈਦਾ ਕਰਦੀਆਂ ਹਨ ,ਉੱਥੇ ਅਨੇਕਾਂ ਨੈਤਿਕ ਗੁਣ ਵੀ ਵਿਦਿਆਰਥੀਆਂ ਦੀ ਸ਼ਖਸ਼ੀਅਤ ਵਿੱਚ ਸ਼ਾਮਿਲ ਕਰਦੀਆਂ ਹਨ । ਖੇਡਾਂ ਹੀ ਬੱਚਿਆਂ ਨੂੰ ਜਿੱਤ ਦਾ ਮੰਤਰ ਸਿਖਾਉਣੀਆਂ ਹਨ ,ਜਿਸ ਨਾਲ ਵਿਦਿਆਰਥੀ ਜਿੰਦਗੀ ਵਿੱਚ ਬੁਲੰਦੀਆਂ ਛੂ ਸਕਦਾ ਹੈ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੁਠੇੜੀ ਵਿਖੇ ਸ਼ੁਰੂ ਹੋਈਆਂ ਬਲਾਕ ਮੋਰਿੰਡਾ ਦੀਆਂ ਜੋਨਲ ਸਕੂਲ ਖੇਡਾਂ ਦੀ ਸ਼ੁਰੂਆਤ ਕਰਾਉਂਦਿਆਂ ਪ੍ਰਿੰਸੀਪਲ ਇੰਦਰਜੀਤ ਕੌਰ ਨੇ ਕੀਤਾ । ਖੇਡਾਂ ਦੇ ਜਨਰਲ ਸਕੱਤਰ ਸੁਰਮੁੱਖ ਸਿੰਘ , ਪੰਜਾਬੀ ਅਧਿਆਪਕ ਧਰਮਿੰਦਰ ਸਿੰਘ ਭੰਗੂ ਅਤੇ ਕਾਰਜਕਾਰੀ ਸਕੱਤਰ ਰਵਿੰਦਰ ਸਿੰਘ ਧਨੌਰੀ ਨੇ ਦੱਸਿਆ ਕਿ ਖੇਡਾਂ ਦੇ ਪਹਿਲੇ ਦਿਨ ਲੜਕੀਆਂ ਦੇ ਖੋ -ਖੋ ਵਾਲੀਬਾਲ ਅਤੇ ਬੈਡਮਿੰਟਨ ਦੇ ਮੁਕਾਬਲੇ ਕਰਵਾਏ ਗਏ । ਇਸ ਤੋਂ ਇਲਾਵਾ ਲੜਕਿਆਂ ਦੇ ਪੰਜਾਬ ਸਟਾਈਲ ਕਬੱਡੀ ਦੇ ਮੁੱਢਲੇ ਗੇੜਾਂ ਦੇ ਮੁਕਾਬਲੇ ਵੀ ਕਰਵਾਏ ਗਏ । ਕਰਵਾਏ ਗਏ ਬੈਡਮਿੰਟਨ ਦੇ ਮੁਕਾਬਲਿਆਂ ਵਿੱਚ ਸਾਰੇ ਉਮਰ ਵਰਗਾਂ ਵਿੱਚ ਭਾਈ ਨੰਦ ਲਾਲ ਸਕੂਲ ਮੋਰਿੰਡਾ ਦੀ ਚੜ੍ਹਤ ਰਹੀ । ਕਬੱਡੀ ਲੜਕਿਆਂ ਉਮਰ ਵਰਗ 14 ਸਾਲ ਢੰਗਰਾਲੀ ਨੇ ਪਹਿਲਾ, ਸਹੇੜੀ ਨੇ ਦੂਜਾ ਅਤੇ ਧਨੌਰੀ ਨੇ ਤੀਜਾ ਸਥਾਨ ਹਾਸਿਲ ਕੀਤਾ । ਉਮਰ ਵਰਗ 17 ਸਾਲ ਵਿੱਚ ਢੰਗਰਾਲੀ ਦੇ ਪਹਿਲਾਂ, ਸਲੇਮਪੁਰ ਨੇ ਦੂਜਾ ਅਤੇ ਮੋਰਿੰਡਾ ਨੇ ਤੀਜਾ ਸਥਾਨਾ ਹਾਸਲ ਕੀਤਾ ਜਦੋਂ ਕਿ ਉਮਰ ਵਰਗ 19 ਸਾਲ ਵਿੱਚ ਬੂਰਮਾਜਰਾ ਸਕੂਲ ਨੇ ਪਹਿਲਾ, ਅਤੇ ਲੜਕੀਆਂ ਉਮਰ ਵਰਗ 19 ਸਾਲ ਵਿੱਚ ਸਲੇਮਪੁਰ ਸਕੂਲ ਨੇ ਪਹਿਲਾ ਸਥਾਨ ਹਾਸਲ ਕੀਤਾ। ਇਸ ਮੌਕੇ ਗੁਰਇੰਦਰ ਸਿੰਘ, ਗੁਰਪਾਲ ਸਿੰਘ , ਅਮਨਦੀਪ ਸਿੰਘ ,ਸਰਬਜੀਤ ਕੌਰ , ਹਰਦੀਪ ਕੌਰ ,ਰਵਿੰਦਰ ਕੌਰ, ਗੁਰਮੀਤ , ਅੰਜੂ ਬਾਲਾ ਅਤੇ ਰਾਜਵੀਰ ਸਿੰਘ ਆਦਿ ਹਾਜ਼ਰ ਸਨ।

# ਤੀਆਂ ਦਾ ਤਿਉਹਾਰ ਮਨਾਇਆ



**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ)**- ਹੁਸ਼ਿਆਰਪੁਰ ਚਿੰਤਪੁਰਨੀ ਮਾਰਗ ਤੇ ਪੈਂਦੇ ਪਿੰਡ ਕੋਟਲਾ ਗੌਂਸਪੁਰ 'ਚ ਵੀ ਵੱਡੀ ਗਿਣਤੀ 'ਚ ਔਰਤਾਂ ਅਤੇ ਲੜਕੀਆਂ ਵੱਲੋਂ ਪੰਚਾਇਤ ਮੈਂਬਰ ਜੋਗਿੰਦਰ ਕੌਰ ਵੱਲੋਂ ਆਯੋਜਿਤ ਤੀਆਂ ਦੇ ਤਿਉਹਾਰ ਸਬੰਧੀ ਪ੍ਰੋਗਰਾਮ 'ਸਾਂਝ' ਵਿੱਚ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਇਸ ਮੌਕੇ ਤੀਆਂ ਦਾ ਤਿਉਹਾਰ ਮਨਾਉਣ ਵਿਦੇਸ਼ ਤੋਂ ਆਈਆਂ ਐੱਨ ਆਰ ਆਈ ਲੜਕੀਆਂ ਨੇ ਦੱਸਿਆ ਕਿ ਬੇਸ਼ੱਕ ਵਿਦੇਸ਼ ਵਿੱਚ ਵੀ ਤੀਆਂ ਦਾ ਤਿਉਹਾਰ ਮਨਾਇਆ ਜਾਂਦਾ ਹੈ ਪਰ ਫਿਰ ਵੀ ਆਪਣੇ ਦੇਸ਼ ਪੰਜਾਬ ਆ ਕੇ ਆਪਣੇ ਲੋਕਾਂ ਨਾਲ ਤਿਉਹਾਰ ਤੇ ਖੁਸ਼ੀਆਂ ਮਨਾਉਣ ਵਰਗਾ ਅਹਿਸਾਸ ਹੋਰ ਕਿਧਰੇ ਨਹੀਂ ਮਿਲਦਾ। ਇਸ ਮੌਕੇ ਹਰ ਉਮਰ ਦੀਆਂ ਲੜਕੀਆਂ ਤੇ ਔਰਤਾਂ ਨੇ ਤੀਆਂ ਦੇ ਇਸ ਪ੍ਰੋਗਰਾਮ 'ਸਾਂਝ' ਵਿੱਚ ਹਿੱਸਾ ਲਿਆ, ਉੱਥੇ ਗਿੱਧਾ, ਬੋਲੀਆਂ, ਚਰਖਾ ਕੱਤਣਾ ਸਮੇਤ ਕਈ ਸੱਭਿਆਚਾਰਕ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਪੰਚਾਇਤ ਮੈਂਬਰ ਜੋਗਿੰਦਰ ਕੌਰ, ਡਿੰਪਲ, ਪੂਨਮ, ਕਾਇਆ ਧੀਮਾਨ, ਮਨੀ ਵਾਲੀਆ, ਜੋਤੀ ਸੂਦ, ਡਾਕਟਰ ਕ੍ਰਿਤੀਕਾ ਅੱਤਰੀ ਕੇਨੈਡਾ, ਸਿਮਰਨਜੀਤ ਕੌਰ, ਖੁਸ਼ਬੂ ਵਰਮਾ, ਜਗਦੀਸ਼ ਕੌਰ, ਨੇਹਾ, ਪ੍ਰੇਮ ਅੱਤਰੀ, ਗੀਤਾ, ਮਨਦੀਪ ਆਦਿ ਹਾਜ਼ਰ ਸਨ।

## ਪੰਡੋਰੀ ਵਿਖੇ ਫ੍ਰੀ ਆਯੂਸ਼ ਕੈਂਪ 11 ਨੂੰ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਡਾਇਰੈਕਟਰ ਆਯੁਰਵੇਦਾ, ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾ ਅਨੁਸਾਰ ਜ਼ਿਲ੍ਹਾ ਆਯੁਰਵੈਦਿਕ ਤੇ ਯੂਨਾਨੀ ਅਫ਼ਸਰ ਡਾ. ਕੁਸਮ ਗੁਪਤਾ ਦੀ ਅਗਵਾਈ ਹੇਠ ਫਰੀ ਮੈਡੀਕਲ ਕੈਂਪ 11 ਅਗਸਤ ਦਿਨ ਸੋਮਵਾਰ ਨੂੰ ਆਯੂਸ਼ਮਾਨ ਅਰੋਗਿਆ ਕੇਂਦਰ ਪਿੰਡ ਪੰਡੋਰੀ ਤਹਿਸੀਲ ਫਗਵਾੜਾ ਵਿਖੇ ਸਵੇਰੇ 9 ਤੋਂ ਸ਼ਾਮ 4 ਵਜੇ ਤੱਕ ਲਗਾਇਆ ਜਾ ਰਿਹਾ ਹੈ। ਡਾ. ਜਸਪਾਲ ਸਿੰਘ ਆਯੁਰਵੈਦਿਕ ਮੈਡੀਕਲ ਅਫਸਰ ਪੰਡੋਰੀ ਨੇ ਦੱਸਿਆ ਕਿ ਇਸ ਕੈਂਪ ਦੌਰਾਨ ਪੇਟ ਦੇ ਰੋਗਾਂ, ਜੋੜਾਂ ਦੇ ਦਰਦ, ਸ਼ੂਗਰ, ਮਹਿਲਾ ਰੋਗ, ਬਲੱਡ ਪ੍ਰੈਸ਼ਰ ਤੇ ਖਾਂਸੀ ਆਦਿ ਬਿਮਾਰੀਆਂ ਨਾਲ ਪੀੜ੍ਹਤ ਮਰੀਜਾਂ ਦੀ ਜਾਂਚ ਕਰਕੇ ਲੋੜ ਅਨੁਸਾਰ ਦਵਾਈ ਦਿੱਤੀ ਜਾਵੇਗੀ। ਕੈਂਪ 'ਚ ਆਏ ਮਰੀਜ਼ਾਂ ਨੂੰ ਸਰੀਰ ਦੀ ਤਾਸੀਰ ਅਤੇ ਮੌਸਮ ਮੁਤਾਬਕ ਅਹਾਰ-ਵਿਹਾਰ 'ਚ ਬਦਲਾਅ ਸਬੰਧੀ ਵਢਮੁੱਲੀ ਜਾਣਕਾਰੀ ਵੀ ਦਿੱਤੀ ਜਾਵੇਗੀ ਤਾਂ ਜੋ ਵਿਅਕਤੀ ਸਰੀਰਕ ਅਤੇ ਮਾਨਸਿਕ ਤੌਰ 'ਤੇ ਸਿਹਤਮੰਦ ਰਹਿ ਸਕੇ।

## ਮਾਈਨਿੰਗ ਐਕਟ ਦੀਆਂ ਉੱਡ ਰਹੀਆਂ ਸ਼ਰੇਆਮ ਧੱਜੀਆਂ, ਪ੍ਰਸ਼ਾਸਨ ਬੇਵੱਸ

**ਗੜ੍ਹਸ਼ੰਕਰ (ਫੂਲਾ ਸਿੰਘ)** ਇਲਾਕੇ ਅੰਦਰ ਨਜਾਇਜ਼ ਮਾਈਨਿੰਗ ਦੀਆਂ ਸ਼ਰੇਆਮ ਧੱਜੀਆਂ ਉਡਦੀਆਂ ਹਰ ਦਿਨ ਨਜ਼ਰ ਆ ਰਹੀਆਂ ਹਨ। ਜਿਸ ਨੂੰ ਦੇਖ ਕੇ ਲੱਗਦਾ ਹੈ ਕਿ ਪ੍ਰਸ਼ਾਸਨ ਬੇਵੱਸ ਹੋ ਕੇ ਹੀ ਰਹਿ ਚੁੱਕਾ ਹੈ ਕਿਉਂਕਿ ਇਲਾਕੇ ਅੰਦਰ ਮਿੱਟੀ ਢੋਣ ਵਾਲੇ ਵਾਹਨਾਂ ਦੀ ਇਹ ਸਥਿਤੀ ਬਣ ਚੁੱਕੀ ਹੈ ਕਿਸ ਸਕੂਲ ਦੇ ਸਮੇਂ ਵੀ ਇਹ ਵਾਹਨ ਨਹੀਂ ਰੁਕ ਰਹੇ ਜਿਸ ਨਾਲ ਹਰ ਸਮੇਂ ਕਿਸੇ ਨਾ ਕਿਸੇ ਹਾਦਸਾ ਹੋਣ ਦਾ ਖਦਸ਼ਾ ਬਣਿਆ ਰਹਿੰਦਾ ਹੈ ਕਿਉਂਕਿ ਮਿੱਟੀ ਢੋਣ ਵਾਲੇ ਵਾਹਨਾਂ ਨਾਲ ਪਹਿਲਾਂ ਵੀ ਇਸ ਇਲਾਕੇ ਵਿੱਚ ਕਈ ਜਾਨਲੇਵਾ ਹਾਦਸੇ ਵਾਪਰ ਚੁੱਕੇ ਹਨ।ਸਵੇਰ ਸਕੂਲ ਦੇ ਸਮੇਂ ਪਿੰਡਾਂ ਵਿੱਚੋਂ ਸਕੂਲ ਜਾਣ ਵਾਲੇ ਬੱਚੇ ਲਾਗੇ ਦੇ ਸਕੂਲਾਂ



ਵਿੱਚ ਜਾਂਦੇ ਹਨ ਪਰ ਦੇਖਿਆ ਜਾਵੇ ਤਾਂ ਇਹਨਾਂ ਬੱਚਿਆਂ ਦੀ ਇਹਨਾਂ ਮਾਈਨਿੰਗ ਕਰਨ ਵਾਲਿਆਂ ਨੂੰ ਕੋਈ ਪ੍ਰਵਾਹ ਨਹੀਂ ਹੈ । ਇੱਥੇ ਇਹ ਵੀ ਦੱਸਣਾ ਬਣਦਾ ਹੈ ਕਿ ਸਥਾਨਕ ਸ਼ਹਿਰ ਅੰਦਰੋਂ ਪੁਲਸ ਨਾਕਿਆਂ ਅਤੇ ਭਰੇ ਬਜ਼ਾਰ ਵਿੱਚੋ ਸ਼ਰੇਆਮ ਮਿੱਟੀ ਨਾਲ ਭਰੀਆਂ ਟਰਾਲੀਆਂ ਹਰ ਦਿਨ ਲੰਘਦੀਆਂ ਹਨ । ਇੱਥੇ ਇਹ ਵੀ ਦੱਸਣਾ ਬਣਦਾ ਹੈ ਕਿ ਲੰਘ ਰਹੀਆਂ ਓਵਰਲੋਡ ਟਰਾਲੀਆਂ ਬਿਨਾਂ ਢੱਕੇ ਤੇਜ ਰਫਤਾਰ ਵਿੱਚ ਵੀ ਹੁੰਦੀਆਂ ਹਨ ।ਇਸ ਸਬੰਧੀ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਸਕੱਤਰ ਗੁਰਨੇਕ ਸਿੰਘ ਭੱਜਲ ਨੇ ਕਿਹਾ ਕਿ ਲੋੜ ਸੀ ਇਸ ਕੁਦਰਤੀ ਵਾਤਾਵਰਣ ਬਚਾਉਣ ਦੀ ਪਰ ਇਲਾਕੇ ਵਿੱਚੋਂ ਮਾਈਨਿੰਗ ਬੰਦ ਕਰਵਾਉਣ ਲਈ ਸੂਬਾ ਸਰਕਾਰ ਅਸਫਲ ਰਹੀ ਹੈ। ਇਸ ਸਬੰਧੀ ਜਦੋਂ ਸੰਬੰਧਿਤ ਵਿਭਾਗ ਨਾਲ ਗੱਲ ਕੀਤੀ ਤਾਂ ਐਸਡੀਓ ਹਰਜਿੰਦਰ ਸਿੰਘ ਨੇ ਪਹਿਲਾ ਦੀ ਤਰ੍ਹਾਂ ਹਾਸੋਹੀਣੀ ਜਵਾਬ ਦਿੰਦਿਆਂ ਕਿਹਾ ਹੈ ਕਿ ਉਹ ਆਪਣੀ ਟੀਮ ਭੇਜ ਕੇ ਸਖਤੀ ਨਾਲ ਟਰਾਲੀਆਂ ਬੰਦ ਕਰਵਾਉਣਗੇ ਪਰ ਦੇਖਣਾ ਹੋਏਗਾ ਕਿ ਇਹ ਅਸਰ ਇਹਨਾਂ ਟਰਾਲੀਆਂ ਵਾਲਿਆਂ 'ਤੇ ਕਿੰਨਾ ਸਮਾਂ ਰਹਿੰਦਾ ਹੈ।

## ਭਾਰਤ 'ਚ ਡੋਨਾਲਡ ਟਰੰਪ ਦੇ ਰੀਅਲ ਅਸਟੇਟ ਕਾਰੋਬਾਰਾਂ ਦੀ ਹੋਵੇ ਜਾਂਚ : ਠਾਕੁਰ ਵੀਰ ਪ੍ਰਤਾਪ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਡੋਨਾਲਡ ਟਰੰਪ ਉਰਫ਼ ਡੋਨਾਲਡ ਟੈਰਿਫ਼ ਦੇ ਭਾਰਤ ਵਿੱਚ ਫੈਲੇ ਰੀਅਲ ਅਸਟੇਟ ਕਾਰੋਬਾਰਾਂ ਦੀ ਵੱਡੇ ਪੱਧਰ 'ਤੇ ਜਾਂਚ ਹੋਣੀ ਚਾਹੀਦੀ ਹੈ। ਇਹ ਮੰਗ ਕੁਦਰਤ ਤੇ ਸਮਾਜਿਕ ਵਾਤਾਵਰਨ ਪ੍ਰੇਮੀ ਠਾਕੁਰ ਵੀਰ ਪ੍ਰਤਾਪ ਰਾਣਾ ਨੇ ਉਠਾਈ। ਡੋਨਾਲਡ ਟਰੰਪ ਦੇ ਟਰੰਪ ਟਾਵਰਸ ਦੇ ਨਾਮ 'ਤੇ ਭਾਰਤ ਦੇ ਬੰਗਲੌਰ, ਮੁੰਬਈ, ਕੋਲਕਾਤਾ, ਪੁਣੇ ਸ਼ਹਿਰਾਂ ਵਿੱਚ ਕਈ ਵੱਡੇ-ਵੱਡੇ ਫਲੈਟ ਬਣ ਰਹੇ ਹਨ, ਜਿਨ੍ਹਾਂ ਦੀ ਕੀਮਤ ਇਸ ਸਮੇਂ 50,00,00,000 ਤੋਂ ਲੈ ਕੇ 90,00,00,000 ਤੱਕ ਜਾਂ ਇਸ ਤੋਂ ਵੀ ਵੱਧ ਹੈ। ਇਸ ਸਮੇਂ ਡੋਨਾਲਡ ਟਰੰਪ ਦੇ ਕਈ ਪ੍ਰੋਜੈਕਟ ਭਾਰਤ ਵਿੱਚ ਚੱਲ ਰਹੇ ਹਨ, ਜਿਨ੍ਹਾਂ ਦੀ ਵਾਤਾਵਰਨ ਨਾਲ ਸਬੰਧਤ ਭਾਰਤੀ ਕਾਨੂੰਨਾਂ ਤਹਿਤ ਪੂਰੀ ਜਾਂਚ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਨੂੰ ਕਰਨੀ ਚਾਹੀਦੀ ਹੈ । ਜਾਂਚ ਏਜੰਸੀਆਂ ਨੂੰ ਜਾਂਚ ਕਰਨੀ ਚਾਹੀਦੀ ਹੈ ਕਿ ਕਿਤੇ ਡੋਨਾਲਡ ਟਰੰਪ ਦੇ ਟਰੰਪ ਟਾਵਰਸ ਵਿੱਚ ਕ੍ਰਿਪਟੋਕਰੰਸੀ ਜਾਂ ਹਵਾਲਾ ਲੈਣ-ਦੇਣ ਦਾ ਪੈਸਾ ਤਾਂ ਨਹੀਂ ਲੱਗ ਰਿਹਾ ਹੈ। ਨੈਸ਼ਨਲ ਗ੍ਰੀਨ ਟ੍ਰਿਬਿਊਨਲ ਨੂੰ ਵੀ ਇਸ ਦੀ ਜਾਂਚ ਕਰਨੀ ਚਾਹੀਦੀ ਹੈ ਕਿ ਡੋਨਾਲਡ ਟਰੰਪ ਦੇ ਜੋ ਭਾਰਤ ਵਿੱਚ ਟਰੰਪ ਟਾਵਰਸ ਬਣ ਰਹੇ ਹਨ ਕੀ ਉਸ ਵਿੱਚ ਵਾਤਾਵਰਨ ਨਿਯਮਾਂ ਦੀ ਉਲੰਘਣਾ ਤਾਂ ਨਹੀਂ ਹੋ ਰਹੀ ਹੈ।

# ਬਾਲ ਭਿੱਖਿਆ ਰੋਕੂ ਜ਼ਿਲ੍ਹਾ ਟਾਸਕ ਫੋਰਸ ਨੇ ਚੈਕਿੰਗ ਦੌਰਾਨ 3 ਬੱਚੇ ਮੁਕਤ ਕਰਵਾਏ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)** ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਮੰਤਰੀ ਡਾ. ਬਲਜੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਤੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਰਹਿਨੁਮਾਈ ਹੇਠ ਪ੍ਰੋਜੈਕਟ ਜੀਵਨਜੋਤ-2 ਚਲਾਇਆ ਜਾ ਰਿਹਾ ਹੈ। ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਗਗਨਦੀਪ ਸਿੰਘ ਦੀ ਅਗਵਾਈ ਵਿਚ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਹਰਪ੍ਰੀਤ ਕੌਰ ਦੀ ਟੀਮ ਦੁਆਰਾ ਬਾਲ ਭਿੱਖਿਆ ਰੋਕੂ ਜ਼ਿਲ੍ਹਾ ਪੱਧਰੀ ਟਾਸਕ ਫੋਰਮ ਨਾਲ ਤਲਵਾੜਾ ਵਿਖੇ ਬਾਲ ਭਿਖਿਆ ਰੋਕੂ ਰੇਡ ਕੀਤੀ ਗਈ। ਇਸ ਰੇਡ ਦੌਰਾਨ ਕਮਾਹੀ ਰੋਡ, ਦਾਤਾਰਪੁਰ ਬੱਸ ਅੱਡਾ, ਸ਼ੀਰ ਦੀ ਖੂਹੀ ਅੱਡਾ, ਕਮਾਹੀ ਦੇਵੀ ਮੰਦਿਰ ਆਦਿ ਸਥਾਨਾ ਤੋਂ 3 ਬੱਚੇ ਬਾਲ ਭਿੱਖਿਆ ਤੋਂ ਮੁਕਤ ਕਰਵਾਏ ਗਏ ਅਤੇ ਬਾਲ ਭਲਾਈ ਕਮੇਟੀ ਸਾਹਮਣੇ ਪੇਸ਼ ਕੀਤੇ ਗਏ। ਬਾਲ ਭਲਾਈ ਕਮੇਟੀ ਵਲੋਂ ਬੱਚਿਆਂ ਦੀ ਕਾਊਂਸਲਿੰਗ ਕੀਤੀ ਗਈ ਅਤੇ ਉਨ੍ਹਾਂ ਦੀ ਭਲਾਈ ਲਈ ਫ਼ੈਸਲਾ ਲਿਆ ਗਿਆ।ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਵੱਲੋਂ ਆਮ ਜਨਤਾ ਨੂੰ ਅਪੀਲ ਕੀਤੀ ਗਈ ਕਿ ਜੇਕਰ ਤੁਹਾਨੂੰ ਕੋਈ ਬੱਚਾ ਭੀਖ ਮੰਗਦਾ ਜਾਂ ਬਾਲ ਮਜ਼ਦੂਰੀ ਕਰਦਾ ਹੋਇਆ ਮਿਲਦਾ ਹੈ, ਤਾਂ ਉਸ ਦੀ ਸੂਚਨਾ ਬਾਲ ਹੈਲਪਲਾਈਨ 1098 'ਤੇ ਦਿੱਤੀ ਜਾਵੇ ਤਾਂ ਜੋ ਤੁਹਾਡੀ ਇਕ ਪਹਿਲ ਕਿਸੇ ਬੱਚੇ ਦੀ ਜ਼ਿੰਦਗੀ ਬਦਲ ਸਕੇ। ਉਨ੍ਹਾਂ ਦੱਸਿਆ ਕਿ 0 ਤੋਂ 18 ਸਾਲ ਦੇ ਬੱਚਿਆਂ ਲਈ



ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਸਕੀਮ ਬਾਰੇ ਜਾਣਕਾਰੀ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ, ਹੁਸ਼ਿਆਰਪੁਰ ਵਿਖੇ ਜਾਂ ਬਾਲ ਹੈਲਪਲਾਈਨ 1098 'ਤੇ ਫੋਨ ਕਰਕੇ ਲਈ ਜਾ ਸਕਦੀ ਹੈ । ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਨੇ ਦੱਸਿਆ ਕਿ ਇਸ ਤਰ੍ਹਾਂ ਦੀ ਰੇਡਸ ਪਹਿਲਾਂ ਵੀ ਹੋ ਰਹੀਆਂ ਹਨ ਅਤੇ ਇਹ ਲਗਾਤਾਰ ਜਾਰੀ ਰਹਿਣਗੀਆਂ। ਜੇਕਰ ਕੋਈ ਮਾਤਾ-ਪਿਤਾ ਬੱਚੇ ਤੋਂ ਬਾਲ ਭਿੱਖਿਆ ਕਰਵਾਉਂਦਾ ਪਾਇਆ ਗਿਆ ਤਾਂ ਮਾਤਾ-ਪਿਤਾ ਤੇ ਵੀ ਕਾਰਵਾਈ ਕੀਤੀ ਜਾਵੇਗੀ। ਬੱਚਿਆਂ ਦੀ ਸੁਰੱਖਿਆ ਅਤੇ ਦੇਖ-ਭਾਲ ਸਬੰਧੀ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ, ਰਾਮ ਕਲੋਨੀ ਕੈਂਪ ਹੁਸ਼ਿਆਰਪੁਰ ਨਾਲ ਤਾਲਮੇਲ ਕੀਤਾ ਜਾ ਸਕਦਾ ਹੈ । ਇਸ ਮੌਕੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਗਗਨਦੀਪ ਸਿੰਘ ਨੇ ਦੱਸਿਆ ਕਿ ਵਿਭਾਗ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਬੱਚਿਆਂ ਤੋਂ ਭਿਖਿਆ ਮੰਗਵਾਉਣ ਵਾਲੇ ਮਾਤਾ-ਪਿਤਾ ਦਾ ਡੀ.ਐਨ.ਏ ਟੈਸਟ ਕੀਤਾ ਜਾਵੇਗਾ ਅਤੇ ਰਿਪੋਰਟ ਮੈਚ ਨਾ ਕਰਨ 'ਤੇ ਉਨ੍ਹਾਂ ਦੇ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਚੇਅਰਪਰਸਨ ਬਾਲ ਭਲਾਈ ਕਮੇਟੀ ਹਰਜੀਤ ਕੌਰ ਨੇ ਦੱਸਿਆ ਕਿ ਬਾਲ ਭਿਖਿਆ ਕਰਵਾਉਣ ਦੇ ਮਾਮਲਿਆ ਵਿੱਚ ਹੁਣ ਤੱਕ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਵੱਖ-ਵੱਖ ਥਾਣਿਆਂ ਵਿੱਚ ਦੋ ਐਫ.ਆਈ.ਆਰ ਦਰਜ ਕਰਵਾਈਆਂ ਜਾ ਚੁੱਕੀਆਂ ਹਨ। ਇਸ ਰੇਡ ਦੌਰਾਨ ਜਸਵਿੰਦਰ ਸਿੰਘ , ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਕੁਮਾਰੀ ਆਸ਼ਮਾ ਸ਼ਰਮਾ, ਏ ਐਸ ਆਈ ਜੱਗਾ ਰਾਮ , ਕੁਮਾਰੀ ਪ੍ਰੀਆ ਡੋਗਰਾ ਹਵਲਦਾਰ, ਏ. ਐਸ. ਆਈ ਕ੍ਰਿਸ਼ਨਾ ਦੇਵੀ , ਬਲਵਿੰਦਰ, ਥਾਣਾ ਤਲਵਾੜਾ, ਅਮਿਤ ਕੁਮਾਰ (ਸਿਖਿਆ ਵਿਭਾਗ) ਤੋਂ ਸ਼ਾਮਿਲ ਹੋਏ।

## ਕੇਂਦਰੀ ਪੰਜਾਬੀ ਲੇਖਕ ਸਭਾ ਵੱਲੋਂ ਆਧਾਰ ਕਾਰਡ ਤੋਂ ਪੰਜਾਬੀ ਭਾਸ਼ਾ ਹਟਾਉਣ ਦੀ ਨਿਖੇਧੀ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਕੇਂਦਰੀ ਪੰਜਾਬੀ ਲੇਖਕ ਸਭਾ ਨੇ ਯੂਨੀਕ ਆਈਡੈਂਟੀਫਿਕੇਸ਼ਨ ਅਥਾਰਟੀ ਆਫ ਇੰਡੀਆ ਵੱਲੋਂ ਆਧਾਰ ਕਾਰਡਾਂ ਤੋਂ ਪੰਜਾਬੀ ਭਾਸ਼ਾ ਨੂੰ ਪੂਰੀ ਤਰ੍ਹਾਂ ਹਟਾਉਣ ਦੇ ਫੈਸਲੇ ਦੀ ਸਖ਼ਤ ਨਿਖੇਧੀ ਕੀਤੀ ਹੈ ਅਤੇ ਸਭਾ ਇਹ ਸਮਝਦੀ ਹੈ ਕਿ ਇਹ ਕਦਮ ਪੰਜਾਬੀ ਭਾਸ਼ਾ ਅਤੇ ਪੰਜਾਬ ਦੀ ਸੱਭਿਆਚਾਰਕ ਪਛਾਣ 'ਤੇ ਸਿੱਧਾ ਹਮਲਾ ਹੈ। ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਜਨਰਲ ਸਕੱਤਰ, ਸੁਸ਼ੀਲ ਦੁਸਾਂਝ, ਸੀਨੀਅਰ ਮੀਤ ਪ੍ਰਧਾਨ ਮੱਖਣ ਸਿੰਘ ਕੁਹਾੜ ਅਤੇ ਦਫ਼ਤਰ ਸਕੱਤਰ ਦੀਪ ਦੇਵਿੰਦਰ ਸਿੰਘ ਨੇ ਸਾਂਝੇ ਬਿਆਨ ਵਿਚ ਕਿਹਾ ਹੈ ਕਿ ਪੰਜਾਬ, ਜੋ ਪੰਜਾਬੀ ਭਾਸ਼ਾ ਦੇ ਆਧਾਰ 'ਤੇ ਸੂਬੇ ਵਜੋਂ ਵਜੂਦ ਵਿੱਚ ਆਇਆ, ਦੀ ਮਾਂ-ਬੋਲੀ ਨੂੰ ਉਸ ਦੇ ਆਪਣੇ ਘਰ ਵਿੱਚ ਹੀ ਬੇਗਾਨਾ ਕਰਨ ਦੀ ਇਹ ਸਾਜ਼ਿਸ਼ ਅਤਿ ਨਿੰਦਣਯੋਗ ਹੈ।ਹੁਣ ਨਵੇਂ ਅਤੇ ਸੋਧੇ ਜਾ ਰਹੇ ਆਧਾਰ ਕਾਰਡਾਂ 'ਤੇ ਸਿਰਫ਼ ਅੰਗਰੇਜ਼ੀ ਅਤੇ ਹਿੰਦੀ ਭਾਸ਼ਾ ਦੀ ਵਰਤੋਂ ਕੀਤੀ ਜਾ ਰਹੀ ਹੈ।ਕੇਂਦਰੀ ਪੰਜਾਬੀ ਲੇਖਕ ਸਭਾ ਨੇ ਮੰਗ ਕੀਤੀ ਕਿ ਆਧਾਰ ਕਾਰਡਾਂ 'ਤੇ ਪੰਜਾਬੀ ਭਾਸ਼ਾ ਨੂੰ ਤੁਰੰਤ ਪ੍ਰਮੁੱਖ ਸਥਾਨ 'ਤੇ ਬਹਾਲ ਕੀਤਾ ਜਾਵੇ।

## ਮੁਟਿਆਰਾਂ ਨੇ ਮਨਾਇਆ ਤੀਆਂ ਦਾ ਤਿਉਹਾਰ

**ਕੁਰਾਲੀ (ਮੋਹਨ ਅੱਗਰਵਾਲ)** ਸਥਾਨਕ ਸ਼ਹਿਰ ਵਿੱਚ ਮੁਟਿਆਰਾਂ ਵੱਲੋਂ ਮਿਲ ਕੇ ਤੀਆਂ ਦਾ ਤਿਉਹਾਰ ਬੜੀ ਧੂਮ-ਧਾਮ ਨਾਲ ਮਨਾਇਆ ਗਿਆ।ਇਸ ਮੌਕੇ ਇਕੱਤਰ ਹੋਈਆਂ ਕੁੜੀਆਂ ਵੱਲੋਂ ਸਭ ਤੋਂ ਪਹਿਲਾਂ ਪੰਜਾਬੀ ਵਿਰਸੇ ਨੂੰ ਦਰਸਾਉਂਦੇ ਸਜਾਵਟ ਕੀਤੀ ਗਈ ਅਤੇ ਫਿਰ ਮਿਲ ਕੇ ਖੂਬ ਗਿੱਧਾ ਪਾਇਆ ਗਿਆ। ਸੁਰਿੰਦਰ ਕੌਰ ਸ਼ੇਰਗਿੱਲ ਦੀ ਅਗਵਾਈ ਵਿੱਚ ਕਰਵਾਏ ਗਏ ਇਸ ਤੀਆਂ ਦੇ ਪ੍ਰੋਗਰਾਮ ਮੌਕੇ ਮੁੱਖ ਮਹਿਮਾਨ ਦੇ ਤੌਰ 'ਤੇ ਪਹੁੰਚੇ ਕਾਂਗਰਸੀ ਆਗੂ ਗੁਰਪ੍ਰਤਾਪ ਸਿੰਘ ਪਡਿਆਲਾ ਜਨਰਲ ਸਕੱਤਰ (ਪੰਜਾਬ ਕਿਸਾਨ



ਕਾਂਗਰਸ) ਵੱਲੋਂ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰਦਿਆਂ ਰੀਬਨ ਕੱਟ ਕੇ ਤੀਆਂ ਦੇ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ। ਪਡਿਆਲਾ ਨੇ ਕਿਹਾ ਕਿ ਪੰਜਾਬ ਦੇ ਅਮੀਰ ਵਿਰਸੇ ਨੂੰ ਦਰਸਾਉਂਦਾ ਤੀਆਂ ਦਾ ਤਿਉਹਾਰ ਜਿਸ ਨੂੰ ਭੈਣਾਂ ਬੜੀ ਬੇਸਬਰੀ ਨਾਲ ਉਡੀਕਦੀਆਂ ਹਨ ਅਤੇ ਤੀਆਂ ਦੇ ਤਿਹਾਰ ਮੌਕੇ ਇੱਕ ਦੂਜੇ ਨੂੰ ਮਿਲ ਕੇ ਆਪਣੇ ਦੁੱਖ ਸੁੱਖ ਸਾਂਝੀਆਂ ਕਰਦੀਆਂ ਹਨ ਅਤੇ ਆਪਣੇ ਮਨ ਪਰਚਾਵੇ ਲਈ ਗਿੱਧਾ, ਬੋਲੀਆਂ ਪਾਉਂਦੀਆਂ ਅਤੇ ਹੋਰ ਕਈ ਕਾਰਜ ਕਰਦੀਆਂ ਹਨ।ਉਨ੍ਹਾਂ ਕਿਹਾ ਕਿ ਜਦੋਂ ਭੈਣਾਂ ਅਗਲੇ ਸਾਲ ਤੀਆਂ ਦਾ ਤਿਉਹਾਰ ਮਨਾਉਣਗੀਆਂ ਤਾਂ ਉਹ ਆਪਣੇ ਵੱਲੋਂ ਸੰਧਾਰਾ ਅਤੇ ਸ਼ਗਨ ਜ਼ਰੂਰ ਦੇਣਗੇ। ਇਸ ਮੌਕੇ ਵੱਡੀ ਗਿਣਤੀ ਵਿੱਚ ਨਵ ਵਿਆਹੀਆਂ ਤੇ ਕੁਆਰੀਆਂ ਕੁੜੀਆਂ, ਭੈਣਾਂ ਹਾਜ਼ਰ ਸਨ।

## ਨਨਕਾਣਾ ਸਾਹਿਬ ਖਾਲਸਾ ਸਕੂਲ 'ਚ ਤੀਆਂ ਦੇ ਤਿਉਹਾਰ ਦੀਆਂ ਰੌਣਕਾਂ



**ਸੁਲਤਾਨਪੁਰ ਲੋਧੀ (ਹਨੀ)**- ਨਨਕਾਣਾ ਸਾਹਿਬ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਖੇ ਤੀਆਂ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਗਿਆ। ਇੰਜੀਨੀਅਰ ਹਰਨਿਆਮਤ ਕੌਰ ਮੁੱਖ ਮਹਿਮਾਨ ਅਤੇ ਇੰਜੀਨੀਅਰ ਨਿਮਰਤਾ ਕੌਰ ਸਮਾਗਮ ਵਿਚ ਬਤੌਰ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।ਪ੍ਰਿੰਸੀਪਲ ਨਿਧੀ ਸੰਗੋਤਰਾ, ਸਟਾਫ਼ ਮੈਂਬਰਾਂ ਅਤੇ ਵਿਦਿਆਰਥੀਆਂ ਪਹੁੰਚੇ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ ।ਇਸ ਦੌਰਾਨ ਵਿਦਿਆਰਥੀਆਂ ਵਲੋਂ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ, ਜਿਸ ਦਾ ਆਗਾਜ਼ ਸ਼ਬਦ ਗਾਇਨ ਰਾਹੀਂ ਕੀਤਾ ਗਿਆ । ਤੀਜ ਕੁਈਨ ਸਬੰਧੀ ਵਿਦਿਆਰਥਣਾਂ ਦਰਮਿਆਨ ਆਯੋਜਿਤ ਮਾਡਲਿੰਗ ਸ਼ੋਅ ਵੀ ਸਮਾਗਮ ਦਾ ਮੁੱਖ ਆਕਰਸ਼ਣ ਰਿਹਾ । ਵੱਖ-ਵੱਖ ਰਾਊਂਡ 'ਚੋਂ ਗੁਜ਼ਰਦਿਆਂ ਮਾਨਸੀ ਤੀਜ ਕੁਈਨ ਦੇ ਖ਼ਿਤਾਬ 'ਤੇ ਕਬਜ਼ਾ ਕਰਨ 'ਚ ਸਫਲ ਰਹੀ । ਮਨਜੋਤ ਫਸਟ ਅਤੇ ਹਾਈਮਨ ਸੈਕੰਡ ਰਨਰ ਅੱਪ ਰਹੀ । ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ ਅਤੇ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ ਨੇ ਸਟਾਫ਼ ਮੈਂਬਰਾਂ ਅਤੇ ਵਿਦਿਆਰਥੀਆਂ ਨੂੰ ਤੀਜ ਸਮਾਗਮ ਦੀਆਂ ਮੁਬਾਰਕਾਂ ਦਿੱਤੀਆਂ। ਜੇਤੂ ਰਹੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ ।

## ਮਾਤਾ ਗੁਰਦੇਵ ਕੌਰ ਬਸਰਾ ਦੀ ਮੌਤ 'ਤੇ ਕੀਤਾ ਦੁੱਖ ਦਾ ਪ੍ਰਗਟਾਵਾ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਬਾਬਾ ਫਤਿਹ ਸਿੰਘ ਨਗਰ ਵੈਲਫੇਅਰ ਸੁਸਾਇਟੀ ਨੇ ਮਾਤਾ ਗੁਰਦੇਵ ਕੌਰ ਪਤਨੀ ਸਵ. ਸਰਦਾਰ ਜੋਗਿੰਦਰ ਸਿੰਘ ਬਸਰਾ ਜੋ ਕਿ ਬੀਤੇ ਦਿਨੀਂ ਆਪਣੀ ਸੰਸਾਰਿਕ ਯਾਤਰਾ ਪੂਰਣ ਕਰਦੇ ਹੋਏ ਗੁਰੂ ਚਰਨਾਂ ਵਿਚ ਜਾ ਵਿਰਾਜੇ ਹਨ, ਉਹਨਾਂ ਦੇ ਸਪੁੱਤਰਾਂ ਸ੍. ਸੁਖਵੰਤ ਸਿੰਘ ਬਸਰਾ ਪ੍ਰਧਾਨ ਗੁਰਦੁਆਰਾ ਅਕਾਲੀਆਂ ਬੰਗਾ ਰੋਡ ਫਗਵਾੜਾ, ਸ੍ ਸੁਰਜੀਤ ਸਿੰਘ ਘੁੰਮਣ ਮਾਲਕ ਪੰਜਾਬ ਰੇਡੀਓ ਲੰਡਨ, ਸ੍. ਹਰਮਿੰਦਰ ਸਿੰਘ ਬਸਰਾ ਡਾਇਰੈਕਟਰ ਸਿਟੀ ਕੇਬਲ ਫਗਵਾੜਾ ਅਤੇ ਪਰਿਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਸੁਸਾਇਟੀ ਆਗੂਆਂ ਨੇ ਵਿਛੜੀ ਰੂਹ ਨੂੰ ਗੁਰੂ ਚਰਨਾਂ ਵਿਚ ਨਿਵਾਸ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ ਦੀ ਪਰਮਾਤਮਾ ਅੱਗੇ ਅਰਦਾਸ ਵੀ ਕੀਤੀ। ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਵਿਛੜੀ ਰੂਹ ਦੀ ਆਤਮਿਕ ਸ਼ਾਂਤੀ ਲਈ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਅਤੇ ਅੰਤਿਮ ਅਰਦਾਸ 8 ਅਗਸਤ ਦਿਨ ਨੂੰ ਗੁਰਦੁਆਰਾ ਸਾਹਿਬ ਖੋਥੜਾਂ ਰੋਡ ਫਗਵਾੜਾ ਵਿਖੇ ਹੋਵੇਗੀ। ਇਸ ਮੌਕੇ ਮੇਜਰ ਸਿੰਘ ਸੈਣੀ, ਗੁਰਮੀਤ ਸਿੰਘ ਜੀਤਾ, ਦਲਜੀਤ ਸਿੰਘ ਕਾਲਾ, ਜਸਵੀਰ ਸਿੰਘ ਫੌਜੀ, ਅਮਰੀਕ ਸਿੰਘ ਰਿਟਾ. ਐੱਸ ਡੀ ਓ ਮਲਕੀਤ ਸਿੰਘ ਨਿੱਕਾ, ਕੁਲਦੀਪ ਸਿੰਘ ਬਸਰਾ, ਗੁਰਨਾਮ ਸਿੰਘ ਹੈੱਡ ਮਾਸਟਰ, ਬਲਵੀਰ ਸਿੰਘ ਫੌਜੀ, ਜਤਿੰਦਰ ਸਿੰਘ ਖਾਲਸਾ, ਗੁਲਜਾਰ ਸਿੰਘ ਇੰਸਪੈਕਟਰ, ਪੁਰਸ਼ੋਤਮ ਲਾਲ, ਕਸ਼ਮੀਰ ਸਿੰਘ ਆਦਿ ਹਾਜ਼ਰ ਸਨ।

## ਜੀ ਆਰ ਡੀ ਕੋ-ਐਜੂਕੇਸ਼ਨ ਕਾਲਜ ਵਿਖੇ ਵਣ-ਮਹਾਂਉਤਸਵ ਮਨਾਇਆ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਜੀ.ਆਰ.ਡੀ. ਕੋ-ਐਜੂਕੇਸ਼ਨ ਕਾਲਜ ਫਗਵਾੜਾ ਵਿਖੇ ਵਣ ਮਹਾਉਤਸਵ ਫਗਵਾੜਾ ਇੰਨਵਾਇਰਨਮੈਂਟ ਐਸੋਸੀਏਸ਼ਨ ਦੇ ਸਹਿਯੋਗ ਨਾਲ ਮਨਾਇਆ ਗਿਆ।





ਕਾਲਜ ਦੇ ਡਾਇਰੈਕਟਰ ਆਫ਼ ਐਜੂਕੇਸ਼ਨ ਡਾ. ਨੀਲਮ ਸੇਠੀ ਅਤੇ ਪ੍ਰਿੰਸੀਪਲ ਗੁਰਜੀਤ ਕੌਰ ਦੀ ਦੇਖਰੇਖ ਹੇਠ ਆਯੋਜਿਤ ਸਮਾਗਮ ਦੌਰਾਨ ਮੁੱਖ ਮਹਿਮਾਨਾਂ ਵਜੋਂ ਮੇਅਰ ਰਾਮਪਾਲ ਉੱਪਲ ਅਤੇ ਕਾਰਪੋਰੇਸ਼ਨ ਦੇ ਅਸਿਸਟੈਂਟ ਕਮਿਸ਼ਨਰ ਅਨੀਸ਼ ਬਾਂਸਲ ਤੋਂ ਇਲਾਵਾ ਇੰਨਵਾਇਰਨਮੈਂਟ ਐਸੋਸੀਏਸ਼ਨ ਦੇ ਜਨਰਲ ਸਕੱਤਰ ਮਲਕੀਅਤ ਸਿੰਘ ਰਘਬੋਤਰਾ ਨੇ ਸ਼ਿਰਕਤ ਕੀਤੀ। ਸਮੂਹ ਪਤਵੰਤਿਆਂ ਦਾ ਸਵਾਗਤ ਕਰਨ ਲਈ ਜੀ.ਆਰ ਡੀ. ਕਾਲਜ ਟਰੱਸਟ ਦੇ ਚੇਅਰਮੈਨ ਯੂ. ਸੀ. ਸਰੋਆ, ਜਨਰਲ ਸਕੱਤਰ ਤਾਰਾ ਚੰਦ ਚੁੰਬਰ ਵਿਸ਼ੇਸ਼ ਤੌਰ ਤੇ ਮੌਜੂਦ ਰਹੇ।ਮੇਅਰ ਰਾਮਪਾਲ ਉੱਪਲ ਅਤੇ ਅਸਿਸਟੈਂਟ ਕਮਿਸ਼ਨਰ ਅਨੀਸ਼ ਬਾਂਸਲ ਨੇ ਆਪਣੇ ਹੱਥੀਂ ਬੂਟੇ ਲਗਾ ਕੇ ਵਾਤਾਵਰਣ ਸੁਰੱਖਿਆ ਦਾ ਸੁਨੇਹਾ ਦਿੱਤਾ ਅਤੇ ਕਿਹਾ ਕਿ ਵਾਤਾਵਰਣ ਦੀ ਸੰਭਾਲ ਤਾਂ ਹੀ ਸੰਭਵ ਹੈ, ਜੇਕਰ ਸਾਨੂੰ ਦਰਖ਼ਤਾਂ ਦੇ ਮਹੱਤਵ ਦਾ ਪਤਾ ਹੋਵਗਾ। ਕਾਲਜ ਟਰੱਸਟ ਦੇ ਜਨਰਲ ਸੈਕਟਰੀ ਤਾਰਾ ਚੰਦ ਚੁੰਬਰ ਨੇ ਆਪਣੀ ਕਵਿਤਾ 'ਦੁਨੀਆ ਦੋ ਧਾਰੀ ਦੇ ਰੂਪ' ਰਾਹੀਂ ਵਾਤਾਵਰਨ ਦੀ ਸੰਭਾਲ ਬਾਰੇ ਬੜੀ ਖੂਬਸੂਰਤੀ ਨਾਲ ਦੱਸਿਆ। ਇਸ ਦੌਰਾਨ ਕਾਲਜ ਦੇ ਮੈਰਿਟ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਬੂਟੇ ਅਤੇ ਕਿਤਾਬਾਂ ਭੇਟ ਕਰਕੇ ਸਨਮਾਨਤ ਕੀਤਾ। ਬੀ.ਕਾਮ ਦੀ ਵਿਦਿਆਰਥਣ ਨੇ ਆਪਣੀ ਪ੍ਰਭਾਵਸ਼ਾਲੀ ਸਪੀਚ ਰਾਹੀਂ ਵਾਤਾਵਰਣ ਸੁਰੱਖਿਆ ਦਾ ਸੁਨੇਹਾ ਦਿੱਤਾ। ਵਿਦਿਆਰਥਣ ਮੁਸਕਾਨ ਨੇ ਸ਼ਿਵ ਕੁਮਾਰ ਬਟਾਲਵੀ ਦੀ ਕਵਿਤਾ 'ਰੁੱਖ' ਸੁਣਾ ਕੇ ਵਾਹਵਾਹੀ ਖੱਟੀ।

## ਸਿਵ ਸ਼ੈਨਾ ਸੂਰੀਆਵੰਸ਼ੀ ਦੀ ਮੀਟਿੰਗ

**ਅੱਡਾ ਸਰਾਂ (ਜਸਵੀਰ ਕਾਜਲ)**- ਸਿਵ ਸੈਨਾ ਸੂਰੀਆਂ ਵਨਸੀ ਦੇ ਰਾਸ਼ਟਰੀ ਪ੍ਰਧਾਨ ਰਾਕੇਸ਼ ਭਸੀਨ ਦੇ ਦਿਸ਼ਾ ਨਿਰਦੇਸ਼ਾਂ ਹੇਠ ਸ਼ਿਵ ਸੈਨਾ ਸੂਰੀਆਂ ਵਨਸੀ ਦੇ ਆਲ ਇੰਡੀਆ ਇਨਚਾਰਜ ਸਜੀਵ ਪੰਡਤ ਦੀ ਰਹਿਨੁਮਾਈ ਹੇਠ ਪਿੰਡ ਕੰਧਾਲਾ ਜੱਟਾ ਵਿਖੇ ਇੱਕ ਅਹਿਮ ਮੀਟਿੰਗ ਹੋਈ। ਇਸ ਮੌਕੇ ਰਾਸ਼ਟਰੀ ਚੈਅਰਮੈਨ ਸੁਨੀਲ ਭਸੀਨ, ਜਨਰਲ ਸੈਕਟਰੀ ਕਰਨ ਗਿਲ ਪੰਜਾਬ ਐੱਸ ਸੀ, ਵਾਇਸ ਪ੍ਰਧਾਨ ਮੰਗਾ, ਜਤਿੰਦਰ ਨੂੰ ਜਲੰਧਰ



ਜ਼ਿਲ੍ਹਾ ਪ੍ਰਧਾਨ, ਸੰਗੀਤ ਸਿੰਘ ਨੂੰ ਮੀਡੀਆ ਇੰਚਾਰਜ, ਸੈਮਾ ਨੂੰ ਜ਼ਿਲਾ ਪ੍ਰਧਾਨ ਮੋਗਾ ਲਗਾਇਆ ਗਿਆ ਅਤੇ ਅਹਿਮ ਮੁੱਦਿਆਂ ਤੇ ਵਿਚਾਰ ਵਿਟਾਂਦਰਾ ਕੀਤਾ ਗਿਆ।

## ਡੀ ਏ ਵੀ ਯੂਨੀਵਰਸਿਟੀ ਜਲੰਧਰ ਵੱਲੋਂ ਪੰਜਾਬ ਹੈਲਥ ਕਲੱਬ ਗਠਿਤ

**ਅਲਾਵਲਪੁਰ (ਮਦਨ ਬੰਗੜ)**- ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਬਿਆਸ ਪਿੰਡ ਵਿਖੇ ਡੀ ਏ ਵੀ ਯੂਨੀਵਰਸਿਟੀ ਜਲੰਧਰ ਵੱਲੋਂ ਪੰਜਾਬ ਸਟੇਟ ਕੌਂਸਲਿੰਗ ਫਾਰ ਸਾਇੰਸ ਐਂਡ ਤਕਨਾਲੋਜੀ ਵੱਲੋਂ ਸਪਾਂਸਰ ਪੰਜਾਬ ਹੈਲਥ ਕਲੱਬ ਦਾ ਗਠਨ ਕੀਤਾ ਗਿਆ । ਇਸ ਮੌਕੇ ਡੀ ਏ ਵੀ ਯੂਨੀਵਰਸਿਟੀ ਤੋਂ ਆਏ ਡਾ. ਤਜਿੰਦਰ ਕੌਰ ਅਤੇ ਡਾ. ਰੇਖਾ ਨੇ ਬੱਚਿਆਂ ਨੂੰ ਤੰਦਰੁਸਤ ਰਹਿਣ ਲਈ ਵੱਖ-ਵੱਖ ਨੁਕਤੇ ਸਾਂਝੇ ਕੀਤੇ । ਇਸ ਮੌਕੇ ਸਕੂਲ ਦੇ ਨੌਵੀਂ ਤੋਂ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਵਿੱਚੋਂ



ਹੈਲਥ ਕਲੱਬ ਦੇ ਮੈਂਬਰਾਂ ਵਜੋਂ ਚੋਣ ਕੀਤੀ ਗਈ । ਹੈਲਥ ਕਲੱਬ ਲਈ ਚੁਣੇ ਗਏ ਮੈਂਬਰ ਸਕੂਲ, ਘਰ ਅਤੇ ਆਪਣੇ ਆਲੇ ਦੁਆਲੇ ਦੇ ਲੋਕਾਂ ਨੂੰ ਆਪਣੀ ਸਿਹਤ ਪ੍ਰਤੀ ਜਾਗਰੂਕ ਕਰਨਗੇ । ਇਸ ਮੌਕੇ ਤੇ ਵਿਦਿਆਰਥੀਆਂ ਨੂੰ ਰਿਫਰੈਸ਼ਮੈਂਟ ਵੀ ਦਿੱਤੀ ਗਈ। ਸਕੂਲ ਪ੍ਰਿੰਸੀਪਲ ਆਸ਼ਾ ਰਾਣੀ ਅਤੇ ਸਮੂਹ ਸਟਾਫ ਵੱਲੋਂ ਡਾ. ਤਜਿੰਦਰ ਕੌਰ ਅਤੇ ਡਾਕਟਰ ਰੇਖਾ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ।

## ਲੈਂਡ ਪੂਲਿੰਗ ਪਾਲਿਸੀ ਦੇ ਵਿਰੋਧ 'ਚ ਫੂਕਿਆ ਪੰਜਾਬ ਸਰਕਾਰ ਦਾ ਪੁਤਲਾ



**ਫਿਲੌਰ (ਨਿਰਮਲ, ਹਰਜਿੰਦਰ ਕੌਰ ਚਾਹਲ)**- ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਪੰਜਾਬ ਵਲੋਂ ਮੱਖਣ ਸੰਗਰਾਮੀ, ਗਗਨਦੀਪ ਗੱਗਾ ਫਿਲੌਰ ਅਤੇ ਅਮਰੀਕ ਰੁੜਕਾਂ ਦੀ ਪ੍ਰਧਾਨਗੀ ਹੇਠ ਲੈਂਡ ਪੂਲਿੰਗ ਨੀਤੀ ਦੇ ਵਿਰੋਧ 'ਚ ਸ਼ਹਿਰ ਅੰਦਰ ਮਾਰਚ ਕਰਨ ਉਪਰੰਤ ਨਵਾਂ ਸ਼ਹਿਰ ਚੌਂਕ ਫਿਲੌਰ ਵਿਖੇ ਪੰਜਾਬ ਸਰਕਾਰ ਦਾ ਪੁਤਲਾ ਫੂਕ ਮੁਜਾਹਰਾ ਕੀਤਾ ਗਿਆ। ਇਸ ਮੌਕੇ ਹਾਜ਼ਰ ਸਭਾ ਦੇ ਸੂਬਾ ਪ੍ਰਧਾਨ ਮਨਜਿੰਦਰ ਸਿੰਘ ਢੇਸੀ ਅਤੇ ਜਿਲ੍ਹਾ ਸਕੱਤਰ ਐਡਵੋਕੇਟ ਅਜੈ ਫਿਲੌਰ ਨੇ ਕਿਹਾ ਕਿ ਕਾਰਪੋਰੇਟਾਂ ਅਤੇ ਸਾਮਰਾਜੀ ਤਾਕਤਾਂ ਦੀ ਭਾਈਵਾਲ ਪੰਜਾਬ ਸਰਕਾਰ ਕਦੇ ਵੀ ਲੋਕਾਂ ਦਾ ਭਲਾ ਨਹੀਂ ਕਰ ਸਕਦੀ ਬਲਕਿ ਇਹ ਲੋਕਾਂ ਨੂੰ ਉਜਾੜ ਕੇ ਉਪਜਾਊ ਜਮੀਨਾਂ ਕਾਰਪੋਰੇਟਾਂ ਨੂੰ ਕੌਡੀਆਂ ਭਾਅ ਦੇਣਾ ਚਾਹੁੰਦੀ ਹੈ ਪਰ ਪੰਜਾਬ ਦੀ ਜਵਾਨੀ ਲਾਮਬੰਦ ਹੋ ਕੇ ਇਹ ਨੀਤੀ ਦੇ ਰੱਦ ਹੋਣ ਤੱਕ ਸੰਘਰਸ਼ ਜਾਰੀ ਰਖੇਗੀ। ਇਸ ਮੌਕੇ ਸਭਾ ਦੇ ਤਹਿਸੀਲ ਸਕੱਤਰ ਸੁਨੀਲ ਭੈਣੀ ਨੇ ਕਿਹਾ ਕਿ ਜੇਕਰ ਸਰਕਾਰ ਇਸ ਨੀਤੀ ਨੂੰ ਰੱਦ ਨਹੀਂ ਕਰਦੀ ਤਾਂ ਸਭਾ ਇਸ ਸੰਘਰਸ਼ ਨੂੰ ਹੋਰ ਤੇਜ਼ ਕਰੇਗੀ।ਇਸ ਮੌਕੇ ਗੁਰਿੰਦਰਜੀਤ ਗੈਰੀ, ਜਸਵੀਰ ਢੇਸੀ, ਇੰਦਰਜੀਤ, ਗੁਰਵਿੰਦਰ, ਸਨੀ ਜੱਸਲ, ਜੱਸਾ, ਰਿੱਕੀ ਮਿਓਵਾਲ, ਲਖਵੀਰ ਖੋਖੇਵਾਲ, ਓਂਕਾਰ ਵਿਰਦੀ, ਤਿਲਕ ਰਾਜ, ਦਲਜੀਤ ਭੱਟੀ, ਜੱਸਾ ਫਿਲੌਰ, ਲਵਰਾਜ ਬਿਰਦੀ, ਜੋਗਾ ਸੰਗੋਵਾਲ, ਜੱਸਾ ਰੁੜਕਾ, ਜਸਵੀਰ ਫਿਲੌਰ ਆਦਿ ਸ਼ਾਮਲ ਹੋਏ।

## ਬੱਚਿਆਂ ਦੀ ਤੰਦਰੁਸਤੀ ਲਈ ਡੀ-ਵਾਰਮਿੰਗ ਜ਼ਰੂਰੀ : ਡਾ. ਪੂਨਮ ਸੇਖੜੀ

**ਕਰਤਾਰਪੁਰ (ਹਰਮੇਸ਼ ਦੱਤ)** ਸਿਵਲ ਸਰਜਨ ਜਲੰਧਰ ਡਾ. ਗੁਰਮੀਤ ਲਾਲ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸੀਨੀਅਰ ਮੈਡੀਕਲ ਅਫ਼ਸਰ ਡਾ. ਪੂਨਮ ਸੇਖੜੀ ਦੀ ਅਗਵਾਈ ਹੇਠ ਸੀ.ਐਚ.ਸੀ. ਕਰਤਾਰਪੁਰ ਵਲੋਂ ਬਲਾਕ ਦੇ ਆਂਗਣਵਾੜੀ ਸੈਂਟਰਾਂ, ਸਰਕਾਰੀ ਅਤੇ ਸਰਕਾਰੀ ਮਾਨਤਾ ਪ੍ਰਾਪਤ ਸਕੂਲ ਅਤੇ ਪ੍ਰਾਈਵੇਟ ਸਕੂਲਾਂ ਵਿੱਚ 'ਨੈਸ਼ਨਲ ਡੀ-ਵਰਮਿੰਗ ਡੇ' ਮਨਾਇਆ ਗਿਆ। ਇਸ ਮੌਕੇ ਆਰ. ਬੀ. ਐਸ. ਕੇ. ਟੀਮ ਵੱਲੋਂ ਡੀ.ਏ.ਵੀ. ਸਕੂਲ ਕਰਤਾਰਪੁਰ ਵਿਖੇ ਬੱਚਿਆਂ ਨੂੰ ਗੋਲੀਆਂ ਖੁਆ 'ਨੈਸ਼ਨਲ ਡੀ-ਵਰਮਿੰਗ ਡੇ' ਦੀ



ਸ਼ੁਰੂਆਤ ਕੀਤੀ ਗਈ । ਡਾ. ਪੂਨਮ ਸੇਖੜੀ ਨੇ ਦੱਸਿਆ ਕਿ ਡੀ-ਵਾਰਮਿੰਗ ਡੇ ਮਨਾਉਣ ਦਾ ਮਕਸਦ ਬੱਚਿਆਂ ਵਿਚ ਪੇਟ ਦੇ ਕੀੜਿਆਂ ਨੂੰ ਖ਼ਤਮ ਕਰਨਾ ਹੈ, ਜਿਸ ਦੇ ਤਹਿਤ 1 ਤੋਂ 19 ਸਾਲ ਤੱਕ ਦੇ ਬੱਚਿਆਂ ਨੂੰ ਪੇਟ ਦੇ ਕੀੜੇ ਮਾਰਨ ਵਾਲੀਆਂ ਅਲਬੈਂਡਾਜ਼ੋਲ ਦੀਆਂ ਗੋਲੀਆਂ ਖੁਆਈਆਂ ਜਾਂਦੀਆਂ ਹਨ।ਉਨ੍ਹਾਂ ਕਿਹਾ ਕਿ ਪੇਟ ਵਿੱਚ ਕੀੜੇ ਹੋਣ ਕਾਰਨ ਬੱਚੇ ਵਿੱਚ ਅਨੀਮੀਆ, ਭੁੱਖ ਘੱਟ ਲੱਗਣਾ, ਕੁਪੋਸ਼ਣ, ਮਾਨਸਿਕ ਤੇ ਬੌਧਿਕ ਕਮਜ਼ੋਰੀ, ਥਕਾਵਟ, ਬੇਚੈਨੀ, ਪੇਟ ਵਿੱਚ ਦਰਦ, ਜੀਅ ਮਤਲਾਉਣਾ, ਚਿੜਚਿੜਾਪਣ, ਉਲਟੀ ਅਤੇ ਦਸਤ ਆਉਣਾ ਜਾਂ ਪਖਾਨੇ ਵਿੱਚ ਖੂਨ ਆਉਣਾ ਲੱਛਣ ਹੋ ਸਕਦੇ ਹਨ ਅਤੇ ਬੱਚਾ ਦਿਨੋ ਦਿਨ ਕਮਜ਼ੋਰੀ ਅਤੇ ਥਕਾਵਟ ਮਹਿਸੂਸ ਕਰਦਾ ਹੈ। ਉਨ੍ਹਾਂ ਕਿਹਾ ਕਿ ਐਲਬੈਂਡਾਜ਼ੋਲ ਦੀਆਂ ਗੋਲੀਆਂ ਸਾਨੂੰ ਬਿਨਾਂ ਕਿਸੇ ਡਰ-ਭੈਅ, ਗਲਤ ਫੈਹਿਮੀ ਜਾਂ ਗਲਤ ਅਫਵਾਹਾਂ ਤੋ ਬਚਦੇ ਹੋਏ ਖਾਣੀਆਂ ਚਾਹੀਦੀਆਂ ਹਨ। ਇਸ ਮੌਕੇ ਡਾ. ਮੋਨਿਕਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਬੱਚਿਆਂ ਨੂੰ ਪੇਟ ਦੇ ਕੀੜੇ ਖਤਮ ਕਰਨ ਲਈ ਐਲਬੈਂਡਾਜ਼ੋਲ ਗੋਲੀਆਂ ਖੁਆਈਆਂ ਜਾਂਦੀਆਂ ਹਨ। ਹਰ ਇੱਕ ਬੱਚੇ ਨੂੰ ਇਹ ਗੋਲੀ ਖਾਣੀ ਅਤੀ ਜ਼ਰੂਰੀ ਹੈ ਤਾਂ ਜੋ ਬੱਚਿਆਂ ਦੀ ਸਿਹਤ ਨੂੰ ਬਿਹਤਰ ਬਣਾਇਆ ਜਾ ਸਕੇ।ਉਨ੍ਹਾਂ ਕਿਹਾ ਕਿ ਪੇਟ ਦੇ ਕੀੜਿਆਂ ਤੋਂ ਬਚਣ ਲਈ ਸਾਨੂੰ ਆਪਣੇ ਹੱਥ ਖਾਣਾ ਖਾਣ ਤੋਂ ਪਹਿਲਾਂ, ਖਾਣਾ ਪਰੋਸਣ ਤੋਂ ਪਹਿਲਾਂ ਅਤੇ ਪਾਖਾਨਾ ਜਾਣ ਤੋਂ ਬਾਅਦ ਸਾਬਣ ਜਾਂ ਲੀਕਵਡ ਨਾਲ ਧੋਣੇ ਚਾਹੀਦੇ ਹਨ, ਖੁੱਲ੍ਹੇ ਵਿੱਚ ਪਾਖਾਨਾ ਜਾਣ ਤੋਂ ਪ੍ਰਹੇਜ ਕਰਨਾ ਚਾਹੀਦਾ ਹੈ, ਹਮੇਸ਼ਾ ਸਾਫ਼ ਪਾਣੀ ਪੀਣਾ ਚਾਹੀਦਾ ਹੈ, ਨੰਗੇ ਪੈਰ ਨਹੀਂ ਰਹਿਣਾ ਚਾਹੀਦਾ, ਖਾਣਾ ਢੱਕ ਕੇ ਰੱਖਣਾ ਚਾਹੀਦਾ ਹੈ ਅਤੇ ਆਲੇ ਦੁਆਲੇ ਦੀ ਸਫ਼ਾਈ ਰੱਖਣੀ ਚਾਹੀਦੀ ਹੈ। ਇਸ ਮੌਕੇ ਮੁੱਖ ਅਧਿਆਪਕ ਮੁਕੇਸ਼ ਕੁਮਾਰ, ਆਰ.ਬੀ.ਐਸ.ਕੇ. ਡਾ. ਰਮਨ, ਡਾ. ਸਵਤੰਤਰ ਕੌਰ, ਡਾ. ਮੋਨਿਕਾ ਤੇ ਪਲਵਿੰਦਰ ਕੌਰ ਆਦਿ ਹਾਜ਼ਰ ਸਨ।

## ਸੱਤਪਾਲ ਮਲਿਕ ਦਾ ਵਿਛੋੜਾ ਦੇਸ਼ ਲਈ ਕਦੇ ਨਾ ਪੂਰਾ ਹੋਣ ਵਾਲਾ ਘਾਟਾ: ਤਲਵਿੰਦਰ ਹੀਰ



**ਮਾਹਿਲਪੁਰ (ਸਫ਼ਰੀ)**- ਦੇਸ਼ ਦੇ ਕਿਸਾਨਾਂ ਤੇ ਓਲੰਪੀਅਨ ਪਹਿਲਵਾਨ ਬੇਟੀਆਂ ਦੇ ਹੱਕ ਵਿੱਚ ਹਾਅ ਦਾ ਨਾਅਰਾ ਮਾਰਨ ਵਾਲੇ ਸਾਬਕਾ ਗਵਰਨਰ ਸੱਤਪਾਲ ਮਲਿਕ ਬੀਤੇ ਦਿਨ ਦਿੱਲੀ ਦੇ ਇੱਕ ਹਸਪਤਾਲ 'ਚ ਇਲਾਜ ਦੌਰਾਨ ਸਦੀਵੀ ਵਿਛੋੜਾ ਦੇ ਗਏ ਜਿਸ ਨਾਲ ਦੇਸ਼ ਦੇ ਲੋਕਾਂ ਅੰਦਰ ਸੋਗ ਦੀ ਲਹਿਰ ਹੈ। ਦੇਸ਼ ਨੂੰ ਮੌਜੂਦਾ ਸੰਕਟਮਈ ਸਥਿਤੀ ਚੋਂ ਕੱਢਣ ਲਈ ਮਲਿਕ ਵਰਗੇ ਸੁਝਵਾਨ ਸਿਆਸੀ ਆਗੂਆਂ ਦੀ ਸਖ਼ਤ ਜ਼ਰੂਰਤ ਸੀ। ਇਲਾਕਾ ਮਾਹਿਲਪੁਰ ਦੇ ਸੰਯੁਕਤ ਕਿਸਾਨ ਮੋਰਚੇ ਦੇ ਸਮੱਰਥਕਾਂ ਵਲੋਂ ਉਨ੍ਹਾਂ ਦੀ ਮੌਤ 'ਤੇ ਡੂੰਘੇ ਦੁੱਖ ਤੇ ਹਮਦਰਦੀ ਦਾ ਪ੍ਰਗਟਾਵਾ ਕੀਤਾ ਗਿਆ।

## ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਸਬੰਧ 'ਚ ਪ੍ਰਭਾਤ ਫੇਰੀਆਂ ਭਲਕ ਤੋਂ

**ਫਿਲੌਰ (ਨਿਰਮਲ)**- ਸ੍ਰੀ ਸਨਾਤਨ ਧਰਮ ਸਭਾ, ਸ੍ਰੀ ਰਾਧਾ ਕ੍ਰਿਸ਼ਨ ਪਾਠਸ਼ਾਲਾ ਮੰਦਿਰ (ਰਜਿ) ਫਿਲੌਰ ਵੱਲੋਂ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਮਹਾਂਉਤਸਵ ਦੇ ਸਬੰਧ ਵਿਚ ਪ੍ਰਭਾਤ ਫੇਰੀਆਂ 9 ਅਗਸਤ ਤੋਂ 13 ਅਗਸਤ ਤੱਕ ਸ਼ਹਿਰ ਵਿੱਚ ਕੱਢੀਆਂ ਜਾ ਰਹੀਆਂ ਹਨ। ਇਹ ਜਾਣਕਾਰੀ ਦਿੰਦੇ ਹੋਏ ਪ੍ਰਬੰਧਕ ਕਮੇਟੀ ਦੇ ਆਗੂਆਂ ਨੇ ਦੱਸਿਆ ਕਿ ਸ਼ੋਭਾ ਯਾਤਰਾ 14 ਅਗਸਤ ਦੁਪਹਿਰ 2 ਵਜੇਂ ਪਾਠਸ਼ਾਲਾ ਮੰਦਿਰ ਤੋਂ ਕੱਢੀ ਜਾਵੇਗੀ, ਜੋ ਸਾਰੇ ਸ਼ਹਿਰ ਦੀ ਪ੍ਰਕਰਮਾ ਕਰੇਗੀ। ਹਵਨ ਯੱਗ 16 ਅਗਸਤ ਨੂੰ ਹੋਵੇਗਾ। ਛੱਟੀ ਦਾ ਭੰਡਾਰਾਂ 21 ਅਗਸਤ ਦੁਪਹਿਰ 1 ਵਜੇ ਹੋਵੇਗਾ।

## ਵਿਦਿਆਰਥੀਆਂ ਦਾ ਡਰਾਇੰਗ ਤੇ ਕਲਰਿੰਗ ਮੁਕਾਬਲਾ ਕਰਾਇਆ

**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**- ਡਿਪਸ ਭੋਗਪੁਰ ਵਿਖੇ ਜੂਨੀਅਰ ਵਿੰਗ ਦੇ ਵਿਦਿਆਰਥੀਆਂ ਦਾ ਡਰਾਇੰਗ ਅਤੇ ਕਲਰਿੰਗ ਮੁਕਾਬਲਾ ਕਰਾਇਆ ਗਿਆ, ਜਿਸ ਵਿੱਚ ਪਹਿਲੀ ਤੇ ਦੂਜੀ ਕਲਾਸ ਦੇ ਵਿਦਿਆਰਥੀਆਂ ਨੇ ਭਾਗ ਲਿਆ। ਵਿਦਿਆਰਥੀਆਂ ਨੂੰ ਵੱਖ-ਵੱਖ ਵਿਸ਼ੇ ਦਿੱਤੇ ਗਏ ਜਿੰਨਾਂ ਵਿੱਚ ਸੇਵ



ਅਰਥ, ਅੰਡਰ ਵਾਟਰ ਵਰਲਡ, ਸੀ. ਵਰਲਡ ਅਤੇ ਕਾਰਟੂਨ ਵਰਲਡ ਸਨ। ਵਿਦਿਆਰਥੀਆਂ ਨੇ ਵੱਖ-ਵੱਖ ਰੰਗਾਂ ਨਾਲ ਵਿਸ਼ਿਆਂ ਨੂੰ ਕਾਗਜ਼ 'ਤੇ ਉੱਕਰ ਕੇ ਆਪਣੀ ਪ੍ਰਤਿਭਾ ਨੂੰ ਪ੍ਰਦਰਸ਼ਿਤ ਕੀਤਾ। ਇਸ ਮੌਕੇ 'ਤੇ ਡਿਪਸ ਵਿਦਿਆਲਿਆ ਦੇ ਐੱਮ.ਡੀ. ਤਰਵਿੰਦਰ ਸਿੰਘ, ਸੀ.ਈ.ਓ ਮੋਨੀਕਾ ਮੰਡੋਤਰਾ, ਸੀ.ਏ.ਓ ਰਮਣੀਕ, ਸੀ. ਏ.ਓ ਜਸ਼ਨ ਸਿੰਘ, ਚੇਅਰਪਰਸਨ ਜਸਵਿੰਦਰ ਕੌਰ, ਵਾਇਸ ਚੇਅਰਪਰਸਨ ਪ੍ਰੀਤਿੰਦਰ ਕੌਰ ਅਤੇ ਸਕੂਲ ਦੀ ਪ੍ਰਿੰਸੀਪਲ ਗੁਰਵੀਨ ਕੌਰ ਵੱਲੋਂ ਵਧੀਆ ਕਾਰਗੁਜ਼ਾਰੀ ਵਾਲੇ ਵਿਦਿਆਰਥੀਆਂ ਨੂੰ ਸਲਾਹਿਆ ਗਿਆ ਅਤੇ ਉਨਾਂ ਨੂੰ ਇਸ ਸਫ਼ਲਤਾ ਲਈ ਵਧਾਈ ਦਿੱਤੀ।

## ਉਤਸ਼ਾਹ ਨਾਲ ਮਨਾਇਆ ਜਾਵੇਗਾ ਆਜ਼ਾਦੀ ਦਿਹਾੜੇ ਦਾ ਸਮਾਰੋਹ : ਜਸਪ੍ਰੀਤ ਸਿੰਘ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਆਜਾਦੀ ਦਿਹਾੜੇ ਦਾ ਸਮਾਰੋਹ ਸ੍ਰੀ ਅਨੰਦਪੁਰ ਸਾਹਿਬ ਦੇ ਚਰਨ ਗੰਗਾ ਸਟੇਡੀਅਮ ਵਿੱਚ ਉਤਸ਼ਾਹ ਨਾਲ ਮਨਾਇਆ ਜਾਵੇਗਾ।ਸਮਾਰੋਹ ਵਿਚ 15 ਅਗਸਤ ਨੂੰ ਮੁੱਖ



ਮਹਿਮਾਨ ਸਟੇਡੀਅਮ ਵਿਚ ਰਾਸ਼ਟਰੀ ਝੰਡਾ ਲਹਿਰਾਉਣਗੇ ਅਤੇ ਪਰੇਡ ਦਾ ਨਿਰੀਖਣ ਕਰਨਗੇ। ਐੱਸ ਜੀ ਐੱਸ ਖਾਲਸਾ ਸੀਨੀ. ਸੈਕੰ. ਸਕੂਲ ਵਿਚ ਜਸਪ੍ਰੀਤ ਸਿੰਘ ਉਪ ਮੰਡਲ ਮੈਜਿਸਟ੍ਰੇਟ ਸ੍ਰੀ ਅਨੰਦਪੁਰ ਸਾਹਿਬ ਦੀ ਪ੍ਰਧਾਨਗੀ ਹੇਠ ਦੇਸ਼ ਭਗਤੀ ਅਤੇ ਸੱਭਿਆਚਾਰਕ ਪੇਸ਼ਕਾਰੀਆਂ ਦੀ ਚੋਣ ਕੀਤੀ ਗਈ।ਸੱਭਿਆਚਾਰਕ ਅਤੇ ਦੇਸ਼ ਭਗਤੀ ਦੀਆਂ ਪੇਸ਼ਕਾਰੀਆਂ ਦੀ ਚੋਣ ਕਰਨ ਲਈ ਬਣਾਈ ਕਮੇਟੀ ਗੁਰਮਿੰਦਰ ਸਿੰਘ ਭੁੱਲਰ, ਪ੍ਰਿੰ. ਸੁਖਪਾਲ ਕੌਰ ਵਾਲੀਆ, ਪ੍ਰਿੰ.ਨੀਰਜ ਵਰਮਾ, ਅਜੇ ਬੈਂਸ, ਰਣਜੀਤ ਸਿੰਘ ਐੱਨ. ਸੀ. ਸੀ ਅਫਸਰ, ਗੁਰਦੀਪ ਕੌਰ ਮੈਂਬਰਾਂ ਨੇ ਪੇਸ਼ਕਾਰੀਆਂ ਨੂੰ ਬੜੇ ਗਹੁ ਨਾਲ ਦੇਖਿਆ। ਸੱਭਿਆਚਾਰਕ ਅਤੇ ਦੇਸ਼ ਭਗਤੀ ਦੀਆਂ ਪੇਸ਼ਕਾਰੀਆਂ ਲਈ ਬਣਾਈ ਕਮੇਟੀ ਦੇ ਮੈਂਬਰ ਸਾਹਿਬਾਨ ਨੇ ਦੱਸਿਆ ਕਿ ਇਸ ਸਮਾਰੋਹ ਨੂੰ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਮਨਾਂਇਆ ਜਾਵੇਗਾ। ਉਨ੍ਹਾਂ ਨੇ ਦੱਸਿਆ ਕਿ ਮਾਰਚ ਪਾਸਟ ਵਿਚ ਐਨ.ਸੀ.ਸੀ ਕੈਡਿਟ ਉਤਸ਼ਾਹ ਨਾਲ ਭਾਗ ਲੈ ਰਹੇ ਹਨ, ਪੀ.ਟੀ.ਸ਼ੋਅ ਅਤੇ ਹੋਰ ਕਈ ਦੇਸ਼ ਭਗਤੀ ਨੂੰ ਦਰਸਾਉਦੀਆਂ ਗਤੀਵਿਧੀਆਂ ਵੀ ਸਮਾਰੋਹ ਦਾ ਆਕਰਸ਼ਨ ਹੋਣਗੀਆਂ।

## ਬੀ ਆਈ ਐੱਸ ਵੱਲੋਂ ਜ਼ਿਲ੍ਹਾ ਅਧਿਕਾਰੀਆਂ ਲਈ ਜਾਗਰੂਕਤਾ ਪ੍ਰੋਗਰਾਮ

**ਜਲੰਧਰ (ਸੁਰਿੰਦਰ ਕੁਮਾਰ)**- ਜਲੰਧਰ 'ਚ ਭਾਰਤੀ ਮਾਣਕ ਬਿਊਰੋ (ਬੀ ਆਈ ਐੱਸ), ਜੰਮੂ ਅਤੇ ਕਸ਼ਮੀਰ ਬ੍ਰਾਂਚ ਦਫ਼ਤਰ ਵੱਲੋਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਅਧਿਕਾਰੀਆਂ ਲਈ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਹੋਏ ਪ੍ਰੋਗਰਾਮ ਦੀ ਪ੍ਰਧਾਨਗੀ ਐੱਸ ਡੀ ਐੱਮ ਆਦਮਪੁਰ ਵਿਵੇਕ ਕੁਮਾਰ ਮੋਦੀ (ਵਾਧੂ ਚਾਰਜ ਵਧੀਕ ਡਿਪਟੀ ਕਮਿਸ਼ਨਰ ਪੇਂਡੂ ਵਿਕਾਸ) ਵੱਲੋਂ ਕੀਤੀ ਗਈ। ਬੀ ਆਈ ਐੱਸ ਜੰਮੂ-ਕਸ਼ਮੀਰ ਬ੍ਰਾਂਚ ਦੇ ਡਾਇਰੈਕਟਰ ਅਤੇ ਮੁਖੀ ਤਿਲਕ ਰਾਜ ਨੇ ਭਾਗੀਦਾਰਾਂ ਨੂੰ ਸੰਬੋਧਨ ਕਰਦਿਆਂ ਮਾਨਕੀਕਰਨ, ਗੁਣਵੱਤਾ ਭਰੋਸਾ ਅਤੇ ਖਪਤਕਾਰ ਸੁਰੱਖਿਆ, ਖਾਸ ਕਰ ਜਨਤਕ ਉਪਯੋਗਤਾ ਸੇਵਾਵਾਂ ਵਿੱਚ, ਨੂੰ ਉਤਸ਼ਾਹਿਤ ਕਰਨ ਵਿੱਚ ਬੀ ਆਈ ਐੱਸ ਦੀ ਮਹੱਤਵਪੂਰਣ ਭੂਮਿਕਾ 'ਤੇ ਚਾਨਣਾ ਪਾਇਆ। ਉਨ੍ਹਾਂ ਸੁਰੱਖਿਆ, ਟਿਕਾਊਪਣ ਅਤੇ ਰਾਸ਼ਟਰੀ ਮਾਪਦੰਡਾਂ ਦੀ ਪਾਲਣਾ ਯਕੀਨੀ ਬਣਾਉਣ ਲਈ ਸਾਰੀਆਂ ਸਰਕਾਰੀ ਖ਼ਰੀਦ ਪ੍ਰਕਿਰਿਆਵਾਂ ਵਿੱਚ ਆਈ ਐੱਸ ਆਈ ਮਾਰਕ ਉਤਪਾਦਾਂ ਨੂੰ ਅਪਣਾਉਣ ਲਈ ਉਤਸ਼ਾਹਿਤ ਕੀਤਾ। ਤਿਲਕ ਰਾਜ ਵੱਲੋਂ ਬੀ.ਆਈ.ਐਸ. ਗਤੀਵਿਧੀਆਂ ਬਾਰੇ ਇੱਕ ਵਿਸਥਾਰਤ ਪੇਸ਼ਕਾਰੀ ਵੀ ਦਿੱਤੀ ਗਈ, ਜਿਸ ਵਿੱਚ ਮਾਣਕ ਨਿਰਮਾਣ, ਉਤਪਾਦ ਪ੍ਰਮਾਣੀਕਰਣ, ਹਾਲਮਾਰਕਿੰਗ, ਪ੍ਰਯੋਗਸ਼ਾਲਾ ਟੈਸਟਿੰਗ ਅਤੇ ਖਪਤਕਾਰ ਪਹੁੰਚ ਪਹਿਲਕਦਮੀਆਂ ਵਰਗੇ ਮੁੱਖ ਖੇਤਰਾਂ ਨੂੰ ਸ਼ਾਮਲ ਕੀਤਾ ਗਿਆ।

# ਸੀਕਰੀ ਦੇ ਕਬੱਡੀ ਕੱਪ ਸੰਬੰਧੀ ਪੋਸਟਰ ਜਾਰੀ

**ਅੱਡਾ ਸਰਾਂ (ਜਸਵੀਰ ਕਾਜਲ)**- ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਸ਼ੁੱਭ ਦਿਹਾੜੇ 'ਤੇ ਪਿੰਡ ਸੀਕਰੀ ਵਿੱਚ ਹੋਣ ਵਾਲੇ ਸਾਲਾਨਾ ਕਬੱਡੀ ਕੱਪ ਦੇ ਸਬੰਧ ਵਿੱਚ ਪ੍ਰਬੰਧਕਾਂ ਵੱਲੋਂ ਪੋਸਟਰ ਜਾਰੀ ਕੀਤਾ ਗਿਆ। ਕਬੱਡੀ ਕੱਪ ਦੇ ਪ੍ਰਬੰਧਕ ਸਰਪੰਚ ਸੇਵਾ ਸਿੰਘ,ਬਾਬਾ ਬਲਰਾਮ ਵਸ਼ਿਸ਼ਟ,ਪੰਚ ਦਲਜੀਤ ਸਿੰਘ,ਪੰਚ ਰਜਿੰਦਰ ਸਿੰਘ, ਪੰਚ ਹਰਵਿੰਦਰ ਸਿੰਘ,ਪੰਚ ਸੂਬੇਦਾਰ ਦਰਸ਼ਨ ਸਿੰਘ, ਪੰਚ ਡਾ. ਅਮਰਜੀਤ ਸਿੰਘ , ਓਂਕਾਰ ਸਿੰਘ ਕਾਰੀ ਨੇ ਦੱਸਿਆ ਕਿ ਪ੍ਰਵਾਸੀ ਭਾਰਤੀਆਂ ਗ੍ਰਾਮ ਪੰਚਾਇਤ ਦੇ ਸਹਿਯੋਗ ਨਾਲ 16, 17, 18 ਤੇ 19 ਅਗਸਤ ਨੂੰ ਹੋਣ ਵਾਲੇ ਇਸ 4 ਦਿਨਾਂ ਕਬੱਡੀ ਕੱਪ ਵਿੱਚ ਕਬੱਡੀ ਅਕੈਡਮੀਆਂ ਅਤੇ ਓਪਨ ਕਬੱਡੀ ਕਲੱਬਾਂ ਦੇ ਖਿਡਾਰੀ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਨਗੇ।ਉਨ੍ਹਾਂ ਦੱਸਿਆ ਕਿ 16 ਅਗਸਤ ਨੂੰ ਇਸ ਟੂਰਨਾਮੈਂਟ ਦਾ ਉਦਘਾਟਨ ਸਰਪੰਚ ਸੇਵਾ ਸਿੰਘ ਸੀਕਰੀ, ਫੌਜੀ ਰਾਮਣ ਸਿੰਘ,



ਦੀਦਾਰ ਸਿੰਘ ਸ਼ੇਰ ਗਿੱਲ, ਰਾਣਾ ਆੜ੍ਹਤੀਆ, ਅਮਰਜੀਤ ਸਿੰਘ ਬੱਬਾ, ਗੁਰਦੇਵ ਸਿੰਘ ਦੇਬੀ, ਸੇਵਾ ਸਿੰਘ ਫੌਜੀ, ਸੁਖਬੀਰ ਸਿੰਘ ਲੱਕੀ, ਨੰਬਰਦਾਰ ਰੇਸ਼ਮ ਸਿੰਘ ਅਤੇ ਬਾਬਾ ਬਲਰਾਮ ਵਸ਼ਿਸ਼ਟ ਡੇਰਾ ਮੁਖੀ ਮੰਦਰ ਠਾਕੁਰ ਦੁਆਰਾ ਸਾਂਝੇ ਤੌਰ 'ਤੇ ਕਰਨਗੇ।ਟੂਰਨਾਮੈਂਟ ਦੀ ਸਮਾਪਤੀ 'ਤੇ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਤੇ ਸਾਬਕਾ ਮੰਤਰੀ ਸੰਗਤ ਸਿੰਘ ਗਿਲਜੀਆਂ ਜੇਤੂ ਟੀਮਾਂ ਨੂੰ ਇਨਾਮਾਂ ਦੀ ਵੰਡ ਕਰਨਗੇ।ਇਸ ਮੌਕੇ ਸਰਪੰਚ ਸੇਵਾ ਸਿੰਘ ਸੀਕਰੀ ਨੇ ਦੱਸਿਆ ਕਿ ਟੂਰਨਾਮੈਂਟ ਦੀ ਜੇਤੂ ਰਹੀ ਟੀਮ ਨੂੰ ਪਹਿਲਾ ਇਨਾਮ 51 ਹਜ਼ਾਰ ਤੇ ਦੂਸਰਾ ਇਨਾਮ 41 ਹਜਾਰ ਰੁਪਏ ਭੇਂਟ ਕੀਤਾ ਜਾਵੇਗਾ।ਇਸ ਤੋਂ ਇਲਾਵਾ ਟੂਰਨਾਮੈਂਟ ਵਿੱਚ 65 ਕਿਲੋ, 58 ਕਿਲੋ ਤੇ 50 ਕਿਲੋ ਭਾਰ ਵਰਗ ਵਿੱਚ ਭਾਗ ਲੈਣ ਵਾਲੀਆਂ ਟੀਮਾਂ ਨੂੰ ਆਕਰਸ਼ਕ ਇਨਾਮ ਦਿੱਤੇ ਜਾਣਗੇ।ਕਬੱਡੀ ਸ਼ੋਅ ਮੈਚ ਵੀ ਕਰਵਾਇਆ।ਇਸ ਮੌਕੇ ਟੂਰਨਾਮੈਂਟ ਦੇ ਪ੍ਰਬੰਧਕਾਂ ਨੇ ਹੋਰ ਦੱਸਿਆ ਕਿ ਕਬੱਡੀ ਕੱਪ ਦੀਆਂ ਤਿਆਰੀਆਂ ਜ਼ੋਰਾਂ ਸ਼ੋਰਾਂ ਨਾਲ ਚੱਲ ਰਹੀਆਂ ਹਨ।ਇਸ ਮੌਕੇ ਦੀਦਾਰ ਸਿੰਘ ਸ਼ੇਰਗਿੱਲ,ਰਣਜੀਤ ਥਿਆੜਾ,ਲਾਡਾ ਥਿਆੜਾ,ਵਰੁਣ ਰਾਜਾ, ਫੌਜੀ ਸ਼ਿਵ ਰਾਮ ਲਾਲਾ, ਸੁੱਖੀ, ਪਰਮਿੰਦਰ ਸਿੰਘ ਭਿੰਦੂ, ਜੱਸ ਥਿਆੜਾ ਵੀ ਹਾਜ਼ਰ ਸਨ।

## ਰੇਲਵੇ ਵੱਲੋਂ ਵੰਦੇ ਭਾਰਤ ਟ੍ਰੇਨ ਨੂੰ ਜਲੰਧਰ ਸਿਟੀ ਸਟੇਸ਼ਨ 'ਤੇ ਸਟਾਪੇਜ਼ ਦੇਣ ਦਾ ਫੈਸਲਾ

**ਜਲੰਧਰ (ਸੁਰਿੰਦਰ ਕੁਮਾਰ)**- ਸ੍ਰੀ ਮਾਤਾ ਵੈਸ਼ਨੋ ਦੇਵੀ ਜਾਣ ਵਾਲੇ ਸ਼ਰਧਾਲੂਆਂ ਲਈ ਇੱਕ ਵੱਡੀ ਰਾਹਤ ਵਾਲੀ ਖ਼ਬਰ ਆਈ ਹੈ। ਰੇਲਵੇ ਨੇ ਵੰਦੇ ਭਾਰਤ ਟ੍ਰੇਨ ਨੂੰ ਜਲੰਧਰ ਸਿਟੀ ਸਟੇਸ਼ਨ 'ਤੇ ਸਟਾਪੇਜ ਦੇਣ ਦਾ ਫੈਸਲਾ ਕੀਤਾ ਹੈ, ਜੋ ਕਿ ਜਲੰਧਰ ਤੋਂ ਅੰਮ੍ਰਿਤਸਰ ਰਾਹੀਂ ਕਟੜਾ ਸਟੇਸ਼ਨ ਜਾਵੇਗੀ। ਸ੍ਰੀ ਮਾਤਾ ਵੈਸ਼ਨੋ ਦੇਵੀ ਕਟੜਾ-ਅੰਮ੍ਰਿਤਸਰ ਵੰਦੇ ਭਾਰਤ (26406) ਸ੍ਰੀ ਮਾਤਾ ਵੈਸ਼ਨੋ ਦੇਵੀ ਕਟੜਾ ਤੋਂ ਸਵੇਰੇ 6:40 ਵਜੇ ਰਵਾਨਾ ਹੋਵੇਗੀ ਅਤੇ ਦੁਪਹਿਰ 12:20 ਵਜੇ ਅੰਮ੍ਰਿਤਸਰ ਪਹੁੰਚੇਗੀ। ਵਾਪਸੀ 'ਤੇ, ਅੰਮ੍ਰਿਤਸਰ-ਸ੍ਰੀ ਮਾਤਾ ਵੈਸ਼ਨੋ ਦੇਵੀ ਕਟੜਾ ਵੰਦੇ ਭਾਰਤ ਅੰਮ੍ਰਿਤਸਰ ਤੋਂ ਸ਼ਾਮ 4:25 ਵਜੇ ਰਵਾਨਾ ਹੋਵੇਗੀ ਅਤੇ ਰਾਤ 10 ਵਜੇ ਕਟੜਾ ਸਟੇਸ਼ਨ ਪਹੁੰਚੇਗੀ। ਇਹ ਟ੍ਰੇਨ ਸਵੇਰੇ 11:03 ਵਜੇ ਜਲੰਧਰ ਸਿਟੀ ਸਟੇਸ਼ਨ ਪਹੁੰਚੇਗੀ। ਵਾਪਸੀ 'ਤੇ ਟ੍ਰੇਨ ਅੰਮ੍ਰਿਤਸਰ ਰੇਲਵੇ ਸਟੇਸ਼ਨ ਤੋਂ ਸ਼ਾਮ 4:25 ਵਜੇ ਰਵਾਨਾ ਹੋਵੇਗੀ ਅਤੇ ਰਾਤ 10 ਵਜੇ ਸ੍ਰੀ ਮਾਤਾ ਵੈਸ਼ਨੋ ਦੇਵੀ ਕਟੜਾ (26405) ਜਾਵੇਗੀ। ਜਲੰਧਰ ਤੋਂ ਵੰਦੇ ਭਾਰਤ ਦਾ ਕਿਰਾਇਆ ਇੱਕ ਹਜ਼ਾਰ ਤੋਂ 1100 ਰੁਪਏ ਦੇ ਵਿਚਕਾਰ ਹੋਵੇਗਾ। ਇਹ ਰੇਲ ਗੱਡੀ ਜਲੰਧਰ ਸਿਟੀ ਰੇਲਵੇ ਸਟੇਸ਼ਨ 'ਤੇ 2 ਮਿੰਟ ਲਈ ਰੁਕੇਗੀ।ਵੰਦੇ ਭਾਰਤ ਰੇਲਗੱਡੀ ਮੰਗਲਵਾਰ ਨੂੰ ਛੱਡ ਕੇ ਹਫ਼ਤੇ ਵਿੱਚ 6 ਦਿਨ ਚੱਲੇਗੀ। ਪ੍ਰਧਾਨ ਮੰਤਰੀ ਨਰਿੰਦਰ ਮੋਦੀ 10 ਅਗਸਤ ਨੂੰ ਵੀਡੀਓ ਕਾਨਫਰੰਸ ਰਾਹੀਂ ਇਸ ਨੂੰ ਹਰੀ ਝੰਡੀ ਦਿਖਾਉਣਗੇ।

## ਕਿਸਾਨਾਂ ਦੀ ਜ਼ਮੀਨ ਦੀ ਸ਼੍ਰੋਮਣੀ ਅਕਾਲੀ ਦਲ ਢਾਲ ਬਣ ਕਰੇਗਾ ਰਖੀ : ਲੱਖੀ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸ਼੍ਰੋਮਣੀ ਅਕਾਲੀ ਦਲ ਦਾ ਇਤਿਹਾਸ ਰਿਹਾ ਹੈ ਕਿ ਜਦੋਂ ਵੀ ਬਾਹਰੀ ਤਾਕਤਾਂ ਅਤੇ ਦਿੱਲੀ ਤੋਂ ਚੱਲਣ ਵਾਲੀਆਂ ਸਰਕਾਰਾਂ ਨੇ ਪੰਜਾਬ ਜਾਂ ਪੰਜਾਬੀਆਂ ਦੇ ਹਿੱਤਾਂ ਦੇ ਉੱਪਰ ਡਾਕਾ ਮਾਰਨ ਦੀ ਕੋਸ਼ਿਸ਼ ਕੀਤੀ ਹੈ ਤਾਂ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਢਾਲ ਬਣ ਕੇ ਪੰਜਾਬ ਤੇ ਪੰਜਾਬੀਆਂ ਦੇ ਹਿੱਤਾਂ ਦੀ ਰਾਖੀ ਕਰਨ ਲਈ ਅੱਗੇ ਆਇਆ ਹੈ ਤੇ ਹੁਣ ਵੀ ਕੇਜਰੀਵਾਲ ਅਤੇ ਉਸਦੇ ਸਾਥੀ ਜੋ ਕਿਸਾਨਾਂ ਦੀ ਜਮੀਨਾਂ ਨੂੰ ਚੋਰ ਰਸਤੇ ਲੁੱਟਣ ਦੀ ਕੋਸ਼ਿਸ਼ ਕਰ ਰਹੇ ਹਨ ਉਹਨਾਂ ਨੂੰ ਆਪਣੀ ਇਸ ਕੋਸ਼ਿਸ਼ ਵਿੱਚ ਸ਼੍ਰੋਮਣੀ ਅਕਾਲੀ ਦਲ ਕਦੀ ਵੀ ਕਾਮਯਾਬ ਹੋਣ ਨਹੀਂ ਦੇਵੇਗਾ।ਉਪਰੋਕਤ ਸ਼ਬਦ ਸ਼੍ਰੋਮਣੀ ਅਕਾਲੀ ਦਲ ਦਿਹਾਤੀ ਜ਼ਿਲ੍ਹਾ ਹੁਸ਼ਿਆਰਪੁਰ ਦੇ ਜਥੇਦਾਰ ਲਖਵਿੰਦਰ ਸਿੰਘ ਲੱਖੀ ਨੇ ਸ਼ਹਿਰੀ ਜਥੇਦਾਰ ਬਿਕਰਮਜੀਤ ਸਿੰਘ ਕਲਸੀ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਕਹੇ।ਲੱਖੀ ਨੇ ਕਿਹਾ ਪੰਜਾਬ ਦੇ ਲੋਕ ਹੁਣ ਮਹਿਸੂਸ ਕਰ ਰਹੇ ਹਨ ਕਿ ਜੇਕਰ ਪੰਜਾਬ ਦਾ ਕਿਸੇ ਨੇ ਭਲਾ ਕੀਤਾ ਹੈ ਤਾਂ ਉਹ ਸ਼੍ਰੋਮਣੀ ਅਕਾਲੀ ਦਲ ਹੈ ਹੁਣ ਪੰਜਾਬ ਦੇ ਲੋਕ ਮਨ ਬਣਾ ਚੁੱਕੇ ਹਨ ਕਿ ਮੌਜੂਦਾ ਸਰਕਾਰ ਤੋਂ ਪੰਜਾਬ ਨੂੰ ਜਲਦ ਮੁਕਤ ਕਰਵਾਇਆ ਜਾਵੇ।ਇਸ ਮੌਕੇ ਸੀਨੀਅਰ ਅਕਾਲੀ ਲੀਡਰ ਸੰਜੀਵ ਤਲਵਾੜ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੀ ਯੋਗ ਅਗਵਾਈ ਵਿੱਚ ਸ਼੍ਰੋਮਣੀ ਅਕਾਲੀ ਦਲ 2027 ਵਿੱਚ ਵਾਪਸੀ ਕਰੇਗਾ। ਉਹਨਾਂ ਨੇ ਕਿਹਾ ਕਿਸਾਨਾਂ ਦੇ ਮੁੱਦੇ 'ਤੇ ਸ਼੍ਰੋਮਣੀ ਅਕਾਲੀ ਦਲ ਨੇ ਜੋ ਸਟੈਂਡ ਲਿਆ ਹੈ ਉਸ ਨੂੰ ਪੂਰ ਕਰਨ ਤੱਕ ਸ਼੍ਰੋਮਣੀ ਅਕਾਲੀ ਦਲ ਦਾ ਕੋਈ ਵਰਕਰ ਆਪਣੇ ਘਰ ਨਹੀਂ ਬੈਠੇਗਾ। ਇਸ ਮੌਕੇ ਸਾਬਕਾ ਡਿਪਟੀ ਮੇਅਰ ਪ੍ਰੇਮ ਸਿੰਘ, ਜਗਤਾਰ ਸਿੰਘ, ਹਰਜੀਤ ਸਿੰਘ ,ਮਹਿੰਦਰ ਸਿੰਘ ਬੱਲ ,ਇਕਬਾਲ ਸਿੰਘ ਗੋਪੀ ,ਗੁਰਮੁਖ ਸਿੰਘ, ਰਜਿੰਦਰ ਸਿੰਘ ,ਸੰਤੋਖ ਸਿੰਘ ਔਜਲਾ, ਨਰਿੰਦਰ ਸਿੰਘ, ਲਵਲੀ ਪਹਿਲਵਾਨ, ਗਿਆਨ ਸਿੰਘ, ਹਰਜਿੰਦਰ ਸਿੰਘ, ਹਰਦੀਪ ਸਿੰਘ, ਸੁਰਜੀਤ ਸਿੰਘ, ਲਖਵੀਰ ਸਿੰਘ, ਸੁਖਵਿੰਦਰ ਸਿੰਘ, ਯਾਦਵਿੰਦਰ ਸਿੰਘ ਆਦਿ ਨੇਤਾ ਵੀ ਹਾਜ਼ਰ ਸਨ।

## ਬੀ ਬੀ ਐੱਮ ਬੀ ਨੇ ਪੌਂਗ ਡੈਮ ਦੇ ਫਲੱਡ ਗੇਟ ਖੋਲ੍ਹੇ, ਲੋਕਾਂ ਨੂੰ ਅਫ਼ਵਾਹਾਂ ਤੋਂ ਬਚਣ ਦੀ ਅਪੀਲ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਬੀ ਬੀ ਐਮ ਬੀ ਨੇ ਸਥਾਨਕ ਪੌਂਗ ਡੈਮ ਦੇ ਫਲੱਡ ਗੇਟ ਖੋਲ੍ਹ ਦਿੱਤੇ ਹਨ। ਪ੍ਰਸ਼ਾਸਨ ਨੇ ਇਹ ਫੈਸਲਾ ਡੈਮ 'ਚ ਲਗਾਤਾਰ ਵਧ ਰਹੇ ਪਾਣੀ ਦੇ ਪੱਧਰ ਦੇ ਮੱਦੇਨਜ਼ਰ ਲਿਆ ਹੈ।ਡੈਮ 'ਚ ਪਾਣੀ ਦਾ ਪੱਧਰ 1373.52 ਫੁੱਟ ਹੈ। ਡੈਮ ਦੀ ਮਹਾਰਾਣਾ ਪ੍ਰਤਾਪ ਸਾਗਰ ਝੀਲ 'ਚ ਪਾਣੀ ਦੀ ਆਮਦ ਘਟ ਕੇ 90366 ਕਿਊਸਕ ਰਹਿ ਗਈ ਹੈ। ਚੀਫ ਇੰਜੀਨੀਅਰ ਬਿਆਸ ਡੈਮ ਰਾਕੇਸ਼ ਕੁਮਾਰ ਗੁਪਤਾ ਨੇ ਦਸਿਆ ਕਿ ਅੱਜ ਦੀ ਘੜੀ ਪੌਂਗ ਡੈਮ ਦੇ 6 ਫਲੱਡ ਗੇਟ ਇੱਕ ਫੁੱਟ ਤੱਕ ਖੋਲ੍ਹੇ ਗਏ ਹਨ। ਫਲੱਡ ਗੇਟਾਂ ਰਾਹੀਂ 4284 ਕਿਊਸਿਕ ਅਤੇ ਪਾਵਰ ਹਾਊਸ ਰਾਹੀਂ 18085 ਕਿਊਸਕ ਪਾਣੀ ਸ਼ਾਹ ਨਹਿਰ ਬੈਰਾਜ 'ਚ ਛੱਡਿਆ ਜਾ ਰਿਹਾ ਹੈ। ਪੌਂਗ ਡੈਮ 'ਚੋਂ ਕੁੱਲ 22369 ਕਿਊਸਕ ਪਾਣੀ ਰਿਲੀਜ਼ ਕੀਤਾ ਜਾ ਰਿਹਾ ਹੈ। ਸ਼ਾਹ ਨਹਿਰ ਬੈਰਾਜ (52 ਗੇਟ) ਰਾਹੀਂ 11 ਹਜ਼ਾਰ ਕਿਊਸਕ ਤੋਂ ਵਧ ਪਾਣੀ ਬਿਆਸ ਦਰਿਆ ਵਿੱਚ ਛੱਡਿਆ ਜਾ ਰਿਹਾ ਹੈ। ਬੈਰਾਜ ਤੋਂ ਹੇਠਾਂ ਬਿਆਸ ਦਰਿਆ 'ਚ ਨਾਜਾਇਜ਼ ਖਣਨ ਅਤੇ ਸਟੋਨ ਕਰੱਸ਼ਰਾਂ ਦੀਆਂ ਕਥਿਤ ਗਤੀਵਿਧੀਆਂ ਦੇ ਚੱਲਦਿਆਂ ਹੜ੍ਹ ਦਾ ਪਾਣੀ ਅਬਾਦੀਆਂ 'ਚ ਦਾਖਲ ਹੋਣ ਦਾ ਖਦਸ਼ਾ ਬਣ ਗਿਆ ਹੈ। ਖਣਨ ਰੋਕੋ ਜ਼ਮੀਨ ਬਚਾਓ ਸੰਘਰਸ਼ ਕਮੇਟੀ ਦੇ ਆਗੂ ਗੁਰਮੁੱਖ ਸਿੰਘ ਨੇ ਦਸਿਆ ਕਿ ਅਜੇ ਤੱਕ ਸਥਿਤੀ ਨਿਯੰਤਰਣ 'ਚ ਹੈ, ਪਰ ਜੇਕਰ ਦਰਿਆ 'ਚ ਪਾਣੀ ਦਾ ਪੱਧਰ ਵਧਣ 'ਤੇ ਐਂਤਕੀ ਬਲਾਕ ਹਾਜੀਪੁਰ ਦੇ ਪਿੰਡ ਫਾਡੇਕਟਵਾਲ, ਬੇਲਾ ਸਰਿਆਣਾ, ਹੰਦਵਾਲ ਆਦਿ ਵਿੱਚ ਤਬਾਹੀ ਹੋਣ ਦੀ ਸੰਭਾਵਨਾ ਹੈ। ਖਣਨ ਮਾਫੀਆ ਵੱਲੋਂ ਕੀਤੀ ਖੁਦਾਈ ਕਾਰਨ ਪਾਣੀ ਦਾ ਵਹਾਅ ਇਨ੍ਹਾਂ ਪਿੰਡਾਂ ਵੱਲ ਹੋ ਗਿਆ ਹੈ।ਚੀਫ਼ ਇੰਜਨੀਅਰ ਗੁਪਤਾ ਨੇ ਦਸਿਆ ਕਿ ਹੇਠਲੇ ਇਲਾਕਿਆਂ ਨੂੰ ਘੱਬਰਾਉਣ ਦੀ ਲੋੜ ਨਹੀਂ ਹੈ। ਡੈਮ ਦੀ ਸਮਰਥਾ 1390 ਫੁੱਟ ਹੈ, ਪਰ ਇਸ ਨੂੰ 1400 ਫੁੱਟ ਤੋਂ ਉੱਪਰ ਲੈ ਜਾਇਆ ਜਾ ਸਕਦਾ ਹੈ। ਬੀ ਬੀ ਐਮ ਬੀ ਵੱਲੋਂ ਬਹੁਤ ਹੀ ਇਹਤਿਆਤ ਨਾਲ ਪਾਣੀ ਛੱਡਿਆ ਜਾ ਰਿਹਾ ਹੈ।ਜੋ ਬਿਆਸ ਦਰਿਆ ਦੇ ਕੰਢੇ ਵਸੇ ਪਿੰਡਾਂ, ਡੇਰਿਆਂ ਆਦਿ ਦਾ ਘੱਟ ਤੋਂ ਘੱਟ ਨੁਕਸਾਨ ਹੋਵੇ। ਉਨ੍ਹਾਂ ਲੋਕਾਂ ਨੂੰ ਅਫ਼ਵਾਹਾਂ ਤੋਂ ਬਚਣ ਦੀ ਅਪੀਲ ਕੀਤੀ ਹੈ।ਉਧਰ ਪੌਂਗ ਡੈਮ ਵੱਲੋਂ ਫਲੱਡ ਗੇਟ ਖੋਲ੍ਹਣ 'ਤੇ ਸਥਾਨਕ ਸਿਵਲ ਪ੍ਰਸ਼ਾਸਨ ਪੂਰਾ ਮੁਸਤੈਦ ਦਿਖਾਈ ਦਿੱਤਾ। ਨਾਇਬ ਤਹਿਸੀਲਦਾਰ ਤਲਵਾੜਾ ਰਾਕੇਸ਼ ਅਗਰਵਾਲ ਆਪਣੇ ਅਮਲੇ ਨਾਲ ਹੇਠਲੇ ਇਲਾਕਿਆਂ 'ਚ ਪਹੁੰਚੇ। ਉਨ੍ਹਾਂ ਬਿਆਸ ਦਰਿਆ 'ਚ ਆਏ ਹੜ੍ਹ ਦਾ ਜਾਇਜ਼ਾ ਲਿਆ। ਨਾਇਬ ਤਹਿਸੀਲਦਾਰ ਅਗਰਵਾਲ ਨੇ ਦਾਅਵਾ ਕੀਤਾ ਕਿ ਸਿਵਲ ਪ੍ਰਸ਼ਾਸਨ ਹਰ ਤਰ੍ਹਾਂ ਦੀ ਸੰਭਾਵੀ ਸਥਿਤੀ ਨਾਲ ਨਜਿੱਠਣ ਲਈ ਤਿਆਰ ਹੈ। ਫਲੱਡ ਕੰਟਰੋਲ ਟੀਮਾਂ ਮੁਸਤੈਦ ਹਨ।



## ਮਾਤਾ ਨਸੀਬ ਕੌਰ ਪਰਮਾਰ ਦੀ ਯਾਦ 'ਚ ਲਗਾਇਆ ਦਸਵਾਂ ਮੁਫਤ ਮੈਡੀਕਲ ਕੈਂਪ

**ਮੇਹਟਿਆਣਾ (ਜਗਤਾਰ ਸਿੰਘ ਭੂੰਗਰਨੀ)**- ਪਿੰਡ ਹਰਬੰਸ ਪੁਰ ਦੇ ਗੁਰਦੁਆਰਾ ਨਾਨਕਸਰ ਸਾਹਿਬ ਵਿਖੇ ਗੁਰੂ ਹਰਿਕ੍ਰਿਸ਼ਨ ਚੈਰੀਟੇਬਲ ਫਾਊਂਡੇਸ਼ਨ ਵਲੋਂ ਚਲਾਈ ਜਾ ਰਹੀ ਭਾਈ ਘਨੱਈਆ ਜੀ ਚੈਰੀਟੇਬਲ ਡਿਸਪੈਂਸਰੀ ਪਿੰਡ ਸਾਹਨੀ ਅਤੇ ਗੁਰਦੁਆਰਾ ਨਾਨਕਸਰ ਸਾਹਿਬ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਦਸਵਾਂ ਮੁਫਤ ਮੈਡੀਕਲ ਕੈਂਪ ਲਗਾਇਆ ਗਿਆ। ਗੁਰੂ ਹਰਿਕ੍ਰਿਸ਼ਨ ਚੈਰੀਟੇਬਲ ਫਾਊਂਡੇਸ਼ਨ ਦੇ ਮੁੱਖੀ ਕਿਰਪਾਲ ਸਿੰਘ ਮਾਇਓਪੱਟੀ ਨੇ ਦੱਸਿਆ ਕਿ ਇਲਾਕੇ ਦੇ ਦੂਰ ਦੁਰਾਡੇ ਪਿੰਡਾਂ ਵਿੱਚ ਲੋੜਵੰਦ ਮਰੀਜ਼ਾਂ ਨੂੰ ਮੁੱਢਲੀ ਸਿਹਤ ਸਹੂਲਤਾਂ ਦੇਣ ਲਈ ਲਗਾਏ ਜਾ ਰਹੇ ਮੈਡੀਕਲ ਕੈਂਪਾਂ ਦੀ ਲੜੀ ਨੂੰ ਅੱਗੇ ਤੋਰਦੇ ਹੋਏ ਪਿੰਡ ਹਰਬੰਸ ਪੁਰ ਦੇ ਗੁਰਦੁਆਰਾ ਨਾਨਕਸਰ ਸਾਹਿਬ ਵਿਖੇ ਵਿਸ਼ੇਸ਼ ਮੈਡੀਕਲ ਕੈਂਪ ਸਵ.ਮਾਤਾ ਨਸੀਬ ਕੌਰ ਪਰਮਾਰ ਦੀ ਯਾਦ ਵਿੱਚ ਲਾਇਆ ਗਿਆ ਹੈ। ਇਸ ਮੌਕੇ ਉੱਘੇ ਸਮਾਜ ਸੇਵੀ ਅਵਤਾਰ ਸਿੰਘ ਭੋਗਲ,ਡਾ. ਨਵਪ੍ਰੀਤ ਸਿੰਘ,ਪ੍ਰਧਾਨ ਅਜੀਤ ਸਿੰਘ ਹਰਬੰਸ ਪੁਰ,ਮੁੱਖ ਗ੍ਰੰਥੀ ਜਤਿੰਦਰ ਸਿੰਘ,ਰਣਜੀਤ ਸਿੰਘ ਹਰਬੰਸ ਪੁਰ, ਕੁਲਵਿੰਦਰ ਸਿੰਘ, ਜਨਕ ਸਿੰਘ, ਸ਼ਾਮ ਸਿੰਘ ਹਰਬੰਸ ਪੁਰ, ਕਰਨੈਲ ਸਿੰਘ, ਮੋਹਣ ਸਿੰਘ, ਰਾਣਾ ਸਿੰਘ ਤੋਂ ਇਲਾਵਾ ਹੋਰ ਪਿੰਡ ਵਾਸੀ ਵੀ ਹਾਜ਼ਰ ਸਨ ।



## ਐੱਲ ਪੀ ਯੂ ਸਕੂਲ ਆਫ਼ ਜਰਨਲਿਜ਼ਮ ਐਂਡ ਮਾਸ ਕਮਿਊਨੀਕੇਸ਼ਨ 'ਚ ਅਨੁਭਵੀ ਸਿੱਖਿਆ ਰਾਹੀਂ ਮੀਡੀਆ ਖੇਤਰ 'ਚ ਸਿਖਲਾਈ

**ਜਲੰਧਰ (ਸ਼ੈਲੀ ਐਲਬਰਟ)**

ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲਪੀਯੂ) ਸਕੂਲ ਆਫ਼ ਜਰਨਲਿਜ਼ਮ ਐਂਡ ਮਾਸ ਕਮਿਊਨੀਕੇਸ਼ਨ ਮੀਡੀਆ ਪੇਸ਼ੇਵਰਾਂ ਦੀ ਇੱਕ ਨਵੀਂ ਪੀੜ੍ਹੀ ਤਿਆਰ ਕਰ ਰਿਹਾ ਹੈ, ਜੋ ਨਾ ਸਿਰਫ਼ ਡਿਗਰੀਆਂ ਨਾਲ ਲੈਸ ਹਨ, ਸਗੋਂ ਤਜ਼ਰਬੇ ਦੇ ਭੰਡਾਰ ਅਤੇ ਇੱਕ ਮਜ਼ਬੂਤ ਨੈਤਿਕ ਬੁਨਿਆਦ ਦੀ ਵੀ ਜਾਣਕਾਰੀ ਹੋਵੇ। ਸਿਲੇਬਸ ਦੇ ਨਾਲ ਜੋ ਨਿਊਜ਼ਰੂਮਾਂ ਅਤੇ ਡਿਜੀਟਲ ਪਲੇਟਫਾਰਮਾਂ ਵਿੱਚ ਬਦਲਾਅ ਦੀ ਗਤੀ ਦੇ ਨਾਲ ਤਾਲਮੇਲ ਰੱਖਦੇ ਹਨ, ਸਕੂਲ ਅਕਾਦਮਿਕ ਨੂੰ ਉਦਯੋਗ ਦੇ ਸੰਪਰਕ ਅਤੇ ਹੱਥੀਂ ਸਿਖਲਾਈ ਨਾਲ ਜੋੜਦਾ ਹੈ, ਵਿਦਿਆਰਥੀਆਂ ਨੂੰ ਪੱਤਰਕਾਰੀ ਅਤੇ ਸੰਚਾਰ ਵਿੱਚ ਪ੍ਰਭਾਵਸ਼ਾਲੀ ਕਰੀਅਰ ਲਈ ਇੱਕ ਪਲੇਟਫਾਰਮ ਪ੍ਰਦਾਨ ਕਰਦਾ ਹੈ। ਪੱਤਰਕਾਰੀ ਅਤੇ ਜਨ ਸੰਚਾਰ ਵਿੱਚ ਗ੍ਰੈਜੂਏਟ (ਬੀਏਜੇਐਮਸੀ), ਮਾਸਟਰ (ਐਮਏਜੇਐਮਸੀ), ਅਤੇ ਡਾਕਟਰੇਟ (ਪੀਐਚਡੀ) ਪ੍ਰੋਗਰਾਮਾਂ ਲਈ ਦਾਖਲੇ ਖੁੱਲ੍ਹੇ ਹਨ।ਸਕੂਲ ਮੀਡੀਆ ਪੇਸ਼ੇ ਲਈ ਆਪਣੀਆਂ ਸਹੂਲਤਾਂ ਵਿੱਚ ਵਿਲੱਖਣ ਹੈ ਜਿਸ ਰਾਹੀਂ ਵਿਦਿਆਰਥੀ ਰਿਪੋਰਟਿੰਗ, ਐਂਕਰਿੰਗ, ਸੰਪਾਦਨ ਅਤੇ ਸਮੱਗਰੀ ਲਿਖਣ ਦੀਆਂ ਚਾਲਾਂ ਸਿੱਖਦੇ ਹਨ। ਸਹੂਲਤਾਂ ਵਿੱਚ ਇੱਕ ਪੇਸ਼ੇਵਰ ਟੀਵੀ ਸਟੂਡੀਓ, ਇੱਕ ਕ੍ਰੋਮਾ-ਸਮਰੱਥ ਸ਼ੂਟਿੰਗ ਫਲੋਰ, ਇੱਕ ਪੋਡਕਾਸਟ ਲੈਬ ਅਤੇ ਇੱਕ ਮੈਕ-ਅਧਾਰਤ ਵੀਡੀਓ ਐਡੀਟਿੰਗ ਰੂਮ ਸ਼ਾਮਲ ਹਨ, ਜੋ ਵਿਦਿਆਰਥੀਆਂ ਨੂੰ ਰਵਾਇਤੀ ਅਤੇ ਡਿਜੀਟਲ ਪਲੇਟਫਾਰਮਾਂ ਤੇ ਸਮੱਗਰੀ ਬਣਾਉਣ, ਸੰਪਾਦਿਤ ਕਰਨ ਅਤੇ ਪ੍ਰਕਾਸ਼ਿਤ ਕਰਨ ਦੇ ਯੋਗ ਬਣਾਉਂਦਾ ਹੈ।ਸੀਨੀਅਰ ਡੀਨ ਡਾ: ਪਵਿੱਤਰ ਪ੍ਰਕਾਸ਼ ਸਿੰਘ ਨੇ ਕਿਹਾ, 'ਐਲਪੀਯੂ ਦਾ ਦ੍ਰਿਸ਼ਟੀਕੋਣ ਮੀਡੀਆ ਪੇਸ਼ੇਵਰਾਂ ਨੂੰ ਤਿਆਰ ਕਰਨਾ ਹੈ ਜੋ ਨਾ ਸਿਰਫ਼ ਹੁਨਰਮੰਦ ਹਨ, ਸਗੋਂ ਜ਼ਿੰਮੇਵਾਰ, ਚੁਸਤ ਅਤੇ ਭਵਿੱਖ-ਕੇਂਦ੍ਰਿਤ ਵੀ ਹਨ।' ਡਾ. ਸਿੰਘ ਨੇ ਦੱਸਿਆ ਕਿ ਕਿਵੇਂ ਢਾਂਚਾਗਤ ਨਿਊਜ਼ਰੂਮ ਸਿਮੂਲੇਸ਼ਨ, ਫੀਲਡ ਅਸਾਈਨਮੈਂਟ ਅਤੇ ਰੀਅਲ-ਟਾਈਮ ਰਿਪੋਰਟਿੰਗ ਟਾਸਕ ਇਹ ਯਕੀਨੀ ਬਣਾਉਂਦੇ ਹਨ ਕਿ ਵਿਦਿਆਰਥੀ ਨਾ ਸਿਰਫ਼ ਕਿਤਾਬੀ ਗਿਆਨ ਪ੍ਰਾਪਤ ਕਰਦੇ ਹਨ, ਸਗੋਂ ਆਪਣੇ ਪ੍ਰਕਾਸ਼ਿਤ ਕੰਮ ਅਤੇ ਵਿਹਾਰਕ ਅਨੁਭਵ ਨਾਲ ਗ੍ਰੈਜੂਏਟ ਵੀ ਹੁੰਦੇ ਹਨ।





## ਲੱਕੀ ਵੱਲੋਂ ਕੀਤੀ ਮਿਹਨਤ ਸਦਕਾ ਮਿਲਿਆ ਦੂਜੀ ਵਾਰ ਪ੍ਰਧਾਨਗੀ ਤਾਜ

**ਬਲਾਚੌਰ (ਜਸਵਿੰਦਰ ਬੈਂਸ)**- ਭਾਜਪਾ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਪ੍ਰਧਾਨ ਐਡਵੋਕੇਟ ਰਾਜਵਿੰਦਰ ਸਿੰਘ ਲੱਕੀ ਵਲੋਂ ਪਾਰਟੀ ਪ੍ਰਤੀ ਕੀਤੀ ਗਈ ਸਖ਼ਤ ਮਿਹਨਤ ਸਦਕਾ ਹੀ ਉਹ ਦੂਸਰੀ ਵਾਰ ਜ਼ਿਲ੍ਹਾ ਪ੍ਰਧਾਨਗੀ ਦਾ ਤਾਜ ਆਪਣੇ ਸਿਰ 'ਤੇ ਸਜਾਉਣ 'ਚ ਕਾਮਯਾਬ ਹੋਏ ਹਨ। ਇਹ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਦੇ ਸਰਕਲ ਪ੍ਰਧਾਨ ਸਾਧੂ ਰਾਮ ਅਤੇ ਉਨ੍ਹਾਂ ਦੇ ਸਾਥੀਆਂ ਵਲੋਂ ਲੱਕੀ ਦਾ ਦੂਜੀ ਵਾਰ ਜ਼ਿਲ੍ਹਾ ਪ੍ਰਧਾਨ ਬਣਨ 'ਤੇ ਮੂੰਹ ਮਿੱਠਾ ਕਰਵਾਉਂਦਿਆਂ ਕੀਤਾ ਗਿਆ।ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਤੋਂ ਜਦੋਂ ਦਾ ਰਾਜਵਿੰਦਰ ਸਿੰਘ ਲੱਕੀ ਨੂੰ ਭਾਜਪਾ ਜ਼ਿਲ੍ਹਾ ਪ੍ਰਧਾਨ ਬਣਾਇਆ ਗਿਆ ਸੀ, ਉਦੋਂ ਤੋਂ ਹੀ ਉਨ੍ਹਾਂ ਦੀ ਸਖ਼ਤ ਮਿਹਨਤ ਸਦਕਾ ਪਾਰਟੀ ਦਾ ਗ੍ਰਾਫ ਦਿਨੋਂ ਦਿਨ ਉੱਚਾ ਹੋਇਆ ਸੀ।ਇਸ ਤੋਂ ਇਲਾਵਾ ਉਨ੍ਹਾਂ ਦੀ ਅਗਵਾਈ ਹੇਠ ਕੇਂਦਰ ਸਰਕਾਰ ਦੀਆਂ ਸਕੀਮਾਂ ਸਬੰਧੀ ਪਿੰਡ-ਪਿੰਡ ਲਗਾਏ ਜਾਂਦੇ ਕੈਂਪਾਂ ਸਦਕਾ ਜਿੱਥੇ ਲੋਕਾਂ ਨੂੰ ਕੇਂਦਰ ਵੱਲੋਂ ਦਿੱਤੀਆਂ ਜਾਂਦੀਆਂ ਸਹੂਲਤਾਂ ਦਾ ਲਾਭ ਪ੍ਰਾਪਤ ਹੋਇਆ, ਉੱਥੇ ਲੋਕਾਂ ਅੰਦਰ ਪ੍ਰਧਾਨ ਰਾਜਵਿੰਦਰ ਲੱਕੀ ਦੀ ਸ਼ਖ਼ਸੀਅਤ ਦਾ ਵੀ ਵੱਡਾ ਨਿਖਾਰ ਸਾਹਮਣੇ ਆਇਆ ਸੀ। ਇਸ ਮੌਕੇ 'ਤੇ ਸਾਧੂ ਰਾਮ,ਅਮਰੀਕ ਕੁਮਾਰ,ਹਰਵਿਲਾਸ, ਨਰਿੰਦਰ ਨਾਥ ਸੂਦਨ, ਯੋਗੀ ਰਾਮ, ਜ਼ਿਲ੍ਹਾ ਯੂਥ ਪ੍ਰਧਾਨ ਪੰਕਜ ਕੁਮਾਰ ਮੌਜੂਦ ਸਨ।

## ਰਛਪਾਲ ਸਿੰਘ ਵੜੈਚ ਸਾਥੀਆਂ ਸਮੇਤ ਗੌਰਮਿੰਟ ਟੀਚਰ ਯੂਨੀਅਨ ਪੰਜਾਬ 'ਚ ਸ਼ਾਮਲ

**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲ੍ਹਾਪੁਰੀ, ਹਨੀ)**

ਗੌਰਮਿੰਟ ਟੀਚਰ ਯੂਨੀਅਨ ਪੰਜਾਬ ਨੂੰ ਉਸ ਵੇਲੇ ਬਹੁਤ ਵੱਡਾ ਬਲ ਮਿਲਿਆ ਜਦ ਸੰਘਰਸ਼ੀਲ ਜਥੇਬੰਦੀ ਈ.ਟੀ.ਟੀ.ਅਧਿਆਪਕ ਯੂਨੀਅਨ ਪੰਜਾਬ ਦੇ ਸਾਬਕਾ ਸੂਬਾ ਪ੍ਰਧਾਨ ਰਛਪਾਲ ਸਿੰਘ ਵੜੈਚ ਈ.ਟੀ.ਟੀ.ਅਧਿਆਪਕ ਯੂਨੀਅਨ ਦੀ ਕਪੂਰਥਲਾ ਇਕਾਈ ਭੰਗ ਕਰਕੇ ਜ਼ਿਲ੍ਹੇ ਦੇ ਸਮੁੱਚੇ ਕਾਡਰ ਸਮੇਤ ਗੌਰਮਿੰਟ ਟੀਚਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ, ਕਿਸਾਨ ਮਜਦੂਰ ਅਤੇ ਜਨਤਕ ਜਥੇਬੰਦੀਆਂ ਦੇ ਆਗੂਆਂ ਦੀ ਮੌਜੂਦਗੀ ਵਿੱਚ ਹੋਏ ਸਮਾਗਮ ਦੌਰਾਨ ਗੌਰਮਿੰਟ ਟੀਚਰ ਯੂਨੀਅਨ ਪੰਜਾਬ ਵਿੱਚ ਸ਼ਾਮਲ ਹੋ ਗਏ। ਸੀਚੇਵਾਲ ਆਡੀਟੋਰੀਅਮ ਹਾਲ ਵਿੱਚ ਸੁਲਤਾਨਪੁਰ ਲੋਧੀ ਵਿਖੇ ਹੋਏ ਸਮਾਗਮ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਦੇ ਸੈਂਕੜੇ ਅਧਿਆਪਕ ਵਹੀਰਾਂ ਘੱਤ ਕੇ ਪੁੱਜੇ। ਜਿਨ੍ਹਾਂ ਵਿੱਚ ਵੱਡੀ ਗਿਣਤੀ ਵਿੱਚ ਮਹਿਲਾ ਅਧਿਆਪਕਾਵਾਂ ਵੀ ਸ਼ਾਮਿਲ ਸਨ। ਅੱਜ ਦੇ ਸਮਾਗਮ ਪ੍ਰਤੀ ਅਧਿਆਪਕਾਂ ਦਾ ਉਤਸ਼ਾਹ ਇਸ ਕਦਰ ਸੀ ਕਿ ਪੰਡਾਲ ਵੀ ਛੋਟਾ ਪੈ ਗਿਆ ਅਤੇ ਵੱਡੀ ਗਿਣਤੀ ਵਿੱਚ ਅਧਿਆਪਕਾਂ ਖੜੇ ਹੋ ਕੇ ਆਪਣੇ ਆਗੂਆਂ ਦੇ ਵਿਚਾਰ ਸੁਣੇ। ਇਸ ਮੌਕੇ ਤੇ ਅਧਿਆਪਕਾਂ ਨੂੰ ਸੰਬੋਧਨ ਕਰਦਿਆਂ ਗੌਰਮਿੰਟ ਟੀਚਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ ਨੇ ਰਛਪਾਲ ਸਿੰਘ ਵੜੈਚ ਦੀ ਸਮੁੱਚੀ ਟੀਮ ਅਤੇ ਕਾਡਰ ਨੂੰ ਜਥੇਬੰਦੀ ਵਿੱਚ ਸ਼ਾਮਲ ਹੋਣ 'ਤੇ ਜੀ ਆਇਆ ਆਖਿਆ ਅਤੇ ਕਿਹਾ ਕਿ ਇਸ ਨਾਲ ਪੂਰੇ ਪੰਜਾਬ ਵਿੱਚ ਜਥੇਬੰਦੀ ਨੂੰ ਨਵੀਂ ਤਾਕਤ ਮਿਲੇਗੀ। ਉਨ੍ਹਾਂ ਕਿਹਾ ਕਿ ਮੁਲਾਜਮ ਵਰਗ ਦੀਆਂ ਅਹਿਮ ਮੰਗਾਂ ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ, ਡੀ.ਏ ਦੀਆਂ ਕਿਸ਼ਤਾਂ ਜਾਰੀ ਕਰਾਉਣ, ਕੱਚੇ ਮੁਲਾਜਮ ਪੱਕੇ ਕਰਨ,ਕੇਂਦਰੀ ਪੇ ਸਕੇਲ ਰੱਦ ਕਰਾਉਣ, ਕੱਟੇ ਭੱਤੇ ਬਹਾਲ ਕਰਾਉਣ ਲਈ ਜਥੇਬੰਦੀਆਂ ਦਾ ਆਪਸੀ ਏਕਾ ਸਮੇਂ ਦੀ ਲੋੜ ਹੈ। ਸਮਾਗਮ ਨੂੰ ਸੰਬੋਧਨ ਕਰਦਿਆਂ ਪੰਜਾਬ ਸੁਬਾਰਡੀਨੇਟ ਸਰਵਿਸ ਫੈਡਰੇਸ਼ਨ ਦੇ ਜਨਰਲ ਸਕੱਤਰ ਤੀਰਥ ਬਾਸੀ ਨੇ ਕਿਹਾ ਕਿ ਮੁਲਾਜਮ ਵਰਗ ਦੀਆਂ ਮੰਗਾਂ ਦੇ ਹੱਲ ਲਈ ਸਮੁੱਚੇ ਮੁਲਾਜਮ ਵਰਗ ਨੂੰ ਇਕਜੁੱਟ ਹੋ ਕੇ ਹੰਭਲਾ ਮਾਰਨਾ ਚਾਹੀਦਾ ਹੈ। ਇਸ ਮੌਕੇ 'ਤੇ ਬਲਵਿੰਦਰ ਸਿੰਘ ਭੁੱਟੋ, ਕੁਲਦੀਪ ਸਿੰਘ ਕੌੜਾ, ਅਮਰਜੀਤ ਸਿੰਘ, ਗੁਰਮੇਜ ਸਿੰਘ ਤਲਵੰਡੀ ਚੌਧਰੀਆਂ, ਦਲਜੀਤ ਸਿੰਘ ਸੈਣੀ, ਲਕਸ਼ਦੀਪ ਸ਼ਰਮਾ, ਪੰਕਜ ਮਰਵਾਹਾ, ਵਿਵੇਕ ਸ਼ਰਮਾ, ਮੰਗਵਿੰਦਰ ਪਾਲ ਸਿੰਘ, ਸੁਖਦੇਵ ਸਿੰਘ, ਬੀ.ਪੀ.ਓ ਸੰਜੀਵ ਹਾਂਡਾ, ਪੈਨਸ਼ਨਰ ਯੂਨੀਅਨ ਤੋਂ ਸੁੱਚਾ ਸਿੰਘ ਮਿਰਜਾਪੁਰ, ਮੀਨਾ ਪ੍ਰਭਾਕਰ, ਨਵਨੀਤ ਜੰਮੂ, ਰਮੇਸ਼ ਕੁਮਾਰ, ਰਾਜੂ ਬੂਲਪੁਰ, ਪ੍ਰਤਾਪ ਸਿੰਘ, ਯਾਦਵਿੰਦਰ ਸਿੰਘ, ਸੁਖਵਿੰਦਰ ਸਿੰਘ, ਅਮਨਦੀਪ ਸਿੰਘ, ਗੁਰਪ੍ਰੀਤ ਸਿੰਘ, ਸਰਬਜੀਤ ਸਿੰਘ, ਬਰਿੰਦਰ ਮਾਨ, ਹਰਵਿੰਦਰ ਸਿੰਘ ਬਿਧੀਪੁਰ, ਹਰਵਿੰਦਰ ਕੌਰ, ਮਨਪ੍ਰੀਤ ਕੌਰ, ਅਮਨਦੀਪ ਸਿੰਘ ਖਿੰਡਾ, ਲਖਵਿੰਦਰ ਸਿੰਘ ਟਿੱਬਾ ਆਦਿ ਵੱਡੀ ਗਿਣਤੀ ਵਿੱਚ ਹਾਜਰ ਸਨ।



## ਐਸ ਟੀ ਐੱਸ ਵਰਲਡ ਸਕੂਲ 'ਚ ਵਿਸ਼ੇਸ਼ ਪ੍ਰਾਰਥਨਾ ਸਭਾ




**ਗੁਰਾਇਆ (ਬਿੰਦਰ ਸੁਮਨ)**

ਪ੍ਰਾਰਥਨਾ ਸਭਾ ਵਿੱਚ ਮੰਚ ਦਾ ਸੰਚਾਲਨ ਨੌਵੀ ਬੀ ਦੇ ਵਿਦਿਆਰਥੀਆਂ ਮਨਰੀਤ ਤੇ ਸੋਮਿਆ ਦੇ ਦੁਆਰਾ ਕੀਤਾ ਗਿਆ। ਅੱਜ ਦਾ ਵਿਚਾਰ ਜਸ਼ਨਪ੍ਰੀਤ ਸਿੰਘ ਦੁਆਰਾ ਕੀਤਾ ਗਿਆ। ਕਰਨਵੀਰ ਨੇ ਨਵਾਂ ਸ਼ਬਦ ਦੱਸ ਕੇ ਸਾਡੇ ਗਿਆਨ ਭੰਡਾਰ ਵਿੱਚ ਵਾਧਾ ਕੀਤਾ। ਅੱਜ ਦੀਆਂ ਸੁਰਖੀਆਂ ਇੰਦਰਵੀਰ ਸਿੰਘ ਦੁਆਰਾ ਬਟੋਰੀਆਂ ਗਈਆਂ। ਸਹਿਮਤੀ ਅਤੇ ਸ਼ਾਂਤੀ ਤੇ ਬਹੁਤ ਹੀ ਖੂਬਸੂਰਤ ਕਵਿਤਾ ਜਸਲੀਨ ਦੁਆਰਾ ਪੇਸ਼ ਕੀਤੀ ਗਈ। ਸਹਿਮਤੀ ਅਤੇ ਸ਼ਾਂਤੀ ਤੇ ਭਾਸ਼ਣ ਗੌਰੀ ਦੁਆਰਾ ਪੇਸ਼ ਕੀਤਾ ਗਿਆ। ਉਸ ਤੋਂ ਪਿੱਛੋਂ ਬਹੁਤ ਹੀ ਖੂਬਸੂਰਤ ਨਾਟਕ ਅਤੇ ਡਾਂਸ ਨੌਵੀਂ ਬੀ ਦੇ ਵਿਦਿਆਰਥੀਆਂ ਦੁਆਰਾ ਪੇਸ਼ ਕੀਤਾ ਗਿਆ ਜੋ ਕਿ ਸਹਿਮਤੀ ਅਤੇ ਸ਼ਾਂਤੀ ਵਿਸ਼ੇ ਤੇ ਬਹੁਤ ਹੀ ਢੁੱਕਵਾਂ ਸੀ। ਇਹ ਸਾਰੀ ਸਭਾ ਦੀ ਅਗਵਾਈ ਜਮਾਤ ਇੰਚਾਰਜ ਮੈਡਮ ਸੋਨਿਕਾ ਦੁਆਰਾ ਕੀਤੀ ਗਈ। ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਮੈਡਮ ਸ੍ਰੀਮਤੀ ਪ੍ਰਭਜੋਤ ਕੌਰ ਗਿੱਲ ਦੁਆਰਾ ਬੱਚਿਆਂ ਦੀ ਕਾਰਗੁਜਾਰੀ ਦੀ ਸ਼ਲਾਘਾ ਕੀਤੀ ਗਈ ਤੇ ਉਨ੍ਹਾਂ ਨੇ ਕਿਹਾ ਕਿ ਸਹਿਮਤੀ ਅਤੇ ਸ਼ਾਂਤੀ ਸਭ ਤੋਂ ਮਹੱਤਵਪੂਰਨ ਗੁਣਾਂ ਵਿੱਚੋਂ ਇੱਕ ਹੈ। ਸਹਿਮਤੀ ਅਤੇ ਸ਼ਾਂਤੀ ਨਾਲ, ਤੁਸੀਂ ਆਪਣੇ ਸਮੇਂ ਦਾ ਪ੍ਰਬੰਧਨ ਚੰਗੀ ਤਰ੍ਹਾਂ ਕਰ ਸਕਦੇ ਹੋ, ਆਪਣੇ ਟੀਚਿਆਂ 'ਤੇ ਕੇਂਦ੍ਰਿਤ ਰਹਿ ਸਕਦੇ ਹੋ ਅਤੇ ਮਜ਼ਬੂਤ ਆਦਤਾਂ ਬਣਾ ਸਕਦੇ ਹੋ ਜੋ ਅਕਾਦਮਿਕ ਅਤੇ ਜੀਵਨ ਦੋਵਾਂ ਵਿੱਚ ਸਫਲਤਾ ਵੱਲ ਲੈ ਜਾਂਦੀਆਂ ਹਨ।

## ਨਸ਼ਾ ਸਮਾਜ 'ਤੇ ਹਮਲਾ ਹੈ, ਹਰ ਘਰ ਨੂੰ ਬਣਨਾ ਪਵੇਗਾ ਪਹਿਰੇਦਾਰ : ਡਾ. ਚੱਬੇਵਾਲ

**ਹੁਸ਼ਿਆਰਪੁਰ, (ਓਮ ਪ੍ਰਕਾਸ਼ ਰਾਣਾ)**

ਨਸ਼ਿਆਂ ਖਿਲਾਫ ਯੁੱਧ' ਮੁਹਿੰਮ ਦੇ ਤਹਿਤ ਪਿੰਡ ਗੋਪਾਲੀਆਂ ਅਤੇ ਕੁੱਕੜਾਂ ਵਿੱਚ ਜਾਗਰੂਕਤਾ ਮੀਟਿੰਗਾਂ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਪਹੁੰਚੇ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ, "ਨਸ਼ਾ ਕੇਵਲ ਇਕ ਵਿਅਕਤੀਗਤ ਸਮੱਸਿਆ ਨਹੀਂ, ਇਹ ਪੂਰੇ ਸਮਾਜ ਉੱਤੇ ਸਿੱਧਾ ਹਮਲਾ ਹੈ। ਹੁਣ ਹਰ ਘਰ ਨੂੰ ਪਹਰੇਦਾਰ ਬਣਨਾ ਪਵੇਗਾ, ਹਰ ਮਾਂ ਨੂੰ ਜਾਗਣਾ ਪਵੇਗਾ, ਹਰ ਨੌਜਵਾਨ ਨੂੰ ਨਸ਼ੇ ਦੇ ਵਿਰੁੱਧ ਬਗ਼ਾਵਤ ਕਰਨੀ ਪਵੇਗੀ। ਇਹ ਲੜਾਈ ਹੁਣ ਘਰ-ਘਰ ਦੀ ਬਣ ਗਈ ਹੈ।" ਉਨ੍ਹਾਂ ਕਿਹਾ ਕਿ ਜਦ ਤੱਕ ਪਿੰਡਾਂ 'ਚ ਸਮਾਜਿਕ ਨਿਗਰਾਨੀ ਮਜਬੂਤ ਨਹੀਂ ਬਣਦੀ, ਤਦ ਤੱਕ ਨਸ਼ਾ ਆਪਣੀ ਜੜ੍ਹਾਂ ਫੈਲਾਉਂਦਾ ਰਹੇਗਾ। ਡਾ. ਚੱਬੇਵਾਲ ਨੇ ਪੰਚਾਇਤਾਂ ਨੂੰ ਅਪੀਲ ਕੀਤੀ ਕਿ ਉਹ ਨੌਜਵਾਨਾਂ ਨੂੰ ਰਾਜ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਖੇਡ ਮੈਦਾਨਾਂ, ਸਕਿਲ ਸੈਂਟਰ ਵਰਗੀਆਂ ਸਹੂਲਤਾਂ ਬਾਰੇ ਜਾਣੂ ਕਰਵਾਉਣ। ਉਨ੍ਹਾਂ ਕਿਹਾ, "ਹੁਣ ਸਮਾਂ ਭਾਗੀਦਾਰੀ ਦਾ ਹੈ ਜੇ ਅਸੀਂ ਅੱਜ ਨਾ ਜਾਗੇ ਤਾਂ ਭਵਿੱਖ ਦੀਆਂ ਪੀੜ੍ਹੀਆਂ ਸਾਨੂੰ ਕਦੇ ਮਾਫ ਨਹੀਂ ਕਰਨਗੀਆਂ।" ਇਸ ਮੌਕੇ ਸਰਪੰਚ ਕੁਲਵਰਨ, ਅਜੈਬ ਸਿੰਘ, ਪੰਚ ਹਰਵਿੰਦਰ ਸਿੰਘ, ਪੰਚ ਕੁਲਦੀਪ ਕੌਰ, ਪੰਚ ਮਨਦੀਪ ਕੌਰ, ਪੰਚ ਪਰਮਜੀਤ ਕੌਰ, ਪੰਚ ਸੁਰਿੰਦਰ ਕੌਰ, ਹਰਭਜਨ ਸਿੰਘ, ਪਰਮਜੀਤ ਸਿੰਘ, ਕੁਲਵਿੰਦਰ ਸਿੰਘ, ਬਲਜੀਤ ਕੋਟ, ਬਿਰਲਾ ਸੇਠ ਚੱਬੇਵਾਲ, ਸੌਰਭ ਸ਼ਰਮਾ, ਮਹਿੰਦਰ ਸਿੰਘ ਭੰਬੋ, ਗੋਪੀ ਭਾਮ, ਸਰਪੰਚ ਸੁਰਿੰਦਰ ਕੌਰ, ਰਣਜੀਤ ਸਿੰਘ ਬੈਂਸ, ਕਮਲਜੀਤ ਸਿੰਘ, ਨਰਿੰਦਰਪਾਲ ਸਿੰਘ (ਪੂਰਵ ਸਰਪੰਚ), ਰਣਬੀਰ ਸਿੰਘ, ਪਰਮਿੰਦਰ ਸਿੰਘ, ਜੋਗਾ ਸਿੰਘ, ਦਲਜੀਤ ਸਿੰਘ ਸਮੇਤ ਕਈ ਹੋਰ ਲੋਕ ਮੌਜੂਦ ਸਨ।



## ਜ਼ਿਲ੍ਹਾ ਪਲਾਨਿੰਗ ਬੋਰਡ 'ਚ ਸੰਜੀਵ ਭਗਤ ਤੇ ਤਰਨਦੀਪ ਸੰਨੀ ਬਣੇ ਮੈਂਬਰ



**ਜਲੰਧਰ (ਸ਼ੈਲੀ ਐਲਬਰਟ)**-ਪੰਜਾਬ ਸਰਕਾਰ ਵੱਲੋਂ ਲੋਕ-ਭਲਾਈ ਅਤੇ ਵਿਕਾਸ ਉੱਦੇਸ਼ਾਂ ਨੂੰ ਧਿਆਨ ਵਿੱਚ ਰੱਖਦੇ ਹੋਏ, ਜ਼ਿਲ੍ਹਾ ਪਲਾਨਿੰਗ ਬੋਰਡ ਜਲੰਧਰ ਵਿੱਚ ਨਵੇਂ ਮੈਂਬਰਾਂ ਦੀ ਨਿਯੁਕਤੀ ਕੀਤੀ ਗਈ ਹੈ। ਇਸ ਆਦੇਸ਼ ਅਨੁਸਾਰ ਸੰਜੀਵ ਭਗਤ ਅਤੇ ਤਰਨਦੀਪ ਸਿੰਘ ਸੰਨੀ ਨੂੰ ਜ਼ਿਲ੍ਹਾ ਪਲਾਨਿੰਗ ਬੋਰਡ ਜਲੰਧਰ ਦੇ ਮੈਂਬਰ ਵਜੋਂ ਨਿਯੁਕਤ ਕੀਤਾ ਗਿਆ ਹੈ। ਇਹ ਨਿਯੁਕਤੀਆਂ ਪੰਜਾਬ ਸਰਕਾਰ ਦੀ ਗ੍ਰਾਸਰੂਟ ਪੱਧਰ 'ਤੇ ਲੋਕ-ਕੇਂਦਰਿਤ ਨੀਤੀਆਂ ਦੇ ਸਫਲ ਅਮਲ ਵੱਲ ਇਕ ਹੋਰ ਮਜਬੂਤ ਕਦਮ ਸਾਬਤ ਹੋਣਗੀਆਂ। ਨਵੇਂ ਮੈਂਬਰਾਂ ਨੇ ਆਪਣੀ ਨਿਯੁਕਤੀ ਲਈ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਪੰਜਾਬ ਪ੍ਰਧਾਨ ਅਮਨ ਅਰੋੜਾ, ਕੈਬਿਨਟ ਮੰਤਰੀ ਮੋਹਿੰਦਰ ਸਿੰਘ, ਜ਼ਿਲ੍ਹਾ ਪ੍ਰਧਾਨ ਅੰਮ੍ਰਿਤਪਾਲ ਸਿੰਘ, ਅਤੇ ਪਾਰਟੀ ਦੀ ਲੀਡਰਸ਼ਿਪ ਪ੍ਰਤੀ ਧੰਨਵਾਦ ਪ੍ਰਗਟਾਇਆ।

## ਪਿਛਲੇ 10 ਸਾਲਾਂ 'ਚ ਸਰਕਾਰਾਂ ਰੈੱਡ ਕਰਾਸ ਸੁਸਾਇਟੀ ਨੂੰ ਕੋਈ ਵੀ ਗ੍ਰਾਂਟ ਜਾਰੀ ਨਹੀਂ ਕਰ ਸਕੀਆਂ : ਧੀਮਾਨ

**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**

ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਨੇ ਸੂਚਨਾ ਅਧਿਕਾਰ ਐਕਟ 2005 ਦੇ ਤਹਿਤ ਰੈੱਡ ਕਰਾਸ ਸੁਸਾਇਟੀ ਨੂੰ ਮਿਲੀਆਂ ਸਰਕਾਰਾਂ ਵਲੋਂ ਗ੍ਰਾਂਟਾਂ,ਲੋਕਾਂ ਦੀ ਕੀਤੀ ਗਈ ਸਹਾਇਤਾ,ਬਿਲਡਿੰਗ ਅੰਦਰ ਚਲ ਰਹੀਆਂ ਸੇਵਾਵਾਂ ਅਤੇ ਇਕੱਠਾ ਕੀਤਾ ਜਾਂਦਾ ਦਾਨ ਅਤੇ ਹੋਰ ਸਾਧਨਾ ਤੋਂ ਜੁਟਾਏ ਜਾ ਰਹੇ ਧੰਨ ਆਦਿ ਦਾ ਖੁਲਾਸਾ ਕਰਦਿਆਂ ਦਸਿਆ ਕਿ ਸਰਕਾਰਾਂ ਹੋਰ ਤਾ ਅਪਣੇ ਕਰੋੜਾਂ ਰੁਪਏ ਫਜੂਲ ਦਾ ਖਰਚਾ ਕਰ ਲੈਂਦੀਆਂ ਹਨ ਤੇ ਆਪ ਵੀਵੀਆਈਪੀ ਕਲਚਰ ਅਤੇ ਫਜੂਲ ਦੀ ਐਡਬਰਟਾਇਜਮੈਂਟ ਤੇ ਕਰੋੜਾਂ ਰੁਪਇਆ ਤਾਂ ਲੁਟਾਇਆ ਜਾ ਸਕਦਾ ਹੈ ਪਰ ਰੈੱਡ ਕਰਾਸ ਵਰਗੀ ਮਨੁੱਖਤਾ ਦੀ ਸੇਵਾ ਕਰਨ ਵਾਲੀ ਸੰਸਥਾ ਨੂੰ 31 ਮਾਰਚ 2015 ਤੋਂ ਲੈ ਕੇ 22 ਜੂਨ 2025 ਤੱਕ ਕੋਈ ਪੈਸਾ ਜਾਰੀ ਨਹੀਂ ਕਰ ਸਕੀ ਜੋ ਕਿ ਅਤਿ ਨਿੰਦਣਯੋਗ ਹੈ।ਧੀਮਾਨ ਨੇ ਦਸਿਆ ਕਿ ਸਿਰਫ 10 ਸਾਲਾਂ ਵਿਚ 370 ਸਿਲਾਈ ਮਸ਼ੀਨਾਂ,84 ਟਰਾਈ ਸਾਇਕਲ,ਮੋਟਰਾਈਜਡ ਟਰਾਈਸਾਇਕਲ 89 ਅਤੇ 200 ਰਾਸ਼ਨ ਕਿੱਟਾਂ ਦੀ ਦੇ ਸਕੀ,ਜਦੋਂ ਲੋੜ ਤਾਂ ਇਸ ਤੋਂ ਵੱਧ ਹੈ। ਹੁਸ਼ਿਆਰਪੁਰ ਰੈੱਡ ਕਰਾਸ ਦੀ ਬਿਲਡਿੰਗ ਵਿਚ ਰੈੱਡ ਕਰਾਸ ਸੁਸਾਇਟੀ ਵਲੋਂ ਬੱਚਿਆਂ ਤੋਂ ਫੀਸਾਂ ਲੈ ਕੇ ਜਿਸ ਵਿਚ ਦਾਖਲਾ ਫੀਸ 500 ਰੁ: ਅਤੇ ਪ੍ਰਤੀ ਮਹੀਨਾ ਫੀਸ 700 ਰੁ: ਲੈ ਕੇ ਕੰਪਿਊਟਰ ਟਰੇਨਿੰਗ ਸੈਂਟਰ,ਟਾਈਪ ਐਂਡ ਸ਼ੋਰਟ ਹੈਂਡ ਸੈਂਟਰ,ਬਿਊਟੀਪਾਰਲਰ ਟਰੇਨਿੰਗ ਸੈਂਟਰ ਅਤੇ ਫੈਸ਼ਨ ਡਿਜਾਇਨਿੰਗ ਸੈਂਟਰ ਚਲਾਏ ਜਾ ਰਹੇ ਹਨ।ਜਦੋਂ ਕਿ ਇਹ ਸਭ ਕੁਝ ਫਰੀ ਹੋਣਾ ਚਾਹੀਦਾ ਹੈ।ਰੈੱਡ ਕਰਾਸ ਨੇ 31 ਮਾਰਚ 2015 ਤੋਂ ਲੈ ਕੇ 22 ਜੂਨ 2025 ਤੱਕ ਲੋਕਾਂ ਤੋਂ ਦਾਨ ਵਿਚ 1,71,74,696 ਰੁਪਏ ਪ੍ਰਾਪਤ ਕੀਤੇ ਅਤੇ ਇਸ ਦੇ ਨਾਲ ਹੀ ਇਕ ਬੈਂਕ ਦੇ ਏ ਟੀ ਐਮ ਤੋਂ 9200 ਰੁ: ਕਿਰਾਇਆ ਪ੍ਰਤੀ ਮਹੀਨਾ ਵਸੂਲਿਆ ਜਾ ਰਿਹਾ ਹੈ।।ਧੀਮਾਨ ਨੇ ਕਿਹਾ ਕਿ ਰੈੱਡ ਕਰਾਸ ਸੁਸਾਇਟੀ ਦਾ ਮਿਸ਼ਨ ਮਾੜਾ ਨਹੀਂ ਪਰ ਪੈਸੇ ਦੀ ਘਾਟ ਕਾਰਨ ਸਭ ਕੁਝ ਵੇਖਣ ਤੱਕ ਹੀ ਸੀਮਤ ਹੈ।ਅਨੇਕਾਂ ਗਰੀਬ ਲੋਕ ਅਤੇ ਲੋੜਵੰਦ ਬੱਚੇ ਸਹਾਇਤਾ ਲਈ ਤੜਫਦੇ ਹਨ ਪਰ ਰੈੱਡ ਕਰਾਸ ਬੇਵੱਸ ਜਾਪਦੀ ਹੈ।



## ਡੇਂਗੂ, ਮਲੇਰੀਆ, ਚਿਕਨਗੁਨੀਆ ਦੀ ਰੋਕਥਾਮ ਲਈ ਸੰਵੇਦਨਸ਼ੀਲ ਸਥਾਨਾਂ ਦੀ ਪਛਾਣ ਕਰਨ ਦੇ ਹੁਕਮ

**ਜਲੰਧਰ, (ਸ਼ੈਲੀ ਐਲਬਰਟ)**

ਪਾਣੀ ਅਤੇ ਮੱਛਰ ਤੋਂ ਪੈਦਾ ਹੋਣ ਵਾਲੀਆਂ ਬਿਮਾਰੀਆਂ ਨੂੰ ਫੈਲਣ ਤੋਂ ਰੋਕਣ ਲਈ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਸਿਹਤ ਵਿਭਾਗ ਨੂੰ ਡੇਂਗੂ, ਮਲੇਰੀਆ ਅਤੇ ਚਿਕਨਗੁਨੀਆ ਦੇ ਹਾਟਸਪਾਟਸ ਦੀ ਪਛਾਣ ਕਰਨ ਦੇ ਨਿਰਦੇਸ਼ ਦਿੱਤੇ ਤਾਂ ਜੋ ਉਥੇ ਲੋੜੀਂਦੇ ਉਪਾਅ ਕੀਤੇ ਜਾ ਸਕਣ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਸਿਹਤ ਸੁਸਾਇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਾ. ਅਗਰਵਾਲ ਨੇ ਬਹੁ-ਵਿਭਾਗੀ ਬਿਹਤਰ ਤਾਲਮੇਲ ਵਾਲੀ ਪਹੁੰਚ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ, ਖਾਸ ਕਰ ਉਨ੍ਹਾਂ ਇਲਾਕਿਆਂ ਵਿੱਚ ਜਿੱਥੇ ਅਜਿਹੀਆਂ ਬਿਮਾਰੀਆਂ ਦੇ ਮਾਮਲੇ ਅਕਸਰ ਸਾਹਮਣੇ ਆਉਂਦੇ ਹਨ। ਉਨ੍ਹਾਂ ਬਿਮਾਰੀ ਦੇ ਸੰਚਾਰ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਰੋਕਣ ਦੇ ਨਾਲ-ਨਾਲ ਪਹੁੰਚਯੋਗ ਸਿਹਤ ਸੰਭਾਲ ਯਕੀਨੀ ਬਣਾਉਣ ਲਈ ਪ੍ਰਸ਼ਾਸਨ ਦੀ ਵਚਨਬੱਧਤਾ ਵੀ ਦੁਹਰਾਈ।ਡਿਪਟੀ ਕਮਿਸ਼ਨਰ ਨੇ ਸਮੂਹ ਐਸ.ਡੀ.ਐਮਜ਼ ਨੂੰ ਆਪੋ-ਆਪਣੇ ਅਧਿਕਾਰ ਖੇਤਰਾਂ ਵਿੱਚ ਬਿਮਾਰੀਆਂ ਦੀ ਰੋਕਥਾਮ ਲਈ ਕੀਤੇ ਜਾ ਰਹੇ ਯਤਨਾਂ ਦੀ ਵਿਅਕਤੀਗਤ ਤੌਰ 'ਤੇ ਨਿਗਰਾਨੀ ਕਰਨ ਅਤੇ ਬਿਮਾਰੀ ਫੈਲਣ ਦੀ ਸੂਰਤ ਵਿੱਚ ਇਸ ਦੇ ਢੁੱਕਵੇਂ ਪ੍ਰਬੰਧਨ ਲਈ ਬਹੁ-ਪੱਖੀ ਰਣਨੀਤੀ ਅਪਣਾਉਣ ਦੀ ਹਦਾਇਤ ਕੀਤੀ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਜਸਬੀਰ ਸਿੰਘ ਅਤੇ ਸਿਵਲ ਸਰਜਨ ਡਾ. ਗੁਰਮੀਤ ਲਾਲ ਵੀ ਮੌਜੂਦ ਸਨ।ਮੀਟਿੰਗ ਦੌਰਾਨ ਡਾ. ਅਗਰਵਾਲ ਨੇ 2 ਅਕਤੂਬਰ ਨੂੰ ਸ਼ੁਰੂ ਹੋਣ ਵਾਲੀ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀ ਜ਼ਿਲ੍ਹੇ ਵਿੱਚ ਸ਼ੁਰੂਆਤ ਦੀਆਂ ਤਿਆਰੀਆਂ ਦਾ ਵੀ ਜਾਇਜ਼ਾ ਲਿਆ। ਉਨ੍ਹਾਂ ਇਸ ਯੋਜਨਾ ਨੂੰ ਸਫ਼ਲਤਾ ਨਾਲ ਲਾਗੂ ਕਰਨ ਨੂੰ ਯਕੀਨੀ ਬਣਾਉਣ ਲਈ ਵਿਭਾਗਾਂ ਵਿੱਚ ਸੁਚਾਰੂ ਤਾਲਮੇਲ 'ਤੇ ਜ਼ੋਰ ਦਿੱਤਾ।ਨਸ਼ਾ ਛੁਡਾਊ ਕੇਂਦਰਾਂ ਵਿੱਚ ਇਲਾਜ ਕਰਵਾ ਰਹੇ ਵਿਅਕਤੀਆਂ ਦੀ ਸਰੀਰਕ ਅਤੇ ਮਾਨਸਿਕ ਸਿਹਤ ਦੀ ਬਿਹਤਰੀ ਲਈ ਡਾ. ਅਗਰਵਾਲ ਨੇ ਅਧਿਕਾਰੀਆਂ ਨੂੰ ਰੋਜ਼ਾਨਾ ਯੋਗਾ ਸੈਸ਼ਨ ਸ਼ੁਰੂ ਕਰਨ ਲਈ ਵੀ ਕਿਹਾ।ਇਸ ਤੋਂ ਇਲਾਵਾ ਜ਼ਮੀਨੀ ਪੱਧਰ 'ਤੇ ਸਿਹਤ ਸੇਵਾਵਾਂ ਦੀ ਉਪਲਬਧ ਵਧਾਉਣ ਲਈ ਉਨ੍ਹਾਂ ਸਿਹਤ ਵਿਭਾਗ ਨੂੰ ਹਦਾਇਤ ਕੀਤੀ ਕਿ ਸਿਹਤ ਕੇਂਦਰਾਂ ਵਿੱਚ ਬੁਨਿਆਦੀ ਢਾਂਚੇ ਦੀਆਂ ਜ਼ਰੂਰਤਾਂ ਦਾ ਡੂੰਘਾਈ ਨਾਲ ਮੁਲਾਂਕਣ ਕੀਤਾ ਜਾਵੇ।ਡਿਪਟੀ ਕਮਿਸ਼ਨਰ ਨੇ ਸਾਰੇ ਭਾਗੀਦਾਰਾਂ ਨੂੰ ਅਪੀਲ ਕੀਤੀ ਕਿ ਜਲੰਧਰ ਨੂੰ ਸਿਹਤ ਸੇਵਾਵਾਂ ਅਤੇ ਰੋਗ ਰੋਕਥਾਮ ਵਿੱਚ ਮਾਡਲ ਜ਼ਿਲ੍ਹਾ ਬਣਾਉਣ ਲਈ ਸਰਗਰਮੀ ਨਾਲ ਕੰਮ ਕਰਨ




## ਲੈਂਡ ਪੂਲਿੰਗ ਨੀਤੀ ਪੰਜਾਬ ਤੇ ਕਿਸਾਨ ਵਿਰੋਧੀ : ਮੋਮੀ, ਗਿੱਲ



**ਟਾਂਡਾ ਉੜਮੁੜ (ਜਸਵਿੰਦਰ ਸੰਧੂ ਓਂਕਾਰ ਸਿੰਘ)**

ਲੈਂਡ ਪੂਲਿੰਗ ਨੀਤੀ ਨਾਲ ਜਿੱਥੇ ਕਿਸਾਨਾਂ ਦਾ ਉਜਾੜਾ ਹੋਵੇਗਾ ਉਥੇ ਇਸ ਨੀਤੀ ਦੇ ਲਾਗੂ ਹੋਣ ਨਾਲ ਪੰਜਾਬ ਦਾ ਵੱਡਾ ਨੁਕਸਾਨ ਹੋਵੇਗਾ। ਇਸ ਲੈਂਡ ਪੋਲਿੰਗ ਨੀਤੀ ਦਾ ਪੰਜਾਬ ਵਿੱਚ ਵੱਡੀ ਪੱਧਰ 'ਤੇ ਵਿਰੋਧ ਕੀਤਾ ਜਾਵੇਗਾ ਅਤੇ ਇਸ ਨੀਤੀ ਨੂੰ ਕਿਸੇ ਵੀ ਕੀਮਤ 'ਤੇ ਪੰਜਾਬ ਵਿੱਚ ਲਾਗੂ ਨਹੀਂ ਹੋਣ ਦਿੱਤਾ ਜਾਵੇਗਾ। ਇਹਨਾਂ ਗੱਲਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਐਸ ਸੀ ਸਮਾਜ ਪੰਜਾਬ ਦੇ ਸੀਨੀਅਰ ਅਕਾਲੀ ਆਗੂ ਸਰਬਜੀਤ ਸਿੰਘ ਮੋਮੀ , ਸ਼੍ਰੋਮਣੀ ਅਕਾਲੀ ਦਲ ਯੂਥ ਵਿੰਗ ਦੇ ਕੌਮੀ ਮੀਤ ਪ੍ਰਧਾਨ ਮਨਦੀਪ ਸਿੰਘ ਸਾਹਪੁਰ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਹਰਿੰਦਰ ਪਾਲ ਸਿੰਘ ਸਨੀ ਗਿੱਲ ਝਿੰਗੜ ਨੇ ਗੱਲਬਾਤ ਕਰਨ ਸਮੇਂ ਕੀਤਾ। ਉਕਤ ਅਕਾਲੀ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਕਿਸਾਨਾਂ ਦੀ ਜਮੀਨ 'ਤੇ ਧੱਕੇ ਨਾਲ ਕਬਜਾ ਕਰਕੇ ਲੈਂਡ ਪੂਲਿੰਗ ਪਾਲਿਸੀ ਲਾਗੂ ਕੀਤੀ ਜਾ ਰਹੀ ਹੈ ਜਿਸ ਦਾ ਸ਼੍ਰੋਮਣੀ ਅਕਾਲੀ ਦਲ ਡਟ ਕੇ ਵਿਰੋਧ ਕਰੇਗਾ। ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਇਸ ਪਾਲਸੀ ਦੇ ਖਿਲਾਫ ਵੱਡਾ ਸੰਘਰਸ਼ ਵਿਢਿਆ ਗਿਆ ਹੈ ਅਤੇ ਇਸ ਪਾਲਿਸੀ ਦੇ ਵਿਰੋਧ ਵਿੱਚ ਸ਼੍ਰੋਮਣੀ ਅਕਾਲੀ ਦਲ ਲਗਾਤਾਰ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸੰਘਰਸ਼ ਕਰੇਗਾ। ਮੌਜੂਦਾ ਸਰਕਾਰ ਤੋਂ ਪੰਜਾਬ ਦੇ ਲੋਕ ਤੰਗ ਆ ਚੁੱਕੇ ਹਨ ਅਤੇ ਇਸ ਸਰਕਾਰ ਨੂੰ ਚਲਦਾ ਕਰਨ ਲਈ ਲੋਕ ਵਿਧਾਨ ਸਭਾ ਦੀਆਂ ਚੋਣਾਂ ਦੀ ਉਡੀਕ ਬੇਸਬਰੀ ਨਾਲ ਕਰ ਰਹੇ ਹਨ।

## ਸਿਵਲ ਸਰਜਨ ਨੇ ਬਰਨਾਲਾ ਕਲਾਂ ਵਿਖੇ ਡੇਂਗੂ ਮਰੀਜ਼ ਦੇ ਘਰ ਦਾ ਦੌਰਾ ਕੀਤਾ

**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਨੇ ਸਿਹਤ ਬਲਾਕ ਮੁਜ਼ੱਫਰਪੁਰ ਅਧੀਨ ਪੈਂਦੇ ਪਿੰਡ ਬਰਨਾਲਾ ਕਲਾਂ ਵਿਖੇ ਇਕ ਡੇਂਗੂ ਪਾਜੇਟਿਵ ਮਰੀਜ਼ ਦੇ ਘਰ ਦਾ ਦੌਰਾ ਕਰਕੇ ਉੱਥੇ ਡੇਂਗੂ ਦੀ ਰੋਕਥਾਮ ਲਈ ਕੀਤੀਆਂ ਗਈਆਂ ਗਤੀਵਿਧੀਆਂ ਦੀ ਚੈਕਿੰਗ ਕੀਤੀ ਤਾਂ ਜੋ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਨੂੰ ਯਕੀਨੀ ਬਣਾਇਆ ਜਾ ਸਕੇ।ਇਸ ਮੌਕੇ ਉਨ੍ਹਾਂ ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਰਾਕੇਸ਼ ਪਾਲ ਨੂੰ ਹਦਾਇਤ ਕੀਤੀ ਕਿ ਡੇਂਗੂ ਦੀ ਰੋਕਥਾਮ ਲਈ ਡੇਂਗੂ ਸਰਵੇ 'ਤੇ ਜਾਗਰੂਕਤਾ ਗਤੀਵਿਧੀਆਂ ਵਿੱਚ ਹੋਰ ਤੇਜੀ ਲਿਆਂਦੀ ਜਾਵੇ। ਉਨ੍ਹਾਂ ਕਿਹਾ ਕਿ ਡੇਂਗੂ ਦੀ ਰੋਕਥਾਮ ਲਈ ਪੂਰੇ ਜ਼ਿਲ੍ਹੇ ਵਿੱਚ ਡੇਂਗੂ ਮੱਛਰ ਦੀ ਬ੍ਰੀਡਿੰਗ ਰੋਕਣ ਲਈ ਘਰ-ਘਰ ਜਾ ਕੇ ਲਾਰਵਾ ਖ਼ਤਮ ਕੀਤਾ ਜਾਵੇ। ਜਿਨ੍ਹਾਂ ਘਰਾਂ ਵਿੱਚ ਪਹਿਲੀ ਵਾਰ ਲਾਰਵਾ ਮਿਲਦਾ ਹੈ, ਉਸ ਘਰ ਨੂੰ ਵਾਰਨਿੰਗ ਲੈਟਰ ਜਾਰੀ ਕੀਤੀ ਜਾਵੇ, ਜਦੋਂਕਿ ਦੂਜੀ ਵਾਰ ਲਾਰਵਾ ਮਿਲਣ 'ਤੇ ਨਗਰ ਕੌਂਸਲ ਨਾਲ ਤਾਲਮੇਲ ਕਾਇਮ ਕਰਦੇ ਹੋਏ ਚਲਾਣ ਕਟਵਾਇਆ ਜਾਵੇ।ਇਸ ਮੌਕੇ ਡਾ. ਗੁਰਿੰਦਰਜੀਤ ਸਿੰਘ ਨੇ ਪਿੰਡ ਦੇ ਲੋਕਾਂ ਨੂੰ ਡੇਂਗੂ ਸਬੰਧੀ ਸਿਹਤ ਸਿੱਖਿਆ ਵੀ ਦਿੱਤੀ। ਉਨ੍ਹਾਂ ਨੇ ਲੋਕਾਂ ਨੂੰ ਪ੍ਰੇਰਿਤ ਕਰਦੇ ਹੋਏ ਦੱਸਿਆ ਕਿ ਉਹ ਆਪਣੇ ਘਰਾਂ, ਫਰਿੱਜਾਂ ਦੀਆਂ ਟਰੇਆਂ, ਕੰਟੇਨਰਾਂ, ਗਮਲਿਆਂ, ਛੱਤਾਂ 'ਤੇ ਪਏ ਕਬਾੜ ਆਦਿ ਸਮੇਤ ਪਾਣੀ ਖੜ੍ਹਾ ਹੋਣ ਦੀ ਸੰਭਾਵਨਾ ਵਾਲੀਆਂ ਸਾਰੀਆਂ ਸੰਭਾਵਿਤ ਥਾਵਾਂ ਨੂੰ ਹਰੇਕ ਹਫਤੇ ਸਾਫ਼ ਕਰਕੇ ਸੁਕਾਉਣ। ਉਨ੍ਹਾਂ ਨੇ ਕਿਹਾ ਕਿ ਮੱਛਰਾਂ, ਜੋ ਸਿਰਫ ਇੱਕ ਹਫਤੇ ਵਿੱਚ ਅੰਡੇ ਤੋਂ ਵਿਕਸਿਤ ਹੋ ਸਕਦੇ ਹਨ, ਦੇ ਪ੍ਰਜਨਨ ਚੱਕਰ ਨੂੰ ਤੋੜਨ ਦਾ ਇਹ ਇੱਕੋ-ਇੱਕ ਤਰੀਕਾ ਹੈ। ਘਰਾਂ ਅੰਦਰ ਅਤੇ ਘਰਾਂ ਦੇ ਆਲੇ-ਦੁਆਲੇ ਪਾਣੀ ਖੜ੍ਹਾ ਹੋਣ ਕਾਰਨ ਮੱਛਰ ਦੇ ਪ੍ਰਜਨਨ ਵਿੱਚ ਹੁੰਦੇ ਵਾਧੇ ਨੂੰ ਰੋਕਣ ਦੀ ਸਖ਼ਤ ਲੋੜ ਹੈ। ਇਸ ਗਤੀਵਿਧੀ ਦਾ ਕੇਂਦਰ ਮੱਛਰਾਂ ਤੋਂ ਮੁਕਤ ਕਰਨ 'ਤੇ ਕੇਂਦਰਿਤ ਹੈ ਤਾਂ ਜੋ ਡੇਂਗੂ ਆਪਣੇ ਪੈਰ ਨਾ ਪਸਾਰ ਸਕੇ। ਘਰਾਂ ਅੰਦਰ ਅਤੇ ਘਰਾਂ ਦੇ ਆਲੇ-ਦੁਆਲੇ ਪਾਣੀ ਖੜ੍ਹਨ ਕਾਰਨ ਪੈਦਾ ਹੋਈਆਂ ਬਿਮਾਰੀਆਂ 'ਤੇ ਕਾਬੂ ਪਾਉਣਾ ਸਾਡਾ ਸਾਰਿਆਂ ਦਾ ਮੁੱਢਲਾ ਫ਼ਰਜ਼ ਹੈ।ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਡੇਂਗੂ ਦੀ ਰੋਕਥਾਮ ਲਈ ਪੂਰੀ ਵਾਹ ਲਾ ਰਿਹਾ ਹੈ। ਉਨ੍ਹਾਂ ਕਿਹਾ ਕਿ ਲੋੜੀਂਦੀਆਂ ਸਾਵਧਾਨੀਆਂ ਵਰਤ ਕੇ ਡੇਂਗੂ ਤੋਂ ਬਚਣਾ ਸਾਡੇ ਆਪਣੇ ਹੱਥਾਂ 'ਚ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਡੇਂਗੂ ਬੁਖਾਰ ਦੀ ਰੋਕਥਾਮ ਲਈ ਸਿਹਤ ਵਿਭਾਗ ਨੂੰ ਪੂਰਨ ਸਹਿਯੋਗ ਦਿੱਤਾ ਜਾਵੇ।



## ਸਰਕਾਰ ਦੀਆਂ ਗਲਤ ਨੀਤੀਆਂ ਨੇ ਜਨਤਕ ਅਦਾਰਿਆਂ ਨੂੰ ਕੀਤਾ ਕੱਖੋਂ ਹੌਲੇ : ਅਰਵਿੰਦ ਖੰਨਾ

**ਚੰਡੀਗੜ੍ਹ, (ਗੁਰਜੀਤ ਬਿੱਲਾ)**

ਪੰਜਾਬ ਭਾਜਪਾ ਦੇ ਮੀਤ ਪ੍ਰਧਾਨ ਅਤੇ ਸਾਬਕਾ ਵਿਧਾਇਕ ਅਰਵਿੰਦ ਖੰਨਾ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਅੱਗਾ ਦੌੜ ਅਤੇ ਪਿੱਛਾ ਚੌੜ ਵਾਲੀ ਨੀਤੀ ਦੇ ਕਾਰਨ ਅੱਜ ਸੂਬੇ ਦੇ ਜਨਤਕ ਅਦਾਰੇ ਭਾਰੀ ਵਿੱਤੀ ਸੰਕਟ ਨਾਲ ਜੂਝ ਰਹੇ ਹਨ, ਪਰ ਇਹ ਸਰਕਾਰ ਉਕਤ ਅਦਾਰਿਆਂ ਅਤੇ ਉਨ੍ਹਾਂ ਵਿੱਚ ਕੰਮ ਕਰ ਰਹੇ ਹਜ਼ਾਰਾਂ ਮੁਲਾਜ਼ਮਾਂ ਦੇ ਭਵਿੱਖ ਨੂੰ ਲੈ ਕੇ ਪੂਰੀ ਤਰ੍ਹਾਂ ਅਵੇਸਲੀ ਬੈਠੀ ਹੈ। ਇੱਥੇ ਜਾਰੀ ਇੱਕ ਬਿਆਨ ਵਿੱਚ ਖੰਨਾ ਨੇ ਕਿਹਾ ਕਿ ਵੋਟਰਾਂ ਨੂੰ ਭਰਮਾਉਣ ਲਈ ਮੁਫ਼ਤ ਬੱਸ ਯਾਤਰਾ, ਮੁਫ਼ਤ ਬਿਜ਼ਲੀ ਅਤੇ ਹੋਰ ਅਨੇਕਾਂ ਹੀ ਲੋਕ ਲੁਭਾਵਣੇ ਅਤੇ ਗੁੰਮਰਾਹਕੁਨ ਐਲਾਨ ਤਾਂ ਆਮ ਆਦਮੀ ਪਾਰਟੀ ਕਰ ਬੈਠੀ ਸੀ ਪਰ ਇਸ ਕੋਲ ਨਾ ਤਾਂ ਕੋਈ ਠੋਸ ਨੀਤੀ ਸੀ ਕਿ ਅਜਿਹੀਆਂ ਯੋਜਨਾਵਾਂ ਨੂੰ ਕਿਸ ਤਰ੍ਹਾਂ ਸਫ਼ਲਤਾ ਨਾਲ ਨੇਪਰੇ ਚਾੜ੍ਹਿਆ ਜਾਵੇ ਅਤੇ ਨਾ ਹੀ ਇੰਨ੍ਹਾਂ ਨੂੰ ਚਾਲੂ ਰੱਖਣਾ ਇਸ ਸਰਕਾਰ ਦੀ ਨੀਅਤ ਹੈ।ਇਹ ਸਰਕਾਰ ਹੁਣ ਕੋਈ ਬਹਾਨਾ ਹੀ ਲੱਭ ਰਹੀ ਹੈ ਤਾਂ ਜੋ ਅਜਿਹੀਆਂ ਯੋਜਨਾਵਾਂ ਤੋਂ ਖਹਿੜਾ ਛੁੱਟ ਸਕੇ। ਸਰਕਾਰੀ ਅੰਕੜੇ ਬੋਲਦੇ ਹਨ ਕਿ ਮੁਫ਼ਤ ਬਿਜਲੀ ਅਤੇ ਔਰਤਾਂ ਲਈ ਮੁਫ਼ਤ ਬੱਸ ਯਾਤਰਾ 'ਤੇ ਹਰ ਮਹੀਨੇ ਹੋ ਰਹੇ ਖਰਚ ਦੇ ਮੁਕਾਬਲੇ ਸਰਕਾਰ ਵੱਲੋਂ ਕੀਤੀ ਜਾਂਦੀ ਅਦਾਇਗੀ ਵਿੱਚ ਕਰੋੜਾਂ ਰੁਪਏ ਦਾ ਫ਼ਰਕ ਸ਼ੁਰੂ ਤੋਂ ਚੱਲਿਆ ਆ ਰਿਹਾ ਹੈ। ਜਿਸ ਵਿੱਚ ਹਰ ਮਹੀਨੇ ਹੋਰ ਵਾਧਾ ਹੋ ਜਾਂਦਾ ਹੈ। ਉਨ੍ਹਾਂ ਕਿਹਾ ਕਿ ਸਥਿਤੀ ਅਜਿਹੀ ਬਣੀ ਹੋਈ ਹੈ ਕਿ ਇੰਨ੍ਹਾਂ ਅਦਾਰਿਆਂ ਵਿੱਚ ਕੰਮ ਕਰ ਰਹੇ ਕਰਮਚਾਰੀਆਂ ਨੂੰ ਆਪਣੀ ਤਨਖਾਹ ਲਈ ਕਈ-ਕਈ ਮਹੀਨੇ ਇੰਤਜ਼ਾਰ ਕਰਨਾ ਪੈ ਰਿਹਾ ਹੈ। ਖੰਨਾ ਨੇ ਕਿਹਾ ਕਿ ਪੀ ਆਰ ਟੀ ਸੀ ਅਤੇ ਪੰਜਾਬ ਰੋਡਵੇਜ਼ ਦੇ ਕਰਮਚਾਰੀ ਤਾਂ ਅਨੇਕਾਂ ਵਾਰ ਆਪਣੀਆਂ ਮੰਗਾਂ ਨੂੰ ਲੈ ਕੇ ਚੱਕਾ ਜਾਮ ਵੀ ਕਰ ਚੁੱਕੇ ਹਨ ਪਰ ਇਸ ਸਰਕਾਰ ਦੇ ਕੰਨਾਂ 'ਤੇ ਜੂੰ ਵੀ ਨਹੀਂ ਸਰਕੀ।ਆਰਥਿਕ ਸੰਕਟ ਦੇ ਕਾਰਨ ਸਰਕਾਰੀ ਬੱਸਾਂ ਦੀ ਮੁਰੰਮਤ ਦਾ ਕੰਮ ਬੁਰੀ ਤਰ੍ਹਾ ਪ੍ਰਭਾਵਿਤ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਸਮੇਂ ਸਿਰ ਮੁਰੰਮਤ ਨਾ ਹੋਣ ਕਾਰਨ ਅਨੇਕਾਂ ਬੱਸਾਂ ਟਾਇਮ 'ਤੇ ਚੱਲਣ ਤੋਂ ਖੁੰਝ ਜਾਂਦੀਆਂ ਹਨ ਜਾਂ ਫਿਰ ਰਾਹਾਂ ਦੇ ਵਿੱਚ ਹੀ ਖੜ੍ਹ ਜਾਂਦੀਆਂ ਹਨ। ਜਿਸ ਕਰਕੇ ਇੰਨ੍ਹਾਂ ਅਦਾਰਿਆਂ ਨੂੰ ਦੂਹਰੇ ਨੁਕਸਾਨ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਉਨ੍ਹਾਂ ਨੂੰ ਸੱਤਾ ਅਜਿਹੇ ਸੰਕਟ ਪੈਦਾ ਕਰਨ ਜਾਂ ਚੁਟਕਲੇ ਸੁਣਾਉਣ ਲਈ ਨਹੀਂ ਸੌਂਪੀ ਸੀ ਬਲਕਿ ਇੱਕ ਉਮੀਦ ਨਾਲ ਪੰਜਾਬੀਆਂ ਨੇ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਫ਼ਤਵਾ ਦਿੱਤਾ ਸੀ, ਪਰ ਇਸ ਪਾਰਟੀ ਦੀ ਸਰਕਾਰ ਲੋਕਾਂ ਦੀਆਂ ਉਮੀਦਾਂ 'ਤੇ ਖਰ੍ਹਾ ਨਹੀਂ ਉਤਰ ਸਕੀ।ਉਨ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਅਪੀਲ ਕੀਤੀ ਕਿ ਹੁਣ ਵੀ ਸਮਾਂ ਹੈ ਕਿ ਇੰਨ੍ਹਾਂ ਅਦਾਰਿਆਂ ਨੂੰ ਬਚਾਉਣ ਲਈ ਕੋਈ ਯੋਗ ਕਦਮ ਚੁੱਕੇ ਜਾਣ ਨਹੀਂ ਤਾਂ ਸੂਬੇ ਦੇ ਲੋਕਾਂ ਨੇ ਇਸ ਪਾਰਟੀ ਨੂੰ ਕਦੇ ਵੀ ਮਾਫ਼ ਨਹੀਂ ਕਰਨਾ।

## ਚੀਮਾ ਨੇ ਪੰਜ ਕਰਮਚਾਰੀ ਯੂਨੀਅਨਾਂ ਦੀਆਂ ਗਹੁ ਨਾਲ ਸੁਣੀਆਂ ਮੰਗਾਂ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਵਿੱਤ ਮੰਤਰੀ ਅਤੇ ਕਰਮਚਾਰੀਆਂ ਦੇ ਮਸਲਿਆਂ ਦੇ ਹੱਲ ਲਈ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਐਡਵੋਕੇਟ ਹਰਪਾਲ ਸਿੰਘ ਚੀਮਾ, ਜਿਨ੍ਹਾਂ ਨਾਲ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਵੀ ਮੌਜੂਦ ਸਨ, ਨੇ ਪੰਜ ਕਰਮਚਾਰੀ ਯੂਨੀਅਨਾਂ ਨਾਲ ਮੀਟਿੰਗ ਕਰਕੇ ਉਨ੍ਹਾਂ ਦੀਆਂ ਮੰਗਾਂ ਨੂੰ ਗੌਰ ਨਾਲ ਸੁਣਿਆ ਤਾਂ ਜੋ ਜਾਇਜ਼ ਮੰਗਾਂ ਦਾ ਜਲਦੀ ਹੱਲ ਕੱਢਿਆ ਜਾ ਸਕੇ।ਪੰਜਾਬ ਸਿਵਲ ਸਕੱਤਰੇਤ ਵਿਖੇ ਵਿੱਤ ਮੰਤਰੀ ਦੇ ਦਫ਼ਤਰ ਵਿਖੇ ਹੋਈਆਂ ਮੀਟਿੰਗਾਂ ਵਿੱਚ ਪੰਜਾਬ ਸਫਾਈ ਕਰਮਚਾਰੀ ਯੂਨੀਅਨ ਨਾਲ ਸਬੰਧਤ ਸਫਾਈ ਮਜ਼ਦੂਰ ਸੀਵਰਮੈਨ ਯੂਨੀਅਨ (ਰਜਿਸਟਰਡ) ਪੰਜਾਬ ਜਲ ਸਪਲਾਈ ਅਤੇ ਸੀਵਰੇਜ ਬੋਰਡ ਬਰਨਾਲਾ, ਫਾਇਰ ਬ੍ਰਿਗੇਡ ਆਊਟਸੋਰਸ ਕਰਮਚਾਰੀ ਯੂਨੀਅਨ, ਪੰਜਾਬ, ਫਾਇਰ ਬ੍ਰਿਗੇਡ ਕੰਟਰੈਕਟ ਕਰਮਚਾਰੀ ਯੂਨੀਅਨ, ਪੰਜਾਬ, ਸੀਵਰਮੈਨ ਯੂਨੀਅਨ ਨਗਰ ਨਿਗਮ ਹੁਸ਼ਿਆਰਪੁਰ ਅਤੇ ਪੀਡਬਲਯੂਡੀ ਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ, ਪੰਜਾਬ ਦੇ ਨੁਮਾਇੰਦੇ ਸ਼ਾਮਲ ਹੋਏ।ਸਫਾਈ ਮਜ਼ਦੂਰ ਸੀਵਰਮੈਨ ਯੂਨੀਅਨ (ਰਜਿਸਟਰਡ) ਪੰਜਾਬ ਜਲ ਸਪਲਾਈ ਅਤੇ ਸੀਵਰੇਜ ਬੋਰਡ ਬਰਨਾਲਾ ਅਤੇ ਪੀਡਬਲਯੂਡੀ ਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ, ਪੰਜਾਬ ਨਾਲ ਵਿਚਾਰ ਵਟਾਂਦਰੇ ਦੌਰਾਨ ਕੈਬਨਿਟ ਮੰਤਰੀ ਨੇ ਉਨ੍ਹਾਂ ਦੀਆਂ ਮੰਗਾਂ ਨੂੰ ਧਿਆਨ ਨਾਲ ਸੁਣਿਆ ਅਤੇ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦੇ ਤੇਜ਼ੀ ਨਾਲ ਹੱਲ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ।ਇਸ ਮੌਕੇ ਵਿੱਤ ਮੰਤਰੀ ਨੇ ਸਥਾਨਕ ਸਰਕਾਰਾਂ ਵਿਭਾਗ ਦੇ ਅਧਿਕਾਰੀਆਂ ਨੂੰ ਸੀਵਰੇਜ ਬੋਰਡ ਵਿੱਚ ਅਸਾਮੀਆਂ ਦਾ ਵਿਸਤ੍ਰਿਤ ਰਿਕਾਰਡ ਤਿਆਰ ਕਰਨ ਦੇ ਨਾਲ-ਨਾਲ ਜੂਨੀਅਰ ਡਰਾਫਟਸਮੈਨ, ਕਲਰਕ, ਪੰਪ ਆਪਰੇਟਰਾਂ ਅਤੇ ਬੇਲਦਾਰਾਂ ਦੀਆਂ ਅਸਾਮੀਆਂ ਨੂੰ ਭਰਨ ਲਈ ਭਰਤੀ ਯੋਜਨਾ ਤਿਆਰ ਕਰਨ ਦੇ ਨਿਰਦੇਸ਼ ਵੀ ਦਿੱਤੇ ਤਾਂ ਜੋ ਜ਼ਮੀਨੀ ਪੱਧਰ ਤੇ ਕੰਮਕਾਜ ਨੂੰ ਸੁਚਾਰੂ ਬਣਾਇਆ ਜਾ ਸਕੇ।ਵਿੱਤ ਮੰਤਰੀ ਨੇ ਫਾਇਰ ਬ੍ਰਿਗੇਡ ਆਊਟਸੋਰਸ ਕਰਮਚਾਰੀ ਯੂਨੀਅਨ, ਪੰਜਾਬ, ਫਾਇਰ ਬ੍ਰਿਗੇਡ ਕੰਟਰੈਕਟ ਕਰਮਚਾਰੀ ਯੂਨੀਅਨ, ਪੰਜਾਬ, ਸੀਵਰਮੈਨ ਯੂਨੀਅਨ ਨਗਰ ਨਿਗਮ ਹੁਸ਼ਿਆਰਪੁਰ ਵੱਲੋਂ ਰੱਖੇ ਗਏ ਵੱਖ-ਵੱਖ ਮੁੱਦਿਆਂ ਨਾਲ ਸਬੰਧਤ ਮੰਗਾਂ ਨੂੰ ਵੀ ਧਿਆਨ ਨਾਲ ਸੁਣਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਵਧੀਕ ਮੁੱਖ ਸਕੱਤਰ (ਸਥਾਨਕ ਸਰਕਾਰ) ਤੇਜਵੀਰ ਸਿੰਘ, ਸੀਈਓ ਪੀਐਮਆਈਡੀਸੀ ਦੀਪਤੀ ਉੱਪਲ ਅਤੇ ਜਾਇੰਟ ਡਾਇਰੈਕਟਰ ਸਥਾਨਕ ਸਰਕਾਰ ਜਗਦੀਪ ਸਹਿਗਲ, ਫਾਇਰ ਬ੍ਰਿਗੇਡ ਆਊਟਸੋਰਸ ਯੂਨੀਅਨ ਦੇ ਪ੍ਰਧਾਨ ਅਮਨਜੋਤ ਸਿੰਘ ਮੋਹਾਲੀ, ਜਨਰਲ ਸਕੱਤਰ ਸਾਹਿਬ ਸਿੰਘ ਖੰਨਾ, ਫਾਇਰ ਬ੍ਰਿਗੇਡ ਕੰਟਰੈਕਟ ਯੂਨੀਅਨ ਪੰਜਾਬ ਦੇ ਪ੍ਰਧਾਨ ਸੋਭਾ ਸਿੰਘ ਅਤੇ ਕਾਸ਼ੀ ਰਾਮ, ਸੋਨੂੰ ਭਗਤ ਮੌਜੂਦ ਸਨ।



## ਐਡਵੋਕੇਟ ਵਿਕਰਾਂਤ ਰਾਣਾ ਵੱਲੋਂ ਮਨੁੱਖੀ ਅਧਿਕਾਰਾਂ 'ਤੇ ਵਿਸ਼ੇਸ਼ ਸੈਮੀਨਾਰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਅੱਜ ਦੇ ਆਧੁਨਿਕ ਯੁੱਗ ਵਿੱਚ, ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਮਹੱਤਤਾ ਹਰ ਖੇਤਰ ਵਿੱਚ ਵਧ ਰਹੀ ਹੈ , ਜਿਵੇ ਵਿਦਿਅਕ ਸੰਸਥਾਵਾਂ ਵਿੱਚ ਜਾਂ ਵੱਖ-ਵੱਖ ਉਦਯੋਗਿਕ ਖੇਤਰਾਂ ਵਿੱਚ। ਸੈਮੀਨਾਰ ਵਿੱਚ ਇੰਟਰਨੈਸ਼ਨਲ ਹਿਊਮਨ ਰਾਈਟਸ ਆਰਗੇਨਾਈਜੇਸ਼ਨ ਦੇ ਮੁੱਖ ਬੁਲਾਰੇ ਐਡਵੋਕੇਟ ਵਿਕਰਾਂਤ ਰਾਣਾ ਅਤੇ ਜੀਐਨ ਇਨਫੋਟੈਕ ਦੇ ਗੈਸਟ ਇੰਜਨੀਅਰ ਅੰਜੂ ਰਾਣਾ ਨੇ ਵਿਦਿਆਰਥੀਆਂ ਨੂੰ ਏਆਈ ਅਤੇ ਹਿਊਮਨ ਰਾਈਟਸ ਬਾਰੇ ਜਾਣਕਾਰੀ ਦਿੱਤੀ। ਸਪੀਕਰ ਵਿਕਰਾਂਤ ਰਾਣਾ ਨੇ ਕਿਹਾ ਕਿ ਏ ਆਈ ਮੌਜੂਦਾ ਯੁੱਗ ਦਾ ਇੱਕ ਸ਼ਕਤੀਸ਼ਾਲੀ ਟੂਲ ਹੈ, ਜੋ ਅੱਜ ਵੱਖ-ਵੱਖ ਉਦਯੋਗਾਂ ਵਿੱਚ ਵਿਆਪਕ ਤੌਰ 'ਤੇ ਵਰਤਿਆ ਜਾਂਦਾ ਹੈ। ਇਸ ਨਾਲ ਰੁਜ਼ਗਾਰ ਦੇ ਨਵੇਂ ਮੌਕੇ ਵੀ ਪੈਦਾ ਹੋ ਰਹੇ ਹਨ। ਇਸ ਦੌਰਾਨ ਜੀਐਨ ਇਨਫੋਟੈਕ ਦੀ ਮੈਨੇਜਿੰਗ ਡਾਇਰੈਕਟਰ ਇੰਜੀ: ਅੰਜੂ ਰਾਣਾ ਨੇ ਦੱਸਿਆ ਕਿ ਆਈ.ਟੀ.ਆਈ (ਉਦਯੋਗਿਕ ਸਿਖਲਾਈ ਸੰਸਥਾ) ਪੱਧਰ ਤੋਂ ਲੈ ਕੇ ਗ੍ਰੈਜੂਏਟ ਤੱਕ ਦੇ ਵਿਦਿਆਰਥੀ ਇਸ ਕੋਰਸ ਨੂੰ ਅੱਗੇ ਵਧਾ ਸਕਦੇ ਹਨ ਅਤੇ ਵੱਖ-ਵੱਖ ਉਦਯੋਗਾਂ ਵਿੱਚ ਨੌਕਰੀਆਂ ਪ੍ਰਾਪਤ ਕਰ ਸਕਦੇ ਹਨ।ਆਈ ਕੇ ਜੀ ਪੀ ਟੀ ਯੂ ਹੁਸ਼ਿਆਰਪੁਰ ਦੇ ਡਾਇਰੈਕਟਰ ਡਾ. ਯਦਵਿੰਦਰ ਬਰਾੜ, ਕੈਂਪਸ ਕੋਆਰਡੀਨੇਟਰ ਡਾ. ਐੱਸ. ਕੇ. ਮਹਿਲਾ, ਡਿਪਟੀ ਰਜਿਸਟ੍ਰਾਰ ਗਗਨਜੋਤ ਸਿੰਘ, ਓਰੀਏਂਟੇਸ਼ਨ ਪ੍ਰੋਗਰਾਮ ਕੋਆਰਡੀਨੇਟਰ ਡਾ. ਬ੍ਰਿਜੇਸ਼ ਬਕਾਰੀਆ, ਕੰਪਿਊਟਰ ਸਾਇੰਸ ਵਿਭਾਗ ਦੇ ਮੁਖੀ ਡਾ. ਅਜੈ ਸਿੰਘ ਵਰਮਾ, ਮਕੈਨਿਕਲ ਇੰਜੀਨੀਅਰਿੰਗ ਵਿਭਾਗ ਦੇ ਫੈਕਲਟੀ ਮੈਂਬਰ ਇੰਜੀਨੀਅਰ ਉਮੇਸ਼ ਅਤੇ ਮਨੋਹਰ ਲਾਲ ਨੇ ਸੈਮੀਨਾਰ ਨੂੰ ਕਾਮਯਾਬ ਬਣਾਉਣ ਲਈ ਆਏ ਮਹਿਮਾਨਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਨੇ ਅੰਤਰਰਾਸ਼ਟਰੀ ਮਨੁੱਖੀ ਅਧਿਕਾਰ ਸੰਗਠਨ ਦੇ ਨੁਮਾਇੰਦਿਆਂ ਸ਼ੈਰੀ ਮੱਕੜ (ਜਨਰਲ ਸਕੱਤਰ), ਸੁਮਿਤ ਗੁਪਤਾ (ਸੰਯੁਕਤ ਸਕੱਤਰ), ਰਸ਼ਮੀ ਬੇਰੀ (ਪ੍ਰਧਾਨ), ਐਡਵੋਕੇਟ ਮੇਹਰ ਸਿੰਘ (ਕਾਨੂੰਨੀ ਸਲਾਹਕਾਰ), ਅਤੇ ਮੈਂਬਰਾਂ ਤਰਨਪ੍ਰੀਤ, ਮਨਜੋਤ ਰੰਧਾਵਾ, ਕਾਲੀ ਰੰਧਾਵਾ ਅਤੇ ਮੰਗਾ ਰੰਧਾਵਾ ਦਾ ਵੀ ਧੰਨਵਾਦ ਕੀਤਾ।



8-AUG-PAGE-10.qxd 8/7/2025 9:06 PM Page 1



## ਤੰਦਰੁਸਤ ਨੌਜਵਾਨਾਂ ਨੂੰ ਖੂਨਦਾਨ ਸੇਵਾ ਕਰਨੀ ਚਾਹੀਦੀ : ਮਾਜਰੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਲੋੜਵੰਦ ਮਰੀਜ਼ਾਂ ਲਈ ਯੂਨੀਵਰਸਲ ਵੈਲਫੇਅਰ ਕਲੱਬ ਪੰਜਾਬ ਅਤੇ ਹਿਊਮਨ ਵੈਲਫੇਅਰ ਫਾਊਂਡੇਸ਼ਨ ਵੱਲੋਂ ਮਿਸ਼ਨ ਲਾਲੀ ਤੇ ਹਰਿਆਲੀ ਤਹਿਤ ਕੈਂਪ ਕਮਾਂਡਰ ਗੋਲਡਨ ਸਟਾਰ ਬਲੱਡ ਡੋਨਰ ਸੁਖਦੀਪ ਸਿੰਘ ਮਾਜਰੀ ਦੀ ਅਗਵਾਈ ਹੇਠ 327ਵਾਂ ਰੈਗੂਲਰ ਖੂਨਦਾਨ ਕੈਂਪ ਲਗਾਇਆ ਗਿਆ। ਜਿਸ ਵਿਚ ਖੂਨਦਾਨੀਆਂ ਨੂੰ ਸਰਟੀਫਿਕੇਟ ਤੇ ਗਮਛਾ ਦੇ ਕੇ ਸਨਮਾਨਤ ਕੀਤਾ ਗਿਆ। ਕੈਂਪ ਦਾ ਰਸਮੀ ਉਦਘਾਟਨ ਅਮਰੀਤ ਸਿੰਘ ਟਿਵਾਣਾ ਨੇ ਖੁਦ ਖੂਨਦਾਨ ਕਰਕੇ ਕੀਤਾ। ਕੈਂਪ ਵਿਚ ਇੰਦਰਜੀਤ ਸਿੰਘ ਭੁੱਟਵਾ ਕੋਚ ਨੇ 40ਵੀਂ ਵਾਰ, ਮਨਵਿੰਦਰ ਸਿੰਘ ਰਾਮਗੜ੍ਹ ਨੇ 23ਵੀਂ ਵਾਰ, ਹਰਮਿੰਦਰ ਸਿੰਘ ਝੰਡਾ, ਸਿਮਰਨਜੀਤ ਸਵੈਚ, ਸੁਦਰਸ਼ਨ ਕੁਮਾਰ ਮੰਡੀ ਗੋਬਿੰਦਗੜ੍ਹ, ਰਾਜੇਸ਼ ਕੁਮਾਰ, ਸਿਮਰਨਜੀਤ ਮੁੰਸਾਲ ਖੁਰਦ ਤੇ ਦਲਬਾਰਾ ਸਿੰਘ ਭੁਨਰਹੇੜੀ ਨੇ ਵੀ ਖੂਨਦਾਨ ਕੀਤਾ। ਖੂਨਦਾਨੀਆਂ ਨੂੰ ਸਨਮਾਨਤ ਕਰਦਿਆਂ ਸਾਬਕਾ ਡੀ. ਐਸ. ਪੀ. ਤੇ ਗੋਲਡਨ ਸਟਾਰ ਬਲੱਡ ਡੋਨਰ ਨਾਹਰ ਸਿੰਘ ਮਾਜਰੀ ਨੇ ਕਿਹਾ ਕਿ ਤੰਦਰੁਸਤ ਨੌਜਵਾਨਾਂ ਨੂੰ ਖੂਨਦਾਨ ਸੇਵਾ ਕਰਨੀ ਚਾਹੀਦੀ ਹੈ ਕਿਉਂਕਿ ਖੂਨ ਕਿਸੇ ਫੈਕਟਰੀ ਵਿੱਚ ਨਹੀਂ ਬਣਦਾ। ਇਹ ਸਿਰਫ ਕੁਦਰਤੀ ਤਕਨੀਕ ਨਾਲ ਮਨੁੱਖੀ ਸਰੀਰ ਅੰਦਰ ਹੀ ਬਣਦਾ ਹੈ। ਉਨ੍ਹਾਂ ਕਿਹਾ ਕਿ ਹਰ ਤੰਦਰੁਸਤ ਇਨਸਾਨ ਹਰ ਤਿੰਨ ਮਹੀਨੇ ਬਾਅਦ ਖੂਨਦਾਨ ਕਰ ਸਕਦਾ ਹੈ। ਇਸ ਮੌਕੇ ਅਵਤਾਰ ਸਿੰਘ ਬਲਬੇੜਾ, ਹਰਮੀਤ ਸਿੰਘ ਬਹੂਗੜ, ਭਾਈ ਜਰਨੈਲ ਸਿੰਘ ਝੰਡੀ, ਬਲਬੀਰ ਸਿੰਘ ਖੇੜੀ ਮੰਡਲਾਂ, ਸੁਖਦੇਵ ਸਿੰਘ ਘਾਕਟਾਂ ਕਲਾਂ, ਰਣਜੀਤ ਸਿੰਘ ਝੰਡੀ ਵੀ ਹਾਜ਼ਰ ਸਨ।

## ਸੀ ਸੈਟ ਦੀਆਂ ਆਨਲਾਈਨ ਕਲਾਸਾਂ ਲਾਈਆਂ

**ਦੇਵੀਗੜ੍ਹ (ਹਰਜਿੰਦਰ ਸੋਨ)**-ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਰਹਿਨੁਮਾਈ ਹੇਠ ਤੇ ਸਕੱਤਰ ਵਿੱਦਿਆ ਇੰਜੀ ਸੁਖਮਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਚੱਲ ਰਹੇ ਮਾਤਾ ਗੰਗਾ ਖ਼ਾਲਸਾ ਕਾਲਜ, ਮੰਜੀ ਸਾਹਿਬ ਕੋਟਾਂ 'ਚ ਕਾਲਜ ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਦੀ ਅਗਵਾਈ ਹੇਠ ਨਿਸ਼ਕੇ ਸਿਵਲ ਸਰਵਿਸਿਜ਼ ਕੋਚਿੰਗ ਅਕੈਡਮੀ, ਚੰਡੀਗੜ੍ਹ ਵੱਲੋਂ ਵਿਦਿਆਰਥੀਆਂ ਦੀ ਸੀ-ਸੈਟ ਦੀ ਆਨਲਾਈਨ ਕਲਾਸ ਲਾਈ ਗਈ।ਇਸ ਕਲਾਸ 'ਚ 83 ਵਿਦਿਆਰਥੀਆਂ ਦੁਆਰਾ ਸ਼ਮੂਲੀਅਤ ਕੀਤੀ ਗਈ। ਇਸ ਆਨਲਾਈਨ ਕਲਾਸ ਦੇ ਮੁੱਖ ਵਕਤਾ ਪ੍ਰੋਫੈਸਰ ਸ਼੍ਰੀ ਸਿੰਘ ਰਾਣਾ ਸਨ, ਜਿਨ੍ਹਾਂ ਦੁਆਰਾ ਵਿਦਿਆਰਥੀਆਂ ਨੂੰ ਗਣਿਤ ਵਿਸ਼ੇ ਨਾਲ ਸੰਬੰਧਿਤ ਲਾਗਤ ਮੁੱਲ, ਵੇਚ ਮੁੱਲ ਇਸਦੇ ਲਾਭ, ਹਾਨੀ ਤੇ ਛੋਟ ਦਰ ਨਾਲ ਸੰਬੰਧਿਤ ਸਵਾਲਾਂ ਨੂੰ ਹੱਲ ਕਰਨ ਦੇ ਲਈ ਵੱਖ-ਵੱਖ ਤਰੀਕਿਆਂ ਦਾ ਅਧਿਐਨ ਕਰਵਾਇਆ ਗਿਆ। ਇਸ ਜਾਣਕਾਰੀ ਭਰਪੂਰ ਲੈਕਚਰ ਨੂੰ ਵਿਦਿਆਰਥੀਆਂ ਦੁਆਰਾ ਦਿਲਚਸਪੀ ਪੂਰਵਕ ਢੰਗ ਨਾਲ ਸੁਣਿਆ ਤੇ ਸਮਝਿਆ ਗਿਆ। ਕਾਲਜ ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਦੀ ਅਜਿਹੀ ਕਾਰਗੁਜ਼ਾਰੀ ਲਈ ਧੰਨਵਾਦ ਕੀਤਾ ਤੇ ਵਿਦਿਆਰਥੀਆਂ ਨੂੰ ਗਣਿਤ ਵਿਸ਼ੇ ਵਿੱਚ ਰੁਚੀ ਵਧਾਉਣ ਤੇ ਭਵਿੱਖ ਵਿੱਚ ਸਫ਼ਲਤਾਪੂਰਵਕ ਢੰਗ ਨਾਲ ਅੱਗੇ ਵਧਣ ਪ੍ਰੇਰਤ ਕੀਤਾ।

## ਮੁੱਖ ਮੰਤਰੀ ਤੇ ਵਿੱਤ ਮੰਤਰੀ ਦੇ ਪੁਤਲੇ ਫੂਕ ਕੇ ਕੀਤਾ ਰੋਸ ਪ੍ਰਦਰਸ਼ਨ



**ਮਾਲੇਰਕੋਟਲਾ (ਰਣਜੀਤ ਸਿੰਘ ਰਾਣਵਾਂ)**-ਡੀ.ਸੀ ਦਫ਼ਤਰ ਅੱਗੇ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝੇ ਫਰੰਟ ਵੱਲੋਂ 28 ਜੁਲਾਈ ਨੂੰ ਕੀਤੀ ਗਈ ਵਰਚੂਅਲ ਮੀਟਿੰਗ ਦੇ ਫੈਸਲਿਆਂ ਅਨੁਸਾਰ ਪੰਜਾਬ ਸਰਕਾਰ ਵੱਲੋਂ ਵਾਰ-ਵਾਰ ਫਰੰਟ ਦੇ ਆਗੂਆਂ ਨੂੰ ਮੀਟਿੰਗ ਦਾ ਸਮਾਂ ਦੇ ਕੇ ਮੀਟਿੰਗਾਂ ਮੁਲਤਵੀ ਕਰਨ ਦੇ ਖਿਲਾਫ਼ ਰੋਸ ਪ੍ਰਗਟ ਕਰਨ ਵਾਸਤੇ ਸੂਬਾ ਕਨਵੀਨਰ ਰਣਜੀਤ ਸਿੰਘ ਰਾਣਵਾਂ, ਜ਼ਿਲ੍ਹਾ ਕਨਵੀਨਰ ਜਸਵੰਤ ਸਿੰਘ ਬਨਭੌਰੀ, ਜਰਨੈਲ ਸਿੰਘ ਪ੍ਰਧਾਨ ਪਾਵਰਕਾਮ ਪੈਨਸ਼ਨਰ, ਮਾਸਟਰ ਕੁਲਵੰਤ ਸਿੰਘ ਜ: ਸਕੱਤਰ ਤੇ ਮਾਸਟਰ ਨਿਰਮਲ ਸਿੰਘ ਫਲੌਂਡ ਦੀ ਅਗਵਾਈ ਵਿੱਚ ਪ੍ਰਭਾਵਸ਼ਾਲੀ ਰੋਸ ਰੈਲੀ ਕਰਨ ਉਪਰੰਤ ਮੁੱਖ ਮੰਤਰੀ ਭਗਵੰਤ ਮਾਨ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਪੁਤਲੇ ਸਾੜ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਰੈਲੀ ਨੂੰ ਸੰਬੋਧਨ ਕਰਦਿਆਂ ਰਣਜੀਤ ਸਿੰਘ ਰਾਣਵਾਂ, ਜਸਵੰਤ ਸਿੰਘ ਬਨਭੌਰੀ, ਕਾ. ਜੋਗਿੰਦਰ ਸਿੰਘ ਔਲਖ, ਜਰਨੈਲ ਸਿੰਘ, ਗੁਲਜ਼ਾਰ ਖਾਂ (ਫੈਡਰੇਸ਼ਨ ਵਿਗਿਆਨਕ) ਤੇ ਏਟਕ ਆਗੂ ਕਾ. ਭਰਪੂਰ ਸਿੰਘ ਬੂਲਾਪੁਰ ਨੇ ਕਿਹਾ ਕਿ ਮੁੱਖ ਮੰਤਰੀ ਤੇ ਵਿੱਤ ਮੰਤਰੀ 7 ਲੱਖ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀ ਅਗਵਾਈ ਕਰਦੇ ਸਾਂਝੇ ਫਰੰਟ ਨੂੰ ਵਾਰ-ਵਾਰ ਮੀਟਿੰਗਾਂ ਦੇ ਮੁੱਕਰ ਰਹੇ ਹਨ।ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਗਈ ਕਿ ਪੈਨਸ਼ਨਾਂ ਦੀ ਪੈਨਸ਼ਨ 2.59 ਦੇ ਗੁਣਾਂਕ ਨਾਲ ਸੋਧੀ ਜਾਵੇ, 13 ਫ਼ੀਸਦੀ ਡੀਏ ਤੇ ਬਕਾਇਆ ਤੁਰੰਤ ਦਿੱਤਾ ਜਾਵੇ, ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, ਸਾਰੇ ਵਰਗਾਂ ਦੇ ਕੱਚੇ, ਠੇਕਾ ਸਿਸਟਮ ਤੇ ਸਕੀਮ ਵਰਕਰਾਂ ਨੂੰ ਪੱਕਾ ਕੀਤਾ ਜਾਵੇ, 15-01-15 ਦਾ ਪੱਤਰ ਰੱਦ ਕੀਤਾ ਜਾਵੇ ਅਤੇ 17-07-2020 ਤੋਂ ਭਰਤੀ ਮੁਲਾਜ਼ਮਾਂ ਤੇ ਕੇਂਦਰ ਦੀ ਬਜਾਏ ਪੰਜਾਬ ਦੇ ਸਕੇਲ ਅਤੇ ਭੱਤੇ ਲਾਗੂ ਕੀਤੇ ਜਾਣ, ਬੰਦ ਕੀਤੇ ਸਾਰੇ ਭੱਤੇ ਬਹਾਲ ਕੀਤੇ ਜਾਣ, ਤਨਖਾਹ ਸਕੇਲਾਂ ਤੇ ਪੈਨਸ਼ਨਾਂ ਦਾ ਸਾਰੇ ਪੰਜ ਸਾਲ ਦਾ ਬਕਾਇਆ ਕਿਸ਼ਤਾਂ ਵਿੱਚ ਖੱਖਰੀਆਂ, ਕਰੋਲੇ ਕਰਨ ਦੀ ਬਜਾਏ ਯਕਮੁਸ਼ਤ ਨਕਦ ਦਿੱਤਾ ਜਾਵੇ, 200/- ਰੁਪਏ ਜਜ਼ੀਆ ਟੈਕਸ ਤੁਰੰਤ ਬੰਦ ਕੀਤਾ ਜਾਵੇ। ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਦੀ ਜਾਰੀ ਕੀਤੀ ਨੀਤੀ 16-05-2023 ਵਿੱਚ ਲੋੜੀਂਦੀਆਂ ਸੋਧਾਂ ਕੀਤੀਆਂ ਜਾਣ ਤੇ ਛੇਵੇਂ ਪੇਅ ਕਮਿਸ਼ਨ ਦਾ ਦੂਜਾ ਭਾਗ ਲਾਗੂ ਕੀਤਾ ਜਾਵੇ। ਸੂਬਾਈ ਕਨਵੀਨਰ ਰਣਜੀਤ ਸਿੰਘ ਰਾਣਵਾਂ ਅਤੇ ਜਿਲਾ ਕਨਵੀਨਰ ਜਸਵੰਤ ਸਿੰਘ ਬਨਭੌਰੀ ਨੇ ਭਗਵੰਤ ਮਾਨ ਸਰਕਾਰ ਨੂੰ ਅਪੀਲ ਕੀਤੀ ਕਿ ਫਰੰਟ ਨਾਲ ਜਲਦੀ ਮੀਟਿੰਗ ਕਰਕੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਦਾ ਤੁਰੰਤ ਹੱਲ ਕੀਤਾ ਜਾਵੇ, ਨਹੀ ਤਾਂ 23- 08-2025 ਨੂੰ ਲੁਧਿਆਣਾ ਵਿਖੇ ਮੀਟਿੰਗ ਕਰਕੇ ਅਗਲੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ।

## ਮਾਤਾ ਗੁਜਰੀ ਸਕੂਲ ਨੇ ਪੋਟ ਪੇਂਟਿੰਗ 'ਚ ਪਹਿਲਾ ਸਥਾਨ ਜਿੱਤਿਆ



**ਦੇਵੀਗੜ੍ਹ (ਥਿੰਦ)**- ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਗੁਥਮੜਾ ਦੇਵੀਗੜ੍ਹ ਦੇ ਵਿਦਿਆਰਥੀਆਂ ਨੇ ਪਟਿਆਲਾ ਸਹੋਦਿਆ ਵੱਲੋਂ ਕਰਵਾਏ ਗਏ ਆਰਟ ਫੈਸਟ, ਜੋ ਕਿ ਗੁਰੂ ਗੋਬਿੰਦ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਬੀਨਾਹੇੜੀ ਨਾਭਾ ਵਿਖੇ ਹੋਇਆ, ਵਿੱਚ ਵੱਧ ਚੜ੍ਹ ਕੇ ਪ੍ਰਤਿਭਾਸ਼ਾਲੀ ਹਿੱਸਾ ਲਿਆ। ਜ਼ਿਕਰਯੋਗ ਹੈ ਕਿ ਇਸ ਆਰਟ ਫੈਸਟ ਵਿੱਚ ਪਟਿਆਲਾ ਜ਼ਿਲ੍ਹੇ ਦੇ 30 ਸਕੂਲਾਂ ਨੇ ਹਿੱਸਾ ਲਿਆ, ਜਿਸ ਵਿੱਚ ਅੱਠਵੀਂ ਜਮਾਤ ਦੀ ਵਿਦਿਆਰਥਣ ਗੁਰਪ੍ਰੀਤ ਕੌਰ ਨੇ ਪੋਟ ਪੇਂਟਿੰਗ ਵਿੱਚ ਪਹਿਲਾ ਸਥਾਨ ਪ੍ਰਾਪਤ ਕਰਕੇ ਆਪਣੇ ਸਕੂਲ ਤੇ ਮਾਤਾ-ਪਿਤਾ ਦਾ ਨਾਮ ਰੌਸ਼ਨ ਕੀਤਾ।ਇਸ ਮੌਕੇ ਸਕੂਲ ਡਾਇਰੈਕਟਰ ਭੁਪਿੰਦਰ ਸਿੰਘ, ਪ੍ਰੈਜ਼ੀਡੈਂਟ ਰਵਿੰਦਰ ਕੌਰ, ਪ੍ਰਿੰਸੀਪਲ ਮਮਤਾ ਮੌਂਗਾ, ਅਕਾਦਮਿਕ ਡਾਇਰੈਕਟਰ ਤੇਜਿੰਦਰ ਕੌਰ, ਆਰਟ ਅਧਿਆਪਕ ਸਤਿੰਦਰ ਕੌਰ ਨੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕੀਤੀ ਤੇ ਭਵਿੱਖ ਵਿੱਚ ਹੋਣ ਵਾਲੀਆਂ ਪ੍ਰਤੀਯੋਗਤਾਵਾਂ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

## ਬੀ ਬੀ ਐੱਸ ਬੀ ਕਾਨਵੈਂਟ ਸਕੂਲ 'ਚ ਨੰਨ੍ਹੇ ਬੱਚਿਆਂ ਨੇ ਤੀਆਂ ਮਨਾਈਆਂ



**ਜਗਰਾਓਂ (ਅਮਿਤ ਖੰਨਾ)**-ਕਸਬੇ ਦੀ ਨਾਮਵਰ ਵਿਦਿਅਕ ਸੰਸਥਾ ਬੀ. ਬੀ. ਐੱਸ. ਬੀ. ਕਾਨਵੈਂਟ ਸਕੂਲ ਸਿੱਧਵਾਂ ਬੇਟ ਵਿਖੇ ਹਰ ਸਾਲ ਦੀ ਤਰ੍ਹਾਂ ਤੀਆਂ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ।ਸਕੂਲ ਪ੍ਰਿੰਸੀਪਲ ਮੈਡਮ ਮੋਨਾ ਠਾਕੁਰ ਦੀ ਅਗਵਾਈ ਹੇਠ ਸਕੂਲ ਦੇ ਹਾਲ ਨੂੰ ਬਾਗ, ਫੁਲਕਾਰੀਆਂ, ਹੱਥੀ ਕੱਢੀਆਂ ਚਾਦਰਾਂ, ਦਰੀਆਂ ਆਦਿ ਪੁਰਾਤਨ ਸਾਜ਼ੋ ਸਾਮਾਨ ਨਾਲ ਸ਼ਿੰਗਾਰਿਆ ਗਿਆ।ਸਕੂਲ ਦੀ ਸਟੇਜ ਉੱਪਰ ਪੰਜਾਬੀ ਵਿਰਸੇ ਨੂੰ ਦਰਸਾਉਂਦਾ ਹੋਇਆ ਸੀਨ ਪੇਸ਼ ਕੀਤਾ ਗਿਆ, ਜਿਸ ਵਿੱਚ ਚਰਖੇ, ਚੁੱਲ੍ਹੇ, ਪਿੱਤਲ ਦੇ ਭਾਂਡੇ, ਖੂਹ, ਚੂੜੀਆਂ ਆਦਿ ਨਾਲ ਪੰਜਾਬੀ ਵਿਰਸੇ ਦਾ ਦ੍ਰਿਸ਼ ਪੇਸ਼ ਕੀਤਾ ਗਿਆ।ਸਕੂਲ ਦੇ ਨਰਸਰੀ ਤੋਂ ਲੈ ਕੇ ਪਹਿਲੀ ਜਮਾਤ ਤੱਕ ਦੇ ਬੱਚਿਆਂ ਨੇ ਇਸ ਵਿੱਚ ਹਿੱਸਾ ਲਿਆ ਤੇ ਛੋਟੇ ਬੱਚੇ ਬਹੁਤ ਹੀ ਖੂਬਸੂਰਤ ਲੱਗ ਰਹੇ ਸਨ।ਇਸ ਮੁਕਾਬਲੇ ਵਿੱਚ ਮਿਸ ਤੀਜ ਦਾ ਖਿਤਾਬ ਜੀਆ ਵਰਮਾ ਨੇ ਜਿੱਤਿਆ ਤੇ ਪਹਿਲੀ ਰਨਰਅੱਪ ਜਸਕੀਰਤ ਕੌਰ ਤੇ ਦੂਜੀ ਰਨਰਅੱਪ ਗੁਰਬੀਰ ਕੌਰ, ਇਸ ਦੇ ਨਾਲ ਹੀ ਵਧੀਆ ਡਰੈੱਸ ਜੋਰਾਵਰ ਸਿੰਘ ਤੇ ਜਪਨੂਰ ਸਿੰਘ ਨੇ ਜਿੱਤਿਆ।ਇਸੇ ਲੜੀ ਤਹਿਤ ਮਿਸ ਗੋਰਜੀਅਸ ਦਾ ਖਿਤਾਬ ਮਨਜੋਤ ਕੌਰ ਤੇ ਦਿਵਜੋਤ ਕੌਰ ਨੇ ਜਿੱਤਿਆ।ਇਸ ਮੌਕੇ ਪ੍ਰਿੰਸੀਪਲ ਮੈਡਮ ਮੋਨਾ ਠਾਕੁਰ ਨੇ ਜੇਤੂਆਂ ਨੂੰ ਟਰਾਫੀਆਂ ਤੇ ਮੈਡਲ ਨਾਲ ਸਨਮਾਨਤ ਕੀਤਾ।ਉਨ੍ਹਾਂ ਕਿਹਾ ਕਿ ਛੋਟੇ ਬੱਚਿਆਂ ਦੇ ਅਜਿਹੇ ਮੁਕਾਬਲੇ ਉਨ੍ਹਾਂ ਨੂੰ ਪੰਜਾਬੀ ਸੱਭਿਆਚਾਰ ਨਾਲ ਜੋੜਨ ਵਿੱਚ ਸਹਾਈ ਸਿੱਧ ਹੁੰਦੇ ਹਨ।ਇਸ ਮੌਕੇ ਸਕੂਲ ਮੈਨੇਜਮੈਂਟ ਮੈਂਬਰ, ਜਿਸ ਵਿੱਚ ਵਾਈਸ ਚੇਅਰਮੈਨ ਰਜਿੰਦਰ ਕੁਮਾਰ ਬਾਵਾ, ਪ੍ਰੈਜ਼ੀਡੈਂਟ ਹਰੀਕ੍ਰਿਸ਼ਨ ਭਗਵਾਨ ਦਾਸ, ਮੈਨੇਜਿੰਗ ਡਾਇਰੈਕਟਰ ਸ਼ਾਮ ਸੁੰਦਰ ਭਾਰਦਵਾਜ, ਜਨਰਲ ਸੈਕਰੇਟਰੀ ਅੰਜੂ ਬਾਲਾ ਤੇ ਗਗਨਦੀਪ ਬਾਵਾ ਹਾਜ਼ਰ ਸਨ।

## ਪੰਜਾਬ ਕਿਸਾਨ ਯੂਨੀਅਨ ਮਾਲਵਾ ਜ਼ੋਨ ਦੀ ਮੀਟਿੰਗ



**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ ਕਿਸਾਨ ਯੂਨੀਅਨ ਮਾਲਵਾ ਜ਼ੋਨ ਦੀ ਇੱਕ ਜ਼ਰੂਰੀ ਮੀਟਿੰਗ ਸੂਬਾਈ ਪ੍ਰਧਾਨ ਗੁਰਨਾਮ ਸਿੰਘ ਮਾਨਸਾ ਦੀ ਪ੍ਰਧਾਨਗੀ ਹੇਠ ਸਥਾਨਕ ਬਾਬਾ ਬੂਝਾ ਸਿੰਘ ਭਵਨ ਵਿਖੇ ਹੋਈ। ਪਿਛਲੇ ਜੱਥੇਬੰਦਕ ਰੀਵਿਊ ਉਪਰੰਤ ਆਲ ਇੰਡੀਆ ਕਿਸਾਨ ਮਹਾਂਸਭਾ ਦੇ ਸੱਦੇ ਤਹਿਤ 13 ਅਗਸਤ ਨੂੰ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਭਾਰਤੀ ਵਸਤਾਂ 'ਤੇ ਟੈਰਿਫ ਵਧਾਉਣ ਖਿਲਾਫ, ਨਰਿੰਦਰ ਮੋਦੀ ਤੇ ਭਗਵੰਤ ਮਾਨ ਦੇ ਪੁਤਲੇ ਫੂਕੇ ਜਾਣਗੇ। ਇਸ ਤੋਂ ਇਲਾਵਾ 14 ਅਗਸਤ ਨੂੰ ਕਿਸਾਨ ਆਗੂ ਬੂਝਾ ਸਿੰਘ ਮਾਨ ਦੀ ਬਰਸੀ ਬੂਝਾ ਸਿੰਘ ਭਵਨ ਵਿਖੇ ਮਨਾਉਣ ਦਾ ਫੈਸਲਾ ਵੀ ਲਿਆ ਗਿਆ। 24 ਨੂੰ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤਹਿਤ ਸਮਰਾਲਾ ਵਿਖੇ ਲੈਂਡ ਪੂਲਿੰਗ ਨੀਤੀ, ਪੰਜਾਬ ਦੇ ਪਾਣੀ, ਸਹਿਕਾਰਤਾ ਅਤੇ ਟੈਰਿਫ ਵਧਾਉਣ ਖਿਲਾਫ ਕੀਤੀ ਜਾ ਰਹੀ ਰੈਲੀ ਵਿੱਚ ਸੈਂਕੜੇ ਵਰਕਰ ਸ਼ਾਮਲ ਕਰਵਾਉਣ ਲਈ ਜ਼ਿਲ੍ਹੇ ਮੁਤਾਬਿਕ ਲਗਾਏ ਗਏ ਟਾਰਗੇਟ ਨੂੰ ਪੂਰਾ ਕਰਨ ਬਾਰੇ ਵੀ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਸਾਬਕਾ ਗਵਰਨਰ ਸਤਿਆਪਾਲ ਮਲਿਕ ਦੀ ਦੁਖਦਾਈ ਮੌਤ 'ਤੇ ਸ਼ੋਕ ਮਤਾ ਵੀ ਪਾਇਆ ਗਿਆ। ਇਸ ਸਮੇਂ ਗੁਰਨਾਮ ਸਿੰਘ ਭੀਖੀ, ਸਵਰਨ ਸਿੰਘ ਨਵਾਂਗਾਉਂ, ਨਰਿੰਦਰ ਕੌਰ ਬੁਰਜ ਹਮੀਰਾ, ਗੁਰਜੀਤ ਸਿੰਘ ਜੋਤੇ, ਸਵਰਨ ਸਿੰਘ ਨਵਾਂਗਾਉਂ, ਜਰਨੈਲ ਸਿੰਘ ਰੋੜਾਂਵਾਲੀ ਮੁਕਤਸਰ, ਰਾਮਫਲ ਬੁਸੌਰਾ ਬਰਨਾਲਾ, ਅਮਰੀਕ ਸਿੰਘ, ਗੁਰਦੀਪ ਸਿੰਘ ਰਾਈਆ ਬਠਿੰਡਾ, ਰਾਮਫਲ ਚੱਕ ਅਲੀਸ਼ੇਰ, ਪੰਜਾਬ ਸਿੰਘ ਅਕਲੀਆ, ਕਰਨੈਲ ਸਿੰਘ ਮਾਨਸਾ, ਸੁਖਚਰਨ ਦਾਨੇਵਾਲੀਆ, ਜਗਤਾਰ ਸਹਾਰਨਾ, ਦਰਸ਼ਨ ਮੰਘਾਣੀਆਂ ਵੀ ਹਾਜ਼ਰ ਸਨ।

## ਅਧਿਆਪਕਾਂ ਦੀ ਬਦਲੀ ਨੀਤੀ ਨੂੰ ਕਮਜ਼ੋਰ ਕਰਨ ਵਾਲੇ ਅਧਿਕਾਰੀਆਂ ਦੀ ਜ਼ਿੰਮੇਵਾਰੀ ਤੈਅ ਹੋਵੇ : ਜੀ ਟੀ ਯੂ ਪੰਜਾਬ



**ਜ਼ੀਰਾ (ਨਰਿੰਦਰ ਅਨੇਜਾ)**-ਸਿੱਖਿਆ ਵਿਭਾਗ ਦੀ ਅਧਿਆਪਕ ਬਦਲੀ ਨੀਤੀ ਇੱਕ ਵਾਰ ਫਿਰ ਸਵਾਲਾਂ ਦੇ ਘੇਰੇ ਵਿੱਚ ਹੈ। ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ, ਜਨਰਲ ਸਕੱਤਰ ਗੁਰਬਿੰਦਰ ਸਿੰਘ ਸਸਕੌਰ, ਵਿੱਤ ਸਕੱਤਰ ਅਮਨਦੀਪ ਸ਼ਰਮਾ, ਪ੍ਰੈਸ ਸਕੱਤਰ ਕਰਨੈਲ ਫਿਲੌਰ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਕਿਹਾ ਕਿ ਵਿਭਾਗ ਨੇ ਇੱਕ ਪੱਤਰ ਜਾਰੀ ਕਰਦਿਆਂ ਦਾਅਵਾ ਕੀਤਾ ਸੀ ਕਿ 5 ਅਤੇ 6 ਅਗਸਤ ਨੂੰ ਅਧਿਆਪਕ ਸਟੇਸ਼ਨ ਚੁਆਇਸ ਲਈ ਅਪਲਾਈ ਕਰ ਸਕਣਗੇ।ਲਗਭਗ 2 ਮਹੀਨੇ ਤੋਂ ਸਟੇਸ਼ਨ ਚੁਆਇਸ ਦੀ ਉਡੀਕ ਕਰ ਰਹੇ ਅਧਿਆਪਕਾਂ ਲਈ ਵਿਭਾਗ ਸਹੀ ਸਟੇਸ਼ਨ ਮੁਹੱਈਆ ਨਹੀਂ ਕਰਵਾ ਸਕਿਆ।ਅਧਿਆਪਕਾਂ ਵਿੱਚ ਸਾਰੇ ਸਟੇਸ਼ਨ ਨਹੀਂ ਦਿਖਾਏ ਜਾ ਰਹੇ। ਜਿਹੜੇ ਦਿਖਾਏ ਜਾ ਰਹੇ ਹਨ,ਉੱਥੇ ਪੋਸਟਾਂ ਨਹੀਂ ਹਨ। ਹੋਰ ਟੀਚਰਾਂ ਨੂੰ ਸੀ ਐਂਡ ਟੀ ਦੇ ਸਟੇਸ਼ਨ ਦਿਖਾਏ ਜਾ ਰਹੇ ਹਨ।ਸਰਪਲੱਸ ਪੋਸਟਾਂ 'ਤੇ ਬਦਲੀ ਲਈ ਚੋਣ ਕਰਾਈ ਜਾ ਰਹੀ ਹੈ।ਇਹ ਕਮੀਆਂ ਬਦਲੀ ਨੀਤੀ ਨੂੰ ਕਮਜ਼ੋਰ ਕਰਦੀਆਂ ਹਨ।ਇਸ ਲਈ ਜਿਹੜੇ ਅਧਿਕਾਰੀ ਇਸ ਬਦਲੀ ਨੀਤੀ ਨੂੰ ਕਮਜ਼ੋਰ ਕਰਨ ਦੀ ਨੀਅਤ ਰੱਖਦੇ ਹਨ ਉਹਨਾਂ ਦੀ ਜ਼ੁੰਮੇਵਾਰੀ ਤੈਅ ਕਰਨੀ ਚਾਹੀਦੀ ਹੈ।ਅਧਿਆਪਕ ਆਗੂ ਕੁਲਦੀਪ ਪੁਰੋਵਾਲ, ਗੁਰਪ੍ਰੀਤ ਅਮੀਵਾਲ, ਰਛਪਾਲ ਸਿੰਘ ਵੜੈਚ ਸੂਬਾ ਕਮੇਟੀ ਮੈਂਬਰ, ਬਲਵਿੰਦਰ ਸਿੰਘ ਭੁੱਟੋ ਸੂਬਾ ਜਥੇਬੰਦਕ ਸਕੱਤਰ ਜੀ ਟੀ ਯੂ ਪੰਜਾਬ, ਗੁਰਦੀਪ ਬਾਜਵਾ ਤੇ ਮਨੋਹਰ ਲਾਲ ਸ਼ਰਮਾ ਨੇ ਕਿਹਾ ਕਿ ਪ੍ਰਮੋਸ਼ਨਾਂ ਤੋਂ ਬਾਅਦ ਖਾਲੀ ਹੋਏ ਕੁੱਝ ਸਟੇਸ਼ਨ ਚੁਆਇਸ ਵਿਚ ਨਹੀਂ ਦਿਖਾਏ ਗਏ ਤੇ ਕੁੱਝ ਸਟੇਸ਼ਨ ਅਜਿਹੇ ਵਿਖਾਏ ਗਏ ਹਨ ਜਿਥੇ ਵਿਭਾਗੀ ਪੋਰਟਲ ਦੀ ਗਿਣਤੀ ਦੇ ਅਨੁਸਾਰ ਪੋਸਟਾਂ ਹੀ ਨਹੀਂ ਬਣਦੀਆਂ, ਜਿਸ ਦਾ ਖਾਮਿਆਜ਼ਾ ਬਾਅਦ ਵਿਚ ਅਧਿਆਪਕਾਂ ਨੂੰ ਭੁਗਤਣਾ ਪੈ ਸਕਦਾ ਹੈ।ਪਰ ਹੁਣ ਜਾਣਕਾਰੀ ਸਾਹਮਣੇ ਆਈ ਹੈ, ਉਹ ਇਹ ਹੈ ਕਿ ਕਾਫ਼ੀ ਖਾਲੀ ਸਟੇਸ਼ਨ, ਬਦਲੀਆਂ ਦੀ ਸਟੇਸ਼ਨ ਚੁਆਇਸ ਵਿੱਚ ਵਿਖਾਏ ਹੀ ਨਹੀਂ ਗਏ। ਆਗੂਆਂ ਨੇ ਕਿਹਾ ਕੇ ਵਿਭਾਗ ਇੱਕ ਵਾਰ ਫਿਰ ਟੀਚਰਾਂ ਨੂੰ ਪ੍ਰੇਸ਼ਾਨ ਕਰ ਰਿਹਾ ਹੈ।ਸਟੇਸ਼ਨ ਚੁਆਇਸ ਦੇ ਨਾਂਅ ਤੇ ਅਧਿਆਪਕਾਂ ਨੂੰ ਮੂਰਖ ਬਣਾਉਣ ਦੀ ਕੋਸ਼ਿਸ਼ ਵਿਭਾਗ ਦੁਆਰਾ ਕੀਤੀ ਜਾ ਰਹੀ ਹੈ।ਜਿਸ ਕਾਰਨ ਅਧਿਆਪਕ ਵਰਗ ਵਿਚ ਨਾਰਾਜ਼ਗੀ ਦਾ ਮਾਹੌਲ ਹੈ।ਜੀ ਟੀ ਯੂ ਪੰਜਾਬ ਨੇ ਵਿਭਾਗ ਦੇ ਇਸ ਰਵੱਈਏ ਦੀ ਸਖ਼ਤ ਨਿਖੇਧੀ ਕੀਤੀ ਹੈ ਅਤੇ ਮੰਗ ਕੀਤੀ ਹੈ ਕਿ ਤਬਾਦਲਾ ਪ੍ਰਕਿਰਿਆ ਨੂੰ ਪਾਰਦਰਸ਼ੀ ਤੇ ਨਿਰਪੱਖ ਬਣਾਇਆ ਜਾਵੇ।

## 20 ਗ੍ਰਾਮ ਹੈਰੋਇਨ ਸਣੇ 2 ਕਾਬੂ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਵੈਰੋਕੇ ਦੀ ਪੁਲਸ ਵੱਲੋਂ 20 ਗ੍ਰਾਮ ਹੈਰੋਇਨ ਸਣੇ 2 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਮਹਿੰਦਰ ਸਿੰਘ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਪਿੰਡ ਢਾਬ ਕੜਿਆਲ ਸੇਮਨਾਲਾ ਦੀ ਪੱਟੜੀ 'ਤੇ ਪੁੱਜੇ ਤਾਂ ਸਾਹਮਣੇ ਤੋਂ 2 ਵਿਅਕਤੀ ਆਉਂਦੇ ਦਿਖਾਈ ਦਿੱਤੇ, ਜੋ ਪੁਲਸ ਪਾਰਟੀ ਨੂੰ ਵੇਖ ਕੇ ਆਪਣੇ ਖੱਬੇ ਹੱਥ ਸੜਕ ਤੋਂ ਖੇਤਾਂ ਵੱਲ ਨੂੰ ਮੁੜਨ ਲੱਗੇ ਤਾਂ ਪੁਲਸ ਪਾਰਟੀ ਨੇ ਇਨ੍ਹਾਂ ਵਿਅਕਤੀਆਂ ਨੂੰ ਕਾਬੂ ਕਰਕੇ ਤਲਾਸ਼ੀ ਲਈ ਤਾਂ ਇਨ੍ਹਾਂ ਕੋਲੋਂ 10-10 ਗ੍ਰਾਮ (ਕੁੱਲ 20 ਗ੍ਰਾਮ) ਹੈਰੋਇਨ ਬਰਾਮਦ ਹੋਈ। ਪੁੱਛਗਿੱਛ ਦੌਰਾਨ ਇਨ੍ਹਾਂ ਵਿਅਕਤੀਆਂ ਦੀ ਪਹਿਚਾਣ ਸੁਰਿੰਦਰ ਸਿੰਘ ਉਰਫ ਗੱਬਰ ਸਿੰਘ ਪੁਤਰ ਮੱਖਣ ਸਿੰਘ ਵਾਸੀ ਬਾਹਮਣੀਵਾਲਾ ਤੇ ਕਰਨ ਸਿੰਘ ਪੁੱਤਰ ਗੁਰਮੀਤ ਸਿੰਘ ਵਾਸੀ ਢਾਣੀ ਪ੍ਰੇਮ ਸਿੰਘ ਦਾਖਲੀ ਮਹਾਲਮ ਵਜੋਂ ਹੋਈ ਹੈ। ਥਾਣਾ ਵੈਰੋਕੇ ਵਿਖੇ ਸੁਰਿੰਦਰ ਸਿੰਘ ਉਰਫ ਗੱਬਰ ਸਿੰਘ ਤੇ ਕਰਨ ਸਿੰਘ ਖਿਲਾਫ ਕੇਸ ਦਰਜ ਕੀਤਾ ਗਿਆ ਹੈ।

## ਬੀ ਕੇ ਯੂ ਏਕਤਾ ਡਕੌਂਦਾ ਦੀ ਬਲਾਕ ਪੱਧਰੀ ਮੀਟਿੰਗ



**ਬੁਢਲਾਡਾ (ਅਸ਼ੋਕ ਲਾਕੜਾ)**-ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੀ ਬਲਾਕ ਪੱਧਰੀ ਮੀਟਿੰਗ ਗੁਰਦੁਆਰਾ ਪਾਤਸ਼ਾਹੀ ਨੌਵੀਂ ਵਿਖੇ ਬਲਾਕ ਪ੍ਰਧਾਨ ਬਲਦੇਵ ਸਿੰਘ ਪਿਪਲੀਆ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸੰਯੁਕਤ ਕਿਸਾਨ ਮੋਰਚੇ ਦੇ ਆਉਣ ਵਾਲੇ ਪ੍ਰੋਗਰਾਮ 24 ਅਗਸਤ ਨੂੰ ਲੁਧਿਆਣਾ ਜ਼ਿਲ੍ਹੇ ਦੇ ਸਮਰਾਲਾ ਵਿੱਚ ਲੈਂਡ ਪੂਲਿੰਗ ਨੀਤੀ ਖਿਲਾਫ ਤੇ ਸਰਕਾਰੀ ਜਬਰ ਵਿਰੁੱਧ ਹੋ ਰਹੀ ਵਿਸ਼ਾਲ ਕਿਸਾਨ ਪੰਚਾਇਤ ਵਿੱਚ ਜਥੇਬੰਦੀ ਦੇ ਹਜ਼ਾਰਾਂ ਵਰਕਰ ਬਲਾਕ ਵਿੱਚੋਂ ਸ਼ਾਮਲ ਹੋਣਗੇ।ਸੂਬਾ ਸਕੱਤਰ ਕੁਲਵੰਤ ਸਿੰਘ ਕਿਸ਼ਨਗੜ੍ਹ ਨੇ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਕਿਸਾਨਾਂ ਦੀਆਂ ਜ਼ਮੀਨਾਂ ਹਥਿਆ ਕੇ ਕਾਰਪੋਰੇਟ ਘਰਾਣਿਆਂ ਨੂੰ ਦੇਣਾ ਚਾਹੁੰਦੀ ਹੈ, ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਇਸ ਕਿਸਾਨ ਮਾਰੂ ਨੀਤੀ ਖਿਲਾਫ ਜਾਨ ਹੂਲਵਾ ਸੰਘਰਸ਼ ਲੜਿਆ ਜਾਵੇਗਾ।ਜ਼ਿਲ੍ਹਾ ਜਨਰਲ ਸਕੱਤਰ ਤਾਰਾ ਚੰਦ ਬਰੇਟਾ ਨੇ ਕਿਹਾ ਕਿ 8 ਅਗਸਤ ਨੂੰ ਮੋਗਾ ਵਿਖੇ ਜਮਹੂਰੀ ਅਧਿਕਾਰ ਸਭਾ ਦੇ ਸੱਦੇ 'ਤੇ ਜਨਤਕ ਜਥੇਬੰਦੀਆਂ ਦੇ ਸਾਂਝੇ ਜਾਬਰ ਵਿਰੋਧੀ ਇਕੱਠ ਵਿੱਚ ਜਥੇਬੰਦੀ ਭਰਵੀਂ ਸ਼ਮੂਲੀਅਤ ਕਰੇਗੀ।ਜ਼ਿਲ੍ਹਾ ਮੀਤ ਪ੍ਰਧਾਨ ਦਰਸ਼ਨ ਸਿੰਘ ਗੁਰਨੇ ਕਲਾਂ ਨੇ ਕਿਹਾ ਕਿ 12 ਅਗਸਤ ਨੂੰ ਮਹਿਲ ਕਲਾਂ ਵਿਖੇ ਕਿਰਨਜੀਤ ਕੌਰ ਬਰਸੀ ਸਮਾਗਮ ਵਿੱਚ ਵੱਡੀ ਗਿਣਤੀ 'ਚ ਔਰਤਾਂ ਦੇ ਜਥੇ ਸ਼ਾਮਲ ਹੋਣਗੇ।ਇਨ੍ਹਾਂ ਸਾਰੇ ਪ੍ਰੋਗਰਾਮਾਂ ਦੀ ਤਿਆਰੀ ਲਈ ਬਲਾਕ ਦੇ ਸਾਰੇ ਪਿੰਡਾਂ ਵਿੱਚ ਤਿਆਰੀ ਮੀਟਿੰਗਾਂ ਕਰਵਾਈਆਂ ਜਾਣਗੀਆਂ।ਮੀਟਿੰਗ ਵਿੱਚ ਜ਼ਿਲ੍ਹਾ ਖਜ਼ਾਨਚੀ ਦੇਵੀਰਾਮ ਰੰਘੜਿਆਲ, ਜ਼ਿਲ੍ਹਾ ਮੀਤ ਪ੍ਰਧਾਨ ਸੱਤਪਾਲ ਸਿੰਘ ਵਰੇ, ਜ਼ਿਲ੍ਹਾ ਸਰਪ੍ਰਸਤ ਗੁਰਜੰਟ ਸਿੰਘ ਮਘਾਣੀਆ, ਤਰਸੇਮ ਸਿੰਘ ਚੱਕ ਅਲੀਸ਼ੇਰ, ਬਲਾਕ ਸੀਨੀਅਰ ਮੀਤ ਪ੍ਰਧਾਨ ਤੇਜ ਰਾਮ ਅਹਿਮਦਪੁਰ, ਜਨਰਲ ਸਕੱਤਰ ਮੇਲਾ ਸਿੰਘ ਦਿਆਲਪੁਰਾ, ਖਜ਼ਾਨਚੀ ਜਗਜੀਵਨ ਸਿੰਘ ਹਸਨਪੁਰ, ਨਛੱਤਰ ਸਿੰਘ ਅਹਿਮਦਪੁਰ ਆਦਿ ਕਿਸਾਨ ਆਗੂ ਹਾਜ਼ਰ ਸਨ।

## ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਬੀੜ ਮੈਂਹਸ ਸੈਂਚਰੀ ਦਾ ਕੀਤਾ ਦੌਰਾ



**ਨਾਭਾ (ਵਰਿੰਦਰ ਵਰਮਾ)**-ਜ਼ਿਲ੍ਹਾ ਪਲੈਨਿੰਗ ਬੋਰਡ ਪਟਿਆਲਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਵੱਲੋਂ ਜੰਗਲੀ ਜੀਵ ਸੁਰੱਖਿਆ ਵਿਭਾਗ ਦੇ ਬੀੜ ਮੈਂਹਸ ਸੈਂਚਰੀ ਦਾ ਅਚਨਚੇਤ ਦੌਰਾ ਕੀਤਾ ਅਤੇ ਉਨ੍ਹਾਂ ਨੇ ਬੀੜ ਵਿੱਚ ਪਿਛਲੇਂ ਸਮੇਂ ਦੀਆਂ ਕੀਤੀਆਂ ਪਲਾਂਟੇਸ਼ਨਾਂ ਦਾ ਜਾਇਜ਼ਾ ਲਿਆ ਅਤੇ ਜੰਗਲੀ ਜੀਵਾਂ ਦੀ ਸੁਰੱਖਿਆ ਲਈ ਕੀਤੇ ਜਾਂਦੇ ਪ੍ਰਬੰਧਾਂ ਬਾਰੇ ਮੌਕੇ 'ਤੇ ਹਾਜ਼ਰ ਅਧਿਕਾਰੀਆਂ ਪਾਸੋਂ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਨੂੰ ਜਾਣਕਾਰੀ ਦਿੰਦਿਆਂ ਗੁਰਮੀਤ ਕੌਰ ਵਣ ਗਾਰਡ ਨੇ ਦੱਸਿਆ ਕਿ ਇਸ ਬੀੜ ਅੰਦਰ ਫਲ ਅਤੇ ਛਾਂਦਾਰ ਰੁੱਖ ਲਗਾਏ ਗਏ ਹਨ ਅਤੇ ਇਹ ਸਾਰੀਆਂ ਪਲਾਂਟੇਸ਼ਨਾਂ 67.48 ਹੈਕਟੇਅਰ ਰਕਬੇ ਅਧੀਨ ਏਰੀਆ ਕਵਰ ਕਰਦੀਆਂ ਹਨ ਅਤੇ ਪਲਾਂਟੇਸ਼ਨ ਕੀਤੇ ਸਾਰੇ ਬੂਟੇ ਬਹੁਤ ਵਧੀਆ ਗਰੋਥ ਕਰਕੇ ਸੰਘਣੇ ਜੰਗਲ ਦਾ ਰੂਪ ਧਾਰਨ ਕਰ ਚੁੱਕੇ ਹਨ। ਇਸ ਮੌਕੇ ਉਨ੍ਹਾਂ ਨੇ ਚੇਅਰਮੈਨ ਸਾਹਿਬ ਨੂੰ ਬੀੜ ਵਿੱਚ ਬਣਿਆ ਵੱਖ-ਵੱਖ ਤਰ੍ਹਾਂ ਦੇ ਫੁੱਲਾਂ ਦੇ ਬੂਟਿਆਂ ਨਾਲ ਤਿਆਰ ਕੀਤਾ ਪਾਰਕ ਜੋ ਕਿ ਇੱਕ ਵੱਖਰੇ ਕੁਦਰਤੀ ਅਨੁਭਵ ਦਾ ਨਜ਼ਾਰਾ ਦਿੰਦਾ ਹੈ, ਵਧੀਆ ਢੰਗ ਨਾਲ ਬਣਿਆ ਪਾਰਕ ਵੀ ਦਿਖਾਇਆ । ਇਸ ਮੌਕੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਬੀੜ ਮੈਂਹਸ ਵਿੱਚ ਵੱਖ-ਵੱਖ ਕੰਪਾਰਟਮੈਂਟ ਵਿੱਚ ਬਣੇ ਜੰਗਲੀ ਜਾਨਵਰਾਂ ਲਈ ਪਾਣੀ ਦੇ ਟੋਭੇ ਵੀ ਚੈੱਕ ਕੀਤੇ। ਚੇਅਰਮੈਨ ਨੇ ਕਿਹਾ ਕਿ ਸੂਬੇ ਅੰਦਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਜੰਗਲਾਤ ਮੰਤਰੀ ਲਾਲ ਚੰਦ ਕਟਾਰੂਚੱਕ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜੰਗਲਾਂ ਅਤੇ ਜੰਗਲੀ ਜੀਵ ਸੁਰੱਖਿਆ ਲਈ ਸਖਤ ਕਦਮ ਚੁੱਕੇ ਜਾ ਰਹੇ ਹਨ। ਇਸ ਮੌਕੇ ਉਨ੍ਹਾਂ ਨਾਲ ਸੁਖਚੈਨ ਸਿੰਘ ਵਣ ਗਾਰਡ, ਹਰਪ੍ਰੀਤ ਸਿੰਘ ਭੁੱਲਰ, ਲਾਡੀ ਖਹਿਰਾ ਤੇ ਜਸਕਰਨਵੀਰ ਸਿੰਘ ਤੇਜੇ ਵੀ ਮੌਜੂਦ ਸਨ।

## ਡੀ ਐੱਸ ਪੀ ਦਲਬੀਰ ਸਿੰਘ ਨੂੰ ਸਦਮਾ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਦਲਵੀਰ ਸਿੰਘ ਸਿੱਧੂ ਡੀ ਐੱਸ ਪੀ ਬਾਘਾ ਪੁਰਾਣਾ ਨੂੰ ਉਸ ਸਮੇਂ ਗਹਿਰਾ ਸਦਮਾ ਪੁੱਜਾ, ਜਦੋਂ ਉਨ੍ਹਾਂ ਦੇ ਬਹੁਤ ਹੀ ਸਤਿਕਾਰਯੋਗ ਮਾਸੜ ਡਾ. ਅਜੈਬ ਸਿੰਘ ਚਹਿਲ ਸਾਬਕਾ ਚੇਅਰਮੈਨ ਹਰਿਆਣਾ ਸਟੇਟ ਪਲਿਊਸ਼ਨ ਕੰਟਰੋਲ ਬੋਰਡ ਲੰਮੀ ਬਿਮਾਰੀ ਮਗਰੋਂ ਇਸ ਫਾਨੀ ਸੰਸਾਰ ਨੂੰ ਅਲਵਿਦਾ ਆਖ਼ਦੇ ਪ੍ਰਮਾਤਮਾ ਦੇ ਚਰਨਾਂ ਵਿੱਚ ਜਾ ਬਿਰਾਜੇ।ਇਸ ਦੁੱਖ ਦੀ ਘੜੀ ਵਿਚ ਡੀ ਐੱਸ ਪੀ ਦਲਬੀਰ ਸਿੰਘ ਸਿੱਧੂ ਦੇ ਨਾਲ ਵੱਖ-ਵੱਖ ਸਿਵਲ ਤੇ ਪੁਲਸ ਅਧਿਕਾਰੀਆਂ ਦੇ ਇਲਾਵਾ ਰਾਜਸੀ, ਸਮਾਜਿਕ ਤੇ ਧਾਰਮਿਕ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਉਨ੍ਹਾਂ ਨਾਲ ਦੁੱਖ ਪ੍ਰਗਟ ਕਰਦਿਆਂ ਵਿੱਛੜੀ ਰੂਹ ਨੂੰ ਪ੍ਰਮਾਤਮਾ ਦੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਦੀ ਕਾਮਨਾ ਕੀਤੀ।ਇਸ ਮੌਕੇ ਡੀ ਐੱਸ ਪੀ ਦਲਵੀਰ ਸਿੰਘ ਸਿੱਧੂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਨ੍ਹਾਂ ਦੇ ਸਤਿਕਾਰਯੋਗ ਮਾਸੜ ਡਾ. ਅਜੈਬ ਸਿੰਘ ਦਾ ਅੰਤਿਮ ਸੰਸਕਾਰ 8 ਅਗਸਤ ਨੂੰ ਪਿੰਡ ਬਲਾਨਾ, ਜ਼ਿਲ੍ਹਾ ਅੰਬਾਲਾ (ਹਰਿਆਣਾ) ਵਿਖੇ ਹੋਵੇਗਾ।

## ਪੈਨਸ਼ਨਰ ਐਸੋਸੀਏਸ਼ਨ ਪਾਵਰਕਾਮ ਤੇ ਟ੍ਰਾਂਸਕੋ ਵੱਲੋਂ ਅਗਲੇ ਸੰਘਰਸ਼ ਦੀ ਤਿਆਰੀ



**ਦੋਰਾਹਾ (ਹਰਮਿੰਦਰ ਸੇਠ)**-ਨਿੱਜੀਕਰਨ ਦੀ ਨੀਤੀ ਰੱਦ ਕਰਾਉਣ ਤੇ ਹੋਰ ਮੰਗਾਂ ਹੱਲ ਕਰਾਉਣ ਲਈ ਅਗਲੇ ਸੰਘਰਸ਼ ਦੀ ਤਿਆਰੀ ਲਈ ਹਿੰਦੂ ਧਰਮਸ਼ਾਲਾ ਵਿਖੇ ਡਵੀਜ਼ਨ ਦੇ ਰਕੇਸ਼ ਕੁਮਾਰ ਦੀ ਪ੍ਰਧਾਨਗੀ ਹੇਠ ਡਵੀਜ਼ਨ ਜਰਨਲ ਬਾਡੀ ਦੀ ਮੀਟਿੰਗ ਕੀਤੀ ਗਈ, ਜਿਸ ਵਿੱਚ ਡਵੀਜ਼ਨ ਅਧੀਨ ਪੈਂਦੀਆਂ ਸਬ ਡਵੀਜ਼ਨਾਂ ਸਿਟੀ ਦੋਰਾਹਾ, ਰਾਮਪੁਰ, ਪਾਇਲ, ਧਮੋਟ, ਘੁਡਾਣੀ ਕਲਾਂ, ਗਰਿੱਡ ਸਬ ਸਟੇਸ਼ਨਾਂ ਤੇ ਡਵੀਜ਼ਨ ਦਫ਼ਤਰ ਵਿੱਚੋਂ ਸੇਵਾਮੁਕਤ ਹੋ ਚੁੱਕੇ ਬਿਜਲੀ ਕਾਮਿਆਂ ਨੇ ਭਰਵੀਂ ਸ਼ਮੂਲੀਅਤ ਕੀਤੀ।ਡਵੀਜ਼ਨ ਦੇ ਸਕੱਤਰ ਤਰਸੇਮ ਲਾਲ ਤੇ ਪ੍ਰੈਸ ਸਕੱਤਰ ਕ੍ਰਿਸ਼ਨ ਕੁਮਾਰ 'ਵਿਨਾਇਕ' ਨੇ ਦੱਸਿਆ ਕਿ ਮੀਟਿੰਗ ਵਿੱਚ ਕੇਂਦਰ ਤੇ ਪੰਜਾਬ ਦੀਆਂ ਸਰਕਾਰਾਂ ਤੇ ਪਾਵਰਕਾਮ/ਟ੍ਰਾਂਸਕੋ ਮੈਨੇਜਮੈਂਟ ਵੱਲੋਂ ਬਿਜਲੀ ਬੋਰਡਾਂ ਦੇ ਅਦਾਰਿਆਂ ਸਮੇਤ ਵੱਖ-ਵੱਖ ਵਿਭਾਗਾਂ ਨੂੰ ਨਿੱਜੀਕਰਨ ਦੀ ਨੀਤੀ ਲਾਗੂ ਕਰਨ ਲਈ ਤੇ ਇਨ੍ਹਾਂ ਅਦਾਰਿਆਂ ਨੂੰ ਕਾਰਪੋਰੇਟ ਘਰਾਣਿਆਂ ਅਡਾਨੀ, ਅੰਬਾਨੀ ਤੇ ਟਾਟਾ ਬਿਰਲਿਆਂ ਨੂੰ ਸਪੁਰਦ ਕਰਨ ਲਈ ਜਲਦੀ ਨਾਲ ਫੈਸਲੇ ਕਰਕੇ ਸੇਵਾ ਮੁਕਤ ਕਾਮਿਆਂ ਨੂੰ ਮਿਲਦੀਆਂ ਪੈਨਸ਼ਨਾਂ ਤੇ ਹੋਰ ਭੱਤਿਆਂ ਅਤੇ ਰੈਗੂਲਰ ਕਾਮਿਆਂ ਨੂੰ ਮਿਲਦੀਆਂ ਸਹੂਲਤਾਂ ਨੂੰ ਖਤਮ ਕਰਨ ਅਤੇ ਸਾਰੇ ਵਿਭਾਗਾਂ ਵਿੱਚ ਠੇਕਾ ਪ੍ਰਣਾਲੀ ਆਊਟ ਸੋਰਸਿੰਗ ਦੀ ਨੀਤੀ ਨੂੰ ਲਾਗੂ ਕਰਕੇ ਪੱਕੇ ਰੁਜ਼ਗਾਰ ਨੂੰ ਖਤਮ ਕਰਨ ਦੀ ਵਿਉਂਤਾਂ ਬਣਾ ਰਹੀਆਂ ਹਨ। ਸਰਕਾਰਾਂ ਅਤੇ ਮੈਨੇਜਮੈਂਟਾਂ ਦੀਆਂ ਇਨ੍ਹਾਂ ਨੀਤੀਆਂ ਵਿਰੁੱਧ ਅਗਲਾ ਸੰਘਰਸ਼ ਕਰਨ ਲਈ ਭਰਵੀਂ ਬਹਿਸ ਕਰਕੇ ਫੈਸਲੇ ਕੀਤੇ ਗਏ।ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਪੰਜਾਬ ਦੇ ਉਲੀਕੇ ਸੰਘਰਸ਼ ਪ੍ਰੋਗਰਾਮ 5 ਅਗਸਤ ਤੋਂ 12 ਅਗਸਤ ਤੱਕ ਤਹਿਸੀਲ ਅਤੇ ਜ਼ਿਲ੍ਹ ਹੈੱਡ ਕੁਆਟਰਾਂ 'ਤੇ ਪੰਜਾਬ ਸਰਕਾਰ ਦੇ ਅਰਥੀ ਫੂਕ ਮੁਜ਼ਾਹਰੇ ਕਰਨ ਦੇ ਫੈਸਲੇ ਨੂੰ ਲਾਗੂ ਕਰਨ ਤੇ ਸਰਕਲ ਕਮੇਟੀ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਕ ਸਰਕਲ ਦਫਤਰ ਅੱਗੇ ਕੀਤੇ ਜਾ ਰਹੇ ਅਰਥੀ ਫੂਕ ਮੁਜਾਹਰੇ ਵਿੱਚ ਵੱਡੀ ਪੱਧਰ 'ਤੇ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ ਗਿਆ। ਮੀਟਿੰਗ ਵਿੱਚ ਖੰਨਾ ਸਰਕਲ ਦੇ ਪ੍ਰਧਾਨ ਹਰਬੰਸ ਸਿੰਘ 'ਦੋਬੁਰਜੀ', ਮੈਂਬਰ ਸੁਰਜੀਤ ਸਿੰਘ, ਡਵੀਜ਼ਨ ਦੋਰਾਹਾ ਦੇ ਆਗੂ ਭਗਵੰਤ ਸਿੰਘ, ਜਗਦੇਵ ਸਿੰਘ, ਅਵਤਾਰ ਸਿੰਘ, ਰਾਮ ਸਰੂਪ, ਸਿਕੰਦਰ ਸਿੰਘ ਨੇ ਕੇਂਦਰ ਤੇ ਪੰਜਾਬ ਸਰਕਾਰ ਅਤੇ ਮੈਨੇਜਮੈਂਟਾਂ ਦੀਆਂ ਕਿਸਾਨ-ਮਜ਼ਦੂਰ-ਮੁਲਾਜ਼ਮ, ਵਿਦਿਆਰਥੀ, ਬੇਰੁਜ਼ਗਾਰ ਨੌਜਵਾਨ ਤੇ ਆਮ ਮਿਹਨਤੀ ਲੋਕਾਂ ਵਿਰੋਧੀ ਨੀਤੀਆਂ ਵਾਰੇ ਵਿਸਥਾਰ ਨਾਲ ਚਾਨਣਾ ਪਾਇਆ।

## ਜ਼ਿਲ੍ਹਾ ਪੱਧਰੀ ਸਕੇਟਿੰਗ ਟੂਰਨਾਮੈਂਟ 'ਚ ਮਾਊਂਟ ਲਿਟਰਾ ਜ਼ੀ ਸਕੂਲ ਨੇ ਜਿੱਤੇ ਤਮਗੇ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਬੀਤੇ ਦਿਨੀਂ ਜ਼ਿਲ੍ਹਾ ਰੋਲਰ ਸਕੇਟਿੰਗ ਐੱਸੋਸੀਏਸ਼ਨ ਬਠਿੰਡਾ ਵੱਲੋਂ ਕੀਰਤ ਸਪੋਰਟਸ ਕਲੱਬ ਰਾਮਪੁਰਾ ਫੂਲ ਦੇ ਸਹਿਯੋਗ ਨਾਲ ਸਥਾਨਕ ਦਾਣਾ ਮੰਡੀ ਵਿਖੇ ਦੋ ਰੋਜ਼ਾ ਜ਼ਿਲ੍ਹਾ ਪੱਧਰੀ ਸਕੇਟਿੰਗ ਟੂਰਨਾਮੈਂਟ ਕਰਵਾਇਆ ਗਿਆ, ਜਿਸ ਵਿੱਚ ਮਾਊਂਟ ਲਿਟਰਾ ਜ਼ੀ ਸਕੂਲ ਰਾਮਪੁਰਾ ਦੇ ਵਿਦਿਆਰਥੀਆਂ ਨੇ ਭਾਗ ਲਿਆ ਅਤੇ ਵਧੀਆ ਪ੍ਰਦਰਸ਼ਨ ਕਰ ਕੇ ਤਮਗੇ ਜਿੱਤੇ।ਇਨ੍ਹਾਂ ਵਿੱਚ ਧਰੇਨ ਗੁਪਤਾ ਨੇ ਤਿੰਨ ਗੋਲਡ ਮੈਡਲ, ਉਰਵੰਸ਼ ਬਾਂਸਲ ਨੇ ਤਿੰਨ ਗੋਲਡ ਮੈਡਲ, ਹਨਿਸ਼ ਬਾਂਸਲ ਨੇ ਦੋ ਗੋਲਡ ਮੈਡਲ, ਮਹਿਤਾਬ ਸਿੰਘ ਨੇ ਇੱਕ ਗੋਲਡ ਤੇ ਇੱਕ ਸਿਲਵਰ ਮੈਡਲ, ਦਾਨਿਸ਼ ਬਾਂਸਲ ਨੇ ਇੱਕ ਸਿਲਵਰ ਤੇ ਇੱਕ ਬਰਾਊਂਜ ਮੈਡਲ, ਰੂਹੀ, ਹੰਸ਼ਿਕਾ ਤੇ ਅਰੁਣਦੀਪ ਸਿੰਘ ਨੇ ਇੱਕ-ਇੱਕ ਬਰਾਊਂਜ ਮੈਡਲ ਪ੍ਰਾਪਤ ਕੀਤੇ।ਇਹ ਸਕੂਲ ਲਈ ਬਹੁਤ ਮਾਣ ਵਾਲੀ ਗੱਲ ਹੈ।ਇਸ ਮੌਕੇ ਸਕੂਲ ਪ੍ਰਧਾਨ ਗਗਨ ਬਾਂਸਲ, ਜਨਰਲ ਸਕੱਤਰ ਨਮਿਤਾ ਬਾਂਸਲ, ਪ੍ਰਿੰਸੀਪਲ ਗੀਤਾ ਪਿੱਲੇ ਨੇ ਜੇਤੂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਤੇ ਸਮੂਹ ਸਟਾਫ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਉਨ੍ਹਾਂ ਨੂੰ ਇਸ ਪ੍ਰਕਾਰ ਦੀਆਂ ਪ੍ਰਤੀਯੋਗਤਾਵਾਂ ਵਿੱਚ ਭਾਗ ਲੈਣ ਲਈ ਹਮੇਸ਼ਾ ਪ੍ਰੇਰਿਤ ਕੀਤਾ ਜਾਵੇਗਾ।

## ਨਸ਼ਾ ਸਮੱਗਲਰਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ : ਐੱਸ ਐੱਚ ਓ ਧਾਲੀਵਾਲ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਸਮਾਜ ਵਿਰੋਧੀ ਅਨਸਰਾਂ ਤੇ ਸ਼ਿਕੰਜਾ ਕੱਸਦਿਆਂ ਥਾਣਾ ਨਿਹਾਲ ਸਿੰਘ ਵਾਲਾ ਦੇ ਮੁਖੀ ਪੂਰਨ ਸਿੰਘ ਧਾਲੀਵਾਲ ਦੀ ਅਗਵਾਈ ਵਿੱਚ ਸ਼ਹਿਰ ਤੇ ਪਿੰਡਾਂ ਅੰਦਰ ਗਸ਼ਤ ਤੇਜ਼ ਕਰਦਿਆਂ ਸਮਾਜ ਵਿਰੋਧੀ ਅਨਸਰਾਂ ਨਾਲ ਨਜਿੱਠਣ ਦਾ ਫੈਸਲਾ ਕੀਤਾ ਹੈ। ਐਸ ਐਚ ਓ ਪੂਰਨ ਸਿੰਘ ਧਾਲੀਵਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਨਸ਼ਾ ਸਮੱਗਲਰਾਂ, ਸਮਾਜ ਵਿਰੋਧੀ ਅਨਸਰਾਂ ਨੂੰ ਕਿਸੇ ਵੀ ਹਾਲਤ ਅਤੇ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀ ਜਾਵੇਗਾ ਤੇ ਕਿਸੇ ਵੀ ਨੂੰ ਕਾਨੂੰਨ ਆਪਣੇ ਹੱਥਾਂ ਵਿੱਚ ਨਹੀਂ ਲੈਣ ਦਿੱਤਾ ਜਾਵੇਗਾ। ਕਿਸੇ ਵੀ ਕਿਸਮ ਦਾ ਨਸ਼ਾ ਵੇਚਣ ਵਾਲੇ ਵਿਅਕਤੀ ਜਾਂ ਗੁੰਡਾ ਅਨਸਰਾਂ ਨੂੰ ਨੱਥ ਪਾਉਣ ਲਈ ਜਨਤਾ ਦੇ ਵਡਮੁੱਲੇ ਸਹਿਯੋਗ ਦੀ ਜ਼ਰੂਰਤ ਹੈ। ਇਸ ਲਈ ਕੋਈ ਵੀ ਵਿਅਕਤੀ ਬਿਨਾਂ ਕਿਸੇ ਭੈਅ ਅਤੇ ਡਰ ਦੇ ਅਜਿਹੇ ਅਨਸਰਾਂ ਪ੍ਰਤੀ ਤੁਰੰਤ ਪੁਲਸ ਨੂੰ ਸੂਚਿਤ ਕਰਨ ਅਤੇ ਉਸ ਤੋਂ ਇਲਾਵਾ ਉਹਨਾਂ ਨੇ ਵਾਹਨ ਚਾਲਕਾਂ ਨੂੰ ਸਖਤ ਨਿਰਦੇਸ਼ ਦਿੰਦਿਆਂ ਕਿਹਾ ਕੇ ਆਪਣੇ ਵਾਹਨਾਂ ਦੇ ਕਾਗਜ਼ ਜਲਦੀ ਕੰਪਲੀਟ ਕਰ ਲੈਣ ਤਾਂ ਅਗਲੀ ਵਾਰ ਕਿਸੇ ਵੀ ਹਾਲਤ 'ਚ ਬਖਸ਼ਿਆ ਨਹੀਂ ਜਾਵੇਗਾ।

## ਬਦਲੀਆਂ ਦਾ ਪੋਰਟਲ ਜਾਮ, ਅਧਿਆਪਕ ਪ੍ਰੇਸ਼ਾਨ

### ਬਦਲੀਆਂ ਲਈ ਅਧਿਆਪਕਾਂ ਨੂੰ ਸਟੇਸ਼ਨ ਚੋਣ ਦਾ ਦਿੱਤਾ ਜਾਵੇ ਸਮਾਂ : ਡੀ ਟੀ ਐੱਫ



**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ ਸਰਕਾਰ ਵੱਲੋਂ ਸਿੱਖਿਆ ਵਿਭਾਗ ਵਿੱਚ ਆਮ ਬਦਲੀਆਂ ਦਾ ਸਿਲਸਿਲਾ ਜੂਨ ਮਹੀਨੇ ਤੋਂ ਹੀ ਸ਼ੁਰੂ ਕੀਤਾ ਗਿਆ ਸੀ। ਪ੍ਰੰਤੂ ਸਾਰਾ ਜੁਲਾਈ ਮਹੀਨਾ ਲੰਘਣ ਦੇ ਬਾਵਜੂਦ ਇਹ ਕੰਮ ਮੁਕੰਮਲ ਨਹੀਂ ਹੋ ਸਕਿਆ। ਲੋੜਵੰਦ ਅਧਿਆਪਕਾਂ ਦੀ ਲੰਮੀ ਉਡੀਕ ਤੋਂ ਬਾਅਦ ਜੇਕਰ ਜ਼ਿਲ੍ਹੇ ਅੰਦਰ ਬਦਲੀਆਂ ਦਾ ਪੋਰਟਲ ਖੋਲ੍ਹਿਆ ਗਿਆ ਹੈ ਤਾਂ ਸੰਬੰਧਤ ਸਾਈਟ ਜਾਮ ਹੋ ਗਈ। ਪ੍ਰਤੀਨਿਧ ਅਧਿਆਪਕ ਜਥੇਬੰਦੀ ਡੈਮੋਕ੍ਰੇਟਿਕ ਫਰੰਟ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਕਰਮਜੀਤ ਤਾਮਕੋਟ ਅਤੇ ਹਰਜਿੰਦਰ ਅਨੂਪਗੜ੍ਹ ਨੇ ਸਿੱਖਿਆ ਵਿਭਾਗ ਦੇ ਅਫਸਰਾਂ ਦੀ ਅਣਗਹਿਲੀ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਸਟੇਸ਼ਨ ਚੋਣ ਕਰਨ ਸਮੇਂ ਸਾਈਟ ਜਾਮ ਹੋ ਗਈ। ਜਿਸ ਕਾਰਨ ਸਾਰਾ ਸਿਸਟਮ ਗੜਬੜਾ ਗਿਆ। ਉਨ੍ਹਾਂ ਕਿਹਾ ਕਿ ਬਹੁਤ ਸਾਰੇ ਖਾਲੀ ਸਟੇਸਨਾਂ ਦੀ ਚੋਣ ਕਰਨ ਸਮੇਂ ਡਾਟਾ ਉਪਲਬਧ ਨਹੀਂ ਹੋ ਰਿਹਾ। ਡੀ ਟੀ ਐਫ਼ ਦੇ ਸੀਨੀਅਰ ਆਗੂਆਂ ਗੁਰਤੇਜ ਉਭਾ, ਰਾਜਵਿੰਦਰ ਸਿੰਘ ਬੈਹਣੀਵਾਲ, ਗੁਰਬਚਨ ਹੀਰੇਵਾਲਾ, ਗੁਰਪ੍ਰੀਤ ਭੀਖੀ ਨੇ ਦੱਸਿਆ ਕਿ ਵੱਡੀ ਗਿਣਤੀ ਵਿੱਚ ਔਰਤ ਅਧਿਆਪਕਾਂ, ਕੁਆਰੀਆਂ ਕੁੜੀਆਂ ਅਤੇ ਗੰਭੀਰ ਬਿਮਾਰੀਆਂ ਤੋਂ ਪੀੜਤ ਅਧਿਆਪਕ ਆਪਣੇ ਪਿੱਤਰੀ ਜ਼ਿਲ੍ਹਿਆਂ ਤੋਂ ਦੂਰ ਦੁਰਾਡੇ ਦੇ ਸਟੇਸ਼ਨਾਂ 'ਤੇ ਬੈਠੇ ਨਿੱਤ ਦਿਨ ਬਦਲੀ ਦਾ ਪੋਰਟਲ ਖੁੱਲ੍ਹਣ ਦਾ ਬੇਸਬਰੀ ਨਾਲ ਇੰਤਜ਼ਾਰ ਕਰ ਰਹੇ ਹਨ। ਪ੍ਰੰਤੂ ਸਿੱਖਿਆ ਵਿਭਾਗ ਦੀ ਸਾਈਟ ਅਪਡੇਟ ਨਾ ਹੋਣ ਕਾਰਨ ਬਹੁਤ ਸਾਰੇ ਅਧਿਆਪਕ ਰਾਤ ਭਰ ਜਾਗਣ ਦੇ ਬਾਵਜੂਦ ਬਦਲੀ ਲਈ ਅਪਲਾਈ ਨਹੀਂ ਕਰ ਸਕੇ। ਜਥੇਬੰਦੀ ਦੇ ਆਗੂਆਂ ਨਿਧਾਨ ਸਿੰਘ, ਸ਼ਿੰਗਾਰਾ ਸਿੰਘ, ਤਰਸੇਮ ਬੋੜਾਵਾਲ, ਹਰਫੂਲ ਸਿੰਘ, ਰਾਜਿੰਦਰ ਸਿੰਘ ਨੇ ਡਾਇਰੈਕਟਰ ਸੈਕੰਡਰੀ ਸਿੱਖਿਆ ਤੋਂ ਮੰਗ ਕੀਤੀ ਕਿ ਅਧਿਆਪਕਾਂ ਨੂੰ ਸਟੇਸ਼ਨ ਚੋਣ ਲਈ ਬਣਦਾ ਸਮਾਂ ਦਿੱਤਾ ਜਾਵੇ। ਬਦਲੀਆਂ ਪਾਰਦਰਸ਼ੀ ਢੰਗ ਨਾਲ ਕੀਤੀਆਂ ਜਾਣ। ਦੂਰ ਦੁਰਾਡੇ ਸਟੇਸ਼ਨਾਂ 'ਤੇ ਬੈਠੇ ਲੋੜਵੰਦ ਅਧਿਆਪਕਾਂ ਨੂੰ ਪਹਿਲ ਦੇ ਬਦਲੀ ਦਾ ਮੌਕਾ ਦਿੱਤਾ ਜਾਵੇ। ਆਪਸੀ ਬਦਲੀ ਤੇ ਕਿਸੇ ਕਿਸਮ ਦੀ ਵਿਭਾਗੀ ਸ਼ਰਤ ਨਾ ਲਗਾਈ ਜਾਵੇ।

## ਸੱਤਿਆਪਾਲ ਮਲਿਕ ਦੇ ਅਕਾਲ ਚਲਾਣੇ 'ਤੇ ਮਾਨ ਵੱਲੋਂ ਗਹਿਰੇ ਦੁੱਖ ਦਾ ਪ੍ਰਗਟਾਵਾ

**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸੱਤਿਆਪਾਲ ਮਲਿਕ ਜੋ ਕਿ ਮੌਜੂਦਾ ਹੁਕਮਰਾਨ ਪਾਰਟੀ ਬੀ ਜੇ ਪੀ ਨਾਲ ਸੰਬੰਧਤ ਸਨ, ਉਹ ਆਪਣੀ ਹਰਮਨਪਿਆਰੀ ਇਮਾਨਦਾਰ ਅਤੇ ਦ੍ਰਿੜ੍ਹ ਸ਼ਖ਼ਸੀਅਤ ਦੀ ਬਦੌਲਤ 5 ਸਟੇਟਾਂ ਬਿਹਾਰ, ਓਡੀਸ਼ਾ, ਜੰਮੂ-ਕਸ਼ਮੀਰ, ਗੋਆ ਅਤੇ ਮੇਘਾਲਿਆ ਸੂਬਿਆਂ ਦੇ ਬਤੌਰ ਗਵਰਨਰ ਦੀ ਸੇਵਾ ਨਿਭਾਈ, ਨੇ ਆਪਣੇ ਕਾਰਜਕਾਲ ਦੌਰਾਨ ਕਦੀ ਵੀ ਅਜਿਹਾ ਕੋਈ ਗੈਰ ਕਾਨੂੰਨੀ, ਗੈਰ ਇਖਲਾਕੀ ਅਤੇ ਗੈਰ ਸਮਾਜਿਕ ਅਮਲ ਨਹੀਂ ਹੋਣ ਦਿੱਤਾ। ਉਹ ਆਪਣੀ ਜ਼ਿੰਮੇਵਾਰੀ ਨੂੰ ਨਿਰਪੱਖਤਾ ਨਾਲ ਲੋਕਾਂ ਦੇ ਹੱਕ ਵਿਚ ਦ੍ਰਿੜ੍ਹਤਾ ਨਾਲ ਫੈਸਲੇ ਲੈਂਦੇ ਹੋਏ ਨਿਭਾਉਂਦੇ ਰਹੇ। ਉਨ੍ਹਾਂ ਦੇ ਇਸ ਅਕਾਲ ਚਲਾਣੇ 'ਤੇ ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਅਤੇ ਪਾਰਟੀ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਮਲਿਕ ਪਰਵਾਰ ਅਤੇ ਉਨ੍ਹਾਂ ਦੇ ਸੰਬੰਧੀਆਂ ਨਾਲ ਡੂੰਘੀ ਹਮਦਰਦੀ ਪ੍ਰਗਟ ਕਰਦੇ ਹੋਏ ਜਿਥੇ ਉਨ੍ਹਾਂ ਦੀ ਆਤਮਾ ਦੀ ਸ਼ਾਂਤੀ ਲਈ ਅਰਦਾਸ ਕੀਤੀ, ਉਥੇ ਸਭਨਾਂ ਨੂੰ ਭਾਣੇ ਵਿਚ ਵਿਚਰਨ ਦੀ ਸ਼ਕਤੀ ਬਖਸ਼ਿਸ਼ ਕਰਨ ਦੀ ਅਰਜੋਈ ਵੀ ਕੀਤੀ। ਜਦੋਂ ਸਮੁੱਚੇ ਇੰਡੀਆ ਵਿਚ ਕਿਸਾਨੀ ਮੰਗਾਂ ਦੇ ਹੱਕ ਵਿਚ ਅੰਦੋਲਨ ਚੱਲ ਰਿਹਾ ਸੀ, ਤਾਂ ਉਨ੍ਹਾਂ ਨੇ ਪੂਰੀ ਸ਼ਿੱਦਤ ਤੇ ਦ੍ਰਿੜ੍ਹਤਾ ਨਾਲ ਮੋਦੀ ਸਰਕਾਰ ਨੂੰ ਇਨ੍ਹਾਂ ਦੀਆਂ ਮੰਗਾਂ ਨੂੰ ਪ੍ਰਵਾਨ ਕਰਨ ਲਈ ਕੇਵਲ ਆਵਾਜ਼ ਹੀ ਨਹੀਂ ਉਠਾਈ ਬਲਕਿ ਉਨ੍ਹਾਂ ਦੇ ਅੰਦੋਲਨਾਂ ਵਿਚ ਪੂਰੀ ਪਹੁੰਚ ਕਰਕੇ ਸਮਰਥਨ ਵੀ ਕਰਦੇ ਰਹੇ। ਅਜਿਹੀ ਆਤਮਾ ਦੀ ਹਰ ਮੁਲਕ, ਹਰ ਸੂਬੇ, ਪਿੰਡ ਤੇ ਸ਼ਹਿਰ ਨਿਵਾਸੀਆਂ ਨੂੰ ਹਮੇਸ਼ਾ ਸਖਤ ਲੋੜ ਹੁੰਦੀ ਹੈ । ਉਨ੍ਹਾਂ ਦੇ ਚਲੇ ਜਾਣ ਨਾਲ ਇਕ ਅਸਹਿ ਤੇ ਅਕਹਿ ਕਦੀ ਵੀ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਅਸੀਂ ਸਮੂਹਿਕ ਤੌਰ 'ਤੇ ਉਨ੍ਹਾਂ ਦੀ ਆਤਮਾ ਦੀ ਸ਼ਾਂਤੀ ਲਈ ਅਰਦਾਸ ਕਰਦੇ ਹਾਂ ।

## ਦੀ ਕਲਾਸ ਫ਼ੋਰ ਗੌਰਮਿੰਟ ਇੰਪਲਾਈਜ਼ ਯੂਨੀਅਨ ਦੀ ਮੀਟਿੰਗ



**ਲੁਧਿਆਣਾ (ਰੈਕਟਰ ਕਥੂਰੀਆ)**-ਦੀ ਕਲਾਸ ਫ਼ੋਰ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ 1680 ਸੈਕਟਰ 22 ਬੀ ਚੰਡੀਗੜ੍ਹ ਦੇ ਜ਼ਿਲ੍ਹਾ ਲੁਧਿਆਣਾ ਦੀ ਮੀਟਿੰਗ ਯੂਨੀਅਨ ਪ੍ਰਧਾਨ ਵਿਨੋਦ ਕੁਮਾਰ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਵੱਖ ਵੱਖ ਵਿਭਾਗਾਂ ਤੋਂ ਮੁਲਾਜ਼ਮ ਆਗੂ ਸ਼ਾਮਲ ਹੋਏ। ਮੀਟਿੰਗ ਦੀ ਕਾਰਵਾਈ ਸ਼ੁਰੂ ਕਰਦਿਆਂ ਯੂਨੀਅਨ ਆਗੂਆਂ ਨੇ ਕਿਹਾ ਕਿ ਪੀ ਡਬਲਿਊ ਡੀ ਵਿਭਾਗ ਵਿੱਚ ਬੇਲਦਾਰਾਂ ਨਾਲ ਜੇਈ ਵੱਲੋਂ ਬਹੁਤ ਮਾੜਾ ਸਲੂਕ ਤੇ ਬੋਲ ਕੇ ਗੱਲਤ ਟਿੱਪਣੀ ਕੀਤੀ ਹੈ, ਉਸ ਦੀ ਯੂਨੀਅਨ ਆਗੂਆਂ ਵੱਲੋਂ ਨਿੰਦਾ ਕੀਤੀ ਗਈ, ਜੇਕਰ ਅੱਗੇ ਤੋਂ ਅਜਿਹਾ ਕੀਤਾ ਜਾਂਦਾ ਹੈ ਤਾਂ ਯੂਨੀਅਨ ਵੱਲੋਂ ਜ਼ਿਲ੍ਹਾ ਪੱਧਰ 'ਤੇ ਸੰਘਰਸ਼ ਉਲੀਕਿਆ ਜਾਵੇਗਾ।ਯੂਨੀਅਨ ਦੇ ਜਨਰਲ ਸਕੱਤਰ ਸੁਰਿੰਦਰ ਸਿੰਘ ਬੈਂਸ ਨੇ ਕਿਹਾ ਕਿ 14, 15, ਅਗਸਤ ਨੂੰ ਭੁੱਖ ਹੜਤਾਲ ਕਰਕੇ ਝੰਡਾ ਲਹਿਰਾਉਣ ਆਉਣ ਵਾਲੇ ਮੰਤਰੀ ਨੂੰ ਮੰਗ ਪੱਤਰ ਸੌਂਪਿਆ ਜਾਵੇਗਾ ਤੇ 10 ਅਗਸਤ ਦੀ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22 ਬੀ ਚੰਡੀਗੜ੍ਹ ਸ਼ਾਖਾ ਜ਼ਿਲ੍ਹਾ ਲੁਧਿਆਣਾ ਦੀ ਮੀਟਿੰਗ ਵਿੱਚ ਵੱਡੀ ਪੱਧਰ 'ਤੇ ਕਲਾਸ ਫ਼ੋਰ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ ਜ਼ਿਲ੍ਹਾ ਲੁਧਿਆਣਾ ਦੇ ਸਾਥੀ ਸ਼ਾਮਲ ਹੋਣਗੇ। ਮੀਟਿੰਗ ਵਿੱਚ ਬਲਾਕ ਪ੍ਰਧਾਨ ਜ਼ੋਰਾ ਸਿੰਘ ਮਨਸੂਰਾਂ, ਜੀਤ ਸਿੰਘ, ਅਸ਼ੋਕ ਕੁਮਾਰ ਮੱਟੂ, ਪਰਮਜੀਤ ਸਿੰਘ, ਰਣਜੀਤ ਸਿੰਘ ਮੁਲਾਂਪੁਰ, ਮੇਟ ਆਤਮਾ ਸਿੰਘ, ਕੇਵਲ ਸਿੰਘ, ਜਸਵਿੰਦਰ ਸਿੰਘ, ਬਿਅੰਤ ਸਿੰਘ, ਗੁਰਪ੍ਰੀਤ ਸਿੰਘ, ਪਿਆਰਾ ਸਿੰਘ, ਹਰਦੀਪ ਸਿੰਘ, ਬਲਵੀਰ ਸਿੰਘ, ਰੇਸ਼ਮ ਸਿੰਘ, ਹਰਕੇਸ਼ ਸਿੰਘ, ਹਰਪ੍ਰੀਤ ਸਿੰਘ, ਰੋਸ਼ਨ ਲਾਲ ਆਦਿ ਹਾਜ਼ਰ ਸਨ।

## ਸਵਾਮੀ ਰੂਪ ਚੰਦ ਜੈਨ ਸਕੂਲ 'ਚ ਮਾਨਸਿਕ ਸਿਹਤ 'ਤੇ ਸੈਮੀਨਾਰ



**ਜਗਰਾਓਂ (ਅਮਿਤ ਖੰਨਾ)**-ਸਵਾਮੀ ਰੂਪ ਚੰਦ ਜੈਨ ਸੀਨੀਅਰ ਸੈਕੰਡਰੀ ਸਕੂਲ ਜਗਰਾਓਂ ਦੀ ਵਿੱਦਿਆ ਸੰਸਥਾ ਵੱਲੋਂ 5 ਜੁਲਾਈ ਨੂੰ ਇੱਕ ਵਿਸ਼ੇਸ਼ ਸੈਮੀਨਾਰ ਕੀਤਾ ਗਿਆ ਜੋ ਕਿ ਡਾ. ਤਿਰਲੋਚਨ ਸਿੰਘ ਟੋਚ (ਬਿਹੇਬੀਅਰਲ ਹੈਲਥ ਐਕਸਪਰਟ ਐਂਡ ਸਾਇਕੋਥੈਰਾਪਿਸਚ) ਮਾਇੰਡਫੁਲ ਮਾਸਟਰ ਦੁਆਰਾ ਲਗਾਇਆ ਗਿਆ। ਵਿਸ਼ੇਸ਼ ਸੈਮੀਨਾਰ ਲਗਾਉਣ 'ਤੇ ਸਕੂਲ ਵੱਲੋਂ ਉਨ੍ਹਾ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਵਿੱਚ ਉਨ੍ਹਾ ਆਪਣੇ ਵਿਚਾਰ ਸਾਂਝੇ ਕੀਤੇ, ਜਿਸ ਦਾ ਮੁੱਖ ਉਦੇਸ਼ ਮਾਨਸਿਕ ਤੰਦਰੁਸਤੀ ਹੈ। ਪ੍ਰਿੰਸੀਪਲ ਰਾਜਪਾਲ ਕੌਰ ਨੇ ਸੈਮੀਨਾਰ ਦੀ ਸ਼ੁਰੂਆਤ ਕਰਦੇ ਹੋਏ ਕਿਹਾ ਕਿ ਅੱਜ ਦੇ ਯੁੱਗ ਵਿੱਚ ਵਿਦਿਆਰਥੀਆਂ ਨੂੰ ਜਿੱਥੇ ਅਕਾਦਮਿਕ ਦਬਾਅ ਤੇ ਸਮਾਜਿਕ ਉਮੀਦਾਂ ਨਾਲ ਜੋੜ ਕੇ ਲੋੜ ਤੋਂ ਵੱਧ ਸਾਹਮਣਾ ਕਰਨਾ ਪੈਂਦਾ ਹੈ, ਉੱਥੇ ਉਨ੍ਹਾਂ ਦੀ ਮਾਨਸਿਕ ਸਿਹਤ ਦੀ ਸੰਭਾਲ ਕਰਨਾ ਬਹੁਤ ਵੱਡੀ ਜ਼ਰੂਰਤ ਹੈ। ਡਾਕਟਰ ਤਰਲੋਚਨ ਸਿੰਘ ਨੇ ਸੈਮੀਨਾਰ ਦੀ ਸ਼ੁਰੂਆਤ ਕਰਦਿਆਂ ਵਿਦਿਆਰਥੀਆਂ ਨੂੰ ਦੱਸਿਆ ਕਿ ਕਿਸ ਤਰ੍ਹਾਂ ਤਣਾਅ ਨਕਾਰਾਤਮਕਤਾ ਡਿਪਰੈਸ਼ਨ ਤੇ ਆਤਮ ਸੰਦੇਹ ਜੀਵਨ 'ਚ ਹਨ ਅਤੇ ਕਿਸ ਤਰ੍ਹਾਂ ਉਨ੍ਹਾਂ ਤੋਂ ਬਚਿਆ ਜਾ ਸਕਦਾ ਹੈ। ਸਕੂਲ ਪ੍ਰਿੰਸੀਪਲ ਰਾਜਪਾਲ ਕੌਰ ਤੇ ਸਮੂਹ ਮੈਨੇਜਮੈਂਟ ਨੇ ਡਾਕਟਰ ਤਰਲੋਚਨ ਸਿੰਘ ਟੋਚ ਦਾ ਤਹਿ ਦਿਲੋਂ ਧੰਨਵਾਦ ਕੀਤਾ। ਸਕੂਲ ਵਿਦਿਆਰਥੀਆਂ ਦੀ ਨਿਰੰਤਰ ਅਕਾਦਮਿਕ ਨੈਤਿਕ ਤੇ ਭਾਵਨਾਤਮਕ ਉੱਨਤੀ ਨੂੰ ਯਕੀਨੀ ਬਣਾਉਂਦਾ ਹੈ।

## ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਮਹਿਲ ਕਲਾਂ ਦੀ ਅਹਿਮ ਇਕੱਤਰਤਾ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਮਹਿਲ ਕਲਾਂ ਦੀ ਅਹਿਮ ਮੀਟਿੰਗ ਬਲਾਕ ਪ੍ਰਧਾਨ ਡਾ. ਦਲਬਾਰ ਸਿੰਘ ਮਹਿਲ ਕਲਾਂ ਦੀ ਅਗਵਾਈ ਹੇਠ ਹੋਈ।ਮੀਟਿੰਗ ਦੀ ਸ਼ੁਰੂਆਤ ਤੋਂ ਪਹਿਲਾ ਸ਼ਹੀਦ ਊਧਮ ਸਿੰਘ ਸੁਨਾਮ ਨੂੰ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ। ਜ਼ਿਲ੍ਹਾ ਸਕੱਤਰ ਡਾ. ਅਮਰਜੀਤ ਸਿੰਘ ਕਾਲਸਾਂ, ਜ਼ਿਲ੍ਹਾ ਜੁਆਇੰਟ ਕੈਸ਼ੀਅਰ ਡਾ. ਗੁਰਮੀਤ ਸਿੰਘ ਦੀਵਾਨਾ, ਸਾਥੀ ਨਰੈਣ ਦੱਤ, ਡਾ. ਰਾਜਿੰਦਰ ਸਿੰਘ ਨੇ ਸ਼ਿਰਕਤ ਕੀਤੀ।ਗ਼ਦਰੀ ਗੁਲਾਬ ਕੌਰ ਸ਼ਤਾਬਦੀ ਨੂੰ ਸਮਰਪਤ ਸ਼ਹੀਦ ਕਿਰਨਜੀਤ ਕੌਰ ਦੀ ਬਰਸੀ ਮੌਕੇ 12 ਅਗਸਤ ਨੂੰ ਦਾਣਾ ਮੰਡੀ ਵਿਖੇ ਹੋ ਰਹੇ ਵਿਸ਼ਾਲ ਸਮਾਗਮ ਦੀਆਂ ਤਿਆਰੀਆਂ 'ਤੇ ਵਿਚਾਰ ਚਰਚਾ ਹੋਈ। ਬਲਾਕ ਪ੍ਰਧਾਨ ਡਾ. ਦਲਬਾਰ ਸਿੰਘ ਨੇ ਐਸੋਸੀਏਸ਼ਨ ਵੱਲੋਂ ਪਿਛਲੇ ਸਮੇਂ ਦੌਰਾਨ ਲੜੇ ਗਏ ਸੰਘਰਸ਼ਾਂ ਦੀ ਰਿਪੋਰਟ ਪੇਸ਼ ਕੀਤੀ।ਡਾ. ਅਮਰਜੀਤ ਸਿੰਘ ਕਾਲਸਾਂ ਨੇ ਜ਼ਿਲ੍ਹਾ ਪੱਧਰੀ ਚੋਣਾਂ ਤੇ ਢਾਂਚਾਗਤ ਗਤੀਵਿਧੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ।ਨਵੇਂ ਸਾਥੀਆਂ ਦਾ ਸਵਾਗਤ ਵੀ ਕੀਤਾ ਗਿਆ।ਡਾ. ਨਿਰਭੈ ਸਿੰਘ ਨੇ ਦੱਸਿਆ ਕਿ 12 ਅਗਸਤ ਦੇ ਬਰਸੀ ਸਮਾਗਮ ਸਬੰਧੀ ਪਿੰਡ-ਪਿੰਡ ਚੱਲ ਰਹੀਆਂ ਮੀਟਿੰਗਾਂ ਦੇ ਰਾਹੀਂ ਲੋਕਾਂ ਨੂੰ ਲਾਮਬੰਦ ਕੀਤਾ ਜਾ ਰਿਹਾ ਹੈ ਤੇ ਇਨਸਾਫ ਪਸੰਦ ਲੋਕ ਵੱਡੀ ਗਿਣਤੀ 'ਚ ਸ਼ਾਮਲ ਹੋਣਗੇ।ਡਾ. ਅਮਰਜੀਤ ਸਿੰਘ ਨੇ ਸ਼ਹੀਦ ਊਧਮ ਸਿੰਘ ਦੀ ਜ਼ਿੰਦਗੀ ਤੇ ਬਲਿਦਾਨ 'ਤੇ ਵੀ ਚਾਨਣਾ ਪਾਇਆ।ਇਸ ਮੌਕੇ ਡਾ. ਗੁਰਮੀਤ ਸਿੰਘ ਦੀਵਾਨਾ, ਡਾ. ਮੇਜਰ ਸਿੰਘ ਛਾਪਾ, ਡਾ. ਜਸਵੰਤ ਸਿੰਘ ਛੀਨੀਵਾਲ, ਡਾ. ਬਚਿੱਤਰ ਸਿੰਘ ਰਾਜਗੜ, ਡਾ. ਸੋਮਨਾਥ ਰਾਏਸਰ, ਡਾ. ਹਰੀ ਸਿੰਘ ਮੂੰਮ ਆਦਿ ਹਾਜ਼ਰ ਸਨ।

## ਕ੍ਰਿਕਟ ਦੇ ਜ਼ੋਨ ਪੱਧਰੀ ਮੁਕਾਬਲਿਆਂ 'ਚ ਟੈਗੋਰ ਸਕੂਲ ਦੀ ਝੰਡੀ

### *ਖਿਡਾਰੀਆਂ ਦੀ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਲਈ ਹੋਈ ਚੋਣ*



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਸਕੂਲ ਆਫ ਐਮੀਨੈਂਸ ਲੌਂਗੋਵਾਲ ਵਿਖੇ ਕਰਵਾਏ ਗਏ ਜ਼ੋਨ ਪੱਧਰੀ ਕ੍ਰਿਕਟ ਮੁਕਾਬਲਿਆਂ ਵਿੱਚ ਟੈਗੋਰ ਵਿਦਿਆਲਿਆ ਸੀਨੀਅਰ ਸੈਕੰਡਰੀ ਸਕੂਲ ਲੌਂਗੋਵਾਲ ਦੇ 6 ਖਿਡਾਰੀਆਂ ਨੂੰ ਟਰਾਇਲ ਦੇ ਆਧਾਰ 'ਤੇ ਜ਼ਿਲ੍ਹਾ ਪੱਧਰ ਲਈ ਚੁਣਿਆ ਗਿਆ, ਜਿਸ ਵਿੱਚ ਅੰਡਰ-14 ਲੜਕਿਆਂ ਦੀ ਟੀਮ ਲਈ ਫਤਿਹਦੀਪ ਸਿੰਘ, ਅੰਡਰ-17 ਲੜਕਿਆਂ ਦੀ ਟੀਮ ਲਈ ਮਨਿੰਦਰ ਸਿੰਘ ਸ਼ਾਮਲ ਸਨ। ਅੰਡਰ-17 ਲੜਕੀਆਂ ਦੀ ਟੀਮ ਲਈ ਜਸਕਰਨ ਕੌਰ ਤੇ ਅਮਨਜੋਤ ਕੌਰ ਤੇ ਅੰਡਰ-19 ਲੜਕੀਆਂ ਦੀ ਟੀਮ ਲਈ ਨਵਜੋਤ ਕੌਰ ਤੇ ਜੋਤੀ ਕੌਰ ਸਨ। ਇਸ ਸਮੇਂ ਪ੍ਰਿੰਸੀਪਲ ਮੈਡਮ ਜਸਵਿੰਦਰ ਕੌਰ, ਮੈਨੇਜਮੈਂਟ ਮੈਂਬਰ ਗੋਬਿੰਦ ਸਿੰਘ ਗਿੱਲ, ਕੁਲਦੀਪ ਸਿੰਘ ਮੰਡੇਰ, ਜਤਿੰਦਰ ਰਿਸ਼ੀ ਨੇ ਬੱਚਿਆਂ ਤੇ ਡੀ ਪੀ ਈ ਗੁਰਪ੍ਰੀਤ ਸਿੰਘ, ਮੈਡਮ ਸੁਰਿੰਦਰ ਸ਼ਰਮਾ ਅਤੇ ਪਰਮਿੰਦਰ ਸਿੰਘ ਤੇ ਬੱਚਿਆਂ ਨੂੰ ਵਧਾਈ ਦਿੰਦਿਆਂ ਖੂਬ ਪ੍ਰਸੰਸਾ ਕੀਤੀ।

## ਔਰਤ ਅਧਿਆਪਕ ਆਗੂ ਨੂੰ ਸਕੂਲ 'ਚ ਨਜ਼ਰਬੰਦ ਕਰਨਾ 'ਆਪ' ਸਰਕਾਰ ਦਾ ਸ਼ਰਮਨਾਕ ਕਾਰਾ : ਡੀ ਟੀ ਐੱਫ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਸਰਕਾਰ ਵੱਲੋਂ ਪਿਛਲੇ ਦਿਨੀਂ ਸ਼ਹੀਦ ਕਿਰਨਜੀਤ ਕੌਰ ਪ੍ਰੀ ਪ੍ਰਾਇਮਰੀ ਐਸੋਸੀਏਟ ਅਧਿਆਪਕ ਆਗੂ ਵੀਰਪਾਲ ਕੌਰ ਸਿਧਾਣਾ ਨੂੰ ਸਕੂਲ ਵਿਖੇ ਲਗਪਗ ਛੇ ਘੰਟੇ ਨਜ਼ਰਬੰਦ ਕਰਕੇ ਰੱਖਿਆ ਤੇ ਇਸ ਤੋਂ ਪਹਿਲਾਂ ਉਸ ਦੇ ਘਰ ਅਤੇ ਨਾਨਕੇ ਪਿੰਡ ਜਿੱਥੇ ਉਹ ਕੁਝ ਸਾਲ ਪਹਿਲਾਂ ਰਹਿੰਦੀ ਸੀ, ਰਾਤ ਵੇਲੇ ਛਾਪੇਮਾਰੀ ਕੀਤੀ ਗਈ।ਉਸ ਦੇ ਘਰ ਤੋਂ ਸਕੂਲ ਤੱਕ ਪੁਲਸ ਉਸ ਦੇ ਨਾਲ ਗਈ ਤੇ ਸਕੂਲ ਵਿੱਚ ਪੂਰਾ ਦਿਨ ਆਗੂ 'ਤੇ ਨਿਗਰਾਨੀ ਵਜੋਂ ਮੌਜੂਦ ਰਹੀ। ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ (ਡੀ.ਟੀ.ਐੱਫ.) ਨੇ ਇਸ ਨੂੰ ਲਗਾਤਾਰ ਪੁਲਸ ਸਟੇਟ ਬਣਾਉਣ ਵੱਲ ਵਧਦੇ ਕਦਮਾਂ ਦਾ ਪ੍ਰਛਾਵਾਂ ਸਕੂਲਾਂ ਦੇ ਵਿੱਦਿਅਕ ਮਾਹੌਲ ਤੇ ਬਾਲ ਮਾਨਸਿਕਤਾ 'ਤੇ ਪਾਉਣ ਵਾਲਾ ਪੰਜਾਬ ਸਰਕਾਰ ਦਾ ਹੁਣ ਤੱਕ ਦਾ ਸਭ ਤੋਂ ਸ਼ਰਮਨਾਕ ਕਾਰਾ ਦੱਸਿਆ ਹੈ।

ਡੀ.ਟੀ.ਐੱਫ. ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ, ਸੂਬਾ ਜਨਰਲ ਸਕੱਤਰ ਮਹਿੰਦਰ ਕੌੜਿਆਂ ਵਾਲੀ, ਵਿੱਤ ਸਕੱਤਰ ਅਸ਼ਵਨੀ ਅਵਸਥੀ ਤੇ ਪ੍ਰੈੱਸ ਸਕੱਤਰ ਪਵਨ ਕੁਮਾਰ ਮੁਕਤਸਰ ਨੇ ਪੰਜਾਬ ਸਰਕਾਰ ਦੀ ਸ਼ਹਿ ਉੱਪਰ ਪੁਲਸ ਪ੍ਰਸ਼ਾਸਨ ਵੱਲੋਂ ਕੀਤੀ ਕਰਵਾਈ ਦੀ ਨਿਖੇਧੀ ਕਰਦਿਆਂ ਕਿਹਾ ਕਿ ਆਪਣੇ ਵਾਅਦੇ ਅਨੁਸਾਰ ਜੇਕਰ ਪੰਜਾਬ ਸਰਕਾਰ ਕੱਚੇ ਅਧਿਆਪਕਾਂ ਨੂੰ ਪੱਕੇ ਕਰ ਦਿੰਦੀ ਤਾਂ ਅੱਜ ਉਨ੍ਹਾਂ ਨੂੰ ਨਜ਼ਰਬੰਦ ਕਰਨ ਦੀ ਨੌਬਤ ਨਹੀਂ ਸੀ ਆਉਣੀ, ਪ੍ਰੰਤੂ ਜਿੱਥੇ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਸਮਾਜ ਦੇ ਬਾਕੀ ਹਿੱਸੇ ਦੀਆਂ ਮੰਗਾਂ ਤੋਂ ਮੁਨਕਰ ਹੋਈ ਹੈ, ਮੁਲਾਜ਼ਮ ਮੰਗਾਂ 'ਤੋਂ ਵੀ ਭੱਜ ਚੁੱਕੀ ਹੈ। ਕੱਚੇ ਅਧਿਆਪਕਾਂ ਨੂੰ ਪੱਕੇ ਕਰਨ ਦੇ ਝੂਠੇ ਪ੍ਰਚਾਰ ਤਹਿਤ ਕਰੋੜਾਂ ਰੁਪਏ ਦੇ ਇਸ਼ਤਿਹਾਰ ਪੂਰੇ ਪੰਜਾਬ ਵਿੱਚ ਲਗਵਾਏ, ਪਰ ਅੱਜ ਤੱਕ ਇੱਕ ਵੀ ਅਧਿਆਪਕ ਪੱਕਾ ਨਹੀਂ ਕੀਤਾ, ਉਲਟਾ ਸੰਘਰਸ਼ ਕਰ ਰਹੇ ਲੋਕਾਂ ਨੂੰ ਡਰਾਉਣ ਧਮਕਾਉਣ ਦੀ ਨੀਤੀ 'ਤੇ ਕੰਮ ਕਰਦੇ ਹੋਏ ਪੰਜਾਬ ਨੂੰ ਪੁਲਸ ਰਾਜ ਵਿੱਚ ਤਬਦੀਲ ਕਰਨ ਵਿੱਚ ਲੱਗੀ ਹੋਈ ਹੈ।ਡੀ ਟੀ ਐੱਫ ਦੇ ਪ੍ਰਮਾਤਮਾ ਸਿੰਘ, ਕੁਲਵਿੰਦਰ ਸਿੰਘ, ਰਵੀ ਕੁਮਾਰ, ਮਨਦੀਪ ਸਿੰਘ, ਜਸਵੰਤ ਸਿੰਘ, ਮਨਿੰਦਰ ਸਿੰਘ, ਕੰਵਲਜੀਤ ਪਾਲ, ਸੁਰਿੰਦਰ ਕੁਮਾਰ, ਸਰਬਜੀਤ ਸਿੰਘ, ਰਣਜੀਤ ਸਿੰਘ, ਕੁਲਵੰਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਇਕ ਪਾਸੇ ਲਗਾਤਾਰ ਪੰਜਾਬ ਵਿੱਚ 'ਸਿੱਖਿਆ ਕ੍ਰਾਂਤੀ' ਦਾ ਢਿੰਡੋਰਾ ਪਿੱਟ ਰਹੀ ਹੈ, ਦੂਸਰੇ ਪਾਸੇ ਸਕੂਲਾਂ ਵਿੱਚ ਪੁਲਸ ਭੇਜ ਕੇ ਅਧਿਆਪਕਾਂ ਨੂੰ ਨਜ਼ਰਬੰਦ ਕੀਤਾ ਜਾ ਰਿਹਾ ਹੈ ਅਤੇ ਬਾਲ ਮਨ੍ਹਾਂ ਉੱਪਰ ਪੁਲਸ ਦੀ ਦਹਿਸ਼ਤ ਪਾਈ ਜਾ ਰਹੀ ਹੈ।ਉਨ੍ਹਾਂ ਚਿਤਾਵਨੀ ਦਿੰਦਿਆਂ ਕਿਹਾ ਕਿ ਸਰਕਾਰ ਅਧਿਆਪਕਾਂ ਉੱਪਰ ਦਹਿਸ਼ਤ ਪਾਉਣ ਦੀ ਥਾਂ ਉਨ੍ਹਾਂ ਨੂੰ ਰੈਗੂਲਰ ਕਰੇ ਤੇ ਬਾਕੀ ਮੁਲਾਜ਼ਮ ਮੰਗਾਂ ਨੂੰ ਹੱਲ ਕਰਨ ਵੱਲ ਵਧੇ ਨਹੀਂ ਤਾਂ ਸੰਘਰਸ਼ ਹੋਰ ਤਿੱਖੇ ਹੋਣਗੇ।

## ਨਸ਼ੀਲੀਆਂ ਗੋਲੀਆਂ ਸਮੇਤ ਕਾਬੂ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਪੁਲਸ ਵੱਲੋਂ ਨਸ਼ੀਲੀਆਂ ਗੋਲੀਆਂ ਸਮੇਤ ਇੱਕ ਵਿਅਕਤੀ ਕਰਨ ਕੁਮਾਰ ਵਾਸੀ ਮਾਛੀਵਾੜਾ ਨੂੰ ਕਾਬੂ ਕੀਤਾ ਗਿਆ ਹੈ। ਐੱਸ.ਐੱਚ.ਓ. ਹਰਵਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਪਾਰਟੀ ਨੂੰ ਗਸ਼ਤ ਦੌਰਾਨ ਰਤੀਪੁਰ ਵੱਲੋਂ ਇੱਕ ਮੋਨਾ ਵਿਅਕਤੀ ਆਉਂਦਾ ਦਿਖਾਈ ਦਿੱਤਾ। ਇਹ ਵਿਅਕਤੀ ਪੁਲਸ ਪਾਰਟੀ ਨੂੰ ਦੇਖ ਕੇ ਮੁੜਨ ਲੱਗਿਆ ਤਾਂ ਉਸ ਨੇ ਆਪਣੀ ਜੇਬ 'ਚੋਂ ਇੱਕ ਮੋਮੀ ਕਾਗਜ਼ ਦੀ ਲਿਫਾਫੀ ਸੜਕ ਕਿਨਾਰੇ ਸੁੱਟ ਦਿੱਤੀ। ਪੁਲਸ ਵੱਲੋਂ ਜਦੋਂ ਉਸ ਨੂੰ ਕਾਬੂ ਕਰ ਨਾਮ, ਪਤਾ ਪੁੱਛਿਆ ਤਾਂ ਇਸ ਦੀ ਪਹਿਚਾਣ ਕਰਨ ਕੁਮਾਰ ਵਜੋਂ ਹੋਈ। ਇਸ ਵਿਅਕਤੀ ਵੱਲੋਂ ਸੁੱਟੀ ਗਈ ਲਿਫਾਫੀ ਵਿੱਚੋਂ 5 ਪੱਤੇ ਟਰਾਮਾਡੋਲ ਦੇ ਬਰਾਮਦ ਹੋਏ। ਪੁਲਸ ਵੱਲੋਂ ਇਸ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

## 11 ਤੇ 20 ਨੂੰ ਕਿਸਾਨ ਜਥੇਬੰਦੀ ਵੱਲੋਂ ਦਿੱਤੇ ਪ੍ਰੋਗਰਾਮ ਸੰਬੰਧੀ ਤਿਆਰੀਆਂ ਮੁਕੰਮਲ : ਮੀਆਂਵਿੰਡ, ਬਿਹਾਰੀਪੁਰ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ੋਨ ਸ੍ਰੀ ਗੁਰੂ ਅੰਗਦ ਦੇਵ ਜੀ ਦੀ ਇੱਕ ਹੰਗਾਮੀ ਮੀਟਿੰਗ ਪਿੰਡ ਵੈਰੋਵਾਲ ਬਾਵਿਆਂ ਗੁਰਦੁਆਰਾ ਬਾਬਾ ਮਾਣਕ ਚੰਦ ਜੀ ਦੇ ਅਸਥਾਨ 'ਤੇ ਜ਼ੋਨ ਪ੍ਰਧਾਨ ਮੁਖਤਾਰ ਸਿੰਘ ਬਿਹਾਰੀਪੁਰ ਅਤੇ ਜ਼ੋਨ ਸਕੱਤਰ ਸਤਨਾਮ ਸਿੰਘ ਖੋਜਕੀਪੁਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਦਿਆਲ ਸਿੰਘ ਮੀਆਂਵਿੰਡ ਵਿਸ਼ੇਸ਼ ਤੌਰ 'ਤੇ ਪਹੁੰਚੇ। ਜ਼ੋਨ ਅਧੀਨ ਆਉਂਦੇ ਵੱਖ ਵੱਖ ਪਿੰਡਾਂ ਤੋਂ ਕਿਸਾਨ ਆਗੂ ਹਾਜ਼ਰ ਹੋਏ।



ਪ੍ਰੈਸ ਸਕੱਤਰ ਹਰਜਿੰਦਰ ਸਿੰਘ ਘੱਗੇ ਨੇ ਦੱਸਿਆ ਕਿ ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਦਿਆਲ ਸਿੰਘ ਮੀਆਂਵਿੰਡ ਨੇ ਕਿਹਾ ਕਿ ਸਰਕਾਰ ਵੱਲੋਂ ਨਵੀਂ ਲੋਕ ਮਾਰੂ ਨੀਤੀ ਲੈਂਡ ਪੂਲਿੰਗ ਕਨੂੰਨ ਅਤੇ ਚਿਪ ਵਾਲੇ ਬਿਜਲੀ ਮੀਟਰਾਂ ਦੇ ਸਬੰਧ ਵਿੱਚ ਲੋਕਾਂ ਨੂੰ ਜਾਗਰੂਕ ਕਰਨ ਲਈ 11 ਤਰੀਕ ਨੂੰ ਜਥੇਬੰਦੀ ਵੱਲੋਂ ਮੋਟਰਸਾਈਕਲ ਰੈਲੀ ਕੱਢੀ ਜਾ ਰਹੀ ਹੈ। ਉਸ ਵਿੱਚ ਵੱਧ ਤੋਂ ਵੱਧ ਮੋਟਰਸਾਈਕਲਾਂ ਲੈ ਕੇ ਸ਼ਾਮਲ ਹੋਇਆ ਜਾਵੇ।

ਇਸ ਮੌਕੇ ਜੋਨ ਪ੍ਰਧਾਨ ਮੁਖਤਾਰ ਸਿੰਘ ਬਿਹਾਰੀਪੁਰ ਅਤੇ ਜ਼ੋਨ ਸਕੱਤਰ ਸਤਨਾਮ ਸਿੰਘ ਖੋਜਕੀਪੁਰ ਨੇ ਕਿਹਾ ਕਿ 20 ਤਰੀਕ ਨੂੰ ਜ਼ਿਲ੍ਹਾ ਜਲੰਧਰ ਦੇ ਕੁੱਕੜ ਪਿੰਡ ਵਿਖੇ ਕਿਸਾਨ ਮਜ਼ਦੂਰ ਮੋਰਚੇ ਵੱਲੋਂ ਕੀਤੀ ਜਾ ਰਹੀ ਸੂਬਾ ਪੱਧਰੀ ਰੈਲੀ ਵਿੱਚ ਜ਼ੋਨ ਸ੍ਰੀ ਗੁਰੂ ਅੰਗਦ ਦੇਵ ਜੀ ਵੱਲੋਂ ਵੱਡੇ ਪੱਧਰ 'ਤੇ ਸ਼ਮੂਲੀਅਤ ਕੀਤੀ ਜਾਵੇਗੀ। ਇਸ ਮੌਕੇ ਮਨਜੀਤ ਸਿੰਘ ਵੈਰੋਵਾਲ ਬਾਵਿਆਂ, ਬਲਜਿੰਦਰ ਸਿੰਘ ਆਲਮਪੁਰ, ਪਰਮਜੀਤ ਸਿੰਘ ਬਾਠ ਦਾਰਾਪੁਰ, ਲਖਬੀਰ ਸਿੰਘ ਦਾਰਾਪੁਰ, ਸੁਖਦੇਵ ਸਿੰਘ ਬਿਹਾਰੀਪੁਰ, ਸੁਖਚੈਨ ਸਿੰਘ ਦਾਰਾਪੁਰ,ਰੂਪ ਸਿੰਘ ਵੈਰੋਵਾਲ,ਰਤਨ ਸਿੰਘ ਗਗੜੇਵਾਲ, ਬਲਜੀਤ ਸਿੰਘ ਘੱਗੇ, ਜਸਵਿੰਦਰ ਸਿੰਘ ਖੋਜਕੀਪੁਰ, ਪ੍ਰਤਾਪ ਸਿੰਘ ਰਾਮਪੁਰ, ਹਰਜੀਤ ਸਿੰਘ ਹੋਠੀਆਂ, ਧਰਮਿੰਦਰ ਸਿੰਘ ਆਲਮਪੁਰ, ਬਿੱਕਰ ਸਿੰਘ ਲਿੱਧੜ, ਦਲਬੀਰ ਸਿੰਘ ਫੌਜੀ ਡਲੇਰਕਾ, ਸੁਖਚੈਨ ਸਿੰਘ ਰਾਮਪੁਰ ਨਰੋਤਮਪੁਰ, ਸਵਰਨ ਸਿੰਘ ਲਿੱਧੜ, ਪਲਵਿੰਦਰ ਸਿੰਘ ਖੋਜਕੀਪੁਰ, ਜਤਿੰਦਰ ਸਿੰਘ ਆਲਮਪੁਰ, ਸ਼ਾਮ ਲਾਲ ਦਾਰਾਪੁਰ, ਨੰਬਰਦਾਰ ਮੁਖਤਾਰ ਸਿੰਘ ਵੈਰੋਵਾਲ ਬਾਵਿਆਂ ਤੋਂ ਇਲਾਵਾ ਵੱਖ ਵੱਖ ਪਿੰਡਾਂ ਤੋਂ ਕਿਸਾਨ ਮਜ਼ਦੂਰ ਹਾਜ਼ਰ ਸਨ।

## ਕਮਿਊਨਿਸਟ ਪਾਰਟੀ ਦੀ 100ਵੀਂ ਵਰ੍ਹੇਗੰਢ ਨੂੰ ਸਮਰਪਤ ਸ਼ਹੀਦਾਂ ਦੀ ਯਾਦ 'ਚ ਸਮਾਗਮ

### * ਧਰਤੀ ਦੀ ਦੌਲਤ 'ਤੇ ਕਾਮਿਆਂ ਦਾ ਪਹਿਲਾ ਹੱਕ : ਕਾਮਰੇਡ ਹਰਭਜਨ

ਤਰਨ ਤਾਰਨ-ਭਾਰਤੀ ਕਮਿਊਨਿਸਟ ਪਾਰਟੀ ਦੇ 25ਵੇਂ ਮਹਾਂ ਸੰਮੇਲਨ ਤੇ 100ਵੀਂ ਵਰ੍ਹੇਗੰਢ ਨੂੰ ਸਮਰਪਤ ਦੇਸ਼ ਭਗਤ ਅਰਜਨ ਸਿੰਘ ਗੜਗੱਜ ਭਵਨ ਵਿਖੇ ਕਮਿਊਨਿਸਟ ਸ਼ਹੀਦਾਂ ਦੀ ਯਾਦ ਵਿੱਚ ਭਾਵਪੂਰਤ ਸਮਾਗਮ ਕਾਮਰੇਡ ਦਵਿੰਦਰ ਸੋਹਲ, ਗੁਰਦਿਆਲ ਸਿੰਘ ਖਡੂਰ ਸਾਹਿਬ ਤੇ ਡੈਣ ਰਾਜਿੰਦਰ ਪਾਲ ਕੌਰ ਦੀ ਪ੍ਰਧਾਨਗੀ ਹੇਠ ਕੀਤਾ ਗਿਆ। ਇਸ ਮੌਕੇ ਉਚੇਚੇ ਤੌਰ 'ਤੇ ਪਹੁੰਚੇ ਬਜ਼ੁਰਗ ਕਮਿਊਨਿਸਟ ਆਗੂ ਕਾਮਰੇਡ ਹਰਭਜਨ ਸਿੰਘ ਨੇ ਕਿਹਾ ਕਿ ਕਮਿਊਨਿਸਟ ਲੀਡਰ ਤੇ ਵਰਕਰ ਹਮੇਸ਼ਾ ਮਜ਼ਦੂਰਾਂ, ਕਿਸਾਨਾਂ ਤੇ ਹੋਰ ਮਿਹਨਤਕਸ਼ ਲੋਕਾਂ ਦੇ ਹੱਕਾਂ ਦੀ ਪ੍ਰਾਪਤੀ ਲਈ ਸੰਘਰਸ਼ਸ਼ੀਲ ਰਹਿੰਦੇ ਹਨ। ਕਮਿਊਨਿਸਟ ਹਮੇਸ਼ਾ ਲੋਕਾਂ ਦੀ ਭਾਈਚਾਰਕ ਸਾਂਝ ਕਾਇਮ ਰੱਖਣ ਦੇ ਹਾਮੀ ਹਨ। ਕਮਿਊਨਿਸਟ ਵਰਕਰਾਂ ਨੇ 1947 ਦੇ ਦੰਗਿਆਂ ਵਿੱਚ ਮਾਸੂਮ ਲੋਕਾਂ ਨੂੰ ਬਚਾਉਂਦਿਆਂ ਆਪਣੀਆਂ ਜਾਨਾਂ ਵਾਰੀਆਂ। ਇਸੇ ਤਰ੍ਹਾਂ ਪੰਜਾਬ ਦੇ ਕਾਲੇ ਦੌਰ ਦੌਰਾਨ ਬਹੁਤ ਸਾਰੇ ਕਮਿਊਨਿਸਟ ਲੀਡਰਾਂ ਤੇ ਵਰਕਰਾਂ ਨੇ ਹਿੰਦੂ ਸਿੱਖ ਏਕਤਾ ਵਾਸਤੇ ਤੇ ਦਹਿਸ਼ਤਗਰਦੀ ਵਿਰੁੱਧ ਡਟ ਕੇ ਖਲੋਂਦਿਆਂ ਆਪਣੀਆਂ ਜਾਨਾਂ ਵਾਰੀਆਂ। ਅੱਜ ਉਹਨਾਂ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਉਹਨਾਂ ਦੀ ਸ਼ਹਾਦਤ ਨੂੰ ਸਿਰ ਝੁਕਾਉਂਦੇ ਹਾਂ। ਉਹਨਾਂ ਕਿਹਾ ਕਿ ਅਜੀਤ ਰਾਮ ਫਤਿਆਬਾਦ ਤੇ ਉਹਨਾਂ ਦਾ ਪੁੱਤਰ ਬੰਬਲ, ਮੁਖਤਿਆਰ ਸਿੰਘ, ਦਲਜੀਤ ਸਿੰਘ ਨਾਗੋਕੇ, ਤਿਲਕ ਰਾਜ ਭਾਂਬਰ, ਪਿੰਡ ਲੁਹਾਰ ਦੇ ਕਾਮਰੇਡ ਸੂਬੇਦਾਰ ਚੰਚਲ ਸਿੰਘ, ਮਲੂਕ ਸਿੰਘ, ਅਵਤਾਰ ਸਿੰਘ ਤੇ ਕੇਹਰ ਸਿੰਘ, ਢੋਟੀਆਂ ਪਿੰਡ ਦੇ ਦਿਲਬਾਗ ਸਿੰਘ, ਬਿੱਟੂ, ਸੁਖਦੇਵ ਸਿੰਘ ਤੇ ਪਰਗਟ ਸਿੰਘ ਨੰਦਪੁਰ, ਕੰਗਣਾ ਪਿੰਡ ਤੋਂ ਗੁਰਨਾਮ ਸਿੰਘ, ਬੀਬੀ ਸੰਤੋ ਅਲਾਦੀਨਪੁਰ ਦੀ ਸ਼ਹਾਦਤ ਨੂੰ ਸਲਾਮ ਕਰਦੇ ਹਾਂ ਤੇ ਕਮਿਊਨਿਸਟ ਲੀਡਰ ਸਵਰਨ ਸਿੰਘ ਨਾਗੋਕੇ ਜਿਹਨਾਂ ਨੂੰ ਅੱਤਵਾਦੀ ਦੌਰ ਦੇ ਸ਼ੁਰੂਆਤੀ ਦਿਨਾਂ ਵਿੱਚ ਬੁਰੀ ਤਰ੍ਹਾਂ ਵੱਢਿਆ ਤੇ ਦੁਸ਼ਮਣ ਆਪਣੇ ਆਪ ਵਿੱਚ ਖਤਮ ਕਰਕੇ ਗਏ ਸਨ, ਉਹ ਬਚ ਗਏ ਪਰ ਆਪਣੇ ਅੰਗ ਹੋਏ ਸਰੀਰ ਦੇ ਬਾਵਜੂਦ ਹਮੇਸ਼ਾ ਲੋਕਾਂ ਦੇ ਹੱਕਾਂ ਆਖਰੀ ਸਾਹ ਤੱਕ ਡਟਿਆ ਰਿਹਾ ਸੀ, ਅੱਜ ਵੀ ਲੋੜ ਹੈ ਮਜ਼ਦੂਰਾਂ, ਕਿਸਾਨਾਂ ਤੇ ਹੋਰ ਮਿਹਨਤਕਸ਼ ਲੋਕਾਂ ਦੇ ਹੱਕਾਂ ਦੀ ਰਾਖੀ ਲਈ ਅੱਗੇ ਵਧੀਏ, ਕਿਉਂਕਿ ਸਭ ਦੀਆਂ ਆਵਾਜ਼ਾਂ ਧਰਤੀ ਦੀ ਸਾਰੀ ਦੌਲਤ ਅੰਡਾਨੀ ਅੰਬਾਨੀ ਨੂੰ ਲੁਟਾ ਰਹੀਆਂ ਹਨ। ਉਹਨਾਂ ਕਿਹਾ ਕਿ ਭਾਰਤੀ ਕਮਿਊਨਿਸਟ ਪਾਰਟੀ ਦੀ 25ਵੀਂ ਪਾਰਟੀ ਕਾਂਗਰਸ ਨੂੰ ਤਨ ਮਨ ਧਨ ਨਾਲ ਸਫ਼ਲ ਬਣਾਉਣ ਦੀ ਪੂਰੀ ਵਾਹ ਲਾਈਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਮਰੇਡ ਸੁਖਚੈਨ ਸਿੰਘ, ਨਰਿੰਦਰ ਪਾਲੀ, ਤਾਰਾ ਸਿੰਘ ਖਹਿਰਾ, ਬਲਵਿੰਦਰ ਸਿੰਘ ਦਦੇਹਰ, ਗੁਰਪ੍ਰੀਤ ਸਿੰਘ ਗੰਡੀਵਿੰਡ, ਬੂਟਾ ਸਿੰਘ ਢੋਟੀਆਂ, ਦਰਸ਼ਨ ਸਿੰਘ ਬਿਹਾਰੀਪੁਰ, ਚਰਨ ਸਿੰਘ, ਸੀਮਾ ਸੋਹਲ, ਬਲਜੀਤ ਸਿੰਘ ਫਤਿਆਬਾਦ, ਘੁੱਕ ਸਿੰਘ ਵੇਈਂ ਪੂਈਂ, ਬਲਕਾਰ ਸਿੰਘ ਵਲਟੋਹਾ ਨੇ ਵੀ ਸ਼ਰਧਾ ਦੇ ਫੁੱਲ ਭੇਟ ਕੀਤੇ।



## ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਨੇ ਸੂਬਾ ਸਰਕਾਰ ਦਾ ਪੁਤਲਾ ਫੂਕਿਆ

ਪੱਟੀ (ਬਲਦੇਵ ਸਿੰਘ ਸੰਧੂ)- ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਅਤੇ ਪੈਨਸ਼ਨਰ ਦੀਆਂ ਹੱਕੀ ਮੰਗਾਂ ਲਾਗੂ ਨਾ ਕਰਨ ਕਰਕੇ ਅਤੇ ਵਾਰ ਵਾਰ ਮੀਟਿੰਗਾਂ ਦਾ ਸੱਦਾ ਅੱਗੇ ਤੋਂ ਅੱਗੇ ਪਾਏ ਜਾਣ ਕਰਕੇ ਅੱਕੇ ਹੋਏ ਪੈਨਸ਼ਨਰਜ਼ ਅਤੇ ਮੁਲਾਜ਼ਮਾਂ ਨੇ ਭਗਵੰਤ ਮਾਨ ਅਤੇ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਦਾ ਪੁਤਲਾ ਫੂਕਿਆ। ਰੋਹ ਭਰੇ ਨਾਅਰਿਆਂ ਦੀ ਗੂੰਜ ਵਿੱਚ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਪੈਨਸ਼ਨਰ ਅਤੇ ਮੁਲਾਜ਼ਮ ਆਗੂਆਂ ਨੇ ਪੰਜਾਬ ਸਰਕਾਰ ਦੀ ਜ਼ੋਰਦਾਰ ਨਿੰਦਿਆ ਕੀਤੀ ਕਿ ਪੰਜਾਬ ਸਰਕਾਰ ਕੇਂਦਰ ਦੇ ਬਰਾਬਰ ਡੀ ਏ ਨਹੀਂ ਦੇ ਰਹੀ, ਪੇ ਕਮਿਸ਼ਨ ਦਾ ਬਕਾਇਆ ਕਿਸ਼ਤਾਂ ਵਿੱਚ ਵੀ ਅਜੇ ਤੱਕ ਸਭਨਾਂ ਪੈਨਸ਼ਨਰਾਂ ਨੂੰ ਨਹੀਂ ਦਿੱਤਾ ਜਾ ਰਿਹਾ, ਜਨਵਰੀ 2016 ਤੋਂ ਬਾਅਦ ਰਿਟਾਇਰ ਹੋਏ ਪੈਨਸ਼ਨਰ ਨੂੰ ਅਜੇ ਤੱਕ ਇੱਕ ਵੀ ਕਿਸ਼ਤ ਜਾਰੀ ਨਹੀਂ ਕੀਤੀ। ਇਹ ਵਿਚਾਰ ਵੱਖ ਵੱਖ ਵਰਗਾਂ ਦੇ ਬੁਲਾਰਿਆਂ ਨੇ ਰੋਹ ਭਰੇ ਲਹਿਜੇ ਵਿੱਚ ਕਹੇ। ਹਾਈ ਕੋਰਟ ਦੇ ਫੈਸਲੇ ਜੋ ਪੈਨਸ਼ਨਰਾਂ ਦੇ ਹੱਕ ਵਿੱਚ ਹੋ ਚੁੱਕੇ ਹਨ ਜਿਵੇਂ 2.59 ਦਾ ਗੁਣਾਂਕ 119% ਡੀਏ ਵੀ ਅਜੇ ਤੱਕ ਲਾਗੂ ਨਹੀਂ ਹੋਏ। ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ ਹਰਜਿੰਦਰ ਸਿੰਘ ਜੰਡ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਵਤੀਰਾ ਦੇਖਦੇ ਹੋਏ ਸਾਨੂੰ ਏਕਤਾ ਤੇ ਸੰਘਰਸ਼ ਦਾ ਰਾਹ ਅਪਣਾ ਕੇ ਜ਼ੋਰਦਾਰ ਸੰਘਰਸ਼ਾਂ ਦੀ ਤਿਆਰੀ ਕਰਨੀ ਚਾਹੀਦੀ ਹੈ। ਪੈਨਸ਼ਨ ਆਗੂ ਸਤਪਾਲ ਸ਼ਰਮਾ, ਜਗਤਾਰ ਸਿੰਘ ਆਸਲ, ਕਾਰਜ ਸਿੰਘ ਕੈਰੋਂ, ਜੈਮਲ ਸਿੰਘ ਬਾਠ, ਮੋਹਨ ਸਿੰਘ ਚੋਹਲੀ, ਮੰਗਤ ਰਾਮ ਜੋਸ਼ੀ, ਮਲਕੀਤ ਸਿੰਘ, ਹਰਭਜਨ ਸਿੰਘ, ਬਲਵਿੰਦਰ ਸਿੰਘ ਸਰਹਾਲੀ, ਮੰਗਲ ਸਿੰਘ ਨੇ ਵੀ ਆਪਣੇ ਵਿਚਾਰ ਰੱਖੇ। ਮੁਲਾਜ਼ਮ ਆਗੂਆਂ ਵਿੱਚੋਂ ਅੰਮ੍ਰਿਤ ਪਾਲ ਸਿੰਘ ਬਾਕੀਪੁਰ, ਜਸਲੀਨ ਸਿੰਘ ਤੋਂਕਵੰਡ, ਰਵਿੰਦਰ ਕੁਮਾਰ, ਬਲਵਿੰਦਰ ਸਿੰਘ, ਦਿਲਬਾਗ ਸਿੰਘ, ਸਰਵਜੀਤ ਸਿੰਘ, ਜੋਗਾ ਸਿੰਘ, ਜੰਗ ਸਿੰਘ, ਸ਼ਸ਼ਪਾਲ ਸਿੰਘ ਬਾਠ ਨੇ ਪੰਜਾਬ ਸਰਕਾਰ ਦੀ ਮੰਗਾਂ ਨਾ ਮੰਨਣ ਕਾਰਨ ਜ਼ੋਰਦਾਰ ਨਿੰਦਿਆ ਕੀਤੀ। ਜਗਤਾਰ ਸਿੰਘ ਆਸਲ ਨੇ ਸਟੇਜ ਸਕੱਤਰ ਦੀ ਜ਼ਿੰਮੇਵਾਰੀ ਨਿਭਾਈ ਅਤੇ ਆਉਣ ਵਾਲੇ ਸਮੇਂ ਵਿੱਚ ਤਿੱਖੇ ਸੰਘਰਸ਼ਾਂ ਲਈ ਤਿਆਰ ਰਹਿਣ ਦਾ ਸੱਦਾ ਦਿੱਤਾ। ਇਸ ਰੋਹ ਭਰੀ ਮੀਟਿੰਗ ਅਤੇ ਰੈਲੀ ਵਿੱਚ ਬਹੁਤ ਸਾਰੇ ਪੈਨਸ਼ਨਰ ਸ਼ਾਮਲ ਹੋਏ ਜਿਨ੍ਹਾਂ ਵਿੱਚ ਕਸ਼ਮੀਰ ਸਿੰਘ ਭੁਰਜ, ਨਿਰਮਲ ਸਿੰਘ ਭੁਰਜ, ਗੁਰਭੇਜ ਸਿੰਘ, ਚਾਨਣ ਸਿੰਘ, ਦਰਸ਼ਨ ਸਿੰਘ, ਭੁਪਿੰਦਰ ਸ਼ਰਮਾ, ਜਗਦੀਸ਼ ਸਿੰਘ, ਕੁਲਦੀਪ ਸਿੰਘ, ਸੁਖਵਿੰਦਰ ਸਿੰਘ ਆਦਿ ਆਗੂ ਹਾਜ਼ਰ ਸਨ।



## ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਚੱਢਾ ਸ਼ੂਗਰ ਮਿੱਲ ਕੀੜੀ ਅਫਗਾਨਾ ਦੇ ਪ੍ਰਬੰਧਕਾਂ ਨਾਲ ਮੀਟਿੰਗ

ਧਾਰੀਵਾਲ/ਹਰਚੋਵਾਲ (ਮਨਦੀਪ ਸਿੰਘ ਵਿੱਕੀ)- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਦੇ ਆਗੂਆਂ ਨੇ ਕੀੜੀ ਅਫਗਾਨਾ ਚੱਢਾ ਸ਼ੂਗਰ ਮਿੱਲ ਪ੍ਰਬੰਧਕਾਂ ਨਾਲ ਮੀਟਿੰਗ ਕੀਤੀ ਅਤੇ ਮਿੱਲ ਦੇ ਨਵੇਂ ਜੀ ਐਮ ਨੂੰ ਮੰਗ ਪੱਤਰ ਦਿੱਤਾ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਹਰਦੀਪ ਸਿੰਘ ਫੌਜੀ, ਜ਼ਿਲ੍ਹਾ ਪ੍ਰੈੱਸ ਸਕੱਤਰ ਗੁਰਪ੍ਰੀਤ ਨਾਨੋਵਾਲ, ਸੂਬੇਦਾਰ ਰਸ਼ਪਾਲ ਸਿੰਘ ਭਰਥ ਅਤੇ ਹੋਰ ਕਿਸਾਨ ਆਗੂਆਂ ਵਲੋਂ ਗੰਨਾ ਕਾਸ਼ਤਕਾਰ ਕਿਸਾਨਾਂ ਨੂੰ ਸ਼ੂਗਰ ਮਿੱਲ ਵਿੱਚ ਗੰਨਾ ਲਿਆਉਣ ਮੌਕੇ ਆਉਂਦੀਆਂ ਮੁਸ਼ਕਲਾਂ ਨੂੰ ਆਉਣ ਵਾਲੇ ਗੰਨੇ ਦੇ ਸੀਜ਼ਨ ਤੋਂ ਪਹਿਲਾਂ ਦੂਰ ਕਰਨ ਲਈ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਕਿਸਾਨ ਆਗੂਆਂ ਨੇ ਮੰਗ ਕੀਤੀ ਕਿ ਗੰਨਾ ਮਿੱਲ ਵਿੱਚ ਕਿਸਾਨਾਂ ਦੇ ਰਹਿਣ ਬਸੇਰੇ ਦਾ ਵਧੀਆ ਪ੍ਰਬੰਧ ਕੀਤਾ ਜਾਵੇ ਕਿਉਂਕਿ ਸਰਦੀ ਦੀ ਰੁੱਤ ਵਿੱਚ ਕਿਸਾਨਾਂ ਦਾ ਖੁੱਲ੍ਹੇ ਵਿੱਚ ਸੌਣਾ ਬਹੁਤ ਔਖਾ ਹੈ, ਗੰਨਾ ਮਿੱਲ ਦੇ ਜਾੜ ਨੂੰ ਵੱਡਾ ਕੀਤਾ ਜਾਵੇ ਜਿਸ ਨਾਲ ਟਰਾਲੀਆਂ ਨੂੰ ਰੋਡ 'ਤੇ ਨਾ ਖੜ੍ਹਾ ਹੋਣਾ ਪਵੇ ਅਤੇ ਲੋਕਲ ਲੋਕਾਂ ਨੂੰ ਰਸਤੇ ਤੇ ਆਵਾਜਾਈ ਲਈ ਪਰੇਸ਼ਾਨ ਨਾ ਹੋਣਾ ਪਵੇ। ਕਿਸਾਨਾਂ ਵਾਸਤੇ ਪੀਣ ਵਾਲੇ ਪਾਣੀ ਦਾ ਯੋਗ ਪ੍ਰਬੰਧ ਮਿੱਲ ਦੇ ਅੰਦਰ ਕੀਤਾ ਜਾਵੇ।ਗੰਨਾ ਬਾਂਡ ਕਰਦੇ ਸਮੇਂ ਇਕ ਕਿੱਲੇ ਦੀਆਂ 2 ਪਰਚੀਆਂ ਲਾਜ਼ਮੀ ਕੀਤੀਆਂ ਜਾਣ ਅਤੇ ਪਰਚੀਆਂ ਦੀ ਸਪਲਾਈ ਅਜਿਹੇ ਹਿਸਾਬ ਨਾਲ ਹੀ ਦਿੱਤੀ ਜਾਵੇ ਜਿਸ ਨਾਲ ਮਿੱਲ ਵਿੱਚ ਜਾਮ ਦੀ ਸਥਿਤੀ ਨਾ ਬਣੇ।ਗੰਨੇ ਦੀ ਪੇਮੈਂਟ ਐਕਟ ਅਨੁਸਾਰ 14 ਦਿਨ ਵਿੱਚ ਯਕੀਨੀ ਕੀਤੀ ਜਾਵੇ।ਗੰਨਾ ਕਿਸਾਨਾਂ ਨੂੰ ਖਾਦ ਦਵਾਈਆਂ ਦਾ ਪ੍ਰਬੰਧ ਮਿੱਲ ਵਲੋਂ ਕੀਤਾ ਜਾਵੇ।ਮਿੱਲ ਕੈਲੰਡਰ ਪਾਰਦਰਸ਼ੀ ਤਰੀਕੇ ਨਾਲ ਬਣਾ ਕੇ ਮਿੱਲ ਚੱਲਣ ਤੋਂ 15 ਦਿਨ ਪਹਿਲਾ ਜਨਤਕ ਕੀਤਾ ਜਾਵੇ। ਜੇਕਰ ਗੰਨਾ ਲੈ ਕੇ ਆਉਂਦੇ ਸਮੇਂ ਕਿਸਾਨ ਨਾਲ ਕੋਈ ਹਾਦਸਾ ਹੋ ਜਾਂਦਾ ਹੈ, ਤਾਂ ਉਸ ਦਾ ਗੰਨਾ ਮਿੱਲ ਵਿੱਚ ਲੈ ਕੇ ਆਉਣ ਅਤੇ ਨੁਕਸਾਨ ਦੀ ਭਰਪਾਈ ਮਿੱਲ ਵਲੋਂ ਕੀਤੀ ਜਾਵੇ।ਅਣਸੁਖਾਵੀਂ ਘਟਨਾ ਵੇਲੇ ਮਿੱਲ



ਵਿੱਚ ਐਂਬੂਲੈਂਸ ਦਾ ਪ੍ਰਬੰਧ ਕੀਤਾ ਜਾਵੇ।ਮਿੱਲ ਵਿੱਚ ਕਿਸਾਨਾਂ ਦੇ ਕੀਮਤੀ ਸਮਾਨ ਦੀ ਚੋਰੀ ਨੂੰ ਰੋਕਣ ਲਈ ਵਧੀਆ ਸਕਿਓਰਟੀ ਦਾ ਇੰਤਜ਼ਾਮ ਕੀਤਾ ਜਾਵੇ।ਮਿੱਲ ਦੇ ਥੋੜ੍ਹਾ ਪਿੱਛੇ ਪੈਂਦੇ ਚੌਂਕ ਵਿੱਚ ਹੁੰਦੀਆਂ ਲੜਾਈਆਂ ਨੂੰ ਰੋਕਣ ਲਈ ਕੋਈ ਠੋਸ ਪ੍ਰਬੰਧ ਕੀਤਾ ਜਾਵੇ ਅਤੇ ਰਸਤੇ ਦੇ ਨਾਲ ਨਾਲ ਇੰਟਰਲਾਕ ਟਾਈਲ ਲਗਾ ਕੇ ਰਸਤੇ ਨੂੰ ਚੌੜਾ ਕੀਤਾ ਜਾਵੇ। ਕਿਸਾਨ ਆਗੂਆਂ ਨੂੰ ਮਿੱਲ ਦੇ ਨਵੇਂ ਆਏ ਜੀ ਐਮ ਸਤਿੰਦਰ ਸਿੰਘ ਨੇ ਵਿਸ਼ਵਾਸ ਦੁਆਰਾ ਕਿ ਮੰਗਾਂ ਨੂੰ ਜਲਦ ਪੂਰਾ ਕਰਕੇ ਜਥੇਬੰਦੀ ਨਾਲ ਅਗਲੀ ਮੀਟਿੰਗ ਕਰਕੇ ਕੀਤੇ ਕੰਮਾਂ ਬਾਰੇ ਦੱਸਿਆ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ੋਨ ਪ੍ਰਧਾਨ ਨਿਸ਼ਾਨ ਸਿੰਘ, ਗੁਰਮੁੱਖ ਸਿੰਘ ਖਾਨਮਲਕ, ਗੁਰਪ੍ਰੀਤ ਸਿੰਘ ਖ਼ਾਨਪੁਰ, ਸੂਬੇਦਾਰ ਰਸ਼ਪਾਲ ਸਿੰਘ ਭਰਥ, ਰਣਜੀਤ ਸਿੰਘ, ਕੈਪਟਨ ਸ਼ਮਿੰਦਰ ਸਿੰਘ ਸਮੇਤ ਹੋਰ ਵੀ ਕਿਸਾਨ ਆਗੂ ਮੀਟਿੰਗ ਵਿਚ ਸ਼ਾਮਲ ਸਨ।

## ਪੁਲਸ ਵੱਲੋਂ ਦੋ ਤਸਕਰਾਂ ਖਿਲਾਫ ਵੱਖ-ਵੱਖ ਮਾਮਲੇ ਦਰਜ

ਗੁਰਦਾਸਪੁਰ (ਜਨਕ ਮਹਾਜਨ)- ਥਾਣਾ ਬਹਿਰਾਮਪੁਰ ਦੇ ਏ.ਐਸ.ਆਈ. ਪ੍ਰੀਤਮ ਦਾਸ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਬਾਹਮਣੀ ਤੋਂ ਬੀਰਬਲ ਰਿੰਕਾ ਪੁੱਤਰ ਬਚਨ ਲਾਲ ਵਾਸੀ ਝਬਕਰਾ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ ਬਰਾਮਦ ਮੋਮੀ ਲਿਫਾਫੇ ਨੂੰ ਚੈਕ ਕੀਤਾ ਜਿਸ ਵਿਚੋਂ 42 ਨਸ਼ੀਲੀਆ ਗੋਲੀਆਂ ਬਰਾਮਦ ਹੋਈਆਂ। ਇਸੇ ਤਰ੍ਹਾਂ ਥਾਣਾ ਸਦਰ ਗੁਰਦਾਸਪੁਰ ਪੁਲਸ ਦੇ ਏ.ਐਸ.ਆਈ. ਸਤਿੰਦਰਪਾਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਨਾਕਾਬੰਦੀ ਦੌਰਾਨ ਪੁਲ ਮੰਗਲ ਹੁਸੈਨ ਤੋਂ ਤਨਿਸ਼ ਮਸੀਹ ਚੁੱਗ ਪੁੱਤਰ ਡੈਨੀਅਲ ਮਸੀਹ ਵਾਸੀ ਜੋੜਾ ਛੱਤਰਾਂ ਨੂੰ ਮੋਟਰਸਾਇਕਲ ਸਮੇਤ ਕਾਬੂ ਕਰਕੇ ਉਸ ਪਾਸੋਂ ਨਸ਼ੀਲਾ ਪਦਾਰਥ ਅਤੇ ਕੋਈ ਹੋਰ ਇਤਰਾਜ਼ਯੋਗ ਵਸਤੂ ਦਾ ਸ਼ੱਕ ਹੋਣ 'ਤੇ ਥਾਣਾ ਸਦਰ ਗੁਰਦਾਸਪੁਰ ਵਿਖੇ ਇਤਲਾਹ ਦਿੱਤੀ ਜਿਸ 'ਤੇ ਤਫਤੀਸ਼ੀ ਅਫਸਰ ਏ.ਐਸ.ਆਈ. ਟੇਕ ਰਾਮ ਨੇ ਸਮੇਤ ਪੁਲਸ ਪਾਰਟੀ ਉਕਤ ਵਿਅਕਤੀ ਪਾਸੋਂ 22 ਗਰਾਮ ਹੈਰੋਇਨ ਅਤੇ ਸੱਜੀ ਡੱਬ ਵਿੱਚੋ ਇਕ ਦੇਸੀ ਪਿਸਟਲ ਬਿਨਾਂ ਮਾਰਕਾ ਸਮੇਤ ਮੈਗਜ਼ੀਨ ਅਤੇ 2 ਰੌਂਦ ਜ਼ਿੰਦਾ ਬਰਾਮਦ ਹੋਏ। ਪੁਲਸ ਨੇ ਕਥਿਤ ਦੋਸ਼ੀਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

## ਰਿਆੜਕੀ ਪਬਲਿਕ ਸਕੂਲ ਦੇ ਵਿਦਿਆਰਥੀਆਂ ਆਰਚਰੀ 'ਚ ਮਾਰੀਆਂ ਮੱਲਾਂ

ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਰਿਆੜਕੀ ਪਬਲਿਕ ਸਕੂਲ ਤੁਗਲਵਾਲਾ ਦੇ ਵਿਦਿਆਰਥੀਆਂ ਜੋ ਅਕਾਦਮਿਕਤਾ, ਧਾਰਮਿਕਤਾ ਵਿੱਚ ਜਿੱਥੇ ਮੋਹਰੀ ਰਹਿੰਦੇ ਹਨ, ਉੱਥੇ ਹੀ ਇਸ ਸੰਸਥਾ ਦੇ ਵਿਦਿਆਰਥੀ ਵੱਖ-ਵੱਖ ਖੇਡਾਂ ਵਿੱਚ ਮੱਲਾਂ ਮਾਰਦੇ ਆਪਣੀ ਸੰਸਥਾ ਦੇ ਨਾਮ ਨੂੰ ਰੌਸ਼ਨ ਕਰਦੇ ਰਹਿੰਦੇ ਹਨ , ਇਸੇ ਹੀ ਲੜੀ ਤਹਿਤ ਸੰਸਥਾ ਦੇ ਵਿਦਿਆਰਥੀਆਂ ਨੇ ਆਰਚਰੀ ਦੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਰਾਜ ਪੱਧਰੀ ਮੁਕਾਬਲਿਆਂ ਲਈ ਆਪਣੀ ਜਗ੍ਹਾ ਪੱਕੀ ਕੀਤੀ ਹੈ। ਸੰਸਥਾ ਦੇ ਸਰਪ੍ਰਸਤ ਅਤੇ ਮਸ਼ਹੂਰ ਓਲੰਪੀਅਨ ਬਲਬੀਰ ਸਿੰਘ ਰੰਧਾਵਾ ਦੀ ਸਰਪ੍ਰਸਤੀ ਅਤੇ ਮਾਰਗਦਰਸ਼ਨ ਹੇਠ ਸਕੂਲ ਨੇ ਨਾ ਸਿਰਫ ਅਕਾਦਮਿਕ ਖੇਤਰ ਵਿੱਚ, ਸਗੋਂ ਖੇਡਾਂ ਵਿੱਚ ਵੀ ਆਪਣੀ ਵਿਲੱਖਣ ਪਹਿਚਾਣ ਬਣਾਈ ਹੈ। ਸਕੂਲ ਵਿਖੇ ਆਰਚਰੀ ਦੀ ਸ਼ੁਰੂਆਤ ਨੇ ਵਿਦਿਆਰਥੀਆਂ ਨੂੰ ਨਵੀਂ ਦਿਸ਼ਾ ਪ੍ਰਦਾਨ ਕੀਤੀ ਹੈ। ਸੰਸਥਾ ਦੀ ਪ੍ਰਿੰਸੀਪਲ ਇੰਦਰਜੀਤ ਕੌਰ ਨੇ ਦੱਸਿਆ ਕਿ ਯੋਗ ਕੋਚਾਂ ਦੀ ਅਗਵਾਈ ਵਿੱਚ ਵਿਦਿਆਰਥੀਆਂ ਨੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਉੱਤਮ ਪ੍ਰਦਰਸ਼ਨ ਕੀਤਾ। ਅੰਡਰ-17 ਵਰਗ ਵਿੱਚੋਂ ਦੋ ਅਤੇ ਅੰਡਰ-14 ਵਰਗ ਵਿੱਚੋਂ ਇੱਕ ਵਿਦਿਆਰਥੀ ਨੇ ਰਾਜ ਪੱਧਰੀ ਮੁਕਾਬਲਿਆਂ ਲਈ ਕੁਆਲੀਫਾਈ ਕੀਤਾ। ਅੰਡਰ-17 ਵਰਗ ਵਿੱਚ ਆਯੂ ਸ਼ਰਮਾ (ਪਿੰਡ ਮਾੜੀ ਪੰਨਵਾਂ, ਨੌਵੀਂ ਜਮਾਤ) ਅਤੇ ਜਸਦੀਪ ਸਿੰਘ (ਪਿੰਡ ਤੁਗਲਵਾਲਾ, ਅੱਠਵੀਂ ਜਮਾਤ) ਨੇ ਸੋਨ ਤਗਮੇ ਜਿੱਤ ਕੇ ਰਾਜ ਪੱਧਰੀ ਮੁਕਾਬਲਿਆਂ ਵਿੱਚ ਆਪਣੀ ਸੀਟ ਪੱਕੀ ਕੀਤੀ। ਇਸੇ ਤਰ੍ਹਾਂ ਅੰਡਰ-14 ਵਰਗ ਵਿੱਚ ਹਰਬਾਜ ਸਿੰਘ (ਪਿੰਡ ਭੈਣੀ ਬਾਂਗਰ, ਸੱਤਵੀਂ ਜਮਾਤ) ਨੇ ਸੋਨ ਤਗਮਾ ਹਾਸਲ ਕਰਕੇ ਰਾਜ ਪੱਧਰ ਲਈ ਨਾਮਜ਼ਦਗੀ ਪ੍ਰਾਪਤ ਕੀਤੀ। ਸੰਸਥਾ ਦੇ ਮੁੱਖ ਪ੍ਰਬੰਧਕ ਗਗਨਦੀਪ ਸਿੰਘ ਵਿਰਕ ਨੇ ਜੇਤੂ ਵਿਦਿਆਰਥੀਆਂ, ਉਨ੍ਹਾਂ ਦੇ ਮਾਤਾ-ਪਿਤਾ ਅਤੇ ਕੋਚਾਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦਾ ਸਨਮਾਨ ਵੀ ਕੀਤਾ। ਸਕੂਲ ਦੀ ਡਾਇਰੈਕਟਰ ਮਨਪ੍ਰੀਤ ਕੌਰ ਨੇ ਕਿਹਾ,




"ਖੇਡਾਂ ਵਿਦਿਆਰਥੀਆਂ ਨੂੰ ਜ਼ਿੰਦਗੀ ਦੀਆਂ ਚੁਣੌਤੀਆਂ ਨਾਲ ਜੂਝਣ ਦੀ ਸਿਖਲਾਈ ਦਿੰਦੀਆਂ ਹਨ। ਇਸ ਮੌਕੇ ਕੋਚ ਦਿਲਜੋਤ ਸਿੰਘ, ਡੀ.ਪੀ. ਜਤਿੰਦਰ ਕੁਮਾਰ, ਡੀ.ਪੀ. ਰਾਜਵਿੰਦਰ ਕੌਰ, ਕੋਚ ਰਮਾ, ਕੁਆਰਡੀਨੇਟਰ ਅਤੇ ਸਮੂਹ ਸਟਾਫ ਮੌਜੂਦ ਸੀ।

## ਵਾਹਿਗੁਰੂ ਇੰਟਰਪ੍ਰਾਈਜ਼ਜ਼ ਦੀ ਵਿਦਿਆਰਥਣ ਤਰਨਪ੍ਰੀਤ ਕੌਰ ਨੇ ਮਾਰਿਆ ਮਾਅਰਕਾ

ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲ੍ਹੀ)- ਮਾਝੇ ਇਲਾਕੇ ਦੀ ਮਸ਼ਹੂਰ ਸੰਸਥਾ ਵਾਹਿਗੁਰੂ ਇੰਟਰਪ੍ਰਾਈਜ਼ਜ਼ ਦੇ ਵਿਦਿਆਰਥਣ ਤਰਨਪ੍ਰੀਤ ਕੌਰ ਨੇ ਆਈਲਿਟਸ ਵਿੱਚ 7 ਸਕੋਰ ਹਾਸਲ ਕਰਦੇ ਹੋਏ ਨਾ ਸਿਰਫ ਸੰਸਥਾ ਦਾ ਮਾਣ ਵਧਾਇਆ ਹੈ, ਸਗੋਂ ਆਪਣੇ ਵਿਦੇਸ਼ ਜਾਣ ਦੇ ਸੁਪਨੇ ਨੂੰ ਵੀ ਹਕੀਕਤ ਬਣਾਇਆ ਹੈ। ਤਰਨਪ੍ਰੀਤ ਕੌਰ ਨੇ ਲਿਸਨਿੰਗ ਵਿੱਚ 8.5 ਬੈਂਡ ਹਾਸਲ ਕਰਕੇ ਬੱਲੇ ਬੱਲੇ ਕਰਵਾ ਦਿੱਤੀ । ਓਵਰਹਾਲ 7 ਸਕੋਰ ਪ੍ਰਾਪਤ ਕੀਤੇ । ਤਰਨਪ੍ਰੀਤ ਨੇ ਇਸ ਮੌਕੇ ਕਿਹਾ ਕਿ ਇਹ ਮੈਡਮ ਅਨਮੋਲਪ੍ਰਿਤ ਕੌਰ ਦੀ ਅਗਵਾਈ




ਵਿੱਚ ਅਤੇ ਸਖਤ ਮਿਹਨਤ ਅਤੇ ਸੁਚੱਜੀ ਅਗਵਾਈ ਕਰਨ ਹੀ ਸੰਭਵ ਹੋਇਆ ਹੈ।ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਸੰਸਥਾ ਦੇ ਐਮ.ਡੀ. ਰਾਜਵਿੰਦਰ ਸਿੰਘ ਨੇ ਦੱਸਿਆ ਕਿ ਸੰਸਥਾ ਵੱਲੋਂ ਵਿਦਿਆਰਥੀਆਂ ਲਈ ਇਸ ਸਮੇਂ 25% ਵਿਸ਼ੇਸ਼ ਛੋਟ ਦਾ ਐਲਾਨ ਕੀਤਾ ਗਿਆ ਹੈ। ਵਿਦਿਆਰਥੀ ਇਸ ਮੌਕੇ ਦਾ ਲਾਭ ਉਠਾ ਸਕਦੇ ਹਨ ਅਤੇ ਲਿਮਟਿਡ ਸੀਟਾਂ ਤੁਰੰਤ ਬੁੱਕ ਕਰ ਸਕਦੇ ਹਨ।ਇਸ ਮੌਕੇ ਸੰਸਥਾ ਵੱਲੋ ਤਰਨਪ੍ਰੀਤ ਕੌਰ ਨੂੰ ਸਨਮਾਨਤ ਵੀ ਕੀਤਾ ਗਿਆ।ਉਹਨਾਂ ਨੇ ਇਹ ਵੀ ਸ਼ੇਅਰ ਕੀਤਾ ਕਿ ਵਾਹਿਗੁਰੂ ਇੰਟਰਪ੍ਰਾਈਜ਼ਿਜ ਨੇ ਆਪਣੀ ਸੁਚੱਜੀਆਂ ਸੇਵਾਵਾਂ ਦੇ ਨਾਲ ਕਈ ਵਿਦਿਆਰਥੀਆਂ ਦੇ ਵਿਦੇਸ਼ ਜਾਣ ਦੇ ਸੁਪਨੇ ਸਾਕਾਰ ਕੀਤੇ ਹਨ।

## ਨਗਰ ਨਿਗਮ ਬਟਾਲਾ ਵੱਲੋਂ ਖਾਸ ਉਪਰਾਲਾ, ਕਰਮਚਾਰੀ ਨੂੰ 'ਬੈਸਟ ਇੰਪਲਾਈ ਆਫ ਦਾ ਮੰਥ' ਨਾਲ ਕੀਤਾ ਜਾਵੇਗਾ ਸਨਮਾਨਤ

ਬਟਾਲਾ (ਡਾਕਟਰ ਮਲਵਿੰਦਰ ਸਿੰਘ)- ਵਿਕਰਮਜੀਤ ਸਿੰਘ ਪਾਂਥੇ ਐਸ.ਡੀ.ਐਮ-ਕਮ.ਕਮਿਸ਼ਨਰ ਨਗਰ ਨਿਗਮ ਬਟਾਲਾ ਵਲੋਂ ਵੱਡਾ ਤੇ ਖਾਸ ਉਪਰਾਲਾ ਕਰਦਿਆਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਾਰਪੋਰੇਸ਼ਨ ਵਿਖੇ ਜਿੰਨੇ ਵੀ ਆਊਟਸੋਰਸ ਕਰਮਚਾਰੀ ਹਨ, ਜਿਨ੍ਹਾਂ ਵਿੱਚ ਸਫਾਈ ਸੇਵਕ, ਮਾਲੀ, ਸੇਵਾਦਾਰ, ਡਾਟਾ ਐਂਟਰੀ ਆਪਰੇਟਰ-ਕਮ-ਕਲਰਕ, ਕੂੜੇ ਢੋਹਣ ਵਾਲੀਆਂ ਗੱਡੀਆਂ ਦੇ ਡਰਾਈਵਰ, ਫਾਇਰ ਬ੍ਰਿਗੇਡ ਗੱਡੀਆਂ ਦੇ ਡਰਾਈਵਰ ਅਤੇ ਫਾਇਰ ਬ੍ਰਿਗੇਡ ਕਰਮਚਾਰੀ ਸ਼ਾਮਲ ਹਨ।ਉਨਾਂ ਅੱਗੇ ਦੱਸਿਆ ਕਿ ਇਹ ਆਊਟਸੋਰਸ ਕਰਮਚਾਰੀ ਵੀ ਬਾਕੀ ਕਰਮਚਾਰੀਆਂ ਦੀ ਤਰ੍ਹਾਂ ਬਹੁਤ ਚੰਗੀ ਤਰਾਂ ਆਪਣੀ ਡਿਊਟੀ ਨਿਭਾ ਰਹੇ ਹਨ। ਇਸ ਲਈ ਇਨਾਂ ਆਊਟਸੋਰਸ ਕਰਮਚਾਰੀਆਂ ਨੂੰ ਡਿਊਟੀ ਪ੍ਰਤੀ ਹੋਰ ਜ਼ਿਆਦਾ ਮੋਟੀਵੇਟ ਕਰਨ ਅਤੇ ਹੱਲਾਸ਼ੇਰੀ ਦੇਣ ਦੇ ਮੰਤਵ ਨਾਲ ਕਾਰਪੋਰੇਸ਼ਨ ਵਲੋਂ ਇਕ ਕਮੇਟੀ ਗਠਿਤ ਕਰਕੇ ਹਰ ਮਹੀਨੇ ਇੱਕ ਕਰਮਚਾਰੀ ਨੂੰ 'ਬੈਸਟ ਇੰਪਲਾਈ ਆਫ ਦਾ ਮੰਥ' (ਮਹੀਨਾ ਦਾ ਬੈਸਟ ਕਰਮਚਾਰੀ) ਘੋਸ਼ਿਤ ਕਰਕੇ ਉਸ ਨੂੰ ਸਨਮਾਨਤ ਕੀਤਾ ਜਾਵੇਗਾ। ਜਿਸ ਵਿੱਚ ਉਸ ਕਰਮਚਾਰੀ ਦੇ ਡਿਊਟੀ ਪ੍ਰਤੀ ਸਾਰੇ ਮਾਪਦੰਡਾਂ ਨੂੰ ਮੁੱਖ ਰੱਖ ਕੇ ਉਸ ਨੂੰ ਸਨਮਾਨ ਵਜੋਂ ਇੱਕ ਮੋਮੈਂਟੋ ਅਤੇ 10,000 ਰੁਪਏ ਦਾ ਚੈੱਕ ਦਿੱਤਾ ਜਾਵੇਗਾ ਤਾਂ ਜੋ ਕਰਮਚਾਰੀ ਨੂੰ ਕੰਮ ਪ੍ਰਤੀ ਹੋਰ ਹੱਲਾਸ਼ੇਰੀ ਅਤੇ ਕੰਮ ਪ੍ਰਤੀ ਨਿਸ਼ਠਾ ਦੀ ਭਾਵਨਾ ਪੈਦਾ



ਹੋਵੇ।ਉਨਾਂ ਦੱਸਿਆ ਕਿ ਸਨਮਾਨਤ ਕੀਤੇ ਕਰਮਚਾਰੀ ਦੀ ਸਨਮਾਨ ਵਜੋਂ ਇੱਕ ਫੋਟੋ, ਕਮਿਸ਼ਨਰ ਨਗਰ ਨਿਗਮ ਦਫਤਰ ਦੇ ਬਾਹਰ ਨੋਟਿਸ ਬੋਰਡ 'ਤੇ ਲਗਾਈ ਜਾਵੇਗੀ। ਉਨ੍ਹਾ ਦੱਸਿਆ ਕਿ ਹਰ ਮਹੀਨੇ ਪਹਿਲੀ ਤਰੀਕ ਤੋਂ ਲੈ ਕੇ ਮਹੀਨੇ ਦੀ ਆਖਰੀ ਤਰੀਕ ਤੱਕ ਉਸ ਕਰਮਚਾਰੀ ਦੀ ਫੋਟੋ ਲਗਾਈ ਜਾਵੇਗੀ ਅਤੇ ਉਸ ਦੀ ਫੋਟੋ ਦੇ ਹੇਠਾਂ ਲਿਖਿਆ ਜਾਵੇਗਾ ਕਿ ਇਹ ਕਰਮਚਾਰੀ ਮਹੀਨੇ ਦਾ ਸਭ ਤੋਂ ਵਧੀਆ ਕਰਮਚਾਰੀ ਹੈ।ਕਮਿਸ਼ਨਰ ਨਗਰ ਨਿਗਮ ਬਟਾਲਾ ਨੇ ਸਮੂਹ ਕਰਮਚਾਰੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਡਿਊਟੀ ਤਨਦੇਹੀ ਨਾਲ ਨਿਭਾਉਣ ਤਾਂ ਜੋ ਇੱਕ ਟੀਮ ਵਜੋਂ ਬਟਾਲਾ ਸ਼ਹਿਰ ਨੂੰ ਕੂੜਾ ਮੁਕਤ, ਸਾਫ਼-ਸੁਥਰਾ ਅਤੇ ਹਰਿਆ ਭਰਿਆ ਰੱਖ ਸਕੀਏ ਅਤੇ ਬਟਾਲਾ ਸ਼ਹਿਰ ਦੇ ਲੋਕ ਇੱਕ ਸਾਫ਼ ਸੁਥਰੇ ਵਾਤਾਵਰਣ ਵਿੱਚ ਰਹਿਣ-ਸਹਿਣ ਦਾ ਅਨੰਦ ਮਾਣ ਸਕਣ।ਇਸ ਮੌਕੇ ਉਨਾਂ ਆਮ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਸ਼ਹਿਰ ਨੂੰ ਸਾਫ ਸੁਥਰਾ ਰੱਖਣ ਲਈ ਸਹਿਯੋਗ ਕਰਨ।

## ਪੰਜਾਬ ਸਰਕਾਰ ਕਿਸਾਨਾਂ ਨਾਲ ਨਾ ਉਲਝੇ : ਪ੍ਰਿੰ: ਤਰਸਿੱਕਾ

ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਪਿਛਲੇ ਕੁੱਝ ਸਮੇਂ ਤੋਂ ਪੰਜਾਬ ਦੀ ਮੌਜੂਦਾ ਸਰਕਾਰ ਪੰਜਾਬ ਦੇ ਕਿਸਾਨਾਂ ਨਾਲ ਕਿਸੇ ਨਾ ਕਿਸੇ ਕਾਰਨ ਉਲਝੀ ਰਹਿੰਦੀ ਹੈ, ਜਿਸ ਕਾਰਨ ਪੰਜਾਬ ਦੀ ਕਿਸਾਨੀ ਵਿੱਚ ਸਰਕਾਰ ਪ੍ਰਤੀ ਬਹੁਤ ਸਾਰੇ ਗਿਲੇ ਸ਼ਿਕਵੇ ਤੇਜ਼ੀ ਨਾਲ ਵਧ ਰਹੇ ਹਨ। ਪੰਜਾਬ ਦੀ ਕਿਸਾਨੀ ਪੂਰੇ ਭਾਰਤ ਨੂੰ ਅਨਾਜ ਪੈਦਾ ਕਰਕੇ ਆਤਮ ਨਿਰਭਰ ਬਣਾਉਂਦੀ ਰਹੀ,



ਪੰਜਾਬ ਦੇ ਅਰਥਚਾਰੇ ਵਿੱਚ ਵੀ ਪੰਜਾਬ ਦੀ ਕਿਸਾਨੀ ਦਾ ਬਹੁਤ ਵੱਡਾ ਯੋਗਦਾਨ ਰਿਹਾ ਹੈ ਤੇ ਰਹੇਗਾ, ਇਸ ਲਈ ਪੰਜਾਬ ਸਰਕਾਰ ਕਿਸਾਨਾਂ ਨਾਲ ਨਾ ਉਲਝੇ। ਪੰਜਾਬ ਦੇ ਕਿਸਾਨਾਂ ਦੀ ਸਹਿਮਤੀ ਨਾਲ ਚੱਲੇ। ਇਹ ਪ੍ਰਗਟਾਵਾ ਸਮਾਜ ਸੇਵੀ ਸੰਸਥਾ ਕ੍ਰਾਂਤੀਕਾਰੀ ਤਰਕਸ਼ੀਲ ਲੋਕ ਚੇਤਨਾ ਲਹਿਰ ਦੇ ਪ੍ਰਧਾਨ ਪ੍ਰਿੰਸੀਪਲ ਬਚਿੱਤਰ ਸਿੰਘ ਤਰਸਿੱਕਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਇਸ ਮੌਕੇ ਅਮਨਪ੍ਰੀਤ ਸਿੰਘ ਚਾਟੀਵਿੰਡ, ਜਸਕਰਨ ਸਿੰਘ ਚਾਟੀਵਿੰਡ, ਇਕਬਾਲ ਸਿੰਘ, ਹਰਵਿੰਦਰ ਸਿੰਘ ਖੁਜਾਲਾ, ਸੁਖਜੀਤ ਸਿੰਘ ਸੈਦੋਲੇਲ੍ਹ, ਸਤਨਾਮ ਸਿੰਘ ਢਪੱਈਆ, ਅਜੇਪਾਲ ਸਿੰਘ ਢਪੱਈਆ, ਮਨਪ੍ਰੀਤ ਸਿੰਘ ਚੁਗਾਵਾਂ, ਜਸਪਾਲ ਸਿੰਘ ਚੁਗਾਵਾਂ, ਰਜੇਸ਼ ਕੁਮਾਰ ਤਰਸਿੱਕਾ, ਗੁਰਦਿਆਲ ਸਿੰਘ ਤਰਸਿੱਕਾ, ਕਸ਼ਮੀਰ ਸਿੰਘ ਫ਼ੌਜੀ, ਅਮਰੀਕ ਸਿੰਘ ਗ੍ਰੰਥੀ, ਬਾਬਾ ਅਮਰੀਕ ਸਿੰਘ ਬਾਠ, ਹਰਦੀਪ ਸਿੰਘ ਤਰਫਾਨ,ਅਵਤਾਰ ਸਿੰਘ ਸਾਧਪੁਰ, ਗੁਰਲਾਲ ਸਿੰਘ ਭੀਲੋਵਾਲ, ਜੋਗਿੰਦਰ ਸਿੰਘ ਭੀਲੋਵਾਲ ਆਦਿ ਹਾਜ਼ਰ ਸਨ।

## ਜ਼ੋਨਲ ਸਕੂਲ ਖੇਡਾਂ 'ਚ ਬਾਬਾ ਬੁੱਢਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਨੇ ਮਾਰੀਆਂ ਮੱਲਾਂ

ਝਬਾਲ (ਹਰਜਿੰਦਰ ਸਿੰਘ ਸੋਨੀ)-ਬਾਬਾ ਬੁੱਢਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਬੀੜ ਸਾਹਿਬ ਦੇ ਖਿਡਾਰੀਆਂ ਵੱਲੋਂ ਜ਼ੋਨਲ ਸਕੂਲ ਖੇਡਾਂ 2025 ਦੌਰਾਨ ਵਾਲੀਬਾਲ, ਫੁੱਟਬਾਲ, ਖੋ ਖੋ, ਕ੍ਰਿਕਟ ਆਦਿ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਗਿਆ। ਸਕੂਲ ਦੀਆਂ ਲੜਕੇ ਤੇ ਲੜਕੀਆਂ ਦੀਆਂ ਵੱਖ-ਵੱਖ ਟੀਮਾਂ ਵੱਲੋਂ ਗੁਰਮੀਤ ਸਿੰਘ ਡੀਪੀਈ ਦੀ ਅਗਵਾਈ ਹੇਠ ਖੋ-ਖੋ ਟੀਮ ਲੜਕੀਆਂ (ਅੰਡਰ 17) ਨੇ ਪਹਿਲਾ ਸਥਾਨ, ਖੋ-ਖੋ ਟੀਮ ਲੜਕੇ (ਅੰਡਰ 14) ਨੇ ਪਹਿਲਾ ਸਥਾਨ, ਕ੍ਰਿਕਟ ਟੀਮ ਲੜਕੇ (ਅੰਡਰ 19) ਨੇ ਪਹਿਲਾ ਸਥਾਨ, ਫੁੱਟਬਾਲ ਟੀਮ ਲੜਕੇ (ਅੰਡਰ 19) ਨੇ ਦੂਸਰਾ ਸਥਾਨ, ਫੁੱਟਬਾਲ ਟੀਮ ਲੜਕੇ (ਅੰਡਰ 17) ਨੇ ਤੀਸਰਾ ਸਥਾਨ, ਫੁੱਟਬਾਲ ਟੀਮ ਲੜਕੇ (ਅੰਡਰ 14) ਨੇ ਦੂਸਰਾ ਸਥਾਨ, ਖੋ-ਖੋ ਟੀਮ ਲੜਕੇ (ਅੰਡਰ 17) ਨੇ ਦੂਸਰਾ ਸਥਾਨ, ਵਾਲੀਬਾਲ ਟੀਮ ਲੜਕੇ (ਅੰਡਰ 19) ਨੇ ਤੀਸਰਾ ਸਥਾਨ, ਖੋ-ਖੋ ਟੀਮ ਲੜਕੀਆਂ (ਅੰਡਰ 19) ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਸਵੇਰ ਦੀ ਸਭਾ ਮੌਕੇ ਸਕੂਲ ਪ੍ਰਿੰਸੀਪਲ ਡਾ. ਤਰਨਜੀਤ ਸਿੰਘ ਸਮੇਤ ਸਟਾਫ ਮੈਂਬਰਾਂ



ਵੱਲੋਂ ਵੱਲੋਂ ਵਾਲੀਬਾਲ, ਫੁੱਟਬਾਲ, ਕ੍ਰਿਕਟ, ਖੋ-ਖੋ ਮੁਕਾਬਲਿਆਂ ਵਿੱਚ ਜੇਤੂ ਰਹੀਆਂ ਲੜਕੇ ਤੇ ਲੜਕੀਆਂ ਦੀਆਂ ਟੀਮਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕਰਦਿਆਂ ਵਧਾਈ ਦਿੱਤੀ।ਪ੍ਰਿੰਸੀਪਲ ਡਾ. ਤਰਨਜੀਤ ਸਿੰਘ ਨੇ ਸਕੂਲ ਦੇ ਖਿਡਾਰੀਆਂ ਨੂੰ ਅਗਲੇ ਮੁਕਾਬਲਿਆਂ ਲਈ ਸ਼ੁੱਭਕਾਮਨਾਵਾਂ ਦਿੰਦਿਆਂ ਹੋਰ ਸਖਤ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਗੁਰਮੀਤ ਸਿੰਘ ਡੀਪੀਈ, ਮਨਿੰਦਰਜੀਤ ਸਿੰਘ, ਮੈਡਮ ਦਵਿੰਦਰਪਾਲ ਕੌਰ, ਅਕਵਿੰਦਰ ਕੌਰ, ਹਰਪ੍ਰੀਤ ਕੌਰ, ਸਤਨਾਮ ਕੌਰ, ਰੁਪਿੰਦਰਬੀਰ ਕੌਰ, ਸੁਖਰਾਜ ਕੌਰ, ਜਸਵਿੰਦਰ ਕੌਰ, ਮੈਡਮ ਰਜਿੰਦਰ ਕੌਰ ਆਦਿ ਸਟਾਫ ਮੈਂਬਰ ਹਾਜ਼ਰ ਸੀ।

## ਟਰਾਂਸਪੋਰਟ ਤੇ ਵਿੱਤ ਮੰਤਰੀ ਵੱਲੋਂ ਮੁਲਾਜ਼ਮਾਂ ਦੀਆਂ ਮੰਨੀਆਂ ਮੰਗਾਂ ਦਾ ਹੱਲ ਕਰਨ ਦੇ ਬਿਆਨ ਦੀ ਵੀ ਨਿਕਲੀ ਫੂਕ : ਵਜੀਰ ਸਿੰਘ ਜੌਣੇਕੇ

ਪੱਟੀ (ਬਲਦੇਵ ਸਿੰਘ ਸੰਧੂ)-ਪੰਜਾਬ ਰੋਡਵੇਜ਼/ਪਨਬਸ/ਪੀ.ਆਰ.ਟੀ.ਸੀ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ 25/11 ਵੱਲੋਂ ਪੂਰੇ ਪੰਜਾਬ ਦੇ ਪਨਬਸ ਅਤੇ ਪੀ ਆਰ ਟੀ ਸੀ ਦੇ ਡੀਪੂਆਂ ਦੇ ਗੇਟ 'ਤੇ ਭਰਵੀਂ ਰੈਲੀ ਕੀਤੀ ਗਈ ਡੀਪੂ ਪ੍ਰਧਾਨ ਵਜੀਰ ਸਿੰਘ ਜੋਣਕੇ ਨੇ ਬੋਲਦਿਆਂ ਕਿਹਾ ਕਿ ਮੁੱਖ ਮੰਤਰੀ ਵੱਲੋਂ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਲੈ ਕੇ 1 ਜੁਲਾਈ 2024 ਨੂੰ ਕਮੇਟੀ ਗਠਿਤ ਕਰਕੇ 1 ਮਹੀਨੇ ਦੇ ਵਿੱਚ ਮੰਗਾਂ ਹੱਲ ਕਰਨ ਦਾ ਲਿਖਤੀ ਰੂਪ ਵਿੱਚ ਭਰੋਸਾ ਦਿੱਤਾ ਸੀ, 1 ਸਾਲ ਬੀਤਣ ਦੇ ਬਾਵਜੂਦ ਕੋਈ ਹੱਲ ਨਹੀਂ ਕੀਤਾ ਗਿਆ। ਸਰਕਾਰ ਅਤੇ ਮੈਨੇਜਮੈਂਟ ਨਾਲ ਜਥੇਬੰਦੀ ਵਾਰ-ਵਾਰ ਮੀਟਿੰਗਾਂ ਕਰ ਰਹੀ ਹੈ। ਯੂਨੀਅਨ ਵੱਲੋਂ ਬਾਹਰਲੇ ਸੂਬਿਆਂ ਦੇ ਵਿੱਚ ਪੱਕੇ ਕੀਤੇ ਮੁਲਾਜ਼ਮਾਂ ਅਤੇ ਠੇਕੇਦਾਰਾਂ ਵਿਚੋਲਿਆਂ ਨੂੰ ਬਾਹਰ ਕੀਤੀਆਂ ਦੇ ਡਾਟੇ ਵੀ ਸਰਕਾਰ ਕੋਲ ਵਾਰ ਵਾਰ ਪੇਸ਼ ਕੀਤੇ ਗਏ। ਯੂਨੀਅਨ ਵੱਲੋਂ ਸੰਘਰਸ਼ ਦਾ ਐਲਾਨ 09/07/2025 ਨੂੰ ਕੀਤਾ ਗਿਆ। ਚੱਲਦੇ ਸੰਘਰਸ਼ ਦੌਰਾਨ ਟਰਾਂਸਪੋਰਟ ਮੰਤਰੀ ਪੰਜਾਬ, ਵਿੱਤ ਮੰਤਰੀ ਪੰਜਾਬ ਸਮੇਤ ਮੈਨੇਜਮੈਂਟ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ ਸੀ। ਮੀਟਿੰਗ ਵਿੱਚ ਵਿੱਤ ਮੰਤਰੀ ਪੰਜਾਬ ਅਤੇ ਟਰਾਂਸਪੋਰਟ ਮੰਤਰੀ ਪੰਜਾਬ ਵੱਲੋਂ ਮੀਡੀਆ ਦੇ ਸਾਹਮਣੇ ਆ ਕੇ ਮੰਗਾਂ ਦਾ ਹੱਲ ਕਰਨ ਦਾ ਭਰੋਸਾ ਦਿਵਾਇਆ ਗਿਆ ਸੀ ਅਤੇ ਟਰਾਂਸਪੋਰਟ ਦੇ ਕੱਚੇ ਮੁਲਾਜ਼ਮਾਂ ਦੀ ਵੱਖਰੀ ਪਾਲਸੀ ਬਣਾਉਣ ਕੇ ਪੱਕਾ ਕਰਨ ਦਾ ਭਰੋਸਾ ਦਿੱਤਾ ਗਿਆ। 16 ਜੁਲਾਈ ਨੂੰ ਮੀਟਿੰਗ ਕਰਕੇ ਰਹਿੰਦੀਆਂ ਮੰਗਾਂ ਦਾ ਨਿਪਟਾਰਾ ਕਰਨ ਦੇ ਲਈ ਟਰਾਂਸਪੋਰਟ ਮੰਤਰੀ ਵੱਲੋਂ ਮੀਡੀਆ ਦੇ ਵਿੱਚ ਆਪਣਾ ਬਿਆਨ ਜਾਰੀ ਕੀਤਾ ਸੀ। ਇਸ ਤੋਂ ਇਲਾਵਾ 28 ਜੁਲਾਈ ਨੂੰ ਪਾਲਸੀ ਨੂੰ ਫਾਈਨਲ ਕਰਕੇ ਜਲਦੀ ਲਾਗੂ ਕਰਨ ਦਾ ਬਿਆਨ ਵੀ ਜਾਰੀ ਕੀਤਾ ਸੀ । ਜਥੇਬੰਦੀ ਵੱਲੋਂ ਮੁਲਾਜ਼ਮਾਂ ਦੀ ਠੇਕੇਦਾਰ ਸਿਸਟਮ ਤਹਿਤ ਹੋ ਰਹੀ ਲੁੱਟ ਦੇ ਪਰੂਫ ਵੀ ਸਰਕਾਰ ਨੂੰ ਪੇਸ਼ ਕੀਤੇ ਸੀ। ਇਸ ਤੋਂ ਇਲਾਵਾ ਠੇਕੇਦਾਰੀ ਸਿਸਟਮ ਤਹਿਤ ਪੈਸੇ ਲੈ ਕੇ ਨਜਾਇਜ਼ ਤਰੀਕੇ ਨਾਲ ਮੁਲਾਜ਼ਮਾਂ ਨੂੰ ਭਰਤੀ ਕਰਨ ਦਾ ਝਾਂਸਾ ਦਿੱਤਾ ਜਾ ਰਿਹਾ ਹੈ ਅਤੇ ਪੰਜਾਬ ਦੇ ਨੌਜਵਾਨ ਦਾ ਸ਼ੋਸ਼ਣ ਕੀਤਾ ਜਾ ਰਿਹਾ ਹੈ। ਇਹ ਸਾਰਾ ਕੁਝ ਸਰਕਾਰ ਨੂੰ ਲਿਖਤੀ ਸ਼ਿਕਾਇਤ ਦੇ ਤੌਰ 'ਤੇ ਯੂਨੀਅਨ ਵੱਲੋਂ ਪਹਿਲਾਂ ਵੀ ਭੇਜ ਚੁੱਕੇ ਹਾਂ। ਪ੍ਰੰਤੂ ਹੱਲ ਕਰਨ ਦੀ ਬਜਾਏ ਸਰਕਾਰ ਵੱਲੋਂ ਵਿਭਾਗਾਂ ਦਾ ਨਿੱਜੀਕਰਨ ਦੀ ਪੂਰੀ ਕੋਸ਼ਿਸ਼ ਕੀਤੀ ਜਾ ਰਹੀ




ਹੈ। ਡੀਪੂ ਸੈਕਟਰੀ ਗੁਰਬਿੰਦਰ ਸਿੰਘ ਗਿੱਲ ਅਤੇ ਡੀਪੂ ਸਰਪ੍ਰਸਤ ਕੁਲਦੀਪ ਸਿੰਘ ਬੱਠੇਭੈਣੀ ਨੇ ਦੱਸਿਆ ਕਿ ਬੱਸਾਂ ਦੀ ਦਿਨੋ ਦਿਨ ਘਾਟ ਵਧ ਰਹੀ ਹੈ। ਬੱਸਾਂ ਦੀ ਵੱਡੀ ਘਾਟ ਹੋਣ ਦੇ ਬਾਵਜੂਦ 100+ ਸਵਾਰੀ ਨੂੰ ਰੋਜ਼ਾਨਾ ਸਫਰ ਕਰਵਾਇਆ ਜਾ ਰਿਹਾ ਹੈ। ਲਗਭਗ 1200 + ਕਰੋੜ ਰੁਪਏ ਸਰਕਾਰ ਪੈਡਿੰਗ ਰੱਖ ਕੇ ਮੁਲਾਜ਼ਮਾਂ ਨੂੰ ਤਨਖਾਹ ਸਮੇਤ ਸਪੇਅਰ ਪਾਰਟਸ ਦੀ ਘਾਟ ਨੂੰ ਪੂਰਾ ਕਰਨ ਦੇ ਵਿੱਚ ਅਸਮਰੱਥ ਹੈ। 7 ਤਰੀਕ ਹੋਣ ਦੇ ਬਾਵਜੂਦ ਅਤੇ ਰੱਖੜੀ ਦਾ ਪਵਿੱਤਰ ਦਿਹਾੜਾ ਹੋਣ ਕਰਕੇ ਅਜੇ ਤੱਕ ਪਨਬੱਸ ਮੁਲਾਜ਼ਮਾਂ ਦੀਆ ਤਨਖਾਹਾਂ ਨਹੀਂ ਜਾਰੀ ਕੀਤੀਆਂ ਗਈਆਂ। ਪੀ.ਆਰ.ਟੀ.ਸੀ ਵਿੱਚ ਚੱਲ ਰਹੀਆਂ ਮੌਜੂਦਾ ਕਿਲੋਮੀਟਰ ਸਕੀਮ ਬੱਸਾਂ ਨੂੰ ਟੈਂਡਰ ਦੀਆਂ ਸ਼ਰਤਾਂ ਅਨੁਸਾਰ ਕਿਲੋਮੀਟਰ ਕਰਵਾਉਣ ਦੀ ਬਜਾਏ ਮਿਲੀਭੁਗਤ ਦੇ ਨਾਲ ਵੱਧ ਕਿਲੋਮੀਟਰ ਕਰਵਾਏ ਜਾ ਰਹੇ ਹਨ। ਵਿਭਾਗ ਨੂੰ ਵੱਡੇ ਪੱਧਰ 'ਤੇ ਚੂਨਾ ਲਗਾਇਆ ਜਾ ਰਿਹਾ ਹੈ । ਟੈਂਡਰ ਦੀਆਂ ਸ਼ਰਤਾਂ ਮੁਤਾਬਿਕ 400 ਕਿਲੋਮੀਟਰ ਪ੍ਰਤੀ ਦਿਨ ਦਾ ਤੈਅ ਕਰਵਾਉਣ ਦੀ ਸ਼ਰਤ ਪਾਈ ਗਈ । ਪ੍ਰੰਤੂ ਇੱਥੇ ਲਗਭਗ ਦਿਨ ਦੇ ਵਿੱਚ 600 ਤੋ 800 ਕਿਲੋਮੀਟਰ ਤੈਅ ਕਰਵਾਏ ਜਾ ਰਹੇ ਹਨ। ਜਿਸ ਦੇ ਨਾਲ ਵਿਭਾਗ ਦਾ ਕਰੋੜਾਂ ਰੁਪਏ ਦਾ ਨੁਕਸਾਨ ਹੋ ਰਿਹਾ ਹੈ । ਜਦੋਂ ਕਿ ਠੇਕੇਦਾਰ 6 ਸਾਲ 'ਚ ਆਪਣੀ ਬੱਸ ਫਰੀ ਕਰ ਸਕਦਾ ਹੈ। ਵਿਭਾਗ ਦੇ ਅਧਿਕਾਰੀ ਨਵੀਂ ਬੱਸ ਤੇ ਹੀ ਸਾਰਾ ਖਰਚ ਲਾ ਕੇ ਕਿਲੋਮੀਟਰ ਬੱਸ ਨੂੰ 2 ਰੁਪਏ ਮੁਨਾਫੇ ਵਿੱਚ ਦੱਸਦੇ ਹਨ ਜਦੋਂ ਕਿ ਪਹਿਲੇ 5 ਸਾਲ ਤਾਂ ਬੱਸ ਦਾ ਸਰਵਿਸ ਤੋਂ ਇਲਾਵਾ ਕੋਈ ਖਰਚਾ ਹੀ ਨਹੀ ਹੁੰਦਾ, ਸਿਰਫ ਸਰਵਿਸ ਹੁੰਦੀ ਹੈ। ਫਿਰ ਆਪਣੀ ਮਾਲਕੀ ਦੀ ਬੱਸ ਨੇ ਵਿਭਾਗਾਂ ਦੇ ਵਿੱਚ 15 ਸਾਲ ਕਮਾਈ ਕਰਨੀ ਹੁੰਦੀ ਹੈ ਜਿਸ ਨੂੰ ਲਾਭ ਵਿੱਚ ਲਿਆਉਣ ਲਈ ਵਿਭਾਗਾਂ ਦੇ ਉੱਚ ਅਧਿਕਾਰੀ ਅਸਫਲ ਦਿਖਾਈ ਦੇ ਰਹੇ ਹਨ ਕਿਉਕਿ ਪ੍ਰਾਈਵੇਟ ਮਾਲਕ ਲਗਭਗ 34 ਤੋਂ 35 ਲੱਖ ਰੁਪਏ ਦੀ ਬੱਸ ਦੇ ਨਾਲ ਕਰੋੜਾਂ ਰੁਪਏ ਕਮਾ ਕੇ ਲੈ ਜਾਂਦਾ ਹੈ ਅਤੇ ਬਾਅਦ 'ਚ ਬੱਸ ਵੀ ਮਾਲਕ ਲੈ ਜਾਂਦਾ ਹੈ। ਜੇਕਰ ਸਰਕਾਰ ਨੇ ਮੁਲਾਜਮਾਂ ਦੀਆਂ ਮੰਗਾਂ ਸਮੇਤ ਕਿਲੋਮੀਟਰ ਸਕੀਮ ਬੱਸਾਂ ਦਾ ਟੈਂਡਰ ਖੋਲ੍ਹਣ ਦੀ ਕੋਸ਼ਿਸ਼ ਕੀਤੀ ਜੰਥੇਬੰਦੀ ਵੱਲੋ ਤੁਰੰਤ ਪਨਬਸ/ਪੀ.ਆਰ.ਟੀ.ਸੀ ਦਾ ਚੱਕਾ ਜਾਮ ਸਮੇਤ ਰੋਡ ਬਲੌਕ ਕਰਕੇ ਮੁੱਖ ਮੰਤਰੀ ਦੀ ਰਿਹਾਇਸ਼ ਤੇ ਧਰਨੇ ਸਮੇਤ ਤਿੱਖਾ ਸੰਘਰਸ਼ ਕੀਤਾ ਜਾਵੇਗਾ ਅਤੇ 15 ਅਗਸਤ ਨੂੰ ਸੁਤੰਤਰ ਦਿਵਸ ਮਨਾਉਣ ਦੀ ਬਜਾਏ ਗੁਲਾਮੀ ਦਿਵਸ ਵਜੋਂ ਮਨਾਇਆ ਜਾਵੇਗਾ। ਗੇਟ ਰੈਲੀ 'ਤੇ ਆਗੂ ਤੇ ਵਰਕਰ ਮੀਤ ਪ੍ਰਧਾਨ ਗੁਰਵੈਲ ਸਿੰਘ ਵੀਰਮ, ਗੁਰਸੇਵਕ ਸਿੰਘ, ਚੈਅਰਮੈਨ ਮਨਵਿੰਦਰ ਸਿੰਘ ਭਿੰਦਾ, ਮਹਿਲ ਸਿੰਘ ਸਭਰਾਂ, ਰੋਮੀ ਪੱਟੀ, ਨਿਸ਼ਾਨ ਸਿੰਘ, ਸਰਪੰਚ ਗੁਰਵਿੰਦਰ ਬਰਵਾਲਾ, ਮਕੈਨਿਕ ਚਰਨਜੀਤ ਸਿੰਘ, ਸੁਰਜੀਤ ਸਿੰਘ, ਸਲਵੰਤ ਸਿੰਘ ਜੋਣਕੇ ਆਦਿ ਹਾਜ਼ਰ ਸਨ।

## ਰੇਹੜੀ ਫੜ੍ਹੀ ਵਾਲਿਆਂ ਵੱਲੋਂ ਘਟੀਆ ਸਮਾਨ ਵੇਚ ਕੇ ਲੋਕਾਂ ਦੀ ਸਿਹਤ ਨਾਲ ਖਿਲਵਾੜ

ਗੁਰਦਾਸਪੁਰ (ਜਨਕ ਮਹਾਜਨ)- ਸਿਹਤ ਵਿਭਾਗ ਗੁਰਦਾਸਪੁਰ ਦੀ ਅਣਦੇਖੀ ਕਾਰਨ ਫਾਸਟ ਫੂਡ ਦੀਆਂ ਰੇਹੜੀਆਂ ਆਦਿ 'ਤੇ ਖ਼ਾਣ ਪੀਣ ਦੀ ਘਟੀਆ ਸਮੱਗਰੀ ਦੀ ਵਰਤੋਂ ਹੋਣ ਨਾਲ ਲੋਕਾਂ ਦੀ ਸਿਹਤ 'ਤੇ ਮਾੜਾ ਅਸਰ ਪੈਣ ਦਾ ਹਰ ਵੇਲੇ ਖਤਰਾ ਬਣਿਆ ਰਹਿੰਦਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕੁਝ ਸ਼ਹਿਰ ਵਾਸੀਆਂ ਨੇ ਦੱਸਿਆ ਕਿ ਲਾਇਬ੍ਰੇਰੀ ਰੋਡ ਤੋਂ ਹਨੂੰਮਾਨ ਚੌਂਕ ਵਿਚਕਾਰ ਸ਼ਹਿਰ ਦੇ ਭੀੜ ਭੜੱਕੇ ਵਾਲੇ ਇਲਾਕੇ 'ਚ ਫਾਸਟ ਫੂਡ ਦੀਆਂ ਰੇਹੜੀਆਂ 'ਤੇ ਚਾਂਪਾਂ, ਨਿਊਡਲ, ਡੋਸੇ, ਬਰਗਰ, ਟਿੱਕੀਆਂ, ਮੋਮੋਜ਼ ਤੋਂ ਇਲਾਵਾ ਹੋਰ ਕਈ ਪਦਾਰਥ ਖ਼ਾਣ ਲਈ ਬਣਾਏ ਜਾਂਦੇ ਹਨ। ਇਨ੍ਹਾਂ ਰੇਹੜੀਆਂ ਤੋਂ ਗਰੀਬ, ਦਰਮਿਆਨੇ ਤੇ ਹੋਰ ਤਬਕੇ ਦੇ ਲੋਕ ਖਾਣ ਪੀਣ ਵਾਲਾ ਸਮਾਨ ਖਰੀਦ ਕੇ ਖਾ ਰਹੇ ਹਨ। ਕੁਝ ਰੇਹੜੀਆਂ 'ਤੇ ਕਾਫੀ ਸਮਾਨ ਘਟੀਆ ਸਮੱਗਰੀ ਦਾ ਹੋਣ ਕਰਕੇ ਸਿਹਤ 'ਤੇ ਮਾੜਾ ਅਸਰ ਪੈਂਦਾ ਹੈ। ਲੋਕਾਂ ਦਾ ਕਹਿਣਾ ਹੈ ਕਿ ਸਿਹਤ ਵਿਭਾਗ ਵੱਲੋਂ ਇਨ੍ਹਾਂ ਫਾਸਟ ਫੂਡ ਦੀਆਂ ਰੇਹੜੀਆਂ 'ਤੇ ਵਰਤੇ ਜਾਣ ਵਾਲੇ ਸਮਾਨ ਜਿਵੇਂ ਤੇਲ, ਟਮਾਟੋ ਸਾਸ, ਚਿੱਲੀ ਸਾਲ ਆਦਿ ਵਰਤੇ ਜਾਣ ਵਾਲੇ ਸਾਮਾਨ ਦੇ ਸੈਂਪਲ ਭਰੇ ਜਾਣੇ ਚਾਹੀਦੇ ਹਨ।

## ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਗਤਕੇ ਮੁਕਾਬਲੇ 'ਚ ਮਾਰੀਆਂ ਮੱਲਾਂ

ਝਬਾਲ (ਹਰਜਿੰਦਰ ਸਿੰਘ ਸੋਨੀ)-ਚੀਫ ਖਾਲਸਾ ਦੀਵਾਨ ਦੇ ਪ੍ਰਧਾਨ ਇੰਦਰਬੀਰ ਸਿੰਘ ਨਿੱਜਰ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਸਿਰਮੌਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਝਬਾਲ ਦੇ ਵਿਦਿਆਰਥੀਆਂ ਨੇ ਜ਼ਿਲ੍ਹਾ ਪੱਧਰੀ ਖੇਡਾਂ ਦੇ ਗਤਕੇ ਮੁਕਾਬਲੇ ਵਿੱਚ ਭਾਗ ਲਿਆ ਅਤੇ ਵਧੀਆ ਕਾਰਗੁਜ਼ਾਰੀ ਦਿਖਾਉਂਦਿਆਂ ਆਪਣੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਇਹ ਜ਼ਿਲ੍ਹਾ ਪੱਧਰੀ ਗਤਕੇ ਮੁਕਾਬਲੇ 26 ਜੁਲਾਈ ਨੂੰ ਖੇਡ ਮੈਦਾਨ ਗੁਰਦੁਆਰਾ ਜਨਮ ਅਸਥਾਨ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਪਿੰਡ ਪਹੂਵਿੰਡ ਸਾਹਿਬ ਵਿਖੇ ਕਰਵਾਏ ਗਏ ਸਨ। ਜਿਨ੍ਹਾਂ ਵਿੱਚੋਂ ਸਕੂਲ ਦੇ ਵਿਦਿਆਰਥੀ ਅੰਡਰ -17 ਫਰੀ ਸੋਟੀ ਟੀਮ ਵਿੱਚ ਵਿਰਾਜ ਸਿੰਘ ਅਤੇ ਸਾਹਿਲਪ੍ਰੀਤ ਸਿੰਘ ਨੇ ਪਹਿਲਾ ਸਥਾਨ, ਅੰਡਰ -17 ਫਰੀ ਸੋਟੀ (ਇੰਡਵਿਜ਼ੂਅਲ ਵਿੱਚ) ਵਿਰਾਜ ਸਿੰਘ ਨੇ ਦੂਜਾ ਸਥਾਨ, ਅੰਡਰ -14 ਸਿੰਗਲ ਸੋਟੀ ਟੀਮ ਗੁਰਸ਼ਾਨ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਨਾਂਅ ਰੌਸ਼ਨ



ਕੀਤਾ। ਸਕੂਲ ਦੇ ਮੈਂਬਰ ਇੰਚਾਰਜ ਮਨਜੀਤ ਸਿੰਘ ਢਿੱਲੋਂ, ਆਦਰਸ਼ਪਿੰਦਰ ਸਿੰਘ ਮਾਨ, ਅਜੀਤਪਾਲ ਸਿੰਘ ਅਨੇਜਾ ਅਤੇ ਪ੍ਰਿੰਸੀਪਲ ਅਨੁਰੀਤ ਬਾਵਾ ਨੇ ਇਹਨਾਂ ਵਿਦਿਆਰਥੀਆਂ ਨੂੰ ਸਨਮਾਨਤ ਕਰਦਿਆਂ ਅੱਗੇ ਤੋਂ ਹੋਰ ਮਿਹਨਤ ਕਰਨ ਦੇ ਲਈ ਉਤਸ਼ਾਹਤ ਕੀਤਾ।

## ਰਵਾਇਤੀ ਪਾਰਟੀਆਂ ਨੇ ਹਮੇਸ਼ਾ ਪਾਣੀ ਦੇ ਮੁੱਦਿਆਂ 'ਤੇ ਸੂਬੇ ਦੇ ਲੋਕਾਂ ਨੂੰ ਗੁੰਮਰਾਹ ਕੀਤਾ : ਅਮਨ ਅਰੋੜਾ

**ਮਜੀਠਾ (ਸੋਇਮ ਆਨੰਦ)**-ਵਿਧਾਨ ਸਭਾ ਹਲਕਾ ਮਜੀਠਾ ਦੇ ਇਤਿਹਾਸਕ ਪਿੰਡ ਕੱਥੂਨੰਗਲ ਵਿਖੇ ਅੱਜ ਆਮ ਆਦਮੀ ਪਾਰਟੀ ਦੇ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਅਗਵਾਈ ਹੇਠ ਪੰਜਾਬ ਪ੍ਰਧਾਨ ਅਮਨ ਅਰੋੜਾ ਦੀ ਰਹਿਨੁਮਾਈ ਹੇਠ ਇਕ ਵਿਸ਼ਾਲ ਰੈਲੀ ਕੀਤੀ ਗਈ, ਜਿਸ ਵਿਚ ਹਲਕਾ ਮਜੀਠਾ ਤੋਂ ਅਕਾਲੀ ਦਲ ਤੇ ਕਾਂਗਰਸ ਦੀਆਂ ਪੰਚਾਇਤਾਂ ਸਮੇਤ ਸਰਪੰਚ, ਸਾਬਕਾ ਸਰਪੰਚਾਂ ਤੇ ਮੋਹਤਬਰਾਂ ਨੇ ਆਮ ਆਦਮੀ ਪਾਰਟੀ ਦਾ ਪੱਲਾ ਫੜ ਕੇ ਆਪਣਾ ਨਵਾਂ ਸਿਆਸੀ ਸਫਰ ਸ਼ੁਰੂ ਕੀਤਾ। ਰੈਲੀ ਦੌਰਾਨ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਅਮਨ ਅਰੋੜਾ ਨੇ ਵਿਰੋਧੀ ਸਿਆਸੀ ਪਾਰਟੀਆਂ ਨੂੰ ਰਗੜੇ ਲਾਉਂਦਿਆਂ ਕਿਹਾ ਕਿ ਕਾਂਗਰਸ ਤੇ ਅਕਾਲੀ ਦਲ ਨੇ ਹਮੇਸ਼ਾ ਭਾਈ ਭਤੀਜਾਵਾਦ ਪਾਲਿਆ ਅਤੇ ਪਾਣੀ ਦੇ ਮੁੱਦਿਆਂ 'ਤੇ ਆਪਣੀ ਦੋਗਲੀ ਨੀਤੀ ਨਾਲ ਸੂਬੇ ਦੇ ਲੋਕਾਂ ਨੂੰ ਗੁੰਮਰਾਹ ਕੀਤਾ। ਉਨਾ ਕਿਹਾ ਕਿ ਹਰਿਆਣਾ ਅਤੇ ਰਾਜਸਥਾਨ ਨੂੰ ਪੰਜਾਬ 'ਚ ਰਵਾਇਤੀ ਪਾਰਟੀਆਂ ਦੀਆਂ ਸਰਕਾਰਾਂ ਨੇ ਚੁੱਪ ਚਪੀਤੇ ਸਮਝੌਤੇ ਕਰਕੇ ਨਹਿਰੀ ਪਾਣੀ ਦਿੱਤਾ ਅਤੇ ਪੰਜਾਬ ਦਾ ਪਾਣੀ ਦੂਸਰੇ ਸੂਬਿਆਂ ਨੂੰ ਦੇ ਕੇ ਸੂਬੇ ਦੀ ਕਿਸਾਨੀ ਨਾਲ ਧੋਖਾ ਕੀਤਾ। ਪ੍ਰਧਾਨ ਅਰੋੜਾ ਨੇ ਖੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਅੱਜ ਕਰੀਬ 75 ਪ੍ਰਤੀਸ਼ਤ ਨਹਿਰੀ ਪਾਣੀ ਖੇਤਾਂ ਤੱਕ ਪਹੁੰਚ ਗਿਆ ਹੈ ਅਤੇ ਆਉਣ ਵਾਲੇ ਸਮੇਂ 'ਚ ਇਹ 95 ਪ੍ਰਤੀਸ਼ਤ ਹੋ ਜਾਵੇਗਾ ਜਿਸ ਨਾਲ ਕਿਸਾਨੀ ਖੁਸ਼ਹਾਲ ਹੋ ਜਾਵੇਗੀ। ਉਨਾਂ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਵੱਲੋਂ ਕੀਤੀ ਜਾ ਰਹੀ ਸਖਤ ਮਿਹਨਤ ਦੀ ਸ਼ਲਾਘਾ ਕੀਤੀ। ਉਨ੍ਹਾਂ ਤਲਬੀਰ ਗਿੱਲ ਦੇ ਹਲਕਾ ਮਜੀਠਾ ਤੋਂ ਮੁੜ ਸਿਆਸੀ ਸਫਰ ਦਾ ਜ਼ਿਕਰ ਕਰਦਿਆਂ ਕਿਹਾ ਕਿ ਹਲਕਾ ਇੰਚਾਰਜ ਲੱਗਣ ਉਪਰੰਤ ਜਿਸ ਸਰਗਰਮੀ ਨਾਲ ਉਨ੍ਹਾਂ ਸ਼ੁਰੂਆਤ ਕੀਤੀ ਉਸ ਨਾਲ ਅਕਾਲੀ ਦਲ ਅਤੇ ਕਾਂਗਰਸ ਦੇ ਸਰਪੰਚ ਅਤੇ ਸਾਬਕਾ ਸਰਪੰਚ ਆਪ 'ਚ ਸ਼ਾਮਲ ਹੋ ਗਏ। ਇਸ ਮੌਕੇ ਪੰਜਾਬ ਪ੍ਰਧਾਨ ਅਮਨ ਅਰੋੜਾ ਨੇ ਆਪ 'ਚ ਸ਼ਾਮਲ ਹੋਣ ਵਾਲਿਆਂ ਵਿਚ ਸਰਪੰਚ ਜਤਿੰਦਰ ਸਿੰਘ ਤਲਵੰਡੀ ਦੌਸੰਧਾ ਸਿੰਘ, ਸਰਪੰਚ ਕੁਲਵੰਤ ਕੌਰ ਦੁਧਾਲਾ, ਸਰਪੰਚ ਹਰਜਿੰਦਰ ਸਿੰਘ ਰੂਪੋਵਾਲੀ ਖੁਰਦ, ਸਾਬਕਾ ਸਰਪੰਚ ਪ੍ਰੇਮ ਸਿੰਘ ਸੋਨੀ ਕੱਥੂਨੰਗਲ, ਸਰਪੰਚ ਸਵਿੰਦਰ ਸਿੰਘ ਸ਼ਿੰਦਾ ਚਾਟੀਵਿੰਡ, ਸਰਪੰਚ ਰਵਿੰਦਰਪਾਲ ਸਿੰਘ ਗਿੱਲ ਹਦਾਇਤਪੁਰਾ, ਸਰਪੰਚ ਅਮਨਦੀਪ ਸਿੰਘ ਕੋਟਲਾ ਖੁਰਦ, ਸਰਪੰਚ ਜਸਪਾਲ ਪਤਾਲਪੁਰੀ, ਸਰਪੰਚ ਜਸਪਾਲ ਸਿੰਘ ਬੱਠੂਚੱਕ, ਸਰਪੰਚ ਗੁਰਨੂਪ ਸਿੰਘ ਪੰਧੇਰ ਖੁਰਦ, ਸਰਪੰਚ ਨੱਥਾ ਸਿੰਘ ਪੰਨਵਾ, ਸਰਪੰਚ ਰਜਵਿੰਦਰ ਕੌਰ ਸਹਿਣੇਵਾਲੀ, ਸਰਪੰਚ ਧਰਮ ਸਿੰਘ ਬੁਰਜ ਨੌ ਬਾਦ, ਸਰਪੰਚ ਸੁਖਵਿੰਦਰ ਕੌਰ ਕਲੇਰ ਮਾਂਗਟ, ਸਰਪੰਚ ਬੀਬੀ ਅਮਨਦੀਪ ਕੌਰ, ਸਰਪੰਚ ਹਰਭਜਨ ਸਿੰਘ



ਸਰਹਾਲਾ, ਸਰਪੰਚ ਬੀਬੀ ਮਨਜੀਤ ਕੌਰ ਝੰਡੇ, ਸਰਪੰਚ ਸਰਬਜੀਤ ਸਿੰਘ ਸਾਧਪੁਰ, ਸਰਪੰਚ ਲਖਵਿੰਦਰ ਸਿੰਘ ਮਰੜੀ ਖੁਰਦ, ਸਰਪੰਚ ਸੁਖਦੇਵ ਸਿੰਘ ਪੰਧੇਰ ਕਲਾਂ, ਸਰਪੰਚ ਨਿਰਮਲਾ ਗਾਲੋਵਾਲੀ ਕਲੋਨੀ, ਸਰਪੰਚ ਗੁਰਪ੍ਰੀਤ ਸਿੰਘ ਮੰਨਾ ਮਹੱਦੀਪੁਰ, ਸਰਪੰਚ ਮਨਜੀਤ ਸਿੰਘ ਬੁੱਢਾਥੇਹ, ਸਰਪੰਚ ਬਲਰਾਜ ਸਿੰਘ ਸਰਾਂ, ਸਰਪੰਚ ਸ਼ਮਸ਼ੇਰ ਸਿੰਘ ਗੌਸਲ ਨਹਿਰਾਂ ਵਾਲਾ, ਸਾਬਕਾ ਸਰਪੰਚ ਜਗਵੰਤ ਸਿੰਘ ਦੁਧਾਲਾ, ਸਾਬਕਾ ਸਰਪੰਚ ਗੁਰਜੰਟ ਸਿੰਘ ਉੱਦੋਕੇ ਖੁਰਦ, ਸਾਬਕਾ ਸਰਪੰਚ ਇੰਦਰ ਸਿੰਘ ਉਦੋਕੇ ਕਲਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ। ਇਸ ਮੌਕੇ ਸਾਬਕਾ ਮੰਤਰੀ ਕੁਲਦੀਪ ਸਿੰਘ ਧਾਲੀਵਾਲ, ਵਿਧਾਇਕ ਸਰਵਣ ਸਿੰਘ ਧੁੰਨ, ਮੇਅਰ ਜਤਿੰਦਰ ਸਿੰਘ ਭਾਟੀਆ, ਕਰਮਜੀਤ ਸਿੰਘ ਰਿੰਟੂ ਚੇਅਰਮੈਨ ਇੰਪਰੂਵਮੈਂਟ ਟਰੱਸਟ, ਚੇਅਰਮੈਨ ਗੁਰਪ੍ਰਤਾਪ ਸਿੰਘ, ਦਿਲਬਾਗ ਸਿੰਘ ਵਡਾਲੀ, ਪ੍ਰਿਤਪਾਲ ਸਿੰਘ ਬੱਲ, ਕ੍ਰਿਪਾਲ ਸਿੰਘ ਸੰਗਠਨ ਇੰਚਾਰਜ, ਸਰਪੰਚ ਚੰਨਪ੍ਰੀਤ ਸਿੰਘ ਅਜਾਇਬਵਾਲੀ ਸਿੰਘ, ਸਰਪੰਚ ਸੁਬੇਗ ਸਿੰਘ ਅਬਦਾਲ, ਸ਼ਿਵਰਾਜ ਸਿੰਘ ਭੀਲੋਵਾਲ, ਤਰਸੇਮ ਸਿੰਘ ਗਿੱਲ ਚਾਚੋਵਾਲੀ , ਸਰਪੰਚ ਰਵਿੰਦਰਪਾਲ ਸਿੰਘ ਹਦਾਇਤਪੁਰਾ, ਸਾਬਕਾ ਸਰਪੰਚ ਪ੍ਰੇਮ ਸਿੰਘ ਸੋਨੀ ਕੱਥੂਨੰਗਲ, ਮਨਜਿੰਦਰ ਸਿੰਘ ਮਾਂਗਾ ਸਰਾਏ, ਸਰਪੰਚ ਰਾਜ ਕੁਮਾਰ ਲੁੱਧੜ , ਸਮੇਤ ਵੱਡੀ ਗਿਣਤੀ 'ਚ ਆਪ ਵਰਕਰ ਸ਼ਾਮਲ ਸਨ।


## ਜਥੇਦਾਰ ਢਿੱਲਵਾਂ ਦੇ ਕਤਲ ਦਾ ਇਨਸਾਫ ਲੈਣ ਲਈ ਅਕਾਲੀ ਦਲ ਵੱਲੋਂ ਧਰਨਾ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ) ਜਥੇਦਾਰ ਦਲਬੀਰ ਸਿੰਘ ਢਿੱਲਵਾਂ ਦੇ ਕਤਲ ਦਾ ਇਨਸਾਫ ਲੈਣ ਲਈ ਅੱਜ ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲੋਂ ਜ਼ਿਲ੍ਹਾ ਪ੍ਰਧਾਨ ਤੇ ਸਾਬਕਾ ਕੈਬਨਿਟ ਮੰਤਰੀ ਜਥੇਦਾਰ ਸੁੱਚਾ ਸਿੰਘ ਲੰਗਾਹ ਦੀ ਅਗਵਾਈ ਹੇਠ ਡੇਰਾ ਬਾਬਾ ਨਾਨਕ ਦੇ ਮਹਾਰਾਜਾ ਰਣਜੀਤ ਸਿੰਘ ਚੌਂਕ (ਪੁਰਾਣਾ ਬੱਸ ਸਟੈਂਡ) ਵਿਖੇ ਵਿਸ਼ਾਲ ਰੋਸ ਧਰਨਾ ਦਿੱਤਾ ਗਿਆ। ਇਸ ਰੋਸ ਧਰਨੇ ਵਿੱਚ ਵੱਡੀ ਗਿਣਤੀ 'ਚ ਅਕਾਲੀ ਆਗੂਆਂ ਤੇ ਵਰਕਰਾਂ ਨੇ ਇਨਸਾਫ ਦੀ ਮੰਗ ਕੀਤੀ । ਇਸ ਧਰਨੇ ਨੂੰ ਸੰਬੋਧਨ ਕਰਦਿਆਂ ਜ਼ਿਲੇ ਦੇ ਸੀਨੀਅਰ ਅਕਾਲੀ ਆਗੂਆਂ ਨੇ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਕਿ ਜਥੇਦਾਰ ਦਲਬੀਰ ਸਿੰਘ ਢਿਲਵਾਂ ਦੇ ਹੋਏ ਕਤਲ ਦਾ ਪਰਵਾਰ ਨੂੰ ਇਨਸਾਫ ਦਿੱਤਾ ਜਾਵੇ । ਇਸ ਮੌਕੇ ਪੰਜਾਬ ਦੇ ਸਾਬਕਾ ਖੇਤੀਬਾੜੀ ਮੰਤਰੀ ਅਤੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਜ਼ਿਲ੍ਹਾ ਪ੍ਰਧਾਨ ਜਥੇਦਾਰ ਸੁੱਚਾ ਸਿੰਘ ਲੰਗਾਹ ਨੇ ਸੰਬੋਧਨ ਦੌਰਾਨ ਕਿਹਾ ਕਿ 2019 ਵਿੱਚ ਕੁਝ ਲੋਕਾਂ ਵੱਲੋਂ ਸੀਨੀਅਰ ਅਕਾਲੀ ਆਗੂ ਤੇ ਸਾਬਕਾ ਸਰਪੰਚ ਜਥੇਦਾਰ ਦਲਬੀਰ ਸਿੰਘ ਢਿਲਵਾਂ ਦਾ ਕਤਲ ਕਰ ਦਿੱਤਾ ਗਿਆ ਸੀ। ਉਹਨਾਂ ਦੱਸਿਆ ਕਿ ਉਸ ਮੌਕੇ ਅਕਾਲੀ ਦਲ ਦੀ ਸੀਨੀਅਰ ਲੀਡਰਸ਼ਿਪ ਵੱਲੋਂ ਧਰਨਾ ਲਗਾ ਕੇ ਪੁਲਸ ਪ੍ਰਸ਼ਾਸਨ ਤੇ ਸਰਕਾਰ ਕੋਲੋਂ ਮੰਗ ਕੀਤੀ ਗਈ ਸੀ ਕਿ ਦਲਬੀਰ ਸਿੰਘ ਢਿੱਲਵਾਂ ਦੇ ਅਸਲ ਕਾਤਲਾਂ ਖਿਲਾਫ ਪਰਚਾ ਦਰਜ ਕੀਤਾ ਜਾਵੇ। ਪਰ ਉਸ ਸਮੇਂ ਕਾਂਗਰਸ ਸਰਕਾਰ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵੱਲੋਂ ਇਸ ਮਾਮਲੇ ਦੀ ਜਾਂਚ ਪੜਤਾਲ ਨਹੀਂ ਹੋਣ ਦਿੱਤੀ ਗਈ ਅਤੇ ਇਸ ਮਾਮਲੇ ਨੂੰ ਦਬਾ ਦਿੱਤਾ ਗਿਆ। ਉਹਨਾਂ ਦੱਸਿਆ ਕਿ ਬੀਤੇ ਦਿਨੀਂ ਗੈਂਗਸਟਰ ਜੱਗੂ ਭਗਵਾਨਪੁਰੀਏ ਦੇ ਭਰਾ ਵੱਲੋਂ ਵਿਦੇਸ਼ ਤੋਂ ਮੀਡੀਆ ਨੂੰ ਦਿੱਤੀ ਗਈ ਇੰਟਰਵਿਊ ਵਿੱਚ ਇਹ ਸਭ ਕੁਝ ਕਲੀਅਰ ਕਰ ਦਿੱਤਾ ਗਿਆ ਹੈ ਜਿਸ ਵਿੱਚ ਉਸ ਨੇ ਦੱਸਿਆ ਕਿ ਉਸ ਮੌਕੇ ਜਥੇਦਾਰ ਦਲਬੀਰ ਸਿੰਘ ਢਿੱਲਵਾਂ ਦਾ ਕਤਲ ਹਲਕੇ ਦੇ ਕਾਂਗਰਸੀ ਆਗੂ ਤੇ ਸਾਬਕਾ ਉਪ ਮੁੱਖ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ ਵੱਲੋਂ ਜੱਗੂ ਦੇ ਬੰਦਿਆਂ ਕੋਲੋਂ ਹੀ ਕਰਵਾਇਆ ਗਿਆ ਸੀ। ਉਹਨਾਂ ਪੰਜਾਬ ਸਰਕਾਰ ਤੇ ਪੁਲਸ ਦੇ ਉੱਚ ਅਧਿਕਾਰੀਆਂ ਕੋਲੋਂ ਮੰਗ ਕੀਤੀ ਤੇ ਜਥੇਦਾਰ ਦਲਬੀਰ ਸਿੰਘ ਢਿੱਲਵਾਂ ਦੇ ਕਤਲ ਦਾ



ਮੁਕੱਦਮਾ ਸੁਖਜਿੰਦਰ ਸਿੰਘ ਰੰਧਾਵਾ 'ਤੇ ਤੁਰੰਤ ਦਰਜ ਕਰਕੇ ਉਸ ਨੂੰ ਗ੍ਰਿਫਤਾਰ ਕੀਤਾ ਜਾਵੇ। ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕਿ ਇਸ ਮਾਮਲੇ ਦੀ ਜਾਂਚ ਸੀ ਬੀ ਆਈ ਕੋਲੋਂ ਕਰਵਾਈ ਜਾਵੇ ।ਉਹਨਾਂ ਕਿਹਾ ਕਿ ਜੇਕਰ ਸਰਕਾਰ ਤੇ ਪੁਲਸ ਪ੍ਰਸ਼ਾਸਨ ਨੇ ਸੁਖਜਿੰਦਰ ਸਿੰਘ ਰੰਧਾਵਾ ਤੇ ਦਲਬੀਰ ਸਿੰਘ ਢਿੱਲਵਾਂ ਦੇ ਕਤਲ ਦਾ ਮੁਕੱਦਮਾ ਦਰਜ ਨਾ ਕੀਤਾ ਤਾਂ ਪਾਰਟੀ ਹਾਈਕਮਾਂਡ ਨਾਲ ਮਿਲ ਕੇ ਇਸ ਸੰਘਰਸ਼ ਦੀ ਅਗਲੀ ਰਣਨੀਤੀ ਤੈਅ ਕੀਤੀ ਜਾਵੇਗੀ। ਇਸ ਮੌਕੇ ਸੁਖਜਿੰਦਰ ਸਿੰਘ ਸੋਨੂੰ ਲੰਗਾਹ, ਗੁਰਿੰਦਰ ਪਾਲ ਸਿੰਘ ਗੋਰਾ ਮੈਂਬਰ ਐਸਜੀਪੀਸੀ, ਮਲਕੀਤ ਸਿੰਘ ਮਧਰਾ, ਪਲਵਿੰਦਰ ਸਿੰਘ ਲੰਬੜਦਾਰ, ਬਾਬਾ ਸੁਖਵਿੰਦਰ ਸਿੰਘ, ਬਾਬਾ ਸਰਵਣ ਸਿੰਘ ਮਲਕਪੁਰ ਵਾਲੇ, ਤੇਜਬੀਰ ਸਿੰਘ ਦਿਉਲ ਪੀ ਏ ਲੰਗਾਹ, ਅੰਮ੍ਰਿਤ ਸਿੰਘ ਭਿੰਡਰ ਸੋਸ਼ਲ ਮੀਡੀਆ ਇੰਚਾਰਜ, ਚੇਅਰਮੈਨ ਤਰਲੋਕ ਸਿੰਘ ਬਾਠ, ਚੇਅਰਮੈਨ ਸੁਖਬੀਰ ਸਿੰਘ ਵਾਹਲਾ, ਚੇਅਰਮੈਨ ਅਮਰੀਕ ਸਿੰਘ ਵਡਾਲਾ ਬਾਂਗਰ, ਚੇਅਰਮੈਨ ਗੁਰਦੇਵ ਸਿੰਘ ਧਾਰੋਵਾਲੀ, ਚੇਅਰਮੈਨ ਸਰਬਜੀਤ ਸਿੰਘ ਫੱਤੂਪੁਰ, ਪਰਮਵੀਰ ਸਿੰਘ ਲਾਡੀ, ਹਰਦੇਵ ਸਿੰਘ ਬਾਜੇ ਚੱਕ, ਨਰਿੰਦਰਜੀਤ ਸਿੰਘ ਪਾਹੜਾ, ਕੁਲਬੀਰ ਸਿੰਘ ਰਿਆੜ, ਬਲਵਿੰਦਰ ਸਿੰਘ ਢਿਲਵਾਂ ਸਰਕਲ ਪ੍ਰਧਾਨ ਕੋਟਲੀ ਸੂਰਤ ਮੱਲੀ, ਰਜਿੰਦਰ ਸਿੰਘ ਵੈਰੋਕੇ ਸਰਕਲ ਪ੍ਰਧਾਨ ਡੇਰਾ ਬਾਬਾ ਨਾਨਕ,ਹਰਸਿਮਰਤ ਸਿੰਘ ਬਾਜਵਾ ਵੈਰੋਕੇ, ਰਣਜੀਤ ਸਿੰਘ ਸਰਕਲ ਪ੍ਰਧਾਨ ਕਲਾਨੌਰ, ਪ੍ਰਧਾਨ ਜਗਰੂਪ ਸਿੰਘ ਸਾਹਪੁਰ, ਸਤਬੀਰ ਸਿੰਘ ਬਿੱਟੂ, ਭਾਈ ਵਰਿਆਮ ਸਿੰਘ ਅਗਵਾਨ, ਗੁਰਮੇਜ ਸਿੰਘ ਨਿੱਕੋਸਰਾਂ, ਸਤਨਾਮ ਸਿੰਘ ਪਟਵਾਰੀ ਠੇਠਰਕੇ, ਜਸਪਿੰਦਰ ਸਿੰਘ ਝੰਗੀ, ਬਲਜੀਤ ਸਿੰਘ ਬੱਬੂ ਖੰਨਾ ਚਮਾਰਾ, ਬਲਦੇਵ ਸਿੰਘ ਤਪਾਲਾ, ਗੁਰਪ੍ਰੀਤ ਸਿੰਘ ਬਾਦਲ, ਅਮਰਜੀਤ ਸਿੰਘ ਝੰਗੀ, ਬੱਬੂ ਸਾਹਪੁਰ, ਅਮਰਜੀਤ ਸਿੰਘ ਧਰਮਕੋਟ ਰੰਧਾਵਾ, ਵਰਿੰਦਰ ਸਿੰਘ ਬਿੱਟੂ ਸ਼ਾਮਪੁਰਾ, ਅਮਰਜੀਤ ਸ਼ਰਮਾ ਸਾਧਾਂਵਾਲੀ, ਬਲਵਿੰਦਰ ਸਿੰਘ ਰਾਮਦਵਾਲੀ, ਅਮਰਜੀਤ ਸਿੰਘ ਪਾਲੀ ਸਿੰਘਪੁਰਾ, ਹਰਜੀਤ ਸਿੰਘ ਧਰਮਾਂਵਾਦ, ਜਸਪਾਲ ਸਿੰਘ ਮੇਤਲਾ, ਨਿਰਮਲ ਸਿੰਘ ਹਰੂਵਾਲ, ਬਾਬਾ ਸੁਰਜੀਤ ਸਿੰਘ ਕਾਦੀਆਂ, ਜੋਗਾ ਸਿੰਘ ਮਾਨ, ਸੁਖਚੈਨ ਸਿੰਘ ਵੈਰੋਕੇ, ਜਗਦੀਪ ਸਿੰਘ ਜੱਗਾ, ਬਲਜੀਤ ਸਿੰਘ ਠੇਠਰਕੇ, ਗੁਰਪ੍ਰੀਤ ਸਿੰਘ ਗੋਰਾ, ਸਿਮਰ ਸਰਹਾਲੀ, ਸੰਦੀਪ ਸਿੰਘ ਢਿਲਵਾਂ, ਅਮਰੀਕ ਸਿੰਘ ਵੈਰੋਕੇ, ਜਸਪਾਲ ਸਿੰਘ ਵੈਰੋਕੇ ,ਸੁਖਦੇਵ ਸਿੰਘ ਪੱਲੇ ਨੰਗਲ, ਜਗਮੋਹਨ ਸਿੰਘ ਮੇਘਾ, ਜਗਮੋਹਨ ਸਿੰਘ ਹਰੂਵਾਲ, ਸੁੱਚਾ ਸਿੰਘ ਮਾਨ, ਪ੍ਰਗਟ ਸਿੰਘ ਕੋਠਾ, ਰਣਬੀਰ ਸਿੰਘ ਅਬਦਾਲ ਸਮੇਤ ਵੱਡੀ ਗਿਣਤੀ ਅਕਾਲੀ ਵਰਕਰ ਤੇ ਆਗੂ ਹਾਜ਼ਰ ਸਨ ।

## ਜਨਮ ਦਿਨ ਮੁਬਾਰਕ



ਜਸਮੀਤ ਕੌਰ
ਵਾਸੀ : ਜਲੰਧਰ



ਸਹਿਜਦੀਪ ਕੌਰ
ਪਿਤਾ : ਹਰਪ੍ਰੀਤ ਸਿੰਘ ਬੋਪਾਰਾਏ
ਵਾਸੀ : ਫਤਹਿਗੜ੍ਹ ਚੂੜੀਆਂ

## ਵਰ੍ਹੇਗੰਢ ਮੁਬਾਰਕ



ਹਰਜ਼ਦੀਪ ਬਾਂਸਲ ਅਤੇ ਕਾਜਲ ਬਾਂਸਲ ਵਾਸੀ ਜੈਤੋ ਨੂੰ ਵਿਆਹ ਦੀ 5ਵੀਂ ਵਰ੍ਹੇਗੰਢ ਦੀਆਂ ਮੁਬਾਰਕਾਂ।

# ਅਧਿਆਪਕਾਂ ਦੀਆਂ ਹੱਕੀ ਮੰਗਾਂ ਲਈ ਅਗਲੇਰੇ ਸੰਘਰਸ਼ 'ਚ ਵੱਡੀ ਸ਼ਮੂਲੀਅਤ ਕਰਾਂਗੇ : ਕਰਨੈਲ ਫਿਲੌਰ

**ਜਲੰਧਰ (ਰਾਜੇਸ਼ ਥਾਪਾ)**- ਗੌਰਮਿੰਟ ਟੀਚਰਜ਼ ਯੂਨੀਅਨ ਜ਼ਿਲ੍ਹਾ ਜਲੰਧਰ ਨੇ ਸੂਬਾਈ ਸੱਦੇ ਅਨੁਸਾਰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿੱਚ ਜ਼ਿਲ੍ਹਾ ਜਲੰਧਰ ਦੀ ਜਨਰਲ ਬਾਡੀ ਮੀਟਿੰਗ ਕਰਨੈਲ ਫਿਲੌਰ ਦੀ ਪ੍ਰਧਾਨਗੀ ਵਿੱਚ ਕੀਤੀ ਗਈ,ਜਿਸ ਵਿੱਚ ਸੈਂਕੜੇ ਅਧਿਆਪਕਾਂ ਨੇ ਹਿੱਸਾ ਲਿਆ।ਇਸ ਮੀਟਿੰਗ ਨੂੰ ਖ਼ਾਸ ਤੌਰ 'ਤੇ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਆਗੂ ਕੁਲਦੀਪ ਸਿੰਘ ਦੌੜਕਾ, ਪ ਸ ਸ ਫ ਦੇ ਸੂਬਾਈ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਨੇ ਸੰਬੋਧਨ ਕੀਤਾ ਅਤੇ ਗੌਰਮਿੰਟ ਟੀਚਰਜ਼ ਯੂਨੀਅਨ ਵੱਲੋਂ ਲੜੇ ਜਾ ਰਹੇ ਅਗਲੇਰੇ ਸੰਘਰਸ਼ਾਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਗੌਰਮਿੰਟ ਟੀਚਰਜ਼ ਯੂਨੀਅਨ ਦੀ ਸੂਬਾਈ ਜਨਰਲ ਕੌਂਸਲ 08 ਨਵੰਬਰ ਨੂੰ ਜਲੰਧਰ ਵਿੱਚ ਕਰਨ ਦਾ ਐਲਾਨ ਕੀਤਾ ਗਿਆ ਅਤੇ ਜਨਰਲ ਕੌਂਸਲ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਡਿਊਟੀਆਂ ਦੀ ਵੰਡ ਕੀਤੀ ਗਈ। ਇਸ ਮੌਕੇ ਮੁਲਾਜ਼ਮਾਂ ਦੀ ਅਹਿਮ ਮੰਗ ਪੁਰਾਣੀ ਪੈਨਸ਼ਨ ਲਾਗੂ ਕਰਾਉਣ ਲਈ ਲੜੇ ਜਾ ਰਹੇ ਸੰਘਰਸ਼ ਦੀ ਪੂਰਨ ਹਮਾਇਤ ਦਾ ਫ਼ੈਸਲਾ ਕੀਤਾ ਗਿਆ। ਅਧਿਆਪਕ ਆਗੂਆਂ ਨੇ ਕਿਹਾ ਕਿ ਜੇਕਰ ਅਧਿਆਪਕ ਵਰਗ ਦੀਆਂ ਹੱਕੀ ਮੰਗਾਂ ਨੂੰ ਸਰਕਾਰ ਨੇ ਜੇਕਰ ਅਣਗੌਲਿਆਂ ਕਰਨ ਦੀ ਨੀਤੀ ਅਪਣਾਈ ਰੱਖੀ ਤਾਂ ਜਲਦ ਹੀ ਤਿੱਖੇ ਅਤੇ ਲਗਾਤਾਰ ਸੰਘਰਸ਼ਾਂ ਦੀ ਲੜੀ ਸ਼ੁਰੂ ਕੀਤੀ ਜਾਵੇਗੀ। ਇਸ ਮੌਕੇ ਬਲਜੀਤ ਸਿੰਘ ਕੁਲਾਰ, ਤੀਰਥ ਸਿੰਘ ਬਾਸੀ, ਰਜਿੰਦਰ ਸਿੰਘ ਭੋਗਪੁਰ, ਜਤਿੰਦਰ ਸਿੰਘ, ਸੰਦੀਪ ਰਾਜੋਵਾਲ, ਗੁਰਮੇਲ ਸਿੰਘ, ਰਣਜੀਤ ਠਾਕੁਰ, ਮੈਨਾਲੀ ਸ਼ਰਮਾ, ਬੇਅੰਤ ਕੌਰ, ਤਰਸੇਮ ਲਾਲ, ਗੁਰਿੰਦਰ ਸਿੰਘ, ਸੁਖਵਿੰਦਰ ਰਾਮ, ਲੇਖ ਰਾਜ ਪੰਜਾਬੀ, ਸੁਸ਼ੀਲ ਕੁਮਾਰ, ਸੰਦੀਪ ਕੰਗ, ਭੋਲਾ ਰਾਮ, ਗੁਰਿੰਦਰ ਸਿੰਘ, ਵਿਨੋਦ ਕੁਮਾਰ ਭੱਟੀ, ਹਰਮਨਜੋਤ ਸਿੰਘ ਆਹਲੂਵਾਲੀਆ, ਕੁਲਵੰਤ ਸਿੰਘ, ਜਗਿੰਦਰ ਸਿੰਘ ਜੋਗੀ, ਪਵਨ ਕੁਮਾਰ, ਰਮਨ ਕੁਮਾਰ, ਵਿਜੇ ਕੁਮਾਰ, ਕਵਿਸ਼, ਰਾਧੇ ਸ਼ਾਮ, ਰਘੁਵੀਰ, ਜਸਵੀਰ ਰਾਮ, ਕਮਲਦੇਵ ਸਿੰਘ, ਮੱਖਣ ਲਾਲ, ਧਰਮਿੰਦਰ ਜੀਤ ਆਦਿ ਹਾਜ਼ਰ ਸਨ।



# ਸਰਕਾਰੀ ਬਹੁ-ਤਕਨੀਕੀ ਕਾਲਜ ਨੂੰ 20 ਕੰਪਿਊਟਰ ਭੇਟ

**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ)**- ਕਾਰਪੋਰੇਟ ਸੋਸ਼ਲ ਰਿਸਪਾਂਸਿਬਿਲਿਟੀ (ਸੀ ਐੱਸ ਆਰ) ਮੈਨੇਜਮੈਂਟ ਪ੍ਰੋਗਰਾਮ ਤਹਿਤ ਵਰਧਮਾਨ ਯਾਰਨਜ ਐਂਡ ਥਰੈਡਸ ਲਿਮਟਿਡ ਕੰਪਨੀ ਹੁਸ਼ਿਆਰਪੁਰ ਵੱਲੋ ਕੰਪਨੀ ਦੇ ਐੱਮ ਡੀ ਸੰਜੀਵ ਨਰੂਲਾ ਦੀ ਅਗਵਾਈ ਹੇਠ ਪੰਡਤ ਜਗਤ ਰਾਮ ਸਰਕਾਰੀ ਬਹੁਤਕਨੀਕੀ ਕਾਲਜ ਹੁਸ਼ਿਆਰਪੁਰ ਨੂੰ 20 ਕੰਪਿਊਟਰ ਭੇਟ ਕੀਤੇ ਗਏ। ਇਸ ਮੌਕੇ ਕੰਪਨੀ ਦੇ ਐੱਮ ਡੀ ਸ੍ਰੀ ਸੰਜੀਵ ਨਰੂਲਾ ਵਲੋਂ ਵਿਦਿਆਰਥੀਆਂ ਦੀ ਜ਼ਰੂਰਤ ਨੂੰ ਮੁਖ ਰੱਖਦੇ ਹੋਏ ਅਪਗਰੇਡ ਕੀਤੀ ਕੰਪਿਊਟਰ ਲੈਬ ਦਾ ਉਦਘਾਟਨ ਕੀਤਾ ਗਿਆ ਅਤੇ ਉਹਨਾਂ ਵਿਦਿਆਰਥੀਆਂ ਨੂੰ ਇਸ ਸਹੂਲਤ ਦਾ ਭਰਪੂਰ ਲਾਭ ਉਠਾਉਣ ਲਈ ਕਿਹਾ।ਇਸ ਦੌਰਾਨ ਉਹਨਾਂ ਨਾਲ ਵਰਧਮਾਨ ਯਾਰਨਜ ਐਂਡ ਥਰੈਡਸ ਲਿਮਟਿਡ ਕੰਪਨੀ ਦੇ ਡਾਇਰੈਕਟਰ ਐਡਮਿਨ ਸ੍ਰੀ ਤਰੁਨ ਚਾਵਲਾ, ਰਜਨੀਸ਼ ਯਾਦਵ ਆਈ ਟੀ ਹੈੱਡ ਅਤੇ ਚੀਫ ਸਕਿਊਰਟੀ ਅਫਸਰ ਪ੍ਰਦੀਪ ਡਡਵਾਲ ਵੀ ਮੌਜੂਦ ਸਨ। ਕਾਲਜ ਦੇ ਪ੍ਰਿੰਸੀਪਲ ਰਾਜੇਸ਼ ਕੁਮਾਰ ਧੁੰਨਾ ਨੇ ਵਰਧਮਾਨ ਯਾਰਨਜ ਐਂਡ ਥਰੈਡਸ ਲਿਮਟਿਡ ਕੰਪਨੀ ਵੱਲੋਂ ਵਿਦਿਆਰਥੀਆਂ ਲਈ ਕੀਤੇ ਗਏ ਇਸ ਉਪਰਾਲੇ ਲਈ ਉਹਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਵਿਭਾਗੀ ਮੁਖੀ ਰਚਨਾ ਸ਼ਰਮਾ, ਵਿਪੁੱਲ ਬੱਗਾ, ਅਫਸਰ ਇੰਚਾਰਜ ਮੁਨੀਸ਼ ਕਪਲਸ਼, ਜਸਵੰਤ ਕੌਰ, ਅਰੁਨ ਕੁਮਾਰ, ਸੁਮਿਤ ਵਰਮਾ, ਜਨਮੀਤ ਸਿੰਘ, ਰਾਜੇਸ਼ ਕੁਮਾਰ ਅਤੇ ਕਾਲਜ ਦੇ ਰਿਟਾਇਰ ਹੋਏ ਅਧਿਕਾਰੀ ਸਵਰਨ ਸਿੰਘ ਅਤੇ ਵਿਜੇ ਕੁਮਾਰ ਵੀ ਸ਼ਾਮਿਲ ਹੋਏ।



## ਤਰਕਸ਼ੀਲ ਸੁਸਾਇਟੀ ਦੀ ਮੀਟਿੰਗ

**ਜਲੰਧਰ (ਕੇਸਰ)**- ਦੇਸ਼ ਭਗਤ ਯਾਦਗਾਰ ਹਾਲ 'ਚ ਤਰਕਸ਼ੀਲ ਸੋਸਾਇਟੀ ਜਲੰਧਰ ਯੂਨਿਟ ਦੀ ਮੀਟਿੰਗ ਵਿਜੇ ਰਾਹੀ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਮੋਗਾ ਰੈਲੀ ਜਾਣ ਲਈ ਗੱਡੀ ਦਾ ਪ੍ਰਬੰਧ, ਪਿਛਲੇ ਸਮੇਂ ਵਿੱਚ ਸਕੂਲਾਂ ਵਿੱਚ ਪ੍ਰੀਖਿਆ ਸਬੰਧੀ ਵਿਊ ਕੀਤਾ ਵੱਖ ਵੱਖ ਸਕੂਲਾਂ ਦੇ ਵਿੱਚ ਵੱਖ-ਵੱਖ ਡਿਊਟੀਆਂ ਲਗਾਈਆਂ ਗਈਆਂ। ਕੁਝ ਸਕੂਲਾਂ ਵਿੱਚ ਬਹੁਤ ਉਸ ਚੰਗਾ ਹੁੰਗਾਰਾ ਮਿਲਿਆ। ਮੀਟਿੰਗ ਵਿੱਚ ਸਾਥੀ ਜਰਨੈਲ ਸਿੰਘ, ਅਸ਼ੋਕ ਕੁਮਾਰ, ਸੁਰਿੰਦਰ ਕੁਮਾਰ, ਨਸੀਬ ਚੰਦ, ਅਰੁਣ ਸਾਂਪਲਾ, ਪਰਮਜੀਤ ਨੇ ਹਿੱਸਾ ਲਿਆ।

## ਸਾਚੀ ਮੇਕਓਵਰ ਦੀ ਦੂਸਰੀ ਬਰਾਂਚ ਬਰਾਈਡਲ ਸਟੂਡੀਓ ਦਾ ਮਹੂਰਤ

ਅੰਮ੍ਰਿਤਸਰ : ਬਹੁਤ ਹੀ ਘੱਟ ਸਮੇਂ ਵਿੱਚ ਮੇਕਅਪ ਇੰਡਸਟਰੀ ਵਿੱਚ ਆਪਣਾ ਨਾਮ ਬਣਾ ਚੁੱਕੇ ਸਾਚੀ ਮੇਕਓਵਰ ਦੀ ਸਫਲਤਾ ਤੋਂ ਬਾਅਦ ਦੂਸਰੀ ਬਰਾਂਚ ਬਰਾਈਡਲ ਸਟੂਡੀਓ ਜੋ ਕਿ ਖਾਲਸਾ ਕਾਲਜ ਗੇਟ ਨੰਬਰ ਚਾਰ ਸਾਹਮਣੇ ਸੂਰਤਾ ਸਿੰਘ ਰੋਡ ਵਿਖੇ ਸ਼ੁਰੂ ਕੀਤੀ ਗਈ ਹੈ ਇਸ ਦਾ ਸ਼ੁਭ ਮਹੂਰਤ ਮੈਡਮ ਸਾਚੀਪ੍ਰੀਤ ਵੱਲੋਂ ਰਿਬਨ ਅਤੇ ਕੇਕ ਕੱਟ ਕੇ ਕੀਤਾ ਗਿਆ।



ਇਸ ਮੌਕੇ ਤੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਉਹਨਾਂ ਨੇ ਕਿਹਾ ਕੀ ਵਿਸ਼ੇਸ਼ ਤੌਰ ਤੇ ਔਰਤਾਂ ਲਈ ਇਹ ਸਲੂਨ ਜੋ ਕਿ ਮੇਕਅਪ ਦੇ ਵਿਸ਼ੇਸ਼ ਆਰਟਿਸਟਾਂ ਨਾਲ ਦੁਲਹਨ ਦਾ ਮੇਕਅਪ ਸਬੰਧੀ ਹਰ ਸਮੱਸਿਆ ਦਾ ਹੱਲ ਇੱਕ ਛੱਤ ਥੱਲੇ ਹੀ ਕੀਤਾ ਜਾਵੇਗਾ। ਇੱਥੇ ਹੇਅਰ, ਨੇਲ ਅਤੇ ਸਕਿਨ ਦਾ ਫੁੱਲ ਟਰੀਟਮੈਂਟ ਕੀਤਾ ਜਾਂਦਾ ਹੈ। ਜਲਦ ਹੀ ਸਾਚੀ ਬਰਾਈਡਨ ਸਟੂਡੀਉ ਆਪਣੀ ਅਕੈਡਮੀ ਵੀ ਲੈ ਕੇ ਆ ਰਿਹਾ ਹੈ ਜਿਸ ਵਿੱਚ ਵਿਦਿਆਰਥੀ ਪੜ੍ਹਾਈ ਤੋਂ ਹਟ ਕੇ ਪ੍ਰੈਕਟੀਕਲ ਵਰਕ ਤੇ ਜ਼ਿਆਦਾ ਫੋਕਸ ਕੀਤਾ ਜਾਵੇਗਾ ਜੋ ਕਿ ਉਹਨਾਂ ਦੇ ਭਵਿੱਖ ਬਣਾਉਣ ਵਿੱਚ ਬਹੁਤ ਮਦਦਗਾਰ ਹੋਵੇਗਾ, ਦੂਸਰੇ ਸਲੂਨਾਂ ਤੋਂ ਹਟ ਉਹਨਾਂ ਨੂੰ ਘੱਟ ਸਮੇਂ ਵਿੱਚ ਤਰਬੇਕਾਰ ਟੀਚਰਸ ਵੱਲੋਂ ਸਿਖਲਾਈ ਦਿੱਤੀ ਜਾਵੇਗੀ ਉਹਨਾਂ ਕਿਹਾ ਕਿ ਸਲੂਨ ਦੀ ਓਪਨਿੰਗ ਤੇ ਸਲੂਨ ਵੱਲੋਂ ਵਿਸ਼ੇਸ਼ ਡਿਸਕਾਊਂਟ ਦਿੱਤੇ ਜਾ ਰਹੇ ਹਨ ਤਾਂ ਜੋ ਲੋਕ ਇਹਨਾਂ ਸੇਵਾਵਾਂ ਦਾ ਜਿਆਦਾ ਤੋਂ ਜਿਆਦਾ ਲਾਭ ਲੈ ਸਕਣ। ਬਰਾਈਡਲਾਂ ਦੀ ਐਡਵਾਂਸ ਬੁਕਿੰਗ ਵੀ ਸ਼ੁਰੂ ਕਰ ਦਿੱਤੀ ਗਈ ਹੈ।

## ਸਿੱਧੂ ਨੇ ਮੋਹਾਲੀ ਆਕਸੀਜਨ ਪਲਾਂਟ ਧਮਾਕੇ 'ਤੇ ਦੁੱਖ ਪ੍ਰਗਟ ਕੀਤਾ

**ਐਸ ਏ ਐਸ ਨਗਰ (ਗੁਰਜੀਤ ਬਿੱਲਾ)**- ਸਾਬਕਾ ਸਿਹਤ ਮੰਤਰੀ ਅਤੇ ਪੰਜਾਬ ਕਾਂਗਰਸ ਦੇ ਸੀਨੀਅਰ ਆਗੂ ਬਲਬੀਰ ਸਿੰਘ ਸਿੱਧੂ ਨੇ ਮੋਹਾਲੀ ਦੇ ਉਦਯੋਗਿਕ ਖੇਤਰ ਵਿੱਚ ਇੱਕ ਆਕਸੀਜਨ ਸਿਲੰਡਰ ਪਲਾਂਟ ਵਿੱਚ ਹੋਏ ਧਮਾਕੇ 'ਤੇ ਦੁੱਖ ਪ੍ਰਗਟ ਕੀਤਾ। ਇੱਕ ਪ੍ਰੈੱਸ ਬਿਆਨ 'ਚ ਸਿੱਧੂ ਨੇ ਕਿਹਾ, 'ਮੈਨੂੰ ਇਸ ਦੁਖ਼ਦਾਈ ਧਮਾਕੇ ਬਾਰੇ ਜਾਣ ਕੇ ਬਹੁਤ ਦੁੱਖ ਹੋਇਆ ਹੈ, ਜਿਸ ਵਿੱਚ ਦੋ ਮਾਸੂਮ ਜਾਨਾਂ ਗਈਆਂ ਹਨ ਅਤੇ ਕਈ ਹੋਰ ਜ਼ਖ਼ਮੀ ਹੋ ਗਏ ਹਨ।' ਸਿੱਧੂ ਨੇ ਪੰਜਾਬ ਸਰਕਾਰ ਤੋਂ ਪ੍ਰਭਾਵਿਤ ਪਰਵਾਰਾਂ ਲਈ ਤੁਰੰਤ ਮੁਆਵਜ਼ੇ ਦੀ ਮੰਗ ਕੀਤੀ।

# ਝਿੰਗੜਾਂ ਵਿਖੇ ਸਾਊਦੀ ਅਰਬ ਤੋਂ ਨੌਜਵਾਨ ਦੀ ਲਾਸ਼ ਪੁੱਜੀ

**ਬੰਗਾ (ਅਵਤਾਰ ਕਲੇਰ)** ਨਜ਼ਦੀਕ ਪਿੰਡ ਝਿੰਗੜਾਂ ਵਿਖੇ ਜਸਵੀਰ ਸ਼ੀਰਾ ਪੁੱਤਰ ਸਵ. ਰਾਮ ਲਾਲ ਜੋ ਆਪਣੇ ਪਰਵਾਰ ਦੇ ਚੰਗੇ ਭਵਿੱਖ ਲਈ ਸਾਊਦੀ ਅਰਬ ਗਿਆ ਸੀ। ਜਿਸ ਦੀ 19 ਜੁਲਾਈ ਨੂੰ ਹਾਰਟ ਅਟੈਕ ਆਉਣ ਨਾਲ ਮੌਤ ਹੋ ਗਈ। ਮੌਤ ਦੀ ਖ਼ਬਰ ਸੁਣ ਕੇ ਪਿੰਡ ਵਿੱਚ ਸੋਗ ਦੀ ਲਹਿਰ ਫੈਲ ਗਈ। ਜਸਵੀਰ ਸ਼ੀਰਾ ਦੀ ਲਾਸ਼ ਪਿੰਡ ਪੁੱਜਣ 'ਤੇ ਅੰਤਿਮ ਸੰਸਕਾਰ ਕੀਤਾ ਗਿਆ। ਚਿਖਾ ਨੂੰ ਅਗਨੀ ਉਨ੍ਹਾਂ ਦੇ ਛੋਟੇ ਬੱਚਿਆਂ ਤੇ ਵੱਡੇ ਭਰਾ ਭੋਲਾ ਰਾਮ ਤੇ ਸੋਮ ਨਾਥ ਵਲੋਂ ਦਿਖਾਈ ਗਈ। ਇਸ ਅੰਤਿਮ ਯਾਤਰਾ ਵਿਚ ਜਥੇ ਰਣਜੀਤ ਸਿੰਘ ਝਿੰਗੜ, ਸੁੱਚਾ ਸਿੰਘ ਝਿੰਗੜ, ਸੰਤੋਖ ਸਿੰਘ ਗਰੇਵਾਲ ,ਬੀਬੀ ਰੇਸ਼ਮਾਂ ਮੁੱਖ ਸੇਵਾਦਾਰ ਸ੍ਰੀ ਨਾਭ ਕੰਵਲ ਰਾਜਾ ਸਾਹਿਬ ਤਪ ਅਸਥਾਨ ਛੱਪੜੀ ਸਾਹਿਬ,ਕਸ਼ਮੀਰ ਸਿੰਘ ਪੱਪੂ ,ਵੈਦ ਗੁਰਮੇਲ ਰਾਮ, ਸੁਰਜੀਤ ਸਿੰਘ ਝੰਡੇ, ਬਹਾਦਰ ਸਿੰਘ ਮਹਿਮੀ, ਪਰਮਜੀਤ ਸਿੰਘ ਗਰੇਵਾਲ ਪੰਚ, ਗੁਰਦੇਵ ਰਾਮ ਪੰਚ,ਤਰਸੇਮ ਲਾਲ ਪੰਚ, ਜਸਵੀਰ ਕੌਰ ਪੰਚ, ਮਨਪ੍ਰੀਤ ਕੌਰ ਪੰਚ, ਜਸਵਿੰਦਰ ਕੌਰ,ਜਸਵਿੰਦਰ ਸਿੰਘ ਢੰਡਾ, ਕੁਲਦੀਪ ਝਿੰਗੜ, ਸੁਰਿੰਦਰ ਪਾਲ ਰਤਨ ਲੋਧੀਪੁਰ,ਬਿਸ਼ਨ ਸਿੰਘ ,ਨੰਬਰਦਾਰ ਬਾਵਾ ਸਿੰਘ ਸ਼ੇਰਗਿੱਲ, ਠੇਕੇਦਾਰ ਪਰਸ ਰਾਮ, ਗੁਰਮੇਲ ਰਾਮ, ਮਲਕੀਤ ਸਿੰਘ, ਸਰਬਜੀਤ ਸਿੰਘ,ਅਸ਼ੋਕ ਕੁਮਾਰ, ਨਿਰਮਲ ਸਿੰਘ ਢੰਡਾ, ਗੁਰਬਖਸ਼ ਰਾਮ, ਹਰਪ੍ਰੀਤ ਸਿੰਘ, ਸੰਤੋਖ ਸਿੰਘ , ਸਿਮਰ ਚੰਦ,ਕੇਬੀ ਥਲਾਂ, ਦਿਲਪ੍ਰੀਤ ਸਿੰਘ ਫਗਵਾੜਾ,ਸਰਬਣ ਸਿੰਘ, ਬਲਵਿੰਦਰ ਸਿੰਘ ਝਿੰਗੜ ਆਦਿ ਤੋਂ ਇਲਾਵਾ ਰਿਸ਼ਤੇਦਾਰ ਸ਼ਾਮਲ ਸਨ।



# ਇਨੋਸੈਂਟ ਹਾਰਟਸ ਸਕੂਲ ਦੇ ਖਿਡਾਰੀਆਂ ਨੇ ਜ਼ੋਨਲ ਟੂਰਨਾਮੈਂਟ 'ਚ ਜਿੱਤਾਂ ਨਾਲ ਵਧਾਈ ਸ਼ਾਨ

**ਜਲੰਧਰ (ਸ਼ੈਲੀ ਐਲਬਰਟ)** ਇਨੋਸੈਂਟ ਹਾਰਟਸ ਸਕੂਲ ਦੇ ਨੌਜਵਾਨ ਖਿਡਾਰੀਆਂ ਨੇ ਹਾਲ ਹੀ ਵਿੱਚ ਹੋਏ ਜ਼ੋਨਲ ਟੂਰਨਾਮੈਂਟ ਵਿੱਚ ਸਾਰੀਆਂ ਸ਼ਾਖਾਵਾਂ (ਗ੍ਰੀਨ ਮਾਡਲ ਟਾਊਨ, ਲੋਹਾਰਾਂ, ਕੈਂਟ- ਜੰਡਿਆਲਾ ਰੋਡ, ਨੂਰਪੁਰ ਰੋਡ ਅਤੇ ਕਪੂਰਥਲਾ ਰੋਡ) ਵਿੱਚ ਪ੍ਰਭਾਵਸ਼ਾਲੀ ਪ੍ਰਦਰਸ਼ਨ ਦੀ ਇੱਕ ਲੜੀ ਪੇਸ਼ ਕਰਦੇ ਹੋਏ ਇੱਕ ਵਾਰ ਫਿਰ ਆਪਣੀ ਪਛਾਣ ਬਣਾਈ ਹੈ। ਉਨ੍ਹਾਂ ਦੀਆਂ ਪ੍ਰਾਪਤੀਆਂ ਸਕੂਲ ਦੇ ਖੇਡ ਭਾਵਨਾ ਅਤੇ ਸੰਪੂਰਨ ਵਿਕਾਸ ਪ੍ਰਤੀ ਸਮਰਪਣ ਦਾ ਮਾਣਮੱਤਾ ਪ੍ਰਮਾਣ ਹਨ। ਗ੍ਰੀਨ ਮਾਡਲ ਟਾਊਨ ਬ੍ਰਾਂਚ ਨੇ ਸ਼ਾਨਦਾਰ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ, ਜਿੱਤਿਆ: ਬੈਡਮਿੰਟਨ ("-19 ਲੜਕੇ, "-19 ਲੜਕੀਆਂ) ਅਤੇ ਬਾਸਕਟਬਾਲ ("-14 ਲੜਕੇ) ਵਿੱਚ ਸੋਨੇ ਦੇ ਤਗਮੇ ਕ੍ਰਿਕਟ ("-17 ਲੜਕੇ), ਹੈਂਡਬਾਲ ("-14 ਲੜਕੀਆਂ, "-19 ਲੜਕੀਆਂ) ਵਿੱਚ ਚਾਂਦੀ ਦੇ ਤਗਮੇ ਕ੍ਰਿਕਟ, ਫੁੱਟਬਾਲ ਅਤੇ ਹੈਂਡਬਾਲ ਸ਼੍ਰੇਣੀਆਂ ਵਿੱਚ ਕਾਂਸੇ ਦੇ ਤਗਮੇ ਨਾਲ ਜਿੱਤ ਪ੍ਰਾਪਤ ਕੀਤੀ।"-19 ਲੜਕੀਆਂ ਦੀ ਬੈਡਮਿੰਟਨ ਟੀਮ ਨੇ LA ਬਲੌਸਮ ਸਕੂਲ ਨੂੰ ਹਰਾਇਆ, ਜਦੋਂ ਕਿ ਬਾਸਕਟਬਾਲ ਟੀਮ ਨੇ ਦੋਆਬਾ ਖਾਲਸਾ ਸਕੂਲ ਨੂੰ ਹਰਾਇਆ। ਲੋਹਾਰਾਂ ਬ੍ਰਾਂਚ ਨੇ ਕਈ ਖੇਡ ਵਿਸ਼ਿਆਂ ਵਿੱਚ ਸ਼ਲਾਘਾਯੋਗ ਪ੍ਰਦਰਸ਼ਨ ਕੀਤਾ। ਅੰਡਰ-17 ਕੁੜੀਆਂ ਦੀ ਕ੍ਰਿਕਟ ਟੀਮ ਨੇ ਬੇਮਿਸਾਲ ਹੁਨਰ ਅਤੇ ਦ੍ਰਿੜਤਾ ਦਾ ਪ੍ਰਦਰਸ਼ਨ ਕਰਦੇ ਹੋਏ ਮਾਨਵ ਸਹਿਯੋਗ ਨੂੰ ਹਰਾ ਕੇ ਸੋਨੇ ਦਾ ਤਗਮਾ ਹਾਸਲ ਕੀਤਾ। ਇਸ ਤੋਂ ਇਲਾਵਾ ਇਸ ਸ਼ਾਖਾ ਨੇ ਕ੍ਰਿਕਟ (ਅੰਡਰ-19 ਕੁੜੀਆਂ), ਵਾਲੀਬਾਲ (ਅੰਡਰ-17 ਮੁੰਡੇ, ਅੰਡਰ-14 ਕੁੜੀਆਂ, ਅੰਡਰ-19 ਕੁੜੀਆਂ) ਵਿੱਚ ਚਾਂਦੀ ਦੇ ਤਗਮੇ ਅਤੇ ਬੈਡਮਿੰਟਨ (ਅੰਡਰ-17 ਕੁੜੀਆਂ), ਬਾਸਕਟਬਾਲ (ਅੰਡਰ-14 ਮੁੰਡੇ), ਅਤੇ ਵਾਲੀਬਾਲ (ਅੰਡਰ-14 ਮੁੰਡੇ, ਅੰਡਰ-17 ਕੁੜੀਆਂ) ਵਿੱਚ ਕਾਂਸੇ ਦੇ ਤਗਮੇ ਪ੍ਰਾਪਤ ਕੀਤੇ। ਨੂਰਪੁਰ ਸ਼ਾਖਾ ਪ੍ਰਭਾਵਸ਼ਾਲੀ ਸੋਨੇ ਦੇ ਤਗਮੇ ਦੀ ਸੂਚੀ ਇਸ ਤਰ੍ਹਾਂ ਸੀ: ਵਾਲੀਬਾਲ ਵਿੱਚ ਸੋਨੇ ਦਾ ਤਗਮਾ (ਅੰਡਰ-14 ਮੁੰਡੇ, ਅੰਡਰ-14 ਕੁੜੀਆਂ, ਅੰਡਰ-17 ਕੁੜੀਆਂ, ਅੰਡਰ-19 ਕੁੜੀਆਂ) ਬੈਡਮਿੰਟਨ ਵਿੱਚ ਸੋਨੇ ਦਾ ਤਗਮਾ (ਅੰਡਰ-14 ਮੁੰਡੇ, ਅੰਡਰ-17 ਮੁੰਡੇ, ਅੰਡਰ-17 ਕੁੜੀਆਂ, ਅੰਡਰ-19 ਕੁੜੀਆਂ) ਬੈਡਮਿੰਟਨ ਵਿੱਚ ਚਾਂਦੀ (ਅੰਡਰ-19 ਮੁੰਡੇ)।ਉਨ੍ਹਾਂ ਦੀਆਂ ਜਿੱਤਾਂ ਵਿੱਚ ਫ਼ਿਰਜ਼ਕੋਟ ਖਾਲਸਾ ਸਕੂਲ ਅਲਾਵਲਪੁਰ, ਸਰਕਾਰੀ ਸਕੂਲ ਨੂਰਪੁਰ, ਅਤੇ ਹੇਮਕੁੰਟ ਪਬਲਿਕ ਸਕੂਲ ਵਰਗੇ ਨਾਮਵਰ ਸਕੂਲਾਂ ਵਿਰੁੱਧ ਫੈਸਲਾਕੁੰਨ ਜਿੱਤਾਂ ਸ਼ਾਮਲ ਸਨ। ਕੈਂਟ-ਜੰਡਿਆਲੀ ਰੋਡ ਬ੍ਰਾਂਚ ਨੇ ਹੇਠ ਦਿੱਤੇ ਸਨਮਾਨ ਪ੍ਰਾਪਤ ਕੀਤੇ: ਬੈਡਮਿੰਟਨ (ਅੰਡਰ-17 ਕੁੜੀਆਂ) ਵਿੱਚ ਚਾਂਦੀ ਦਾ ਤੂ, ਖੋ-ਖੋ (ਅੰਡਰ-14 ਕੁੜੀਆਂ) ਵਿੱਚ ਕਾਂਸੇ ਅਤੇ ਫੁੱਟਬਾਲ (ਅੰਡਰ-14 ਮੁੰਡੇ) ਵਿੱਚ ਕਾਂਸੇ ਦਾ ਤਗਮਾ ਪ੍ਰਾਪਤ ਕੀਤਾ। ਇਨੋਸੈਂਟ ਹਾਰਟਸ ਦੇ ਚੇਅਰਮੈਨ ਡਾ. ਅਨੂਪ ਬੌਰੀ ਨੇ ਪ੍ਰਾਪਤੀਆਂ ਅਤੇ ਉਨ੍ਹਾਂ ਦੇ ਕੋਚਾਂ ਦੀ ਉਨ੍ਹਾਂ ਦੀ ਸਖ਼ਤ ਮਿਹਨਤ ਅਤੇ ਸਮਰਪਣ ਲਈ ਪ੍ਰਸ਼ੰਸਾ ਕਰਦੇ ਹੋਏ ਕਿਹਾ: 'ਇਹ ਨਤੀਜੇ ਸਾਡੇ ਵਿਦਿਆਰਥੀਆਂ ਅਤੇ ਸਟਾਫ ਦੀ ਅਟੁੱਟ ਵਚਨਬੱਧਤਾ ਨੂੰ ਦਰਸਾਉਂਦੇ ਹਨ। ਸਾਨੂੰ ਉਨ੍ਹਾਂ ਦੇ ਅਨੁਸ਼ਾਸਨ, ਹੁਨਰ ਅਤੇ ਖੇਡ ਭਾਵਨਾ 'ਤੇ ਮਾਣ ਹੈ'।



## ਖੁਸ਼ੀਆਂ-ਖੇੜਿਆਂ ਨਾਲ ਮਨਾਇਆ ਤੀਆਂ ਦਾ ਤਿਉਹਾਰ

**ਅੱਡਾ ਸਰਾਂ (ਜਸਵੀਰ ਕਾਜਲ)**- ਪਿੰਡ ਭਾਗੀਆਂ ਵਿਖੇ ਪਿੰਡ ਦੀਆਂ ਔਰਤਾਂ ਅਤੇ ਲੜਕੀਆਂ ਨੇ ਇਕੱਠੇ ਹੋ ਕੇ ਤੀਆਂ ਦਾ ਵਿਰਾਸਤੀ ਤਿਉਹਾਰ ਖੁਸ਼ੀਆਂ ਖੇੜਿਆਂ ਨਾਲ ਮਨਾਇਆ। ਇਸ ਦੌਰਾਨ ਲੜਕੀਆਂ ਨੇ ਪੰਜਾਬੀ ਸੱਭਿਆਚਾਰ ਦੀ ਝਾਕੀ ਪੇਸ਼ ਕਰਦੇ ਹੋਏ ਗਿੱਧਾ ਅਤੇ ਗੀਤ ਪੇਸ਼ ਕੀਤੇ।ਔਰਤਾਂ ਨੇ ਲੜਕੀਆਂ ਨੂੰ ਪੰਜਾਬੀ ਵਿਰਾਸਤ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ।ਇਸ ਮੌਕੇ ਵਿਨੋਦ ਕੁਮਾਰੀ, ਕਾਮਨੀ, ਚੰਦ ਬਾਲਾ, ਮਮਤਾ, ਮੀਨਾਕਸ਼ੀ, ਗੀਨਾ, ਬਲਵਿੰਦਰ ਸ਼ਰਮਾ, ਪ੍ਰੋਮਿਲਾ ਦੇਵੀ, ਸਰੋਜ ਬਾਲਾ, ਸੁਮਨ, ਸੋਨੀਆ, ਪ੍ਰਿਆ ਮੌਜੂਦ ਸਨ।



## ਕਾਲਰਾ ਦੇ ਸਰਪੰਚ ਹਰਮਿੰਦਰ ਸਿੰਘ ਅਕਾਲੀ ਦਲ 'ਚ ਸ਼ਾਮਲ

**ਆਦਮਪੁਰ (ਪਰਮਜੀਤ ਸਿੰਘ)**- ਵਿਧਾਨ ਸਭਾ ਹਲਕਾ ਆਦਮਪੁਰ ਅਧੀਨ ਆਉਂਦੇ ਪਿੰਡ ਕਾਲਰਾ ਦੇ ਸਰਪੰਚ ਹਰਮਿੰਦਰ ਸਿੰਘ ਬਿੱਲੂ ਨੂੰ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਸਿਰੋਪਾਓ ਪਾ ਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਿਲ ਕੀਤਾ ਗਿਆ।ਸਰਪੰਚ ਹਰਮਿੰਦਰ ਸਿੰਘ ਵੱਲੋਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਗੁਰਦਿਆਲ ਸਿੰਘ ਨਿੱਜਰ ਸੀਨੀਅਰ ਅਕਾਲੀ ਆਗੂ, ਜਥੇਦਾਰ ਮਨੋਹਰ ਸਿੰਘ ਡਰੋਲੀ ਕਲਾਂ, ਕੁਲਦੀਪ ਸਿੰਘ ਖੁਰਦਪੁਰ, ਅਮਰਜੀਤ ਸਿੰਘ ਅਰਜਨਵਾਲ, ਨਰਿੰਦਰ ਸਿੰਘ ਨਿੰਦੀ, ਦਲਜੀਤ ਸਿੰਘ ਭੱਟੀ, ਜਸਪ੍ਰੀਤ ਸਿੰਘ ਨਿੱਜਰ, ਮੁਖਤਿਆਰ ਸਿੰਘ ਪੰਚ ਕਾਲਰਾਂ, ਕਰਨੈਲ ਸਿੰਘ, ਸਤਨਾਮ ਸਿੰਘ, ਅਮਨਦੀਪ ਸਿੰਘ ਪੰਚ ਕਾਲਰਾ ਆਦਿ ਹਾਜ਼ਰ ਹੋਏ।



# ਰਵਿੰਦਰ ਦਲਵੀ ਨੇ ਆਮ ਆਦਮੀ ਪਾਰਟੀ 'ਤੇ ਸਾਧੇ ਨਿਸ਼ਾਨੇ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ) ਸਰਵ ਭਾਰਤੀ ਕਾਂਗਰਸ ਕਮੇਟੀ ਦੇ ਸਕੱਤਰ ਰਵਿੰਦਰ ਦਲਵੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਪੰਜਾਬ ਦੇ ਹਾਲਾਤ ਖਰਾਬ ਕਰਨ 'ਤੇ ਤੁਲੀ ਹੋਈ ਹੈ। ਇਸ ਨਾਲ ਪੰਜਾਬ ਵਿੱਚ ਅਮਨ ਕਾਨੂੰਨ ਦੀ ਸਥਿਤੀ ਦਿਨੋਂ ਦਿਨ ਵਿਗੜਦੀ ਜਾ ਰਹੀ ਹੈ। ਇਸ ਮੌਕੇ ਉਹਨਾਂ ਦੇ ਨਾਲ ਸਾਬਕਾ ਸਪੀਕਰ ਰਾਣਾ ਕੇਪੀ ਸਿੰਘ ਅਤੇ ਸੀਨੀਅਰ ਕਾਂਗਰਸੀ ਆਗੂ ਹਰਦੀਪ ਕਿੰਗਰਾ ਵੀ ਹਾਜ਼ਰ ਸਨ। ਉਨ੍ਹਾਂ ਕਿਹਾ ਕਾਂਗਰਸ ਪ੍ਰਧਾਨ ਅਤੇ ਸਾਬਕਾ ਸਪੀਕਰ ਰਾਣਾ ਕੇ.ਪੀ. ਸਿੰਘ ਦੀ ਅਗਵਾਈ ਹੇਠ ਆਉਣ ਵਾਲੀਆਂ ਚੋਣਾਂ ਵਿੱਚ ਆਪ ਦਾ ਡਟ ਕੇ ਮੁਕਾਬਲਾ ਕਰੇਗੀ ਅਤੇ ਆਪਣੇ ਬਲਬੂਤੇ 'ਤੇ ਹੀ ਚੋਣ ਲੜੇਗੀ।ਇਹ ਬਿਆਨ ਉਨ੍ਹਾਂ ਨੇ ਸੀਨੀਅਰ ਕਾਂਗਰਸੀ ਆਗੂ ਪ੍ਰੇਮ ਸਿੰਘ ਬਸੋਵਾਲ ਦੀ ਦੁਕਾਨ ਉੱਤੇ ਪਹੁੰਚ ਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਦਿੱਤਾ। ਦਲਵੀ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਭ੍ਰਿਸ਼ਟਾਚਾਰ ਅਤੇ ਨਸ਼ੇ ਦੇ ਮਾਮਲੇ 'ਚ ਵੀ ਘੇਰਿਆ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਨੇ ਨੌਜਵਾਨੀ ਨੂੰ ਤਬਾਹ ਕਰਕੇ ਰੱਖ ਦਿੱਤਾ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀ ਜ਼ਿੰਦਗੀ ਨਾਲ ਖੇਡ ਰਹੀ ਹੈ ਅਤੇ ਭ੍ਰਿਸ਼ਟਾਚਾਰ ਆਪਣੀ ਚਰਮ ਸੀਮਾ 'ਤੇ ਪਹੁੰਚ ਗਿਆ ਹੈ।ਉਨ੍ਹਾਂ ਇਹ ਵੀ ਕਿਹਾ ਕਿ ਅੱਜ ਪੰਜਾਬ ਵਿਚ ਜੋ ਅਮਨ ਕਾਨੂੰਨ ਦੀ ਸਥਿਤੀ ਹੈ, ਉਹ ਬਹੁਤ ਹੀ ਖਤਰਨਾਕ ਪੜਾਅ 'ਤੇ ਪਹੁੰਚ ਚੁੱਕੀ ਹੈ। ਹਾਲ ਹੀ ਵਿੱਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੂੰ ਬੰਬ ਨਾਲ ਉਡਾਉਣ ਵਾਲੀਆਂ ਧਮਕੀਆਂ ਇਸ ਗੱਲ ਦਾ ਸਾਫ਼ ਸਬੂਤ ਹਨ ਕਿ ਪੰਜਾਬ ਸਰਕਾਰ ਆਪਣੀ ਜ਼ਿੰਮੇਵਾਰੀ ਨਿਭਾਉਣ 'ਚ ਫੇਲ੍ਹ ਹੋ ਚੁੱਕੀ ਹੈ।ਜਦੋਂ ਉਨ੍ਹਾਂ ਨੂੰ ਪੁੱਛਿਆ ਗਿਆ ਕਿ ਆਉਣ ਵਾਲੀਆਂ ਚੋਣਾਂ ਵਿੱਚ ਕਾਂਗਰਸ ਕਿਸੇ ਹੋਰ ਪਾਰਟੀ ਨਾਲ ਗਠਜੋੜ ਕਰੇਗੀ ਜਾਂ ਨਹੀਂ, ਉਨ੍ਹਾਂ ਸਾਫ਼ ਤੌਰ 'ਤੇ ਕਿਹਾ ਕਿ ਕਾਂਗਰਸ ਪੰਜਾਬ 'ਚ ਆਪਣੇ ਬਲਬੂਤੇ ਤੇ ਚੋਣ ਲੜੇਗੀ ਅਤੇ ਕਿਸੇ ਨਾਲ ਗਠਜੋੜ ਨਹੀਂ ਕਰੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਕਾਂਗਰਸ ਪਾਰਟੀ ਵਿੱਚ ਆਉਣ ਵਾਲੇ ਸਮੇਂ 'ਚ ਕਈ ਵੱਡੇ ਬਦਲਾਅ ਕੀਤੇ ਜਾਣਗੇ, ਜੋ ਪਾਰਟੀ ਨੂੰ ਹੋਰ ਵੀ ਮਜ਼ਬੂਤ ਕਰਨਗੇ।ਇਸ ਮੌਕੇ 'ਤੇ ਕਾਂਗਰਸ ਦੇ ਸੀਨੀਅਰ ਆਗੂ ਪ੍ਰੇਮ ਸਿੰਘ ਬਸੋਵਾਲ, ਰਮੇਸ਼ ਚੰਦਰ ਦਸਗਰਾਈ, ਕੌਂਸਲਰ ਗੁਰਿੰਦਰ ਸਿੰਘ ਬੰਟੀ ਵਾਲੀਆ, ਨਰਿੰਦਰ ਨਿੰਦਾ, ਪਹੂ ਲਾਲ, ਮੋਹਨ ਲਾਲ ਸੈਣੀ, ਰਾਜਕੁਮਾਰ ਸੈਣੀ, ਰਾਮ ਕੁਮਾਰ ਅਗਮਪੁਰ, ਅਰੁਣਜੀਤ ਸੋਨੀ, ਚੰਦਨ ਸ਼ਰਮਾ, ਸੁਖਦੇਵ ਸਿੰਘ, ਤੇਲੂ ਸਿੰਘ, ਇੰਦਰਜੀਤ ਸਿੰਘ ਫੌਜੀ, ਹਰਮੇਲ ਢੇਰ, ਜਸਵੀਰ ਸਿੰਘ, ਬਲਜਿੰਦਰ ਮਰੋਲੀ, ਬਲਬੀਰ ਸਿੰਘ ਸਮੇਤ ਕਈ ਕਾਂਗਰਸੀ ਵਰਕਰ ਵੀ ਮੌਜੂਦ ਸਨ।



# ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਸਰਕਾਰ ਦਾ ਪੁਤਲਾ ਫੂਕਿਆ




**ਜਲੰਧਰ (ਰਾਜੇਸ਼ ਥਾਪਾ)** ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ ਸਾਂਝੇ ਫਰੰਟ ਵੱਲੋਂ 28 ਜੁਲਾਈ 2025 ਨੂੰ ਕੀਤੀ ਗਈ ਆਨ ਲਾਈਨ ਮੀਟਿੰਗ ਦੇ ਫੈਸਲਿਆਂ ਨੂੰ ਲਾਗੂ ਕਰਨ ਲਈ ਅਤੇ ਪੰਜਾਬ ਸਰਕਾਰ ਵੱਲੋਂ ਵਾਰ ਵਾਰ ਫਰੰਟ ਦੇ ਆਗੂਆਂ ਨੂੰ ਮੀਟਿੰਗ ਦਾ ਸਮਾਂ ਦੇ ਕੇ ਮੁਲਤਵੀ ਕਰਨ ਦੇ ਖਿਲਾਫ ਰੋਸ ਪ੍ਰਗਟ ਕਰਨ ਵਾਸਤੇ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਜ਼ਿਲ੍ਹਾ ਜਲੰਧਰ ਦੇ ਕਨਵੀਨਰਾਂ ਮਾਸਟਰ ਮਨੋਹਰ ਲਾਲ, ਪ੍ਰੇਮ ਲਾਲ,ਓਮ ਪ੍ਰਕਾਸ਼,ਡਿੰਪਲ ਰਹੇਲਾ ਅਗਵਾਈ ਵਿੱਚ ਡਿਪਟੀ ਕਮਿਸ਼ਨਰ ਜਲੰਧਰ ਦੇ ਦਫ਼ਤਰ ਸਾਹਮਣੇ ਪੁੱਡਾ ਗਰਾਉਂਡ ਵਿੱਚ ਇਕੱਠੇ ਹੋ ਕੇ ਜ਼ੋਰਦਾਰ ਨਾਅਰੇਬਾਜ਼ੀ ਕਰਦੇ ਹੋਏ ਮੁੱਖ ਮੰਤਰੀ ਪੰਜਾਬ ਅਤੇ ਵਿੱਤ ਮੰਤਰੀ ਪੰਜਾਬ ਦੇ ਪੁਤਲੇ ਫੂਕੇ ਗਏ। ਫਰੰਟ ਦੇ ਸੂਬਾਈ ਆਗੂ ਤੀਰਥ ਸਿੰਘ ਬਾਸੀ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਮੁੱਖ ਮੰਤਰੀ ਅਤੇ ਵਿੱਤ ਮੰਤਰੀ ਵਾਰ ਵਾਰ ਮੀਟਿੰਗਾਂ ਦੇ ਕੇ ਮੁੱਕਰ ਰਹੇ ਹਨ। ਬੁਲਾਰਿਆਂ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਫਰੰਟ ਨਾਲ ਮੀਟਿੰਗ ਕਰਕੇ ਮੁਲਾਜਮਾਂ ਅਤੇ ਪੈਨਸ਼ਨਰਾਂ ਦੀਆ ਮੰਗਾਂ ਦਾ ਹੱਲ ਕੀਤਾ ਜਾਵੇ ਨਹੀ ਤਾਂ 23/08/2025 ਨੂੰ ਲੁਧਿਆਣਾ ਵਿਖੇ ਸੂਬਾਈ ਮੀਟਿੰਗ ਕਰਕੇ ਅਗਲੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ। ਰੈਲੀ ਵਿੱਚ ਤਾਰਾ ਸਿੰਘ ਬੀਕਾ, ਸੰਜੀਵ ਕੌਂਡਲ,ਥੋੜੂ ਰਾਮ, ਅਵਤਾਰ ਸਿੰਘ, ਜੋਗਿੰਦਰ ਸਿੰਘ, ਕੁਲਦੀਪ ਸਿੰਘ ਕੌੜਾ,ਰਤਨ ਸਿੰਘ, ਯਸ਼ ਪਾਲ ਪੰਜਗੋਤਰਾ,ਨਰਿੰਦਰ ਕੁਮਾਰ, ਮਨੋਹਰ ਲਾਲ,ਰਾਮ ਚੰਦਰ ਕਾਂਸਰਾ, ਰੁਪਿੰਦਰ, ਗੁਰਦੇਵ ਸਿੰਘ, ਜਗਤਾਰ ਸਿੰਘ, ਸੁਖਦੇਵ ਸਿੰਘ, ਕਾਂਸ਼ੀ ਰਾਮ, ਪ੍ਰੀਤਮ ਸਿੰਘ, ਜਸਵੰਤ ਰਾਏ,ਕਾਜਲ, ਕੁਲਦੀਪ ਰਾਮ,ਸੰਤ ਰਾਮ, ਅਵਤਾਰ ਸਿੰਘ, ਬਲਦੇਵ ਰਾਜ, ਗੁਰਮੁਖ ਸਿੰਘ,ਓਮ ਪ੍ਰਕਾਸ਼, ਸਤਪਾਲ, ਮਨੋਹਰ ਲਾਲ, ਬਲਵੀਰ ਕੁਮਾਰ ਆਦਿ ਜੁਝਾਰੂ ਸਾਥੀ ਸ਼ਾਮਲ ਹੋਏ।

## ਝੋਨੇ ਦੇ ਮੰਡੀਕਰਨ ਲਈ ਸਮੱਸਿਆ ਬਾਰੇ ਕੀਤੀ ਵਿਚਾਰ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**— ਬਲਾਕ ਨੂਰਮਹਿਲ ਦੀ ਮਹੀਨਾਵਾਰ ਮੀਟਿੰਗ ਪਿੰਡ ਤਲਵਣ ਗੁਰਦੁਆਰਾ ਸਿੰਘ ਸਭਾ ਬੇਟ ਵਿਖੇ ਹੋਈ, ਜਿਸ ਵਿੱਚ ਆਉਣ ਵਾਲੇ ਸਮੇਂ ਵਿੱਚ ਝੋਨੇ ਦੀ ਮੰਡੀਕਰਨ ਲਈ ਸਮੱਸਿਆ ਬਾਰੇ ਵਿਚਾਰ ਹੋਈ। ਕਣਕ ਦੀ ਬਿਜਾਈ ਵਾਸਤੇ ਡੀ ਏ ਪੀ ਖਾਦ ਦੀ ਘਾਟ 'ਤੇ ਵੀ ਵਿਚਾਰ ਹੋਈ। ਲੈਂਡ ਪੂਲਿੰਗ ਸਕੀਮ ਜੋ ਕਿਸਾਨਾਂ ਦਾ ਉਜਾੜਾ ਹੈ, ਇਸ ਦਾ ਸਖ਼ਤ ਵਿਰੋਧ ਕੀਤਾ ਗਿਆ। 20 ਅਗਸਤ ਨੂੰ ਕੁੱਕੜ ਪਿੰਡ ਵਿਖੇ ਮਹਾਂਪੰਚਾਇਤ ਕੀਤੀ ਜਾਵੇਗੀ ਤੇ ਜਿਨ੍ਹਾ ਚਿਰ ਇਹ ਲੈਂਡ ਪੂਲਿੰਗ ਸਕੀਮ ਰੱਦ ਨਹੀਂ ਕੀਤੀ ਜਾਂਦੀ ਇਹ ਲੜਾਈ ਜਾਰੀ ਰਹੇਗੀ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਦੋਆਬਾ ਦੇ ਜਨਰਲ ਸਕੱਤਰ ਤਰਸੇਮ ਸਿੰਘ ਢਿੱਲੋਂ ,ਗੁਰਾਇਆ ਸਰਕਲ ਪ੍ਰਧਾਨ ਰਣਜੀਤ ਸਿੰਘ ਖੇਲਾ, ਗੁਰਚੇਤਨ ਸਿੰਘ ਤੱਖਰ, ਜਸਵੰਤ ਸਿੰਘ, ਕੇਵਲ ਸਿੰਘ, ਰਛਪਾਲ ਸਿੰਘ, ਪ੍ਰਦੀਪ ਸਿੰਘ, ਗੁਰਦਿਆਲ ਸਿੰਘ, ਬਲਵੀਰ ਸਿੰਘ, ਮਨਜਿੰਦਰ ਸਿੰਘ ਨੇ ਸੰਬੋਧਨ ਕੀਤਾ। ਰਾਣਾ, ਇੰਦਰਜੀਤ ਸਿੰਘ, ਇਕਾਈ ਪ੍ਰਧਾਨ ਫਤਿਹਪੁਰ ਤੇ ਸਾਥੀਆ ਨੇ ਹਾਜ਼ਰੀ ਲਗਵਾਈ।



## ਅਮਰਦੀਪ ਕਾਲਜ ਮੁਕੰਦਪੁਰ ਦਾ ਬੀ. ਕਾਮ. ਦਾ ਨਤੀਜਾ ਸ਼ਾਨਦਾਰ ਰਿਹਾ



**ਬੰਗਾ (ਅਵਤਾਰ ਕਲੇਰ)** ਗੁਰੂ ਨਾਨਕ ਦੇਵ ਯੂਨੀਵਰਸਿਟੀ ਵਲੋਂ ਐਲਾਨੇ ਗਏ ਬੀ. ਕਾਮ. ਸਮੈਸਟਰ ਦੂਸਰਾ ਕਲਾਸ ਦੇ ਨਤੀਜਿਆਂ ਵਿੱਚ ਅਮਰਦੀਪ ਸਿੰਘ ਸ਼ੇਰਗਿੱਲ ਮੈਮੋਰੀਅਲ ਕਾਲਜ, ਮੁਕੰਦਪੁਰ ਦਾ ਨਤੀਜਾ ਸ਼ਾਨਦਾਰ ਰਿਹਾ। ਕਾਲਜ ਪ੍ਰਿੰਸੀਪਲ ਮਨਜੀਤ ਸਿੰਘ ਨੇ ਦੱਸਿਆ ਕਿ ਵਿਦਿਆਰਥਣ ਗੁਰਸਿਮਰਨ ਕੌਰ ਸਪੁੱਤਰੀ ਸੁਰਿੰਦਰ ਪਾਲ ਵਾਸੀ ਪਿੰਡ ਦੁਸਾਂਝ ਕਲਾਂ ਅਤੇ ਵਿਦਿਆਰਥਣ ਮੁਸਕਾਨ ਸਪੁੱਤਰੀ ਧਰਮਜੀਤ ਸਿੰਘ ਵਾਸੀ ਪਿੰਡ ਚੱਕ ਕਲਾਲ ਨੇ 80 ਪ੍ਰਤੀਸ਼ਤ ਅੰਕ ਹਾਸਲ ਕਰਕੇ ਸਾਂਝੇ ਤੌਰ 'ਤੇ ਕਲਾਸ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ। ਵਿਦਿਆਰਥਣ ਹਿਮਾਨੀ ਸਪੁੱਤਰੀ ਅਸ਼ੋਕ ਕੁਮਾਰ ਵਾਸੀ ਪਿੰਡ ਚੱਕ ਸਾਬ੍ਹ ਨੇ 79.1 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਕਲਾਸ 'ਚੋਂ ਦੂਸਰਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਵਿਦਿਆਰਥਣ ਭੂਮਿਕਾ ਸਪੁੱਤਰੀ ਵਿਨੇ ਕੁਮਾਰ ਵਾਸੀ ਪਿੰਡ ਅੱਪਰਾ ਨੇ 77.3 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਕਲਾਸ ਵਿੱਚੋਂ ਤੀਸਰਾ ਸਥਾਨ ਹਾਸਲ ਕੀਤਾ। ਇਸ ਮੌਕੇ ਪ੍ਰਿੰਸੀਪਲ ਮਨਜੀਤ ਸਿੰਘ ਨੇ ਵਿਭਾਗ ਦੇ ਮੁਖੀ ਡਾ. ਕਰਮਜੀਤ ਕੌਰ, ਡਾ. ਮੇਘਨਾ ਅਗਰਵਾਲ ਅਤੇ ਹੋਰ ਪ੍ਰਾਧਿਆਪਕਾਂ ਨੂੰ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਨੂੰ ਹੋਰ ਮਿਹਨਤ ਕਰਨ ਲਈ ਪ੍ਰੇਰਿਆ।



# ਓਮ ਪ੍ਰਕਾਸ਼ ਮੈਮੋਰੀਅਲ ਇੰਸਟੀਚਿਊਟ ਆਫ਼ ਐਜੂਕੇਸ਼ਨ 'ਚ ਵਿਕਸਿਤ ਭਾਰਤ-2047 ਤਹਿਤ ਪ੍ਰੋਗਰਾਮ ਕਰਵਾਇਆ

**ਕਰਤਾਰਪੁਰ (ਹਰਮੇਸ਼ ਦੱਤ)** ਓਮ ਪ੍ਰਕਾਸ਼ ਮੈਮੋਰੀਅਲ ਇੰਸਟੀਚਿਊਟ ਆਫ਼ ਐਜੂਕੇਸ਼ਨ, ਦਿਆਲਪੁਰ ਵੱਲੋਂ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਦੇ ਸਹਿਯੋਗ ਨਾਲ ਵਿਕਸਿਤ ਭਾਰਤ-2047 ਦੇ ਤਹਿਤ ਨਸ਼ਿਆਂ ਖਿਲਾਫ਼ ਜੰਗ ਉੱਪਰ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਦੇ ਡੀਨ ਰਿਸਰਚ ਡਾ. ਨਵਲੀਨ ਮੁਲਤਾਨੀ ਦਾ ਕਾਲਜ ਵਿਖੇ ਪਹੁੰਚਣ 'ਤੇ ਵਿਸ਼ੇਸ਼ ਸਵਾਗਤ ਕੀਤਾ ਗਿਆ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਨਸ਼ੇ ਵਾਲੇ ਪਦਾਰਥਾਂ ਦੀ ਦੁਰਵਰਤੋਂ ਬਾਰੇ ਜਾਗਰੂਕ ਕਰਨਾ ਰਿਹਾ।ਡਾ. ਮੁਲਤਾਨੀ ਨੇ ਵਿਦਿਆਰਥੀਆਂ ਨੂੰ ਜਾਗਰੂਕ ਕਰਦਿਆਂ ਨਸ਼ਿਆਂ ਖਿਲਾਫ਼ ਇਕ ਵਿਸ਼ੇਸ਼ ਲੈਕਚਰ ਦਿੱਤਾ।ਅਸਿਸਟੈਂਟ ਪ੍ਰੋਫੈਸਰ ਰਣਜੀਤ ਬੈਂਸ ਨੇ ਆਪਣੇ ਕਾਲਜ ਦੀਆਂ ਪ੍ਰਾਪਤੀਆਂ ਬਾਰੇ ਦੱਸਿਆ।ਦੋਵਾਂ ਸੰਸਥਾਵਾਂ ਨੇ ਭਵਿੱਖ ਵਿੱਚ ਇੱਕ ਦੂਜੇ ਦੇ ਸਾਥ ਨਾਲ ਸਿੱਖਿਆ ਦੇ ਖੇਤਰ ਵਿੱਚ ਵੱਧ ਚੜ੍ਹ ਕੇ ਯੋਗਦਾਨ ਪਾਉਣ ਦੀ ਆਸ ਪ੍ਰਗਟਾਈ। ਇਸ ਮੌਕੇ ਕਾਲਜ ਦੇ ਸਟਾਫ਼ ਵੱਲੋਂ ਅਸਿਸਟੈਂਟ ਪ੍ਰੋਫੈਸਰ ਗੁਰਜੀਤ ਰਾਣੀ, ਅਸਿਸਟੈਂਟ ਪ੍ਰੋਫੈਸਰ ਗੁਰਪ੍ਰੀਤ ਸਿੰਘ, ਆਫਿਸ ਸੁਪਰਡੈਂਟ ਹਰਮੀਤ ਸਿੰਘ, ਲਾਇਬ੍ਰੇਰੀਅਨ ਬਲਵਿੰਦਰ ਸਿੰਘ ਅਤੇ ਵਿਦਿਆਰਥੀ ਹਾਜ਼ਰ ਸਨ।

# ਸਾਰੇ ਸਕੂਲਾਂ 'ਚ 'ਰਾਸ਼ਟਰ ਦੇ ਰੱਖਿਅਕਾਂ ਨੂੰ ਸਲਾਮ' ਪ੍ਰੋਗਰਾਮ ਕਰਵਾਇਆ ਜਾਵੇ : ਰਾਣਾ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਵੈਟਰਨ ਜਤਿੰਦਰ ਸਿੰਘ ਰਾਣਾ ਪ੍ਰਧਾਨ ਪੰਜਾਬ ਡਿਫੈਂਸ ਵੈਟਰਨਜ਼ ਆਰਗੇਨਾਈਜੇਸ਼ਨ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕਰਦਿਆਂ ਨੇ ਕਿਹਾ ਕਿ 15 ਅਗਸਤ ਨੂੰ ਸਾਬਕਾ ਸੈਨਿਕ ਸਕੂਲਾਂ ਵਿੱਚ ਤਿਰੰਗਾ ਲਹਿਰਾਉਣ ਇਹ ਸਾਰੇ ਦੇਸ਼ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਹੋਵੇਗੀ। ਸੂਬੇ ਦੇ 78ਵੇਂ ਆਜ਼ਾਦੀ ਦਿਵਸ 'ਤੇ ਸਕੂਲਾਂ ਵਿੱਚ ਝੰਡਾ ਲਹਿਰਾਉਣ ਦੀਆਂ ਵੱਡੀਆਂ ਤਿਆਰੀਆਂ ਹਨ।ਸਾਰੇ ਸਰਕਾਰੀ ਸਕੂਲਾਂ ਵਿੱਚ ਸਾਬਕਾ ਸੈਨਿਕਾਂ ਨੂੰ ਤਿਰੰਗਾ ਲਹਿਰਾਉਣ ਦਾ ਮੌਕਾ ਦਿੱਤਾ ਜਾਵੇ। ਇਹ ਜ਼ਿੰਮੇਵਾਰੀ ਪਿੰਡ, ਕਸਬੇ ਜਾਂ ਵਾਰਡ ਦੇ ਸਭ ਤੋਂ ਬਜ਼ੁਰਗ ਸਾਬਕਾ ਸੈਨਿਕ ਨੂੰ ਸੌਂਪੀ ਜਾਵੇ। ਸਮਾਗਮ ਵਿੱਚ ਸਾਬਕਾ ਸੈਨਿਕ ਮੈਡਲਾਂ ਨਾਲ ਸਜਾਈ ਵਰਦੀ ਵਿੱਚ ਆਉਣ। ਇਸ ਵਿੱਚ ਪਿੰਡ ਵਾਸੀਆਂ ਦੇ ਨਾਲ-ਨਾਲ ਪੰਚਾਇਤ ਮੈਂਬਰਾਂ ਨੂੰ ਵੀ ਸੱਦਾ ਦਿੱਤਾ ਜਾਵੇ। ਇਨ੍ਹਾਂ ਪ੍ਰੋਗਰਾਮਾਂ ਵਿੱਚ ਆਉਣ ਵਾਲੇ ਸੈਨਿਕ ਵਿਦਿਆਰਥੀਆਂ ਨੂੰ ਦੇਸ਼ ਭਗਤੀ ਦੀ ਭਾਵਨਾ, ਫੌਜ ਬਾਰੇ ਜਾਣਕਾਰੀ, ਫੌਜ ਵਿੱਚ ਨੌਕਰੀ ਪ੍ਰਾਪਤ ਕਰਨ ਦੇ ਮੌਕੇ, ਸੈਨਿਕਾਂ ਪ੍ਰਤੀ ਸਤਿਕਾਰ ਅਤੇ ਸਲਾਮੀ ਦੀ ਪਰੰਪਰਾ ਬਾਰੇ ਦੱਸਣ.। ਫੌਜ, ਜਲ ਸੈਨਾ, ਹਵਾਈ ਸੈਨਾ, ਸੈਨਿਕ ਸਕੂਲਾਂ ਵਿੱਚ ਦਾਖਲਾ ਪ੍ਰਕਿਰਿਆ, ਐਨਡੀਏ ਵਿੱਚ ਦਾਖਲੇ ਲਈ ਦਿਸ਼ਾ-ਨਿਰਦੇਸ਼, ਫੌਜੀ ਸੇਵਾਵਾਂ ਵਿੱਚ ਕੈਰੀਅਰ ਦੇ ਮੌਕਿਆਂ ਬਾਰੇ ਜਾਣਕਾਰੀ ਵੀ ਪਾਵਰ ਪੁਆਇੰਟ ਪ੍ਰੈਜ਼ੈਂਟੇਸ਼ਨ (ਪੀਪੀਟੀ) ਜਾਂ ਵੀਡੀਓ ਰਾਹੀਂ ਦਿੱਤੀ ਜਾਵੇ।ਇਸ ਮੌਕੇ 'ਤੇ ਸਾਰੇ ਮੈਂਬਰ ਵੈਟਰਨ ਪਰਮਜੀਤ ਸਿੰਘ ਖਜਾਨਜ਼ੀ ਖਨੋਰਾ, ਵੈਟਰਨ ਰਾਮ ਲੁਭਾਇਆ ਅਜਰਾਮ, ਵੈਟਰਨ ਸੁਰਜੀਤ ਸਿੰਘ ਬੋਹਨ, ਵੈਟਰਨ ਨੰਦ ਸਿੰਘ, ਵੈਟਰਨ ਕਮਲਜੀਤ ਸਿੰਘ ਮੁਕੇਰੀਆਂ, ਵੈਟਰਨ ਅਵਤਾਰ ਸਿੰਘ ਡੱਢਵਾਲ ਹਾਜੀਪੁਰ, ਵੈਟਰਨ ਅਸ਼ੋਕ ਕੁਮਾਰ ਗੜ੍ਹਸ਼ੰਕਰ, ਵੈਟਰਨ ਪ੍ਰਦੀਪ ਸਿੰਘ ਤਲਵਾੜਾ, ਵੈਟਰਨ ਜੋਗਿੰਦਰ ਸਿੰਘ ਬਹਰਾਮਪੁਰ, ਵੈਟਰਨ ਓਂਕਾਰ ਸਿੰਘ ਕਮਾਹੀ ਦੇਵੀ ਅਤੇ ਵੈਟਰਨ ਅਮਰਜੀਤ ਸਿੰਘ ਪੱਟੀ ਆਦਿ ਸਾਰੇ ਮੈਂਬਰ ਹਾਜ਼ਰ ਸਨ।

# 14 ਨੂੰ ਸ੍ਰੀ ਰਾਧਾ-ਕ੍ਰਿਸ਼ਨ ਦੇ ਰੰਗ 'ਚ ਰੰਗਿਆ ਜਾਵੇਗਾ ਸ਼ਹਿਰ : ਅਰੁਣ ਖੋਸਲਾ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਸ਼੍ਰੀ ਰਾਧਾ ਕ੍ਰਿਸ਼ਨ ਸੇਵਾ ਸੰਮਿਤੀ ਵਲੋਂ ਛਿਨਮਸਤਿਕਾ ਮੰਦਿਰ ਕਟੈਹਰਾ ਚੌਕ ਫਗਵਾੜਾ ਦੀ ਮੰਦਿਰ ਕਮੇਟੀ ਅਤੇ ਮਹਿਲਾ ਸੰਕੀਰਤਨ ਮੰਡਲੀ ਨੂੰ ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਸ਼ੋਭਾ ਯਾਤਰਾ ਦਾ ਸੱਦਾ ਪੱਤਰ ਭੇਂਟ ਕੀਤਾ ਗਿਆ। ਸ਼ੋਭਾ ਯਾਤਰਾ ਦੇ ਮੁੱਖ ਪ੍ਰਬੰਧਕ ਅਰੁਣ ਖੋਸਲਾ ਨੇ ਦੱਸਿਆ ਕਿ ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੀ ਵਿਸ਼ਾਲ ਸ਼ੋਭਾ ਯਾਤਰਾ ਦੀ ਆਰੰਭਤਾ ਵੀਰਵਾਰ, 14 ਅਗਸਤ ਨੂੰ ਮੋਨੀ ਬਾਬਾ ਮੰਦਿਰ ਪੁਰਾਣੀ ਦਾਣਾ ਮੰਡੀ ਤੋਂ ਦੁਪਹਿਰ 3 ਵਜੇ ਧਾਰਮਿਕ ਰਸਮਾਂ ਦੇ ਨਾਲ ਕੀਤੀ ਜਾਵੇਗੀ। ਜੋ ਕਿ ਗੁਰੂ ਹਰਗੋਬਿੰਦ ਨਗਰ, ਮੰਡੀ ਰੋਡ, ਗੁੜ ਮੰਡੀ ਰੋਡ, ਗਾਂਧੀ ਚੌਕ, ਬਾਂਸਾਵਾਲਾ ਬਾਜ਼ਾਰ, ਗਊਸ਼ਾਲਾ ਰੋਡ, ਸਰਾਏ ਰੋਡ ਤੋਂ ਹੁੰਦਿਆਂ ਵਾਪਸ ਮੋਨੀ ਬਾਬਾ ਮੰਦਿਰ ਵਿਖੇ ਸਮਾਪਤ ਹੋਵੇਗੀ। ਸ਼ੋਭਾ ਯਾਤਰਾ ਦਾ ਸੰਗਤਾਂ ਵਲੋਂ ਥਾਂ-ਥਾਂ 'ਤੇ ਨਿੱਘਾ ਸਵਾਗਤ ਕੀਤਾ ਜਾਵੇਗਾ। ਵੱਖ-ਵੱਖ ਪਕਵਾਨਾਂ ਦੇ ਲੰਗਰ ਲਗਾਏ ਜਾਣਗੇ। ਸ਼ੋਭਾ ਯਾਤਰਾ ਵਿੱਚ ਬੈਂਡ, ਢੋਲ, ਨਗਾੜੇ ਅਤੇ ਫਗਵਾੜਾ ਤੋਂ ਇਲਾਵਾ ਦੂਸਰੇ ਸ਼ਹਿਰਾਂ ਤੋਂ ਆਈਆਂ ਸ਼੍ਰੀ ਰਾਧਾ ਕ੍ਰਿਸ਼ਨ ਜੀ ਨਾਲ ਸਬੰਧਤ ਸੁੰਦਰ ਝਾਕੀਆਂ ਵਿਸ਼ੇਸ਼ ਖਿੱਚ ਦਾ ਕੇਂਦਰ ਰਹਿਣਗੀਆਂ। ਇਸ ਮੌਕੇ ਵਿਨੋਦ ਸੂਦ, ਮਨੀਸ਼ ਭਾਟੀਆ, ਕਨਵ ਸੂਦ, ਬਿੱਟੂ ਵਾਲੀਆ ਆਦਿ ਹਾਜਰ ਸਨ।



## ਯੁੱਧ ਨਸ਼ੇ ਵਿਰੁੱਧ ਮੁਹਿੰਮ ਨਾਟਕ ਸਾਬਤ ਹੋ ਰਹੀ : ਡਾ. ਆਸ਼ੂ

**ਫਿਲੌਰ (ਨਿਰਮਲ)**- ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਯੁੱਧ ਨਸ਼ੇ ਵਿਰੁੱਧ' ਮੁਹਿੰਮ ਨੂੰ ਲੈ ਕੇ ਕਾਂਗਰਸ ਦੇ ਸੀਨੀਅਰ ਆਗੂਆਂ ਨੇ ਸਖ਼ਤ ਸਵਾਲ ਚੁੱਕੇ ਹਨ। ਜ਼ਿਲ੍ਹਾ ਕਾਂਗਰਸ ਕਮੇਟੀ, ਜਲੰਧਰ ਦੇਹਾਤੀ ਦੇ ਜਨਰਲ ਸਕੱਤਰ ਡਾ. ਆਸ਼ੂ ਅਤੇ ਯੂਥ ਲੀਡਰ ਪੀਯੂਸ਼ ਨੇ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਉੱਤੇ ਨਿਸ਼ਾਨਾ ਸਾਧਦੇ ਹੋਏ ਕਿਹਾ ਕਿ ਇਹ ਮੁਹਿੰਮ ਸਿਰਫ਼ ਇਕ ਨਾਟਕ ਬਣ ਕੇ ਰਹਿ ਗਈ ਹੈ।ਉਨ੍ਹਾਂ ਦਾਅਵਾ ਕੀਤਾ ਕਿ ਸਰਕਾਰ ਵੱਲੋਂ ਸਰਪੰਚਾਂ, ਪੰਚਾਂ ਅਤੇ ਆਂਗਣਵਾੜੀ ਵਰਕਰਾਂ ਨੂੰ ਜ਼ਬਰਦਸਤੀ ਇਨ੍ਹਾਂ ਪ੍ਰੋਗਰਾਮਾਂ ਵਿੱਚ ਸ਼ਾਮਿਲ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਸਰੀਰਕ ਅਤੇ ਮਾਨਸਿਕ ਤੌਰ 'ਤੇ ਦਬਾਅ ਪੈਦਾ ਕਰ ਰਿਹਾ ਹੈ, ਜੋ ਲੋਕਤੰਤਰਿਕ ਹੱਕਾਂ ਦੀ ਉਲੰਘਣਾ ਹੈ।ਕਾਂਗਰਸ ਆਗੂਆਂ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਜੇਕਰ ਉਹ ਸੱਚਮੁੱਚ ਨਸ਼ੇ ਵਿਰੁੱਧ ਗੰਭੀਰ ਹੈ ਤਾਂ ਉਹ ਇਹ ਮੁਹਿੰਮ ਬਿਨਾਂ ਕਿਸੇ ਜ਼ਬਰਦਸਤੀ ਅਤੇ ਸਿਆਸੀ ਨਾਟਕ ਦੇ ਚਲਾਵੇ। ਪਿੰਡਾਂ ਵਿੱਚ ਜਾ ਕੇ ਹਕੀਕਤ ਦੇ ਆਧਾਰ 'ਤੇ ਕਾਰਵਾਈ ਕੀਤੀ ਜਾਵੇ ਤਾਂ ਹੀ ਪਤਾ ਲੱਗੇਗਾ ਕਿ ਨਸ਼ਾ ਕਿਹੜੀਆਂ ਹੱਦਾਂ ਤੱਕ ਫੈਲ ਚੁੱਕਾ ਹੈ।ਉਨ੍ਹਾਂ ਮੰਗ ਕੀਤੀ ਕਿ ਨਾਟਕਬਾਜ਼ੀ ਤੁਰੰਤ ਬੰਦ ਕੀਤੀ ਜਾਵੇ ਅਤੇ ਨਸ਼ੇ ਦੀ ਸਮੱਸਿਆ ਦਾ ਹੱਲ ਲੱਭਣ ਲਈ ਗੰਭੀਰ ਅਤੇ ਨਿਰਪੱਖ ਕਦਮ ਚੁੱਕੇ ਜਾਣ।



# ਖ਼ਾਲੀ ਸਟੇਸ਼ਨ ਸ਼ੋਅ ਨਾ ਕਰਕੇ ਬਦਲੀ ਵਾਲ਼ੇ ਆਧਿਆਪਕਾਂ ਨਾਲ ਕੀਤਾ ਧੱਕਾ : ਬੱਲੀ

**ਜਲੰਧਰ (ਰਾਜੇਸ਼ ਥਾਪਾ)**— ਅਧਿਆਪਕਾਂ ਦੀਆਂ ਬਦਲੀਆਂ ਵਿੱਚ ਈ-ਪੰਜਾਬ ਪੋਰਟਲ ਨਾ ਚਲਣ ਕਾਰਨ ਸਿੱਖਿਆ ਵਿਭਾਗ ਪੂਰਾ ਦਿਨ ਸਵਾਲਾਂ ਦੇ ਘੇਰੇ ਵਿੱਚ ਰਿਹਾ।ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ (ਵਿਗਿਆਨਿਕ) ਦੇ ਸੂਬਾ ਪ੍ਰਧਾਨ ਨਵਪ੍ਰੀਤ ਸਿੰਘ ਬੱਲੀ, ਜਰਨਲ ਸਕੱਤਰ ਸੁਰਿੰਦਰ ਕੰਬੋਜ, ਵਿੱਤ ਸਕੱਤਰ ਸੋਮ ਸਿੰਘ , ਪ੍ਰੈੱਸ ਸਕੱਤਰ ਐਨ ਡੀ ਤਿਵਾੜੀ ਨੇ ਕਿਹਾ ਕਿ ਪੰਜਾਬ ਸਿਖਿਆ ਵਿਭਾਗ ਨੇ ਇੱਕ ਪੱਤਰ ਜਾਰੀ ਕਰਦਿਆਂ ਦਾਅਵਾ ਕੀਤਾ ਸੀ ਕਿ 5 ਅਤੇ 6 ਅਗਸਤ ਨੂੰ ਅਧਿਆਪਕ ਸਟੇਸ਼ਨ ਚੁਆਇਸ ਕਰਕੇ ਬਦਲੀ ਅਪਲਾਈ ਕਰ ਸਕਣਗੇ। ਪਿਛਲੇ ਮਹੀਨਿਆਂ ਤੋਂ ਸਟੇਸ਼ਨ ਚੁਆਇਸ ਦੀ ਉਡੀਕ ਕਰ ਰਹੇ ਅਧਿਆਪਕਾਂ ਲਈ ਸਿੱਖਿਆ ਵਿਭਾਗ ਖਾਲੀ ਸਾਰੇ ਸਟੇਸ਼ਨ ਸ਼ੋਅ ਨਹੀ ਕਰ ਰਿਹਾ। ਬਦਲੀਆਂ ਵਿੱਚ ਸਾਰੇ ਸਟੇਸ਼ਨ ਖਾਲੀ ਸਟੇਸ਼ਨ ਦਿਖਾਉਣ ਦੀ ਜਗ੍ਹਾ ਉਹ ਸਟੇਸ਼ਨ ਦਿਖਾਏ ਜਾ ਰਹੇ ਹਨ, ਜਿੱਥੇ ਪੋਸਟਾਂ ਨਹੀਂ ਹਨ।ਹੈਡ-ਟੀਚਰਾਂ ਨੂੰ ਬਦਲੀਆਂ ਵਿੱਚ ਸਟੇਸ਼ਨ ਚੁਆਇਸ ਲਈ ਸੈਂਟਰ ਸਕੂਲ ਸ਼ੋਅ ਹੋ ਰਹੇ ਹਨ ਜਦਕਿ ਸੈਂਟਰ ਸਕੂਲਾਂ ਵਿੱਚ ਸਿਰਫ ਸੀਐਚਟੀ ਦੀ ਪੋਸਟ ਹੁੰਦੀ ਹੈ ਹੈਡ-ਟੀਚਰ ਦੀ ਨਹੀਂ ਹੁੰਦੀ ਇਸ ਤਰ੍ਹਾਂ ਗਲਤ ਪੋਸਟਾਂ ਤੇ ਬਦਲੀ ਲਈ ਚੋਣ ਕਰਵਾਈ ਜਾ ਰਹੀ ਹੈ। ਸਟੇਸ਼ਨ ਚੁਆਇਸ ਸਮੇਂ ਇਸ ਤਰ੍ਹਾਂ ਦੀਆਂ ਕਮੀਆਂ ਬਦਲੀ ਨੀਤੀ ਨੂੰ ਬਿਲਕੁਲ ਅੱਖੋਂ ਪਰੋਖੇ ਕਰਕੇ ਕਮਜ਼ੋਰ ਕਰਨ ਦੀ ਕੋਸ਼ਿਸ਼ ਹੈ। ਅਧਿਆਪਕ ਆਗੂ ਕੰਵਲਜੀਤ ਸੰਗੋਵਾਲ, ਜਤਿੰਦਰ ਸਿੰਘ ਸੋਨੀ, ਪਰਗਟ ਸਿੰਘ ਜੰਬਰ, ਸੁੱਚਾ ਸਿੰਘ ਚਾਹਲ, ਲਾਲ ਚੰਦ ਨਵਾਂ ਸ਼ਹਿਰ, ਜਗਤਾਰ ਸਿੰਘ ਖਮਾਣੋ, ਇਤਬਾਰ ਸਿੰਘ, ਜਗਦੀਪ ਸਿੰਘ, ਬਲਵੀਰ ਸਿੰਘ ਸੰਗਰੂਰ ਨੇ ਕਿਹਾ ਕਿ ਪ੍ਰਮੋਸ਼ਨਾਂ ਤੋਂ ਬਾਅਦ ਖਾਲੀ ਹੋਏ ਕੁੱਝ ਸਟੇਸ਼ਨ ਚੁਆਇਸ ਵਿਚ ਨਹੀਂ ਵਿਖਾਏ ਗਏ ਤੇ ਕੁੱਝ ਸਟੇਸ਼ਨ ਅਜਿਹੇ ਵਿਖਾਏ ਗਏ ਹਨ ਜਿਥੇ ਵਿਦਿਆਰਥੀਆਂ ਦੀ ਗਿਣਤੀ ਦੇ ਅਨੁਸਾਰ ਪੋਸਟਾਂ ਹੀ ਨਹੀਂ ਬਣਦੀਆਂ, ਜਿਸ ਦਾ ਖਾਮਿਆਜ਼ਾ ਬਾਅਦ ਵਿਚ ਅਧਿਆਪਕਾਂ ਨੂੰ ਭੁਗਤਨਾ ਪੈ ਸਕਦਾ ਹੈ। ਆਗੂਆਂ ਨੇ ਕਿਹਾ ਕੇ ਸਿੱਖਿਆ ਵਿਭਾਗ ਬਦਲੀਆਂ ਦੇ ਨਾਂਅ ਉੱਪਰ ਅਧਿਆਪਕਾਂ ਨੂੰ ਪ੍ਰੇਸ਼ਾਨ ਕਰ ਰਿਹਾ ਹੈ। ਮੁੱਖ ਸਮੱਸਿਆਵਾਂ ਵਿੱਚੋਂ ਇੱਕ ਇਹ ਹੈ ਕਿ ਸਟੇਸ਼ਨ ਚੁਆਇਸ ਲਈ ਘੱਟ ਸਮਾਂ ਦਿੱਤਾ ਗਿਆ ਹੈ ਤੇ ਸਾਇਟ ਦਾ ਸਹੀ ਕੰਮ ਨਾ ਕਰਨਾ ਵੀ ਅਧਿਆਪਕਾਂ ਲਈ ਸਿਰਦਰਦੀ ਬਣਿਆ ਹੋਇਆ ਹੈ। ਇਸ ਤੋਂ ਇਲਾਵਾ, ਕੁਝ ਅਜਿਹੀਆਂ ਥਾਵਾਂ 'ਤੇ ਸਟੇਸ਼ਨ ਚੁਆਇਸ ਮੰਗੀ ਗਈ ਹੈ ਜਿੱਥੇ ਪੋਸਟਾਂ ਦੀ ਸਿਰਜਣਾ ਹੀ ਨਹੀਂ ਹੋਈ, ਜੋ ਕਿ ਨੀਤੀ ਦੀ ਪਾਰਦਰਸ਼ਤਾ 'ਤੇ ਸਵਾਲ ਖੜ੍ਹੇ ਕਰਦਾ ਹੈ।ਜੀ ਟੀ ਯੂ (ਵਿਗਿਆਨਿਕ) ਪੰਜਾਬ ਨੇ ਸਿੱਖਿਆ ਵਿਭਾਗ ਦੇ ਇਸ ਰਵੱਈਏ ਦੀ ਸਖ਼ਤ ਨਿਖੇਧੀ ਕੀਤੀ ਹੈ ਅਤੇ ਮੰਗ ਕੀਤੀ ਹੈ ਕਿ ਤਬਾਦਲਾ ਪ੍ਰਕਿਰਿਆ ਨੂੰ ਪਾਰਦਰਸ਼ੀ ਅਤੇ ਨਿਰਪੱਖ ਬਣਾਇਆ ਜਾਵੇ ਅਤੇ ਅਧਿਆਪਕਾਂ ਨੂੰ ਸਟੇਸ਼ਨ ਚੋਇਸ ਕਰਨ ਲਈ ਹੋਰ ਦੋ ਦਿਨ ਦਿੱਤੇ ਜਾਣ।



# 'ਫੂਡ ਸੇਫਟੀ ਆਨ ਵੀਲਜ਼' ਦਾ ਵੱਧ ਤੋਂ ਵੱਧ ਲਾਭ ਲਿਆ ਜਾਵੇ : ਡਾ. ਬਲਬੀਰ ਸਿੰਘ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਬੁੱਧਵਾਰ ਨੂੰ ਲੋਕਾਂ ਨੂੰ 'ਫੂਡ ਸੇਫਟੀ ਆਨ ਵੀਲਜ਼' ਪਹਿਲਕਦਮੀ, ਜਿਸਦਾ ਹੁਣ ਸਾਰੇ ਜ਼ਿਲਿਆਂ ਵਿੱਚ ਵਿਸਥਾਰ ਕੀਤਾ ਗਿਆ ਹੈ ,ਦਾ ਵੱਧ ਤੋਂ ਵੱਧ ਲਾਭ ਲੈਣ ਲਈ ਅਪੀਲ ਕੀਤੀ।ਜ਼ਿਕਰਯੋਗ ਹੈ ਕਿ 'ਫੂਡ ਸੇਫਟੀ ਆਨ ਵੀਲਜ਼' ਮੋਬਾਈਲ ਫੂਡ ਟੈਸਟਿੰਗ ਵੈਨਾਂ ਹਨ, ਜੋ ਦੁੱਧ, ਪਨੀਰ, ਪਾਣੀ ਅਤੇ ਹੋਰ ਰੋਜ਼ਾਨਾ ਵਰਤੋਂ ਵਾਲੀਆਂ ਚੀਜ਼ਾਂ ਸਮੇਤ ਭੋਜਨ ਦੀਆਂ ਪ੍ਰਮੁੱਖ ਸ਼੍ਰੇਣੀਆਂ ਵਿੱਚ ਮਿਲਾਵਟ ਦੀ ਜਾਂਚ ਕਰਨ ਲਈ ਲੈਸ ਹਨ।ਸਿਹਤ ਮੰਤਰੀ ਨੇ ਕਿਹਾ ਕਿ ਇਹ ਵੈਨਾਂ ਭੋਜਨ ਮਿਲਾਵਟ ਵਿਰੁੱਧ ਸਾਡੀ ਲੜਾਈ ਵਿੱਚ ਇੱਕ ਮਹੱਤਵਪੂਰਨ ਸਾਧਨ ਹਨ, ਮੈਂ ਹਰੇਕ ਵਿਅਕਤੀ ਨੂੰ ਆਪਣੇ ਭੋਜਨ ਦੀ ਜਾਂਚ ਕਰਵਾਉਣ ਦੀ ਅਪੀਲ ਕਰਦਾ ਹਾਂ। ਸਿਹਤ ਮੰਤਰੀ ਇੱਥੇ ਪੰਜਾਬ ਭਵਨ ਵਿਖੇ ' ਇਫ ਇਟਸ ਨੌਟ ਸੇਫ, ਇਟਸ ਨੌਟ ਫੂਡ' ਦੇ ਸਲੋਗਨ ਵਾਲੀ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਦੇ ਨਾਲ ਪ੍ਰਮੁੱਖ ਸਕੱਤਰ (ਸਿਹਤ) ਕੁਮਾਰ ਰਾਹੁਲ, ਕਮਿਸ਼ਨਰ ਫੂਡ ਐਂਡ ਡਰੱਗ ਐਡਮਿਨਿਸਟਰੇਸ਼ਨ, ਪੰਜਾਬ ਦਿਲਰਾਜ ਸਿੰਘ, ਡਾਇਰੈਕਟਰ ਲੈਬਜ਼ ਰਵਨੀਤ ਕੌਰ ਅਤੇ ਸੰਯੁਕਤ ਕਮਿਸ਼ਨਰ ਫੂਡ ਸੇਫਟੀ ਡਾ. ਅਮਿਤ ਜੋਸ਼ੀ ਵੀ ਮੌਜੂਦ ਸਨ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸਿਰਫ਼ 'ਸ਼ੁੱਧ ਅੰਨ' ਨਾਲ ਹੀ 'ਸ਼ੁੱਧ ਮਨ' ਅਤੇ 'ਸਵਸਥ ਤਨ' ਸੰਭਵ ਹੈ।ਉਨ੍ਹਾਂ ਦੁਹਰਾਇਆ ਕਿ ਭੋਜਨ ਵਿੱਚ ਮਿਲਾਵਟਖੋਰੀ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਮਾਣਯੋਗ ਅਦਾਲਤ ਨੇ ਪਿਛਲੇ ਪੰਜ ਸਾਲਾਂ ਵਿੱਚ ਮਿਲਾਵਟਖੋਰੀ ਦੇ 145 ਮਾਮਲਿਆਂ ਵਿੱਚ ਛੇ ਮਹੀਨੇ ਤੱਕ ਦੀ ਕੈਦ ਅਤੇ ਜੁਰਮਾਨੇ ਦੀ ਸਜ਼ਾ ਸੁਣਾਈ ਹੈ। ਹਨ।



## ਸਾਹਨੀ ਵਿਖੇ ਬੂਟਿਆਂ ਦਾ ਲੰਗਰ ਲਗਾਇਆ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ. ਅਜਨੋਹਾ ਦੇ ਮੁੱਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕਿ ਗੁਰੂ ਨਾਨਕ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨਰੂੜ ਦੇ ਸਹਿਯੋਗ ਨਾਲ ਸੰਸਥਾ ਵਲੋਂ ਪੰਜ ਬੂਟੇ ਮੋਟਰ 'ਤੇ ਮੁਹਿੰਮ ਤਹਿਤ ਬੂਟਿਆਂ ਦਾ ਲੰਗਰ ਪਿੰਡ ਸਾਹਨੀ ਵਿਖੇ ਲਗਾਇਆ ਗਿਆ । ਬੂਟਿਆਂ ਵਿੱਚ ਟਾਹਲੀ, ਨਿੰਮ, ਸੁਹਜਣਾ, ਛੱਤਰੀ ਵਾਲੀ ਡੇਕ,ਅਰਜੁਨ, ਅੰਬ, ਆੜੂ, ਅਮਰੂਦ, ਜਾਮਣ,ਕੜੀ ਪੱਤਾ,ਪਿੱਪਲ,ਛੱਤਰੀ ਵਾਲੀ ਡੇਕ,ਬਹੇੜਾ, ਅਮਰੀਕਨ ਡੇਕ, ਆਂਵਲਾ, ਲਾਲ ਬੱਤੀ, ਆਲੂ ਬੁਖਾਰਾ, ਕਿੱਕਰ, ਇੰਸੋਲੀਨ ਸ਼ੂਗਰ ਦਾ ਬੂਟਾ , ਫੁੱਲਾਂ ਵਾਲੇ ਅਤੇ ਸਜਾਵਟੀ ਬੂਟੇ ਵੰਡੇ ਗਏ।ਇਸ ਮੌਕੇ ਸਰਪੰਚ ਸੁਖਦੇਵ ਸਿੰਘ ਸੁੱਖਾ, ਗੁਰੂ ਘਰ ਵਜੀਰ , ਭਗਵਾਨ ਸਿੰਘ ਖਾਲਸਾ ਹੈਪੀ ਸਾਹਨੀ,ਹਰਦੀਪ ਸਿੰਘ ਨਸੀਰਾਬਾਦ, ਸੁਮੀਤ ਪਾਲ ਸਿੰਘ, ਮਨਪ੍ਰੀਤ ਸਿੰਘ, ਉਂਕਾਰ ਸਿੰਘ ਖਾਲਸਾ ਨਰੂੜ, ਅਨਮੋਲ ਸਿੰਘ, ਪੰਚ ਗੁਰਪ੍ਰੀਤ ਸਿੰਘ ਗੁਗਲੀ ਖਾਲਸਾ, ਅਰਸ਼ਦੀਪ ਸਿੰਘ ਅਰਸ਼ੀ ਅਜਨੋਹਾ, ਦਿਲਪ੍ਰੀਤ ਸਿੰਘ, ਜਰਨੈਲ ਸਿੰਘ, ਦਰਬਾਰਾ ਸਿੰਘ ਖਾਲਸਾ, ਕੁਲਬੀਰ ਸਿੰਘ , ਰਣਜੀਤ ਕੌਰ , ਸ਼ਰਨਜੀਤ ਕੌਰ,ਜਸਮੀਨ ਕੌਰ, ਹਰਪ੍ਰੀਤ ਕੌਰ, ਸਤਨਾਮ ਕੌਰ, ਕਿਰਨਜੋਤ ਕੌਰ, ਹਰਬੰਸ ਸਿੰਘ, ਗੁਰਕੀਰਤ ਸਿੰਘ ਅਤੇ ਦਿਲਾਵਰ ਸਿੰਘ ਆਦਿ ਹਾਜ਼ਰ ਸਨ।

